ਵੀਰਵਾਰ, 7 ਮਈ, 2026
24 ਵਿਸਾਖ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 336

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 7 MAY, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫੇ : 12

## ਭਾਜਪਾ ਵੋਟਾਂ ਲਈ ਲੋਕਾਂ ਨੂੰ ਡਰਾਉਣਾ ਬੰਦ ਕਰੇ : ਮਾਨ




**ਚੰਡੀਗੜ੍ਹ** : ਅੰਮ੍ਰਿਤਸਰ ਅਤੇ ਜਲੰਧਰ ਵਿੱਚ ਹੋਏ ਦੋ ਧਮਾਕਿਆਂ ਨੂੰ ਮਾਮੂਲੀ ਕਰਾਰ ਦਿੰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਬੁੱਧਵਾਰ ਭਾਜਪਾ ਨੂੰ ਇਨ੍ਹਾਂ ਧਮਾਕਿਆਂ ਲਈ ਜ਼ਿੰਮੇਵਾਰ ਠਹਿਰਾਇਆ ਅਤੇ ਕਿਹਾ ਕਿ ਪਾਰਟੀ ਸੂਬੇ ਵਿੱਚ ਆਗਾਮੀ ਵਿਧਾਨ ਸਭਾ ਚੋਣਾਂ ਲਈ ਇਸ ਤਰ੍ਹਾਂ ਦੀ ਤਿਆਰੀ ਕਰ ਰਹੀ ਹੈ। ਮਾਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਭਾਜਪਾ ਡਰ ਦਾ ਮਾਹੌਲ ਪੈਦਾ ਕਰਨਾ ਚਾਹੁੰਦੀ ਹੈ ਅਤੇ ਪਾਰਟੀ ਲੋਕਾਂ ਨੂੰ ਡਰਾ ਕੇ ਉਨ੍ਹਾਂ ਦੀਆਂ ਵੋਟਾਂ ਹਾਸਲ ਕਰਨਾ ਚਾਹੁੰਦੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਇੱਕ ਫਿਰਕੂ ਪਾਰਟੀ ਹੈ। ਪੱਛਮੀ ਬੰਗਾਲ ਵਿੱਚ ਵਿਧਾਨ ਸਭਾ ਚੋਣਾਂ ਖਤਮ ਹੋ ਗਈਆਂ ਹਨ ਅਤੇ ਉਨ੍ਹਾਂ (ਭਾਜਪਾ) ਕਿਹਾ ਹੈ ਕਿ ਹੁਣ ਪੰਜਾਬ ਦੀ ਵਾਰੀ ਹੈ, ਜੋ ਇਹ ਦਰਸਾਉਂਦਾ ਹੈ ਕਿ ਇਹ ਮਾਮੂਲੀ ਧਮਾਕੇ ਪੰਜਾਬ ਵਿਧਾਨ ਸਭਾ ਚੋਣਾਂ ਲਈ ਉਨ੍ਹਾਂ ਦੀ ਤਿਆਰੀ ਦਾ ਹਿੱਸਾ ਹਨ। ਉਨ੍ਹਾ ਕਿਹਾ ਕਿ ਮਾਮਲੇ ਦੀ ਜਾਂਚ ਚੱਲ ਰਹੀ ਹੈ। ਮਾਨ ਨੇ ਦੋਸ਼ ਲਾਇਆ ਕਿ ਭਾਜਪਾ ਨੇ ਹਮੇਸ਼ਾ ਹਿੰਸਾ ਭੜਕਾ ਕੇ ਅਤੇ ਜਨਤਾ ਨੂੰ ਡਰਾ-ਧਮਕਾ ਕੇ ਵੋਟਾਂ ਬਟੋਰਨ ਦੀ ਕੋਸ਼ਿਸ਼ ਕੀਤੀ ਹੈ।

ਅਨੰਦਪੁਰ ਸਾਹਿਬ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਾਨ ਨੇ ਕਿਹਾ ਕਿ ਮੈਂ ਭਾਜਪਾ ਨੂੰ ਅਜਿਹੀਆਂ ਚਾਲਾਂ ਬੰਦ ਕਰਨ ਦੀ ਅਪੀਲ ਕਰਦਾ ਹਾਂ। ਪੰਜਾਬ ਇੱਕ ਸ਼ਾਂਤਮਈ ਸੂਬਾ ਹੈ। ਅਸੀਂ ਉਹ ਲੋਕ ਹਾਂ, ਜੋ ਹਮੇਸ਼ਾ ਸਰਬੱਤ ਦਾ ਭਲਾ ਮੰਗਦੇ ਹਾਂ। ਉਨ੍ਹਾ ਦਾਅਵਾ ਕੀਤਾ ਕਿ ਭਾਜਪਾ ਨੂੰ ਉਨ੍ਹਾਂ ਸੂਬਿਆਂ ਵਿੱਚ ਮੁਸੀਬਤ ਖੜ੍ਹੀ ਕਰਨ ਦਾ ਸ਼ੌਕ ਹੈ, ਜਿੱਥੇ ਉਹ ਚੋਣਾਂ ਲੜ ਰਹੀ ਹੁੰਦੀ ਹੈ। ਨਵੇਂ ਬਣੇ ਬੇਅਦਬੀ ਵਿਰੋਧੀ ਕਾਨੂੰਨ ਦੀ ਮਹੱਤਤਾ ਦਾ ਜ਼ਿਕਰ ਕਰਦਿਆਂ ਮਾਨ ਨੇ ਕਿਹਾ ਕਿ ਇਹ ਕਾਨੂੰਨ ਭਾਈਚਾਰਿਆਂ ਵਿਚਕਾਰ ਟਕਰਾਅ ਪੈਦਾ ਕਰਨ ਦੀਆਂ ਭਾਜਪਾ ਦੀਆਂ ਕੋਸ਼ਿਸ਼ਾਂ ਦਾ ਮੁਕਾਬਲਾ ਕਰਦਾ ਹੈ। ਉਨ੍ਹਾਂ ਕਿਹਾ ਕਿ ਬੇਅਦਬੀ ਵਿਰੋਧੀ ਕਾਨੂੰਨ ਲਾਗੂ ਹੋਣ ਨਾਲ ਕੋਈ ਵੀ ਉਨ੍ਹਾਂ ਦੇ ਇਸ਼ਾਰੇ 'ਤੇ ਬੇਅਦਬੀ ਦੀਆਂ ਘਟਨਾਵਾਂ ਨੂੰ ਅੰਜਾਮ ਨਹੀਂ ਦੇਵੇਗਾ। ਉਨ੍ਹਾ ਦੋਸ਼ ਲਾਇਆ ਕਿ ਇਹ ਕਾਨੂੰਨ ਭਾਜਪਾ ਦੇ ਏਜੰਡੇ ਦੇ ਉਲਟ ਹੈ।

**ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸ਼ੁਕਰਾਨਾ ਯਾਤਰਾ ਸ਼ੁਰੂ ਕਰਨ ਤੋਂ ਪਹਿਲਾਂ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਨਤਮਸਤਕ ਹੋਏ। ਸਥਾਨਕ ਭਗਤ ਰਵਿਦਾਸ ਚੌਕ ਤੋਂ ਇੱਕ ਵੱਡੇ ਇਕੱਠ ਨੂੰ ਸੰਬੋਧਨ ਕਰਕੇ ਮੁੱਖ ਮੰਤਰੀ ਨੇ 'ਸ਼ੁਕਰਾਨਾ ਯਾਤਰਾ' ਦੀ ਆਰੰਭਤਾ ਕੀਤੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਕਰੋੜਾਂ ਸੰਗਤਾਂ ਦੀ ਲੰਮੇ ਸਮੇਂ ਤੋਂ ਮੰਗ ਸੀ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਕਰਨ ਵਾਲਿਆਂ ਖਿਲਾਫ਼ ਸਖ਼ਤ ਕਾਨੂੰਨ ਬਣਾਇਆ ਜਾਵੇ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬਣਾਇਆ ਗਿਆ ਨਵਾਂ ਕਾਨੂੰਨ ਗੁਰੂ ਸਾਹਿਬ ਦੇ ਸਤਿਕਾਰ ਦੀ ਰੱਖਿਆ ਲਈ ਇੱਕ ਮਹੱਤਵਪੂਰਨ ਕਦਮ ਹੈ ਅਤੇ ਇਸ ਲਈ ਉਹ ਗੁਰੂ ਘਰਾਂ ਵਿੱਚ ਨਤਮਸਤਕ ਹੋ ਕੇ ਸ਼ੁਕਰਾਨਾ ਅਦਾ ਕਰ ਰਹੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਤਖਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਯਾਤਰਾ ਦੀ ਸ਼ੁਰੂਆਤ ਕਰਨ ਉਪਰੰਤ ਉਹ ਸ੍ਰੀ ਅਕਾਲ ਤਖਤ ਸਾਹਿਬ, ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਗੁਰਦੁਆਰਾ ਬਾਬਾ ਬੁੱਢਾ, ਗੁਰਦੁਆਰਾ ਮਸਤੂਆਣਾ ਸਾਹਿਬ, ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਪਟਿਆਲਾ ਵਿਖੇ ਨਤਮਸਤਕ ਹੋਣ ਉਪਰੰਤ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਨਤਮਸਤਕ ਹੋ ਕੇ ਇਸ ਸ਼ੁਕਰਾਨਾ ਯਾਤਰਾ ਨੂੰ ਸਮਾਪਤ ਕਰਨਗੇ।

## ਅਕਾਲੀ ਦਲ ਬੇਅਦਬੀ ਮਾਮਲਿਆਂ 'ਚ ਆਪਣੀ ਸ਼ਮੂਲੀਅਤ ਕਾਰਨ ਹੀ ਨਵੇਂ ਕਾਨੂੰਨ ਦਾ ਵਿਰੋਧ ਕਰ ਰਿਹੈ

**ਜਲੰਧਰ** : ਮੁੱਖ ਮੰਤਰੀ ਭਗਵੰਤ ਮਾਨ ਨੇ ਇੱਥੇ ਆਪਣੀ ਸ਼ੁਕਰਾਨਾ ਯਾਤਰਾ ਦੇ ਦੋਆਬਾ ਪੜਾਅ ਦੌਰਾਨ ਕਿਹਾ ਕਿ ਬੇਅਦਬੀ ਵਿਰੋਧੀ ਕਾਨੂੰਨ ਉਨ੍ਹਾਂ ਲੋਕਾਂ ਨੂੰ ਇਨਸਾਫ਼ ਦਿਵਾਏਗਾ, ਜੋ ਸੂਬੇ ਵਿੱਚ ਬੇਅਦਬੀ ਦੀਆਂ ਘਟਨਾਵਾਂ ਕਾਰਨ ਪਰੇਸ਼ਾਨ ਸਨ। ਮੁੱਖ ਮੰਤਰੀ ਨੇ ਲੋਕਾਂ ਨੂੰ ਉਨ੍ਹਾਂ ਵੰਡੀਆਂ ਵਿਰੁੱਧ ਇੱਕਜੁੱਟ ਰਹਿਣ ਲਈ ਕਿਹਾ, ਜੋ ਚੋਣਾਂ ਤੋਂ ਪਹਿਲਾਂ ਭਾਜਪਾ ਵੱਲੋਂ ਸੂਬੇ ਵਿੱਚ ਭੜਕਾਈਆਂ ਜਾ ਸਕਦੀਆਂ ਹਨ। ਸ਼੍ਰੋਮਣੀ ਅਕਾਲੀ ਦਲ ਨੂੰ ਵਾਰ-ਵਾਰ ਨਿਸ਼ਾਨਾ ਬਣਾਉਂਦੇ ਹੋਏ ਉਨ੍ਹਾ ਕਿਹਾ ਕਿ ਬੇਅਦਬੀ ਵਿਰੋਧੀ ਕਾਨੂੰਨ ਦੀ ਅਕਾਲੀ ਦਲ ਵੱਲੋਂ ਕੀਤੀ ਜਾ ਰਹੀ ਆਲੋਚਨਾ ਸੂਬੇ ਵਿੱਚ ਹੋਈਆਂ ਬੇਅਦਬੀ ਦੀਆਂ ਘਟਨਾਵਾਂ ਵਿੱਚ ਉਨ੍ਹਾਂ ਦੀ ਆਪਣੀ ਸ਼ਮੂਲੀਅਤ ਕਾਰਨ ਹੈ।

ਬਲਾਚੌਰ ਅਤੇ ਫਗਵਾੜਾ ਦੇ ਭੀੜ-ਭੜੱਕੇ ਵਾਲੇ ਬਾਜ਼ਾਰਾਂ ਵਿੱਚ ਅਤੇ ਖਟਕੜ ਕਲਾਂ (ਬੰਗਾ) ਵਿਖੇ ਸ਼ਹੀਦੀ ਸਮਾਰਕ ਨੇੜੇ ਜਨਤਾ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਰਮਾਤਮਾ ਨੇ ਸਾਨੂੰ ਬਲ ਬਖਸ਼ਿਆ ਤੇ ਇਹ ਸੇਵਾ ਲਾਈ। ਗੁਰੂ ਸਾਹਿਬ ਦੀ ਬੇਅਦਬੀ ਨਾਲ ਹਿਰਦੇ ਵਲੂੰਧਰੇ ਜਾਂਦੇ ਸਨ। ਇਸ ਵਾਸਤੇ ਸਖ਼ਤ ਕਾਨੂੰਨ ਬਣਾਇਆ। ਪਰਮਾਤਮਾ ਨੇ ਜਿਹੜੀ ਸਮਰਥਾ ਬਖਸ਼ੀ ਹੈ, ਉਸ ਵਾਸਤੇ ਸ਼ੁਕਰਾਨਾ ਕਰ ਰਹੇ ਹਾਂ। ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ 'ਤੇ ਚੁਟਕੀ ਲੈਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਵਿਰੋਧੀ ਧਿਰ ਨੇ ਪਹਿਲਾਂ ਸਾਨੂੰ ਕਿਹਾ ਕਿ ਤੁਸੀਂ ਬਿੱਲ ਨਹੀਂ ਲਿਆ ਸਕੋਗੇ। ਫਿਰ ਉਨ੍ਹਾਂ ਕਿਹਾ ਕਿ ਮਾਮਲਾ ਰਾਸ਼ਟਰਪਤੀ ਕੋਲ ਜਾਵੇਗਾ, ਫਿਰ ਉਨ੍ਹਾਂ ਕਿਹਾ ਕਿ ਰਾਜਪਾਲ ਬਿੱਲ 'ਤੇ ਦਸਤਖ਼ਤ ਨਹੀਂ ਕਰਨਗੇ, ਪਰ ਰਾਜਪਾਲ ਨੇ ਬੜੀ ਉਦਾਰਤਾ ਨਾਲ ਇਸ ਨੂੰ ਪ੍ਰਵਾਨਗੀ ਦੇ ਦਿੱਤੀ। ਹੁਣ ਉਹ ਕਹਿ ਰਹੇ ਹਨ ਕਿ ਬਿੱਲ ਸਾਡੇ ਨਾਲ ਸਲਾਹ-ਮਸ਼ਵਰਾ ਕੀਤੇ ਬਿਨਾਂ ਲਿਆਂਦਾ ਗਿਆ ਹੈ। ਅਕਾਲੀ ਦਲ ਨੂੰ ਨਿਸ਼ਾਨਾ ਬਣਾਉਂਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ

• ਬਾਕੀ ਸਫਾ 2 'ਤੇ

## ਟਰੰਪ ਵੱਲੋਂ 'ਪ੍ਰੋਜੈਕਟ ਫਰੀਡਮ' ਰੋਕਣ ਦਾ ਐਲਾਨ



**ਵਾਸ਼ਿੰਗਟਨ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਈਰਾਨ ਨਾਲ ਜੰਗ ਖ਼ਤਮ ਕਰਨ ਲਈ ਚੱਲ ਰਹੀ ਗੱਲਬਾਤ ਵਿੱਚ 'ਵੱਡੀ ਪ੍ਰਗਤੀ' ਦਾ ਦਾਅਵਾ ਕਰਦਿਆਂ ਹੋਰਮੁਜ਼ ਜਲਡਮਰੂ ਵਿੱਚ ਫਸੇ ਜਹਾਜ਼ਾਂ ਨੂੰ ਸੁਰੱਖਿਅਤ ਬਾਹਰ ਕੱਢਣ ਦੀ ਮੁਹਿੰਮ 'ਪ੍ਰੋਜੈਕਟ ਫਰੀਡਮ' ਨੂੰ ਮੁਅੱਤਲ ਕਰ ਦਿੱਤਾ ਹੈ। ਟਰੰਪ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਟਰੂਥ ਸੋਸ਼ਲ' 'ਤੇ ਇੱਕ ਪੋਸਟ ਰਾਹੀਂ ਦੱਸਿਆ ਕਿ ਈਰਾਨੀ ਨੁਮਾਇੰਦਿਆਂ ਨਾਲ ਇੱਕ ਮੁਕੰਮਲ ਅਤੇ ਅੰਤਮ ਸਮਝੌਤੇ ਦੀ ਦਿਸ਼ਾ ਵਿੱਚ ਅਹਿਮ ਪੁਲਾਂਘਾਂ ਪੁੱਟੀਆਂ ਗਈਆਂ ਹਨ।

ਟਰੰਪ ਨੇ ਕਿਹਾ ਕਿ ਪਾਕਿਸਤਾਨ ਅਤੇ ਕੁਝ ਹੋਰ ਦੇਸ਼ਾਂ ਦੀ ਬੇਨਤੀ ਅਤੇ ਈਰਾਨ ਵਿਰੁੱਧ ਫੌਜੀ ਮੁਹਿੰਮ ਦੌਰਾਨ ਮਿਲੀ ਵੱਡੀ ਸਫਲਤਾ ਨੂੰ ਦੇਖਦੇ ਹੋਏ ਇਹ ਫੈਸਲਾ ਲਿਆ ਗਿਆ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਹਾਲਾਂ ਕਿ ਈਰਾਨ ਦੀ ਘੇਰਾਬੰਦੀ ਪੂਰੀ ਤਰ੍ਹਾਂ ਜਾਰੀ ਰਹੇਗੀ, ਪਰ 'ਪ੍ਰੋਜੈਕਟ ਫਰੀਡਮ' ਨੂੰ ਕੁਝ ਸਮੇਂ ਲਈ ਰੋਕਿਆ ਜਾ ਰਿਹਾ ਹੈ, ਤਾਂ ਜੋ ਇਹ ਦੇਖਿਆ ਜਾ ਸਕੇ ਕਿ ਸਮਝੌਤੇ ਨੂੰ ਅੰਤਮ ਰੂਪ ਦਿੱਤਾ ਜਾ ਸਕਦਾ ਹੈ ਜਾਂ ਨਹੀਂ।

ਜ਼ਿਕਰਯੋਗ ਹੈ ਕਿ ਇਹ ਪ੍ਰੋਜੈਕਟ ਸੋਮਵਾਰ ਨੂੰ ਹੀ ਉਨ੍ਹਾਂ ਜਹਾਜ਼ਾਂ ਨੂੰ ਬਚਾਉਣ ਲਈ ਸ਼ੁਰੂ ਕੀਤਾ ਗਿਆ ਸੀ, ਜੋ ਖਾੜੀ ਖੇਤਰ ਵਿੱਚ ਰਸਤਾ ਬੰਦ ਹੋਣ ਕਾਰਨ ਫਸ ਗਏ ਸਨ। ਇਸੇ ਦੌਰਾਨ ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਵ੍ਹਾਈਟ ਹਾਊਸ ਵਿੱਚ ਪ੍ਰੈੱਸ ਕਾਨਫਰੰਸ ਦੌਰਾਨ ਐਲਾਨ ਕੀਤਾ ਕਿ 28 ਫਰਵਰੀ ਨੂੰ ਸ਼ੁਰੂ ਕੀਤੀ ਗਈ 'ਅਪਰੇਸ਼ਨ ਐਪਿਕ ਫਿਊਰੀ' ਸਫ਼ਲਤਾਪੂਰਵਕ ਮੁਕੰਮਲ ਹੋ ਗਈ ਹੈ। ਉਨ੍ਹਾ ਕਿਹਾ ਕਿ ਅਮਰੀਕਾ ਜੰਗ ਦੀ ਬਜਾਏ ਸ਼ਾਂਤੀ ਦਾ ਰਸਤਾ ਚਾਹੁੰਦਾ ਹੈ।

## ਟੀ ਵੀ ਕੇ ਮੁਖੀ ਵਿਜੇ ਵੱਲੋਂ ਸਰਕਾਰ ਬਣਾਉਣ ਦਾ ਦਾਅਵਾ ਪੇਸ਼

### ਕਾਂਗਰਸ ਵੱਲੋਂ ਸਮਰਥਨ



**ਚੇਨਈ** : ਟੀ ਵੀ ਕੇ ਮੁਖੀ ਵਿਜੇ ਨੇ ਬੁੱਧਵਾਰ ਤਾਮਿਲਨਾਡੂ ਦੇ ਰਾਜਪਾਲ ਰਾਜੇਂਦਰ ਵਿਸ਼ਵਨਾਥ ਅਰਲੇਕਰ ਨਾਲ ਮੁਲਾਕਾਤ ਕੀਤੀ ਅਤੇ ਸੂਬੇ ਵਿੱਚ ਸਰਕਾਰ ਬਣਾਉਣ ਦਾ ਦਾਅਵਾ ਪੇਸ਼ ਕੀਤਾ। ਇਹ ਮੁਲਾਕਾਤ ਵਿਧਾਨ ਸਭਾ ਚੋਣਾਂ ਵਿੱਚ ਉਨ੍ਹਾ ਦੀ ਪਾਰਟੀ ਦੇ ਸਭ ਤੋਂ ਵੱਡੀ ਪਾਰਟੀ ਬਣ ਕੇ ਸਾਹਮਣੇ ਆਉਣ ਦੇ ਦੋ ਦਿਨ ਬਾਅਦ ਹੋਈ ਹੈ। ਚੋਣਾਂ ਵਿੱਚ 234 ਮੈਂਬਰੀ ਵਿਧਾਨ ਸਭਾ ਵਿੱਚੋਂ ਟੀ ਵੀ ਕੇ ਨੇ 108 ਸੀਟਾਂ ਜਿੱਤੀਆਂ ਹਨ। ਸਰਕਾਰ ਬਣਾਉਣ ਲਈ 118 ਸੀਟਾਂ ਦੀ ਲੋੜ ਹੈ, ਜਿਸ ਦਾ ਮਤਲਬ ਹੈ ਕਿ ਉਨ੍ਹਾ ਨੂੰ ਅਜੇ ਵੀ 10 ਹੋਰ ਸੀਟਾਂ ਦੀ ਲੋੜ ਪਵੇਗੀ। ਚੋਣਾਂ ਵਿੱਚ ਡੀ ਐੱਮ ਕੇ ਨੇ 59 ਸੀਟਾਂ, ਏ ਆਈ ਏ ਡੀ ਐੱਮ ਕੇ ਨੇ 47, ਕਾਂਗਰਸ ਨੇ 5, ਪੀ ਐੱਮ ਕੇ ਨੇ 4, ਆਈ ਯੂ ਐੱਮ ਐੱਲ ਨੇ 2, ਸੀ ਪੀ ਆਈ ਨੇ 2, ਵੀ ਸੀ ਕੇ ਨੇ 2 ਅਤੇ ਸੀ ਪੀ ਆਈ (ਐੱਮ) ਨੇ ਵੀ 2 ਸੀਟਾਂ ਜਿੱਤੀਆਂ ਹਨ।

ਕਾਂਗਰਸ ਨੇ ਬੁੱਧਵਾਰ ਨੂੰ ਤਾਮਿਲਨਾਡੂ ਵਿੱਚ ਨਵੀਂ ਸਰਕਾਰ ਬਣਾਉਣ ਲਈ ਥਲਾਪਤੀ ਵਿਜੇ ਦੀ ਪਾਰਟੀ ਤਾਮਿਲਨਾਡੂ ਵੇਤਰੀ ਕਜ਼ਾਗਮ (ਟੀ ਵੀ ਕੇ) ਨੂੰ ਆਪਣਾ ਸਮਰਥਨ ਦੇਣ ਦਾ ਐਲਾਨ ਕੀਤਾ। ਟੀ ਵੀ ਕੇ ਨੇਤਾ ਵਿਜ ਨੇ ਕਾਂਗਰਸ ਲੀਡਰਸ਼ਿਪ ਨੂੰ ਸਮਰਥਨ ਦੀ ਬੇਨਤੀ ਕੀਤੀ ਸੀ। ਇਸ ਤੋਂ ਬਾਅਦ ਪਾਰਟੀ ਹਾਈਕਮਾਨ ਨੇ ਤਾਮਿਲਨਾਡੂ ਕਾਂਗਰਸ ਕਮੇਟੀ ਨੂੰ ਰਾਜ ਦੀਆਂ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਫੈਸਲਾ ਲੈਣ ਦਾ ਨਿਰਦੇਸ਼ ਦਿੱਤਾ। ਕਾਂਗਰਸ ਵਿਧਾਇਕ ਦਲ ਦੀ ਮੀਟਿੰਗ ਵਿੱਚ ਵਿਜੇ ਨੂੰ ਸਮਰਥਨ ਦੇਣ ਦੇ ਫੈਸਲੇ ਨੂੰ ਮਨਜ਼ੂਰੀ ਦੇ ਦਿੱਤੀ ਗਈ। ਕਾਂਗਰਸ ਨੇ ਇਸ ਸਮਰਥਨ ਦੇ ਬਦਲੇ ਇੱਕ ਸ਼ਰਤ ਵੀ ਲਗਾਈ ਹੈ। ਕਾਂਗਰਸ ਪਾਰਟੀ ਨੇ ਕਿਹਾ ਹੈ ਕਿ ਗਠਜੋੜ ਨੂੰ ਫਿਰਕੂ ਤਾਕਤਾਂ ਤੋਂ ਦੂਰ ਰੱਖਿਆ ਜਾਣਾ ਚਾਹੀਦਾ ਹੈ ਜੋ ਭਾਰਤ ਦੇ ਸੰਵਿਧਾਨ ਵਿੱਚ ਵਿਸ਼ਵਾਸ ਨਹੀਂ ਰੱਖਦੀਆਂ। ਟੀ ਵੀ ਕੇ ਨੇ 234 ਮੈਂਬਰੀ ਤਾਮਿਲਨਾਡੂ ਵਿਧਾਨ ਸਭਾ ਵਿੱਚ 108 ਸੀਟਾਂ ਹਾਸਲ ਕੀਤੀਆਂ ਹਨ। ਸਰਕਾਰ ਬਣਾਉਣ ਲਈ 10 ਹੋਰ ਵਿਧਾਇਕਾਂ ਦੇ ਸਮਰਥਨ ਦੀ ਲੋੜ ਹੈ। ਕਾਂਗਰਸ ਕੋਲ 5 ਚੁਣੇ ਹੋਏ ਵਿਧਾਇਕ ਹਨ।

## ਨਿਊ ਯਾਰਕ 'ਚ ਅਫਰੀਕੀ ਵੱਲੋਂ ਬਜ਼ੁਰਗ ਸਿੱਖ ਡਰਾਈਵਰ ਦੀ ਕੁੱਟਮਾਰ

**ਨਿਊ ਯਾਰਕ** : ਇੱਥੇ ਇਕ ਅਫਰੀਕੀ-ਅਮਰੀਕੀ ਵਿਅਕਤੀ ਵੱਲੋਂ ਇਕ ਬਜ਼ੁਰਗ ਸਿੱਖ ਡਰਾਈਵਰ ਉਪਰ ਹਮਲਾ ਕਰ ਦਿੱਤਾ ਗਿਆ। ਪੀੜਤ ਦੇ ਸੱਟਾਂ ਲੱਗੀਆਂ ਹਨ, ਪਰ ਸੋਸ਼ਲ ਮੀਡੀਆ ਉਪਰ ਦੱਸਿਆ ਗਿਆ ਹੈ ਕਿ ਉਹ ਸੁਰੱਖਿਅਤ ਹੈ ਅਤੇ ਚੜ੍ਹਦੀ ਕਲਾ ਵਿੱਚ ਹੈ। ਇਸ ਘਟਨਾ 'ਤੇ ਸਿੱਖ ਜਥੇਬੰਦੀਆਂ ਨੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ। ਭਾਈਚਾਰਕ ਆਗੂਆਂ ਨੇ ਬਜ਼ੁਰਗ ਵਿਅਕਤੀ ਵਿਰੁੱਧ ਵਰਤੀ ਗਈ ਹਿੰਸਾ ਦੇ ਪੱਧਰ 'ਤੇ ਸਵਾਲ ਚੁੱਕੇ ਹਨ ਅਤੇ ਅਜਿਹੀ ਹਿੰਸਾ ਦੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਨਿਊ ਯਾਰਕ ਦੇ ਅਧਿਕਾਰੀਆਂ ਨੇ ਅਜੇ ਤੱਕ ਇਸ ਘਟਨਾ 'ਤੇ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ।

## ਬੱਚੀ ਨੂੰ ਕੁੱਤਿਆਂ ਨੇ ਨੋਚ ਨੋਚ ਕੇ ਮਾਰਿਆ

**ਚੌਲਾਂਗ, (ਹੁਸ਼ਿਆਰਪੁਰ)** ਚੌਲਾਂਗ ਖੇਤਰ ਦੇ ਪਿੰਡ ਖਰਲ ਖ਼ੁਰਦ ਵਿਖੇ ਰਹਿ ਰਹੇ ਪ੍ਰਵਾਸੀ ਮਜ਼ਦੂਰਾਂ ਦੀ ਛੋਟੀ ਬੱਚੀ ਨੂੰ ਕੁੱਤਿਆਂ ਵੱਲੋਂ ਨੋਚ-ਨੋਚ ਕੇ ਮਾਰਨ ਦਾ ਸਮਾਚਾਰ ਮਿਲਿਆ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪਰਵਾਰ ਦੇ ਮੈਂਬਰਾਂ ਨੇ ਦੱਸਿਆ ਕਿ ਸਾਡੀ ਲੜਕੀ ਸਲੋਨੀ ਉਮਰ 8 ਸਾਲ, ਜੋ ਸਰਕਾਰੀ ਸਕੂਲ ਵਿਚ ਪੜ੍ਹਦੀ ਹੈ, ਸਵੇਰੇ 7:30 ਵਜੇ ਬਾਹਰ ਗਈ। ਜਦੋਂ ਉਹ ਕੁਝ ਸਮਾਂ ਘਰ ਵਾਪਸ ਨਹੀਂ ਆਈ ਤਾਂ ਉਸ ਦੀ ਭਾਲ ਖ਼ੇਤਾਂ ਵਿਚ ਕੀਤੀ ਗਈ, ਜਿਥੇ ਉਹ ਕੁੱਤਿਆਂ ਵੱਲੋਂ ਬੁਰੀ ਤਰ੍ਹਾਂ ਨੋਚੀ ਹੋਈ ਮਿਲੀ, ਜਿਸ ਨੂੰ ਤੁਰੰਤ ਸਿਵਲ ਹਸਪਤਾਲ ਟਾਂਡਾ ਵਿਖੇ ਲੈ ਗਏ, ਜਿਥੇ ਉਸ ਦੀ ਮੌਤ ਹੋ ਗਈ।

## ਧਮਾਕਿਆਂ ਸੰਬੰਧੀ ਪੁਲਸ ਕੋਲ ਅਹਿਮ ਸੁਰਾਗ : ਡੀ ਜੀ ਪੀ

**ਚੰਡੀਗੜ੍ਹ** : ਮੰਗਲਵਾਰ ਰਾਤ ਨੂੰ ਜਲੰਧਰ ਵਿੱਚ ਬੀ ਐੱਸ ਐੱਫ ਹੈੱਡਕੁਆਰਟਰ ਦੇ ਬਾਹਰ ਹੋਏ ਧਮਾਕੇ ਤੋਂ ਕੁਝ ਹੀ ਘੰਟੇ ਬਾਅਦ ਅੰਮ੍ਰਿਤਸਰ ਵਿੱਚ ਫੌਜੀ ਛਾਉਣੀ ਨੇੜੇ ਇੱਕ ਹੋਰ ਧਮਾਕੇ ਨਾਲ ਸਰਹੱਦੀ ਖੇਤਰ ਵਿੱਚ ਸਨਸਨੀ ਫੈਲ ਗਈ। ਇਹ ਘਟਨਾ ਖ਼ਾਸਾ ਰੋਡ 'ਤੇ ਫੌਜੀ ਛਾਉਣੀ ਦੀ ਬਾਹਰੀ ਕੰਧ ਦੇ ਨੇੜੇ ਵਾਪਰੀ। ਹਾਲਾਂਕਿ ਇਹ ਇੱਕ ਘੱਟ ਤੀਬਰਤਾ ਵਾਲਾ ਧਮਾਕਾ ਸੀ । ਅੰਮ੍ਰਿਤਸਰ ਦਿਹਾਤੀ ਦੇ ਐੱਸ ਐੱਸ ਪੀ ਸੁਹੇਲ ਕਾਸਿਮ ਮੀਰ ਨੇ ਘਟਨਾ ਦੀ ਪੁਸ਼ਟੀ ਕਰਦਿਆਂ ਦੱਸਿਆ ਕਿ ਪੁਲਸ ਨੂੰ ਰਾਤ ਕਰੀਬ 11.15 ਵਜੇ ਖ਼ਾਸਾ ਰੋਡ 'ਤੇ ਜ਼ੋਰਦਾਰ ਆਵਾਜ਼ ਸੁਣਾਈ ਦੇਣ ਦੀ ਸੂਚਨਾ ਮਿਲੀ ਸੀ। ਡੀ ਜੀ ਪੀ ਗੌਰਵ ਯਾਦਵ ਨੇ ਬੁੱਧਵਾਰ ਨੂੰ ਖਾਸਾ ਵਿਖੇ ਹੋਏ ਧਮਾਕੇ ਵਾਲੇ ਸਥਾਨ ਦਾ ਜਾਇਜ਼ਾ ਲੈਣ ਤੋਂ ਬਾਅਦ ਖੁਲਾਸਾ ਕੀਤਾ ਹੈ ਕਿ ਇਸ ਧਮਾਕੇ ਲਈ ਵਿਸਫੋਟਕ ਸਮਗਰੀ ਆਈ ਈ ਡੀ ਦੀ ਵਰਤੋਂ ਕੀਤੀ ਗਈ ਹੈ। ਉਨ੍ਹਾ ਕਿਹਾ ਕਿ ਪੁਲਸ ਕੋਲ ਧਮਾਕਿਆਂ ਸੰਬੰਧੀ ਮਹੱਤਵਪੂਰਨ ਸੁਰਾਗ ਹਨ।

## ਸੁਪਰੀਮ ਕੋਰਟ ਚੋਣਾਂ ਦਾ ਨੋਟਿਸ ਲਵੇ : ਅਖਿਲੇਸ਼



**ਲਖਨਊ** : ਪੱਛਮੀ ਬੰਗਾਲ ਵਿੱਚ ਭਾਜਪਾ ਦੀ ਜਿੱਤ ਦੇ ਬਾਅਦ ਸਮਾਜਵਾਦੀ ਪਾਰਟੀ ਦੇ ਪ੍ਰਧਾਨ ਅਖਿਲੇਸ਼ ਯਾਦਵ ਨੇ ਬੁੱਧਵਾਰ ਨੂੰ ਚੋਣ ਪ੍ਰਕਿਰਿਆ ਦੀ ਨਿਰਪੱਖਤਾ 'ਤੇ ਸ਼ੱਕ ਜਤਾਇਆ ਅਤੇ ਮੰਗ ਕੀਤੀ ਕਿ ਸੁਪਰੀਮ ਕੋਰਟ ਵੋਟਾਂ ਦੀ ਗਿਣਤੀ ਦੀ ਵੀਡੀਓ ਰਿਕਾਰਡਿੰਗ ਨੂੰ ਜਨਤਕ ਕਰਨ ਦਾ ਹੁਕਮ ਦੇਵੇ। ਯਾਦਵ ਨੇ ਇੱਥੇ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਦੋਂ ਅਦਾਲਤੀ ਕਾਰਵਾਈ ਲਾਈਵ (ਸਿੱਧਾ ਪ੍ਰਸਾਰਣ) ਹੋ ਸਕਦੀ ਹੈ, ਤਾਂ ਵੋਟਾਂ ਦੀ ਗਿਣਤੀ ਲਾਈਵ ਕਿਉਂ ਨਹੀਂ ਹੋ ਸਕਦੀ? ਉਹ ਇਸ ਤੋਂ ਇੰਨੇ ਡਰੇ ਹੋਏ ਕਿਉਂ ਹਨ? ਅਸੀਂ ਮੰਗ ਕਰਦੇ ਹਾਂ ਕਿ ਸੁਪਰੀਮ ਕੋਰਟ ਤੁਰੰਤ ਪੱਛਮੀ ਬੰਗਾਲ ਦੀਆਂ ਚੋਣਾਂ ਦਾ ਨੋਟਿਸ ਲਵੇ ਅਤੇ ਗਿਣਤੀ ਦੀ ਵੀਡੀਓ ਦੇਸ਼ ਦੇ ਲੋਕਾਂ ਦੇ ਸਾਹਮਣੇ ਰੱਖੇ। ਸਾਬਕਾ ਮੁੱਖ ਮੰਤਰੀ ਨੇ ਦੋਸ਼ ਲਾਇਆ ਕਿ ਪੱਛਮੀ ਬੰਗਾਲ ਵਿੱਚ ਚੋਣਾਂ ਦੌਰਾਨ ਜੋ ਕੁਝ ਦੇਖਿਆ ਗਿਆ, ਉਹ ਉੱਤਰ ਪ੍ਰਦੇਸ਼ ਵਿੱਚ ਵੱਡੇ ਪੱਧਰ 'ਤੇ ਦੁਹਰਾਇਆ ਜਾ ਸਕਦਾ ਹੈ, ਜਿੱਥੇ ਅਗਲੇ ਸਾਲ ਵਿਧਾਨ ਸਭਾ ਚੋਣਾਂ ਹੋਣੀਆਂ ਹਨ। ਯਾਦਵ ਨੇ ਕਿਹਾ ਕਿ ਮੈਂ ਮਮਤਾ ਜੀ ਨੂੰ ਮਿਲਣ ਲਈ ਪੱਛਮੀ ਬੰਗਾਲ ਜਾਵਾਂਗਾ।

## ਮਾਰਕਸ ਵੱਡੇ ਦਾਰਸ਼ਨਿਕ ਤੇ ਮਹਾਨ ਕ੍ਰਾਂਤੀਕਾਰੀ ਸਨ : ਬਰਾੜ



**ਸ਼ਾਹਕੋਟ. (ਗਿਆਨ ਸੈਦਪੁਰੀ)**

ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਜਲੰਧਰ ਵੱਲੋਂ ਕਸਬਾ ਮਹਿਤਪੁਰ ਵਿੱਚ ਮਹਾਂ ਮਨੁੱਖ ਕਾਰਲ ਮਾਰਕਸ ਦਾ ਜਨਮ ਦਿਨ ਮਨਾਉਣ ਦਾ ਸਬੱਬ ਇੱਕ ਸਿੱਖਿਆਦਾਇਕ ਸੈਮੀਨਾਰ ਹੋ ਨਿੱਬੜਿਆ। ਮਜ਼ਦੂਰ ਆਗੂ ਸੁਨੀਲ ਕੁਮਾਰ, ਸਿਕੰਦਰ ਸੰਧੂ ਤੇ ਬੀਬੀ ਕਸ਼ਮੀਰ ਕੁਰੈਸ਼ੀ ਦੀ ਪ੍ਰਧਾਨਗੀ ਵਿੱਚ ਸਮਾਗਮ ਨੂੰ ਸੰਬੋਧਨ ਕਰਨ ਲਈ ਭਾਰਤੀ ਕਮਿਊਨਿਸਟ ਪਾਰਟੀ ਦੀ ਕੌਮੀ ਕੌਂਸਲ ਦੇ ਮੈਂਬਰ ਅਤੇ ਪਾਰਟੀ ਦੀ ਸੂਬਾ ਇਕਾਈ ਦੇ ਸਾਬਕਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ ਪਹੁੰਚੇ। ਉਨ੍ਹਾਂ ਨੇ ਆਪਣੀ ਲੰਬੀ ਤਕਰੀਰ ਵਿੱਚ ਕਾਰਲ ਮਾਰਕਸ ਦੇ ਜਨਮ, ਜਵਾਨੀ, ਜਰਮਨੀ ਤੋਂ ਦੇਸ਼ ਨਿਕਾਲੇ ਤੋਂ ਲੈ ਕੇ ਉਹਨਾਂ ਦੇ ਵਿਆਹ, ਬੱਚੇ, ਘਰ ਦੀ ਮਾੜੀ ਆਰਥਿਕਤਾ, ਕਮਿਊਨਿਸਟ ਮੈਨੀਫੈਸਟੋ, ਦਾਸ ਕੈਪੀਟਲ ਅਤੇ ਮਾਰਕਸ ਤੇ ਫਰੈਡਰਿਕ ਏਂਗਲਜ਼ ਦੀ ਨਿੱਜੀ ਅਤੇ ਵਿਚਾਰਧਾਰਕ ਪਰਪੱਕ ਦੋਸਤੀ ਦਾ ਵਰਨਣ ਕੀਤਾ।

ਕਾਮਰੇਡ ਬਰਾੜ ਨੇ ਕਿਹਾ ਕਿ ਕਾਰਲ ਮਾਰਕਸ ਜਿੱਥੇ ਇੱਕ ਮਹਾਨ ਫਿਲਾਸਫਰ ਤੇ ਅਰਥਸ਼ਾਸਤਰੀ ਸੀ, ਉਥੇ ਇੱਕ ਮਹਾਨ ਕ੍ਰਾਂਤੀਕਾਰੀ ਵੀ ਸੀ। ਜਦੋਂ ਪੜ੍ਹੇ-ਲਿਖੇ ਵਿਦਵਾਨ ਲੋਕ ਸੰਸਾਰ ਦੀ ਉਣਤਰ-ਬਣਤਰ ਦਾ ਵਰਣਨ ਕਰਦਿਆਂ ਇਸ ਨੂੰ ਦੁੱਖਾਂ ਦਾ ਘਰ ਦੱਸਦੇ ਸਨ ਤਾਂ ਮਾਰਕਸ ਨੇ ਬਦਲ ਦਾ ਰਾਹ ਦਿਖਾਇਆ ਤੇ ਕਿਹਾ ਕਿ ਸੰਸਾਰ ਨੂੰ ਖ਼ੂਬਸੂਰਤ ਬਣਾਇਆ ਜਾ ਸਕਦਾ ਹੈ। ਉਸ ਵੇਲੇ ਕੁਝ ਅਮੀਰ ਲੋਕਾਂ ਵੱਲੋਂ ਫੈਲਾਏ ਜਾਂਦੇ ਭਰਮ ਕਿ ਕਮਿਊਨਿਸਟ ਖਤਰਨਾਕ ਹੁੰਦੇ ਹਨ ਤੇ ਇਹ ਲੋਕਾਂ ਦੀਆਂ ਜਾਇਦਾਦਾਂ ਲੁੱਟ ਲੈਣਗੇ, ਬਾਰੇ ਮਾਰਕਸ ਨੇ ਮਜ਼ਦੂਰ ਵਰਗ ਨੂੰ ਸਮਝਾਇਆ ਕਿ ਇਹ ਕੁਝ ਮੁੱਠੀ ਭਰ ਲੋਕਾਂ ਵੱਲੋਂ ਕੀਤਾ ਜਾ ਰਿਹਾ ਕੂੜ ਪ੍ਰਚਾਰ ਹੈ। ਮਾਰਕਸ ਨੇ ਦੱਸਿਆ ਕਿ ਤੁਹਾਡੇ ਕੋਲ ਗਵਾਉਣ ਲਈ ਕੁਝ ਨਹੀਂ ਹੈ, ਸਿਰਫ ਬੇੜੀਆਂ ਹਨ, ਜਦ ਕਿ ਜਿੱਤਣ ਲਈ ਸਾਰਾ ਸੰਸਾਰ ਹੈ। ਕਾਮਰੇਡ ਬਰਾੜ ਨੇ ਕਾਰਲ ਮਾਰਕਸ ਦੇ

• ਬਾਕੀ ਸਫਾ 2 'ਤੇ

## ਦਿਲਜੀਤ ਦੋਸਾਂਝ ਨੂੰ ਐੱਸ ਐੱਫ ਜੇ ਦੀ ਧਮਕੀ

**ਵਾਸ਼ਿੰਗਟਨ** : ਸਿੱਖਸ ਫਾਰ ਜਸਟਿਸ ਦੇ ਆਗੂ ਗੁਰਪਤਵੰਤ ਸਿੰਘ ਪੰਨੂ ਨੇ ਇੱਕ ਵੀਡੀਓ ਜਾਰੀ ਕਰਕੇ ਮਕਬੂਲ ਪੰਜਾਬੀ ਗਾਇਕ ਅਤੇ ਅਦਾਕਾਰ ਦਿਲਜੀਤ ਦੋਸਾਂਝ ਨੂੰ ਧਮਕੀ ਦਿੱਤੀ ਹੈ। ਪੰਨੂ ਨੇ ਐਲਾਨ ਕੀਤਾ ਹੈ ਕਿ ਉਸ ਦਾ ਸੰਗਠਨ ਅਮਰੀਕਾ ਵਿੱਚ ਹੋਣ ਵਾਲੇ ਦੋਸਾਂਝ ਦੇ ਆਉਣ ਵਾਲੇ ਸ਼ੋਅ ਦਾ ਵਿਰੋਧ ਕਰੇਗਾ। ਇਹ ਵਿਵਾਦ ਉਸ ਸਮੇਂ ਸ਼ੁਰੂ ਹੋਇਆ, ਜਦੋਂ ਦਿਲਜੀਤ ਨੇ ਕੈਨੇਡਾ ਦੇ ਕੈਲਗਰੀ ਵਿੱਚ ਆਪਣੇ 'ਔਰਾ 2026' ਕੰਸਰਟ ਦੌਰਾਨ ਖਾਲਿਸਤਾਨੀ ਝੰਡੇ ਦਿਖਾਉਣ ਵਾਲੇ ਅਨਸਰਾਂ ਨੂੰ ਸਖ਼ਤ ਸ਼ਬਦਾਂ ਵਿੱਚ ਫਿਟਕਾਰ ਲਾਈ ਸੀ। ਕੈਲਗਰੀ ਸ਼ੋਅ ਦੌਰਾਨ ਜਦੋਂ ਕੁਝ ਲੋਕਾਂ ਨੇ ਖਾਲਿਸਤਾਨੀ ਝੰਡੇ ਲਹਿਰਾ ਕੇ ਵਿਘਨ ਪਾਉਣ ਦੀ ਕੋਸ਼ਿਸ਼ ਕੀਤੀ, ਤਾਂ ਦਿਲਜੀਤ ਨੇ ਮੰਚ ਤੋਂ ਕਿਹਾ, 'ਜਿੰਨੇ ਝੰਡੇ ਦਿਖਾਉਣੇ ਨੇ ਦਿਖਾਈ ਚੱਲੋ।' ਪ੍ਰਦਰਸ਼ਨਕਾਰੀਆਂ ਵੱਲ ਇਸ਼ਾਰਾ ਕਰਦਿਆਂ ਕਿਹਾ ਕਿ ਜੇਕਰ ਇਹ ਲੋਕ ਸ਼ੋਅ ਵਿੱਚ ਰੁਕਾਵਟ ਪਾ ਰਹੇ ਹਨ ਤਾਂ ਇਨ੍ਹਾਂ ਨੂੰ ਬਾਹਰ ਕੱਢ ਦਿਓ। ਦੋਸਾਂਝ ਦੇ ਇਸ ਸਟੈਂਡ ਦਾ ਉੱਥੇ ਮੌਜੂਦ ਹਜ਼ਾਰਾਂ ਦੀ ਭੀੜ ਨੇ ਤਾੜੀਆਂ ਮਾਰ ਕੇ ਸਵਾਗਤ ਕੀਤਾ। ਦਿਲਜੀਤ ਆਪਣੇ ਇਸ ਵਿਸ਼ਵ ਦੌਰੇ ਰਾਹੀਂ ਪੰਜਾਬੀ ਪ੍ਰਵਾਸੀਆਂ ਦੇ ਮੋਢੀ 'ਕਾਮਾਗਾਟਾ ਮਾਰੂ' ਦੇ ਮੁਸਾਫਰਾਂ ਅਤੇ ਗ਼ਦਰ ਲਹਿਰ ਦੇ ਕ੍ਰਾਂਤੀਕਾਰੀਆਂ ਨੂੰ ਸ਼ਰਧਾਂਜਲੀ ਭੇਟ ਕਰ ਰਹੇ ਹਨ।

## ਮੁੱਲਾਂਪੁਰ ਤੇ ਧਰਮਸ਼ਾਲਾ ਕਰਨਗੇ ਅਹਿਮ ਮੈਚਾਂ ਦੀ ਮੇਜ਼ਬਾਨੀ

**ਨਵੀਂ ਦਿੱਲੀ** : ਭਾਰਤੀ ਕ੍ਰਿਕਟ ਕੰਟਰੋਲ ਬੋਰਡ ਨੇ ਬੁੱਧਵਾਰ ਨੂੰ ਇੰਡੀਅਨ ਪ੍ਰੀਮੀਅਰ ਲੀਗ 2026 ਦੇ ਪਲੇਅ-ਆਫ ਮੁਕਾਬਲਿਆਂ ਦੇ ਸ਼ਡਿਊਲ ਦਾ ਐਲਾਨ ਕਰ ਦਿੱਤਾ ਹੈ। ਪੰਜਾਬ ਦੇ ਕ੍ਰਿਕਟ ਪ੍ਰੇਮੀਆਂ ਲਈ ਖ਼ੁਸ਼ੀ ਦੀ ਖ਼ਬਰ ਹੈ, ਕਿਉਂਕਿ ਨਿਊ ਚੰਡੀਗੜ੍ਹ (ਮੁੱਲਾਂਪੁਰ) ਸਥਿਤ ਮਹਾਰਾਜਾ ਯਾਦਵਿੰਦਰ ਸਿੰਘ ਇੰਟਰਨੈਸ਼ਨਲ ਸਟੇਡੀਅਮ ਨੂੰ 'ਐਲੀਮੀਨੇਟਰ' ਅਤੇ 'ਕੁਆਲੀਫਾਇਰ-2' ਦੀ ਮੇਜ਼ਬਾਨੀ ਮਿਲੀ ਹੈ। ਆਈ ਪੀ ਐੱਲ 2026 ਦਾ ਫਾਈਨਲ ਮੁਕਾਬਲਾ ਪਹਿਲਾਂ ਬੈਂਗਲੁਰੂ ਦੇ ਐਮ. ਚਿੰਨਾਸਵਾਮੀ ਸਟੇਡੀਅਮ ਵਿੱਚ ਹੋਣਾ ਤੈਅ ਸੀ, ਪਰ ਸਥਾਨਕ ਐਸੋਸੀਏਸ਼ਨ ਅਤੇ ਅਧਿਕਾਰੀਆਂ ਦੀਆਂ ਕੁਝ ਅਜਿਹੀਆਂ ਸ਼ਰਤਾਂ ਸਾਹਮਣੇ ਆਈਆਂ ਜੋ ਬੀ ਸੀ ਸੀ ਆਈ ਦੇ ਦਿਸ਼ਾ-ਨਿਰਦੇਸ਼ਾਂ ਦੇ ਦਾਇਰੇ ਤੋਂ ਬਾਹਰ ਸਨ। ਇਸ ਕਾਰਨ ਬੋਰਡ ਨੇ ਫਾਈਨਲ ਮੁਕਾਬਲਾ ਹੁਣ ਅਹਿਮਦਾਬਾਦ ਦੇ ਨਰਿੰਦਰ ਮੋਦੀ ਸਟੇਡੀਅਮ ਵਿੱਚ ਕਰਵਾਉਣ ਦਾ ਫੈਸਲਾ ਕੀਤਾ ਹੈ। ਬੀ ਸੀ ਸੀ ਆਈ ਅਨੁਸਾਰ 70 ਲੀਗ ਮੈਚਾਂ ਤੋਂ ਬਾਅਦ ਟੂਰਨਾਮੈਂਟ ਦਾ ਨਿਰਣਾਇਕ ਪੜਾਅ 26 ਮਈ ਤੋਂ ਸ਼ੁਰੂ ਹੋਵੇਗਾ ਕੁਆਲੀਫਾਇਰ 1 (26 ਮਈ) ਅੰਕ ਸੂਚੀ ਦੀਆਂ ਚੋਟੀ ਦੀਆਂ ਦੋ ਟੀਮਾਂ ਵਿਚਾਲੇ ਮੁਕਾਬਲਾ ਧਰਮਸ਼ਾਲਾ (ਹਿਮਾਚਲ ਪ੍ਰਦੇਸ਼) ਦੇ ਐੱਚ ਪੀ ਸੀ ਏ ਸਟੇਡੀਅਮ ਵਿੱਚ ਹੋਵੇਗਾ। ਐਲੀਮੀਨੇਟਰ (27 ਮਈ) ਤੀਜੇ ਅਤੇ ਚੌਥੇ ਨੰਬਰ ਦੀਆਂ ਟੀਮਾਂ ਵਿਚਾਲੇ ਟੱਕਰ ਮੁੱਲਾਂਪੁਰ (ਨਿਊ ਚੰਡੀਗੜ੍ਹ) ਦੇ ਨਵੇਂ ਇੰਟਰਨੈਸ਼ਨਲ ਸਟੇਡੀਅਮ ਵਿੱਚ ਹੋਵੇਗੀ। ਕੁਆਲੀਫਾਇਰ 2 (29 ਮਈ) ਕੁਆਲੀਫਾਇਰ-1 ਦੀ ਹਾਰੀ ਹੋਈ ਟੀਮ ਅਤੇ ਐਲੀਮੀਨੇਟਰ ਦੀ ਜੇਤੂ ਟੀਮ ਵਿਚਾਲੇ ਮੁਕਾਬਲਾ ਵੀ ਮੁੱਲਾਂਪੁਰ ਵਿੱਚ ਹੀ ਖੇਡਿਆ ਜਾਵੇਗਾ।

## ਜਾਲ੍ਹੀ ਤਸਵੀਰਾਂ ਵਾਇਰਲ ਹੋਣ ਮਗਰੋਂ ਇਟਲੀ ਦੀ ਪ੍ਰਧਾਨ ਮੰਤਰੀ ਵੱਲੋਂ ਚੇਤਾਵਨੀ



**ਰੋਮ** : ਇਟਲੀ ਦੀ ਪ੍ਰਧਾਨ ਮੰਤਰੀ ਜੌਰਜੀਆ ਮੇਲੋਨੀ ਨੇ ਸੋਸ਼ਲ ਮੀਡੀਆ 'ਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਰਾਹੀਂ ਤਿਆਰ ਕੀਤੀਆਂ ਆਪਣੀਆਂ ਅਸ਼ਲੀਲ ਅਤੇ ਜਾਲ੍ਹੀ ਤਸਵੀਰਾਂ ਵਾਇਰਲ ਹੋਣ ਤੋਂ ਬਾਅਦ ਸਖ਼ਤ ਰੁਖ਼ ਅਖ਼ਤਿਆਰ ਕੀਤਾ ਹੈ। ਮੇਲੋਨੀ ਨੇ ਮੰਗਲਵਾਰ ਇੱਕ ਬਿਆਨ ਜਾਰੀ ਕਰਦਿਆਂ ਜਨਤਾ ਨੂੰ ਅਪੀਲ ਕੀਤੀ ਕਿ ਉਹ ਇੰਟਰਨੈੱਟ 'ਤੇ ਫੈਲਾਈ ਜਾ ਰਹੀ ਗੁੰਮਰਾਹਕੁੰਨ ਜਾਣਕਾਰੀ ਅਤੇ ਤਸਵੀਰਾਂ ਬਾਰੇ ਸੁਚੇਤ ਰਹਿਣ। ਉਨ੍ਹਾ ਕਿਹਾ ਕਿ ਤਕਨਾਲੋਜੀ ਦੀ ਦੁਰਵਰਤੋਂ ਕਰਕੇ ਲੋਕਾਂ ਨੂੰ ਗੁੰਮਰਾਹ ਕਰਨਾ ਇੱਕ ਗੰਭੀਰ ਚਿੰਤਾ ਦਾ ਵਿਸ਼ਾ ਹੈ। ਪ੍ਰਧਾਨ ਮੰਤਰੀ ਨੇ ਖ਼ੁਦ ਇੱਕ ਅਜਿਹੀ ਤਸਵੀਰ ਸਾਂਝੀ ਕਰਕੇ ਸੱਚਾਈ ਸਾਹਮਣੇ ਲਿਆਂਦੀ ਅਤੇ ਵਿਅੰਗ ਕਰਦਿਆਂ ਕਿਹਾ ਕਿ ਏ ਆਈ ਬਣਾਉਣ ਵਾਲੇ ਨੇ ਉਨ੍ਹਾ ਦੀ ਦਿੱਖ ਨੂੰ 'ਕਾਫ਼ੀ ਸੁਧਾਰ' ਦਿੱਤਾ ਹੈ, ਪਰ ਇਹ ਮਾਮਲਾ ਨਿੱਜੀ ਹਮਲਿਆਂ ਤੋਂ ਕਿਤੇ ਵੱਧ ਗੰਭੀਰ ਹੈ। ਮੇਲੋਨੀ ਨੇ ਕਿਹਾ, 'ਡੀਪਫੇਕ ਇੱਕ ਖ਼ਤਰਨਾਕ ਹਥਿਆਰ ਹੈ, ਕਿਉਂਕਿ ਇਹ ਕਿਸੇ ਨੂੰ ਵੀ ਧੋਖਾ ਦੇ ਸਕਦਾ ਹੈ ਅਤੇ ਨੁਕਸਾਨ ਪਹੁੰਚਾ ਸਕਦਾ ਹੈ।' ਉਨ੍ਹਾ ਕਿਹਾ ਕਿ ਉਹ ਆਪਣਾ ਬਚਾਅ ਕਰਨ ਦੇ ਸਮਰੱਥ ਹਨ, ਪਰ ਆਮ ਨਾਗਰਿਕਾਂ ਲਈ ਅਜਿਹੇ ਹਮਲੇ ਘਾਤਕ ਹੋ ਸਕਦੇ ਹਨ।

## ਅੱਜ-ਨਾਮਾ

ਜੰਗ ਈਰਾਨ ਦੀ ਦਿੱਸੀ ਆ ਰੁਕਣ ਲੱਗੀ,
ਪਾਸਿਆਂ ਦੋਵਾਂ ਤੋਂ ਮਿਲਣ ਸੰਕੇਤ ਬੇਲੀ।
ਦੁਨੀਆ ਆਖਦੀ ਰੋਕਣ ਦੀ ਕਰੋ ਜਲਦੀ,
ਕਰਦੀ ਨੁਕਸਾਨ ਹੈ ਬਹੁਤ ਪਛੇਤ ਬੇਲੀ।
ਰੱਖਦਾ ਗੁੱਝੀ ਕੁਝ ਗੱਲ ਈਰਾਨ ਲੱਗਦਾ,
ਦਿੰਦਾ ਲੱਗਣ ਨਹੀਂ ਕਿਸੇ ਨੂੰ ਭੇਤ ਬੇਲੀ।
ਪਿਛਾਂਹ ਖਿਸਕਦੀ ਦੂਸਰੀ ਧਿਰ ਲੱਗਦੀ,
ਆਪਣੀ ਦੱਸਣ ਜੁ ਬਹੁਤ ਅਗੇਤ ਬੇਲੀ।
ਜੰਗ ਜਦੋਂ ਵੀ ਹੁੰਦੀ ਫਿਰ ਸਾਫ ਦਿੱਸਦਾ,
ਦੋਵੇਂ ਤਰਫੀਂ ਆ ਹੁੰਦਾ ਨੁਕਸਾਨ ਬੇਲੀ।
ਦੁਨੀਆ ਸਿੱਖਦੀ ਲੋਕ ਨਾ ਮਰਦਿਆਂ ਤੋਂ,
ਜਾਨ ਦੇ ਨਾਲ ਆ ਸਿਰਫ ਜਹਾਨ ਬੇਲੀ।

-ਤੀਸ ਮਾਰ ਖਾਂ

## ਕੁਲ ਹਿੰਦ ਕਿਸਾਨ ਸਭਾ ਦੇ ਵੱਡੀ ਗਿਣਤੀ 'ਚ ਵਰਕਰ 15 ਨੂੰ ਚੰਡੀਗੜ੍ਹ ਕੂਚ ਕਰਨਗੇ : ਨਿਹਾਲਗੜ੍ਹ, ਬਰਾੜ



**ਲੁਧਿਆਣਾ. (ਐੱਮ ਐੱਸ ਭਾਟੀਆ, ਰੈਕਟਰ ਕਥੂਰੀਆ)** ਕੁਲ ਹਿੰਦ ਕਿਸਾਨ ਸਭਾ ਪੰਜਾਬ ਦੀ ਸੂਬਾ ਕਮੇਟੀ ਦੀ ਮੀਟਿੰਗ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ, ਲੁਧਿਆਣਾ ਵਿਖੇ ਸੂਬਾ ਪ੍ਰਧਾਨ ਬਲਦੇਵ ਸਿੰਘ ਨਿਹਾਲਗੜ੍ਹ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਪੰਜਾਬ ਅਤੇ ਪੰਜਾਬ ਦੇ ਕਿਸਾਨਾਂ ਦੇ ਮੁੱਦੇ ਅਤੇ ਮੰਗਾਂ ਉੱਪਰ ਗੰਭੀਰ ਚਰਚਾ ਕੀਤੀ ਗਈ। ਮੀਟਿੰਗ ਦੇ ਵੇਰਵੇ ਪ੍ਰੈੱਸ ਨੂੰ ਜਾਰੀ ਕਰਦਿਆਂ ਸੂਬਾ ਜਨਰਲ ਸਕੱਤਰ ਬਲਕਰਨ ਸਿੰਘ ਬਰਾੜ ਨੇ ਦੱਸਿਆ ਕਿ ਕੁਲ ਹਿੰਦ ਕਿਸਾਨ ਸਭਾ ਨੇ ਫੈਸਲਾ ਕੀਤਾ ਹੈ ਕਿ ਪੰਜਾਬ ਦੇ ਪਾਣੀਆਂ ਦੇ ਮਸਲੇ ਰਿਪੇਰੀਅਨ ਸਿਧਾਂਤ ਅਨੁਸਾਰ ਹੱਲ ਕਰਵਾਉਣ ਤੇ ਹਰ ਘਰ ਤੇ ਹਰ ਖੇਤ ਲਈ ਨਹਿਰੀ ਪਾਣੀ ਪੁੱਜਦਾ ਕਰਨ ਲਈ ਬੀ ਬੀ ਐੱਮ ਬੀ ਦਾ ਕੰਟਰੋਲ ਪੰਜਾਬ ਹਵਾਲੇ ਕਰਨ, ਪੰਜਾਬ ਯੂਨੀਵਰਸਿਟੀ ਅਤੇ ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਪੰਜਾਬ ਨੂੰ ਦੇਣ ਲਈ, ਸਮੁੱਚਾ ਕਿਸਾਨੀ ਕਰਜ਼ਾ ਖਤਮ ਕਰਨਾ, ਸਾਰੀਆਂ ਫਸਲਾਂ ਉੱਪਰ ਡਾ. ਸਵਾਮੀ ਨਾਥਨ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ ਐੱਮ ਐੱਸ ਪੀ ਉੱਪਰ ਕਾਨੂੰਨੀ ਖਰੀਦ ਗਰੰਟੀ ਲਾਗੂ ਕਰਵਾਉਣਾ ਤੇ ਸਰਕਾਰੀ ਰੇਟ ਤੋਂ ਘੱਟ ਖਰੀਦ ਕਰਨ ਨੂੰ ਸਜ਼ਾ ਯੋਗ ਅਪਰਾਧ ਘੋਸ਼ਿਤ ਕਰਨਾ, ਕਿਸਾਨ ਪੈਨਸ਼ਨ ਲਾਗੂ ਕਰਵਾਉਣਾ, ਕੁਦਰਤੀ ਆਫਤਾਂ ਅਤੇ ਬਿਮਾਰੀਆਂ ਕਾਰਨ ਵਾਰ-ਵਾਰ ਫਸਲਾਂ ਦੀ ਹੋ ਰਹੀ ਬਰਬਾਦੀ ਦੇ ਹੱਲ ਲਈ ਸਰਕਾਰੀ ਫਸਲੀ ਬੀਮਾ ਯੋਜਨਾ ਲਾਗੂ ਕਰਾਉਣਾ ਆਦਿ ਮੰਗਾਂ ਲਈ ਸੰਯੁਕਤ ਕਿਸਾਨ ਮੋਰਚਾ ਪੰਜਾਬ ਵੱਲੋਂ 15 ਮਈ ਦਾ ਰਾਜਪਾਲ ਪੰਜਾਬ ਦੇ ਭਵਨ ਵੱਲ ਮਾਰਚ ਦਾ ਜੋ ਸੱਦਾ ਦਿੱਤਾ ਗਿਆ ਹੈ, ਉਸ ਵਿੱਚ ਕੁਲ ਹਿੰਦ ਕਿਸਾਨ ਸਭਾ ਦੇ ਸੈਂਕੜੇ ਵਰਕਰ ਪੂਰੇ ਪੰਜਾਬ ਵਿੱਚੋਂ ਵਧ-ਚੜ੍ਹ ਕੇ ਸ਼ਾਮਲ ਹੋਣਗੇ। ਕੇਂਦਰ ਅਤੇ ਪੰਜਾਬ ਸਰਕਾਰ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਆਗੂਆਂ ਨੇ ਦੋਸ਼ ਲਗਾਇਆ ਕਿ ਜਿੱਥੇ ਕੇਂਦਰ ਸਰਕਾਰ ਨੇ ਪੰਜਾਬ ਦੇ ਮਸਲੇ ਲੰਮੇ ਸਮੇਂ ਤੋਂ ਹੱਲ ਨਾ ਕਰਕੇ ਪੰਜਾਬੀਆਂ ਨਾਲ ਵੱਡਾ ਧਰੋਹ ਕਮਾਇਆ ਹੈ ਅਤੇ ਕੇਂਦਰ ਵਿੱਚ ਆਈਆਂ ਸਾਰੀਆਂ ਸਰਕਾਰਾਂ ਨੇ ਪੰਜਾਬ ਨਾਲ ਸਮੇਂ-ਸਮੇਂ 'ਤੇ ਮਤਰੇਈ ਮਾਂ ਵਾਲਾ ਸਲੂਕ ਕੀਤਾ ਹੈ। ਪੰਜਾਬ ਦੀ ਭਗਵੰਤ ਮਾਨ ਸਰਕਾਰ ਸਮੇਤ ਪਿਛਲੇ ਸਮੇਂ ਦੀਆਂ ਸਾਰੀਆਂ ਰਾਜ ਸਰਕਾਰਾਂ ਪੰਜਾਬ ਦੇ ਮਸਲੇ ਕੇਂਦਰ ਕੋਲ ਉਠਾਉਣ ਅਤੇ ਇਹਨਾਂ ਨੂੰ ਹੱਲ ਕਰਾਉਣ ਵਿੱਚ ਬੁਰੀ ਤਰ੍ਹਾਂ ਨਕਾਮ ਹੋਈਆਂ ਹਨ। ਉਹਨਾਂ ਮੰਗ ਕੀਤੀ ਕਿ ਪੰਜਾਬ ਦੀਆਂ ਮੰਗਾਂ ਜਿਸ ਵਿੱਚ ਪਾਣੀ ਦੀ ਮੰਗ ਮੁੱਖ ਤੌਰ 'ਤੇ ਸ਼ਾਮਲ ਹੈ, ਦਾ ਜਲਦ ਤੋਂ ਜਲਦ ਰਿਪੇਰੀਅਨ ਸਿਧਾਂਤ ਅਨੁਸਾਰ ਹੱਲ ਕੀਤਾ ਜਾਵੇ ਤਾਂ ਕਿ ਧਰਤੀ ਹੇਠਲਾ ਪਾਣੀ ਖਤਮ ਅਤੇ ਗੰਧਲਾ ਹੋਣ ਕਾਰਨ ਪੰਜਾਬ ਨੂੰ ਬੰਜਰ ਹੋਣ ਤੋਂ ਬਚਾਇਆ

• ਬਾਕੀ ਸਫਾ 2 'ਤੇ

## ਸਕੂਨ ਦੀ ਤਲਾਸ਼ 'ਚ ਸ਼ਰਾਬ ਪੀਣ ਲੱਗੀ ਸੀ ਜਾਹਨਵੀ ਕਪੂਰ



**ਮੁੰਬਈ** : ਬਾਲੀਵੁੱਡ ਅਦਾਕਾਰਾ ਜਾਹਨਵੀ ਕਪੂਰ ਅੱਜਕੱਲ੍ਹ ਆਪਣੀ ਕਿਸੇ ਫ਼ਿਲਮ ਜਾਂ ਗਲੈਮਰਸ ਜੀਵਨ ਸ਼ੈਲੀ ਕਾਰਨ ਨਹੀਂ, ਸਗੋਂ ਆਪਣੇ ਇੱਕ ਵਾਇਰਲ ਬਿਆਨ ਕਾਰਨ ਚਰਚਾ ਵਿੱਚ ਹੈ। ਸ੍ਰੀ ਦੇਵੀ ਦੀ ਬੇਟੀ ਜਾਹਨਵੀ ਨੇ ਹਾਲ ਹੀ ਵਿੱਚ ਇੱਕ ਇੰਟਰਵਿਊ ਦੌਰਾਨ ਆਪਣੀ ਜ਼ਿੰਦਗੀ ਦੇ ਉਸ ਦੌਰ ਬਾਰੇ ਖੁੱਲ੍ਹ ਕੇ ਗੱਲ ਕੀਤੀ, ਜਦੋਂ ਉਹ ਅੰਦਰੂਨੀ ਤੌਰ 'ਤੇ ਪੂਰੀ ਤਰ੍ਹਾਂ ਟੁੱਟ ਚੁੱਕੀ ਸੀ। ਉਸ ਨੇ ਦੱਸਿਆ ਕਿ ਔਖੇ ਸਮੇਂ ਵਿੱਚ ਸ਼ਾਂਤੀ ਅਤੇ ਸਕੂਨ ਦੀ ਭਾਲ ਉਸ ਨੂੰ ਸ਼ਰਾਬ ਦੇ ਰਾਹ ਵੱਲ ਲੈ ਗਈ ਸੀ।

ਜਾਹਨਵੀ ਨੇ ਦੱਸਿਆ ਕਿ ਇਹ ਸਭ ਇੱਕ ਦਰਦਨਾਕ ਅਤੇ ਭਾਵੁਕ ਘਟਨਾ ਤੋਂ ਬਾਅਦ ਸ਼ੁਰੂ ਹੋਇਆ, ਖ਼ਾਸ ਤੌਰ 'ਤੇ ਕੋਵਿਡ-19 ਦੇ ਸਮੇਂ ਜਦੋਂ ਜ਼ਿੰਦਗੀ ਪਹਿਲਾਂ ਹੀ ਮੁਸ਼ਕਲ ਦੌਰ ਵਿੱਚੋਂ ਗੁਜ਼ਰ ਰਹੀ ਸੀ। ਅਦਾਕਾਰਾ ਅਨੁਸਾਰ ਉਹ ਆਮ ਤੌਰ 'ਤੇ ਬਹੁਤ ਘੱਟ ਸ਼ਰਾਬ ਪੀਂਦੀ ਸੀ, ਪਰ ਉਸ ਨਾਜ਼ੁਕ ਸਮੇਂ ਦੌਰਾਨ ਕਰੀਬ ਇੱਕ ਸਾਲ ਤੱਕ ਉਸ ਨੇ ਲੋੜ ਤੋਂ ਵੱਧ ਸ਼ਰਾਬ ਦਾ ਸਹਾਰਾ ਲਿਆ। ਉਸ ਨੇ ਸਪੱਸ਼ਟ ਕੀਤਾ ਕਿ ਇਹ ਕੋਈ ਆਦਤ ਨਹੀਂ ਸੀ, ਸਗੋਂ ਮਾਨਸਿਕ ਤਣਾਅ ਨੂੰ ਘੱਟ ਕਰਨ ਦੀ ਇੱਕ ਕੋਸ਼ਿਸ਼ ਸੀ। ਉਹ ਉਸ ਦੌਰ ਵਿੱਚੋਂ ਭੱਜਣ ਦਾ ਰਸਤਾ ਲੱਭ ਰਹੀ ਸੀ ਅਤੇ ਅਕਸਰ ਖ਼ੁਦ ਨੂੰ ਕਹਿੰਦੀ ਸੀ ਕਿ ਉਸ ਨੂੰ ਬੱਸ ਨਸ਼ੇ ਵਿੱਚ ਗੁਆਚੇ ਰਹਿਣਾ ਹੈ।

• ਬਾਕੀ ਸਫਾ 2 'ਤੇ

# ਕਾਂਗਰਸੀ ਆਗੂ ਬੂਟਾ ਮੌਲਵੀਵਾਲਾ ਵੱਲੋਂ ਵੜਿੰਗ ਨਾਲ ਮੁਲਾਕਾਤ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਵਿਧਾਨ ਸਭਾ ਹਲਕਾ ਸ਼ੁਤਰਾਣਾ ਨਾਲ ਸੰਬੰਧਤ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਸਰਪੰਚ ਦਵਿੰਦਰਦੀਪ ਸਿੰਘ ਬੂਟਾ ਮੌਲਵੀਵਾਲਾ ਵੱਲੋਂ ਹਲਕੇ ਦੀਆਂ ਮੁਸ਼ਕਿਲਾਂ ਨੂੰ ਲੈ ਕੇ ਪਾਰਟੀ



ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਮੁਲਾਕਾਤ ਕੀਤੀ ਗਈ। ਇਸ ਦੌਰਾਨ ਉਹਨਾਂ ਹਲਕੇ ਦੀਆਂ ਰਾਜਨੀਤਿਕ ਗਤੀਵਿਧੀਆਂ ਨੂੰ ਲੈ ਕੇ ਗੱਲਬਾਤ ਕੀਤੀ। ਕਾਂਗਰਸੀ ਆਗੂ ਦਵਿੰਦਰਦੀਪ ਸਿੰਘ ਬੂਟਾ ਮੌਲਵੀਵਾਲਾ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਸਾਢੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਵਿਧਾਨ ਸਭਾ ਹਲਕਾ ਵਿਕਾਸ ਦੇ ਕੰਮਾਂ ਵਿੱਚ ਬੁਰੀ ਤਰ੍ਹਾਂ ਪਛੜ ਗਿਆ ਹੈ। ਜਿਸ ਕਰਕੇ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਹਨਾਂ ਕਿਹਾ ਕਿ ਆਪ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਹਲਕਾ ਸ਼ੁਤਰਾਣਾ ਦੇ ਲੋਕਾਂ ਨਾਲ ਵੱਡੇ ਵੱਡੇ ਵਾਅਦੇ ਕੀਤੇ ਸੀ ਜਿਨਾਂ ਵਿੱਚ ਪਾਤੜਾ ਸ਼ੁਤਰਾਣਾ ਅਤੇ ਬਾਦਸ਼ਾਹਪੁਰ ਦੇ ਹਸਪਤਾਲਾਂ ਦੀ ਹਾਲਤ ਸੁਧਾਰਨ ਦੇ ਨਾਲ ਨਾਲ ਪਾਤੜਾਂ ਦੇ ਹਸਪਤਾਲ ਦਾ ਦਰਜਾ ਵਧਾ ਕੇ ਸਿਵਲ ਹਸਪਤਾਲ ਕਰਨ ਦੇ ਨਾਲ ਨਾਲ ਇੱਥੇ ਟਰੌਮਾ ਸੈਂਟਰ ਬਣਾਉਣ ਦਾ ਵਾਅਦਾ ਕੀਤਾ ਸੀ। ਪਰ ਬਦਕਿਸਮਤੀ ਦੀ ਗੱਲ ਹੈ ਕਿ ਸਿਹਤ ਵਿੱਚ ਵੱਡੇ ਸੁਧਾਰ ਕਰਨ ਦੇ ਦਾਅਵੇ ਕਰਨ ਵਾਲੀ ਆਪ ਸਰਕਾਰ ਵੱਲੋਂ ਹਲਕਾ ਸ਼ੁਤਰਾਣਾ ਦੀਆਂ ਸਿਹਤ ਸਹੂਲਤਾਂ ਵਿੱਚ ਕਿਸੇ ਵੀ ਤਰ੍ਹਾਂ ਦਾ ਕੋਈ ਕੰਮ ਨਹੀਂ ਕੀਤਾ ਗਿਆ।

ਖਨੌਰੀ ਕੈਥਲ ਰੋਡ ਉੱਤੇ ਪਿਛਲੇ ਚਾਰ ਮਹੀਨਿਆਂ ਤੋਂ ਬੱਸ ਸੇਵਾ ਠੱਪ ਪਈ ਹੈ। ਉਹਨਾਂ ਕਿਹਾ ਕਿ ਹਲਕੇ ਦੇ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਕਾਂਗਰਸ ਪਾਰਟੀ ਵੱਲੋਂ ਜ਼ੋਰ ਸ਼ੋਰ ਨਾਲ ਉਭਾਰਨ ਦੀ ਮੰਗ ਨੂੰ ਲੈ ਕੇ ਉਨਾਂ ਪਾਰਟੀ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਗੱਲ ਕੀਤੀ ਜਿਨ੍ਹਾ ਇਸ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਦਾ ਭਰੋਸਾ ਦਿੱਤਾ ਹੈ।

# ਪੱਲੇਦਾਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਬਿੱਲਾ ਅਕਾਲੀ ਦਲ 'ਚ ਸ਼ਾਮਲ

**ਜਗਰਾਉਂ (ਨਛੱਤਰ ਸੰਧੂ)-** ਸ਼੍ਰੋਮਣੀ ਅਕਾਲੀ ਦਲ ਨੂੰ ਜਗਰਾਉਂ ਵਿੱਚ ਉਸ ਵੇਲੇ ਹੋਰ ਮਜ਼ਬੂਤੀ ਮਿਲੀ ਜਦੋਂ ਪੱਲੇਦਾਰ ਯੂਨੀਅਨ ਪੰਜਾਬ ਦੇ ਪ੍ਰਧਾਨ ਅਵਤਾਰ ਸਿੰਘ ਬਿੱਲਾ ਨੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋ ਕੇ ਨਗਰ ਕੌਂਸਲ ਚੋਣਾਂ ਦਾ ਬਿਗਲ ਵਜਾ ਦਿੱਤਾ।ਇਸ ਮੌਕੇ ਹਲਕਾ ਇੰਚਾਰਜ ਐਸ.ਆਰ.



ਕਲੇਰ ਨੇ ਅਵਤਾਰ ਸਿੰਘ ਬਿੱਲਾ ਨੂੰ ਜੀ ਆਇਆਂ ਨੂੰ ਆਖਦਿਆਂ ਪਾਰਟੀ ਵਿੱਚ ਸਵਾਗਤ ਕੀਤਾ। ਉਨ੍ਹਾਂ ਦੀ ਅਗਵਾਈ ਹੇਠ ਹੋਏ ਇਸ ਪ੍ਰੋਗਰਾਮ ਦੌਰਾਨ ਬਿੱਲਾ ਨੇ ਅਕਾਲੀ ਦਲ ਦੀਆਂ ਨੀਤੀਆਂ ਅਤੇ ਸਿਧਾਂਤਾਂ 'ਤੇ ਭਰੋਸਾ ਜਤਾਉਂਦੇ ਹੋਏ ਪਾਰਟੀ ਨਾਲ ਨਿਭਾਉਣ ਦਾ ਵਚਨ ਦਿੱਤਾ।ਇਸ ਦੇ ਨਾਲ ਹੀ ਪਾਰਟੀ ਵੱਲੋਂ ਵੱਡਾ ਫੈਸਲਾ ਕਰਦੇ ਹੋਏ ਬਿੱਲਾ ਦੀ ਪਤਨੀ ਸੁਖਦੀਪ ਕੌਰ ਧਾਲੀਵਾਲ ਨੂੰ ਵਾਰਡ ਨੰਬਰ 23 ਤੋਂ ਉਮੀਦਵਾਰ ਐਲਾਨਿਆ ਗਿਆ ਹੈ। ਹਲਕਾ ਇੰਚਾਰਜ ਐਸ.ਆਰ. ਕਲੇਰ ਨੇ ਕਿਹਾ ਕਿ ਬਿੱਲਾ ਦੇ ਸ਼ਾਮਲ ਹੋਣ ਨਾਲ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਵੱਡਾ ਫਾਇਦਾ ਮਿਲੇਗਾ।

ਇਸ ਮੌਕੇ ਐਸ.ਜੀ.ਪੀ.ਸੀ ਮੈਂਬਰ ਗੁਰਚਰਨ ਸਿੰਘ ਗਰੇਵਾਲ ਨੇ ਆਖਿਆ ਕਿ ਬਿੱਲਾ ਦੀ ਆਮਦ ਨਾਲ ਸ਼੍ਰੋਮਣੀ ਅਕਾਲੀ ਦਲ ਨੂੰ ਹੋਰ ਬਲ ਉਤਸ਼ਾਹ ਮਿਲੇਗਾ।ਇਸ ਮੌਕੇ ਅਵਤਾਰ ਸਿੰਘ ਬਿੱਲਾ ਨੇ ਕਿਹਾ ਕਿ ਉਹ ਆਪਣੇ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਲਈ ਦਿਨ-ਰਾਤ ਮਿਹਨਤ ਕਰਨਗੇ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹਨ।ਇਸ ਮੌਕੇ ਸਾਬਕਾ ਚੇਅਰਮੈਨ ਸ.ਕਮਲਜੀਤ ਸਿੰਘ ਮੱਲ੍ਹਾ, ਸਾਬਕਾ ਸੀਨੀਅਰ ਮੀਤ ਪ੍ਰਧਾਨ ਨਗਰ ਕੌਂਸਲ ਜਗਰਾਓਂ ਦਵਿੰਦਰਜੀਤ ਸਿੰਘ ਸਿੱਧੂ, ਸੀਨੀਅਰ ਅਕਾਲੀ ਆਗੂ ਦੀਪਇੰਦਰ ਸਿੰਘ ਭੰਡਾਰੀ, ਸੀਨੀਅਰ ਅਕਾਲੀ ਹਰਦੇਵ ਸਿੰਘ ਬੌਬੀ, ਰੂਬੀ ਠੇਕੇਦਾਰ, ਮਨਜੀਤ ਸਿੰਘ ਫੌਜੀ, ਜੋਨਸਨ, ਪਰਦੀਪ ਅਖਾੜਾ ਤੇ ਹੋਰ ਹਾਜ਼ਰ।

# ਅਲੂਣਾ ਤੋਲਾ 'ਚ 42.59 ਲੱਖ ਦੀ ਲਾਗਤ ਨਾਲ ਬਣਿਆ ਆਧੁਨਿਕ ਖੇਡ ਮੈਦਾਨ

**ਪਾਇਲ, ਖੰਨਾ (ਲੁਧਿਆਣਾ) (ਰੈਕਟਰ ਕਥੂਰੀਆ)-** ਪਾਇਲ ਵਿਧਾਨ ਸਭਾ ਹਲਕੇ ਦੇ ਪਿੰਡ ਅਲੂਣਾ ਤੋਲਾ 'ਚ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਅਤੇ ਨਸ਼ਿਆਂ ਤੋਂ ਦੂਰ ਰੱਖਣ ਲਈ ਇੱਕ ਵੱਡੀ ਪਹਿਲ ਤਹਿਤ 42.59 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤਾ ਗਿਆ ਆਧੁਨਿਕ ਖੇਡ ਮੈਦਾਨ ਲੋਕਾਂ ਨੂੰ ਸਮਰਪਤ ਕਰ ਦਿੱਤਾ ਗਿਆ। ਇਸ ਮੌਕੇ ਹਲਕਾ ਵਿਧਾਇਕ ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਵੱਲੋਂ ਖੇਡ ਮੈਦਾਨ ਦਾ ਉਦਘਾਟਨ ਕੀਤਾ ਗਿਆ ਅਤੇ ਪਿੰਡ ਦੇ ਨੌਜਵਾਨਾਂ ਨੂੰ ਖੇਡ ਕਿੱਟਾਂ ਵੀ ਵੰਡੀਆਂ ਗਈਆਂ। ਯੂਥ ਕਲੱਬ ਨੂੰ ਖੇਡਾਂ ਦਾ ਸਾਮਾਨ ਦਿੱਤਾ ਗਿਆ। ਲੜਕੀਆਂ ਨੂੰ ਵੀ ਖੇਡਾਂ ਦਾ ਸਾਮਾਨ ਦਿੱਤਾ ਗਿਆ।



ਇਸ ਮੌਕੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪੇਂਡੂ ਖੇਤਰਾਂ ਵਿੱਚ ਖੇਡ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵੱਡੇ ਪੱਧਰ 'ਤੇ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨਵੀਂ ਪੀੜ੍ਹੀ ਨੂੰ ਨਸ਼ਿਆਂ ਦੀ ਲਤ ਤੋਂ ਬਚਾ ਕੇ ਖੇਡਾਂ ਨਾਲ ਜੋੜਨਾ ਸਰਕਾਰ ਦੀ ਪਹਿਲ ਹੈ ਅਤੇ ਇਸੇ ਮਕਸਦ ਨਾਲ ਸੂਬੇ ਭਰ ਵਿੱਚ ਆਧੁਨਿਕ ਖੇਡ ਮੈਦਾਨ ਤਿਆਰ ਕੀਤੇ ਜਾ ਰਹੇ ਹਨ।ਵਿਧਾਇਕ ਗਿਆਸਪੁਰਾ ਨੇ ਕਿਹਾ ਕਿ ਪਿੰਡ ਅਲੂਣਾ ਤੋਲਾ ਵਿੱਚ ਬਣਿਆ ਇਹ ਖੇਡ ਮੈਦਾਨ ਆਧੁਨਿਕ ਸਹੂਲਤਾਂ ਨਾਲ ਲੈਸ ਹੈ। ਇਸ ਵਿੱਚ ਵਾਲੀਬਾਲ ਗਰਾਊਂਡ, ਵਾਕਿੰਗ ਟ੍ਰੈਕ, ਬੱਚਿਆਂ ਲਈ ਝੂਲੇ ਅਤੇ ਰਾਤ ਸਮੇਂ ਖੇਡਾਂ ਲਈ ਸਟਰੀਟ ਲਾਈਟਾਂ ਵਰਗੀਆਂ ਸਹੂਲਤਾਂ ਸ਼ਾਮਲ ਹਨ। ਇਸ ਮੌਕੇ ਵਿਧਾਇਕ ਵੱਲੋਂ ਨੌਜਵਾਨ ਖਿਡਾਰੀਆਂ ਨੂੰ ਖੇਡ ਕਿੱਟਾਂ ਵੰਡੀਆਂ ਗਈਆਂ ਅਤੇ ਉਨ੍ਹਾਂ ਨੂੰ ਖੇਡਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਗਿਆ।

# ਲੜੀਵਾਰ ਖੂਨਦਾਨ ਕੈਂਪਾਂ ਦੇ 15ਵੇਂ ਸਾਲ ਦੀ ਸ਼ੁਰੂਆਤ ਮੌਕੇ 15 ਯੂਨਿਟ ਖੂਨਦਾਨ

**ਪਟਿਆਲਾ, (ਰਾਜਿੰਦਰ ਸਿੰਘ ਥਿੰਦ)-** ਮਨੁੱਖਤਾ ਦੇ ਭਲੇ ਲਈ ਯੂਨੀਵਰਸਲ ਵੈਲਫੇਅਰ ਕਲੱਬ ਪੰਜਾਬ ਅਤੇ ਹਿਊਮਨ ਵੈਲਫੇਅਰ ਫਾਊਂਡੇਸ਼ਨ ਵੱਲੋਂ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਬੈਂਕ ਵਿਚ ਲੜੀਵਾਰ ਖੂਨਦਾਨ ਕੈਂਪਾਂ ਦੇ 15ਵੇਂ ਸਾਲ ਦੀ ਰਸਮੀ ਸ਼ੁਰੂਆਤ ਮਿਸ਼ਨ ਦੇ ਮੋਢੀ ਅਤੇ ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ ਨੇ ਖੁਦ 18ਵੀਂ ਵਾਰ ਖੂਨਦਾਨ ਕਰਕੇ ਕੀਤੀ। ਗਰੁੱਪ ਵੱਲੋਂ ਲਗਾਏ 345ਵੇਂ ਰੈਗੂਲਰ ਖੂਨਦਾਨ ਕੈਂਪ ਵਿਚ ਅਮਰਜੀਤ ਸਿੰਘ ਪਟਿਆਲਾ 90 ਪ੍ਰਤੀਸ਼ਤ ਹੈਂਡੀਕੈਪਡ ਨੇ 26ਵੀਂ ਵਾਰ, ਸੁਖਜੀਤ ਸਿੰਘ ਬਸੰਤਪੁਰਾ ਨੇ 35ਵੀਂ ਵਾਰ, ਬਲਵਿੰਦਰ ਸਿੰਘ ਆਲਮਪੁਰ, ਨਿਰਪਾਲ ਸਿੰਘ ਭਾਰਤੀ ਰੇਲਵੇ ਪਟਿਆਲਾ, ਕਰਮਜੀਤ ਸਿੰਘ ਫਤਹਿਪੁਰ, ਸੁਰਿੰਦਰ ਸਿੰਘ ਤੇ ਇੰਦਰਜੀਤ ਸਿੰਘ (ਪਿਤਾ-ਪੁੱਤਰ), ਵਿਜੇ ਸਿੰਘ ਠਾਕੁਰ ਆਈ. ਟੀ. ਬੀ. ਪੀ. ਤੇ ਮੈਡਮ ਸ਼ਸ਼ੀ (ਪਤੀ-ਪਤਨੀ), ਗੁਰਮੀਤ ਸਿੰਘ ਬਿਸ਼ਨਗੜ੍ਹ, ਅਵਤਾਰ ਸਿੰਘ ਸਨੌਰ ਤੇ ਸਤਨਾਮ ਸਿੰਘ ਲੋਟ ਸਮੇਤ15 ਵਲੰਟੀਅਰਾਂ ਨੇ ਖੂਨ ਦਾਨ ਕੀਤਾ। ਖੂਨਦਾਨੀਆਂ ਨੂੰ ਸਰਟੀਫਿਕੇਟ ਤੇ



ਯਾਦਗਾਰੀ ਮੱਘ ਦੇ ਕੇ ਸਨਮਾਨਤ ਕੀਤਾ ਗਿਆ ਤੇ ਕੇਕ ਵੀ ਕੱਟਿਆ ਗਿਆ। ਇਸ ਮੌਕੇ ਜਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਤੇਜਿੰਦਰ ਮਹਿਤਾ, ਗੋਲਡਨ ਸਟਾਰ ਬਲੱਡ ਡੋਨਰ ਸਾਬਕਾ ਡੀ. ਐਸ. ਪੀ. ਨਾਹਰ ਸਿੰਘ ਮਾਜਰੀ, ਪਟਿਆਲਾ ਦਿਹਾਤੀ ਦੇ ਸੀਨੀਅਰ ਆਗੂ ਜਸਪਾਲ ਸਿੰਘ ਬਿੱਟੂ ਚੱਠਾ ਤੇ ਚਰਨਜੀਤ ਸਿੰਘ ਨੈਣਾਂ ਚੇਅਰਮੈਨ ਬਲਾਕ ਸੰਮਤੀ ਭੁਨਰਹੇੜੀ ਨੇ ਕਿਹਾ ਕਿ ਪਿਛਲੇ 14 ਸਾਲਾਂ ਤੋਂ ਹਰ ਮਹੀਨੇ ਦੀ 5 ਅਤੇ 20 ਤਰੀਕ ਨੂੰ ਸਰਕਾਰੀ ਬਲੱਡ ਬੈਂਕ ਵਿਚ ਖੂਨਦਾਨ ਕੈਂਪ ਲਗਾਉਣਾ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਦਾ ਸ਼ਲਾਘਯੋਗ ਉਪਰਾਲਾ ਹੈ। ਉਨ੍ਹਾਂ ਸਮੂਹ ਤੰਦਰੁਸਤ ਨੌਜਵਾਨਾਂ ਨੂੰ ਖੂਨਦਾਨ ਕਰਨ ਲਈ ਗਰੁੱਪ ਨਾਲ ਜੁੜਨ ਦੀ ਅਪੀਲ ਵੀ ਕੀਤੀ। ਇਸ ਮੌਕੇ ਬਲੱਡ ਬੈਂਕ ਦੇ ਪਬਲੀਸਿਟੀ ਸਹਾਇਕ ਸੁਖਵਿੰਦਰ ਸਿੰਘ, ਮਰੀਜ਼ ਮਿੱਤਰਾ ਦੇ ਮੁਖੀ ਗੁਰਮੁੱਖ ਗੁਰੂ, ਗਿਆਨ ਜੋਤੀ ਦੇ ਮੁਖੀ ਉਪਕਾਰ ਸਿੰਘ, ਹੈਲਥ ਸਿਸਟਮ ਕਾਰਪੋਰੇਸ਼ਨ ਪੰਜਾਬ ਦੇ ਮੈਂਬਰ ਅੰਗਰੇਜ਼ ਸਿੰਘ ਰਾਮਗੜ੍ਹ, ਮਿਸ਼ਨਰੀ ਪ੍ਰੇਰਕ ਅਮਨ ਅਰੋੜਾ, ਸਿੱਖਿਆ ਸ਼ਾਸਤਰੀ ਅਨਿਲ ਭਾਰਤੀ, ਨਰਿੰਦਰ ਸਿੰਘ ਕਾਠਗੜ੍ਹ, ਗੋਲਡਨ ਸਟਾਰ ਬਲੱਡ ਡੋਨਰ ਸੁਖਦੀਪ ਸਿੰਘ ਸੋਹਲ, ਜਥੇਦਾਰ ਕਰਨ ਸਿੰਘ ਜੌਲੀ, ਯੂਥ ਆਗੂ ਹਰਮੀਤ ਸਿੰਘ ਮੀਤ, ਠੇਕੇਦਾਰ ਗੁਰਬਚਨ ਸਿੰਘ, ਭਾਈ ਰਵਿੰਦਰ ਸਿੰਘ ਭਾਂਖਰ, ਅਵਤਾਰ ਸਿੰਘ ਬਲਬੇੜਾ, ਕਿਰਪਾਲ ਸਿੰਘ ਪੰਜੋਲਾ, ਤਰਲੋਕ ਸਿੰਘ ਪੰਜੋਲਾ ਵੀ ਹਾਜ਼ਰ ਸਨ।

# ਪ੍ਰੈੱਸ ਆਜ਼ਾਦੀ ਦਿਵਸ 'ਤੇ ਖੂਨਦਾਨ ਕੈਂਪ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-** ਕੌਮਾਂਤਰੀ ਪ੍ਰੈਸ ਆਜ਼ਾਦੀ ਦਿਵਸ ਨੂੰ ਸਮਰਪਤ ਮੀਡੀਆ ਕਲੱਬ ਪਾਤੜਾਂ ਵੱਲੋਂ ਵਿਸ਼ਾਲ ਖੂਨਦਾਨ ਕੈਂਪ ਯੂਨੀਵਰਸਲ ਕਾਲਜ ਦੇ ਸਹਿਯੋਗ ਨਾਲ ਲਗਾਇਆ ਗਿਆ। ਸਮਾਗਮ ਦੌਰਾਨ ਮੁੱਖ ਮਹਿਮਾਨਾਂ ਵਜੋਂ ਐਸ ਡੀ ਐਮ ਪਾਤੜਾਂ ਕਾਲਾ ਰਾਮ ਕਾਂਸਲ ਅਤੇ ਡੀ ਐਸ ਪੀ ਗੁਰਦੀਪ ਸਿੰਘ ਸੰਧੂ ਅਤੇ ਵਿਸ਼ੇਸ਼ ਮਹਿਮਾਨ ਵਜੋਂ ਰੀਅਲ ਸਟੇਟ ਦੀ ਨਾਮੀ ਕੰਪਨੀ ਐਮ ਡੀ ਬੀ ਗਰੁੱਪ ਦੇ ਚੇਅਰਮੈਨ ਪੰਕਜ ਬਾਂਸਲ, ਸੇਵਾ ਮੁਕਤ ਆਰ ਟੀ ਏ ਕਮਿਸ਼ਨਰ ਅਮਰਜੀਤ ਸਿੰਘ ਘੱਗਾ ਅਤੇ ਸ਼ਮਸ਼ੇਰ ਸਿੰਘ ਗੁੱਡੂ ਨੇ ਸ਼ਿਰਕਤ ਕੀਤੀ। ਕੈਂਪ ਦੌਰਾਨ ਲਾਈਫ ਲਾਈਨ ਬਲੱਡ ਬੈਂਕ ਪਟਿਆਲਾ ਦੀ ਡਾਕਟਰ ਅਰਸ਼ਪ੍ਰੀਤ ਕੌਰ ਅਤੇ ਡਾਕਟਰ ਸਾਗਰ ਦੀ ਅਗਵਾਈ ਵਿੱਚ ਆਈ ਟੀਮ ਨੇ ਖੂਨ ਇਕੱਤਰ ਕੀਤਾ। ਕੈਂਪ ਦੌਰਾਨ ਕਰਨ ਸਿੰਘ ਡੀ ਟੀ ਓ ਮੁੱਖ ਸੇਵਾਦਾਰ ਅਕਾਲੀ ਦਲ ਪੁਨਰ ਸੁਰਜੀਤ, ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੇ ਸਪੁੱਤਰ ਗੁਰਮੀਤ ਸਿੰਘ, ਹਲਕਾ ਸ਼ੁਤਰਾਣਾ 'ਚ ਰਾਜਨੀਤਕ ਅਤੇ ਸਮਾਜਿਕ ਤੌਰ 'ਤੇ ਵਿਚਰ ਰਹੇ ਲੋਕ ਆਗੂ ਡਾ ਜਤਿੰਦਰ ਸਿੰਘ ਮੱਟੂ, ਵਿਧਾਨ ਸਭਾ ਹਲਕਾ ਸ਼ੁਤਰਾਣਾ ਤੋਂ ਕਾਂਗਰਸ ਪਾਰਟੀ ਦੇ ਇੰਚਾਰਜ ਦਰਬਾਰਾ ਸਿੰਘ ਬਣਵਾਲਾ, ਅਮਰਜੀਤ ਸਿੰਘ ਘੱਗਾ ਜ਼ਿਲ੍ਹਾ ਮੀਤ



ਪ੍ਰਧਾਨ ਕਾਂਗਰਸ, ਕਾਂਗਰਸ ਦੇ ਪੰਜਾਬ ਕਾਂਗਰਸ ਸਲਾਹਕਾਰ ਕਮੇਟੀ ਦੇ ਮੈਂਬਰ ਦਰਸ਼ਨ ਸਿੰਘ ਸਿੱਧੂ, ਰਮੇਸ਼ ਕੁਮਾਰ ਕੁੱਕੂ ਭਾਜਪਾ ਆਗੂ, ਭਾਜਪਾ ਦੇ ਟਰਾਂਸਪੋਰਟ ਦੇ ਕੋ ਕਨਵੀਨਰ ਪ੍ਰਸ਼ੋਤਮ ਸਿੰਗਲਾ, ਪਲਵਿੰਦਰ ਕੌਰ ਹਰਿਆਊ ਆਗੂ ਆਮ ਆਦਮੀ ਪਾਰਟੀ, ਸੁਰਜੀਤ ਸਿੰਘ ਫੌਜੀ ਸਮਾਜਸੇਵੀ, ਕੁੱਲ ਹਿੰਦ ਕਿਸਾਨ ਸਭਾ ਤੇ ਸੂਬਾ ਮੀਤ ਪ੍ਰਧਾਨ ਕਾਮਰੇਡ ਕੁਲਵੰਤ ਸਿੰਘ ਮੌਲਵੀ ਵਾਲਾ, ਸੁਖਜੀਤ ਸਿੰਘ ਹੈਪੀ ਕਾਲੇਕਾ ਚੇਅਰਮੈਨ ਜੀਟੀਬੀ ਸਕੂਲ, ਨੌਜਵਾਨ ਆਗੂ ਪਰਮਿੰਦਰ ਸਿੰਘ ਘੱਗਾ, ਪਰਵਿੰਦਰ ਸਿੰਘ ਨਿਆਲ ਨੇ ਮੀਡੀਆ ਕਲੱਬ ਵੱਲੋਂ ਲਾਏ ਗਏ ਖੂਨ ਦਾਨ ਕੈਂਪ ਲਈ ਪ੍ਰਸ਼ੰਸਾਂ ਕਰਦਿਆਂ ਭਵਿੱਖ ਵਿੱਚ ਕੋਈ ਸਮਾਜਸੇਵੀ ਕਾਰਜਾਂ ਲਈ ਹਰ ਤਰਾਂ ਦਦਾ ਸਹਿਯੋਗ ਦੇਣ ਦਾ ਯਕੀਨ ਦਿਵਾਇਆ ਗਿਆ। ਇਸ ਕੈਂਪ 'ਚ ਕੁਲਦੀਪ ਸਿੰਘ ਥਿੰਦ ਡਾਇਰੈਕਟਰ ਕੰਬੋਜ ਭਲਾਈ ਬੋਰਡ ਪੰਜਾਬ, ਪੁਨਰ ਸੁਰਜੀਤ ਸਿੰਘ ਅਕਾਲੀ ਦਲ ਦੇ ਆਗੂਆਂ 'ਚ ਮੰਗਤ ਸਿੰਘ ਸ਼ਰਮਾ, ਸੁਖਵਿੰਦਰ ਸਿੰਘ ਬਰਾਸ, ਕੁਲਦੀਪ ਸਿੰਘ ਰੇਡੂ, ਕਾਂਗਰਸ ਪਾਰਟੀ ਦੇ ਆਗੂਆਂ 'ਚ ਰਾਜੇਸ਼ ਕੁਮਾਰ ਹੈਪੀ ਪ੍ਰਧਾਨ ਸ਼ਹਿਰੀ ਕਾਂਗਰਸ, ਫਰਿੰਦਰ ਸ਼ਰਮਾ ਅਤੇ ਹੋਰ ਆਗੂਆਂ ਵੱਲੋਂ ਖੂਨਦਾਨ ਕੀਤਾ ਗਿਆ। ਮੀਡੀਆ ਕਲੱਬ ਦੇ ਪ੍ਰਧਾਨ ਜਗਦੀਸ਼ ਸਿੰਘ ਕੰਬੋਜ ਨੇ ਯੂਨੀਵਰਸਲ ਕਾਲਜ ਪਾਤੜਾਂ ਦੇ ਚੇਅਰਮੈਨ ਬਲਜੀਤ ਸਿੰਘ ਅਤੇ ਵਾਇਸ ਚੇਅਰਮੈਨ ਵੀਰਇੰਦਰ ਸਿੰਘ ਸਮੇਤ ਖੂਨ ਦਾਨ ਕੈਂਪ 'ਚ ਸਹਿਯੋਗ ਦੇਣ ਵਾਲੇ ਆਗੂਆਂ ਦਾ ਧੰਨਵਾਦ ਕੀਤਾ ਗਿਆ।

## ਹਲਕਾ ਪਾਇਲ ਦੇ ਪਿੰਡ ਜਹਾਂਗੀਰ ਹਰਬੰਸ ਸਿੰਘ ਦੇ ਗ੍ਰਹਿ ਵਿਖੇ ਹੋਈ ਮੀਟਿੰਗ



**ਦੋਰਾਹਾ (ਹਰਮਿੰਦਰ ਸੇਠ)-** ਹਲਕਾ ਪਾਇਲ ਦੇ ਪਿੰਡ ਜਹਾਂਗੀਰ ਹਰਬੰਸ ਸਿੰਘ ਦੇ ਗ੍ਰਹਿ ਵਿਖੇ ਐਮ ਐਲ ਏ ਮਨਵਿੰਦਰ ਸਿੰਘ ਗਿਆਸਪੁਰਾ ਹਲਕਾ ਪਾਇਲ ਦੇ ਧਰਮ ਪਤਨੀ ਬੀਬੀ ਰਮਨਦੀਪ ਕੌਰ ਖਾਲਸਾ ਨੇ ਮੀਟਿੰਗ ਕੀਤੀ। ਜਿਸ ਵਿੱਚ ਉਹਨਾਂ ਨੇ ਪਿੰਡ ਦੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਤੁਰੰਤ ਹੱਲ ਕੀਤਾ। ਇਸ ਸਮੇਂ ਬੀਬੀ ਰਮਨਜੀਤ ਕੌਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਚਾਰ ਸਾਲਾਂ ਦੇ ਕੀਤੇ ਕੰਮਾਂਕਾਰਾਂ ਅਤੇ ਗਰੰਟੀਆਂ ਬਾਰੇ ਪਿੰਡ ਦੇ ਲੋਕਾਂ ਨੂੰ ਜਾਗਰੂਕ ਕਰਾਇਆ। ਇਸ ਸਮੇਂ ਡਾਕਟਰ ਸਰਬਜੀਤ ਸਿੰਘ ਬਿਲਾਸਪੁਰ ਐਸ ਸੀ ਵਿੰਗ ਬਲਾਕ ਪ੍ਰਧਾਨ, ਬੀਬੀ ਗਗਨਦੀਪ ਕੌਰ ਘਲੋਟੀ ਮਹਿਲਾ ਵਿੰਗ ਹਲਕਾ ਪ੍ਰਧਾਨ, ਅੰਮ੍ਰਿਤ ਕੌਰ ਲਾਪਰਾਂ ਮਹਿਲਾ ਵਿੰਗ ਬਲਾਕ ਪ੍ਰਧਾਨ, ਮਨਦੀਪ ਸਿੰਘ ਲਾਪਰਾਂ, ਹਰਬੰਸ ਸਿੰਘ ਜਹਾਂਗੀਰ, ਜਸਕਰਨ ਸਿੰਘ ਜਹਾਂਗੀਰ, ਸਾਬਕਾ ਸਰਪੰਚ ਮੇਵਾ ਸਿੰਘ ਪਿੰਡ ਜਹਾਂਗੀਰ ਮਲਾਗਰ ਸਿੰਘ, ਗੁਰਬਖਸ਼ ਸਿੰਘ, ਪਰਮਜੀਤ ਕੌਰ ਬਿਲਾਸਪੁਰ, ਸੁਖਵਿੰਦਰ ਕੌਰ ਬਿਲਾਸਪੁਰ, ਹਰਮਨਜੀਤ ਕੌਰ, ਕੋਮਲਦੀਪ ਕੌਰ, ਪਰਮਜੀਤ ਕੌਰ, ਜਸਪਾਲ ਕੌਰ,ਆਦਿ ਪਾਰਟੀ ਦੇ ਵਰਕਰ ਅਤੇ ਪਿੰਡ ਦੇ ਲੋਕ ਸ਼ਾਮਲ ਸਨ।

## ਪੀ ਜੀ ਆਈ 'ਚ ਦੂਜਾ ਸਾਲਾਨਾ 'ਸਾਰਥੀ ਦਿਵਸ' ਮਨਾਇਆ

**ਸਮਰਾਲਾ, (ਸੁਰਜੀਤ ਸਿੰਘ)-** ਪੀ ਜੀ ਆਈ ਚੰਡੀਗੜ੍ਹ ਵਲੋਂ ਪਿਛਲੇ ਸਾਲ ਮਰੀਜ਼ਾਂ ਦੀ ਸਹਾਇਤਾ ਇੱਕ ਨਿਵੇਕਲੀ ਪਹਿਲ ਦਾ ਸਫਲਤਾ ਪੂਰਬਕ ਇੱਕ ਸਾਲ ਪੂਰਾ ਹੋਣ 'ਤੇ ਦੂਜਾ ਸਾਲਾਨਾ 'ਸਾਰਥੀ ਦਿਵਸ' ਮਨਾਇਆ ਗਿਆ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਰਾਜੇਸ਼ ਪ੍ਰਸਾਦ



ਚੀਫ਼ ਸੈਕਟਰੀ ਚੰਡੀਗੜ੍ਹ ਪ੍ਰਸ਼ਾਸਨ ਅਤੇ ਗੈਸਟ ਆਫ਼ ਆਨਰ ਵਜੋਂ ਮਿਸ ਪ੍ਰੇਰਨਾ ਪੁਰੀ ਸੈਕਟਰੀ ਐਜੂਕੇਸ਼ਨ, ਚੰਡੀਗੜ੍ਹ ਪ੍ਰਸ਼ਾਸਨ ਸ਼ਾਮਲ ਹੋਏ। ਇਸ ਮੌਕੇ ਪ੍ਰੋ. ਵਿਵੇਕ ਲਾਲ (ਡਾਇਰੈਕਟਰ), ਪੰਕਜ ਰਾਏ (ਡਿਪਟੀ ਡਾਇਰੈਕਟਰ ਐਡਮਿਨਿਸਟ੍ਰੇਸ਼ਨ), ਪ੍ਰੋ. ਸੰਜੇ ਜੈਨ (ਡੀਨ ਰਿਸਰਚ) ਅਤੇ ਪ੍ਰੋ. ਅਸ਼ੋਕ ਕੁਮਾਰ (ਮੈਡੀਕਲ ਸੁਪਰਿੰਟੈਂਡੈਂਟ) ਵੀ ਮੌਜੂਦ ਸਨ।ਮੁੱਖ ਮਹਿਮਾਨ ਰਾਜੇਸ਼ ਪ੍ਰਸਾਦ ਨੇ ਸਾਰਥੀ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਹ ਪ੍ਰਯਾਸ ਸੇਵਾ ਅਤੇ ਅਨੁਭਵਾਤਮਕ ਸਿੱਖਿਆ ਦਾ ਬੇਹਤਰੀਨ ਮਿਲਾਪ ਹੈ। ਉਨ੍ਹਾਂ ਕਿਹਾ ਕਿ ਸਾਰਥੀ ਚਾਰ ਮੁੱਖ ਸਤੰਭਾਂ—ਹਮਦਰਦੀ, ਦਇਆ, ਸਮਾਜਿਕ ਜ਼ਿੰਮੇਵਾਰੀ ਅਤੇ ਅਨੁਭਵਾਤਮਕ ਸਿੱਖਿਆ 'ਤੇ ਅਧਾਰਿਤ ਹੈ। ਵੱਡੇ ਹਸਪਤਾਲਾਂ ਵਿੱਚ ਜਿੱਥੇ ਪ੍ਰਣਾਲੀਆਂ ਨੂੰ ਸਮਝਣਾ ਮੁਸ਼ਕਲ ਹੁੰਦਾ ਹੈ, ਉੱਥੇ ਇਹ ਨੌਜਵਾਨ ਸੇਵਾਦਾਰ ਸੱਚੇ 'ਸਾਰਥੀ' ਬਣ ਕੇ ਮਰੀਜ਼ਾਂ ਨੂੰ ਸਨਮਾਨ ਨਾਲ ਮਦਦ ਕਰਦੇ ਹਨ।ਪ੍ਰੋ. ਵਿਵੇਕ ਲਾਲ ਨੇ ਸੇਵਾਦਾਰਾਂ ਨੂੰ ਬ੍ਰੇਵਹਾਰਟਸ ਕਹਿੰਦੇ ਹੋਏ ਕਿਹਾ ਕਿ ਇਹ ਵਿਦਿਆਰਥੀ ਸਿਰਫ਼ ਮਦਦ ਨਹੀਂ ਕਰਦੇ, ਸਗੋਂ ਹਮਦਰਦੀ ਅਤੇ ਜ਼ਿੰਮੇਵਾਰੀ ਸਿੱਖਦੇ ਹਨ। ਪੰਕਜ ਰਾਏ ਨੇ ਕਿਹਾ ਕਿ ਵੱਡੇ ਹਸਪਤਾਲਾਂ ਵਿੱਚ ਮਰੀਜ਼ਾਂ ਲਈ ਸੇਵਾਵਾਂ ਤੱਕ ਪਹੁੰਚ ਮੁਸ਼ਕਲ ਹੋ ਸਕਦੀ ਹੈ ਅਤੇ ਸਾਰਥੀ ਇਸ ਖਾਈ ਨੂੰ ਪੂਰਾ ਕਰਦਾ ਹੈ। ਪ੍ਰੋ. ਸੰਜੇ ਜੈਨ ਨੇ ਕਿਹਾ ਕਿ ਸਾਰਥੀ ਅਸਲ ਵਿੱਚ ਕਰੁਣਾ ਦੀ ਜੀਵੰਤ ਮਿਸਾਲ ਹੈ।

# ਤਰਕਸ਼ੀਲ ਸੁਸਾਇਟੀ ਵੱਲੋਂ ਦਲਿਤ ਭਾਈਚਾਰੇ ਵਿਰੁੱਧ ਜਾਤੀ ਸੂਚਕ ਸ਼ਬਦ ਵਰਤਣ ਦੀ ਸਖ਼ਤ ਨਿਖੇਧੀ

**ਬਰਨਾਲਾ (ਰਾਜਿੰਦਰ ਬਰਾੜ)-** ਤਰਕਸ਼ੀਲ ਸੁਸਾਇਟੀ ਪੰਜਾਬ ਨੇ ਪੰਜਾਬ ਸਰਕਾਰ ਵੱਲੋਂ 2027 ਦੀ ਜਨਗਣਨਾ ਲਈ ਆਨਲਾਈਨ ਜਾਰੀ ਕੀਤੇ ਪੰਜਾਬੀ ਫਾਰਮ ਵਿੱਚ ਅਨੁਸੂਚਿਤ ਜਾਤੀਆਂ ਦੀ ਸੂਚੀ ਹੇਠ ਦਲਿਤ ਭਾਈਚਾਰੇ ਲਈ ਕਾਨੂੰਨੀ ਤੌਰ ਤੇ ਵਰਜਿਤ ਜਾਤੀਸੂਚਕ ਸ਼ਬਦ ਦਰਜ ਕੀਤੇ ਜਾਣ ਦਾ ਸਖ਼ਤ ਸ਼ਬਦਾਂ ਵਿੱਚ ਵਿਰੋਧ ਕਰਦਿਆਂ ਐਸ ਸੀ ਐਸ ਟੀ ਕਮਿਸ਼ਨ ਤੋਂ ਦੋਸ਼ੀ ਉੱਚ ਅਧਿਕਾਰੀਆਂ ਦੇ ਵਿਰੁੱਧ ਐਸ ਸੀ ਐਸ ਟੀ ਐਕਟ ਤਹਿਤ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੀ ਜ਼ੋਰਦਾਰ ਮੰਗ ਕੀਤੀ ਹੈ। ਇਸ ਸਬੰਧੀ ਤਰਕਸ਼ੀਲ ਭਵਨ ਬਰਨਾਲੇ ਤੋਂ ਪ੍ਰੈਸ ਬਿਆਨ ਰਾਹੀਂ ਸੁਸਾਇਟੀ ਦੇ ਸੂਬਾਈ ਆਗੂਆਂ ਮਾਸਟਰ ਰਾਜਿੰਦਰ ਭਦੌੜ, ਹੇਮ ਰਾਜ ਸਟੈਨੋਂ, ਜਸਵਿੰਦਰ ਫਗਵਾੜਾ, ਰਾਜਪਾਲ ਬਠਿੰਡਾ ਅਤੇ ਸੁਮੀਤ ਅੰਮ੍ਰਿਤਸਰ ਨੇ ਉੱਚ ਅਧਿਕਾਰੀਆਂ ਦੀ ਅਜਿਹੀ ਦਲਿਤ ਵਿਰੋਧੀ ਮਨੂੰਵਾਦੀ ਮਾਨਸਿਕਤਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਨਗਣਨਾ ਫਾਰਮ ਵਿੱਚ ਦਲਿਤ ਭਾਈਚਾਰੇ ਲਈ ਅਜਿਹਾ ਗੈਰ ਕਾਨੂੰਨੀ ਜਾਤੀਸੂਚਕ ਸ਼ਬਦ ਵਰਤ ਕੇ ਨਾ ਸਿਰਫ ਉਨ੍ਹਾਂ ਨੂੰ ਜਨਤਕ ਤੌਰ 'ਤੇ ਅਪਮਾਨਿਤ ਕੀਤਾ ਗਿਆ ਹੈ ਬਲਕਿ



ਸਮਾਜ ਵਿੱਚ ਜਾਤਪਾਤੀ ਫ਼ਿਰਕੂ ਨਫ਼ਰਤ ਦਾ ਮਾਹੌਲ ਭੜਕਾਉਣ ਦੀ ਸਾਜ਼ਿਸ਼ ਵੀ ਕੀਤੀ ਗਈ ਹੈ ਜਿਸ ਦਾ ਪੰਜਾਬ ਦੇ ਐਸ ਸੀ ਐਸ ਟੀ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਜਾਣਾ ਚਾਹੀਦਾ ਹੈ। ਤਰਕਸ਼ੀਲ ਆਗੂਆਂ ਨੇ ਦੋਸ਼ ਲਾਇਆ ਕਿ ਪਿਛਲੇ ਕੁੱਝ ਸਾਲਾਂ ਤੋਂ ਪੰਜਾਬ ਸਮੇਤ ਮੁਲਕ ਦੇ ਹੋਰਨਾਂ ਹਿੱਸਿਆਂ ਵਿੱਚ ਫ਼ਿਰਕੂ ਫਾਸ਼ੀਵਾਦੀ ਹੁਕਮਰਾਨਾਂ, ਫ਼ਿਰਕੂ ਸਿਆਸਤਦਾਨਾਂ ਅਤੇ ਅਖੌਤੀ ਉੱਚ ਜਾਤੀਆਂ ਦੇ ਅਲੰਬਰਦਾਰਾਂ ਵੱਲੋਂ ਆਪਣੀ ਮਨੂੰਵਾਦੀ ਮਾਨਸਕਿਤਾ ਹੇਠ ਦਲਿਤ ਅਤੇ ਪਿਛੜੇ ਵਰਗਾਂ ਦੇ ਲੋਕਾਂ ਉਤੇ ਗਿਣ ਮਿੱਥ ਕੇ ਹਿੰਸਕ ਹਮਲੇ ਕਰਕੇ ਉਨ੍ਹਾਂ ਨੂੰ ਰਾਖਵੀਆਂ ਪੰਚਾਇਤੀ ਅਤੇ ਸ਼ਾਮਲਾਤ ਜ਼ਮੀਨਾਂ ਦੇ ਕਾਨੂੰਨੀ ਮਾਲਕੀ ਹੱਕ ਦੇਣ ਤੋਂ ਇਨਕਾਰ ਕੀਤਾ ਜਾ ਰਿਹਾ ਹੈ ਅਤੇ ਵਿਰੋਧ ਕਰਨ ਵਾਲਿਆਂ ਨੂੰ ਝੂਠੇ ਕੇਸਾਂ ਹੇਠ ਜੇਲ੍ਹੀਂ ਡੱਕਿਆ ਜਾ ਰਿਹਾ ਹੈ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਨੇ ਸਮਾਜਿਕ ਜੁੜਾਅ ਤੇ ਅਕਾਦਮਿਕ ਸ੍ਰੇਸ਼ਠਤਾ ਨੂੰ ਕੀਤਾ ਉਤਸ਼ਾਹਿਤ

**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-** ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਨੇ ਸਿੱਖਿਆ ਵਿਭਾਗ ਅਤੇ ਰਾਜਨੀਤੀ ਵਿਗਿਆਨ ਵੱਲੋਂ ਆਯੋਜਿਤ ਵੱਖ-ਵੱਖ ਆਊਟਰੀਚ ਪ੍ਰੋਗਰਾਮਾਂ ਅਤੇ ਅਕਾਦਮਿਕ ਗਤੀਵਿਧੀਆਂ ਰਾਹੀਂ ਸਮੱਗਰੀ ਸਿੱਖਿਆ ਅਤੇ ਸਮਾਜਿਕ ਜੁੜਾਅ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ।

ਸਿੱਖਿਆ ਵਿਭਾਗ ਨੇ ਸੈਂਟਰ ਆਫ ਇੰਟਰਨਸ਼ਿਪ ਐਂਡ ਸੋਸ਼ਲ ਆਊਟਰੀਚ ਅਤੇ ਐਜੂਕੇਸ਼ਨ ਸੋਸ਼ਲ ਵੈਲਫੇਅਰ ਸੋਸਾਇਟੀ ਦੇ ਜ਼ਰੀਏ ਐਮ ਓ ਯੂ ਅਧੀਨ ਸਕੂਲਾਂ ਵਿੱਚ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤੇ। ਡਾ. ਗਗਨਦੀਪ ਟਿਵਾਣਾ ਦੀ ਅਗਵਾਈ ਹੇਠ ਵਿਦਿਆਰਥੀ-ਅਧਿਆਪਕਾਂ ਨੇ ਮਾਤਾ ਸੁੰਦਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਮਹਾਵਾਰੀ ਸਫ਼ਾਈ ਬਾਰੇ, ਸਰਕਾਰੀ ਮਿਡਲ ਸਕੂਲ, ਚੋਰਵਾਲਾ ਵਿੱਚ ਪੋਸ਼ਣ ਬਾਰੇ ਅਤੇ ਸਰਕਾਰੀ ਹਾਈ ਸਕੂਲ, ਮਾਧੋਪੁਰ ਵਿੱਚ ਸਾਈਬਰ ਸੁਰੱਖਿਆ ਬਾਰੇ ਸੈਸ਼ਨ ਕਰਵਾਏ। ਵਿਭਾਗ ਮੁਖੀ ਡਾ. ਹਰਨੀਤ ਬਿਲਿੰਗ ਨੇ ਇਨ੍ਹਾਂ ਯਤਨਾਂ ਦੀ ਸਰਾਹਨਾ ਕਰਦਿਆਂ ਕਿਹਾ ਕਿ ਅਜਿਹੀਆਂ ਪਹਿਲਕਦਮੀਆਂ ਭਵਿੱਖ ਦੇ ਅਧਿਆਪਕਾਂ ਵਿੱਚ



ਸਮਵੇਦਨਾ ਅਤੇ ਵਿਵਹਾਰਕ ਸਮਝ ਵਿਕਸਿਤ ਕਰਦੀਆਂ ਹਨ।ਵਿਭਾਗ ਆਫ ਰਾਜਨੀਤੀ ਵਿਗਿਆਨ ਨੇ ਭਾਰਤੀ ਰਾਜਨੀਤੀ 'ਤੇ ਕਵਿਜ਼ ਮੁਕਾਬਲਾ ਆਯੋਜਿਤ ਕੀਤਾ, ਜਿਸ ਵਿੱਚ ਵੱਖ-ਵੱਖ ਵਿਭਾਗਾਂ ਤੋਂ 25 ਟੀਮਾਂ ਨੇ ਭਾਗ ਲਿਆ। ਪਹਿਲਾ ਸਥਾਨ ਪਰਨੀਤ ਕੌਰ, ਮਨਮੀਤ ਕੌਰ ਅਤੇ ਪਰਨੀਤ ਕੌਰ (ਕਾਨੂੰਨ ਵਿਭਾਗ) ਨੇ ਹਾਸਲ ਕੀਤਾ, ਜਦਕਿ ਦੂਜਾ ਸਥਾਨ ਸਿਮਰਨਜੀਤ ਕੌਰ, ਸੁਮਨਪ੍ਰੀਤ ਕੌਰ ਅਤੇ ਪਰਮਿੰਦਰ ਕੌਰ (ਰਾਜਨੀਤੀ ਵਿਗਿਆਨ) ਨੇ ਪ੍ਰਾਪਤ ਕੀਤਾ। ਤੀਜਾ ਸਥਾਨ ਅਮਨਦੀਪ ਸਿੰਘ, ਅੰਜਲੀ ਅਤੇ ਅਮਨਜੀਤ ਕੌਰ ਨੇ ਹਾਸਲ ਕੀਤਾ। ਇਸ ਤੋਂ ਇਲਾਵਾ, ਵਿਭਾਗ ਵੱਲੋਂ ਭਾਰਤ ਵਿੱਚ ਕੇਂਦਰੀਕਰਨ ਰਹਿਤ ਲੋਕਤੰਤਰ: ਪੰਚਾਇਤੀ ਰਾਜ ਸੰਸਥਾਵਾਂ ਦੀਆਂ ਉਪਲਬਧੀਆਂ ਅਤੇ ਕਮਜ਼ੋਰੀਆਂ ਵਿਸ਼ੇ 'ਤੇ ਭਾਸ਼ਣ ਮੁਕਾਬਲਾ ਵੀ ਪੰਚਾਇਤੀ ਰਾਜ ਦਿਵਸ ਦੇ ਮੌਕੇ ਆਯੋਜਿਤ ਕੀਤਾ ਗਿਆ। ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਪਰਿਤ ਪਾਲ ਸਿੰਘ ਅਤੇ ਡੀਨ ਅਕਾਦਮਿਕ ਮਾਮਲੇ ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਵਿਭਾਗਾਂ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ। ਵਿਭਾਗ ਮੁਖੀ ਡਾ. ਰਮਨਦੀਪ ਕੌਰ ਨੇ ਵੀ ਭਾਗੀਦਾਰਾਂ ਦੀ ਸਰਾਹਨਾ ਕੀਤੀ।

## ਮੈਡੀਕਲ ਕਾਲਜ ਬਣਿਆ ਸੁਣਨ ਦੀ ਅਯੋਗਤਾ ਨੂੰ ਮਾਤ ਦੇਣ ਵਾਲਾ ਮੋਹਰੀ ਕੇਂਦਰ

**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)** ਪੰਜਾਬ ਸਰਕਾਰ ਦੇ ਸਿਹਤ ਸੇਵਾਵਾਂ ਨੂੰ ਹਰ ਨਾਗਰਿਕ ਤੱਕ ਪੁਚਾਉਣ ਦੇ ਵਿਜ਼ਨ ਤਹਿਤ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ ਨੇ ਕੋਕਲੀਅਰ ਇੰਪਲਾਂਟ ਸੇਵਾਵਾਂ 'ਚ ਨਵੇਂ ਮੀਲ ਪੱਥਰ ਸਥਾਪਤ ਕੀਤੇ ਹਨ।ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਸ਼ੁਰੂ



ਕੀਤੀ 'ਸੁਣਨ ਦਾ ਹੱਕ ਸਭ ਦਾ' ਸਕੀਮ ਨੇ ਇਸ ਖੇਤਰ ਵਿੱਚ ਇਲਾਜ ਕਰਾ ਰਹੇ ਮਰੀਜ਼ਾਂ ਲਈ ਨਵੀਂ ਉਮੀਦ ਜਗਾਈ ਹੈ ਜੀ.ਜੀ.ਐਸ.ਐਮ.ਸੀ.ਐਚ. ਪੰਜਾਬ ਦਾ ਅਜਿਹਾ ਪਹਿਲਾ ਸਰਕਾਰੀ ਅਦਾਰਾ ਹੈ, ਜਿੱਥੇ ਕੋਕਲੀਅਰ ਇੰਪਲਾਂਟ ਸਰਜਰੀਆਂ ਦੀ ਸਫਲਤਾਪੂਰਵਕ ਸ਼ੁਰੂਆਤ ਕੀਤੀ ਗਈ ਸੀ।ਸਾਲ 2014 ਤੋਂ ਸ਼ੁਰੂ ਹੋਇਆ ਇਹ ਸਫ਼ਰ ਫ਼ਰੀਦਕੋਟ-ਮਾਲਵਾ ਖੇਤਰ ਲਈ ਇੱਕ ਜੀਵਨਦਾਤਾ ਸਾਬਤ ਹੋ ਰਿਹਾ ਹੈ। ਹੁਣ ਤੱਕ ਸੰਸਥਾ ਵੱਲੋਂ 60 ਸਫਲ ਸਰਜਰੀਆਂ ਕੀਤੀਆਂ ਜਾ ਚੁੱਕੀਆਂ ਹਨ, ਜਿਸ ਵਿੱਚ 1 ਸਾਲ 4 ਮਹੀਨੇ ਦੇ ਮਾਸੂਮ ਤੋਂ ਲੈ ਕੇ 65 ਸਾਲ ਦੇ ਬਜ਼ੁਰਗ ਤੱਕ ਨੂੰ ਨਵੀਂ ਜ਼ਿੰਦਗੀ ਮਿਲੀ ਹੈ। ਮੁੱਖ ਸਰਜਨ ਡਾ. ਸੁਮਿਤ ਪ੍ਰਿੰਜਾ ਨੇ ਦੱਸਿਆ ਕਿ ਇਹ ਇੱਕ ਜਟਿਲ ਸਰਜਰੀ ਹੈ, ਜੋ ਇਨਸਾਨ ਦੀ ਦੁਨੀਆ ਬਦਲ ਸਕਦੀ ਹੈ।ਉਨ੍ਹਾਂ ਕਿਹਾ ਕਿ ਸਾਡਾ ਮੁੱਖ ਧਿਆਨ ਬਿਮਾਰੀ ਦੀ ਜਲਦ ਪਛਾਣ ਤੇ ਸਹੀ ਸਰਜਰੀ 'ਤੇ ਹੈ, ਉੱਥੇ ਹੀ ਨੋਡਲ ਅਫ਼ਸਰ ਸ਼੍ਰੀ ਸਤੀਸ਼ ਕੁਮਾਰ ਨੇ ਜ਼ੋਰ ਦਿੱਤਾ ਕਿ ਸਰਜਰੀ ਦੇ ਨਾਲ-ਨਾਲ ਬਾਅਦ ਵਿੱਚ ਦਿੱਤੀ ਜਾਣ ਵਾਲੀ ਸਪੀਚ ਥੈਰਪੀ ਮਰੀਜ਼ ਨੂੰ ਮੁੱਖ ਧਾਰਾ ਵਿੱਚ ਲਿਆਉਣ ਲਈ ਅਹਿਮ ਭੂਮਿਕਾ ਨਿਭਾਉਂਦੀ ਹੈ।

## ਪੰਜਾਬ ਸਰਕਾਰ ਵੱਲੋਂ ਪੈਨਸ਼ਨ ਸਮੇਂ ਸਿਰ ਨਾ ਪਾਉਣ 'ਤੇ ਪੈਨਸ਼ਨਰਾਂ 'ਚ ਭਾਰੀ ਰੋਸ

**ਮਾਨਸਾ (ਆਤਮਾ ਸਿੰਘ ਪਮਾਰ)** ਪੰਜਾਬ ਸਰਕਾਰ ਵੱਲੋਂ ਅਪ੍ਰੈਲ ਮਹੀਨੇ ਦੀ ਪੈਨਸ਼ਨ ਪੈਨਸ਼ਨਰਾਂ ਦੇ ਖਾਤੇ 'ਚ ਨਾ ਆਉਣ ਤੇ ਪੈਨਸ਼ਨਰਾਂ 'ਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਟੈਕਨੀਕਲ ਐਂਡ



ਮਕੈਨੀਕਲ ਇੰਪਲਾਈਜ਼ ਯੂਨੀਅਨ ਰਜਿ. 36 ਪੰਜਾਬ ਦੇ ਸੂਬਾਈ ਪ੍ਰੈਸ ਸਕੱਤਰ ਬਾਬੂ ਸਿੰਘ ਫਤਿਹਪੁਰ ਦੱਸਿਆ ਕਿ ਮਹੀਨਾ ਅਪ੍ਰੈਲ 2026 ਦੀ ਪੈਨਸ਼ਨਰਾਂ ਦੀ ਪੈਨਸ਼ਨ 5 ਮਈ ਤੱਕ ਵੀ ਨਹੀਂ ਖਾਤਿਆਂ 'ਚ ਪਾ ਗਈ।ਬਜ਼ੁਰਗ ਪੈਨਸ਼ਨਰ ਜਦੋਂ ਬੈਂਕ ਜਾਂਦੇ ਹਨ ਤਾਂ ਉਨ੍ਹਾਂ ਪੱਲੇ ਨਿਰਾਸ਼ਤਾ ਹੀ ਪੈ ਰਹੀ ਹੈ।ਬੈਂਕ ਵੱਲੋਂ ਕਿਹਾ ਜਾ ਰਿਹਾ ਹੈ ਕਿ ਤੁਸੀਂ ਆਪਣੀ ਡੀ .ਐਲ.ਸੀ ਕਰਾਓ।ਡਿਜੀਟਲ ਲਾਇਫ ਸਰਟੀਫਿਕੇਟ ਜੋ ਪਹਿਲਾਂ ਹਰ ਪੈਨਸ਼ਨਰ ਵੱਲੋਂ ਇਹ ਕਾਰਵਾਈ ਲਈ ਜ਼ਰੂਰੀ ਦਸਤਾਵੇਜ਼ਾਂ ਰਾਹੀਂ ਆਪੋ ਆਪਣਾ ਲਾਈਫ ਸਰਟੀਫਿਕੇਟ ਦਿੱਤਾ ਜਾ ਚੁੱਕਾ ਹੈ। ਅਪ੍ਰੈਲ ਮਹੀਨੇ ਦੀ ਪੈਨਸ਼ਨ ਤੇ ਵਾਰ-ਵਾਰ ਲਾਈਫ ਸਰਟੀਫਿਕੇਟ ਮੰਗਣ ਤੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਇਹ ਪਹਿਲੀ ਵਾਰ ਹੋਇਆ ਕਿ ਪੈਨਸ਼ਨਰਾਂ ਨੂੰ ਸਮੇਂ ਸਿਰ ਪੈਨਸ਼ਨ ਨਹੀਂ ਪਾਈ ਗਈ, ਜੋ ਬਹੁਤ ਨਿੰਦਣਯੋਗ ਹੈ।ਟੈਕਨੀਕਲ ਐਂਡ ਮਕੈਨੀਕਲ ਇੰਪਲਾਈਜ਼ ਯੂਨੀਅਨ ਰਜਿ 36 ਪੰਜਾਬ ਮੰਗ ਕਰਦੀ ਹੈ ਕਿ ਪੰਜਾਬ ਸਰਕਾਰ ਆਪਣੇ ਪੈਨਸ਼ਨਰਾਂ ਦੀ ਪੈਨਸ਼ਨ ਤਰੁੰਤ ਜਾਰੀ ਕਰੇ ਤਾਂ ਜੁ ਪੈਨਸ਼ਨਰ ਜੋ ਆਪਣੀ ਪੈਨਸ਼ਨ ਤੇ ਹੀ ਨਿਰਭਰ ਹਨ ਆਪਣੀਆਂ ਤੇ ਪਰਵਾਰ ਦੀਆਂ ਲੋੜਾਂ ਪੂਰੀਆਂ ਕਰ ਸਕਨ।

# ਪਿੰਡ ਪੋਲਾ 'ਚ ਰਾਏ ਖੇਡ ਗਰਾਊਂਡ ਦਾ ਕੀਤਾ ਉਦਘਾਟਨ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-** ਪਿੰਡ ਪੋਲਾ ਵਿਖੇ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਰੀਬਨ ਕੱਟ ਕੇ ਮੁੱਖ ਮੰਤਰੀ ਖੇਡ ਮੈਦਾਨ ਦਾ ਰਸਮੀ ਤੌਰ 'ਤੇ ਉਦਘਾਟਨ ਕੀਤਾ।ਇਸ ਖੇਡ ਮੈਦਾਨ ਦੇ ਬਣਨ ਨਾਲ ਇਲਾਕੇ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।ਵਿਧਾਇਕ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਵੱਲੋਂ ਪੂਰੇ ਸੂਬੇ ਦੇ ਵਿੱਚ 131 ਖੇਡ ਮੈਦਾਨ ਬਣਾਏ ਗਏ ਹਨ, ਜਿਨ੍ਹਾਂ ਦਾ ਉਦਘਾਟਨ ਕੀਤਾ ਗਿਆ ਹੈ। ਪੰਜਾਬ ਸਰਕਾਰ ਵੱਲੋਂ 66 ਲੱਖ ਰੁਪਏ ਦੀ ਲਾਗਤ ਦੇ ਨਾਲ ਇਸ ਖੇਡ ਮੈਦਾਨ ਨੂੰ ਤਿਆਰ ਕੀਤਾ ਗਿਆ ਹੈ, ਜਿਸ ਵਿੱਚ ਵੱਖ-ਵੱਖ ਤਰ੍ਹਾਂ ਦੀਆਂ ਖੇਡਾਂ ਦੇ ਲਈ ਮੈਦਾਨ ਤਿਆਰ ਕੀਤੇ ਗਏ ਹਨ।ਇਥੇ ਹੀ ਬੱਸ ਨਹੀਂ, ਜਿਹੜੀਆਂ ਖੇਡ ਕਿੱਟਾਂ ਮੁਹੱਈਆ ਕਰਾਈਆਂ ਗਈਆਂ ਹਨ, ਉਹ ਵੀ ਬਹੁਤ ਵਧੀਆ ਕਿਸਮ ਦੀਆਂ ਹਨ।ਨੌਜਵਾਨਾਂ ਨੂੰ ਖਿਡਾਉਣ ਦੇ ਲਈ ਕੋਚ ਦਾ ਵੀ ਖਾਸ ਪ੍ਰਬੰਧ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਗਈ ਸੀ, ਜਿਸ ਦੇ ਤਹਿਤ ਖੇਡ ਮੈਦਾਨਾਂ ਦੀ ਉਸਾਰੀ ਕੀਤੀ ਜਾ ਰਹੀ ਹੈ ਤਾਂ ਜੁ ਨੌਜਵਾਨ ਪੀੜ੍ਹੀ ਦਾ ਉਤਸ਼ਾਹ ਖੇਡਾਂ ਵੱਲ ਵਧਾਇਆ ਜਾ ਸਕੇ।ਨਸ਼ੇ ਵਰਗੀਆਂ ਲਾਹਣਤਾਂ ਤੋਂ ਨੌਜਵਾਨ ਪੀੜ੍ਹੀ ਨੂੰ ਬਚਾਉਣ ਦੇ ਲਈ ਉਨ੍ਹਾਂ ਨੂੰ ਖੇਡ ਮੈਦਾਨਾਂ ਵੱਲ ਲੈ ਕੇ ਆਉਣਾ ਪਵੇਗਾ।ਪੰਜਾਬ ਸਰਕਾਰ ਉਸ ਦੇ ਲਈ ਯਤਨਸ਼ੀਲ ਹੈ, ਜਿਹੜੇ ਨੌਜਵਾਨ ਨਸ਼ੇ ਦੀ ਦਲਦਲ ਵਿੱਚ ਫਸ ਚੁੱਕੇ ਹਨ।ਉਨ੍ਹਾਂ ਨੂੰ ਨਸ਼ਾ ਛੁਡਾਊ ਕੇਂਦਰਾਂ ਦੀ ਮਦਦ ਦੇ ਨਾਲ ਨਸ਼ਾ ਛੁਡਾਇਆ ਜਾ ਰਿਹਾ।ਨਸ਼ਾ ਸਪਲਾਈ ਕਰਨ ਵਾਲੇ ਤਸਕਰਾਂ ਨੂੰ ਫੜ ਕੇ ਜੇਲਾਂ ਦੇ ਵਿੱਚ ਭੇਜਿਆ ਗਿਆ ਹੈ ਤਾਂ ਜੋ ਨੌਜਵਾਨ ਪੀੜ੍ਹੀ ਨੂੰ ਬਚਾਇਆ ਜਾ ਸਕੇ। ਮਨਦੀਪ ਸਿੰਘ ਪੋਲਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦੇ ਪਿੰਡ ਨੂੰ ਮੁੱਖ ਮੰਤਰੀ ਖੇਡ ਮੈਦਾਨ ਮੁਹੱਈਆ ਕਰਾਇਆ ਗਿਆ ਹੈ।

# ਭਾਜਪਾ ਪੰਜਾਬ 'ਚ ਸਰਕਾਰ ਬਣਾਉਣ ਦੇ ਸੁਪਨੇ ਛੱਡ ਦੇਵੇ : ਵਿਧਾਇਕ ਕੋਹਲੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਸੂਬੇ ਨਾਲ ਮਤਰੇਈ ਮਾਂ ਵਾਲਾ ਸਲੂਕ ਕਰਨ ਲਈ ਭਾਜਪਾ 'ਤੇ ਵਰ੍ਹਦਿਆਂ ਕਿਹਾ ਕਿ ਭਗਵਾ ਪਾਰਟੀ ਦੇਸ਼ ਦੇ ਕਿਸੇ ਵੀ ਸੂਬੇ ਤੋਂ ਜਿੱਤ ਸਕਦੀ ਹੈ, ਪਰ ਉਹ ਮਹਾਨ ਗੁਰੂਆਂ, ਸੰਤਾਂ, ਪੀਰਾਂ-ਪੈਗੰਬਰਾਂ ਤੇ ਸ਼ਹੀਦਾਂ ਦੀ ਧਰਤੀ ਪੰਜਾਬ ਤੋਂ ਜਿੱਤਣ ਦਾ ਸੁਪਨਾ ਵੀ ਨਹੀਂ ਦੇਖ ਸਕਦੀ।

ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਪੰਜਾਬ ਦੇ ਲੋਕ ਭਾਜਪਾ ਦੇ ਸ਼ੱਕੀ ਚਰਿੱਤਰ ਤੋਂ ਚੰਗੀਦੇ ਤਰ੍ਹਾਂ ਜਾਣੂ ਹਨ, ਜੋ ਇਸ ਨੂੰ ਚੰਗੀ ਤਰ੍ਹਾਂ ਸਬਕ ਸਿਖਾਉਣਗੇ, ਕਿਉਂਕਿ ਪੰਜਾਬੀ ਇਹ ਕਦੇ ਨਹੀਂ ਭੁੱਲਣਗੇ ਕਿ ਖੇਤੀ ਕਾਨੂੰਨਾਂ ਦੇ ਵਿਰੋਧ ਦੌਰਾਨ ਸੂਬੇ ਦੇ ਅੰਨਦਾਤੇ ਨੂੰ ਕਿਵੇਂ ਜ਼ਲੀਲ ਕੀਤਾ ਗਿਆ ਤੇ ਭਾਜਪਾ ਦੇ ਹੱਥ ਇਸ ਅੰਦੋਲਨ ਦੌਰਾਨ ਸ਼ਹੀਦ ਹੋਏ 700 ਤੋਂ ਵੱਧ ਕਿਸਾਨਾਂ ਦੇ ਖ਼ੂਨ ਨਾਲ ਰੰਗੇ ਹੋਏ ਹਨ। ਪੰਜਾਬ ਵਿੱਚ ਭਾਜਪਾ ਦੇ ਰਿਕਾਰਡ ਨੂੰ ਉਜਾਗਰ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਨੇ ਕਿਹਾ ਕਿ ਭਾਵੇਂ ਭਾਜਪਾ ਕੁਝ ਸੂਬਿਆਂ ਵਿੱਚ ਆਪਣੀ ਚੋਣ ਕਾਰਗੁਜ਼ਾਰੀ ਤੋਂ ਖ਼ੁਸ਼ ਹੈ, ਪਰ ਜਿੱਥੋਂ ਤੱਕ ਪੰਜਾਬ ਦਾ ਸਬੰਧ ਹੈ, ਭਾਜਪਾ ਨੇ ਪੰਜਾਬ ਨਾਲ ਸਦਾ ਬੇਇਨਸਾਫ਼ੀ ਤੇ ਮਤਰੇਈ ਮਾਂ ਵਾਲਾ ਸਲੂਕ ਕੀਤਾ ਹੈ, ਜੋ ਪੰਜਾਬ ਨੂੰ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ, ਭਾਖੜਾ ਡੈਮ ਅਤੇ ਹਰ ਜਾਇਜ਼ ਹੱਕ ਤੋਂ ਵਾਂਝਾ ਕਰਨਾ ਚਾਹੁੰਦੀ ਹੈ ਅਤੇ ਇਥੋਂ ਤੱਕ ਕਿ ਭਗਵਾ ਪਾਰਟੀ ਨੇ ਪੰਜਾਬ ਦੇ ਵਿਕਾਸ 'ਚ ਵਿਘਨ ਪਾਉਣ ਲਈ ਸੂਬੇ ਦੀਆਂ ਗ੍ਰਾਂਟਾਂ ਦੇ ਜਾਇਜ਼ ਹਿੱਸੇ ਨੂੰ ਹਾਲੇ ਤੱਕ ਰੋਕ ਰੱਖਿਆ ਹੈ। ਸਿਹਤ ਸੰਭਾਲ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸੂਬੇ ਭਰ ਵਿੱਚ ਕੁੱਲ 990 ਆਮ ਆਦਮੀ ਕਲੀਨਿਕਾਂ ਵਿੱਚ ਮੁਫ਼ਤ ਇਲਾਜ ਪ੍ਰਦਾਨ ਕੀਤਾ ਜਾ ਰਿਹਾ ਹੈ ਤੇ ਇਹ ਗਿਣਤੀ ਜਲਦ ਹੀ 1400 ਤੱਕ ਪਹੁੰਚ ਜਾਵੇਗੀ।ਇਨ੍ਹਾਂ ਕਲੀਨਿਕਾਂ ਵਿੱਚ 107 ਦਵਾਈਆਂ ਤੇ 47 ਤਰ੍ਹਾਂ ਦੇ ਡਾਇਗਨੌਸਟਿਕ ਟੈਸਟ ਮੁਫ਼ਤ ਉਪਲਬਧ ਹਨ, ਜਿਸ ਨਾਲ ਸਰਕਾਰੀ ਸਿਹਤ ਸੰਭਾਲ ਸੰਸਥਾਵਾਂ 'ਚ ਸੂਬਾ ਵਾਸੀਆਂ ਦਾ ਵਿਸ਼ਵਾਸ ਹੋਰ ਮਜ਼ਬੂਤ ਹੋ ਰਿਹਾ ਹੈ।

## ਭਾਰਤੀ ਜਨਤਾ ਪਾਰਟੀ ਦੀ ਜਿੱਤ ਦੀ ਖ਼ੁਸ਼ੀ 'ਚ ਬਾਜ਼ਾਰ 'ਚ ਲੱਡੂ ਵੰਡੇ

**ਦੋਰਾਹਾ (ਹਰਮਿੰਦਰ ਸੇਠ)-** ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਖੰਨਾ ਦੇ ਪ੍ਰਧਾਨ ਪ੍ਰੋਫੈਸਰ ਭੁਪਿੰਦਰ ਸਿੰਘ ਚੀਮਾ ਅਤੇ ਮੰਡਲ ਪ੍ਰਧਾਨ ਜਗਤਾਰ ਸਿੰਘ ਕੁੱਕਾ ਦੀ ਅਗਵਾਈ ਅਤੇ ਜਤਿੰਦਰ ਸ਼ਰਮਾ ਦੀ



ਪ੍ਰਧਾਨਗੀ ਵਿੱਚ ਦੋਰਾਹਾ ਵਿਖੇ ਪੱਛਮੀ ਬੰਗਾਲ, ਆਸਾਮ, ਪਾਂਡੀਚਰੀ ਅਤੇ ਦੂਜੇ ਰਾਜਾਂ ਵਿੱਚ ਹੋਈ ਭਾਰਤੀ ਜਨਤਾ ਪਾਰਟੀ ਦੀ ਜਿੱਤ ਦੀ ਖ਼ੁਸ਼ੀ ਵਿੱਚ ਬਾਜ਼ਾਰ ਵਿੱਚ ਲੱਡੂ ਵੰਡੇ ਗਏ ਜਿਸ ਵਿੱਚ ਉਚੇਚੇ ਤੌਰ 'ਤੇ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਮੀਤ ਪ੍ਰਧਾਨ ਸਰਦਾਰ ਬਿਕਰਮਜੀਤ ਸਿੰਘ ਚੀਮਾ ਨੇ ਹਾਜ਼ਰੀ ਲਵਾਈ। ਚੀਮਾ ਨੇ ਕਿਹਾ ਕਿ ਪੱਛਮੀ ਬੰਗਾਲ ਦੇ ਲੋਕਾਂ ਨੇ ਬਹੁਤ ਦੁਖੀ ਹੋ ਕੇ ਪੱਛਮੀ ਬੰਗਾਲ ਦੇ ਕੁਸ਼ਾਸਨ ਤੋਂ ਤੰਗ ਹੋ ਕੇ ਬਹੁਤ ਵੱਡਾ ਫੈਸਲਾ ਕਰਕੇ ਲੋਕਾਂ ਦੀ ਲੋਕਾਂ ਦੁਆਰਾ ਚੁਣੀ ਹੋਈ ਸਰਕਾਰ ਨੂੰ ਚੁਣਿਆ ਹੈ। ਪੱਛਮੀ ਬੰਗਾਲ, ਅਸਾਮ ਅਤੇ ਪਾਂਡੀਚਿਰੀ ਦੇ ਲੋਕਾਂ ਨੇ ਸਬ ਕਾ ਸਾਥ ਸਭ ਕਾ ਵਿਕਾਸ ਮੋਦੀ ਦੀ ਸਰਕਾਰ ਬਣਾ ਕੇ ਡਬਲ ਇੰਜਨ ਦੀ ਸਰਕਾਰ ਬਣਾਈ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਨਰਲ ਸਕੱਤਰ ਜਤਿੰਦਰ ਸ਼ਰਮਾ, ਮੀਤ ਪ੍ਰਧਾਨ ਅਸ਼ੀਸ਼, ਮੀਤ ਪ੍ਰਧਾਨ ਨਰੇਸ਼ ਆਨੰਦ, ਕੋਆਰਡੀਨੇਟਰ ਵਿਨੇ ਸੂਦ, ਮਣੀ, ਮਨਪ੍ਰੀਤ ਸਿੰਘ ਰੌਲ, ਜਗਤਾਰ ਸਿੰਘ ਕੂਕਾ ਰਾਜ ਲਾਲੀ, ਮਨਪ੍ਰੀਤ ਸਿੰਘ ਰੌਲ ਰਾਹੁਲ, ਮਹਾਰਾਜ ਮਿਸ਼ਰਾ ਤਿਵਾੜੀ ਅਤੇ ਅਨੇਕਾਂ ਲੀਡਰ ਤੇ ਵਰਕਰ ਹਾਜ਼ਰ ਸਨ।

...ਸਫ਼ਾ 1 ਦੇ ਬਾਕੀ

## ਮਾਰਕਸ ਵੱਡੇ ਦਾਰਸ਼ਨਿਕ ਤੇ ਮਹਾਨ ਕ੍ਰਾਂਤੀਕਾਰੀ...

ਉਸ ਕਥਨ ਦੀ ਵੀ ਵਿਆਖਿਆ ਕੀਤੀ, ਜਿਸ ਵਿੱਚ ਉਹ ਕਹਿੰਦੇ ਹਨ ਕਿ ਬਹੁਤੇ ਦਾਰਸ਼ਨਿਕਾਂ ਨੇ ਦੁਨੀਆ ਦੀ ਵੱਖ-ਵੱਖ ਢੰਗਾਂ ਨਾਲ ਵਿਆਖਿਆ ਹੀ ਕੀਤੀ ਹੈ, ਪਰ ਅਸਲ ਗੱਲ ਇਸ ਨੂੰ ਬਦਲਣ ਦੀ ਹੈ। ਸਮਾਗਮ ਵਿੱਚ ਮੌਜੂਦ ਨੌਜਵਾਨਾਂ ਨੂੰ ਸੰਘਰਸ਼ਾਂ ਦੇ ਪਿੜ ਮੱਲਣ ਲਈ ਕਾਮਰੇਡ ਬਰਾੜ ਨੇ ਮਾਰਕਸ ਦੇ ਕਥਨ ਦਾ ਹਵਾਲਾ ਦਿੱਤਾ ਕਿ ਸਾਰੇ ਮੌਜੂਦਾ ਸਮਾਜਾਂ ਦਾ ਇਤਿਹਾਸ ਜਮਾਤੀ ਸੰਘਰਸ਼ਾਂ ਦਾ ਹੈ। ਕਮਿਊਨਿਸਟ ਆਗੂ ਨੇ ਸਮਾਗਮ ਵਿੱਚ ਆਏ ਨੌਜਵਾਨਾਂ ਨੂੰ 'ਕਮਿਊਨ' ਦੇ ਅਰਥ ਦੇ ਹਵਾਲੇ ਨਾਲ ਕਮਿਊਨਿਸਟਾਂ ਦੀ ਸੋਚ ਬਾਰੇ ਜਾਣਕਾਰੀ ਦਿੱਤੀ। ਬਰਾੜ ਨੇ ਦੱਸਿਆ ਕਿ ਕਮਿਊਨਿਸਟ ਸਾਂਝੀਵਾਲਤਾ, ਬਰਾਬਰੀ ਤੇ ਸਦਭਾਵਨਾ ਵਾਲਾ ਸਮਾਜ ਸਿਰਜਣਾ ਚਾਹੁੰਦੇ ਹਨ।

ਮੌਜੂਦਾ ਸੰਸਾਰ ਦੀ ਉਥਲ-ਪੁਥਲ ਅਤੇ ਅਮਰੀਕਾ ਤੇ ਇਜ਼ਰਾਇਲ ਵੱਲੋਂ ਠੋਸੀਆਂ ਜਾ ਰਹੀਆਂ ਨਿਹੱਕੀਆਂ ਜੰਗਾਂ ਦੀ ਸਖਤ ਨਿਖੇਧੀ ਕਰਦਿਆਂ ਕਾਮਰੇਡ ਬਰਾੜ ਨੇ ਕਿਹਾ ਕਿ ਕਮਿਊਨਿਸਟ ਅਮਨ ਦੇ ਹਾਮੀ ਹਨ। ਮੋਦੀ ਸਰਕਾਰ ਦੇ ਕਾਰਪੋਰੇਟਾਂ ਪ੍ਰਤੀ ਕੁਝ ਜ਼ਿਆਦਾ ਹੀ ਹੇਜਲੇ ਵਰਤਾਰੇ ਦੀ ਗੱਲ ਕਰਦਿਆਂ ਕਾਮਰੇਡ ਬਰਾੜ ਨੇ ਕਿਹਾ ਕਿ ਪਿਛਲੇ 10 ਸਾਲਾਂ ਦੌਰਾਨ ਕੇਂਦਰ ਦੀ ਸਰਕਾਰ ਨੇ ਅਡਾਨੀਆਂ-ਅੰਬਾਨੀਆਂ ਦੇ 16 ਲੱਖ ਕਰੋੜ ਰੁਪਏ ਮਾਫ ਕਰਕੇ ਦੇਸ਼ ਦਾ ਆਰਥਿਕ ਨੁਕਸਾਨ ਕੀਤਾ ਹੈ।ਸਮਾਗਮ ਨੂੰ ਸੀ ਪੀ ਆਈ ਜ਼ਿਲ੍ਹਾ ਜਲੰਧਰ ਦੇ ਸਕੱਤਰ ਕਾਮਰੇਡ ਰਸ਼ਪਾਲ ਕੈਲੇ, ਪੰਜਾਬ ਖੇਤ ਮਜ਼ਦੂਰ ਸਭਾ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਕਾਮਰੇਡ ਵੀਰ ਕੁਮਾਰ, ਕਾਮਰੇਡ ਸਿਕੰਦਰ ਸੰਧੂ, ਨੌਜਵਾਨ ਸਭਾ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਸਾਥੀ ਮਨਦੀਪ ਸਿੱਧੂ ਨੇ ਵੀ ਸੰਬੋਧਨ ਕੀਤਾ। ਸਟੇਜ ਸਕੱਤਰ ਦੇ ਫਰਜ਼ ਗਿਆਨ ਸੈਦਪੁਰੀ ਨੇ ਨਿਭਾਏ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼ੀਤਲ ਬੜਾ ਪਿੰਡ, ਸਾਹਬੀ ਕਾਹਲਵਾਂ, ਅਮਨਦੀਪ ਸਿੰਘ ਚੀਦਾ ਅਤੇ ਸੋਹਣ ਸਿੰਘ ਵੀ ਮੌਜੂਦ ਸਨ। ਸਮਾਗਮ ਦੌਰਾਨ ਕਾਰਲ ਮਾਰਕਸ ਦੇ ਜਨਮ ਦਿਨ ਦੀ ਖੁਸ਼ੀ ਸਾਂਝੀ ਕਰਨ ਲਈ ਕੇਕ ਵੀ ਕੱਟਿਆ ਗਿਆ।

## ਕੁਲ ਹਿੰਦ ਕਿਸਾਨ ਸਭਾ ਦੇ ਵੱਡੀ ਗਿਣਤੀ...

ਜਾ ਸਕੇ।ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਦੁਆਰਾ ਸਹਿਕਾਰੀ ਸੁਸਾਇਟੀਆਂ ਵਿੱਚ ਨਵੇਂ ਹੱਦ ਕਰਜ਼ਿਆਂ ਉੱਪਰ ਰੋਕ ਲਗਾਉਣ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਮੰਗ ਕੀਤੀ ਕਿ ਪੰਜਾਬ ਸਰਕਾਰ ਜਲਦ ਤੋਂ ਜਲਦ ਕਿਸਾਨਾਂ ਨੂੰ ਨਵੇਂ ਹੱਦ ਕਰਜ਼ੇ ਅਨੁਸਾਰ ਪੈਸੇ ਜਾਰੀ ਕੀਤੇ ਜਾਣ ਤਾਂ ਕਿ ਕਿਸਾਨ ਵਧੀ ਹੋਈ ਮਹਿੰਗਾਈ ਕਾਰਨ ਆਪਣੇ ਖੇਤੀ ਖਰਚੇ ਪੂਰੇ ਕਰ ਸਕਣ।ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਅਤੇ ਕਿਸਾਨੀ ਦੇ ਮੁੱਦਿਆਂ ਉੱਪਰ ਮਈ ਦੇ ਆਖਰੀ ਹਫਤੇ ਵਿੱਚ ਤਿੰਨ ਦਿਨਾਂ ਵਰਕਸ਼ਾਪ ਲਗਾਏਗੀ, ਜਿਸ ਵਿੱਚ ਸਮੁੱਚੇ ਪੰਜਾਬ ਦੀ ਲੀਡਰਸ਼ਿਪ ਨੂੰ ਜਾਗਰੂਕ ਕੀਤਾ ਜਾਵੇਗਾ। ਮੀਟਿੰਗ ਵਿੱਚ ਮਤਾ ਪਾਸ ਕਰਕੇ ਥਾਣਾ ਸ਼ਾਹਕੋਟ, ਜ਼ਿਲ੍ਹਾ ਜਲੰਧਰ ਦੀ ਪੁਲਸ ਵੱਲੋਂ ਸਰਕਾਰੀ ਸ਼ਹਿ ਪ੍ਰਾਪਤ ਗੁੰਡਾ ਅਨਸਰਾਂ ਦੁਆਰਾ ਗਰੀਬ ਕਿਸਾਨ ਦੀ ਜ਼ਮੀਨ ਉੱਪਰ ਨਜਾਇਜ਼ ਕਬਜ਼ੇ ਨੂੰ ਰੋਕਣ ਗਏ, ਕੁਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੰਦੀਪ ਸਿੰਘ ਅਰੋੜਾ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਦੂਜੇ ਆਗੂਆਂ ਤੇ ਵਰਕਰਾਂ ਉੱਪਰ ਦਰਜ ਕੀਤੇ ਪਰਚਿਆਂ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ ਅਤੇ ਮੰਗ ਕੀਤੀ ਗਈ ਕਿ ਜ਼ਿਲ੍ਹਾ ਜਲੰਧਰ ਦੀ ਪੁਲਸ ਅਜਿਹੀਆਂ ਕੋਝੀਆਂ ਹਰਕਤਾਂ ਤੋਂ ਬਾਜ਼ ਆਵੇ ਅਤੇ ਦਰਜ ਕੀਤੇ ਹੋਏ ਪਰਚੇ ਤੁਰੰਤ ਰੱਦ ਕਰੇ, ਜੇਕਰ ਪਰਚੇ ਰੱਦ ਨਹੀਂ ਕੀਤੇ ਜਾਂਦੇ ਤਾਂ ਕੁਲ ਹਿੰਦ ਕਿਸਾਨ ਸਭਾ ਸੰਯੁਕਤ ਕਿਸਾਨ ਮੋਰਚੇ ਦੀਆਂ ਦੂਜੀਆਂ ਜਥੇਬੰਦੀਆਂ ਨਾਲ ਮਿਲ ਕੇ ਇਸ ਸੰਘਰਸ਼ ਨੂੰ ਹੋਰ ਤੇਜ਼ ਕਰੇਗੀ।ਅੱਜ ਦੀ ਮੀਟਿੰਗ ਨੂੰ ਹੋਰਨਾਂ ਤੋਂ ਇਲਾਵਾ ਹਰਦੇਵ ਸਿੰਘ ਅਰਸ਼ੀ, ਕੁਲਵੰਤ ਸਿੰਘ ਮੌਲਵੀ ਵਾਲਾ, ਲਖਬੀਰ ਸਿੰਘ ਨਿਜਾਮਪੁਰਾ, ਸੂਰਤ ਸਿੰਘ ਧਰਮਕੋਟ, ਸੁਰਿੰਦਰ ਸਿੰਘ ਢੰਡੀਆਂ, ਸੰਦੀਪ ਸਿੰਘ ਅਰੋੜਾ, ਜਸਵੀਰ ਸਿੰਘ ਆਕਲੀਆ, ਜਸਵਿੰਦਰ ਸਿੰਘ ਭੰਗਲ, ਬਲਵਿੰਦਰ ਸਿੰਘ ਮੋਹਾਲੀ, ਸੁਰਿੰਦਰ ਸਿੰਘ ਜੜੋਤ, ਚਮਕੌਰ ਸਿੰਘ ਬਰਮੀ, ਤਰਲੋਕ ਸਿੰਘ ਭਵਿਆਣਾ, ਗੁਰਨਾਮ ਸਿੰਘ ਔਲਖ, ਸੁਖਜਿੰਦਰ ਸਿੰਘ ਤੁੰਬੜ ਭੰਨ, ਗੁਰਦਿੱਤ ਸਿੰਘ ਫਿਰੋਜ਼ਪੁਰ, ਬਿਰਜ ਲਾਲ ਪਟਿਆਲਾ ਨੇ ਵੀ ਸੰਬੋਧਨ ਕੀਤਾ।

## ਸਕੂਨ ਦੀ ਤਲਾਸ਼ 'ਚ ਸ਼ਰਾਬ...

ਅਦਾਕਾਰਾ ਨੇ ਖ਼ੁਲਾਸਾ ਕੀਤਾ ਕਿ ਇੱਕ ਸਮੇਂ ਬਾਅਦ ਉਸ ਨੂੰ ਅਹਿਸਾਸ ਹੋਇਆ ਕਿ ਸ਼ਰਾਬ ਉਸ ਦੀ ਮਾਨਸਿਕ ਅਤੇ ਸਰੀਰਕ ਸਿਹਤ ਨੂੰ ਵਿਗਾੜ ਰਹੀ ਹੈ। ਉਸ ਨੇ ਦੱਸਿਆ ਕਿ ਹੈਂਗਓਵਰ ਕਾਰਨ ਉਹ ਚਿੜਚਿੜੀ ਅਤੇ ਗੁੱਸੇਖ਼ੋਰ ਹੋ ਰਹੀ ਸੀ। ਹੱਦ ਤਾਂ ਉਦੋਂ ਹੋ ਗਈ, ਜਦੋਂ ਉਸ ਦੇ ਸਰੀਰ ਵਿੱਚੋਂ ਅਜੀਬ ਜਿਹੀ ਬਦਬੂ ਆਉਣ ਲੱਗ ਪਈ। ਇਸ ਅਹਿਸਾਸ ਨੇ ਉਸ ਲਈ 'ਵੇਕਅੱਪ ਕਾਲ' ਦਾ ਕੰਮ ਕੀਤਾ ਅਤੇ ਉਸ ਨੇ ਤੁਰੰਤ ਸ਼ਰਾਬ ਛੱਡਣ ਦਾ ਫੈਸਲਾ ਕੀਤਾ। ਪਿਛਲੇ ਡੇਢ ਸਾਲ ਤੋਂ ਉਸ ਨੇ ਸ਼ਰਾਬ ਨੂੰ ਹੱਥ ਤੱਕ ਨਹੀਂ ਲਾਇਆ ਅਤੇ ਹੁਣ ਉਹ ਪੂਰੀ ਤਰ੍ਹਾਂ ਆਪਣੇ ਕੰਮ 'ਤੇ ਧਿਆਨ ਦੇ ਰਹੀ ਹੈ।

## ਅਕਾਲੀ ਦਲ ਬੇਅਦਬੀ ਮਾਮਲਿਆਂ 'ਚ ਆਪਣੀ ...

ਜਦੋਂ ਸੰਗਤ (ਜਨਤਾ) ਨੇ ਮਨਜ਼ੂਰੀ ਦੇ ਦਿੱਤੀ ਹੈ ਤਾਂ ਇੱਕ ਪਰਵਾਰ ਦੀ ਸਲਾਹ ਕੀ ਮਾਇਨੇ ਰੱਖਦੀ ਹੈ। ਬਾਦਲ ਪਰਿਵਾਰ ਦੀ ਕਾਨੂੰਨ ਦੀ ਆਲੋਚਨਾ ਬੇਅਦਬੀ ਦੇ ਕੇਸਾਂ ਵਿੱਚ ਉਨ੍ਹਾਂ ਦੀ ਆਪਣੀ ਸ਼ਮੂਲੀਅਤ ਵਿੱਚ ਜੁੜੀ ਹੋਈ ਹੈ। ਉਹ ਡਰੇ ਹੋਏ ਹਨ ਕਿ ਉਨ੍ਹਾਂ ਦਾ ਆਪਣਾ ਨਾਂਅ ਸਾਹਮਣੇ ਆਵੇਗਾ। ਲੋਕਾਂ ਨੇ 'ਤੱਕੜੀ' (ਅਕਾਲੀ ਦਲ ਦਾ ਚੋਣ ਨਿਸ਼ਾਨ) ਨੂੰ ਬਾਬੇ ਨਾਨਕ ਦਾ ਪ੍ਰਤੀਕ ਮੰਨਿਆ ਅਤੇ ਉਨ੍ਹਾਂ ਨੂੰ ਵੋਟਾਂ ਪਾਈਆਂ, ਪਰ ਉਨ੍ਹਾਂ ਬਾਬੇ ਨਾਨਕ ਦੀ 'ਬਾਣੀ' ਦਾ ਤਿਆਗ ਕਰ ਦਿੱਤਾ ਅਤੇ ਉਸ ਨੂੰ ਗਲੀਆਂ ਵਿੱਚ ਖਿਲਾਰ ਦਿੱਤਾ। ਮੁੱਖ ਮੰਤਰੀ ਨੇ ਫਗਵਾੜਾ ਵਿੱਚ ਆਪਣੇ ਸੰਬੋਧਨ ਦੌਰਾਨ ਸੁਖਬੀਰ ਸਿੰਘ ਬਾਦਲ ਨੂੰ ਨਿਸ਼ਾਨਾ ਬਣਾਉਂਦੀ ਇੱਕ ਨਵੀਂ 'ਕਿਕਲੀ' ਵੀ ਸੁਣਾਈ। ਬੰਗਾ ਵਿਖੇ ਰੁਕਣ ਦੌਰਾਨ ਮੁੱਖ ਮੰਤਰੀ ਮਾਨ ਨੇ ਖਟਕੜ ਕਲਾਂ ਵਿਖੇ ਸ਼ਹੀਦ ਭਗਤ ਸਿੰਘ ਦੇ ਬੁੱਤ 'ਤੇ ਨਤਮਸਤਕ ਹੋ ਕੇ ਸ਼ਰਧਾਂਜਲੀ ਭੇਟ ਕੀਤੀ। ਫਗਵਾੜਾ ਵਿਖੇ ਮੁੱਖ ਮੰਤਰੀ ਨੇ ਜੇ ਸੀ ਟੀ ਮਿੱਲ ਨੂੰ ਬਹਾਲ ਕਰਨ ਅਤੇ ਵਰਕਰਾਂ ਦੇ ਬਕਾਏ ਦੇ ਨਾਲ-ਨਾਲ ਗੰਨੇ ਦੇ ਬਕਾਏ ਕਲੀਅਰ ਕਰਨ ਦਾ ਵੀ ਵਾਅਦਾ ਕੀਤਾ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134
Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਪੈਨਸ਼ਨ ਨਾ ਮਿਲਣ ਕਾਰਨ ਪੰਜਾਬ ਨੈਸ਼ਨਲ ਬੈਂਕ ਦੇ ਪੈਨਸ਼ਨਧਾਰਕਾਂ 'ਚ ਰੋਸ

**ਗੁਰਦਾਸਪੁਰ, (ਜਨਕ ਮਹਾਜਨ)**

ਗੁਰਦਾਸਪੁਰ ਜ਼ਿਲ੍ਹੇ ਨਾਲ ਸਬੰਧਿਤ ਪੰਜਾਬ ਨੈਸ਼ਨਲ ਬੈਂਕ ਦੇ ਪੈਨਸ਼ਨ ਧਾਰਕਾਂ ਦੇ ਖ਼ਾਤਿਆਂ ਵਿਚ ਪੈਨਸ਼ਨ ਨਾ ਆਉਣ ਕਰਕੇ ਪੈਨਸ਼ਨਰਾਂ ਵਿਚ ਮਾਯੂਸੀ ਪਾਈ ਜਾ ਰਹੀ ਹੈ ਜਿਸ ਕਰਕੇ ਪੈਨਸ਼ਨ ਧਾਰਕਾਂ ਦਾ ਪੰਜਾਬ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੰਜਾਬ ਨੈਸ਼ਨਲ ਬੈਂਕ ਦੇ ਪੈਨਸ਼ਨਧਾਰਕਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪਹਿਲਾਂ ਪੈਨਸ਼ਨ ਸਮੇਂ ਮੁਤਾਬਿਕ ਖ਼ਾਤਿਆਂ ਵਿਚ ਹਰ ਮਹੀਨੇ ਦੀ 1 ਤਾਰੀਖ਼ ਤੱਕ ਆ ਜਾਂਦੀ ਸੀ ਪਰ ਇਸ ਵਾਰ 5 ਮਈ ਬੀਤ ਜਾਣ ਦੇ ਬਾਅਦ ਵੀ ਖ਼ਾਤਿਆਂ ਵਿਚ ਨਹੀਂ ਆਈ। ਖਪਤਕਾਰਾਂ ਨੇ ਦੱਸਿਆ ਕਿ ਹੋਰ ਬੈਂਕਾਂ ਦੇ ਪੈਨਸ਼ਨ ਧਾਰਕਾਂ ਨੂੰ ਪੈਨਸ਼ਨ ਮਿਲ ਚੁੱਕੀ ਹੈ ਅਤੇ ਸਿਰਫ਼ ਪੰਜਾਬ ਨੈਸ਼ਨਲ ਬੈਂਕ ਦੇ ਦਿਹਾਤੀ ਅਤੇ ਸ਼ਹਿਰੀ ਖੇਤਰ ਦੇ ਪੈਨਸ਼ਨ ਧਾਰਕਾਂ ਨੂੰ ਪੈਨਸ਼ਨ ਨਹੀਂ ਮਿਲੀ। ਉਨ੍ਹਾਂ ਦੱਸਿਆ ਕਿ ਸਮੇਂ ਮੁਤਾਬਿਕ ਪੈਨਸ਼ਨ ਨਹੀਂ ਮਿਲਦੀ ਤਾਂ ਉਨ੍ਹਾਂ ਦੇ ਘਰਾਂ ਦਾ ਬਜਟ ਬੁਰੀ ਤਰ੍ਹਾਂ ਨਾਲ ਪ੍ਰਭਾਵਿਤ ਹੋ ਰਿਹਾ ਹੈ। ਕੁਝ ਪੈਨਸ਼ਨ ਧਾਰਕਾਂ ਨਾਲ ਗੱਲਬਾਤ ਕਰਨ 'ਤੇ ਉਨ੍ਹਾਂ ਦੱਸਿਆ ਕਿ ਉਹ ਪੈਨਸ਼ਨ 'ਤੇ ਨਿਰਭਰ ਹਨ ਅਤੇ ਇਨ੍ਹਾਂ ਪੈਨਸ਼ਨਾਂ ਤੋਂ ਹੀ ਰੋਜ਼ਮਰ੍ਹਾ ਦੀਆਂ ਦਵਾਈਆਂ ਤੇ ਹੋਰ ਚੀਜ਼ਾਂ ਖ਼ਰੀਦ ਕੇ ਆਪਣਾ ਗੁਜ਼ਾਰਾ ਕਰਦੇ ਹਨ ਪਰ ਇਸ ਮਹੀਨੇ ਹੁਣ ਤੱਕ ਪੈਨਸ਼ਨ ਨਾ ਮਿਲਣ ਕਰਕੇ ਉਹ ਕਾਫ਼ੀ ਪ੍ਰੇਸ਼ਾਨ ਹੋਏ ਪਏ ਹਨ। ਪੈਨਸ਼ਨਧਾਰਕਾਂ ਨੇ ਦੱਸਿਆ ਕਿ ਉਨ੍ਹਾਂ ਨੂੰ ਬੈਂਕਾਂ ਵਿੱਚੋਂ ਵੀ ਕੋਈ ਤਸੱਲੀਬਖ਼ਸ਼ ਜਵਾਬ ਨਹੀਂ ਮਿਲ ਰਿਹਾ ਕਿ ਕਦੋਂ ਉਨ੍ਹਾਂ ਦੇ ਖ਼ਾਤਿਆਂ ਵਿੱਚ ਪੈਨਸ਼ਨਾਂ ਜਮਾਂ ਹੋ ਜਾਣਗੀਆਂ। ਉਨ੍ਹਾਂ ਦੱਸਿਆ ਕਿ ਬੈਂਕ ਅਧਿਕਾਰੀਆਂ ਵਲੋਂ ਇਕੋ ਹੀ ਜਵਾਬ ਮਿਲ ਰਿਹਾ ਹੈ ਕਿ ਇਹ ਪੈਨਸ਼ਨਰਾਂ ਉਪਰਲੇ ਦਫ਼ਤਰੋਂ ਪੈਂਦੀਆਂ ਹਨ। ਜਦੋਂ ਵੀ ਉਤੋਂ ਪੈਨਸ਼ਨ ਆਵੇਗੀ ਤਾਂ ਤੁਹਾਡੇ ਖ਼ਾਤੇ ਵਿਚ ਜਮਾਂ ਹੋ ਜਾਵੇਗੀ। ਉਨ੍ਹਾਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਪੰਜਾਬ ਨੈਸ਼ਨਲ ਬੈਂਕ ਨਾਲ ਸਬੰਧਿਤ ਪੈਨਸ਼ਨਧਾਰਕਾਂ ਦੀ ਪੈਨਸ਼ਨ ਤੁਰੰਤ ਪਾਈ ਜਾਵੇ।

# ਪੂਜਾ ਸ਼ਰਮਾ ਜ਼ਿਲ੍ਹਾ ਮੀਤ ਪ੍ਰਧਾਨ ਨਿਯੁਕਤ



**ਛੇਹਰਟਾ, (ਮਨੋਜ ਕੁਮਾਰ)** - ਭਾਰਤ ਭਾਰਤੀ ਵੱਲੋਂ ਅੰਮ੍ਰਿਤਸਰ ਵਿਚ ਕਰਵਾਏ ਰਾਸ਼ਟਰੀ ਏਕਤਾ ਸੰਮੇਲਨ ਦੌਰਾਨ ਪੂਜਾ ਸ਼ਰਮਾ ਨੂੰ ਜ਼ਿਲ੍ਹਾ ਅੰਮ੍ਰਿਤਸਰ ਮਹਿਲਾ ਵਿੰਗ ਦਾ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਸਬੰਧੀ ਨਿਯੁਕਤੀ ਪੱਤਰ ਉਨ੍ਹਾਂ ਨੂੰ ਜਥੇਬੰਦੀ ਦੇ ਉੱਤਰ ਖੇਤਰ ਦੇ ਇੰਚਾਰਜ ਰੌਸ਼ਨ ਲਾਲ ਅਗਰਵਾਲ ਨੇ ਸੌਂਪਿਆ। ਇਸ ਮੌਕੇ ਭਾਰਤ ਭਾਰਤੀ ਦੇ ਕੌਮੀ ਪ੍ਰਧਾਨ ਵਿਨੇ ਬਾਈ ਪਤਰਾਲੇ, ਆਰਐੱਸਐੱਸ ਦੇ ਵਿਭਾਗ ਪ੍ਰਚਾਰਕ ਵਿਜੈ ਸਿੰਘ ਤੇ ਜਥੇਬੰਦੀ ਦੇ ਪੰਜਾਬ ਪ੍ਰਧਾਨ ਰਾਜ ਕੁਮਾਰ ਰਾਜੂ ਜੂਡੋ ਵੀ ਮੌਜੂਦ ਸਨ। ਰਾਜੂ ਜੂਡੋ ਨੇ ਕਿਹਾ ਕਿ ਉਨ੍ਹਾਂ ਨੂੰ ਪੂਰੀ ਉਮੀਦ ਹੈ ਕਿ ਪੂਜਾ ਸ਼ਰਮਾ ਜਥੇਬੰਦੀ ਦੇ ਮਹਿਲਾ ਵਿੰਗ ਨੂੰ ਮਜ਼ਬੂਤ ਬਣਾਉਣ ਲਈ ਪੂਰੀ ਮਿਹਨਤ ਤੇ ਲਗਨ ਨਾਲ ਕੰਮ ਕਰਨਗੇ। ਪੂਜਾ ਸ਼ਰਮਾ ਨੇ ਨਿਯੁਕਤੀ ਲਈ ਜਥੇਬੰਦੀ ਦਾ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਉਹ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਦਿਨ-ਰਾਤ ਇਕ ਕਰ ਦੇਣਗੇ। ਉਹ ਵੱਡੀ ਗਿਣਤੀ ਵਿਚ ਮਹਿਲਾਵਾਂ ਨੂੰ ਜਥੇਬੰਦੀ ਨਾਲ ਜੋੜਨਗੇ। ਇਸ ਮੌਕੇ ਪੰਕਜ ਮਹਾਜਨ, ਰਾਜਵਿੰਦਰ ਸਿੰਘ ਬਿੱਲਾ, ਭਾਜਪਾ ਆਗੂ ਰਾਜਵਿੰਦਰ ਕੌਰ, ਡਾ. ਸ਼ੈਲੀ ਜੱਗੀ, ਮਿਸ਼ਠੀ ਕੱਕੜ, ਜਸਬੀਰ ਕੌਰ, ਇੰਦਰਪਾਲ ਸਿੰਘ, ਡਾਕਟਰ ਜਤਿੰਦਰ, ਕਰਾਟੇ ਕੋਚ ਪਵਨ ਸ਼ਰਮਾ, ਸ਼ੰਮੀ ਸ਼ਰਮਾ ਆਦਿ ਹਾਜ਼ਰ ਸਨ।

# ਕਿਰਤੀ ਕਿਸਾਨ ਯੂਨੀਅਨ ਵੱਲੋਂ ਧਾਲੀਵਾਲ ਦੇ ਦਫ਼ਤਰ ਅੱਗੇ ਧਰਨਾ 22 ਨੂੰ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**

ਕਿਰਤੀ ਕਿਸਾਨ ਯੂਨੀਅਨ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਝੰਡੇਰ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸੂਬਾ ਮੀਤ ਪ੍ਰਧਾਨ ਜਤਿੰਦਰ ਸਿੰਘ ਛੀਨਾ ਹਾਜ਼ਰ ਹੋਏ। ਇਸ ਮੌਕੇ ਮੁਆਵਜ਼ੇ ਤੋਂ ਵਾਂਝੇ ਰਹਿ ਗਏ ਹੜ੍ਹ ਪੀੜਤ ਕਿਸਾਨਾਂ ਨੂੰ ਮੁਆਵਜ਼ਾ ਦਿਵਾਉਣ, ਹੜ੍ਹ ਪ੍ਰਭਾਵਿਤ ਇਲਾਕੇ ਵਿਚ ਪਾਣੀ ਦੇ ਕੁਦਰਤੀ ਵਹਾਅ ਵਿੱਚ ਰੁਕਾਵਟ ਬਣੀਆਂ ਸੜਕਾਂ ਨੂੰ ਨੀਵਾਂ ਕਰਾਉਣ, ਸੱਕੀ ਨਾਲੇ ਦੀ ਖੁਦਾਈ ਲਈ ਅਤੇ ਸੰਯੁਕਤ ਕਿਸਾਨ ਮੋਰਚੇ ਦੇ 15 ਮਈ ਦੇ ਚੰਡੀਗੜ੍ਹ ਵਾਲੇ ਪ੍ਰੋਗਰਾਮ ਲਈ ਅਹਿਮ ਫੈਸਲੇ ਕੀਤੇ ਗਏ। ਇਸ ਮੌਕੇ ਪ੍ਰੈੱਸ ਦੇ ਨਾਂਅ ਜਾਰੀ ਬਿਆਨ ਵਿਚ ਸੂਬਾ ਮੀਤ ਪ੍ਰਧਾਨ ਜਤਿੰਦਰ ਸਿੰਘ ਛੀਨਾ ਨੇ ਕਿਹਾ ਕਿ ਲਗਭੱਗ ਛੇ ਮਹੀਨਿਆਂ ਦਾ ਸਮਾਂ ਬੀਤ ਜਾਣ ਦੇ ਬਾਅਦ ਵੀ 40% ਕਿਸਾਨ ਮੁਆਵਜ਼ੇ ਤੋਂ ਵਾਂਝੇ ਰਹਿ ਗਏ ਹਨ ਅਤੇ ਉਹ ਮੁਆਵਜ਼ਾ ਲੈਣ ਲਈ ਦਫਤਰਾਂ ਦੇ ਚੱਕਰ ਕੱਟ ਰਹੇ ਹਨ ਪਰ ਉਨ੍ਹਾਂ ਦੀ ਕੋਈ ਸੁਣਵਾਈ ਨਹੀ ਹੋ ਰਹੀ। ਉਨ੍ਹਾਂ ਕਿਹਾ ਕਿ ਜੇਕਰ 20 ਮਈ ਤੱਕ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਨਾ ਦਿੱਤਾ ਗਿਆ ਤਾਂ 22 ਮਈ ਨੂੰ ਕਿਰਤੀ ਕਿਸਾਨ ਯੂਨੀਅਨ ਵਿਧਾਇਕ ਅਤੇ ਆਮ ਆਦਮੀ ਪਾਰਟੀ ਦੇ ਮੁੱਖ ਬੁਲਾਰੇ ਕੁਲਦੀਪ ਸਿੰਘ ਧਾਲੀਵਾਲ ਦੇ ਅਜਨਾਲਾ ਸਥਿਤ ਦਫਤਰ ਅੱਗੇ ਰੋਸ ਧਰਨਾਂ ਦੇਵੇਗੀ। ਇਸ ਮੌਕੇ ਰਵਿੰਦਰ ਸਿੰਘ ਛੱਜਲਵੱਡੀ, ਮੇਜਰ ਸਿੰਘ ਕੜਿਆਲ, ਸੁਖਵਿੰਦਰ ਸਿੰਘ ਕਿਆਮਪੁਰ, ਗੁਰਸ਼ਰਨ ਸਿੰਘ ਰਾਣੇ ਵਾਲੀ, ਬਲਦੇਵ ਸਿੰਘ ਸਹਿਸਰਾ ਖੁਰਦ, ਕੁਲਵਿੰਦਰ ਓਠੀਆਂ, ਸਤਨਾਮ ਸਿੰਘ, ਮੇਜਰ ਸਿੰਘ ਜੌਹਲ, ਹਰਦੇਵ ਵੀਰਮ ਅਤੇ ਨੰਬਰਦਾਰ ਦਵਿੰਦਰ ਸਿੰਘ ਗੱਗੋ ਮਾਹਲ ਹਾਜ਼ਰ ਸਨ।



# ਮੈਡੀਕਲ ਕਲੀਨਿਕ 'ਤੇ ਗੋਲੀ ਚੱਲੀ, ਮਾਲਕ ਵਾਲ-ਵਾਲ ਬਚਿਆ

**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**- ਡੇਰਾ ਬਾਬਾ ਨਾਨਕ ਦੇ ਨਜ਼ਦੀਕੀ ਪਿੰਡ ਠੇਠਰਕੇ ਵਿਖੇ ਅਣਪਛਾਤੇ ਵਿਅਕਤੀਆਂ ਵੱਲੋਂ ਅਮਨ ਮੈਡੀਕਲ ਕਲੀਨਿਕ 'ਤੇ ਗੋਲੀ ਚਲਾਉਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ ਪਰ ਮੈਡੀਕਲ ਕਲੀਨਿਕ ਦਾ ਮਾਲਕ ਅਮਨਪ੍ਰੀਤ ਸਿੰਘ ਵਾਲ-ਵਾਲ ਬਚ ਗਿਆ।ਭਾਵੇਂ ਕਿ ਇਸ ਗੋਲੀ ਚੱਲਣ ਨਾਲ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਪਰ ਗੋਲੀ ਚੱਲਣ ਨਾਲ ਇਲਾਕੇ ਅੰਦਰ ਦਹਿਸ਼ਤ ਦਾ ਮਾਹੌਲ ਜ਼ਰੂਰ ਪਾਇਆ ਜਾ ਰਿਹਾ ਹੈ।ਦੱਸਿਆ ਜਾ ਰਿਹਾ ਕਿ ਉਕਤ ਮੈਡੀਕਲ ਕਲੀਨਕ ਦੇ ਮਾਲਕ ਨੂੰ ਕੁਝ ਦਿਨ ਪਹਿਲਾਂ ਫਿਰੌਤੀ ਦੀ ਕਾਲ ਆਈ ਸੀ।ਮੌਕੇ 'ਤੇ ਪੁੱਜੇ ਡੇਰਾ ਬਾਬਾ ਨਾਨਕ ਪੁਲਸ ਦੇ ਡੀ. ਐੱਸ. ਪੀ. ਜੋਗਾ ਸਿੰਘ ਅਤੇ ਐੱਸ. ਐੱਚ. ਓ. ਅਸ਼ੋਕ ਕੁਮਾਰ ਵੱਲੋਂ ਵੱਖ-ਵੱਖ ਟੀਮਾਂ ਬਣਾ ਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।



# ਸਫਾਈ ਸੇਵਕਾਂ ਵੱਲੋਂ ਅਣਮਿਥੇ ਸਮੇਂ ਲਈ ਹੜਤਾਲ ਸ਼ੁਰੂ



**ਧਾਰੀਵਾਲ, (ਮਨਦੀਪ ਵਿੱਕੀ)**-ਸਫਾਈ ਸੇਵਕਾਂ ਵੱਲੋਂ ਨਗਰ ਕੌਂਸਲ ਦਫਤਰ ਧਾਰੀਵਾਲ ਵਿਖੇ ਸਫਾਈ ਸੇਵਕ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਸਿਕੰਦਰ ਅਤੇ ਯੂਨੀਅਨ ਧਾਰੀਵਾਲ ਪ੍ਰਧਾਨ ਜਤਿੰਦਰ (ਪਿੰਕਾ) ਦੀ ਅਗਵਾਈ ਹੇਠ ਮੰਗਾਂ ਨੂੰ ਲੈ ਕੇ ਅਣਮਿੱਥੇ ਸਮੇਂ ਲਈ ਹੜਤਾਲ ਸ਼ੁਰੂ ਕਰ ਦਿੱਤੀ ਹੈ।ਪਹਿਲੇ ਦਿਨ ਧਰਨੇ ਦੌਰਾਨ ਸਫਾਈ ਸੇਵਕਾਂ ਵੱਲੋਂ ਸਰਕਾਰ ਵਿਰੁੱਧ ਨਾਅਰੇਬਾਜ਼ੀ ਅਤੇ ਮੰਗਾਂ ਤੁਰੰਤ ਲਾਗੂ ਕਰਨ ਦੀ ਮੰਗ ਕੀਤੀ ਗਈ।ਧਰਨੇ ਨੂੰ ਸੰਬੋਧਨ ਕਰਦਿਆਂ ਯੂਨੀਅਨ ਆਗੂਆਂ ਨੇ ਕਿਹਾ ਕਿ ਸਫਾਈ ਸੇਵਕਾਂ ਦੀਆਂ ਜਾਇਜ਼ ਮੰਗਾਂ ਜਿਵੇਂ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨਾ,16% ਡੀ. ਏ. ਦੀਆਂ ਬਕਾਇਆ ਕਿਸ਼ਤਾਂ ਜਾਰੀ ਕਰਨਾ, ਪੁਰਾਣੀ ਪੈਨਸ਼ਨ ਸਕੀਮ ਨੂੰ ਮੁੜ ਲਾਗੂ ਕਰਨਾ, ਬਰਾਬਰ ਕੰਮ ਬਰਾਬਰ ਤਨਖਾਹ, ਮਜ਼ਦੂਰ ਵਿਰੋਧੀ ਕਿਰਤ ਕਾਨੂੰਨਾਂ ਦੀਆਂ ਸੋਧਾਂ ਰੱਦ ਕੀਤੀਆਂ ਜਾਣ ਆਦਿ ਮੰਗਾਂ ਨੂੰ ਸਰਕਾਰ ਜਾਣ ਬੁੱਝ ਕੇ ਲਾਗੂ ਨਹੀਂ ਕਰ ਰਹੀ।ਇਸ ਕਰਕੇ ਸਫਾਈ ਸੇਵਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ।ਸਫਾਈ ਸੇਵਕਾਂ ਨੇ ਚੇਤਾਵਨੀ ਦਿੱਤੀ ਕਿ ਮੰਗਾਂ ਮਨਵਾਉਣ ਤੱਕ ਅਣਮਿੱਥੇ ਸਮੇਂ ਲਈ ਹੜਤਾਲ ਜਾਰੀ ਰਹੇਗੀ ਅਤੇ ਕੰਮ ਕਾਰ ਠੱਪ ਰੱਖਿਆ ਜਾਵੇਗਾ।ਧਰਨੇ ਵਿੱਚ ਸਫਾਈ ਸੇਵਕ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਸਿਕੰਦਰ, ਜ਼ਿਲ੍ਹਾ ਮੀਤ ਪ੍ਰਧਾਨ ਬੁੱਧੂ, ਯੂਨੀਅਨ ਧਾਰੀਵਾਲ ਦੇ ਪ੍ਰਧਾਨ ਜਤਿੰਦਰ (ਪਿੰਕਾ), ਮੀਤ ਪ੍ਰਧਾਨ ਗੀਤਾ ਗਿੱਲ, ਅਸ਼ਵਨੀ, ਯੂਨਸ, ਬੰਟੀ, ਸੂਰਜ ਆਦਿ ਸਮੇਤ ਸਮੂਹ ਸਫਾਈ ਸੇਵਕ ਸਾਮਲ ਸਨ।

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਗਰਮੂਦੀਆਂ ਵਿਖੇ ਨਸ਼ਿਆਂ ਵਿਰੁੱਧ ਜਾਗਰੂਕਤਾ ਕੈਂਪ ਲੱਗਾ

**ਗੁਰਦਾਸਪੁਰ, (ਜਨਕ ਮਹਾਜਨ)**

ਐੱਨ.ਐੱਮ.ਬੀ.ਏ. ਅਧੀਨ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਅਤੇ ਨਸ਼ਿਆਂ ਦੀ ਵੱਧ ਰਹੀ ਚਿੰਤਾ ਬਾਰੇ ਪ੍ਰੇਰਿਤ ਕਰਨ ਲਈ ਰੈੱਡ ਕਰਾਸ ਇੰਟੀਗ੍ਰੇਟਿਡ ਐਂਡ ਰੀਹੈਬਲੀਟੇਸ਼ਨ ਸੈਂਟਰ ਫਾਰ ਐਡਿਕਟਸ ਗੁਰਦਾਸਪੁਰ ਵੱਲੋਂ ਇੱਕ ਜਾਗਰੂਕਤਾ ਕੈਂਪ ਲਗਾਇਆ ਗਿਆ। ਇਹ ਕੈਂਪ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਮਗਰਮੂਦੀਆਂ ਗੁਰਦਾਸਪੁਰ ਵਿਖੇ ਪ੍ਰਿੰਸੀਪਲ ਹਰਵਿੰਦਰ ਕੌਰ ਦੀ ਪ੍ਰਧਾਨਗੀ ਹੇਠ ਚੱਲ ਰਿਹਾ ਹੈ। ਪ੍ਰਿੰਸੀਪਲ ਨੇ ਦੱਸਿਆ ਕਿ ਇਸ ਸੈਮੀਨਾਰ ਦਾ ਉਦੇਸ਼ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਵਿਨਾਸ਼ਕਾਰੀ ਸਰੀਰਕ, ਮਾਨਸਿਕ ਅਤੇ ਸਮਾਜਿਕ ਨਤੀਜਿਆਂ ਬਾਰੇ ਸੰਵੇਦਨਸ਼ੀਲ ਕਰਨਾ ਸੀ। ਇਸ ਸਮੇਂ ਟੀਮ ਦੇ ਮੈਂਬਰਾਂ ਆਈ. ਆਰ. ਸੀ. ਏ. ਗੁਰਦਾਸਪੁਰ ਨੇ ਇੱਕ ਸੂਝਵਾਨ ਭਾਸ਼ਣ ਦਿੱਤਾ ਜਿਸ ਵਿੱਚ ਦੱਸਿਆ ਗਿਆ ਕਿ ਨਸ਼ਾ ਇੱਕ ਗੁੰਝਲਦਾਰ ਬਿਮਾਰੀ ਹੈ ਪਰ ਨਿਰੰਤਰ ਸਹਾਇਤਾ, ਇਲਾਜ, ਸਲਾਹ ਆਦਿ ਨਾਲ ਇਸਨੂੰ ਠੀਕ ਕੀਤਾ ਜਾ ਸਕਦਾ ਹੈ। ਉਨ੍ਹਾਂ ਨੇ ਨਸ਼ਿਆਂ ਦੀ ਦੁਰਵਰਤੋਂ ਦੇ ਲੱਛਣਾਂ ਅਤੇ ਸ਼ੁਰੂਆਤੀ ਦਖਲਅੰਦਾਜ਼ੀ ਅਤੇ ਸਹਾਇਤਾ ਪ੍ਰਣਾਲੀਆਂ ਦੀ ਮਹੱਤਤਾ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੇ ਖ਼ਤਰੇ ਤੋਂ ਬਚਾਉਣ ਦੀ ਲੋੜ 'ਤੇ ਵੀ ਜ਼ੋਰ ਦਿੱਤਾ, ਮਾਨਸਿਕ ਸਿਹਤ 'ਤੇ ਇਸਦੇ ਗੰਭੀਰ ਪ੍ਰਭਾਵ 'ਤੇ ਜ਼ੋਰ ਦਿੱਤਾ ਅਤੇ ਉਨ੍ਹਾਂ ਨੂੰ ਸਹੀ ਫੈਸਲਿਆਂ ਬਾਰੇ ਮਾਰਗਦਰਸ਼ਨ ਵੀ ਕੀਤਾ। ਉਨ੍ਹਾਂ ਨੇ ਉਨ੍ਹਾਂ ਨੂੰ ਸਖ਼ਤ ਮਿਹਨਤ ਕਰਨ ਅਤੇ ਸਫਲ ਹੋਣ ਲਈ ਵੀ ਪ੍ਰੇਰਿਤ ਕੀਤਾ। ਸੈਸ਼ਨ ਸਹੁੰ ਚੁੱਕ ਸਮਾਰੋਹ ਨਾਲ ਸਮਾਪਤ ਹੋਇਆ।



# ਚੀਫ਼ ਖਾਲਸਾ ਦੀਵਾਨ ਦੀ ਸਮੁੱਚੀ ਕਾਰਜਕਾਰੀ ਕਮੇਟੀ ਭਲਕੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਤਲਬ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਲੰਮੇ ਸਮੇਂ ਤੋਂ ਬੇਅੰਮ੍ਰਿਤੀਆਂ ਨੂੰ ਚੀਫ ਖਾਲਸਾ ਦੀਵਾਨ ਵਿੱਚ ਮੈਂਬਰ ਬਣਾਉਣ ਦਾ ਮਾਮਲਾ ਉਸ ਵੇਲੇ ਇੱਕ ਵਾਰੀ ਫਿਰ ਸੁਰਖੀਆ ਵਿੱਚ ਆ ਗਿਆ ਜਦੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵੱਲੋਂ ਆਦੇਸ਼ ਜਾਰੀ ਕਰਦਿਆਂ ਚੀਫ਼ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਦੀ ਸਮੁੱਚੀ ਕਾਰਜਕਾਰੀ ਕਮੇਟੀ ਨੂੰ 8 ਮਈ ਨੂੰ ਸਵੇਰੇ 10 ਵਜੇ ਅਕਾਲ ਤਖਤ ਸਾਹਿਬ 'ਤੇ ਪੇਸ਼ ਹੋਣ ਦੀ ਹਦਾਇਤ ਕੀਤੀ ਗਈ ਹੈ।ਇਹ ਕਾਰਵਾਈ ਸੁਸਾਇਟੀ ਦੇ ਪ੍ਰਬੰਧਕੀ ਮੈਂਬਰਾਂ ਦੇ ਅੰਮ੍ਰਿਤਧਾਰੀ ਨਾ ਹੋਣ ਸਬੰਧੀ ਮਿਲੀ ਲਿਖਤੀ ਸ਼ਿਕਾਇਤ ਤੋਂ ਬਾਅਦ ਅਮਲ ਵਿੱਚ ਲਿਆਂਦੀ ਗਈ ਹੈ।ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਜਨਵਰੀ ਮਹੀਨੇ ਵਿੱਚ ਪੱਤ੍ਰਿਕਾ ਨੰਬਰ ਅ:ਤ/26/569 ਰਾਹੀਂ ਦੀਵਾਨ ਨੂੰ ਸਾਰੇ ਮੈਂਬਰਾਂ ਦੇ ਅੰਮ੍ਰਿਤਧਾਰੀ ਜਾਂ ਗੈਰ-ਅੰਮ੍ਰਿਤਧਾਰੀ ਹੋਣ ਬਾਰੇ ਸਪੱਸ਼ਟ ਜਾਣਕਾਰੀ ਅਤੇ ਸੂਚੀ ਜਮ੍ਹਾ ਕਰਵਾਉਣ ਦਾ ਆਦੇਸ਼ ਦਿੱਤਾ ਗਿਆ ਸੀ।ਲੰਮਾ ਸਮਾਂ ਬੀਤ ਜਾਣ ਦੇ ਬਾਵਜੂਦ ਸੁਸਾਇਟੀ ਵੱਲੋਂ ਕੋਈ ਤਸੱਲੀਬਖ਼ਸ਼ ਜਵਾਬ ਨਾ ਮਿਲਣ ਅਤੇ ਹੁਣ ਦੁਬਾਰਾ ਸ਼ਿਕਾਇਤ ਮਿਲਣ ਕਾਰਨ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਲਿਆ ਹੈ।ਸਕੱਤਰੇਤ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਦੀਵਾਨ ਦੀ ਪ੍ਰਬੰਧਕੀ ਕਮੇਟੀ ਨੂੰ ਹੁਣ ਨਿੱਜੀ ਰੂਪ ਵਿੱਚ ਹਾਜ਼ਰ ਹੋ ਕੇ ਆਪਣਾ ਪੱਖ ਰੱਖਣਾ ਪਵੇਗਾ।ਸਿੱਖ ਪੰਥ ਦੀ ਇਸ ਨਾਮਵਰ ਸੰਸਥਾ ਵਿੱਚ ਮਰਯਾਦਾ ਦੀ ਉਲੰਘਣਾ ਦੇ ਦੋਸ਼ਾਂ ਨੇ ਕੌਮ ਵਿੱਚ ਚਰਚਾ ਛੇੜ ਦਿੱਤੀ ਹੈ।8 ਮਈ ਦੀ ਇਸ ਇਕੱਤਰਤਾ ਦੌਰਾਨ ਸੰਸਥਾ ਦੇ ਭਵਿੱਖੀ ਪ੍ਰਬੰਧਾਂ ਅਤੇ ਮਰਯਾਦਾ ਦੀ ਪਾਲਣਾ ਸਬੰਧੀ ਕੋਈ ਵੱਡਾ ਫੈਸਲਾ ਲਿਆ ਜਾ ਸਕਦਾ ਹੈ।

# 29 ਦੀ ਜਲੰਧਰ ਰੈਲੀ 'ਚ ਖੇਤ ਮਜ਼ਦੂਰ ਤੇ ਕਿਸਾਨ ਵੱਧ-ਚੜ੍ਹ ਕੇ ਸ਼ਾਮਲ ਹੋਣਗੇ : ਜਸਬੀਰ ਸਿੰਘ ਝਬਾਲ



**ਝਬਾਲ (ਹਰਜਿੰਦਰ ਸਿੰਘ ਸੋਨੀ)**

ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਤੇ ਕੁੱਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਅੰਮ੍ਰਿਤਸਰ ਦੀ ਸਾਂਝੀ ਮੀਟਿੰਗ ਪੁਤਲੀ ਘਰ ਦਫਤਰ ਵਿਖੇ ਸਵਿੰਦਰ ਸਿੰਘ ਮੀਰਾਂ ਕੋਟ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੇ ਫ਼ੈਸਲੇ ਪ੍ਰੈੱਸ ਨੂੰ ਜਾਰੀ ਕਰਦਿਆਂ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਜਨਰਲ ਸਕੱਤਰ ਜਸਬੀਰ ਸਿੰਘ ਝਬਾਲ ਨੇ ਦੱਸਿਆ ਕਿ 29 ਮਈ ਨੂੰ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਅਤੇ ਕੁੱਲ ਹਿੰਦ ਕਿਸਾਨ ਸਭਾ ਵੱਲੋਂ ਸਾਂਝੀ ਰੈਲੀ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋ ਰਹੀ ਹੈ, ਜਿਸ ਵਿਚ ਮਨਰੇਗਾ ਕਾਨੂੰਨ ਦੀ ਬਹਾਲੀ, ਪੇਂਡੂ ਖੇਤ ਮਜ਼ਦੂਰਾਂ ਨੂੰ ਮਕਾਨ ਬਣਾਉਣ ਲਈ ਪਲਾਟ ਅਤੇ ਰੂੜੀ ਸੁੱਟਣ ਲਈ ਜਗ੍ਹਾ ਦੇਣੀ, ਵਿਧਵਾ ਤੇ ਬੁਢਾਪਾ ਔਰਤਾਂ ਨੂੰ ਸਮੇਂ ਸਿਰ ਪੈਨਸ਼ਨ ਦੇਣੀ, ਬਿਜਲੀ ਸੋਧ ਬਿੱਲ ਵਾਪਸ ਲੈਣਾ, ਪਿੰਡਾਂ ਦੇ ਮਜ਼ਦੂਰਾਂ ਤੇ ਕਿਸਾਨਾਂ ਦੇ ਸਾਰੇ ਕਰਜੇ ਮਾਫ਼ ਕਰਨਾ, ਸੀਡ ਬਿੱਲ ਵਾਪਸ ਲੈਣਾ ਤੇ ਹੋਰ ਮਜ਼ਦੂਰਾਂ ਤੇ ਕਿਸਾਨਾਂ ਦੇ ਭੱਖਦੇ ਮਸਲਿਆਂ 'ਤੇ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ, ਜਿਸ ਵਿੱਚ ਜ਼ਿਲ੍ਹੇ ਵਿੱਚੋਂ ਪੇਂਡੂ ਖੇਤ ਮਜ਼ਦੂਰ ਤੇ ਕਿਸਾਨ ਵੱਧ-ਚੜ੍ਹ ਕੇ ਸ਼ਾਮਲ ਹੋਣਗੇ।ਮੀਟਿੰਗ ਵਿੱਚ ਸਤਨਾਮ ਸਿੰਘ ਕਲੇਰ, ਨਿਸ਼ਾਨ ਸਿੰਘ ਕਲੇਰ, ਕੁਲਦੀਪ ਸਿੰਘ ਕਲੇਰ, ਮਨਜੀਤ ਸਿੰਘ ਅੰਮ੍ਰਿਤਸਰ, ਵਿਜੇ ਕੁਮਾਰ, ਰਾਜਾ ਰਾਮ ਅਤੇ ਕਿਰਪਾ ਰਾਮ ਹਾਜ਼ਰ ਸਨ।

# ਤਲਵੰਡੀ ਰਾਏ ਦਾਦੂ ਦੇ ਸਰਕਾਰੀ ਸਕੂਲ 'ਚ ਬਣੇ ਨਵੇਂ ਕਮਰੇ ਦਾ ਉਦਘਾਟਨ

**ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)**-ਤਹਿਸੀਲ ਅਜਨਾਲਾ ਦੇ ਸਰਹੱਦੀ ਖੇਤਰ 'ਚ ਪੈਂਦੇ ਸਰਕਾਰੀ ਐਲੀਮੈਂਟਰੀ ਸਕੂਲ ਤਲਵੰਡੀ ਰਾਏ ਦਾਦੂ ਵਿਖੇ ਨਵੇਂ ਬਣੇ ਕਮਰੇ ਦਾ ਸਕੂਲ ਕੰਪਲੈਕਸ ਅੰਦਰ ਮੁੱਖ ਅਧਿਆਪਕ ਸਰਫਰਾਜ ਸਿੰਘ ਦੀ ਅਗਵਾਈ ਚ ਹੋਏ ਕਰਵਾਏ ਸੰਖੇਪ ਸਮਾਰੋਹ ਦੌਰਾਨ ਯੋਜਨਾ ਬੋਰਡ ਦੇ ਚੇਅਰਮੈਨ ਗੁਰਪ੍ਰਤਾਪ ਸਿੰਘ ਵੱਲੋਂ ਉਦਘਾਟਨ ਕੀਤਾ ਗਿਆ।ਉਨ੍ਹਾਂ ਕਿਹਾ ਕਿ ਸੂਬੇ ਦੀ ਮਾਨ ਸਰਕਾਰ ਵੱਲੋਂ ਸਕੂਲੀ ਸਿੱਖਿਆ ਨੂੰ ਹੋਰ ਉੱਚਾ ਚੁੱਕਣ ਲਈ ਸਕੂਲਾਂ ਅੰਦਰ ਬੁਨਿਆਦੀ ਸਹੂਲਤਾਂ ਦੇ ਨਾਲ ਨਾਲ ਬੱਚਿਆਂ ਦੀ ਪੜ੍ਹਾਈ ਲਈ ਵਧੀਆ ਮਾਹੌਲ ਸਿਰਜਣ ਦੀ ਪਹਿਲ ਕੀਤੀ ਹੈ ਜਿਸ ਕਾਰਨ ਸੂਬੇ ਦੇ ਸਰਕਾਰੀ ਸਕੂਲ ਹੁਣ ਨਿੱਜੀ ਸਕੂਲਾਂ ਦੇ ਮੁਕਾਬਲੇ ਵਧੀਆ ਕੰਮ ਕਰ ਰਹੇ ਹਨ।ਉਪਰੰਤ ਸਰਕਾਰੀ ਮਿਡਲ ਸਕੂਲ ਤਲਵੰਡੀ ਰਾਏ ਦਾਦੂ ਦੇ ਮੁੱਖ ਅਧਿਆਪਕ ਸੁਖਦੇਵ ਸਿੰਘ ਵੱਲੋਂ ਆਏ ਪਤਵੰਤਿਆਂ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਾਕ ਸੰਮਤੀ ਮੈਂਬਰ ਹਰਮਨਜੀਤ ਸਿੰਘ, ਸਰਪੰਚ ਦਲਬੀਰ ਸਿੰਘ ਤਲਵੰਡੀ, ਰਾਜਾ ਸਰਪੰਚ ਕੋਟਲੀ, ਤਲਵਿੰਦਰ ਸਿੰਘ ਤਲਵੰਡੀ, ਸੁਖਜਿੰਦਰ ਸਿੰਘ ਵੰਝਾਵਾਲਾ ਤੇ ਹੋਰ ਪਤਵੰਤੇ ਦੀ ਹਾਜ਼ਰ ਹੋਏ।



# ਮਿਸ਼ਨ ਸਮਰੱਥ 4.0 ਤਹਿਤ ਸਕੂਲਾਂ ਦੀ ਨਿਗਰਾਨੀ ਤੇਜ਼



**ਪਠਾਨਕੋਟ, (ਦਵਿੰਦਰ ਸਿੰਘ)**-ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਮਿਆਰ ਨੂੰ ਉਚਾ ਚੁੱਕਣ ਅਤੇ ਵਿਦਿਆਰਥੀਆਂ ਦੀ ਸਿੱਖਣ ਸਮਰੱਥਾ ਨੂੰ ਮਜ਼ਬੂਤ ਬਣਾਉਣ ਲਈ ਸ਼ੁਰੂ ਕੀਤਾ ਗਿਆ। ਮਿਸ਼ਨ ਸਮਰੱਥ 4.0 ਜ਼ਮੀਨੀ ਪੱਧਰ 'ਤੇ ਤੇਜ਼ੀ ਨਾਲ ਲਾਗੂ ਕੀਤਾ ਜਾ ਰਿਹਾ ਹੈ।ਇਸ ਤਹਿਤ ਜ਼ਿਲ੍ਹਾ ਪੱਧਰ ਦੇ ਅਧਿਕਾਰੀਆਂ ਵੱਲੋਂ ਸਕੂਲਾਂ ਦੀ ਨਿਯਮਿਤ ਨਿਗਰਾਨੀ ਕੀਤੀ ਜਾ ਰਹੀ ਹੈ।ਇਸ ਸੰਦਰਭ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰ ਪਠਾਨਕੋਟ ਕਮਲਦੀਪ ਕੌਰ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਸੁਕਾਲਗੜ੍ਹ, ਸਰਕਾਰੀ ਮਿਡਲ ਸਕੂਲ ਸੁਕਾਲਗੜ੍ਹ, ਸਰਕਾਰੀ ਪ੍ਰਾਇਮਰੀ ਸਕੂਲ ਸੈਲੀ ਕੁਲੀਆਂ ਅਤੇ ਸਰਕਾਰੀ ਹਾਈ ਸਕੂਲ ਸੈਲੀ ਕੁੱਲੀਆਂ ਦਾ ਵਿਸ਼ੇਸ਼ ਦੌਰਾ ਕੀਤਾ ਗਿਆ।ਦੌਰੇ ਦੌਰਾਨ ਕਮਲਦੀਪ ਕੌਰ ਨੇ ਸਕੂਲ ਦੀਆਂ ਵੱਖ-ਵੱਖ ਕਲਾਸਾਂ ਦਾ ਨਿਰੀਖਣ ਕੀਤਾ ਅਤੇ ਵਿਦਿਆਰਥੀਆਂ ਨਾਲ ਸਿੱਧੀ ਗੱਲਬਾਤ ਕਰਕੇ ਉਨ੍ਹਾਂ ਦੀ ਪਾਠ ਸਮਝ ਅਤੇ ਸਿੱਖਣ ਦੇ ਪੱਧਰ ਦੀ ਜਾਂਚ ਕੀਤੀ।ਉਨ੍ਹਾਂ ਨੇ ਖ਼ਾਸ ਤੌਰ ਤੇ ਜਮਾਤ ਤੀਜੀ ਤੋਂ ਅੱਠਵੀਂ ਤੱਕ ਦੇ ਵਿਦਿਆਰਥੀਆਂ 'ਤੇ ਧਿਆਨ ਕੇਂਦ੍ਰਿਤ ਕੀਤਾ, ਕਿਉਂਕਿ ਮਿਸ਼ਨ ਸਮਰੱਥ 4.0 ਦਾ ਮੁੱਖ ਉਦੇਸ਼ ਬੁਨਿਆਦੀ ਸਿੱਖਿਆ ਨੂੰ ਮਜ਼ਬੂਤ ਕਰਨਾ ਹੈ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਵੱਲ ਹੋਰ ਪ੍ਰੇਰਿਤ ਕੀਤਾ ਅਤੇ ਉਨ੍ਹਾਂ ਨਾਲ ਸਵਾਲ-ਜਵਾਬ ਕਰਕੇ ਉਨ੍ਹਾਂ ਦੀ ਸਮਝ ਦੀ ਪੜਤਾਲ ਕੀਤੀ।

# ਗੁਰੂ ਨਾਨਕ ਸਰਕਾਰੀ ਕਾਲਜ ਕਾਲਾ ਅਫ਼ਗਾਨਾ ਵਿਖੇ ਵਿਦਾਇਗੀ ਸਮਾਰੋਹ-2026

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**-ਦਿ ਮਹਾਰਾਜਾ ਭੂਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਦੇ ਸੰਵਿਧਾਨਿਕ ਕਾਲਜ ਗੁਰੂ ਨਾਨਕ ਸਰਕਾਰੀ ਕਾਲਜ, ਕਾਲਾ ਅਫ਼ਗਾਨਾ (ਗੁਰਦਾਸਪੁਰ) ਵਿਖੇ ਪ੍ਰਿੰਸੀਪਲ/ ਇੰਚਾਰਜ ਡਾ. ਅਮਨਦੀਪ ਕੌਰ ਦੀ ਅਗਵਾਈ ਹੇਠ ਵਿਦਾਇਗੀ ਸਮਾਰੋਹ-2026 ਦਾ ਆਯੋਜਨ ਕੀਤਾ ਗਿਆ।ਇਹ ਵਿਦਾਇਗੀ ਪਾਰਟੀ ਬੀ. ਏ. ਭਾਗ ਪਹਿਲਾ, ਦੂਜਾ ਅਤੇ ਬੀ. ਪੀ. ਈ. ਐੱਸ. ਭਾਗ ਪਹਿਲਾ ਦੇ ਵਿਦਿਆਰਥੀਆਂ ਨੇ ਬੀ.ਏ. ਭਾਗ ਤੀਜਾ ਦੇ ਵਿਦਿਆਰਥੀਆਂ ਨੂੰ ਦਿੱਤੀ।ਸਮਾਰੋਹ ਦੀ ਸ਼ੁਰੂਆਤ ਕਾਲਜ ਦੇ ਸਮੂਹ ਸਟਾਫ਼ ਵੱਲੋਂ ਪ੍ਰਿੰਸੀਪਲ/ਇੰਚਾਰਜ ਡਾ. ਅਮਨਦੀਪ ਕੌਰ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਕੀਤੀ ਗਈ।ਇਸ ਸਮਾਰੋਹ ਵਿੱਚ ਮਿਸਟਰ ਫੇਅਰਵੈੱਲ ਲਈ ਵਿਵੇਕ ਅਤੇ ਮਿਸ ਫੇਅਰਵੈੱਲ ਲਈ ਅਨੂ ਨੂੰ ਚੁਣਿਆ ਗਿਆ।ਮਿਸਟਰ ਪਰਸਨੈਲਿਟੀ ਲਈ ਮਿਲਨਪ੍ਰੀਤ ਸਿੰਘ ਅਤੇ ਮਿਸ ਪਰਸਨੈਲਿਟੀ ਲਈ ਗੁਰਲੀਨ ਕੌਰ ਨੂੰ ਚੁਣਿਆ ਗਿਆ। ਪ੍ਰਿੰਸੀਪਲ/ਇੰਚਾਰਜ ਡਾ. ਅਮਨਦੀਪ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਿਤ ਹੁੰਦੇ ਕਿਹਾ ਕਿ ਪਰਿਵਰਤਨ ਕੁਦਰਤ ਦਾ ਨਿਯਮ ਹੈ।ਇਸ ਲਈ ਪਰਿਵਰਤਨ ਨੂੰ ਕੁਝ ਨਵਾਂ ਸਿੱਖਣ ਦੇ ਮੌਕੇ ਵਜੋਂ ਲੈਣਾ ਚਾਹੀਦਾ ਹੈ।ਉਨ੍ਹਾਂ ਨੇ ਸਾਰੇ ਵਿਦਿਆਰਥੀਆਂ ਨੂੰ ਪ੍ਰੀਖਿਆਵਾਂ ਲਈ ਸ਼ੁੱਭਕਾਮਨਾਵਾਂ ਦਿੰਦੇ ਹੋਏ ਬੀ. ਏ. ਭਾਗ ਤੀਜਾ ਦੇ ਵਿਦਿਆਰਥੀਆਂ ਨੂੰ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।ਇਸ ਵਿਦਾਇਗੀ ਸਮਾਰੋਹ ਦੌਰਾਨ ਕਾਲਜ ਦਾ ਸਮੂਹ ਸਟਾਫ਼ ਹਾਜ਼ਰ ਰਿਹਾ।



# ਸ਼ਹਿਰ ਦੇ ਵਿਕਾਸ ਸਮੇਤ ਲੋਕਾਂ ਦੀਆਂ ਦਹਾਕਿਆਂ ਪੁਰਾਣੀਆਂ ਮੰਗਾਂ ਪੂਰੀਆਂ ਹੋਈਆਂ : ਸ਼ੈਰੀ ਕਲਸੀ

**ਬਟਾਲਾ, (ਡਾ. ਮਲਵਿੰਦਰ ਸਿੰਘ)**-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਵਾਰਡ ਨੰਬਰ 33 ਵਿਖੇ ਗਲੀ ਦਾ ਉਦਘਾਟਨ ਕੀਤਾ।ਇਸ ਮੌਕੇ ਹਨੀ ਚੌਹਾਨ ਅਤੇ ਵੱਡੀ ਗਿਣਤੀ ਵਿੱਚ ਵਾਰਡ ਵਾਸੀ ਮੌਜੂਦ ਸਨ।ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪਿਛਲੇ ਚਾਰ ਸਾਲਾਂ ਤੋਂ ਲਗਾਤਾਰ ਬਟਾਲਾ ਸ਼ਹਿਰ ਅੰਦਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਲੋਕਾਂ ਦੀਆਂ ਦਹਾਕਿਆਂ ਪੁਰਾਣੀਆਂ ਮੰਗਾਂ ਪੂਰੀਆਂ ਕੀਤੀਆਂ ਗਈਆਂ ਹਨ।ਉਨ੍ਹਾਂ ਦੱਸਿਆ ਕਿ ਉਹ ਖੁਦ ਗਲੀ-ਗਲੀ ਵਿੱਚ ਜਾ ਕੇ ਲੋਕਾਂ ਦੀਆਂ ਮੁਸ਼ਕਿਲਾਂ ਸੁਣਕੇ ਉਨ੍ਹਾਂ ਦਾ ਹੱਲ ਕਰਵਾ ਰਹੇ ਹਨ।ਉਨ੍ਹਾਂ ਕਿਹਾ ਕਿ ਬਟਾਲਾ ਹਲਕਾ ਦਾ ਸਰਬਪੱਖੀ ਵਿਕਾਸ ਉਨ੍ਹਾਂ ਦੀ ਮੁੱਖ ਤਰਜੀਹ ਹੈ, ਜਿਸਦੇ ਚੱਲਦਿਆਂ ਉਹ 24 ਘੰਟੇ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ।ਜ਼ਿਲ੍ਹਾ ਪੁਲਸ ਦਫਤਰ ਬਟਾਲਾ ਦੀ ਪੰਜ ਮੰਜ਼ਿਲੀ ਇਮਾਰਤ ਬਣਾਉਣ ਦੀ ਸ਼ੁਰੂਆਤ ਕੀਤੀ ਗਈ ਹੈ।ਸ਼ਹਿਰ ਦੀਆਂ ਪ੍ਰਮੁੱਖ ਸੜਕਾਂ ਤੇ ਲਾਈਟਾਂ ਲਗਾਈਆਂ ਗਈਆਂ ਹਨ।ਸ਼ਹਿਰ ਵਿੱਚ ਲਾਇਬ੍ਰੇਰੀ ਦੀ ਇਮਾਰਤ ਜਿਸਦੀ ਹਾਲਤ ਬਹੁਤ ਖਸਤਾ ਸੀ, ਉਸ ਦੀ ਨਵੀਂ ਇਮਾਰਤ ਉਸਾਰੀ ਗਈ ਹੈ।ਸੁੱਖਾ ਸਿੰਘ-ਮਹਿਤਾਬ ਸਿੰਘ ਚੌਕ ਵਿੱਖੇ ਸ਼ਾਨਦਾਰ ਕਲਾਕ ਟਾਵਰ ਲਗਾ ਕੇ ਲੋਕਾਂ ਨੂੰ ਸਮਰਪਿਤ ਕੀਤਾ ਗਿਆ ਹੈ।ਲੋਕਾਂ ਨੂੰ ਸਾਫ਼ ਸੁਥਰਾ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਕਰੀਬ 24 ਕਰੋੜ ਰੁਪਏ ਦੀ ਲਾਗਤ ਨਾਲ ਵਿਕਾਸ ਕੰਮ ਸ਼ੁਰੂ ਕਰ ਦਿੱਤਾ ਗਿਆ।



# ਮਨਵੀਰ ਸਿੰਘ ਢਿੱਲੋਂ ਨੇ ਉਪ ਮੰਡਲ ਲੋਪੋਕੇ ਦੇ ਐੱਸ ਡੀ ਐੱਮ ਵਜੋਂ ਅਹੁਦਾ ਸੰਭਾਲਿਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਸ੍ਰੀ ਮਨਵੀਰ ਸਿੰਘ ਢਿੱਲੋਂ ਪੀਸੀਐੱਸ ਨੇ ਜ਼ਿਲ੍ਹਾ ਅੰਮ੍ਰਿਤਸਰ ਦੀ ਸਬ-ਡਵੀਜ਼ਨ ਲੋਪੋਕੇ ਦਾ ਬਤੌਰ ਉਪ ਮੰਡਲ ਮੈਜਿਸਟਰੇਟ ਦਾ ਅਹੁਦਾ ਸੰਭਾਲ ਲਿਆ ਹੈ।ਇਸ ਤੋਂ ਪਹਿਲਾਂ ਉਹ ਬੰਗਾ ਵਿਖੇ ਤਹਿਸੀਲਦਾਰ ਵਜੋਂ ਸੇਵਾ ਨਿਭਾ ਰਹੇ ਸਨ।ਅਹੁਦਾ ਸੰਭਾਲਣ ਤੋਂ ਬਾਅਦ ਸ੍ਰੀ ਢਿੱਲੋਂ ਨੇ ਕਿਹਾ ਕਿ ਸਾਰੇ ਲੋਕਾਂ ਦੇ ਕੰਮਾਂ ਦਾ ਨਿਪਟਾਰਾ ਬਿਨਾਂ ਕਿਸੇ ਦੇਰੀ ਦੇ ਨਿਰਪੱਖਤਾ ਨਾਲ ਕੀਤਾ ਜਾਵੇਗਾ ਅਤੇ ਕਿਸੇ ਨੂੰ ਵੀ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੂੰ ਆਪਣਾ ਕੰਮ ਕਰਵਾਉਣ ਵਿੱਚ ਕੋਈ ਦਿੱਕਤ ਜਾਂ ਪ੍ਰੇਸ਼ਾਨੀ ਆਉਂਦੀ ਹੈ ਤਾਂ ਉਹ ਬਿਨਾਂ ਝਿਜਕ ਦੇ ਉਨ੍ਹਾਂ ਨਾਲ ਸੰਪਰਕ ਕਰ ਸਕਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਹਰ ਲੋੜਵੰਦ ਤੇ ਯੋਗ ਵਿਅਕਤੀ ਤੱਕ ਸਮੇਂ ਸਿਰ ਅਤੇ ਬਿਨਾਂ ਪੱਖਪਾਤ ਦੇ ਪਹੁੰਚਾਇਆ ਜਾਵੇਗਾ।ਉਨ੍ਹਾਂ ਦੱਸਿਆ ਕਿ ਸਾਰੇ ਕੰਮ ਪਾਰਦਰਸ਼ੀ ਢੰਗ ਨਾਲ ਕੀਤੇ ਜਾਣਗੇ।ਲੋਕਾਂ ਨੂੰ ਪ੍ਰਸ਼ਾਸਨ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ।

# ਸੀ ਜੇ ਐੱਮ ਕਿਰਨ ਜੋਤੀ ਵੱਲੋਂ ਸਬ ਜੇਲ੍ਹ ਪੱਟੀ ਦਾ ਅਚਨਚੇਤ ਦੌਰਾ

**ਪੱਟੀ, (ਬਲਦੇਵ ਸਿੰਘ ਸੰਧੂ)**-ਚੀਫ ਜੁਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਮਿਸ ਕਿਰਨ ਜੋਤੀ ਵੱਲੋਂ ਸਬ ਜੇਲ੍ਹ ਪੱਟੀ ਦਾ ਅਚਨਚੇਤ ਦੌਰਾ ਕੀਤਾ ਗਿਆ।ਇਸ ਮੌਕੇ ਸੁਪਰਡੰਟ, ਸਬ ਜੇਲ੍ਹ ਪੱਟੀ ਇੰਦਰਪ੍ਰੀਤ ਸਿੰਘ ਅਤੇ ਸਟਾਫ਼ ਮੌਜੂਦ ਸੀ।ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਨੇ ਇਸ ਮੌਕੇ ਹਵਾਲਾਤੀਆਂ ਅਤੇ ਕੈਦੀਆਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਮੌਕੇ 'ਤੇ ਹੀ ਜੇਲ੍ਹ ਸੁਪਰਡੰਟ ਨੂੰ ਉਨ੍ਹਾਂ ਦਾ ਹੱਲ ਕਰਨ ਦੇ ਦਿਸ਼ਾ-ਨਿਰਦੇਸ਼ ਦਿੱਤੇ।ਉਨ੍ਹਾਂ ਜੇਲ੍ਹ ਵਿੱਚ ਹਵਾਲਾਤੀਆਂ ਅਤੇ ਕੈਦੀਆਂ ਦੀਆਂ ਬੈਰਕਾਂ ਵਿੱਚ ਜਾ ਕੇ ਉਨ੍ਹਾਂ ਦੇ ਰਹਿਣ-ਸਹਿਣ ਅਤੇ ਸਾਫ-ਸਫਾਈ ਦੀ ਜਾਂਚ ਕੀਤੀ ਅਤੇ ਜੇਲ੍ਹ ਦੀ ਮੈੱਸ (ਰਸੋਈ) ਵੀ ਚੈੱਕ ਕੀਤੀ ਅਤੇ ਉਥੋਂ ਦੀ ਸਾਫ-ਸਫਾਈ ਦਾ ਵੀ ਨਿਰੀਖਣ ਕੀਤਾ।ਉਨ੍ਹਾਂ ਨਿਰਦੇਸ਼ ਦਿੱਤੇ ਕਿ ਹਵਾਲਾਤੀਆਂ ਅਤੇ ਕੈਦੀਆਂ ਦੀ ਨਿਯਮਿਤ ਮੈਡੀਕਲ ਜਾਂਚ ਹੁੰਦੀ ਰਹੇ।ਉਨ੍ਹਾਂ ਮੌਜੂਦ ਹਵਾਲਾਤੀਆਂ ਅਤੇ ਕੈਦੀਆਂ ਨੂੰ ਉਨ੍ਹਾਂ ਦੇ ਕਾਨੂੰਨੀ ਹੱਕਾਂ ਬਾਰੇ ਜਾਣਕਾਰੀ ਦਿੱਤੀ। ਸੀ. ਜੇ. ਐੱਮ. ਨੇ ਦੱਸਿਆ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਦੇ ਦਫ਼ਤਰ ਵਿਖੇ ਮਿਲਣ ਜਾਂ ਜਾਣਕਾਰੀ ਵਾਸਤੇ ਜ਼ਿਲ੍ਹਾ ਕਚਹਿਰੀ, ਤਰਨ ਤਾਰਨ ਵਿਖੇ ਦਫ਼ਤਰ ਦੇ ਸਮੇਂ ਵਿੱਚ ਆ ਕੇ ਮਿਲਿਆ ਜਾ ਸਕਦਾ।



# ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਨੇ ਕਾਰਲ ਮਾਰਕਸ ਦਾ ਜਨਮ ਦਿਹਾੜਾ ਮਨਾਇਆ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**

ਸੀਪੀਆਈਐੱਮਐੱਲ ਲਿਬਰੇਸ਼ਨ ਵੱਲੋਂ ਪਿੰਡ ਮੂਧਲ ਵਿਖੇ ਮਜ਼ਦੂਰ ਜਮਾਤ ਦੇ ਮਹਾਨ ਸਿਧਾਂਤਕਾਰ ਕਾਰਨ ਮਾਰਕਸ ਦਾ ਜਨਮ ਦਿਨ ਮਨਾਇਆ ਗਿਆ।ਇਸ ਸਮੇਂ ਬੋਲਦਿਆਂ ਲਿਬਰੇਸ਼ਨ ਦੇ ਜ਼ਿਲ੍ਹਾ ਸਕੱਤਰ ਬਲਬੀਰ ਸਿੰਘ ਮੂਧਲ, ਗੁਲਜ਼ਾਰ ਸਿੰਘ ਭੁੰਬਲੀ ਅਤੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰਾ ਨੇ ਕਿਹਾ ਕਿ ਬੇਸ਼ੱਕ ਮੀਡੀਆ ਹਾਕਮ ਪਾਰਟੀਆਂ ਪੱਖੀ ਪ੍ਰਚਾਰ ਕਰ ਰਿਹਾ ਹੈ ਕਿ ਮਾਰਕਸਵਾਦ ਹੁਣ ਦੇ ਸਮੇਂ ਵਿੱਚ ਸਾਰਥਕ ਨਹੀਂ ਰਿਹਾ, ਪਰ ਸੱਚਾਈ ਇਹ ਹੈ ਕਿ ਮਾਰਕਸਵਾਦ ਮਜ਼ਦੂਰ ਜਮਾਤ ਦਾ ਇਕ ਵਿਗਿਆਨਕ ਸਿਧਾਂਤ ਹੈ ਅਤੇ ਉਹ ਕਦੇ ਵੀ ਗੈਰ-ਪ੍ਰਸੰਗਿਕ ਨਹੀਂ ਹੋ ਸਕਦਾ।ਭਾਰਤ ਵਰਗੇ ਪੱਛੜੇ ਦੇਸ਼ਾਂ ਵਿੱਚ ਲੋਕਾਈ ਦੇ ਸੰਘਰਸ਼ ਮਾਰਕਸਵਾਦੀ ਵਿਚਾਰਧਾਰਾ ਦੀ ਰੌਸ਼ਨੀ ਵਿਚ ਹੀ ਸਫਲਤਾਪੂਰਵਕ ਲੜੇ ਜਾ ਸਕਦੇ ਹਨ। ਵੱਖ-ਵੱਖ ਬੁਲਾਰਿਆਂ ਨੇ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ ਕਿ ਮਾਰਕਸਵਾਦ ਦੀ ਰਾਖੀ ਅਤੇ ਦੇਸ਼ ਵਿੱਚ ਖੱਬੀ ਲਹਿਰ ਦੀ ਉਸਾਰੀ ਲਈ ਕਮਿਊਨਿਸਟ ਪਾਰਟੀਆਂ ਨੂੰ ਮਜ਼ਬੂਤ ਕੀਤਾ ਜਾਵੇ।ਇਸ ਸਮੇਂ ਮਤਾ ਪਾਸ ਕੀਤਾ ਗਿਆ ਕਿ ਪੱਛਮੀ ਬੰਗਾਲ ਦੀਆਂ ਚੋਣਾਂ ਵਿੱਚ ਭਾਜਪਾ ਦੀ ਜਿੱਤ ਚੋਣ ਕਮਿਸ਼ਨ ਰਾਹੀਂ ਹੇਰਾਫੇਰੀ ਅਤੇ ਤਾਨਾਸ਼ਾਹੀ ਦੇ ਹਥਕੰਡਿਆਂ ਦੀ ਕਾਰਵਾਈ ਹੈ।ਇਕ ਹੋਰ ਮਤੇ ਵਿੱਚ ਅਮਰੀਕਨ ਸਾਮਰਾਜੀਆਂ ਵੱਲੋਂ ਈਰਾਨ ਵਿਰੁੱਧ ਛੇੜੀ ਗਈ ਨਿਹੱਕੀ ਜੰਗ ਬੰਦ ਕਰਨ ਦੀ ਮੰਗ ਕੀਤੀ ਗਈ।ਇਸ ਸਮੇਂ ਹਰਵਿੰਦਰ ਸਿੰਘ ਮੱਲ੍ਹੀ, ਸ਼ਮਸ਼ੇਰ ਸਿੰਘ ਹੇਰ, ਅਸ਼ਵਨੀ ਕੁਮਾਰ ਲੱਖਣ ਕਲਾਂ, ਸਰਬਜੀਤ ਸਿੰਘ ਮੂਧਲ, ਪ੍ਰੇਮ ਮਸੀਹ ਸੋਨਾ, ਫੂਲ ਚੰਦ, ਜੋਗਿੰਦਰ ਪਾਲ ਲੇਹਲ, ਬਲਬੀਰ ਸਿੰਘ ਉੱਚਾ ਧਕਾਲਾ, ਰਾਜੂ ਬਟਾਲਾ, ਅਨਮੋਲ, ਰਮਨਪ੍ਰੀਤ ਪਿੰਡੀ ਅਤੇ ਹਰਮਨ ਦੀਪ ਸਾਰੋਵਾਲ ਹਾਜ਼ਰ ਸਨ।



# ਪੇਂਡੂ ਬੇਰੁਜ਼ਗਾਰ ਨੌਜਵਾਨਾਂ ਲਈ ਡੇਅਰੀ ਫਾਰਮਿੰਗ ਦਾ ਸਿਖਲਾਈ ਕੋਰਸ 11 ਤੋਂ

**ਗੁਰਦਾਸਪੁਰ, (ਜਨਕ ਮਹਾਜਨ)**-ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਵਰਿਆਮ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਬਰਜਿੰਦਰ ਸਿੰਘ ਡੇਅਰੀ ਇੰਸਪੈਕਟਰ ਗੁਰਦਾਸਪੁਰ ਦੀ ਰਹਿਨੁਮਾਈ ਹੇਠ ਡੇਅਰੀ ਫਾਰਮਰਾਂ ਲਈ 2 ਹਫਤੇ ਦਾ ਡੇਅਰੀ ਸਿਖਲਾਈ ਕੋਰਸ 11 ਮਈ ਤੋਂ 22 ਮਈ ਤੱਕ (2 ਹਫਤੇ) ਦਾ ਡੇਅਰੀ ਸਿਖਲਾਈ ਕੇਂਦਰ ਵੇਰਕਾ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਚਲਾਇਆ ਜਾਣਾ ਹੈ। ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਿਤ ਪੇਂਡੂ ਬੇਰੁਜ਼ਗਾਰ ਨੌਜਵਾਨ ਲੜਕੇ ਲੜਕੀਆਂ, ਜੋ ਡੇਅਰੀ ਦਾ ਕਿੱਤਾ ਸ਼ੁਰੂ ਕਰਨਾ ਚਾਹੁੰਦੇ ਹਨ, ਡੇਅਰੀ ਸਿਖਲਾਈ ਕੋਰਸ ਵਾਸਤੇ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਵਿਖੇ ਮਿਤੀ 8 ਮਈ ਤੱਕ ਅਰਜ਼ੀਆਂ ਦੇ ਸਕਦੇ ਹਨ। ਸਿਖਲਾਈ ਉਪਰੰਤ ਵਿਭਾਗ ਵੱਲੋਂ ਸਬੰਧਤਾਂ ਨੂੰ ਵੱਖ-ਵੱਖ ਬੈਂਕਾਂ ਤੋਂ ਡੇਅਰੀ ਕਰਜ਼ੇ ਦੀ ਸੁਵਿਧਾ ਰਾਹੀਂ 2 ਤੋਂ 20 ਪਸ਼ੂਆਂ ਦੇ ਡੇਅਰੀ ਯੂਨਿਟ ਸਥਾਪਤ ਕਰਵਾ ਕੇ ਸਬਸਿਡੀ ਮੁਹੱਈਆ ਕਰਵਾਈ ਜਾਵੇਗੀ। ਇਸ ਦੇ ਨਾਲ ਕੈਟਲ ਸ਼ੈੱਡ, ਮਿਲਕਿੰਗ ਮਸ਼ੀਨ ਅਤੇ ਫੋਡਰ ਹਾਰਵੈਸਟਰ ਆਦਿ ਤੇ ਸਬਸਿਡੀ ਮੁਹੱਈਆ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਚਾਹਵਾਨ ਲੜਕੇ/ਲੜਕੀਆਂ ਇਸ ਸਬੰਧੀ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਨਾਲ ਆਪਣੇ ਅਸਲ ਯੋਗਤਾ ਸਰਟੀਫਿਕੇਟ, ਪਾਸਪੋਰਟ ਸਾਈਜ਼ ਫੋਟੋ ਅਤੇ ਆਧਾਰ ਕਾਰਡ ਲੈ ਕੇ ਫਾਰਮ ਭਰਵਾ ਸਕਦੇ।

# ਮੈਨੂਅਲ ਥੈਰੇਪੀ 'ਚ ਸਰਟੀਫਿਕੇਟ ਕੋਰਸ ਤੇ ਫੈਲੋਸ਼ਿਪ 'ਤੇ ਵਰਕਸ਼ਾਪ ਕਰਵਾਈ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਖਾਲਸਾ ਯੂਨੀਵਰਸਿਟੀ ਦੇ ਫਿਜ਼ੀਓਥੈਰੇਪੀ ਵਿਭਾਗ ਵੱਲੋਂ ਮੈਨੂਅਲ ਥੈਰੇਪੀ ਫਾਊਂਡੇਸ਼ਨ ਆਫ਼ ਇੰਡੀਆ ਦੇ ਸਹਿਯੋਗ ਨਾਲ 'ਮੈਨੂਅਲ ਥੈਰੇਪੀ 'ਚ ਸਰਟੀਫਿਕੇਟ ਕੋਰਸ ਅਤੇ ਮੈਨੂਅਲ ਥੈਰੇਪੀ 'ਚ ਫੈਲੋਸ਼ਿਪ' ਵਿਸ਼ੇ 'ਤੇ 10 ਦਿਨਾਂ ਵਰਕਸ਼ਾਪ ਕਰਵਾਈ ਗਈ ਜਿਸ ਦਾ ਉਦਘਾਟਨ 'ਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਵੱਲੋਂ ਕੀਤਾ ਗਿਆ।ਇਸ ਮੌਕੇ ਵਿਭਾਗ ਮੁੱਖੀ ਡਾ. ਵਰਿੰਦਰ ਕੌਰ ਨੇ ਮੁੱਖ ਬੁਲਾਰੇ ਵਜੋਂ ਫਾਊਂਡੇਸ਼ਨ ਦੇ ਪ੍ਰਧਾਨ ਡਾ. ਉਮਾਸ਼ੰਕਰ ਮੋਹੰਤੀ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਵਾਗਤ ਕੀਤਾ।ਉਪਰੰਤ ਡਾ. ਵਰਿੰਦਰ ਨੇ ਕਿਹਾ ਕਿ ਵਰਕਸ਼ਾਪ ਦਾ ਆਯੋਜਨ ਮੈਨੂਅਲ ਥੈਰੇਪੀ ਦੀਆਂ ਤਕਨੀਕਾਂ ਨੂੰ ਸਿੱਖਣ ਦੀ ਮਹੱਤਤਾ ਨੂੰ ਧਿਆਨ 'ਚ ਰੱਖਦੇ ਹੋਏ ਕੀਤਾ ਗਿਆ ਸੀ, ਜੋ ਕਿ ਬੁਨਿਆਦੀ ਤੋਂ ਉੱਨਤ ਪੱਧਰ ਤੱਕ ਯੋਜਨਾਬੱਧ ਢੰਗ ਨਾਲ ਵਿਕਸਿਤ ਹੋਈਆਂ ਹਨ।ਇਸ ਮੌਕੇ ਡਾ. ਮੋਹੰਤੀ ਨੇ ਮੈਨੂਅਲ ਥੈਰੇਪੀ ਐਪਲੀਕੇਸ਼ਨਾਂ 'ਚ ਗਿਆਨ ਦੀ ਸ਼ਾਨਦਾਰ ਡੂੰਘਾਈ ਅਤੇ ਮਜ਼ਬੂਤ ਕਲੀਨਿਕਲ ਤਰਕ ਸਬੰਧੀ ਜਾਣਕਾਰੀ ਪ੍ਰਦਾਨ ਕੀਤਾ।ਉਨ੍ਹਾਂ ਕਿਹਾ ਕਿ ਇਹ ਪ੍ਰੈਕਟੀਕਲ ਸੈਸ਼ਨ ਬਹੁਤ ਪ੍ਰਭਾਵਸ਼ਾਲੀ ਸਾਬਿਤ ਹੋਏ ਹਨ ਅਤੇ ਇਹ ਕੇਸ-ਆਧਾਰਿਤ ਚਰਚਾਵਾਂ ਅਤੇ ਅਸਲ-ਜੀਵਨ ਦੇ ਕਲੀਨਿਕਲ ਦ੍ਰਿਸ਼ਾਂ ਵਿਚਕਾਰ ਪਾੜੇ ਨੂੰ ਪੂਰਾ ਕਰਨ 'ਚ ਸਹਾਈ ਸਿੱਧ ਹੁੰਦੇ ਹਨ।ਉਨ੍ਹਾਂ ਕਿਹਾ ਕਿ ਪੇਸ਼ੇਵਰ ਤੌਰ 'ਤੇ ਇਹ ਵਰਕਸ਼ਾਪ ਬਹੁਤ ਜਾਣਕਾਰੀ ਭਰਪੂਰ ਅਤੇ ਹੁਨਰ ਅਧਾਰਿਤ ਸੀ।ਇਸ ਮੌਕੇ ਡਾ. ਮਹਿਲ ਸਿੰਘ ਨੇ ਡਾ. ਵਰਿੰਦਰ ਕੌਰ ਅਤੇ ਵਿਭਾਗ ਦੇ ਹੋਰ ਸਟਾਫ਼ ਮੈਂਬਰਾਂ ਨੂੰ ਵਿਦਿਆਰਥੀਆਂ ਦੇ ਹਿੱਤ ਲਈ ਅਜਿਹੇ ਪ੍ਰੋਗਰਾਮ ਆਯੋਜਿਤ ਕਰਨ ਲਈ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਪ੍ਰੋਗਰਾਮ ਕਰਨ ਲਈ ਉਤਸ਼ਾਹਿਤ ਕੀਤਾ।



# 26ਵੀਂ ਸਾਲਾਨਾ ਚੌਕੀ ਤੇ ਭੰਡਾਰਾ ਕਰਵਾਇਆ

**ਛੇਹਰਟਾ, (ਮਨੋਜ ਕੁਮਾਰ)** - ਬਾਬਾ ਬਾਲਕ ਨਾਥ ਜੀ ਦੀ 26ਵੀਂ ਸਾਲਾਨਾ ਚੌਕੀ ਤੇ ਭੰਡਾਰਾ ਦਸਮੇਸ਼ ਸਿਟੀ ਝਬਾਲ ਰੋਡ ਵਿਚ ਕਰਵਾਇਆ ਗਿਆ। ਪ੍ਰਸਿੱਧ ਭਜਨ ਮੰਡਲੀਆਂ ਨੇ ਬਾਬਾ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿਚ ਸ਼ਰਧਾਲੂਆਂ ਨੇ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਸ਼ਰਧਾਲੂਆਂ ਵਿਚ ਮਠਿਆਈਆਂ, ਬਿਸਕੁਟ ਤੇ ਫ਼ਲਾਂ ਦਾ ਪ੍ਰਸ਼ਾਦ ਵੰਡਿਆ ਗਿਆ। ਵਿਸ਼ੇਸ਼ ਲੰਗਰ ਦਾ ਪ੍ਰਬੰਧ ਕੀਤਾ ਗਿਆ, ਜੋ ਦਿਨ ਭਰ ਜ਼ਾਰੀ ਰਿਹਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਪ੍ਰਧਾਨ ਅਨੁਜ ਖੇਮਕਾ ਤੇ ਉਨ੍ਹਾਂ ਦੀ ਟੀਮ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਅਰਵਿੰਦ ਕੁਮਾਰ, ਸੰਜੇ ਗੁਪਤਾ, ਸੁਰਿੰਦਰ ਕੁਮਾਰ, ਸਮਾਜ ਸੇਵਕ ਅਸ਼ਵਨੀ ਜੋਸ਼ੀ, ਵਿਜੇ ਜੋਸ਼ੀ, ਵਿਜੇ ਰਾਣਾ, ਪਰਮਿੰਦਰ ਸਿੰਘ, ਲਵਲੀ, ਡਾ. ਸੰਤੋਸ਼, ਕਪਿਲ, ਮਨਦੀਪ, ਨਰਿੰਦਰ ਸ਼ਰਮਾ, ਨਰੇਸ਼, ਨਰਿੰਦਰ ਰਾਮਪਾਲ, ਵਿਕਰਮਜੀਤ ਰਾਮਪਾਲ, ਅਸ਼ੋਕ, ਜਗਦੀਸ਼ ਆਦਿ ਮੌਜੂਦ ਸਨ।



# ਨਰੰਗਪੁਰ 'ਚ ਹੈਲਥ ਐਂਡ ਵੈੱਲਨੈੱਸ ਸੈਂਟਰ ਦਾ ਨੀਂਹ ਪੱਥਰ ਰੱਖਿਆ



**ਪਠਾਨਕੋਟ (ਦਵਿੰਦਰ ਸਿੰਘ)**

ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਨਰੰਗਪੁਰ ਵਿਖੇ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਨੇ ਹੈਲਥ ਐਂਡ ਵੈੱਲਨੈੱਸ ਸੈਂਟਰ ਦੀ ਨਵੀਂ ਇਮਾਰਤ ਦਾ ਨੀਂਹ ਪੱਥਰ ਰੱਖਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਹਿਬ ਸਿੰਘ ਸਾਭਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਖੁਸ਼ਬੀਰ ਕਾਟਲ, ਪਿੰਡ ਦੀ ਪੰਚਾਇਤ ਅਤੇ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਅਤੇ ਕਾਰਜਕਰਤਾ ਵੀ ਹਾਜ਼ਰ ਸਨ।ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਨਰੰਗਪੁਰ ਦੇ ਸੂਝਵਾਨ ਅਤੇ ਪਿਆਰੇ ਲੋਕਾਂ ਵਿਚ ਆ ਕੇ ਉਨ੍ਹਾਂ ਨੂੰ ਹਮੇਸ਼ਾ ਖੁਸ਼ੀ ਮਹਿਸੂਸ ਹੁੰਦੀ ਹੈ।ਉਨ੍ਹਾਂ ਦੱਸਿਆ ਕਿ ਕਰੀਬ 35 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਇਹ ਨਵੀਂ ਡਿਸਪੈਂਸਰੀ ਪਿੰਡ ਅਤੇ ਆਸ-ਪਾਸ ਦੇ ਇਲਾਕਿਆਂ ਦੇ ਲੋਕਾਂ ਲਈ ਵੱਡੀ ਸਹੂਲਤ ਸਾਬਤ ਹੋਵੇਗੀ।ਉਨ੍ਹਾਂ ਕਿਹਾ ਕਿ ਇਸ ਹੈਲਥ ਐਂਡ ਵੈੱਲਨੈੱਸ ਸੈਂਟਰ ਵਿੱਚ ਮਰੀਜ਼ਾਂ ਨੂੰ ਮੁੱਢਲੀਆਂ ਸਿਹਤ ਸੇਵਾਵਾਂ, ਲੋੜੀਂਦੇ ਟੈਸਟ ਅਤੇ ਕਰੀਬ 100 ਤਰ੍ਹਾਂ ਦੀਆਂ ਦਵਾਈਆਂ ਉਪਲਬਧ ਕਰਵਾਈਆਂ ਜਾਣਗੀਆਂ।ਨਵੀਂ ਇਮਾਰਤ ਵਿੱਚ ਡਾਕਟਰ ਦਾ ਕਮਰਾ, ਫਾਰਮਾਸਿਸਟ ਲਈ ਵੱਖਰਾ ਕਮਰਾ, ਮੈਡੀਕਲ ਉਪਕਰਣਾਂ ਅਤੇ ਦਵਾਈਆਂ ਲਈ ਵਿਸ਼ੇਸ਼ ਕਮਰਾ, ਰਸੋਈ, ਬਾਥਰੂਮ ਅਤੇ ਹੋਰ ਬੁਨਿਆਦੀ ਸੁਵਿਧਾਵਾਂ ਸ਼ਾਮਲ ਹੋਣਗੀਆਂ।ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਦੇਣ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ 10 ਲੱਖ ਰੁਪਏ ਤੱਕ ਦੇ ਸਿਹਤ ਬੀਮੇ ਦੀ ਸਹੂਲਤ ਦਿੱਤੀ ਗਈ ਹੈ, ਜਿਸ ਦਾ ਵੱਡੀ ਗਿਣਤੀ ਵਿੱਚ ਲੋਕ ਲਾਭ ਲੈ ਰਹੇ ਹਨ।ਇਸਦੇ ਨਾਲ ਹੀ ਪਿੰਡਾਂ ਵਿੱਚ ਬਣ ਰਹੇ ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਬੁਨਿਆਦੀ ਅਤੇ ਲੋੜੀਂਦੀਆਂ ਸਿਹਤ ਸੇਵਾਵਾਂ ਮੁਹੱਈਆ ਹੋ ਰਹੀਆਂ ਹਨ।ਉਨ੍ਹਾਂ ਕਿਹਾ ਕਿ ਇਸ ਨਵੀਂ ਇਮਾਰਤ ਦਾ ਨਿਰਮਾਣ ਕੰਮ ਜਲਦੀ ਮੁਕੰਮਲ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ ਜਾਵੇਗਾ ਤਾਂ ਜੋ ਇਲਾਕੇ ਦੇ ਵਸਨੀਕਾਂ ਨੂੰ ਹੋਰ ਵਧੀਆ ਸਿਹਤ ਸਹੂਲਤਾਂ ਮਿਲ ਸਕਣ।

# 1000 ਰੁਪਏ ਦਾ ਵਾਅਦਾ ਮਹਿਲਾਵਾਂ ਨਾਲ ਵੱਡਾ ਧੋਖਾ : ਰਿੰਕੂ ਨਰੂਲਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਹਲਕਾ ਦੱਖਣੀ ਦੇ ਮੁੱਖ ਕਾਂਗਰਸੀ ਆਗੂ ਜਗਦੀਪ ਸਿੰਘ ਰਿੰਕੂ ਨਰੂਲਾ ਅਤੇ ਬਾਬਾ ਗੁਰਮੁਖ ਸਿੰਘ ਦੀ ਅਗਵਾਈ ਹੇਠ ਸੁਲਤਾਨਵਿੰਡ ਪਿੰਡ ਇਲਾਕੇ ਵਿੱਚ ਭਗਵੰਤ ਮਾਨ ਸਰਕਾਰ ਖ਼ਿਲਾਫ਼ ਵੱਡਾ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਦੌਰਾਨ ਸੈਂਕੜੇ ਮਹਿਲਾਵਾਂ ਅਤੇ ਇਲਾਕਾ ਨਿਵਾਸੀਆਂ ਨੇ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਇਲਾਕੇ ਵਿੱਚ ਰੋਸ ਮਾਰਚ ਕੱਢਿਆ।ਪ੍ਰਦਰਸ਼ਨ ਦੌਰਾਨ ਲੋਕਾਂ ਨੇ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਦੇਣ ਦੇ ਵਾਅਦੇ ਨੂੰ ਕੋਰਾ ਝੂਠ ਕਰਾਰ ਦਿੰਦਿਆਂ ਸਰਕਾਰ 'ਤੇ ਲੋਕਾਂ ਨੂੰ ਗੁੰਮਰਾਹ ਕਰਨ ਦੇ ਦੋਸ਼ ਲਗਾਏ।ਲੋਕਾਂ ਨੇ ਕਿਹਾ ਕਿ ਸਰਕਾਰ ਨੇ ਗਰੀਬ ਪਰਿਵਾਰਾਂ ਨੂੰ ਸੁਪਨੇ ਦਿਖਾ ਕੇ ਵੋਟਾਂ ਲਈਆਂ, ਪਰ ਸੱਤਾ ਵਿੱਚ ਆਉਣ ਤੋਂ ਬਾਅਦ ਆਪਣੇ ਵਾਅਦਿਆਂ ਤੋਂ ਮੁੱਕਰ ਗਈ। ਰਿੰਕੂ ਨਰੂਲਾ ਨੇ ਕਿਹਾ ਕਿ ਹੁਣ ਪੰਜਾਬ ਦੇ ਲੋਕ ਸਿਆਣੇ ਹੋ ਚੁੱਕੇ ਹਨ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਕਰਾਰਾ ਜਵਾਬ ਦੇਣਗੇ।ਕਾਂਗਰਸ ਦੇ ਨਾਂਅ 'ਤੇ ਜਿੱਤ ਦਾ ਫਤਵਾ ਦੇਣਗੇ ਅਤੇ ਪੰਜਾਬ ਨੂੰ ਤਰੱਕੀ ਦੀ ਰਾਹ 'ਤੇ ਲੈ ਕੇ ਜਾਣਗੇ।ਇਸ ਮੌਕੇ ਸੁਖਵਿੰਦਰ ਸਿੰਘ ਸ਼ੇਰਗਿੱਲ ਸਮੇਤ ਹੋਰ ਕਈ ਆਗੂ ਅਤੇ ਇਲਾਕਾ ਨਿਵਾਸੀ ਮੌਜੂਦ ਸਨ।

# ਸੇਵਾਮੁਕਤ ਹੋਣ 'ਤੇ ਲਾਇਨਮੈਨ ਅਵਤਾਰ ਸਿੰਘ ਸੈਦੋਲੇਹਲ ਨੂੰ ਦਿੱਤੀ ਵਿਦਾਇਗੀ ਪਾਰਟੀ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**

ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਵਿੱਚ ਲੰਮਾ ਸਮਾਂ ਸੇਵਾਵਾਂ ਨਿਭਾ ਕੇ ਬਤੌਰ ਲਾਇਨਮੈਨ ਰਿਟਾਇਰ ਹੋਣ ਵਾਲੇ ਅਵਤਾਰ ਸਿੰਘ ਸੈਦੋਲੇਹਲ ਨੂੰ ਉਨ੍ਹਾਂ ਦੇ ਸਟਾਫ ਅਤੇ ਸਕੇ ਸਬੰਧੀਆਂ ਤੇ ਦੋਸਤਾਂ ਵੱਲੋਂ ਨਿੱਘੀ ਵਿਦਾਇਗੀ ਦਿੰਦਿਆਂ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਵੱਲੋਂ ਨਭਾਈਆਂ ਹੋਈਆਂ ਬੇਦਾਗ ਸੇਵਾਵਾਂ ਦੀ ਸ਼ਲਾਘਾ ਕੀਤੀ ਗਈ। ਅਵਤਾਰ ਸਿੰਘ ਸੈਦੋਲੇਹਲ ਨੇ ਖੁਸ਼ੀ ਵਿੱਚ ਆਪਣੇ ਗ੍ਰਹਿ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਵਾਏ। ਸੰਬੋਧਨ ਕਰਦਿਆਂ ਮੁਲਾਜ਼ਮ ਜਥੇਬੰਦੀ ਟੀਐੱਸਯੂ ਦੇ ਡਵੀਜ਼ਨ ਪ੍ਰਧਾਨ ਬਿਕਰਮਜੀਤ ਸਿੰਘ, ਸਰਕਲ ਪ੍ਰਧਾਨ ਗੁਰਵਿੰਦਰ ਸਿੰਘ ਰੰਧਾਵਾ, ਡਵੀਜ਼ਨ ਸਕੱਤਰ ਮਨੋਜ ਕੁਮਾਰ, ਐੱਸਡੀਓ ਪੰਕਜ, ਜੇਈ ਦਿਲਜੀਤ ਸਿੰਘ ਜੋਸਨ, ਜੇਈ ਕਾਬਲ ਸਿੰਘ ਬਾਠ, ਹਰਜਿੰਦਰ ਸਿੰਘ ਸੋਨੂ ਮੀਤ ਪ੍ਰਧਾਨ, ਸੁਖਵਿੰਦਰ ਸਿੰਘ ਜੇਈ, ਸ਼ਰਨਜੀਤ ਸਿੰਘ ਜੇਈ, ਸੁਖਮਿੰਦਰ ਸਿੰਘ ਮੀਤ ਪ੍ਰਧਾਨ, ਦਿਲਬਾਗ ਸਿੰਘ ਜੇਈ , ਦਮਨਦੀਪ ਸਿੰਘ ਮੀਤ ਸਕੱਤਰ ਨੇ ਅਵਤਾਰ ਸਿੰਘ ਵੱਲੋਂ ਪਾਵਰ ਕਾਰਪਰਸ਼ਨ ਅਤੇ ਟੀਐੱਸਯੂ ਵਿੱਚ ਨਿਭਾਈਆਂ ਗਈਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਵਤਾਰ ਸਿੰਘ ਵਰਗੇ ਹੋਣਹਾਰ ਮੁਲਾਜ਼ਮਾਂ ਸਦਕਾ ਹੀ ਪਾਵਰ ਕਾਰਪਰੇਸ਼ਨ ਅਤੇ ਜਥੇਬੰਦੀਆਂ ਸਹੀ ਤਰੀਕੇ ਨਾਲ ਕੰਮ ਕਰ ਰਹੀਆਂ ਹਨ। ਅਸੀਂ ਆਪਣੀ ਜਥੇਬੰਦੀ ਅਤੇ ਸਮੂਹ ਮੁਲਾਜ਼ਮਾਂ ਵੱਲੋਂ ਅਵਤਾਰ ਸਿੰਘ ਨੂੰ ਵਧਾਈ ਦਿੰਦੇ ਆਂ ਅਤੇ ਵਿਸ਼ਵਾਸ ਦਿਵਾਉਂਦੇ ਹਾਂ ਕਿ ਪਹਿਲਾਂ ਦੀ ਤਰ੍ਹਾਂ ਹੀ ਅਸੀਂ ਉਨ੍ਹਾਂ ਦੇ ਨਾਲ ਖੜੇ ਰਹਾਂਗੇ। ਇਸ ਮੌਕੇ ਅਵਤਾਰ ਸਿੰਘ ਵੱਲੋਂ ਆਏ ਹੋਏ ਆਪਣੇ ਮੁਲਾਜ਼ਮ ਸਾਥੀਆਂ ਦਾ ਤੇ ਹੋਰ ਆਗੂਆਂ ਦਾ ਧੰਨਵਾਦ ਕੀਤਾ ਗਿਆ ।



# ਪ੍ਰੀ-ਪੇਡ ਸਮਾਰਟ ਮੀਟਰ ਲਾਹ ਕੇ ਕੀਤੇ ਮਹਿਕਮੇ ਦੇ ਹਵਾਲੇ

**ਮਜੀਠਾ (ਸੋਇਮ ਆਨੰਦ)**-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਸਰਕਲ ਮਜੀਠਾ ਦੇ ਪ੍ਰਧਾਨ ਜਸਪਾਲ ਸਿੰਘ ਨਵੇਂ ਨਾਗ ਦੀ ਅਗਵਾਈ ਵਿਚ ਕਿਸਾਨਾਂ ਨੇ ਮਹਿਕਮਾ ਪਾਵਰਕਾਮ ਵੱਲੋਂ ਰਣਬੀਰ ਸਿੰਘ ਪਿੰਡ ਨਾਗ ਕਲਾਂ ਅਤੇ ਦਿਆਲ ਚੰਦ ਨਾਗ ਕਲਾਂ ਦੇ ਘਰਾਂ ਵਿਚ ਪ੍ਰੀ-ਪੇਡ ਸਮਾਰਟ ਮੀਟਰ ਲਗਾਏ ਸਨ ਉਹ ਉਤਾਰ ਕੇ ਜੇ. ਈ. ਰਮਨ ਕੁਮਾਰ ਦੇ ਹਵਾਲੇ ਕਰ ਦਿੱਤੇ।ਗੱਲਬਾਤ ਕਰਦਿਆਂ ਸਰਕਲ ਪ੍ਰਧਾਨ ਜਸਪਾਲ ਸਿੰਘ ਨਾਗ ਨਵੇਂ ਨੇ ਕਿਹਾ ਕਿ ਜਥੇਬੰਦੀ ਹਲਕੇ ਵਿਚ ਕਿਧਰੇ ਵੀ ਪ੍ਰੀ-ਪੇਡ ਸਮਾਰਟ ਮੀਟਰ ਨਹੀਂ ਲੱਗਣ ਦੇਵੇਗੀ। ਅਗਰ ਮਹਿਕਮੇ ਨੇ ਜ਼ਬਰਦਸਤੀ ਇਹ ਮੀਟਰ ਲਗਾਏ ਤਾਂ ਇਸੇ ਤਰ੍ਹਾਂ ਉਤਾਰ ਕੇ ਮਹਿਕਮੇ ਦੇ ਹਵਾਲੇ ਕੀਤੇ ਜਾਣਗੇ।ਉਨ੍ਹਾਂ ਕਿਹਾ ਕਿ ਇਲਾਕੇ ਵਿਚ ਕਿਸਾਨ ਤੇ ਮਜ਼ਦੂਰ ਪਹਿਲਾਂ ਹੀ ਕੁਦਰਤੀ ਮਾਰ ਅਤੇ ਹੁਣ ਸਰਕਾਰ ਦੀ ਨਾਕਾਮੀ ਦੀ ਮਾਰ ਝੱਲ ਰਹੇ ਹਨ।ਮੰਡੀਆਂ ਵਿੱਚੋਂ ਕਣਕ ਨਹੀਂ ਚੁੱਕੀ ਜਾ ਰਹੀ ।ਉਪਰੋਂ ਸਰਕਾਰ ਪਿੰਡਾਂ ਵਿਚ ਕਿਸਾਨਾਂ, ਮਜ਼ਦੂਰਾਂ ਦੇ ਘਰਾਂ ਵਿਚ ਪ੍ਰੀ-ਪੇਡ ਸਮਾਰਟ ਮੀਟਰ ਲਗਾ ਕੇ ਇਨ੍ਹਾਂ ਦਾ ਕਚੂੰਮਰ ਕੱਢਣਾ ਚਾਹੁੰਦੀ ਹੈ ਜਿਸ ਦਾ ਜਥੇਬੰਦੀ ਡਟ ਕੇ ਵਿਰੋਧ ਕਰੇਗੀ।ਇਸ ਮੌਕੇ ਸਰਕਲ ਪ੍ਰਧਾਨ ਜਸਪਾਲ ਸਿੰਘ ਨਾਗ ਨਵੇਂ ਦੇ ਨਾਲ ਰਾਜ ਸਿੰਘ ਨਾਗ ਕਲਾਂ, ਮੁਖਵੰਤ ਸਿੰਘ ਆਬਾਦੀ ਵਰਪਾਲ, ਨਵਪ੍ਰੀਤ ਸਿੰਘ ਨਾਗ ਕਲਾਂ, ਨਰਿੰਦਰ ਸਿੰਘ, ਜਸਪ੍ਰੀਤ ਸਿੰਘ, ਕੁਲਦੀਪ ਸਿੰਘ, ਹਰਦੀਪ ਸਿੰਘ, ਸਿਮਰਜੀਤ ਸਿੰਘ, ਲਖਵਿੰਦਰ ਸਿੰਘ, ਕਵਲਜੀਤ ਸਿੰਘ, ਸਾਬ ਸਿੰਘ, ਮਨਜੀਤ ਸਿੰਘ, ਆਦਿ ਕਿਸਾਨ ਆਗੂ ਹਾਜ਼ਰ ਸਨ।

# ਗਲਤਫਹਿਮੀ

ਕੁਝ ਪੱਤਰਕਾਰ ਅਤੇ ਅਖੌਤੀ ਬੁੱਧੀਜੀਵੀ ਇਹ ਕਹਿ ਰਹੇ ਹਨ ਕਿ ਜੇ ਚੋਣ ਕਮਿਸ਼ਨ ਕੇਂਦਰ ਵਿੱਚ ਸੱਤਾਧਾਰੀ ਭਾਜਪਾ ਨਾਲ ਮਿਲੀਭੁਗਤ ਕਰਕੇ ਚੱਲ ਰਿਹਾ ਹੁੰਦਾ, ਤਾਂ ਕੇਰਲਾ ਅਤੇ ਤਾਮਿਲਨਾਡੂ ਦੇ ਨਤੀਜੇ ਇੰਨੇ ਵੱਖਰੇ ਕਿਉਂ ਹੁੰਦੇ? ਮੌਕੇ ਦੀ ਉਡੀਕ ਕਰ ਰਹੇ ਅਜਿਹੇ ਮਾਸੂਮ ਜਾਂ ਚਲਾਕ ਲੋਕ ਮੰਨਦੇ ਹਨ ਕਿ ਦੇਸ਼ ਵਿੱਚ ਸਭ ਕੁਝ ਠੀਕ ਚੱਲ ਰਿਹਾ ਹੈ ਅਤੇ ਸਾਰੇ ਲੋਕਤੰਤਰੀ ਅਤੇ ਸੰਵਿਧਾਨਕ ਅਦਾਰੇ ਨਿਰਪੱਖਤਾ ਨਾਲ, ਬਹੁਤ ਇਮਾਨਦਾਰੀ ਅਤੇ ਸਾਫ-ਸੁਥਰੇ ਢੰਗ ਨਾਲ ਕੰਮ ਕਰ ਰਹੇ ਹਨ..! ਕੋਈ ਵੀ ਪੱਤਰਕਾਰ, ਜਿਸ ਕੋਲ ਸੱਚੀ ਪੱਤਰਕਾਰੀ ਦੀ ਜ਼ਮੀਰ ਹੈ, ਜਾਣਦਾ ਹੈ ਕਿ ਬੇਈਮਾਨ ਵਿਅਕਤੀ ਇੰਨੀ ਚਲਾਕੀ ਨਾਲ ਬੇਈਮਾਨੀ ਕਰਦਾ ਹੈ ਕਿ ਉਹ ਜਲਦੀ ਫੜਿਆ ਨਹੀਂ ਜਾਂਦਾ। ਸਿਰਫ ਇੱਕ ਮੂਰਖ ਕਾਤਲ ਹੀ ਸਬੂਤ ਛੱਡਦਾ ਹੈ! ਜੇ ਅਜਿਹੇ 'ਬੁੱਧੀਜੀਵੀ' ਇਹ ਮੰਨਦੇ ਹਨ ਕਿ ਅੱਜ ਸੱਤਾ ਵਿੱਚ ਬੈਠੇ ਲੋਕ ਸ਼ਾਂਤੀ ਅਤੇ ਇਮਾਨਦਾਰੀ ਦੇ ਪੁਜਾਰੀ ਅਤੇ ਦੂਤ ਹਨ, ਤਾਂ ਕੋਈ ਕੀ ਕਹਿ ਸਕਦਾ ਹੈ? ਇੱਕ ਤਜਰਬੇਕਾਰ ਅਤੇ ਸਿਆਣੇ ਪੱਤਰਕਾਰ ਅਤੇ ਬੁੱਧੀਜੀਵੀ ਨੂੰ ਘੱਟੋ-ਘੱਟ ਇਹ ਸਮਝਣਾ ਚਾਹੀਦਾ ਹੈ ਕਿ ਮੌਜੂਦਾ ਹਾਲਾਤ ਵਿੱਚ, ਭਾਜਪਾ ਅਤੇ ਸੰਘ ਪਰਵਾਰ ਕੇਰਲਾ ਅਤੇ ਤਾਮਿਲਨਾਡੂ ਵਿੱਚ ਆਪਣਾ ਨੱਕ ਰਗੜ ਕੇ ਕੁਝ ਪ੍ਰਾਪਤ ਨਹੀਂ ਕਰ ਸਕਦੇ ਸੀ। ਤਾਂ ਫਿਰ, ਉਹ ਉੱਥੇ ਬੇਈਮਾਨੀ ਦੀ ਚਿੰਤਾ ਕਿਉਂ ਕਰਦੇ? ਉਹ ਕੇਰਲਾ ਅਤੇ ਤਾਮਿਲਨਾਡੂ ਵਿੱਚ ਚਲਾਕੀ ਕਰਨ ਦੀ ਸਥਿਤੀ ਵਿੱਚ ਹੀ ਨਹੀਂ ਸਨ। ਪਰ ਉਹ ਬਿਹਾਰ ਅਤੇ ਬੰਗਾਲ ਵਿੱਚ ਸਨ, ਅਤੇ ਇਸ ਲਈ, ਬਿਹਾਰ ਤੋਂ ਬਾਅਦ, ਉਨ੍ਹਾਂ ਦਾ ਟੀਚਾ ਬੰਗਾਲ 'ਤੇ ਕਬਜ਼ਾ ਕਰਨਾ ਸੀ, ਜਿੱਥੇ ਉਨ੍ਹਾਂ ਕੋਲ ਆਪਣੀ ਬੇਈਮਾਨੀ ਨੂੰ ਛੁਪਾਉਣ ਲਈ ਜ਼ਮੀਨ ਸੀ। ਕੇਰਲਾ ਅਤੇ ਤਾਮਿਲਨਾਡੂ ਤਾਂ ਉਨ੍ਹਾਂ ਦੀ ਬੇਈਮਾਨੀ ਨੂੰ ਲੁਕੋਣ ਦਾ ਇੱਕ ਸਾਧਨ ਬਣ ਗਏ: ਦੇਖੋ, ਦੇਖੋ ਚੋਣ ਕਮਿਸ਼ਨ ਕਿੰਨਾ ਨਿਰਪੱਖ ਹੈ! ਦਰਅਸਲ, ਬਹੁਤ ਸਾਰੇ ਭੋਲੇ ਜਾਂ ਮੌਕਾਪ੍ਰਸਤ ਵਿਅਕਤੀ, ਨਫਰਤ ਭਰੀਆਂ ਅਤੇ ਵਿਨਾਸ਼ਕਾਰੀ ਤਾਕਤਾਂ ਦੀ ਨਕਲੀ ਨਿਰਪੱਖਤਾ ਵਿੱਚ ਫਸ ਕੇ, ਉਨ੍ਹਾਂ ਲਈ ਪ੍ਰਚਾਰ ਕਰਨਾ ਸ਼ੁਰੂ ਕਰ ਦਿੰਦੇ ਹਨ।

ਇਹ ਸਮਝਣਾ ਬਹੁਤ ਜ਼ਰੂਰੀ ਹੈ ਕਿ ਬਿਹਾਰ ਤੋਂ ਬਾਅਦ, ਬੰਗਾਲ ਵਿੱਚ ਇੱਕ ਪ੍ਰਮੁੱਖ ਮੌਜੂਦਗੀ ਸੰਘ ਪਰਵਾਰ ਦੇ ਹਿੰਦੂ ਰਾਸ਼ਟਰ ਦੇ ਦ੍ਰਿਸ਼ਟੀਕੋਣ ਲਈ ਕਿਉਂ ਮਹੱਤਵਪੂਰਨ ਸੀ। ਅਸਾਮ ਅਤੇ ਤ੍ਰਿਪੁਰਾ ਤੋਂ ਬਾਅਦ, ਬੰਗਾਲ ਉੱਤਰ-ਪੂਰਬ ਵਿੱਚ ਸਭ ਤੋਂ ਮਹੱਤਵਪੂਰਨ ਗੈਰ-ਹਿੰਦੀ ਭਾਸ਼ੀ ਰਾਜ ਹੈ, ਅਤੇ ਇਸ ਨੂੰ ਹਿੰਦੂ-ਮੁਸਲਮ ਨਫਰਤ ਲਈ ਇੱਕ ਟੈਸਟਿੰਗ ਗਰਾਊਂਡ ਵਜੋਂ ਵਰਤ ਕੇ, ਸੰਘ ਪਰਵਾਰ ਆਪਣੇ ਸੁਪਨੇ ਨੂੰ ਤੇਜ਼ੀ ਨਾਲ ਅੱਗੇ ਵਧਾ ਸਕਦਾ ਹੈ। ਇਸੇ ਕਰਕੇ ਹਾਲੀਆ ਚੋਣਾਂ ਦੌਰਾਨ ਬੰਗਾਲ ਨੂੰ ਲਗਾਤਾਰ ਸੁਰਖੀਆਂ ਵਿੱਚ ਰੱਖਿਆ ਗਿਆ ਸੀ, ਅਤੇ ਅਡਾਨੀ-ਅੰਬਾਨੀ ਵੱਲੋਂ ਚਲਾਏ ਜਾ ਰਹੇ ਮੀਡੀਆ ਨੇ ਇਸ ਜ਼ਿੰਮੇਵਾਰੀ ਨੂੰ ਸ਼ਾਨਦਾਰ ਇਮਾਨਦਾਰੀ ਨਾਲ ਨਿਭਾਇਆ।

ਬਹੁਤ ਸਾਰੇ ਗੰਭੀਰ ਪੱਤਰਕਾਰ ਅਤੇ ਬੁੱਧੀਜੀਵੀ ਸ਼ਾਇਦ ਅਸਾਮ ਅਤੇ ਤ੍ਰਿਪੁਰਾ ਤੋਂ ਬਾਅਦ ਬੰਗਾਲ 'ਤੇ ਕਬਜ਼ਾ ਕਰਨ ਦੇ ਇਰਾਦੇ ਨੂੰ ਸਮਝਣ ਦੇ ਯੋਗ ਨਹੀਂ ਸਨ। ਇਹ ਨਹੀਂ ਭੁੱਲਣਾ ਚਾਹੀਦਾ ਕਿ ਇਹ ਰਾਜ ਗੈਰ-ਹਿੰਦੀ ਭਾਸ਼ੀ ਸਰਹੱਦੀ ਰਾਜ ਹਨ, ਜਿੱਥੇ ਫਿਰਕੂ ਵੰਡ ਦੀਆਂ ਜੜ੍ਹਾਂ ਨੂੰ ਡੂੰਘਾ ਕਰਕੇ ਅੰਨ੍ਹੇ ਰਾਸ਼ਟਰਵਾਦ ਹੋਰ ਵੀ ਤੇਜ਼ੀ ਨਾਲ ਫੈਲਾਇਆ ਜਾ ਸਕਦਾ ਹੈ। ਅਤੇ ਇਹ ਦੱਸਣ ਦੀ ਕੋਈ ਲੋੜ ਨਹੀਂ ਹੈ ਕਿ ਅੰਨ੍ਹੇ ਰਾਸ਼ਟਰਵਾਦ ਹਿੰਦੂ ਰਾਸ਼ਟਰਵਾਦ ਲਈ ਖਾਦ ਦਾ ਕੰਮ ਕਿਵੇਂ ਕਰਦਾ ਹੈ। ਇਸ ਲਈ, ਬੰਗਾਲ 'ਤੇ ਦਬਦਬਾ ਭਾਜਪਾ ਅਤੇ ਸੰਘ ਪਰਵਾਰ ਲਈ ਇੱਕ ਅਟੱਲ ਲੋੜ ਹੈ। ਇਨ੍ਹਾਂ ਰਾਜਾਂ ਵਿੱਚ ਭਾਜਪਾ ਅਤੇ ਸੰਘ ਦੇ ਦਬਦਬੇ ਦਾ ਅਰਥ ਹੈ ਸੰਵਿਧਾਨ, ਲੋਕਤੰਤਰ ਅਤੇ ਧਰਮ ਨਿਰਪੱਖਤਾ ਦੀਆਂ ਕਦਰਾਂ-ਕੀਮਤਾਂ 'ਤੇ ਹੋਰ ਹਮਲਾ।

## ਵਧ ਰਹੀ ਮੁਨਾਫ਼ਾਖੋਰੀ, ਠੱਗੀਆਂ ਤੇ ਲੁੱਟ ਸਮਾਜ ਲਈ ਘਾਤਕ

ਜੇਕਰ ਦੇਖਿਆ ਜਾਵੇ ਤਾਂ ਵੱਡੇ-ਵੱਡੇ ਅਫਸਰ ਜੋ ਵਧੀਆ ਤਨਖਾਹਾਂ ਲੈਂਦੇ ਨੇ, ਚੰਗੀਆਂ ਜ਼ਮੀਨਾਂ-ਜਾਇਦਾਦਾਂ ਨੇ, ਉਹ ਵੀ ਰਿਸ਼ਵਤਾਂ ਲੈ ਰਹੇ ਨੇ, ਫਿਰ ਬਾਅਦ ਵਿੱਚ ਇਹੀ ਅਫ਼ਸਰ ਰਿਟਾਇਰ ਹੋਣ ਤੋਂ ਬਾਅਦ ਆਪਣੇ ਆਪ ਨੂੰ ਵੱਡੇ ਸਮਾਜ ਸੇਵੀ ਅਖਵਾਉਣ ਲੱਗ ਜਾਂਦੇ ਹਨ। ਅਫਸਰਾਂ ਤੋਂ ਬਾਅਦ ਜੇਕਰ ਬਹੁਤੀਆਂ ਦੁਕਾਨਾਂ 'ਤੇ ਜਾਈਏ ਖ਼ਾਸਕਰ ਮੈਡੀਕਲ ਜਾਂ ਹਸਪਤਾਲਾਂ 'ਤੇ ਤਾਂ ਇਹ ਜਿਵੇਂ ਲੋਕਾਂ ਦੇ ਗਲ ਵੱਢਣ ਨੂੰ ਹੀ ਲਗਾਏ ਹੋਣ। ਦਵਾਈਆਂ ਦੇ ਰੇਟ ਆਮ ਨਾਲੋਂ ਦੁੱਗਣੇ-ਤਿਗਣੇ ਰੱਖੇ ਹੁੰਦੇ ਹਨ। ਹਸਪਤਾਲ ਵਿਚ ਡਾਕਟਰਾਂ ਦੀਆਂ ਆਪਣੀਆਂ ਮੈਡੀਕਲ ਦੁਕਾਨਾਂ ਨੇ, ਆਪਣੀਆਂ ਟੈਸਟ ਮਸ਼ੀਨਾਂ ਨੇ ਜਿਥੇ ਆਪਣੀ ਮਰਜ਼ੀ ਦੇ ਰੇਟ ਹੁੰਦੇ ਹਨ, ਜਿਥੋਂ ਦੇ ਖਰਚੇ ਸੁਣ ਕੇ ਮਰੀਜ਼ ਦੁਗਣਾ ਬੀਮਾਰ ਹੋ ਜਾਂਦਾ ਹੈ। ਫਿਰ ਕੀਟਨਾਸ਼ਕ ਅਤੇ ਬੀਜਾਂ ਵਾਲੀਆਂ ਦੁਕਾਨਾਂ 'ਤੇ ਜਾਈਏ ਤਾਂ ਭੋਲੇ-ਭਾਲੇ ਕਿਸਾਨ ਦੀ ਲੁੱਟ ਆਮ ਦੇਖਣ ਨੂੰ ਮਿਲਦੀ ਹੈ।ਝਾੜ ਵੱਧ ਕਹਿ ਕੇ ਬੀਜ ਵੇਚੇ ਜਾਂਦੇ ਹਨ ਝਾੜ ਘੱਟ ਹੋਣ 'ਤੇ ਬਹਾਨਾ ਹੁੰਦਾ ਹੈ ਮੌਸਮ ਖ਼ਰਾਬ ਹੋਣਾ ਅਤੇ ਜ਼ਮੀਨ ਮਾੜੀ ਹੋਣਾ। ਇਵੇਂ ਹੀ ਆਰਗੈਨਿਕ ਸਮਾਨ 'ਤੇ ਵੀ ਲੁੱਟ ਹੋ ਰਹੀ ਹੈ, ਜਿਵੇਂ ਕਣਕ, ਗੁੜ, ਸ਼ੱਕਰ, ਤੇਲ, ਆਦਿ ਆਮ ਵਰਤੋਂ ਦਾ ਸਮਾਨ ਚਲੋ ਆਮ ਰੇਟ ਨਾਲੋਂ ਦੁਗਣਾ ਤਾਂ ਜਾਇਜ਼ ਹੈ, ਪਰ ਤਿਗਣਾ-ਚੌਗਣਾ ਰੇਟ ਲਗਾ ਕੇ ਗਾਹਕਾਂ ਨੂੰ ਲੁੱਟਿਆ ਜਾ ਰਿਹਾ, ਉਹ ਵੀ ਪਤਾ ਨਹੀਂ ਸੌ ਪ੍ਰਤੀਸ਼ਤ ਆਰਗੈਨਿਕ ਹੈ ਜਾਂ ਨਹੀ।ਸ਼ਹਿਰ ਤੋਂ ਬਾਹਰ ਜਾਈਏ ਤਾਂ ਪਿੰਡਾਂ ਵਿੱਚ ਦੇਖੀਏ ਤਾਂ ਬਹੁਤ ਲੋਕ ਸ਼ਾਮਲਾਟ ਜ਼ਮੀਨਾਂ 'ਤੇ ਕਬਜ਼ੇ ਕਰੀ ਬੈਠੇ ਨੇ, ਬਹੁਤ ਨੇ ਸੜਕਾਂ, ਗਲੀਆਂ ਤੱਕ ਰੈਂਪ ਬਣਾਈ ਬੈਠੇ ਨੇ।ਉਂਝ ਦਿਖਾਵੇ ਦੇ ਤੌਰ 'ਤੇ ਬੜੇ ਧਰਮੀ ਬਣਦੇ ਹਨ। ਇਥੇ ਹੀ ਬਸ ਨਹੀਂ, ਬਹੁਤਿਆਂ ਨੇ ਆਪਣੇ ਭਰਾ ਦਾ ਹੱਕ ਵੀ ਮਾਰਿਆ ਹੁੰਦਾ ਹੈ। ਅਜਿਹੇ ਬੰਦੇ ਬਹੁਤ ਝਗੜਿਆਂ ਵਿਚਲੇ ਸਮਝੌਤਿਆ ਦੇ ਆਪਣੇ ਆਪ ਨੂੰ ਮੋਹਰੀ ਸਮਝਦੇ ਹੁੰਦੇ ਹਨ। ਬੜੇ ਲੋਕ ਅਜਿਹੇ ਮਿਲਣਗੇ, ਜਿਨ੍ਹਾਂ ਨੇ ਥੋੜ੍ਹੇ ਜਿਹੇ ਪੈਸਿਆਂ ਬਦਲੇ ਜਾਂ ਸ਼ਰਾਬ ਬਦਲੇ ਕੌਡੀਆਂ ਦੇ ਭਾਅ ਕਿਸਾਨ ਦੀ ਜ਼ਮੀਨ ਖਰੀਦ ਲਈ ਹੁੰਦੀ ਹੈ। ਫਿਰ ਜੇਕਰ ਸ਼ਹਿਰਾਂ ਅਤੇ ਪਿੰਡਾਂ ਤੋਂ ਬਾਹਰ ਬਾਹਰ ਲੱਗੀਆਂ ਫੈਕਟਰੀਆਂ ਅਤੇ ਕਾਰਖਾਨਿਆਂ ਵਿਚ ਦੇਖੀਏ ਤਾਂ ਇਹ ਸਭ ਤੋਂ ਵੱਧ ਸ਼ੋਸ਼ਣ ਇਥੇ ਮੁਲਾਜ਼ਮਾਂ ਤੇ ਮਜ਼ਦੂਰਾਂ ਦਾ ਹੁੰਦਾ ਹੈ। ਕੰਮ ਅੱਠ ਘੰਟੇ ਦੀ ਬਜਾਏ ਬਾਰਾਂ ਘੰਟੇ, ਤਨਖਾਹ ਬਹੁਤ ਥੋੜ੍ਹੀ ਸਿਰਫ਼ ਅੱਠ ਦਸ ਹਜ਼ਾਰ ਕੰਮ ਬੜਾ ਸਖ਼ਤ ਛੁੱਟੀ ਦੇ ਪੈਸੇ ਕੱਟੇ ਜਾਂਦੇ ਹਨ। ਪ੍ਰਾਈਵੇਟ ਸਕੂਲਾਂ ਵੱਲ ਦੇਖੀਏ ਤਾਂ ਇਥੇ ਪੜ੍ਹਾ ਰਹੇ ਅਧਿਆਪਕਾਂ ਨੂੰ ਇਹ ਬਸ ਇਕ ਤਰ੍ਹਾਂ ਨੌਕਰ ਹੀ ਸਮਝਦੇ ਹਨ। ਤਨਖਾਹ ਸੋਅ ਤਾਂ ਪੂਰੀ ਕਰਦੇ ਹਨ, ਪਰ ਦਿੰਦੇ ਅੱਧ ਨਾਲੋਂ ਵੀ ਘੱਟ। ਕੰਮ ਇਥੇ ਵੀ ਸਰਕਾਰੀ ਸਕੂਲਾਂ ਨਾਲੋਂ ਜ਼ਿਆਦਾ ਗੈਰ-ਵਿੱਦਿਅਕ ਵੀ ਹੁੰਦਾ। ਜੇਕਰ ਘਰ ਪਾਉਣ ਲਈ ਸਮਾਨ ਖ੍ਰੀਦਣਾ ਹੈ, ਉਸ ਵਿੱਚ ਵੀ ਰੇਟ ਦੁਗਣੇ-ਤਿਗਣੇ ਲਗਾਏ ਜਾਂਦੇ ਹਨ, ਜਿਥੇ ਸਮੱਸਿਆ ਇਹ ਪੈਦਾ ਹੋ ਜਾਂਦੀ ਹੈ ਕਿ ਗਰੀਬ ਬੰਦਾ ਘਰ ਹੀ ਨਹੀਂ ਬਣਾ ਸਕਦਾ। ਜੇਕਰ ਸੋਸ਼ਲ ਮੀਡੀਆ ਦੇ ਬਲੋਗਰਾਂ ਵੱਲ ਦੇਖੀਏ ਤਾਂ ਉਹ ਆਪਣੇ ਮੁਨਾਫੇ ਲਈ ਘਟੀਆ, ਪਰ ਮਹਿੰਗੇ ਸਮਾਨ ਦੀ ਮਸ਼ਹੂਰੀ ਸ਼ਰੇਆਮ ਕਰ ਰਹੇ ਹਨ, ਜਿਨ੍ਹਾਂ ਦੇ ਝਾਂਸੇ ਵਿੱਚ ਆ ਕੇ ਲੋਕ ਲੁੱਟੇ ਜਾ ਰਹੇ ਹਨ।ਸੋ ਲੀਡਰਾਂ ਬਾਰੇ ਤਾਂ ਸਭ ਨੂੰ ਪਤਾ ਹੈ, ਪਰ ਇਧਰ ਵੀ ਧਿਆਨ ਦੇਣ ਦੀ ਲੋੜ ਹੈ, ਜੋ ਕਿ ਇਹ ਮਸਲੇ ਵੀ ਜ਼ਿਆਦਾਤਰ ਗਰੀਬ ਮਜ਼ਦੂਰ ਕਿਸਾਨ ਆਮ ਪੇਂਡੂ ਸ਼ਹਿਰੀ ਲਈ ਬਹੁਤ ਵੱਡੇ ਆਰਥਿਕ ਮਸਲੇ ਹਨ।ਇਸ ਮੁਨਾਫ਼ਾਖੋਰੀ, ਜਮ੍ਹਾਂਖੋਰੀ ਰਾਤੋਂ-ਰਾਤ ਅਮੀਰ ਬਣਨ ਦੀ ਹੋੜ ਨੂੰ ਘਟਾ ਕੇ ਥੋੜ੍ਹਾ ਸੰਜਮ ਨਾਲ ਆਪਣੇ ਤੋਂ ਮਾੜੇ ਦਾ ਸਾਥ ਦੇਣ ਦੀ ਲੋੜ ਹੈ।ਇਸ ਪਾਸੇ ਵੱਲ ਸਮਾਜ ਨੂੰ ਬਹੁਤ ਵੱਡੀ ਪੱਧਰ 'ਤੇ ਸੋਚਣਾ ਚਾਹੀਦਾ ਹੈ ਕਿ ਅਸੀਂ ਦੁਨੀਆ ਲਈ ਮਿਸਾਲ ਬਣੀਏ।

-ਗੁਰਦਿੱਤ ਸਿੰਘ ਸੇਖੋਂ, 97811-72781

# ਚੋਣ ਨਤੀਜਿਆਂ ਦਾ ਪੰਜਾਬ ਦੀ ਰਾਜਨੀਤੀ 'ਤੇ ਅਸਰ


ਡਾ. ਅਰੁਣ ਮਿਤਰਾ

ਸਾਮ, ਦਾਮ, ਦੰਡ, ਭੇਦ ਦੀ ਨੀਤੀ ਅਧੀਨ ਅਤੇ ਵੱਖ-ਵੱਖ ਸੰਵਿਧਾਨਕ ਸੰਸਥਾਵਾਂ ਨੂੰ ਆਪਣੇ ਹੱਕ ਵਿੱਚ ਵਰਤਦੇ ਹੋਏ, ਭਾਜਪਾ ਨੇ ਅਸਾਮ, ਪੁਡੂਚੇਰੀ ਅਤੇ ਪੱਛਮੀ ਬੰਗਾਲ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਜਿੱਤ ਹਾਸਲ ਕੀਤੀ ਹੈ। ਖਾਸ ਕਰਕੇ ਪੱਛਮੀ ਬੰਗਾਲ ਵਿੱਚ ਆਪਣੇ ਪ੍ਰਦਰਸ਼ਨ ਨੂੰ ਲੈ ਕੇ ਪਾਰਟੀ ਬਹੁਤ ਉਤਸ਼ਾਹਿਤ ਹੈ, ਜਿੱਥੇ ਦਾਅਵਾ ਕੀਤਾ ਜਾਂਦਾ ਹੈ ਕਿ ਲੱਗਭੱਗ 27 ਲੱਖ ਵੋਟਰਾਂ ਦੇ ਨਾਂਅ ਹਟਾਏ ਗਏ, ਹਾਲਾਂਕਿ ਕਈ ਲੋਕਾਂ ਨੇ ਲੋੜੀਂਦੇ ਦਸਤਾਵੇਜ਼ ਬਾਕਾਇਦਾ ਪੇਸ਼ ਕਰਨ ਦੀ ਗੱਲ ਕੀਤੀ ਸੀ।

ਪ੍ਰਧਾਨ ਮੰਤਰੀ ਨੇ ਦਾਅਵਾ ਕੀਤਾ ਹੈ ਕਿ ਵਿਰੋਧੀ ਲੱਗਭੱਗ ਖਤਮ ਹੋ ਗਏ ਹਨ। ਇਹ ਗੱਲ ਵੀ ਵਿਆਪਕ ਤੌਰ 'ਤੇ ਜਾਣੀ ਜਾਂਦੀ ਹੈ ਕਿ ਭਾਜਪਾ ਨੇ ਧਾਰਮਿਕ ਧਰੁਵੀਕਰਨ ਨੂੰ ਮੁੱਖ ਚੋਣ ਰਣਨੀਤੀ ਵਜੋਂ ਵਰਤਿਆ। ਚੋਣ ਕਮਿਸ਼ਨ ਦੇ ਪੱਖਪਾਤੀ ਰਵੱਈਏ ਅਤੇ ਨਿਆਂਪਾਲਿਕਾ, ਜਿਸ ਵਿੱਚ ਸੁਪਰੀਮ ਕੋਰਟ ਵੀ ਸ਼ਾਮਲ ਹੈ, ਵੱਲੋਂ ਨਿਆਂ ਅਤੇ ਸਮੱਸਿਆਵਾਂ ਦਾ ਹੱਲ ਨਾ ਦੇ ਸਕਣ ਨੂੰ ਲੈ ਕੇ ਵੀ ਚਿੰਤਾਵਾਂ ਹਨ। ਫਿਰ ਵੀ ਨਤੀਜੇ ਹੁਣ ਅੰਤਿਮ ਹਨ।

ਭਾਜਪਾ ਨੇ ਆਪਣੇ ਸੰਬੰਧਤ ਧਾਰਮਿਕ ਅਤੇ ਹੋਰ ਗਰੁੱਪਾਂ ਰਾਹੀਂ ਲੋਕਾਂ ਵਿੱਚ ਅੰਧਵਿਸ਼ਵਾਸੀ ਵਿਚਾਰ ਫੈਲਾਉਣ ਵਿੱਚ ਵੀ ਸਫਲਤਾ ਹਾਸਲ ਕੀਤੀ ਹੈ। ਇਸ ਪ੍ਰਕਿਰਿਆ ਦੀ ਸ਼ੁਰੂਆਤ 1995 ਤੋਂ ਮੰਨੀ ਜਾ ਸਕਦੀ ਹੈ, ਜਦੋਂ ਲੋਕਾਂ ਨੂੰ ਇਹ ਵਿਸ਼ਵਾਸ ਦਿਵਾਇਆ ਗਿਆ ਕਿ ਭਗਵਾਨ ਗਣੇਸ਼ ਦੀਆਂ ਮੂਰਤੀਆਂ ਦੁੱਧ ਪੀਂਦੀਆਂ ਹਨ। ਹਾਲਾਂਕਿ ਇਹ ਘਟਨਾ ਕੁਝ ਘੰਟਿਆਂ ਲਈ ਹੀ ਰਹੀ ਅਤੇ ਤਰਕਸ਼ੀਲ ਲੋਕਾਂ ਨੇ ਇਸ ਨੂੰ ਚੁਣੌਤੀ ਦਿੱਤੀ, ਪਰ ਇਸ ਨੇ ਇੱਕ ਮਿਸਾਲ ਕਾਇਮ ਕੀਤੀ। ਹਾਲ ਹੀ ਵਿੱਚ ਕੋਵਿਡ-19 ਮਹਾਂਮਾਰੀ ਦੌਰਾਨ ਵੀ ਪ੍ਰਧਾਨ ਮੰਤਰੀ ਵੱਲੋਂ ਖੁਦ ਲੋਕਾਂ ਨੂੰ ਥਾਲੀਆਂ ਵਜਾਉਣ, ਤਾਲੀਆਂ ਪਾਉਣ, ਦੀਵੇ ਜਲਾਉਣ ਅਤੇ ਗੋ ਕੋਰੋਨਾ ਗੋ ਵਰਗੇ ਨਾਅਰੇ ਲਗਾਉਣ ਲਈ ਉਤਸ਼ਾਹਿਤ ਕੀਤਾ ਗਿਆ। ਇਹ ਵਿਕਾਸ ਦਰਸਾਉਂਦੇ ਹਨ ਕਿ ਤਰਕਸ਼ੀਲ ਵਿਚਾਰਕਾਂ ਸਮੇਤ ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ , ਜਿਨ੍ਹਾਂ ਨੇ ਵਿਗਿਆਨਕ ਸੋਚ 'ਤੇ ਜ਼ੋਰ ਦਿੱਤਾ ਅਤੇ ਖੱਬੇ ਧਿਰ ਦੇ ਗਰੁੱਪਾਂ ਦੀਆਂ ਕੋਸ਼ਿਸ਼ਾਂ ਪੂਰੀ ਤਰ੍ਹਾਂ ਪ੍ਰਭਾਵਸ਼ਾਲੀ ਨਹੀਂ ਰਹੀਆਂ।

ਪੰਜਾਬ ਲਈ, ਜਿੱਥੇ ਵਿਧਾਨ ਸਭਾ ਚੋਣਾਂ ਤੇਜ਼ੀ ਨਾਲ ਨੇੜੇ ਆ ਰਹੀਆਂ ਹਨ, ਇਹ ਸਥਿਤੀ ਗੰਭੀਰ ਚਰਚਾ ਦੀ ਮੰਗ ਕਰਦੀ ਹੈ। ਵੱਖ-ਵੱਖ ਰਾਜਨੀਤਕ ਪਾਰਟੀਆਂ ਦੀ ਸਥਿਤੀ ਦਾ ਵਿਸ਼ਲੇਸ਼ਣ ਕਰਨਾ ਜ਼ਰੂਰੀ ਹੈ।

ਭਾਜਪਾ ਨੇ ਪਹਿਲਾਂ ਹੀ ਰਾਜ ਭਰ ਵਿੱਚ ਪ੍ਰਭਾਵਸ਼ਾਲੀ ਡੇਰਿਆਂ ਨਾਲ ਸੰਪਰਕ ਵਧਾਉਣਾ ਸ਼ੁਰੂ ਕਰ ਦਿੱਤਾ ਹੈ। ਇਸ ਨੇ ਡੇਰਾ ਰਾਧਾ ਸੁਆਮੀ, ਡੇਰਾ ਬੱਲਾਂ ਅਤੇ ਗੁਰਮੀਤ ਰਾਮ ਰਹੀਮ ਨਾਲ ਸੰਬੰਧ ਬਣਾਏ ਹਨ, ਜੋ ਜੇਲ੍ਹ ਵਿੱਚ ਹੋਣ ਦੇ ਬਾਵਜੂਦ ਪ੍ਰਭਾਵਸ਼ਾਲੀ ਹਨ ਅਤੇ ਸਮੇਂ-ਸਮੇਂ 'ਤੇ ਪੈਰੋਲ ਵੀ ਲੈਂਦੇ ਹਨ। ਇਹ ਡੇਰੇ ਸਿੱਧੇ ਜਾਂ ਅਸਿੱਧੇ ਤੌਰ 'ਤੇ ਆਪਣੇ ਅਨੁਯਾਈਆਂ ਨੂੰ ਭਾਜਪਾ ਦੇ ਹੱਕ ਵਿੱਚ ਪ੍ਰਭਾਵਿਤ ਕਰ ਸਕਦੇ ਹਨ। ਪਾਰਟੀ ਬਾਲਮੀਕੀ ਸਮਾਜ ਅਤੇ ਅਨੁਸੂਚਿਤ ਜਾਤੀਆਂ, ਖਾਸ ਕਰਕੇ ਪਿੰਡਾਂ ਦੇ ਖੇਤੀ ਮਜ਼ਦੂਰਾਂ ਵਿੱਚ ਵੀ ਆਪਣਾ ਅਧਾਰ ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਇਸ ਤੋਂ ਇਲਾਵਾ ਇਹ ਸ਼ਹਿਰੀ ਸਿੱਖਾਂ ਅਤੇ ਕਿਸਾਨੀ ਦੇ ਕੁਝ ਹਿੱਸਿਆਂ ਵਿੱਚ ਵੀ ਹਾਂ ਸਰ ਵਧਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਹਿੰਦੂਆਂ ਵਿੱਚ, ਖਾਸ ਕਰਕੇ ਮੱਧ ਵਰਗ ਵਿੱਚ, ਮੋਦੀ ਲਈ ਕਾਫੀ ਸਮਰਥਨ ਹੈ, ਜੋ ਵੋਟਾਂ ਵਿੱਚ ਤਬਦੀਲ ਹੋ ਸਕਦਾ ਹੈ। ਪੰਜਾਬ ਦੀ ਵੱਖਰੀ ਜਨਸੰਖਿਅਕ ਬਣਤਰ ਦੇ ਬਾਵਜੂਦ, ਭਾਜਪਾ ਵੱਡੇ ਲਾਭ ਪ੍ਰਾਪਤ ਕਰ ਸਕਦੀ ਹੈ। ਜੇਕਰ ਭਾਜਪਾ ਨੂੰ ਲੱਗੇ ਕਿ ਉਹ ਇਕੱਲੀ ਜਿੱਤ ਨਹੀਂ ਸਕਦੀ ਤਾਂ ਇਹ ਆਪਣੇ ਪੁਰਾਣੇ ਸਾਥੀ ਅਕਾਲੀ ਦਲ ਨਾਲ ਗਠਜੋੜ ਦੀ ਕੋਸ਼ਿਸ਼ ਕਰ ਸਕਦੀ ਹੈ, ਪਰ ਇਸ ਵਾਰ ਆਪਣੇ-ਆਪ ਨੂੰ ਵੱਡੇ ਭਾਗੀਦਾਰ ਵਜੋਂ ਪੇਸ਼ ਕਰਦਿਆਂ। ਵਿਕਲਪਕ ਤੌਰ 'ਤੇ ਇਹ ਵਾਰਿਸ ਪੰਜਾਬ ਦੇ ਵਰਗੇ ਨਵੇਂ ਗਰੁੱਪਾਂ ਨਾਲ ਵੀ ਸੰਪਰਕ ਕਰ ਸਕਦੀ ਹੈ।

ਕਾਂਗਰਸ ਪਾਰਟੀ, ਜੋ ਇਸ ਵੇਲੇ ਰਾਜ ਵਿੱਚ ਮੁੱਖ ਵਿਰੋਧੀ ਪਾਰਟੀ ਹੈ, ਆਪਣੇ ਮੌਕਿਆਂ ਬਾਰੇ ਬਹੁਤ ਜ਼ਿਆਦਾ ਆਸ਼ਾਵਾਦੀ ਲੱਗਦੀ ਹੈ। ਇਹ ਮੰਨ ਰਹੀ ਹੈ ਕਿ ਆਪ ਸਰਕਾਰ ਨਾਲ ਨਾਰਾਜ਼ਗੀ ਆਪਣੇ ਆਪ ਕਾਂਗਰਸ ਨੂੰ ਵੋਟਾਂ ਵਿੱਚ ਬਦਲ ਜਾਵੇਗੀ, ਪਰ ਪਾਰਟੀ ਅੰਦਰੂਨੀ ਟਕਰਾਅ ਨਾਲ ਘਿਰੀ ਹੋਈ ਹੈ ਅਤੇ ਪੰਜਾਬ ਵਿੱਚ ਇਸ ਦੇ ਆਗੂ ਤੇ ਕਾਰਕੁਨ ਪਹਿਲਾਂ ਵਾਲੀ ਵਿਚਾਰਧਾਰਕ ਸਪੱਸ਼ਟਤਾ ਗੁਆ ਬੈਠੇ ਹਨ। ਕੁਝ ਕਾਂਗਰਸੀ ਮੈਂਬਰਾਂ ਦੇ ਭਾਜਪਾ ਵਿੱਚ ਜਾਣ ਦਾ ਖਤਰਾ ਵੀ ਹੋ ਸਕਦਾ ਹੈ।

ਅਕਾਲੀ ਦਲ ਨੇ ਕਿਸਾਨ ਵਰਗ ਵਿੱਚ ਕੁਝ ਹੱਦ ਤੱਕ ਪੁਨਰਜਾਗਰਣ ਦੇ ਸੰਕੇਤ ਦਿੱਤੇ ਹਨ, ਪਰ ਇਹ ਅਜੇ ਵੀ ਆਪਣੀ ਪੁਰਾਣੀ ਤਾਕਤ ਤੋਂ ਦੂਰ ਹੈ। ਭਾਜਪਾ ਨਾਲ ਕਿਸੇ ਵੀ ਗਠਜੋੜ ਵਿੱਚ ਛੋਟਾ ਭਾਗੀਦਾਰ ਬਣਨਾ ਇਸ ਲਈ ਮੁਸ਼ਕਲ ਹੋ ਸਕਦਾ ਹੈ। ਇਹ ਪਾਰਟੀ ਆਮ ਤੌਰ 'ਤੇ ਸਿੱਖ ਰਾਜਨੀਤੀ ਦੀ ਗੱਲ ਕਰਦੀ ਹੈ ਅਤੇ ਇਸ ਵਿੱਚ ਮੁਤੱਸਬੀ ਰੁਝਾਨ ਵੀ ਦਿਖਾਈ ਦਿੰਦਾ ਹੈ।

ਆਮ ਆਦਮੀ ਪਾਰਟੀ (ਆਪ) ਲੋਕਾਂ ਵਿੱਚ ਆਪਣੀ ਪਕੜ ਗੁਆਉਂਦੀ ਦਿਸ ਰਹੀ ਹੈ। ਪੰਜਾਬ ਵਿੱਚ ਇਸ ਪਾਰਟੀ ਦੇ ਬਹੁਤ ਸਾਰੇ ਮੈਂਬਰ ਪਹਿਲਾਂ ਹੋਰ ਪਾਰਟੀਆਂ ਨਾਲ ਸੰਬੰਧਤ ਰਹੇ ਹਨ। ਹਾਲੀਆ ਦਲ-ਬਦਲ, ਜਿਸ ਵਿੱਚ ਸੱਤ ਰਾਜ ਸਭਾ ਮੈਂਬਰਾਂ ਦਾ ਭਾਜਪਾ ਵਿੱਚ ਜਾਣਾ ਸ਼ਾਮਲ ਹੈ, ਨੇ ਇਸ ਦੀ ਛਵੀ ਨੂੰ ਨੁਕਸਾਨ ਪਹੁੰਚਾਇਆ ਹੈ। ਮੁੱਖ ਮੰਤਰੀ ਭਗਵੰਤ ਮਾਨ ਦੀ ਨਿੱਜੀ ਸਾਖ ਵੀ ਦਾਅ 'ਤੇ ਹੈ ਅਤੇ ਪਾਰਟੀ ਨੇਤਾਵਾਂ 'ਤੇ ਭ੍ਰਿਸ਼ਟਾਚਾਰ ਦੇ ਦੋਸ਼ਾਂ ਨੇ ਇਸ ਦੀ ਸਥਿਤੀ ਨੂੰ ਹੋਰ ਕਮਜ਼ੋਰ ਕੀਤਾ ਹੈ। 'ਆਪ' ਨੇ ਆਪਣੇ ਆਪ ਨੂੰ ਇਮਾਨਦਾਰੀ ਦੀ ਪਾਰਟੀ ਵਜੋਂ ਪੇਸ਼ ਕੀਤਾ ਸੀ, ਪਰ ਇਹ ਧਾਰਨਾ ਹੁਣ ਕਾਇਮ ਨਹੀਂ ਰਹੀ। ਹੋਰ ਰਾਜਾਂ ਵਿੱਚ ਭਾਜਪਾ ਦੀਆਂ ਜਿੱਤਾਂ ਆਪ ਨੂੰ ਹੋਰ ਕਮਜ਼ੋਰ ਕਰ ਸਕਦੀਆਂ ਹਨ, ਜਿਸ ਨੂੰ ਅਕਸਰ ਸਪੱਸ਼ਟ ਵਿਚਾਰਧਾਰਾ ਦੀ ਘਾਟ ਅਤੇ ਭਾਜਪਾ ਦੀ ਬੀ-ਟੀਮ ਹੋਣ ਦੇ ਦੋਸ਼ਾਂ ਦਾ ਸਾਹਮਣਾ ਕਰਨਾ ਪੈਂਦਾ ਹੈ।

ਖੱਬੇ ਪੱਖ ਦੀਆਂ ਪਾਰਟੀਆਂ ਚੋਣ ਰਾਜਨੀਤੀ ਵਿੱਚ ਪੱਛੜੀਆਂ ਹੋਈਆਂ ਅਤੇ ਹਾਸ਼ੀਏ 'ਤੇ ਹਨ। ਹਾਲਾਂਕਿ ਇਹ ਸਿੱਖਿਆ, ਸਿਹਤ, ਰੋਜ਼ਗਾਰ, ਪੈਨਸ਼ਨ, ਜਥੇਬੰਦ ਅਤੇ ਗੈਰ ਜਥੇਬੰਦ ਮਜ਼ਦੂਰਾਂ ਦੇ ਅਧਿਕਾਰਾਂ, ਖੇਤੀ ਮਜ਼ਦੂਰਾਂ ਅਤੇ ਕਿਸਾਨਾਂ ਦੇ ਮੁੱਦਿਆਂ ਨੂੰ ਲਗਾਤਾਰ ਉਠਾਉਂਦੀਆਂ ਹਨ, ਪਰ ਇਹਨਾਂ ਨੂੰ ਗੰਭੀਰ ਚੋਣੀ ਦਾਅਵੇਦਾਰ ਨਹੀਂ ਮੰਨਿਆ ਜਾਂਦਾ। ਆਪਣੇ ਆਪ ਨੂੰ ਪ੍ਰਸੰਗਿਕ ਬਣਾਉਣ ਲਈ, ਇਹਨਾਂ ਨੂੰ ਇੱਕ ਸਪੱਸ਼ਟ ਵਿਕਲਪਕ ਵਿਕਾਸ ਏਜੰਡਾ ਪੇਸ਼ ਕਰਨਾ ਹੋਵੇਗਾ ਅਤੇ ਇਸ ਨੂੰ ਲੋਕਾਂ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣਾ ਹੋਵੇਗਾ। ਸੀਮਿਤ ਵਿੱਤੀ ਸਰੋਤ ਅਤੇ ਨੌਜਵਾਨ ਕੇਡਰ ਦੀ ਘਾਟ ਖੱਬੇ ਪੱਖ ਲਈ ਵੱਡੀ ਚੁਣੌਤੀ ਹੈ। ਕਾਂਗਰਸ ਨਾਲ ਪਿਛਲੀਆਂ ਚੋਣਾਂ ਵਿੱਚ ਗਠਜੋੜ ਦੇ ਬਾਵਜੂਦ ਅਤੇ ਸੰਸਦੀ ਚੋਣਾਂ ਵਿੱਚ ਉਸ ਦੀ ਜਿੱਤ ਵਿੱਚ ਯੋਗਦਾਨ ਦੇਣ ਦੇ ਬਾਵਜੂਦ ਕਾਂਗਰਸ ਵੱਲੋਂ ਇਹਨਾਂ ਦੀ ਭੂਮਿਕਾ ਨੂੰ ਲੋੜੀਂਦਾ ਮਾਣ ਨਹੀਂ ਮਿਲਿਆ।

ਬੀ ਐੱਸ ਪੀ ਪਹਿਲਾਂ ਹੀ ਰਾਜ ਵਿੱਚ ਅਵਿਵਸਥਾ ਦਾ ਸ਼ਿਕਾਰ ਹੈ।ਕੁੱਲ ਮਿਲਾ ਕੇ ਪੰਜਾਬ ਦੀ ਰਾਜਨੀਤਕ ਸਥਿਤੀ ਸਾਰੀਆਂ ਪਾਰਟੀਆਂ ਵੱਲੋਂ ਗੰਭੀਰ ਮੁੜ-ਮੁਲਾਂਕਣ ਦੀ ਮੰਗ ਕਰਦੀ ਹੈ, ਜੇਕਰ ਉਹ ਰਾਜ ਵਿੱਚ ਭਾਜਪਾ ਦੇ ਵਧਦੇ ਪ੍ਰਭਾਵ ਦਾ ਮੁਕਾਬਲਾ ਕਰਨਾ ਚਾਹੁੰਦੀਆਂ ਹਨ। ਪੰਜਾਬ ਦਾ ਇਤਿਹਾਸ ਹਮਲਾਵਰਾਂ ਅਤੇ ਬਸਤੀਵਾਦੀ ਸ਼ਾਸਨ ਦੇ ਵਿਰੋਧ ਦਾ ਮਾਣ ਕਰਦਾ ਹੈ। ਖੱਬੀਆਂ, ਜਮਹੂਰੀ ਅਤੇ ਧਰਮ ਨਿਰਪੱਖ ਸ਼ਕਤੀਆਂ ਦੇ ਏਕੇ ਦੀ ਬੜੀ ਲੋੜ ਹੈ।ਇਹ ਚੁਣੌਤੀ ਭਰਿਆ ਸਮਾਂ ਫਿਰ ਤੋਂ ਪੰਜਾਬੀਆਂ ਤੋਂ ਸਹੀ ਸੂਝ-ਬੂਝ, ਰਣਨੀਤੀ ਅਤੇ ਕੁਰਬਾਨੀਆਂ ਦੀ ਮੰਗ ਕਰਦਾ ਹੈ।

# ਸੰਪਰਕ : 94170-00360

# ਲੂ ਲੱਗਣਾ ਇੱਕ ਵੱਡੀ ਸਮੱਸਿਆ


ਡਾ. ਪ੍ਰਭਦੀਪ ਸਿੰਘ ਚਾਵਲਾ

ਪੰਜਾਬ ਅਤੇ ਉੱਤਰੀ ਭਾਰਤ ਵਿੱਚ ਭਿਆਨਕ ਗਰਮੀ ਦੀ ਲਹਿਰ ਜਾਰੀ ਹੈ, ਜਿਸ ਕਾਰਨ ਤਾਪਮਾਨ ਵਿੱਚ ਅਸਧਾਰਨ ਵਾਧਾ ਦਰਜ ਕੀਤਾ ਜਾ ਰਿਹਾ ਹੈ। ਮੌਸਮ ਵਿਭਾਗ ਨੇ ਆਉਣ ਵਾਲੇ ਦਿਨਾਂ ਵਿੱਚ ਹੋਰ ਗਰਮੀ ਵਧਣ ਦੀ ਚੇਤਾਵਨੀ ਦਿੱਤੀ ਹੈ। ਗਰਮੀ ਦੇ ਮੌਸਮ ਵਿਚ ਤਾਪਮਾਨ 40-45 ਡਿਗਰੀ ਸੈਂਟੀਗ੍ਰੇਡ ਤੱਕ ਪਹੁੰਚ ਜਾਂਦਾ ਹੈ ਤੇ ਤੇਜ਼ ਧੁੱਪ ਕਾਰਨ ਸੂਰਜ ਦੀਆਂ ਤੇਜ਼ ਕਿਰਨਾਂ ਚਮੜੀ ਹੀ ਝੁਲਸਾ ਦਿੰਦੀਆਂ ਹਨ। ਅਜਿਹੇ ਮੌਸਮ ਵਿੱਚ ਆਪਣਾ ਧਿਆਨ ਸਨਬਰਨ, ਸਕਿਨ ਵਿਚ ਜਲਣ, ਲੂ ਲੱਗਣ ਦਾ ਡਰ ਬਣਿਆ ਰਹਿੰਦਾ ਹੈ। ਸਨਬਰਨ ਅਤੇ ਚਮੜੀ ਦੀ ਜਲਣ ਤੋਂ ਬਚਾਅ ਲਈ ਕਈ ਤਰ੍ਹਾਂ ਦੇ ਲੋਸ਼ਨ ਅਤੇ ਕਰੀਮਾਂ ਆਦਿ ਦੀ ਵਰਤੋਂ ਕੀਤੀ ਜਾ ਸਕਦੀ ਹੈ, ਪਰ ਲੂ ਲੱਗਣ ਨਾਲ ਸਿਹਤ ਬਹੁਤ ਜ਼ਿਆਦਾ ਵਿਗੜ ਵੀ ਸਕਦੀ ਹੈ, ਗਰਮੀ ਕਾਰਨ ਹੋਣ ਵਾਲੀਆਂ ਬਿਮਾਰੀਆਂ ਤੋਂ ਆਪਣੇ ਆਪ ਨੂੰ ਬਚਾਉਣਾ ਚਾਹੀਦਾ ਹੈ। ਜੇਕਰ ਕਿਸੇ ਮੈਦਾਨੀ ਖੇਤਰ ਦਾ ਤਾਪਮਾਨ 40 ਡਿਗਰੀ ਸੈਲਸੀਅਸ ਜਾਂ ਇਸ ਤੋਂ ਵੱਧ ਤੱਕ ਪਹੁੰਚ ਜਾਂਦਾ ਹੈ, ਤਾਂ ਇਸ ਸਥਿਤੀ ਨੂੰ ਗਰਮੀ ਦੀ ਲਹਿਰ ਕਿਹਾ ਜਾਂਦਾ ਹੈ। ਮਈ ਅਤੇ ਜੂਨ ਦੇ ਮਹੀਨਿਆਂ ਦੌਰਾਨ ਗਰਮੀ ਦੀਆਂ ਲਹਿਰਾਂ ਚੱਲਣ ਦੀ ਸੰਭਾਵਨਾ ਜ਼ਿਆਦਾ ਹੁੰਦੀ ਹੈ ਅਤੇ ਇਸ ਸਮੇਂ ਦੌਰਾਨ ਆਮ ਲੋਕਾਂ ਦੇ ਨਾਲ-ਨਾਲ ਖਾਸ ਕਰਕੇ ਛੋਟੇ ਬੱਚੇ-ਬਜ਼ੁਰਗ,ਕਮਜ਼ੋਰ ਜਾਂ ਸ਼ੂਗਰ, ਹਾਈ ਬਲੱਡ ਪ੍ਰੈਸ਼ਰ ਅਤੇ ਦਿਲ ਦੇ ਰੋਗ ਤੋਂ ਪੀੜਤ ਵਿਅਕਤੀ ਲੂ ਦੀ ਲਪੇਟ ਵਿਚ ਛੇਤੀ ਆ ਜਾਂਦੇ ਹਨ। ਸੜਕਾਂ ਤੇ ਰੇੜ੍ਹੀ, ਰਿਕਸ਼ਾ-ਟਾਂਗਾ ਚਾਲਕ, ਦਿਹਾੜੀਦਾਰ-ਮਜ਼ਦੂਰ, ਕਾਮੇ, ਯਾਤਰੀ ਅਤੇ ਭਿਖਾਰੀ ਆਦਿ ਵੀ ਸੂਰਜ ਦੀਆਂ ਕਿਰਨਾਂ-ਗਰਮ ਹਵਾਵਾਂ ਦੇ ਚਲਦਿਆਂ ਲੂ ਦਾ ਸ਼ਿਕਾਰ ਹੋਣ ਕਾਰਨ ਬੇਹੋਸ਼ ਹੋ ਕਿ ਡਿੱਗ ਪੈਂਦੇ ਹਨ। ਸੂਰਜ ਦੀ ਗਰਮੀ ਸਾਡੀ ਊਰਜਾ ਨੂੰ ਪੂਰੀ ਤਰਾਂ ਖਤਮ ਕਰ ਸਕਦੀ ਹੈ। ਪਸੀਨੇ ਰਾਹੀਂ ਸਰੀਰ ਵਿੱਚੋਂ ਕਾਫੀ ਪਾਣੀ ਬਾਹਰ ਨਿਕਲ ਜਾਂਦਾ ਹੈ। ਪਾਣੀ ਦੀ ਕਮੀ ਪੂਰਾ ਕਰਨ ਲਈ ਜੇ ਪਾਣੀ ਅਤੇ ਪੀਣ ਵਾਲੇ ਤਰਲ ਮੌਕੇ 'ਤੇ ਨਾ ਮਿਲਦੇ ਹੋਣ ਜਾਂ ਕੰਮ ਦੇ ਰੁਝੇਵੇਂ ਵਿਚ ਪਿਆਸ ਦਾ ਖਿਆਲ ਹੀ ਨਾ ਕੀਤਾ ਜਾਵੇ ਤਾਂ ਪਾਣੀ ਦੀ ਘਾਟ-ਡੀਹਾਈਡ੍ਰੇਸ਼ਨ ਹੋ ਜਾਂਦੀ ਹੈ ਤੇ ਬੰਦੇ ਨੂੰ ਲੂ ਲੱਗਣ ਦਾ ਖਦਸ਼ਾ ਵਧ ਜਾਂਦਾ ਹੈ, ਇਸ ਨਾਲ ਮੌਤ ਵੀ ਹੋ ਸਕਦੀ ਹੈ। ਜਦ ਪਸੀਨਾ ਆਉਣਾ ਬੰਦ ਹੋ ਜਾਵੇ ਤੇ ਸਰੀਰ ਦਾ ਤਾਪਮਾਨ 104 ਡਿਗਰੀ ਫਾਰਨਹੀਟ ਤੋਂ ਉਪਰ ਹੋ ਜਾਵੇ ਤਾਂ ਸਮਝੋ ਕਿ ਬੰਦੇ ਨੂੰ ਲੂ ਲੱਗ ਗਈ ਹੈ। ਗਰਮੀਆਂ ਵਿੱਚ ਮਲੇਰੀਆ, ਟਾਈਫਾਇਡ ਜਾਂ ਕਿਸੇ ਹੋਰ ਰੋਗ ਕਾਰਨ ਬੁਖ਼ਾਰ ਚੜ੍ਹ ਜਾਵੇ ਤਾਂ ਪਾਣੀ ਦੀ ਘਾਟ ਤੇ ਲੂ ਲੱਗਣ ਦਾ ਕਾਰਨ ਬਣਦੀ ਜਾਂਦੀ ਹੈ।

**ਵਧੇਰੇ ਜੋਖਮ ਸ਼੍ਰੇਣੀ 'ਚ ਹਨ :** ਨਵਜੰਮੇ ਅਤੇ ਛੋਟੇ ਬੱਚੇ, ਗਰਭਵਤੀ ਔਰਤਾਂ, 65 ਸਾਲ ਜਾਂ ਵੱਧ ਉਮਰ ਦੇ ਬਜ਼ੁਰਗ, ਮਜ਼ਦੂਰ-ਦਿਹਾੜੀਦਾਰ, ਮੋਟਾਪੇ ਤੋਂ ਪੀੜਤ ਵਿਅਕਤੀ, ਮਾਨਸਿਕ ਰੋਗੀ, ਜੋ ਸਰੀਰਕ ਤੌਰ 'ਤੇ ਬਿਮਾਰ ਹਨ, ਖਾਸ ਕਰਕੇ ਜਿਨ੍ਹਾਂ ਨੂੰ ਦਿਲ ਦੀ ਬਿਮਾਰੀ ਜਾਂ ਹਾਈ ਬਲੱਡ ਪ੍ਰੈਸ਼ਰ ਹੈ। ਹਰ ਸਾਲ ਗਰਮੀ ਦੇ ਮੌਸਮ ਵਿਚ ਲੂ ਲੱਗਣ ਦੇ ਕੇਸਾਂ ਬਾਰੇ ਖ਼ਬਰਾਂ ਸੁਣੀਂਦੀਆਂ ਹਨ, ਪਰ ਜੇ ਗਰਮੀ ਦੀ ਲਹਿਰ ਦੌਰਾਨ ਸਾਵਧਾਨੀਆਂ ਵਰਤੀਆਂ ਜਾਣ ਤਾਂ ਲੂ ਲੱਗਣ ਤੋਂ ਆਪਣੇ ਆਪ ਨੂੰ ਬਚਾਇਆ ਜਾ ਸਕਦਾ ਹੈ। ਲੂ ਜਾਂ ਹੀਟ ਸਟ੍ਰੋਕ ਤੋਂ ਬਚਣ ਲਈ ਕੀ ਕਰਨਾ ਅਤੇ ਕੀ ਨਹੀਂ ਕਰਨਾ ਚਾਹੀਦਾ।

**ਇਸ ਗਰਮੀ ਦੇ ਮੌਸਮ ਵਿਚ ਕੀ ਕਰਨਾ ਚਾਹੀਦਾ ਹੈ:** ਘਰ ਤੋਂ ਬਾਹਰ ਦੇ ਕੰਮ ਦਿਨ ਦੇ ਠੰਢੇ ਸਮੇਂ ਜਿਵੇਂ ਕਿ ਸਵੇਰ ਅਤੇ ਸ਼ਾਮ ਸਮੇਂ ਕੀਤੇ ਜਾਣੇ ਚਾਹੀਦੇ ਹਨ।ਪਿਆਸ ਨਾ ਲੱਗਣ ਤੇ ਵੀ ਹਰ ਅੱਧੇ ਘੰਟੇ ਬਾਅਦ ਪਾਣੀ ਜ਼ਰੂਰ ਪੀਓ, ਪਰ ਮਿਰਗੀ ਜਾਂ ਦਿਲ ਦੀ ਬਿਮਾਰੀ, ਗੁਰਦੇ ਜਾਂ ਜਿਗਰ ਦੀ ਬਿਮਾਰੀ ਵਾਲੇ ਲੋਕ ਜੋ ਤਰਲ-ਪ੍ਰਤੀਬੰਧਿਤ ਖੁਰਾਕ 'ਤੇ ਹਨ, ਉਨ੍ਹਾਂ ਨੂੰ ਪਾਣੀ ਦੀ ਮਾਤਰਾ ਵਧਾਉਣ ਸੰਬੰਧੀ ਡਾਕਟਰੀ ਸਲਾਹ ਜਰੂਰ ਲੈਣੀ ਚਾਹੀਦੀ ਹੈ।ਬਾਹਰ ਕੰਮ ਕਰਦੇ ਸਮੇਂ ਹਲਕੇ ਰੰਗ ਅਤੇ ਸਰੀਰ ਨੂੰ ਪੂਰੇ ਢਕਣ ਵਾਲੇ ਕੱਪੜੇ ਪਾਓ। ਕੋਸ਼ਿਸ਼ ਕਰੋ ਕਿ ਗਰਮੀਆਂ ਵਿੱਚ ਸਿਰਫ਼ ਸੂਤੀ ਕੱਪੜੇ ਹੀ ਪਹਿਨੇ ਜਾਣ।ਸਿੱਧੀ ਧੁੱਪ ਤੋਂ ਆਪਣੇ ਸਿਰ ਨੂੰ ਢੱਕਣ ਲਈ ਛੱਤਰੀ, ਟੋਪੀ, ਤੌਲੀਆ, ਪੱਗ, ਪਰਨਾ ਜਾਂ ਦੁਪੱਟੇ ਆਦਿ ਦੀ ਵਰਤੋਂ ਕਰੋ।

ਨੰਗੇ ਪੈਰੀਂ ਬਾਹਰ ਨਾ ਨਿਕਲੋ,ਧੁੱਪ ਵਿਚ ਬਾਹਰ ਜਾਣ ਵੇਲੇ ਹਮੇਸ਼ਾ ਜੁੱਤੀ-ਬੂਟ ਜਾਂ ਚੱਪਲਾਂ ਪਾਓ। ਧੁੱਪ ਵਿਚ ਕੰਮ ਕਰਨ ਵਾਲੇ ਲੋਕਾਂ ਨੂੰ ਸਰੀਰ ਦਾ ਤਾਪਮਾਨ ਸਹੀ ਬਰਕਰਾਰ ਰੱਖਣ ਲਈ ਛਾਂ ਵਿਚ ਆਰਾਮ ਕਰਨਾ ਚਾਹੀਦਾ ਹੈ ਜਾਂ ਸਿਰ 'ਤੇ ਗਿੱਲਾ ਕੱਪੜਾ ਰੱਖਣਾ ਚਾਹੀਦਾ ਹੈ। ਧੁੱਪ ਵਿਚ ਨਿਕਲਦੇ ਸਮੇਂ ਹਮੇਸ਼ਾ ਪਾਣੀ ਨਾਲ ਰੱਖੋ। ਮੌਸਮੀ ਫਲ ਅਤੇ ਸਲਾਦ, ਜਿਵੇਂ ਕਿ ਅੰਬ ਤਰਬੂਜ਼, ਖਰਬੂਜ਼ਾ, ਸੰਤਰਾ,ਅੰਗੂਰ, ਖੀਰਾ, ਮੂਲੀ, ਪਿਆਜ਼ ਅਤੇ ਟਮਾਟਰ ਆਦਿ ਖਾਓ, ਕਿਉਂਕਿ ਇਨ੍ਹਾਂ ਵਿਚ ਪਾਣੀ ਦੀ ਮਾਤਰਾ ਜ਼ਿਆਦਾ ਹੁੰਦੀ ਹੈ। ਉਹਨਾਂ ਲੋਕਾਂ ਨੂੰ ਪਾਣੀ ਦੀ ਪੇਸ਼ਕਸ਼ ਕਰੋ, ਜੋ ਤੁਹਾਡੇ ਘਰ ਜਾਂ ਦਫਤਰ ਵਿੱਚ ਸਮਾਨ ਜਾਂ ਭੋਜਨ ਦੀ ਡਿਲਿਵਰੀ ਲਈ ਆਉਂਦੇ ਹਨ।ਨਿੰਬੂ ਪਾਣੀ, ਲੱਸੀ, ਨਾਰੀਅਲ ਪਾਣੀ ਅਤੇ ਸੱਤੂ ਵਰਗੇ ਘਰੇਲੂ ਪੀਣ ਵਾਲੇ ਪਦਾਰਥਾਂ ਦੀ ਵਰਤੋਂ ਅਤੇ ਸੇਵਨ ਵਧਾਓ।ਆਪਣੀ ਚਮੜੀ ਦੀ ਸੁਰੱਖਿਆ ਲਈ ਸਨਸਕ੍ਰੀਨ ਅਤੇ ਅੱਖਾਂ ਦੀ ਸੁਰੱਖਿਆ ਲਈ ਗੂੜ੍ਹੇ ਚਸ਼ਮੇ ਪਾਓ।ਘੱਟ ਭੋਜਨ ਖਾਓ ਅਤੇ ਜ਼ਿਆਦਾ ਵਾਰ ਖਾਓ, ਬਿਹਾ ਖਾਣਾ ਨਾ ਖਾਓ, ਜ਼ਿਆਦਾ ਤੇਲ ਵਾਲੇ ਜਾਂ ਬਾਹਰਲੇ ਖਾਣੇ ਤੋਂ ਪਰਹੇਜ਼ ਕਰੋ।ਠੰਢੇ ਪਾਣੀ ਨਾਲ ਵਾਰ-ਵਾਰ ਨਹਾਓ ਜਾਂ ਥੋੜ੍ਹੇ-ਥੋੜ੍ਹੇ ਸਮੇਂ ਬਾਅਦ ਮੂੰਹ-ਹੱਥ ਠੰਢੇ ਪਾਣੀ ਨਾਲ ਧੋਵੋ। ਕਸਰਤ ਸਰੀਰ ਦੇ ਵਧਦੇ ਤਾਪਮਾਨ ਦੇ ਅਨੁਕੂਲ ਕਰੋ ਅਤੇ ਖੁਰਾਕ ਤੇ ਤਰਲ ਪਦਾਰਥਾਂ ਦਾ ਸੇਵਨ ਜ਼ਰੂਰ ਕਰੋ।

ਗਰਮੀ ਦੀ ਲਹਿਰ ਦੌਰਾਨ ਸਾਵਧਾਨੀਆਂ : ਧੁੱਪ ਵਿੱਚ ਖਾਸ ਤੌਰ 'ਤੇ ਦੁਪਹਿਰ 12 ਤੋਂ 3 ਵਜੇ ਤੱਕ ਬਾਹਰ ਜਾਣ ਤੋਂ ਪਰਹੇਜ਼ ਕਰੋ। ਵੱਧ ਗਰਮੀ ਵਾਲੇ ਘੰਟਿਆਂ ਦੌਰਾਨ ਖਾਣਾ ਬਣਾਉਣ ਤੋਂ ਗੁਰੇਜ਼ ਕੀਤਾ ਜਾਵੇ, ਰਸੋਈ ਨੂੰ ਚੰਗੀ ਤਰ੍ਹਾਂ ਹਵਾਦਾਰ ਰੱਖਣ ਲਈ ਦਰਵਾਜ਼ੇ ਅਤੇ ਖਿੜਕੀਆਂ ਖੁੱਲ੍ਹੀਆਂ ਰੱਖੋ, ਹਵਾ ਬਾਹਰ ਕੱਢਣ ਲਈ ਚਿਮਨੀ ਜਾਂ ਪੱਖਾ ਜ਼ਰੂਰ ਚਲਾਓ।ਅਲਕੋਹਲ,ਚਾਹ, ਕੌਫੀ, ਪੈਕਡ ਡਰਿੰਕ ਅਤੇ ਵਾਧੂ ਮਿੱਠੇ ਪੀਣ ਵਾਲੇ ਪਦਾਰਥਾਂ ਤੋਂ ਪਰਹੇਜ਼ ਕਰੋ, ਕਿਉਂਕਿ ਇਹ ਅਸਲ ਵਿੱਚ ਸਰੀਰ ਦੇ ਤਰਲ ਪਦਾਰਥਾਂ ਦੀ ਮਾਤਰਾ ਘਟਾ ਦਿੰਦੇ ਹਨ।ਤਲੇ ਹੋਏ ਭੋਜਨ ਤੋਂ ਪਰਹੇਜ਼ ਕਰੋ, ਬਾਸੀ ਭੋਜਨ ਨਾ ਖਾਓ। ਬੱਚਿਆਂ ਜਾਂ ਪਾਲਤੂ ਜਾਨਵਰਾਂ ਨੂੰ ਤਾਲਾਬੰਦ ਵਾਹਨ ਵਿੱਚ ਨਾ ਛੱਡੋ।ਅਜਿਹੇ ਲੱਛਣ ਨਜ਼ਰ ਆਉਣ 'ਤੇ ਤੁਰੰਤ ਡਾਕਟਰੀ ਸਹਾਇਤਾ ਲਓ : ਮਾਨਸਿਕ ਸੰਤੁਲਨ ਵਿੱਚ ਬਦਲਾਅ, ਬੇਚੈਨੀ, ਬੋਲਣ ਵਿੱਚ ਮੁਸ਼ਕਲ, ਚਿੜਚਿੜਾਪਨ, ਹਕਲਾ ਕੇ ਬੋਲਣਾ ਅਤੇ ਦੌਰੇ ਆਦਿ ਨਾਲ ਬੋਲਣਾ।ਗਰਮ, ਲਾਲ ਅਤੇ ਖੁਸ਼ਕ ਚਮੜੀ।ਜਦੋਂ ਸਰੀਰ ਦਾ ਤਾਪਮਾਨ 40 ਡਿਗਰੀ ਜਾਂ ਇਸ ਤੋਂ ਵੱਧ ਜਾਂਦਾ ਹੈ।ਗੰਭੀਰ ਸਿਰ ਦਰਦ। ਚਿੰਤਾ, ਚੱਕਰ ਆਉਣੇ, ਬੇਹੋਸ਼ੀ।ਮਾਸਪੇਸ਼ੀਆਂ ਦੀ ਕਮਜ਼ੋਰੀ ਜਾਂ ਖਿਚਾਵ ਇੱਕ ਘੰਟੇ ਤੋਂ ਵੱਧ ਸਮੇਂ ਤੱਕ ਰਹਿੰਦੀ ਹੈ। ਉਲਟੀਆਂ-ਘਬਰਾਹਟ ਆਦਿ।ਦਿਲ ਦੀ ਧੜਕਣ ਤੇਜ਼ ਹੋਣਾ ਤੇ ਸਾਹ ਲੈਣ ਵਿੱਚ ਤਕਲੀਫ਼ ਹੋਣਾ।

ਲੂ ਤੋਂ ਬਚਣ ਲਈ ਸਿਹਤ ਵਿਭਾਗ ਵੱਲੋਂ ਜਾਰੀ ਸੁਝਾਅ, ਸਾਵਧਾਨੀਆਂ ਤੇ ਘਰੇਲੂ ਨੁਕਤੇ ਯਾਦ ਰੱਖੋ ਅਤੇ ਵਧੇਰੇ ਜਾਣਕਾਰੀ ਲਈ ਨੇੜੇ ਦੇ ਸਿਹਤ ਸੰਸਥਾ ਜਾਂ ਟੋਲ ਫਰੀ ਨੰਬਰ 104 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

# ਸੰਪਰਕ : 98146-56257

# ਦੇਸ਼ ਦੇ ਵਿਕਾਸ 'ਚ ਬਜ਼ੁਰਗਾਂ ਦਾ ਵੱਡਾ ਯੋਗਦਾਨ


ਨਰਿੰਦਰ ਸਿੰਘ

ਬਜ਼ੁਰਗ ਕੁਦਰਤ ਦੀ ਅਣਮੁੱਲੀ ਦਾਤ ਹੁੰਦੇ ਹਨ। ਬਜ਼ੁਰਗ ਘਰ ਦਾ ਜਿੰਦਰਾ ਹੁੰਦੇ ਹਨ। ਹਰ ਵਿਅਕਤੀ ਦੀ ਇੱਛਾ ਅਤੇ ਕੋਸ਼ਿਸ਼ ਹਮੇਸ਼ਾ ਜਵਾਨ ਬਣੇ ਰਹਿਣ ਦੀ ਹੁੰਦੀ ਹੈ, ਪਰ ਸਮੇਂ ਦੇ ਹਿਸਾਬ ਨਾਲ ਹਰ ਵਿਅਕਤੀ ਦੀ ਜ਼ਿੰਦਗੀ ਬਦਲਦੀ ਰਹਿੰਦੀ ਹੈ ਅਤੇ ਹੌਲੀ-ਹੌਲੀ ਹਰ ਮਨੁੱਖ ਇਕ ਪੜਾਅ ਤੋਂ ਦੂਜੇ ਪੜਾਅ ਵੱਲ ਵਧਦਾ ਰਹਿੰਦਾ ਹੈ। ਬੁਢਾਪਾ ਜ਼ਿੰਦਗੀ ਦਾ ਆਖਰੀ ਪੜਾਅ ਹੁੰਦਾ ਹੈ ਅਤੇ ਇਹ ਕੁਝ ਬਦਲਾਅ ਲਿਆਉਣ ਲਈ ਆਉਂਦਾ ਹੈ।ਆਪਣੀ ਭੱਜ-ਨੱਸ ਵਾਲੀਆਂ ਜ਼ਿੰਮੇਵਾਰੀਆਂ ਤੋਂ ਛੁਟਕਾਰਾ ਪਾ ਕੇ ਸਹਿਜਤਾ, ਸਰਲਤਾ, ਠੰਢੇ ਦਿਮਾਗ ਨਾਲ ਕੀਤੇ ਜਾਣ ਵਾਲੇ ਕੰਮ ਇਸੇ ਅਵਸਥਾ ਵਿੱਚ ਹੀ ਸੰਭਵ ਹੁੰਦੇ ਹਨ।

ਇਕ ਚੰਗਾ ਤਜਰਬਾ, ਚੰਗਾ ਅਨੁਭਵ, ਉਸਾਰੂ ਸੋਚ, ਚੰਗਾ ਸੁਭਾਅ, ਚੰਗਾ ਵਰਤਾਓ, ਚੰਗਾ ਰਵੱਈਆ, ਸਬਰ, ਸੰਤੋਖ, ਸ਼ੁਕਰ, ਸਹਿਣਸ਼ੀਲਤਾ ਕਦੇ ਵੀ ਬੁੱਢੇ ਨਹੀਂ ਹੁੰਦੇ ਅਤੇ ਨਾ ਹੀ ਇਹ ਵਿਅਕਤੀ ਦੇ ਹੌਸਲੇ, ਇਰਾਦੇ ਅਤੇ ਸਿਆਣਪ ਨੂੰ ਬੁੱਢਾ ਹੋਣ ਦਿੰਦੇ ਹਨ। ਜਿੰਨੇ ਵੀ ਦੁਨੀਆ 'ਤੇ ਅੱਜ ਤੱਕ ਮਹਾਨ ਸੰਗੀਤਕਾਰ, ਲੇਖਕ, ਵਿਗਿਆਨੀ, ਚਿੰਤਕ, ਕਵੀ, ਸਮਾਜ ਸੇਵੀ, ਨੇਤਾ, ਸਿੱਖਿਆ ਸ਼ਾਸਤਰੀ, ਸੰਸਥਾਵਾਂ ਦੇ ਪ੍ਰਬੰਧਕ ਆਦਿ ਹੋਏ ਹਨ, ਉਹ ਸਾਰੇ ਬੁਢਾਪੇ ਵਿਚ ਜਾ ਕੇ ਸ਼ੋਹਰਤ ਦੀਆਂ ਬੁਲੰਦੀਆਂ ਤੱਕ ਪਹੁੰਚੇ ਹਨ। ਬੁਢਾਪਾ ਕਿਸਮਤ ਵਾਲੇ ਲੋਕਾਂ ਨੂੰ ਹੀ ਨਸੀਬ ਹੁੰਦਾ ਹੈ, ਵਰਨਾ ਕਿੰਨੇ ਲੋਕ ਜ਼ਿੰਦਗੀ ਦੇ ਇਸ ਪੜਾਅ 'ਤੇ ਪਹੁੰਚਣ ਤੋਂ ਪਹਿਲਾਂ ਰੁਖ਼ਸਤ ਹੋ ਜਾਂਦੇ ਹਨ। ਅਜੋਕੇ ਸਮੇਂ ਬਜ਼ੁਰਗਾਂ ਦੇ ਆਰਥਿਕ ਹਾਲਾਤ ਬਹੁਤ ਨਿਰਾਸ਼ਾਜਨਕ ਹਨ। ਲਗਭਗ 70 ਫ਼ੀਸਦੀ ਬਜ਼ੁਰਗ ਆਪਣੀਆਂ ਰੋਜ਼ਮਰ੍ਹਾ ਦੀਆਂ ਲੋੜਾਂ, ਖਾਣ-ਪੀਣ, ਦਵਾਈਆਂ, ਕੱਪੜੇ ਆਦਿ ਲਈ ਦੂਜਿਆਂ 'ਤੇ ਨਿਰਭਰ ਹਨ। ਉਨ੍ਹਾਂ ਨੂੰ ਵੱਡੀ ਉਮਰ ਹੋਣ ਦੇ ਬਾਵਜੂਦ ਕੰਮ ਕਰਨੇ ਪੈ ਰਹੇ ਹਨ। ਲਗਭਗ 2.5 ਫ਼ੀਸਦੀ ਆਦਮੀ ਤੇ 8.6 ਫ਼ੀਸਦੀ ਔਰਤਾਂ ਇਕੱਲੇ ਰਹਿਣ ਲਈ ਮਜਬੂਰ ਹਨ। ਮਾੜੀ ਆਰਥਿਕ ਸਥਿਤੀ 'ਤੇ ਚੱਲਦਿਆਂ 32 ਫ਼ੀਸਦੀ ਬਜ਼ੁਰਗ ਜ਼ਿੰਦਗੀ ਤੋਂ ਨਿਰਾਸ਼ ਹਨ। ਉਹ ਸਿਹਤ ਸਮੱਸਿਆਵਾਂ ਤੇ ਆਪਣਿਆਂ ਵੱਲੋਂ ਅਣਗੌਲਿਆ ਕੀਤੇ ਜਾਣ ਕਾਰਨ ਖ਼ਫ਼ਾ ਤੇ ਅਸੰਤੁਸ਼ਟ ਹਨ। ਬਜ਼ੁਰਗਾਂ ਵਿਚ ਸਰੀਰਕ ਕਾਰਜਕੁਸ਼ਲਤਾ ਦੀਆਂ ਸੀਮਾਵਾਂ ਦੇ ਨਾਲ-ਨਾਲ ਅਪਾਹਜਤਾਵਾਂ ਦੇ ਉੱਚ ਜੋਖਮ ਵੀ ਪਾਏ ਜਾਂਦੇ ਹਨ, ਜੋ ਉਨ੍ਹਾਂ ਦੀਆਂ ਸਮਰਥਾਵਾਂ ਨੂੰ ਘਟਾ ਕੇ ਰੋਜ਼ਾਨਾ ਦੀਆਂ ਸਰਗਰਮੀਆਂ ਵਿਚ ਅੜਿੱਕਾ ਬਣਦੀਆਂ ਹਨ।ਉਂਜ ਭਾਰਤ ਸਰਕਾਰ ਨੇ ਬਜ਼ੁਰਗਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਕਈ ਨੀਤੀਆਂ ਅਤੇ ਯੋਜਨਾਵਾਂ ਸ਼ੁਰੂ ਕੀਤੀਆਂ ਹਨ।ਇੰਦਰਾ ਗਾਂਧੀ ਰਾਸ਼ਟਰੀ ਬੁਢਾਪਾ ਪੈਨਸ਼ਨ ਯੋਜਨਾ, ਗਰੀਬੀ ਰੇਖਾ ਤੋਂ ਹੇਠਾਂ ਪਰਵਾਰਾਂ ਨਾਲ ਸੰਬੰਧਤ ਬਜ਼ੁਰਗ ਨਾਗਰਿਕਾਂ ਨੂੰ ਮਹੀਨਾਵਾਰ ਪੈਨਸ਼ਨ, ਸੀਨੀਅਰ ਸਿਟੀਜ਼ਨ ਸੇਵਿੰਗਜ਼ ਸਕੀਮ, ਸੀਨੀਅਰ ਸਿਟੀਜ਼ਨ ਦੇ ਨਿਵੇਸ਼ਾਂ ਲਈ ਇਕ ਸਥਿਰ ਅਤੇ ਉੱਚ ਵਿਆਜ ਦਰ ਦੀ ਪੇਸ਼ਕਸ ਕਰਦੀ ਹੈ। ਸੀਨੀਅਰ ਸਿਟੀਜ਼ਨਜ਼ ਲਈ ਏਕੀਕ੍ਰਿਤ ਪ੍ਰੋਗਰਾਮ ਹੈ ਜੋ ਗੈਰ-ਸਰਕਾਰੀ ਸੰਗਠਨਾਂ ਨੂੰ ਬੁਢਾਪਾ ਘਰ, ਡੇ-ਕੇਅਰ, ਸੈਂਟਰ ਤੇ ਮੋਬਾਇਲ ਮੈਡੀਕਲ ਯੂਨਿਟ ਚਲਾਉਣ ਲਈ ਗ੍ਰਾਂਟ-ਇਨ-ਏਡ ਪ੍ਰਦਾਨ ਕਰਦਾ ਹੈ।

ਦੇਸ਼ ਵਿਚ ਬਜ਼ੁਰਗਾਂ ਦੀ ਕੁੱਲ ਆਬਾਦੀ ਵਿੱਚ ਹਿੱਸੇਦਾਰੀ ਲਗਾਤਾਰ ਵਧ ਰਹੀ ਹੈ। ਸਾਲ 2022 ਵਿੱਚ ਦੇਸ਼ ਵਿੱਚ ਲਗਭਗ 14.9 ਕਰੋੜ ਨਾਗਰਿਕ 60 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਸਨ, ਜੋ ਕੁੱਲ ਆਬਾਦੀ ਦਾ 10.5 ਫ਼ੀਸਦੀ ਬਣਦੇ ਹਨ। ਸੰਯੁਕਤ ਰਾਸ਼ਟਰ ਆਬਾਦੀ ਫੰਡ ਦੀ ਹਾਲੀਆ ਰਿਪੋਰਟ ਅਨੁਸਾਰ ਸਾਲ 2036 ਤੱਕ 15 ਫ਼ੀਸਦੀ ਤੋਂ ਵੱਧ ਆਬਾਦੀ ਲਗਭਗ 23 ਕਰੋੜ ਲੋਕ ਬਜ਼ੁਰਗ ਹੋਣਗੇ। ਜਦੋਂ 2047 ਵਿਚ ਦੇਸ਼ ਵਿਕਸਤ ਭਾਰਤ ਦੇ ਟੀਚੇ 'ਤੇ ਪਹੁੰਚੇਗਾ ਤਾਂ ਬਜ਼ੁਰਗਾਂ ਦੀ ਗਿਣਤੀ 34.7 ਕਰੋੜ ਹੋ ਜਾਵੇਗੀ ਤਾਂ ਦੁਨੀਆਂ ਭਰ ਵਿੱਚੋਂ ਹਰ ਛੇ ਬਜ਼ੁਰਗਾਂ ਵਿਚ ਇਕ ਭਾਰਤੀ ਹੋਵੇਗਾ। ਵਧ ਰਹੀ ਬਜ਼ੁਰਗ ਆਬਾਦੀ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਸਰਕਾਰ ਨੂੰ ਹੁਣ ਤੋਂ ਧਿਆਨ ਕੇਂਦਰਤ ਕਰਨਾ ਚਾਹੀਦਾ ਹੈ, ਤਾਂ ਜੋ ਇਹ ਬਜ਼ੁਰਗ ਦੇਸ਼ ਦੇ ਵਿਕਾਸ ਵਿਚ ਵੱਡਾ ਯੋਗਦਾਨ ਪਾ ਸਕਣ। ਬੁਢਾਪੇ ਵਿਚ ਤਰ੍ਹਾਂ-ਤਰ੍ਹਾਂ ਦੀਆਂ ਬਿਮਾਰੀਆਂ ਆ ਜਾਣਾ ਸੁਭਾਵਿਕ ਹੈ। ਮੌਜੂਦਾ ਸਮਾਜ ਵਿਚ ਜੀਵਨ ਸ਼ੈਲੀ ਨਾਲ ਸੰਬੰਧਤ ਬਿਮਾਰੀਆਂ ਦਾ ਜ਼ਿਆਦਾ ਰੁਝਾਨ ਹੈ, ਜਿਵੇਂ ਸ਼ੂਗਰ, ਬਲੱਡ ਪ੍ਰੈਸ਼ਰ, ਕੋਲੈਸਟ੍ਰੋਲ ਆਦਿ।ਜੇਕਰ ਬਜ਼ੁਰਗਾਂ ਨੂੰ ਸਮੇਂ ਸਿਰ ਖਾਣਾ, ਦਵਾਈ, ਪਖਾਨੇ ਦੀ ਸਹੂਲਤ ਮਿਲਦੀ ਹੈ ਅਤੇ ਕੁਝ ਸਮਾਂ ਘਰ ਦੇ ਜੀਅ ਉਨ੍ਹਾਂ ਨਾਲ ਬਿਤਾਉਂਦੇ ਹਨ ਤਾਂ ਪਿਆਰ ਅਤੇ ਸਤਿਕਾਰ ਦੇ ਭੁੱਖੇ ਬਜ਼ੁਰਗਾਂ ਦੇ ਦੁੱਖਾਂ ਨੂੰ ਨਿਸਚਿਤ ਤੌਰ 'ਤੇ ਘੱਟ ਕੀਤਾ ਜਾ ਸਕਦਾ ਹੈ। ਜਿਹੜੇ ਮਾਪਿਆਂ ਨੇ ਮੂੰਹ ਵਿਚ ਬੁਰਕੀ ਪਾਉਣ ਤੋਂ ਪਹਿਲਾਂ ਆਪਣੀ ਔਲਾਦ ਦੇ ਮੂੰਹ ਵਿਚ ਬੁਰਕੀ ਪਾਈ ਹੁੰਦੀ ਹੈ, ਉਹੀ ਔਲਾਦ ਰੋਟੀ ਦਾ ਖਰਚਾ ਵੀ ਮਾਪਿਆਂ ਨੂੰ ਦੱਸਣ ਲੱਗ ਜਾਂਦੀ ਹੈ। ਮਾਂ-ਬਾਪ ਆਪਣੀ ਹੈਸੀਅਤ ਮੁਤਾਬਿਕ ਬੱਚਿਆਂ ਦਾ ਪਾਲਣ-ਪੋਸ਼ਣ ਕਰਨ ਦੇ ਨਾਲ-ਨਾਲ ਵਿੱਦਿਆ ਦਿਵਾ ਕੇ ਉਨ੍ਹਾਂ ਨੂੰ ਰੁਜ਼ਗਾਰ ਯੋਗ ਕਰਦੇ ਹਨ। ਜਿਹੜੇ ਬੱਚੇ ਨਹੀਂ ਪੜ੍ਹਦੇ, ਉਨ੍ਹਾਂ ਨੂੰ ਮਾਪੇ ਆਪਣੇ ਕਿੱਤੇ ਵਿਚ ਪਾ ਕੇ ਨਿਪੁੰਨ ਬਣਾ ਦਿੰਦੇ ਹਨ ਜਿਵੇਂ ਖੇਤੀਬਾੜੀ, ਵਪਾਰ, ਦੁਕਾਨ, ਦਸਤਕਾਰੀ ਆਦਿ। ਪਹਿਲੇ ਵੇਲਿਆਂ ਵਿਚ ਬਜ਼ੁਰਗਾਂ ਨੂੰ ਘਰਾਂ ਵਿਚ ਸਭ ਤੋਂ ਵੱਡਾ ਅਤੇ ਸਿਆਣਾ ਜਾਣ ਕੇ ਸਭ ਤੋਂ ਵੱਧ ਸਤਿਕਾਰ ਮਿਲਦਾ ਸੀ। ਘਰਾਂ ਵਿਚ ਬਜ਼ੁਰਗਾਂ ਦੀ ਦੇਖ-ਭਾਲ ਤੇ ਸਾਂਭ-ਸੰਭਾਲ ਆਪਣੇ ਕੰਮ ਦਾ ਹਿੱਸਾ ਸਮਝ ਕੇ ਪੁੱਤ, ਭਤੀਜੇ ਤੇ ਪੋਤਰੇ ਰਲ ਕੇ ਕਰਦੇ ਹਨ, ਪਰ ਫਿਰ ਵੀ ਅੱਜ ਬਹੁਤ ਸਾਰੇ ਨੌਜਵਾਨ ਸਰਵਣ ਪੁੱਤਰ ਹਨ ਜੋ ਆਪਣੇ ਮਾਂ-ਬਾਪ ਨੂੰ ਪੂਰਾ ਸਤਿਕਾਰ ਦਿੰਦੇ ਹਨ। ਬਜ਼ੁਰਗਾਂ ਦੀ ਹਰ ਜ਼ਰੂਰਤ ਦਾ ਪੂਰਾ ਧਿਆਨ ਰੱਖਦੇ ਹਨ ਅਤੇ ਉਨ੍ਹਾਂ ਦੀ ਹਰ ਗੱਲ ਜੀ ਕਰਕੇ ਮੰਨਦੇ ਹਨ। ਅਜਿਹੇ ਬੱਚਿਆਂ ਦੇ ਮਾਪੇ ਆਪਣੇ ਬੁਢਾਪੇ ਦਾ ਪੂਰਾ ਆਨੰਦ ਮਾਣਦੇ ਹਨ ਅਤੇ ਆਪਣੀ ਔਲਾਦ 'ਤੇ ਫ਼ਖਰ ਮਹਿਸੂਸ ਕਰਦੇ ਹਨ। ਸਾਨੂੰ ਆਪਣੀ ਸੋਚ ਬਦਲ ਕੇ ਇਹ ਬਹੁਮੁੱਲੇ ਸਰਮਾਏ ਦੀ ਚੰਗੀ ਤਰ੍ਹਾਂ ਸਾਂਭ-ਸੰਭਾਲ ਕਰਕੇ ਇਨ੍ਹਾਂ ਦੁਆਰਾ ਦਿੱਤੀਆਂ ਜਾਂਦੀਆਂ ਸੇਧਾਂ ਦਾ ਲਾਭ ਉਠਾਉਣਾ ਚਾਹੀਦਾ ਹੈ।ਪੰਜਾਬ ਦੀ ਧਰਤੀ, ਜਿੱਥੇ ਸੇਵਾ ਅਤੇ ਸਤਿਕਾਰ ਦੀਆਂ ਗੱਲਾਂ ਘਰ-ਘਰ ਹੁੰਦੀਆਂ ਹਨ, ਉੱਥੇ ਅੱਜ ਬਿਰਧ ਆਸ਼ਰਮਾਂ ਦੀ ਵਧਦੀ ਗਿਣਤੀ ਸਾਡੀ ਨੈਤਿਕ ਗਿਰਾਵਟ ਦਾ ਪ੍ਰਤੀਕ ਬਣ ਗਈ ਹੈ। ਬਿਰਧ ਆਸ਼ਰਮਾਂ ਵਿਚ ਰਹਿ ਰਹੇ ਬਜ਼ੁਰਗਾਂ ਦੀਆਂ ਅੱਖਾਂ ਹਮੇਸ਼ਾ ਦਰਵਾਜ਼ੇ ਵੱਲ ਲੱਗੀਆਂ ਰਹਿੰਦੀਆਂ ਹਨ ਕਿ ਸ਼ਾਇਦ ਅੱਜ ਉਨ੍ਹਾਂ ਦਾ ਪੁੱਤ ਜਾਂ ਪੋਤਾ-ਪੋਤੀ ਉਨ੍ਹਾਂ ਨੂੰ ਮਿਲਣ ਆਉਣਗੇ। ਬਿਰਧ ਆਸ਼ਰਮਾਂ ਵਿਚ ਰਹਿਣ ਵਾਲੇ ਬਹੁਤੇ ਬਜ਼ੁਰਗ ਉੱਚ-ਮੱਧ ਵਰਗੀ ਪਰਵਾਰਾਂ ਨਾਲ ਸੰਬੰਧ ਰੱਖਦੇ ਹਨ, ਜਿਹਨਾਂ ਦੇ ਬੱਚੇ ਵਿਦੇਸ਼ਾਂ ਵਿੱਚ ਸੈਟਲ ਹਨ ਜਾਂ ਵੱਡੀਆਂ ਨੌਕਰੀਆਂ 'ਤੇ ਹਨ। ਵੱਡੇ-ਵੱਡੇ ਬੰਗਲਿਆਂ ਦੇ ਮਾਲਕ ਅੱਜ ਇਕ ਛੋਟੇ ਜਿਹੇ ਕਮਰੇ ਵਿਚ ਆਪਣੀ ਜ਼ਿੰਦਗੀ ਦੇ ਆਖਰੀ ਦਿਨ ਕੱਟ ਰਹੇ ਹਨ। ਅਜੋਕੀ ਪੀੜ੍ਹੀ ਨੂੰ ਚਾਹੀਦਾ ਹੈ ਉਹ ਸਮਾਂ ਕੱਢ ਕੇ ਬਜ਼ੁਰਗਾਂ ਦੀ ਇਕੱਲਤਾ ਦੂਰ ਕਰਨ ਅਤੇ ਬਣਦਾ ਮਾਣ-ਸਤਿਕਾਰ ਦੇਣ। ਅੱਜ ਦੇ ਪਰਿਵਰਤਨਸ਼ੀਲ ਯੁੱਗ ਵਿੱਚ ਬਜ਼ੁਰਗਾਂ ਨੂੰ ਵੀ ਬਦਲਣਾ ਚਾਹੀਦਾ ਹੈ। ਘਰ ਦੇ ਮਾਹੌਲ ਨੂੰ ਖੁਸ਼ਗਵਾਰ ਰੱਖਣ ਲਈ ਬਜ਼ੁਰਗਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ।ਜੇਕਰ ਨੇੜੇ ਦੇ ਕਿਸੇ ਕਮਰੇ ਵਿੱਚ ਘਰ ਦਾ ਕੋਈ ਬਜ਼ੁਰਗ ਪਿਆ ਹੋਵੇ ਤਾਂ ਕ੍ਰਿਪਾ ਕਰਕੇ ਟੀ ਵੀ, ਰੇਡੀਓ ਦੀ ਆਵਾਜ਼ ਘੱਟ ਰੱਖੋ, ਤਾਂ ਕਿ ਉਹ ਸ਼ਾਂਤੀ ਨਾਲ ਸੌਂ ਸਕਣ। ਜਵਾਨੀ ਦੀਆਂ ਚੰਗੀਆਂ ਆਦਤਾਂ, ਚੰਗੇ ਕੰਮ, ਚੰਗੀਆਂ ਪ੍ਰਾਪਤੀਆਂ, ਚੰਗੇ ਰਿਸ਼ਤੇ, ਚੰਗੀ ਕਮਾਈ, ਚੰਗਾ ਘਰ-ਬਾਰ, ਚੰਗਾ ਪਰਿਵਾਰ ਆਦਿ ਸਾਡੇ ਬੁਢਾਪੇ ਨੂੰ ਤੰਦਰੁਸਤ, ਖੁਸ਼ਹਾਲ, ਅਮੀਰ, ਮਾਨਣਯੋਗ, ਇਜ਼ਤਦਾਰ ਅਤੇ ਉਪਯੋਗੀ ਬਣਾਉਂਦੇ ਹਨ।ਬੁਢਾਪੇ ਵਿੱਚ ਸਮੇਂ ਸਿਰ ਸਰੀਰ ਦੀ ਜਾਂਚ ਕਰਵਾਉਣਾ ਵੀ ਆਪਣੇ ਆਪ ਨੂੰ ਬੇਲੋੜੀਆਂ ਚਿੰਤਾਵਾਂ ਤੋਂ ਮੁਕਤ ਕਰਦਾ ਹੈ।

ਬਜ਼ੁਰਗਾਂ ਨੂੰ ਬੁਢਾਪਾ ਸੁਖਾਵਾਂ ਹੰਢਾਉਣ ਲਈ ਹਮੇਸ਼ਾ ਸਾਦਾ ਤੇ ਸੰਤੁਲਿਤ ਆਹਾਰ ਲੈਣਾ ਚਾਹੀਦਾ ਹੈ। ਚਿੰਤਾ ਮੁਕਤ ਜੀਵਨ ਜਿਣ ਦੇ ਨਾਲ-ਨਾਲ ਸਮਾਜ ਨਾਲ ਜੁੜੇ ਰਹਿਣਾ ਚਾਹੀਦਾ ਹੈ। ਨੀਂਦ ਪੂਰੀ ਲੈਣੀ ਚਾਹੀਦੀ ਹੈ। ਹਮੇਸ਼ਾ ਚੁਸਤ-ਫੁਰਤ ਰਹਿਣਾ ਚਾਹੀਦਾ ਹੈ। ਸੈਰ ਤੇ ਕਸਰਤ ਕਰਨੀ ਚਾਹੀਦੀ ਹੈ। ਗੱਪ-ਸ਼ੱਪ ਕਰਨੀ ਚਾਹੀਦੀ ਹੈ। ਖੁੱਲ੍ਹ ਕੇ ਹੱਸਣ ਦੇ ਨਾਲ-ਨਾਲ ਗਾਣਾ ਅਤੇ ਮਸਤੀ ਕਰਨੀ ਚਾਹੀਦੀ ਹੈ। ਕਦੇਂ ਵੀ ਢਹਿੰਦੀ ਕਲਾ ਵਿੱਚ ਨਹੀਂ ਰਹਿਣਾ ਚਾਹੀਦਾ। ਹਮੇਸ਼ਾ ਚੜ੍ਹਦੀ ਕਲਾ ਵਿੱਚ ਰਹਿਣਾ ਚਾਹੀਦਾ ਹੈ। ਹੱਸਦੇ ਗਾਉਂਦੇ ਤੇ ਸਮਾਜ ਲਈ ਕੰਮ ਕਰਦੇ ਰਹਿਣਾ ਚਾਹੀਦਾ ਹੈ। ਇਕ ਅਜਿਹਾ ਸਮਾਜ ਸਿਰਜਣ ਦੀ ਲੋੜ ਹੈ, ਜਿੱਥੇ ਬਜ਼ੁਰਗਾਂ ਦੇ ਅਧਿਕਾਰਾਂ ਦਾ ਸਨਮਾਨ ਹੋਵੇ। ਜੋ ਉਨ੍ਹਾਂ ਵਿਚ ਮੌਜੂਦ ਸੰਭਾਵਨਾ ਦੀ ਕਦਰ ਕਰਦਿਆਂ ਜੀਵਨ ਦੇ ਆਖਰੀ ਸਾਲਾਂ ਦੌਰਾਨ ਉਨ੍ਹਾਂ ਦੀ ਵੱਧ ਤੋਂ ਵੱਧ ਭਲਾਈ ਲਈ ਵਚਨਬੱਧ ਤੇ ਯਤਨਸ਼ੀਲ ਹੋਵੇ।

# ਸੰਪਰਕ : 98146-62260

## ਫੋਰਮ ਆਫ਼ ਰਿਟਾਇਰਡ ਡਿਪਲੋਮਾ ਇੰਜ. ਦੀ ਮੀਟਿੰਗ ਹੋਈ



**ਲੁਧਿਆਣਾ (ਸਤੀਸ਼ ਸਚਦੇਵਾ)** ਪੈਨਸ਼ਨਰ ਭਵਨ ਵਿਖੇ ਫ਼ੋਰਮ ਆਫ ਰਿਟਾਇਰਡ ਡਿਪਲੋਮਾ ਇੰਜੀਨੀਅਰਜ਼ ਪੰਜਾਬ ਦੀ ਜ਼ਰੂਰੀ ਮੀਟਿੰਗ ਸੂਬਾ ਪ੍ਰਧਾਨ ਇੰਜੀ ਦਲਜੀਤ ਸਿੰਘ ਕੋਹਲੀ ਅੰਮ੍ਰਿਤਸਰ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਪਿਛਲੇ ਸਮੇਂ ਦੌਰਾਨ ਵਿੱਛੜ ਗਏ ਸਾਥੀਆਂ ਦੀ ਯਾਦ ਵਿੱਚ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਵੱਖ-ਵੱਖ ਬੁਲਾਰਿਆਂ ਨੇ ਜ਼ਿਲ੍ਹਾ ਵਾਈਜ਼ ਜ਼ੋਨ ਵਾਈਜ਼ ਆਪਣੇ ਕੀਤੇ ਗਏ ਕੰਮਾਂ ਦੀ ਰਿਪੋਰਟ ਪੇਸ਼ ਕੀਤੀ।ਸਾਰਿਆਂ ਨੇ ਇੱਕਮਤ ਹੋ ਕੇ ਪੰਜਾਬ ਸਰਕਾਰ ਦੀ ਮੁਲਾਜ਼ਮਾਂ/ਪੈਨਸ਼ਨਰਾਂ ਪ੍ਰਤੀ ਨਕਾਰਾਤਮਕ ਰਵੱਈਏ ਦੀ ਪੁਰਜ਼ੋਰ ਨਿੰਦਾ ਕੀਤੀ।58% ਮਹਿੰਗਾਈ ਭੱਤੇ ਦੀ ਹਰ ਇੱਕ ਜ਼ਿਲ੍ਹਾ ਇਕਾਈ ਨੇ ਮੰਗ ਕਰਦਿਆਂ ਉੱਚ ਅਦਾਲਤ ਦੇ ਦਿੱਤੇ ਹੁਕਮਾਂ ਨੂੰ ਡਬਲ ਬੈਂਚ ਅੱਗੇ ਪੇਸ਼ ਕਰਨ ਦੀ ਵੀ ਨਿਖੇਧੀ ਕੀਤੀ।ਭਾਰਤ ਦੇ ਵੱਖ-ਵੱਖ ਸੂਬਿਆਂ ਵਿੱਚ ਮਹਿੰਗਾਈ ਭੱਤੇ ਦੀ ਦਰ 58% , 60% ਹੈ, ਪਰ ਪੰਜਾਬ ਵਿੱਚ 42% ਕਿਉਂ ? ਉਨ੍ਹਾਂ ਸਰਕਾਰ ਕੋਲੋਂ ਡੀ ਏ ਦਾ ਸਾਰਾ ਬਕਾਇਆ ਯਕਮੁਸ਼ਤ ਇੱਕ ਕਿਸ਼ਤ ਵਿੱਚ ਦੇਣ ਦੀ ਮੰਗ ਕਰਦਿਆਂ ਪੈਨਸ਼ਨ 2.59 ਦੇ ਗੁਣਾਂਕ ਨਾਲ ਫਿਕਸ ਕਰਨ ਦੀ ਵੀ ਮੰਗ ਕੀਤੀ।ਜੇ ਸਰਕਾਰ ਨੇ ਸਾਡੀਆਂ ਜਾਇਜ਼ ਤੇ ਹੱਕੀ ਮੰਗਾਂ ਤੁਰੰਤ ਪੂਰੀਆਂ ਨਾ ਕੀਤੀਆਂ ਤਾਂ ਜ਼ੋਰਦਾਰ ਸੰਘਰਸ਼ ਵਿੱਢਿਆ ਜਾਵੇਗਾ, ਜਿਸਦੀ ਜ਼ਿੰਮੇਵਾਰ ਸਰਕਾਰ ਹੋਵੇਗੀ।

## ਕਾਂਗਰਸ ਦਾ ਤਿੱਖਾ ਪ੍ਰਦਰਸ਼ਨ, ਭਗਵੰਤ ਮਾਨ ਤੋਂ ਮੰਗਿਆ ਅਸਤੀਫ਼ਾ

**ਮਾਨਸਾ, (ਆਤਮਾ ਸਿੰਘ ਪਮਾਰ)** ਪੰਜਾਬ ਦੀ ਸਿਆਸਤ 'ਚ ਅੱਜ ਇੱਕ ਵੱਡੀ ਹਿੱਲਜੁਲ ਦੇਖਣ ਨੂੰ ਮਿਲੀ, ਜਦੋਂ ਜ਼ਿਲ੍ਹਾ ਕਾਂਗਰਸ ਕਮੇਟੀ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਖ਼ਿਲਾਫ਼ ਜ਼ੋਰਦਾਰ ਪ੍ਰਦਰਸ਼ਨ ਕੀਤਾ ਗਿਆ।ਕਾਂਗਰਸ ਆਗੂਆਂ ਅਤੇ ਵਰਕਰਾਂ ਨੇ ਨਾ ਸਿਰਫ਼ ਮੁੱਖ ਮੰਤਰੀ ਦੇ ਤੁਰੰਤ ਅਸਤੀਫੇ ਦੀ ਮੰਗ ਕੀਤੀ, ਸਗੋਂ 1 ਮਈ ਨੂੰ ਉਨ੍ਹਾਂ ਵੱਲੋਂ ਪੰਜਾਬ ਵਿਧਾਨ ਸਭਾ 'ਚ ਕਥਿਤ ਸ਼ਰਾਬ ਪੀਣ ਦੀ ਘਟਨਾ ਨੂੰ ਲੈ ਕੇ ਗੰਭੀਰ ਦੋਸ਼ ਵੀ ਲਾਏ।ਇਹ ਮਾਮਲਾ ਹੁਣ ਸਿਰਫ਼ ਰਾਜਨੀਤਕ ਟਕਰਾਅ ਨਹੀਂ ਰਹਿ ਗਿਆ, ਬਲਕਿ ਇਸ ਨੇ ਵਿਧਾਨ ਸਭਾ ਦੀ ਮਰਿਆਦਾ, ਸਰਕਾਰੀ ਆਚਰਣ ਤੇ ਲੋਕਤੰਤਰਕ ਮੁੱਲਾਂ 'ਤੇ ਵੀ ਵੱਡੇ ਸਵਾਲ ਖੜੇ ਕਰ ਦਿੱਤੇ ਹਨ। ਸਵੇਰੇ ਕਾਂਗਰਸ ਦੇ ਆਗੂਆਂ ਅਤੇ ਵਰਕਰਾਂ ਨੇ ਵੱਡੀ ਗਿਣਤੀ 'ਚ ਇਕੱਠੇ ਹੋ ਕੇ ਡਿਪਟੀ ਕਮਿਸ਼ਨਰ ਰਾਹੀਂ ਪੰਜਾਬ ਦੇ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਨੂੰ ਇੱਕ ਵਿਸਥਾਰਤ ਮੰਗ ਪੱਤਰ ਭੇਜਿਆ। ਮੁੱਖ ਮੰਤਰੀ 'ਤੇ ਦੋਸ਼ ਲਾਇਆ ਗਿਆ ਕਿ ਉਹ 1 ਮਈ, ਜੋ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਵਜੋਂ ਮਨਾਇਆ ਜਾਂਦਾ ਹੈ, ਦੇ ਮੌਕੇ ਕਥਿਤ ਨਸ਼ੇ ਦੀ ਹਾਲਤ 'ਚ ਪੰਜਾਬ ਵਿਧਾਨ ਸਭਾ 'ਚ ਪਹੁੰਚੇ।ਕਾਂਗਰਸ ਨੇ ਇਸ ਘਟਨਾ ਨੂੰ ਵਿਧਾਨ ਸਭਾ ਦੀ ਪਵਿੱਤਰਤਾ ਨਾਲ ਖਿਲਵਾੜ ਕਰਾਰ ਦਿੰਦਿਆਂ ਕਿਹਾ ਕਿ ਇਹ ਨਾ ਸਿਰਫ਼ ਅਣਉਚਿਤ ਹੈ, ਸਗੋਂ ਲੋਕਤੰਤਰ ਦੀ ਮੂਲ ਆਤਮਾ 'ਤੇ ਵੀ ਸਿੱਧਾ ਹਮਲਾ ਹੈ। ਜ਼ਿਲ੍ਹਾ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਨੇ ਕਿਹਾ ਕਿ ਮੁੱਖ ਮੰਤਰੀ ਦਾ ਇਹ ਵਰਤਾਰਾ ਬਹੁਤ ਹੀ ਨਿੰਦਣਯੋਗ ਹੈ ਤੇ ਇਸ ਦੀ ਸਖ਼ਤ ਨਿਖੇਧੀ ਕੀਤੀ ਜਾਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਉਹ ਮੰਚ ਹੈ ਜਿੱਥੇ ਲੋਕਾਂ ਦੇ ਮਸਲੇ ਸੁਣੇ ਜਾਂਦੇ ਹਨ, ਪਰ ਜੇ ਉੱਥੇ ਬੈਠਾ ਸਭ ਤੋਂ ਵੱਡਾ ਅਹੁਦੇਦਾਰ ਹੀ ਮਰਯਾਦਾ ਦੀ ਉਲੰਘਣਾ ਕਰੇ, ਤਾਂ ਇਹ ਬਹੁਤ ਹੀ ਗੰਭੀਰ ਮਾਮਲਾ ਬਣ ਜਾਂਦਾ ਹੈ। ਪ੍ਰਦਰਸ਼ਨ ਦੌਰਾਨ ਕਾਂਗਰਸ ਵਰਕਰਾਂ ਵੱਲੋਂ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।'ਸੀਐਮ ਦਿਓ ਅਸਤੀਫਾ' ਤੇ 'ਲੋਕਤੰਤਰ ਬਚਾਓ' ਵਰਗੇ ਨਾਅਰੇ ਲਾ ਕੇ ਉਨ੍ਹਾਂ ਆਪਣਾ ਗੁੱਸੇ ਦਾ ਇਜ਼ਹਾਰ ਜ਼ਾਹਰ ਕੀਤਾ।ਵਰਕਰਾਂ ਦਾ ਕਹਿਣਾ ਸੀ ਕਿ ਆਮ ਆਦਮੀ ਪਾਰਟੀ ਨੇ ਸਾਫ਼-ਸੁਥਰੀ ਰਾਜਨੀਤੀ ਦਾ ਵਾਅਦਾ ਕਰਕੇ ਸੱਤਾ ਹਾਸਲ ਕੀਤੀ ਸੀ, ਪਰ ਹੁਣ ਉਹ ਖੁਦ ਹੀ ਵਿਵਾਦਾਂ 'ਚ ਘਿਰਦੀ ਜਾ ਰਹੀ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਕਾਂਗਰਸ ਪਾਰਟੀ ਇਸ ਮਾਮਲੇ 'ਤੇ ਪਿੱਛੇ ਨਹੀਂ ਹਟੇਗੀ ਅਤੇ ਇਨਸਾਫ਼ ਲਈ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।ਮੰਗ ਪੱਤਰ ਵਿੱਚ ਗਵਰਨਰ ਕੋਲ ਅਪੀਲ ਕੀਤੀ ਗਈ ਹੈ ਕਿ 1 ਮਈ ਨੂੰ ਪੰਜਾਬ ਵਿਧਾਨ ਸਭਾ ਵਿੱਚ ਵਾਪਰੀ ਇਸ ਘਟਨਾ ਦਾ ਗੰਭੀਰ ਨੋਟਿਸ ਲਿਆ ਜਾਵੇ ਤੇ ਇੱਕ ਉੱਚ ਪੱਧਰੀ, ਨਿਰਪੱਖ ਜਾਂਚ ਕਮੇਟੀ ਬਿਠਾਈ ਜਾਵੇ।ਇਸ ਦੇ ਨਾਲ ਹੀ ਇਹ ਵੀ ਮੰਗ ਕੀਤੀ ਗਈ ਹੈ ਕਿ ਜੇਕਰ ਦੋਸ਼ ਸਾਬਤ ਹੁੰਦੇ ਹਨ ਤਾਂ ਮੁੱਖ ਮੰਤਰੀ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇ ਤਾਂ ਜੁ ਸੱਚ ਸਾਹਮਣੇ ਆ ਸਕੇ ਤੇ ਜ਼ਿੰਮੇਵਾਰਾਂ ਨੂੰ ਸਜ਼ਾ ਮਿਲੇ।



## ਅਕਾਲੀ ਦਲ ਦੀ ਜਿੱਤ ਲਈ ਯੂਥ ਨਿਭਾਵੇਗਾ ਅਹਿਮ ਭੂਮਿਕਾ : ਪਵਨ, ਸੁਖਬੀਰ



**ਬਾਘਾ ਪੁਰਾਣਾ, (ਮਨੀ ਸਿੰਗਲਾ)** 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਰਾਜਨੀਤਿਕ ਗਤੀਵਿਧੀਆਂ ਤੇਜ਼ ਹੋ ਰਹੀਆਂ ਹਨ।ਸ਼੍ਰੋਮਣੀ ਅਕਾਲੀ ਦਲ ਦੇ ਯੂਥ ਆਗੂ ਪ੍ਰਧਾਨ ਪਵਨ ਗੋਇਲ ਤੇ ਸੁਖਬੀਰ ਬਰਾੜ ਸੁੱਖਾ ਨੇ ਕਿਹਾ ਕਿ ਇਸ ਵਾਰ ਚੋਣਾਂ ਵਿੱਚ ਯੂਥ ਵਰਗ ਸਭ ਤੋਂ ਅਹਿਮ ਭੂਮਿਕਾ ਨਿਭਾਉਣ ਜਾ ਰਿਹਾ ਹੈ ਤੇ ਪਾਰਟੀ ਦੀ ਜਿੱਤ ਵਿੱਚ ਨੌਜਵਾਨਾਂ ਦਾ ਯੋਗਦਾਨ ਨਿਰਣਾਇਕ ਰਹੇਗਾ।ਉਨ੍ਹਾਂ ਕਿਹਾ ਕਿ ਹਲਕੇ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਪਕੜ ਲਗਾਤਾਰ ਮਜ਼ਬੂਤ ਹੋ ਰਹੀ ਹੈ ਅਤੇ ਖਾਸ ਕਰਕੇ ਯੂਥ ਵਰਗ ਵਿੱਚ ਪਾਰਟੀ ਪ੍ਰਤੀ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ।ਪਵਨ ਗੋਇਲ ਅਤੇ ਸੁਖਬੀਰ ਬਰਾੜ ਨੇ ਦੱਸਿਆ ਕਿ ਪਾਰਟੀ ਦੇ ਯੂਥ ਕੋਰ ਕਮੇਟੀ ਮੈਂਬਰ ਸੁਖਜੀਤ ਸਿੰਘ ਮਾਹਲਾ ਨੇ ਹਮੇਸ਼ਾ ਲੋਕਾਂ ਨਾਲ ਜੁੜ ਕੇ ਕੰਮ ਕੀਤਾ ਹੈ, ਜਿਸ ਕਾਰਨ ਉਹ ਬਾਘਾ ਪੁਰਾਣਾ ਦੇ ਲੋਕਾਂ ਵਿੱਚ ਇੱਕ ਲੋਕਪ੍ਰਿਯ ਅਤੇ ਮਹਿਬੂਬ ਯੂਥ ਆਗੂ ਵਜੋਂ ਉਭਰੇ ਹਨ। ਉਨ੍ਹਾਂ ਕਿਹਾ ਕਿ ਸੁਖਜੀਤ ਸਿੰਘ ਮਾਹਲਾ ਦੀ ਲੀਡਰਸ਼ਿਪ ਹੇਠ ਹਲਕੇ ਦਾ ਨੌਜਵਾਨ ਵਰਗ ਇਕੱਠਾ ਹੋ ਰਿਹਾ ਹੈ ਤੇ ਹਰ ਵਰਗ ਦੇ ਲੋਕ ਅਕਾਲੀ ਦਲ ਦੇ ਹੱਕ ਵਿੱਚ ਖੜੇ ਹੋ ਰਹੇ ਹਨ।ਉਨ੍ਹਾਂ ਦਾ ਕਹਿਣਾ ਸੀ ਕਿ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਸਾਫ ਸ-ਥਰੀ ਛਵੀ ਅਤੇ ਲੋਕ ਭਲਾਈ ਵਾਲੀਆਂ ਨੀਤੀਆਂ ਕਾਰਨ ਲੋਕਾਂ ਵਿੱਚ ਉਨ੍ਹਾਂ ਪ੍ਰਤੀ ਭਰੋਸਾ ਵਧ ਰਿਹਾ ਹੈ।ਆਗੂਆਂ ਨੇ ਦਾਅਵਾ ਕੀਤਾ ਕਿ ਹਲਕਾ ਬਾਘਾ ਪੁਰਾਣਾ ਦਾ ਪੂਰਾ ਯੂਥ ਜਥੇਦਾਰ ਤੀਰਥ ਸਿੰਘ ਮਾਹਲਾ ਨੂੰ ਵਿਧਾਨ ਸਭਾ ਦੀਆਂ ਪੌੜੀਆਂ ਚੜਾਉਣ ਲਈ ਤਿਆਰ ਬੈਠਾ ਹੈ ਤੇ ਆਉਣ ਵਾਲੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਵੱਡੀ ਜਿੱਤ ਦਰਜ ਕਰੇਗਾ।

## ਘਰ 'ਚ ਦਾਖਲ ਹੋ ਕੇ ਕੁੱਟਮਾਰ ਕਰਨ ਦੇ ਦੋਸ਼ 'ਚ 2 ਨਾਮਜ਼ਦ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਕੀਰਤੀ ਨਗਰ ਵਿਖੇ ਇਕ ਵਿਅਕਤੀ ਦੇ ਘਰ ਵਿਚ ਦਾਖਲ ਹੋ ਕੇ ਉਸ ਦੀ ਕੁੱਟਮਾਰ ਕਰਨ ਤੇ ਉਸ ਦੇ ਗਲ ਵਿਚ ਚੁੰਨੀ ਪਾ ਕੇ ਗਲਾ ਘੁੱਟਣ ਦੀ ਕੋਸ਼ਿਸ਼ ਕਰਨ ਦੇ ਦੋਸ਼ ਵਿਚ ਥਾਣਾ ਸਿਟੀ ਫਿਰੋਜ਼ਪੁਰ ਪੁਲਿਸ ਨੇ 2 ਵਿਅਕਤੀਆਂ ਖਿਲਾਫ 333, 115 (2), 3 (5) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਰਾਜ ਕੁਮਾਰ ਪੁੱਤਰ ਮੁਲਖ ਰਾਜ ਵਾਸੀ ਹਾਊਸ ਨੰਬਰ 437 ਕੀਰਤੀ ਨਗਰ ਫਿਰੋਜ਼ਪੁਰ ਸ਼ਹਿਰ ਨੇ ਦੱਸਿਆ ਕਿ ਯਸ਼ਪਾਲ ਗਾਬਾ ਪੁੱਤਰ ਮੁਲਖ ਰਾਜ ਅਤੇ ਉਸ ਦੀ ਪਤਨੀ ਸੁਨੀਤਾ ਰਾਣੀ ਵਾਸੀਅਨ ਪ੍ਰੇਮ ਕਾਲੋਨੀ ਮਮਦੋਟ ਉਸ ਦੇ ਘਰ ਵਿਚ ਦਾਖਲ ਹੋ ਕੇ ਉਸ ਦੀ ਕੁੱਟਮਾਰ ਕੀਤੀ। ਰਾਜ ਕੁਮਾਰ ਨੇ ਦੱਸਿਆ ਕਿ ਉਕਤ ਦੋਸ਼ੀਅਨ ਨੇ ਉਸ ਦੇ ਗਲ ਵਿਚ ਚੁੰਨੀ ਪਾ ਕੇ ਉਸ ਦਾ ਗਲਾ ਘੁੱਟਣ ਦੀ ਕੋਸ਼ਿਸ਼ ਕੀਤੀ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਐੱਸਆਈ ਅਸ਼ਮੀਤ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਅਨ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

## ਦੇਸ਼ ਭਗਤ 'ਵਰਸਿਟੀ 'ਚ ਮਲਟੀ-ਡਿਸਟ੍ਰਿਕਟ ਰੋਟਰੀ ਪੀਸ ਸਮਿਟ 2026

**ਮੰਡੀ ਗੋਬਿੰਦਗੜ੍ਹ, (ਪ੍ਰਮੋਦ ਭਾਰਦਵਾਜ)** ਦੇਸ਼ ਭਗਤ ਯੂਨੀਵਰਸਿਟੀ ਵਿਖੇ ਮਲਟੀ-ਡਿਸਟ੍ਰਿਕਟ ਰੋਟਰੀ ਪੀਸ ਸਮਿਟ 2026 ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਰੋਟਰੀ ਡਿਸਟ੍ਰਿਕਟ 3070, 3080 ਅਤੇ 3090 ਦੇ ਪ੍ਰਮੁੱਖ ਨੇਤਾਵਾਂ ਤੇ ਮੈਂਬਰਾਂ ਨੇ 'ਸੇਵਾ ਰਾਹੀਂ ਸ਼ਾਂਤੀ' ਦੀ ਪ੍ਰੇਰਨਾਦਾਇਕ ਥੀਮ ਹੇਠ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਰੋਟਰੀ ਕਲੱਬ ਗੋਬਿੰਦਗੜ੍ਹ 3090 ਦੁਆਰਾ ਆਯੋਜਤ ਇਸ ਸੰਮੇਲਨ ਦਾ ਉਦੇਸ਼ ਭਾਈਚਾਰਿਆਂ ਵਿੱਚ ਸ਼ਾਂਤੀ, ਸਦਭਾਵਨਾ ਤੇ ਸੇਵਾ-ਅਧਾਰਿਤ ਲੀਡਰਸ਼ਿਪ ਨੂੰ ਉਤਸ਼ਾਹਿਤ ਕਰਨਾ ਸੀ।ਸਮਾਗਮ ਵਿੱਚ ਰੋਟਰੀ ਆਗੂਆਂ, ਸਿੱਖਿਆ ਸ਼ਾਸਤਰੀਆਂ, ਵਿਦਿਆਰਥੀਆਂ ਤੇ ਸਮਾਜਿਕ ਯੋਗਦਾਨੀਆਂ ਦੀ ਉਤਸ਼ਾਹੀ ਭਾਗੀਦਾਰੀ ਦੇਖਣ ਨੂੰ ਮਿਲੀ, ਜਿਸ ਨਾਲ ਸੰਵਾਦ ਤੇ ਸਹਿਯੋਗ ਲਈ ਇੱਕ ਜੀਵੰਤ ਪਲੇਟਫਾਰਮ ਤਿਆਰ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਵਿਸ਼ੇਸ਼ ਮਹਿਮਾਨਾਂ ਦੇ ਸਵਾਗਤ ਨਾਲ ਹੋਈ, ਜਿਸ ਤੋਂ ਬਾਅਦ ਰਸਮੀ ਗਾਰਡ ਆਫ਼ ਆਨਰ ਅਤੇ ਪੀਸ ਪੋਲ ਦੀ ਸਥਾਪਨਾ ਕੀਤੀ ਗਈ, ਜੋ ਰੋਟਰੀ ਦੀ ਵਿਸ਼ਵ ਸ਼ਾਂਤੀ ਪ੍ਰਤੀ ਸਥਾਈ ਵਚਨਬੱਧਤਾ ਦਾ ਪ੍ਰਤੀਕ ਹੈ। ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ ਤੇ ਵਾਈਸ-ਚਾਂਸਲਰ ਡਾ. ਹਰਸ਼ ਸਦਾਵਰਤੀ ਸਮੇਤ ਉੱਘੀਆਂ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ, ਜਿਨ੍ਹਾਂ ਦੀ ਮੌਜੂਦਗੀ ਨੇ ਸਮਾਗਮ ਨੂੰ ਮਾਣਮੱਤਾ ਬਣਾਇਆ। ਚਾਰਟਰ ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਨੇ ਸਵਾਗਤੀ ਭਾਸ਼ਣ ਦਿੱਤਾ।ਇਸ ਤੋਂ ਇਲਾਵਾ ਪ੍ਰੈਜ਼ੀਡੈਂਟ ਕਾਲਰ ਸੈਰੇਮਨੀ, ਵਿਦਿਆਰਥੀਆਂ ਦੇ ਪ੍ਰਦਰਸ਼ਨ ਤੇ ਰੋਟਰੀ ਦੇ ਮੁੱਖ ਆਗੂਆਂ ਜਿਵੇਂ ਰੋਟੇਰੀਅਨ ਅੰਮ੍ਰਿਤਪਾਲ ਸਿੰਘ (ਜ਼ਿਲ੍ਹਾ ਚੇਅਰ ਪੀਸ 3080), ਰੋਟੇਰੀਅਨ ਰੋਹਿਤ ਓਬਰਾਏ (ਜ਼ਿਲ੍ਹਾ ਗਵਰਨਰ 3070), ਰੋਟੇਰੀਅਨ ਰਵੀ ਪ੍ਰਕਾਸ਼ (ਜ਼ਿਲ੍ਹਾ ਗਵਰਨਰ 3080) ਤੇ ਰੋਟੇਰੀਅਨ ਭੁਪੇਸ਼ ਮਹਿਤਾ (ਜ਼ਿਲ੍ਹਾ ਗਵਰਨਰ 3090) ਦੇ ਭਾਸ਼ਣ ਸ਼ਾਮਲ ਹਨ। ਡੀਬੀਯੂ ਦੀ ਸਾਬਕਾ ਵਾਈਸ ਚਾਂਸਲਰ ਡਾ. ਸ਼ਾਲਿਨੀ ਗੁਪਤਾ ਤੇ ਪੰਜਾਬ ਹੁਨਰ ਵਿਕਾਸ ਮਿਸ਼ਨ ਦੇ ਡਾਇਰੈਕਟਰ ਡਾ. ਮੀਨੂ ਧੀਮਾਨ ਦੁਆਰਾ ਅੰਦਰੂਨੀ ਸ਼ਾਂਤੀ 'ਤੇ ਇੱਕ ਵਿਸ਼ੇਸ਼ ਸੈਸ਼ਨ ਵੀ ਆਯੋਜਤ ਕੀਤਾ ਗਿਆ।



## ਭਾਜਪਾ ਦੀ ਵੱਡੀ ਜਿੱਤ 'ਤੇ ਭਵਾਨੀਗੜ੍ਹ 'ਚ ਲੱਡੂ ਵੰਡ ਕੇ ਮਨਾਈ ਖੁਸ਼ੀ

**ਭਵਾਨੀਗੜ੍ਹ (ਰਾਜ ਖੁਰਮੀ)**- ਪੱਛਮੀ ਬੰਗਾਲ, ਅਸਾਮ ਅਤੇ ਪੁਡੂਚੇਰੀ ਵਿੱਚ ਭਾਰਤੀ ਜਨਤਾ ਪਾਰਟੀ (ਭਾਜਪਾ) ਦੀ ਸ਼ਾਨਦਾਰ ਜਿੱਤ ਤੋਂ ਬਾਅਦ ਭਵਾਨੀਗੜ੍ਹ ਵਿੱਚ ਭਾਜਪਾ ਆਗੂਆਂ ਅਤੇ ਵਰਕਰਾਂ ਵੱਲੋਂ ਖੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ। ਇਸ ਮੌਕੇ ਵਰਕਰਾਂ ਨੇ ਲੱਡੂ ਵੰਡ ਕੇ ਜਸ਼ਨ ਮਨਾਇਆ ਅਤੇ ਇਕ ਦੂਜੇ ਨੂੰ ਵਧਾਈਆਂ ਦਿੱਤੀਆਂ।ਇਸ ਦੌਰਾਨ ਗੁਰਤੇਜ ਸਿੰਘ ਝਨੇੜੀ (ਕਨਵੀਨਰ ਟਰਾਂਸਪੋਰਟ ਸੈੱਲ, ਭਾਜਪਾ ਪੰਜਾਬ, ਹਲਕਾ ਇੰਚਾਰਜ ਧੂਰੀ) ਅਤੇ ਰਣਦੀਪ ਦਿਓਲ ਨੇ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਜਿੱਤ ਭਾਜਪਾ ਦੀਆਂ ਲੋਕ-ਹਿਤੈਸ਼ੀ ਨੀਤੀਆਂ ਅਤੇ ਦੇਸ਼ ਵਾਸੀਆਂ ਦੇ ਅਟੱਲ ਭਰੋਸੇ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਵੱਖ-ਵੱਖ ਰਾਜਾਂ ਵਿੱਚ ਮਿਲਿਆ ਇਹ ਭਾਰੀ ਮੰਡੇਟ ਲੋਕਾਂ ਦੀ ਬਦਲਾਅ ਦੀ ਇੱਛਾ ਨੂੰ ਦਰਸਾਉਂਦਾ ਹੈ।ਉਨ੍ਹਾਂ ਨੇ ਦੋਸ਼ ਲਾਇਆ ਕਿ ਪੱਛਮੀ ਬੰਗਾਲ ਵਿੱਚ ਮਮਤਾ ਬੈਨਰਜੀ ਦੀ ਅਗਵਾਈ ਹੇਠ ਲੋਕ ਗੁੰਡਾਗਰਦੀ ਅਤੇ ਜ਼ੁਲਮ ਤੋਂ ਤੰਗ ਆ ਚੁੱਕੇ ਸਨ, ਜਿਸ ਦਾ ਜਵਾਬ ਲੋਕਾਂ ਨੇ ਚੋਣਾਂ ਵਿੱਚ ਭਾਜਪਾ ਨੂੰ ਵੱਡੀ ਜਿੱਤ ਦੇ ਕੇ ਦਿੱਤਾ ਹੈ।ਆਗੂਆਂ ਨੇ ਵਿਸ਼ਵਾਸ ਜਤਾਇਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਭਾਜਪਾ ਨੂੰ ਲੋਕਾਂ ਵੱਲੋਂ ਇਸੇ ਤਰ੍ਹਾਂ ਪਿਆਰ ਅਤੇ ਸਮਰਥਨ ਮਿਲਦਾ ਰਹੇਗਾ। ਇਸ ਮੌਕੇ ਰਾਮ ਸਿੰਘ ਮੱਟਰਾਂ, ਪ੍ਰਸ਼ੋਤਮ ਕਾਂਸਲ, ਲਛਮਣ ਸਚਦੇਵਾ, ਪਰਮਜੀਤ ਸ਼ਰਮਾ, ਰਜਿੰਦਰ ਸੱਚਦੇਵਾ, ਕੁਲਵਿੰਦਰ ਸਿੰਘ ਭੱਟੀਵਾਲ, ਪੰਡਿਤ ਰਾਜ ਕੁਮਾਰ ਗੱਗੂ ਤੂਰ, ਰਜਿੰਦਰ ਸਿੰਗਲਾ, ਰੋਵਿਸ਼ ਕੁਮਾਰ, ਬੂਟਾ ਸਿੰਘ ਆਲੋਅਰਖ, ਸੁਰੇਸ਼ ਕੁਮਾਰ, ਰਮੇਸ਼ ਕੁਮਾਰ, ਜਗਸੀਰ ਸਿੰਘ ਅਤੇ ਖੇੜੀ ਚੰਦਵਾਂ ਸਮੇਤ ਹੋਰ ਭਾਜਪਾ ਵਰਕਰ ਹਾਜ਼ਰ ਸਨ।



## ਕੋਟਾਂ ਕਾਲਜ ਵਿਖੇ ਲੋੜਵੰਦ ਵਿਦਿਆਰਥੀਆਂ ਨੂੰ ਚੈੱਕ ਵੰਡੇ



**ਦੋਰਾਹਾ ( ਹਰਮਿੰਦਰ ਸੇਠ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਦੀ ਰਹਿਨੁਮਾਈ ਅਧੀਨ ਕਾਰਜਸ਼ੀਲ ਸੰਸਥਾ ਮਾਤਾ ਗੰਗਾ ਖ਼ਾਲਸਾ ਕਾਲਜ, ਮੰਜੀ ਸਾਹਿਬ ਕੋਟਾਂ ਵਿਖੇ ਲੋੜਵੰਦ ਅਤੇ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਦੀ ਸਹਾਇਤਾ ਅਤੇ ਹੌਸਲਾ ਅਫ਼ਜ਼ਾਈ ਲਈ ਇੱਕ ਪ੍ਰਭਾਵਸ਼ਾਲੀ ਅਤੇ ਪ੍ਰੇਰਨਾਦਾਇਕ ਸਮਾਗਮ ਆਯੋਜਿਤ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਹਰਪਾਲ ਸਿੰਘ ਦੀ ਜੱਲ੍ਹਾ ਵੱਲੋਂ ਆਰਥਿਕ ਤੌਰ 'ਤੇ ਕਮਜ਼ੋਰ ਪਰ ਹੋਣਹਾਰ ਵਿਦਿਆਰਥੀਆਂ ਨੂੰ ਚੈੱਕ ਵੰਡੇ ਗਏ, ਤਾਂ ਜੋ ਉਹ ਆਪਣੀ ਪੜ੍ਹਾਈ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਰੱਖ ਸਕਣ । ਉਨ੍ਹਾਂ ਦੇ ਨਾਲ਼ ਜਗਮੇਲ ਸਿੰਘ ਭੀਖੀ, ਦਵਿੰਦਰ ਸਿੰਘ, ਗੁਰਦੀਪ ਸਿੰਘ ਜੀ ਅੜੈਚਾਂ, ਰਜਿੰਦਰ ਸਿੰਘ ਕੋਟ ਪਨੈਚ ਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ । ਸਮਾਗਮ ਵਿੱਚ ਕਮੇਟੀ ਦੇ ਪ੍ਰਤਿਨਿਧੀਆਂ, ਕਾਲਜ ਦੇ ਪ੍ਰਿੰਸੀਪਲ ਸਾਹਿਬਾਨ, ਅਧਿਆਪਕ ਵਰਗ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਸ਼ਿਰਕਤ ਕੀਤੀ। ਕਾਲਜ ਦੇ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਮੇਟੀ ਦਾ ਦਿਲੋਂ ਧੰਨਵਾਦ ਕਰਦੇ ਹੋਏ ਕਿਹਾ ਕਿ ਇਹ ਆਰਥਿਕ ਸਹਾਇਤਾ ਵਿਦਿਆਰਥੀਆਂ ਲਈ ਬਹੁਤ ਵੱਡਾ ਸਹਾਰਾ ਹੈ।

## ਐੱਨ ਸੀ ਸੀ ਲਈ ਵਿਦਿਆਰਥੀਆਂ ਦੀ ਚੋਣ



**ਸਮਾਣਾ (ਇਕਬਾਲ ਸਿੰਘ ਬੱਲ)** ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਐੱਨ.ਸੀ.ਸੀ. ਵਾਸਤੇ ਵਿਦਿਆਰਥੀਆਂ ਦੀ ਚੋਣ ਪ੍ਰਕਿਰਿਆ ਕਰਾਈ ਗਈ।ਇਸ ਚੋਣ ਵਿਚ ਲਗਭਗ ਸਕੂਲ ਦੇ 36 ਨਵੇਂ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ, ਜਿਨ੍ਹਾਂ 'ਚੋਂ 25 ਵਿਦਿਆਰਥੀਆਂ ਨੂੰ ਐੱਨ.ਸੀ.ਸੀ. ਕੈਡਿਟ ਵਜੋਂ ਚੁਣਿਆ ਗਿਆ। ਇਹ ਚੋਣ 5 ਪੰਜਾਬ ਬਟਾਲਿਅਨ ਐੱਨ.ਸੀ.ਸੀ, ਪਟਿਆਲਾ ਦੇ ਅਧਿਕਾਰੀਆਂ ਵੱਲੋਂ ਕੀਤੀ ਗਈ। ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਸਕੂਲ ਹਮੇਸ਼ਾਂ ਵਿਦਿਆਰਥੀਆਂ ਦੇ ਸੰਪੂਰਨ ਵਿਕਾਸ ਲਈ ਐੱਨ.ਸੀ.ਸੀ. ਨੂੰ ਪ੍ਰਮੁੱਖਤਾ ਦਿੰਦਾ ਹੈ, ਤਾਂ ਜੁ ਵਿਦਿਆਰਥੀ ਭਵਿੱਖ ਵਿੱਚ ਇਸ ਦਾ ਲਾਭ ਲੈ ਸਕਣ। ਸਕੂਲ ਪ੍ਰਬੰਧਕ ਕਮੇਟੀ, ਸਕੂਲ ਪ੍ਰਿੰਸੀਪਲ ਸ੍ਰੀਮਤੀ ਸੁਨੀਤਾ ਤੇ ਸੀ.ਟੀ.ਓ. ਹਰਪ੍ਰੀਤ ਕੌਰ ਨੇ ਚੁਣੇ ਗਏ ਵਿਦਿਆਰਥੀਆਂ ਨੂੰ ਆਉਣ ਵਾਲੀਆਂ ਐੱਨ.ਸੀ.ਸੀ. ਸਿਖਲਾਈ ਕੈਂਪਾਂ ਬਾਰੇ ਜਾਣਕਾਰੀ ਤੇ ਜ਼ਰੂਰੀ ਨਿਰਦੇਸ਼ ਦਿੱਤੇ।

## ਸੀਵਰੇਜ ਦਾ ਪਾਣੀ ਸੜਕ 'ਤੇ ਆਉਣ ਕਾਰਨ ਲੋਕ ਪਰੇਸ਼ਾਨ

**ਮਮਦੋਟ (ਜਸਬੀਰ ਸਿੰਘ ਕੰਬੋਜ)**- ਕਸਬਾ ਮਮਦੋਟ ਵਿੱਚ ਸੀਵਰੇਜ ਦੇ ਪਹਿਲੇ ਫੇਸ ਦਾ ਕੰਮ ਅਜੇ ਪੂਰੀ ਤਰਾਂ ਮੁਕੰਮਲ ਨਹੀਂ ਹੋਇਆ ਤੇ ਇਸ ਵਿੱਚ ਪਾਈਆਂ ਕਥਿਤ ਤੌਰ 'ਤੇ ਬੇਨਿਯਮੀਆਂ ਕਾਰਨ ਸੀਵਰੇਜ ਦਾ ਪਾਣੀ ਵਾਰਡ ਨੰਬਰ ਇੱਕ ਵਿੱਚ ਸਿਟੀ ਹਾਰਟ ਸਕੂਲ ਵਾਲੀ ਸੜਕ 'ਤੇ ਓਵਰਫਲੋ ਹੋਣ ਕਾਰਨ ਪਿਛਲੇ ਇੱਕ ਹਫਤੇ ਤੋਂ ਸਕੂਲ ਦੇ ਬੱਚਿਆਂ, ਸਟਾਫ ਅਤੇ ਇਸ ਸੜਕ ਤੋਂ ਲੰਘਣ ਵਾਲੇ ਪਿੰਡਾਂ ਦੇ ਲੋਕਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਨਗਰ ਪੰਚਾਇਤ ਮਮਦੋਟ ਵੱਲੋਂ ਇਸ ਪਰੇਸ਼ਾਨੀ ਤੋਂ ਪਿੰਡ ਵਾਸੀਆਂ ਨੂੰ ਨਿਜਾਤ ਦਿਵਾਉਣ ਲਈ ਫਿਰੋਜ਼ਪੁਰ ਤੋਂ ਵਿਸ਼ੇਸ਼ ਸੀਵਰ ਸਫਾਈ ਪ੍ਰਜੈਕਟ ਵਾਲੀ (ਸੀਵਰ ਜੈਟ ਮਸ਼ੀਨ ) ਮੰਗਵਾ ਕੇ ਪਿਛਲੇ ਦੋ ਤਿੰਨ ਦਿਨ ਤੋਂ ਯਤਨ ਵੀ ਕੀਤੇ ਜਾ ਰਹੇ ਹਨ ਪਰ ਇਸ ਦੇ ਵੀ ਅਜੇ ਕੋਈ ਵਧੀਆ ਨਤੀਜੇ ਸਾਹਮਣੇ ਨਹੀਂ ਆ ਰਹੇ ਤੇ ਅੱਜ ਫਿਰ ਸਕੂਲ ਦੇ ਮੁੱਖ ਗੇਟ ਦੇ ਸਾਹਮਣੇ ਬਣੇ ਸੀਵਰ ਹੋਲ ਤੋਂ ਪਾਣੀ ਓਵਰਫਲੋ ਹੋਣ ਕਾਰਨ ਸੇਮ ਨਾਲੇ ਤੋਂ ਪੁਲ ਤੋਂ ਲੈ ਕੇ ਸਕੂਲ ਦੇ ਗੇਟ ਤੱਕ ਸੜਕ 'ਤੇ ਪਾਣੀ ਭਰ ਗਿਆ। ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਇਸ ਜਗਾਹ 'ਤੇ ਕੋਈ ਵੀ ਕਨੈਕਸ਼ਨ ਨਹੀਂ ਕੀਤਾ ਗਿਆ ਬਲਕਿ ਕਸਬੇ ਦਾ ਪਾਣੀ ਸੀਵਰ ਦੇ ਅੰਦਰੋ ਅੱਗੋਂ ਕਿਤੋਂ ਬੰਦ ਹੋਣ ਕਾਰਨ ਇਥੇ ਆ ਕੇ ਓਵਰਫਲੋ ਹੋ ਜਾਂਦਾ ਹੈ ਤੇ ਇਸ ਪਰੇਸ਼ਾਨੀ ਤੋਂ ਬਚਣ ਲਈ ਉਹ ਹੁਣ ਤੱਕ ਸੜਕ ਤੇ ਕਰੀਬ 15 ਟਰਾਲੀਆਂ ਮਿੱਟੀ ਪਾ ਚੁੱਕੇ ਹਨ ਪਰ ਸਮੱਸਿਆ ਦਾ ਫਿਰ ਵੀ ਕੋਈ ਹੱਲ ਨਹੀਂ ਹੋ ਰਿਹਾ। ਕਸਬਾ ਵਾਸੀਆਂ ਦੇ ਰੋਹ ਨੂੰ ਵੇਖਦੇ ਹੋਏ ਐਸ ਡੀ ਓ ਗੁਲਸ਼ਨ ਕੁਮਾਰ ਅਤੇ ਨਗਰ ਪੰਚਾਇਤ ਮਮਦੋਟ ਦੀ ਟੀਮ ਵੱਲੋਂ ਮੌਕੇ 'ਤੇ ਜਾ ਕੇ ਜਾਇਜ਼ਾ ਲਿਆ ਗਿਆ ਅਤੇ ਇਸ ਦੇ ਹੱਲ ਲਈ ਸੁਝਾ ਲਏ ਗਏ। ਇਸ ਮੌਕੇ ਐਸ ਡੀ ਓ ਗੁਲਸ਼ਨ ਕੁਮਾਰ ਨੇ ਦੱਸਿਆ ਕਿ ਕੁਝ ਤਕਨੀਕੀ ਨੁਕਸ ਕਾਰਨ ਇਸ ਸੀਵਰਹੋਲ ਤੋਂ ਪਾਣੀ ਓਵਰਫਲੋ ਹੋਇਆ ਹੈ। ਉਹਨਾਂ ਦੱਸਿਆ ਕਿ ਉਹਨਾਂ ਦੀ ਟੀਮ ਵੱਲੋਂ ਸੀਵਰ ਵਿੱਚ ਪਏ ਨੁਕਸ ਨੂੰ ਦੂਰ ਕਰ ਦਿੱਤਾ ਗਿਆ ਹੈ ਅੱਗੇ ਤੋਂ ਅਜਿਹੀ ਕੋਈ ਪਰੇਸ਼ਾਨੀ ਨਹੀਂ ਆਵੇਗੀ। ਇਸ ਮੌਕੇ ਬਲਰਾਜ ਸਿੰਘ ਸੰਧੂ ਚੇਅਰਮੈਨ ਮਾਰਕੀਟ ਕਮੇਟੀ ਮਮਦੋਟ, ਓਪਿੰਦਰ ਸਿੰਘ ਸਿੰਧੀ ਪ੍ਰਧਾਨ ਨਗਰ ਪੰਚਾਇਤ ਮਮਦੋਟ, ਹਰਜਿੰਦਰ ਸਿੰਘ ਸਿੰਧੀ, ਸੁਰਿੰਦਰ ਕੁਮਾਰ ਸੋਨੂੰ ਸੇਠੀ ਐਮ ਸੀ, ਹਰਸਿਮਰਨ ਸਿੰਘ ਬਾਵਾ, ਮਨਜੀਤ ਸਿੰਘ ਜੀਰੇ ਵਾਲੇ ਵਾਰਡ ਨੰਬਰ ਇੱਕ, ਸੰਦੀਪ ਕੁਮਾਰ ਸੋਨੀ, ਤਰਸੇਮ ਸਿੰਘ ਸੋਨੂੰ ਛੱਪੜ ਸਮੇਤ ਕਾਫੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।



## ਇੰਟੈਲੀਜੈਂਟ ਟ੍ਰੈਫਿਕ ਮੈਨੇਜਮੈਂਟ ਸਿਸਟਮ ਨੂੰ ਅਪਣਾਉਣ ਵਾਲਾ ਲੁਧਿਆਣਾ ਪੰਜਾਬ ਦਾ ਤੀਜਾ ਸ਼ਹਿਰ ਬਣਿਆ

**ਚੰਡੀਗੜ੍ਹ/ਲੁਧਿਆਣਾ (ਰੈਕਟਰ ਕਥੂਰੀਆ)**- ਮੁੱਖ ਮੰਤਰੀ ਭਗਵੰਤ ਸਿੰਘ ਦੀ ਸੋਚ ਅਨੁਸਾਰ ਪੰਜਾਬ ਪੁਲਸ ਨੂੰ ਆਧੁਨਿਕ ਬਣਾਉਣ ਦੀ ਦਿਸ਼ਾ ਵੱਲ ਚੁੱਕੇ ਅਹਿਮ ਕਦਮਾਂ ਸਦਕਾ ਜਲੰਧਰ ਅਤੇ ਮੋਹਾਲੀ ਤੋਂ ਬਾਅਦ ਹੁਣ ਲੁਧਿਆਣਾ ਸੂਬੇ ਦਾ ਤੀਜਾ ਅਜਿਹਾ ਸ਼ਹਿਰ ਬਣ ਗਿਆ ਹੈ, ਜਿੱਥੇ ਇੰਟੈਲੀਜੈਂਟ ਟ੍ਰੈਫਿਕ ਮੈਨੇਜਮੈਂਟ ਸਿਸਟਮ (ਆਈ ਟੀ ਐਮ ਐਸ) ਸਥਾਪਤ ਕੀਤਾ ਗਿਆ ਹੈ। ਇਹ ਐਲਾਨ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਭਵਿੱਖਮੁਖੀ ਇੰਟੀਗ੍ਰੇਟਿਡ ਕਮਾਂਡ ਐਂਡ ਕੰਟਰੋਲ ਸੈਂਟਰ ਦੇ ਉਦਘਾਟਨ ਮੌਕੇ ਕੀਤਾ।ਡੀ ਜੀ ਪੀ ਨੇ ਦੱਸਿਆ ਕਿ ਆਈ ਸੀ ਸੀ ਸੀ ਪ੍ਰਾਜੈਕਟ ਤਹਿਤ ਸ਼ਹਿਰ ਦੀ ਨਿਗਰਾਨੀ ਨੂੰ ਹੋਰ ਮਜ਼ਬੂਤ ਕਰਨ ਲਈ 259 ਥਾਵਾਂ 'ਤੇ 1,700 ਹਾਈ-ਰੈਜ਼ੋਲਿਊਸ਼ਨ ਕੈਮਰੇ ਲਗਾਏ ਗਏ ਹਨ।ਸ਼ਹਿਰ ਭਰ ਵਿੱਚ 46 ਥਾਵਾਂ 'ਤੇ ਸਥਾਪਿਤ ਕੀਤਾ ਗਿਆ ਇਹ ਆਈ ਟੀ ਐਮ ਐਸ 9 ਟ੍ਰੈਫਿਕ ਉਲੰਘਣਾਵਾਂ ਦਾ ਪਤਾ ਲਗਾ ਸਕਦਾ ਹੈ, ਜਿਸ ਵਿੱਚ ਲਾਲ ਬੱਤੀ ਦੀ ਉਲੰਘਣਾ, ਸਟਾਪ ਲਾਈਨ ਦੀ ਉਲੰਘਣਾ, ਹੈਲਮੇਟ ਤੋਂ ਬਿਨਾਂ ਵਾਹਨ ਚਲਾਉਣਾ, ਪਿੱਛੇ ਬੈਠਣ ਵਾਲੇ ਯਾਤਰੀ ਵੱਲੋਂ ਹੈਲਮੇਟ ਨਾ ਪਹਿਨਣਾ, ਤਿੰਨ ਸਵਾਰੀਆਂ, ਓਵਰਸਪੀਡਿੰਗ, ਜ਼ੈਬਰਾ ਕਰਾਸਿੰਗ ਦੀ ਉਲੰਘਣਾ, ਗਲਤ ਸਾਈਡ ਡਰਾਈਵਿੰਗ ਅਤੇ ਗਲਤ ਪਾਰਕਿੰਗ ਸ਼ਾਮਲ ਹਨ।ਡੀ ਜੀ ਪੀ ਗੌਰਵ ਯਾਦਵ, ਜੋ ਗਰਾਊਂਡ-ਜ਼ੀਰੋ ਟੂਰ ਤਹਿਤ ਲੁਧਿਆਣਾ ਵਿੱਚ ਸਨ, ਨੇ ਅਪਗ੍ਰੇਡ ਕੀਤੇ ਗਏ ਅਤਿ-ਆਧੁਨਿਕ ਆਈ ਸੀ ਸੀ ਸੀ ਨੂੰ ਪੁਲਿਸਿੰਗ ਵੱਲ ਇੱਕ ਅਹਿਮ ਕਦਮ ਦੱਸਿਆ। ਉਨ੍ਹਾਂ ਕਿਹਾ, ਨਵੇਂ ਉਦਘਾਟਨ ਕੀਤੇ ਗਏ ਇਸ ਆਈ ਸੀ ਸੀ ਸੀ ਵਿੱਚ ਇੱਕੋ ਛੱਤ ਹੇਠ ਕਈ ਯੂਨਿਟਾਂ ਸ਼ਾਮਲ ਕੀਤੀਆਂ ਗਈਆਂ ਹਨ, ਜਿਹਨਾਂ ਵਿੱਚ ਟ੍ਰੈਫਿਕ, ਪੁਲਸ ਕੰਟਰੋਲ ਰੂਮ (ਪੀਸੀਆਰ), ਸੇਫ ਸਿਟੀ ਅਤੇ ਵਾਇਰਲੈੱਸ ਯੂਨਿਟ ਸ਼ਾਮਲ ਹਨ। ਇਸ ਨਾਲ ਪੁਲਸ ਦੇ ਕੰਮਕਾਜ ਵਿੱਚ ਬਿਹਤਰ ਤਾਲਮੇਲ ਯਕੀਨੀ ਬਣੇਗਾ ਅਤੇ ਪੀ ਸੀ ਆਰ ਰਿਸਪਾਂਸ ਟਾਈਮ 15 ਮਿੰਟਾਂ ਤੋਂ ਘਟਾ ਕੇ ਮਹਿਜ਼ 7/8 ਮਿੰਟ ਕਰ ਦਿੱਤਾ ਗਿਆ ਹੈ।ਡੀ ਜੀ ਪੀ, ਜਿਨ੍ਹਾਂ ਨਾਲ ਕਮਿਸ਼ਨਰ ਆਫ ਪੁਲਿਸ (ਸੀਪੀ) ਲੁਧਿਆਣਾ ਸਵਪਨ ਸ਼ਰਮਾ ਅਤੇ ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਿਸ (ਡੀਆਈਜੀ) ਲੁਧਿਆਣਾ ਰੇਂਜ ਸਤਿੰਦਰ ਸਿੰਘ ਵੀ ਸਨ, ਨੇ ਫੀਲਡ ਅਧਿਕਾਰੀਆਂ ਨਾਲ ਵਿਆਪਕ ਮੀਟਿੰਗ ਵੀ ਕੀਤੀ।



## ਤਰਕਸ਼ੀਲ ਸੁਸਾਇਟੀ ਪੰਜਾਬ ਦੀ ਮੀਟਿੰਗ

**ਲੁਧਿਆਣਾ (ਸਤੀਸ਼ ਸਚਦੇਵਾ)** ਤਰਕਸ਼ੀਲ ਸੁਸਾਇਟੀ ਪੰਜਾਬ ਦੀ ਮੀਟਿੰਗ ਗ਼ਦਰੀ ਬਾਬਾ ਭਾਨ ਸਿੰਘ ਹਾਲ ਸੁਨੇਤ ਵਿਖੇ ਜਥੇਬੰਦਕ ਮੁਖੀ ਬਲਵਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਜ਼ੋਨ ਮੁਖੀ ਸ੍ਰੀ ਜਸਵੰਤ ਸਿੰਘ ਜੀਰਖ ਤੇ ਜ਼ੋਨ ਵਿੱਤ ਮੁਖੀ ਸ੍ਰੀ ਧਰਮਪਾਲ ਸਿੰਘ ਵੀ ਹਾਜ਼ਰ ਸਨ।ਮੀਟਿੰਗ ਵਿੱਚ ਤਹਿ ਹੋਇਆ ਕਿ ਸਕੂਲਾਂ 'ਚ ਜਾ ਕੇ ਛੁੱਟੀਆਂ ਦੌਰਾਨ ਜ਼ੋਨ ਪੱਧਰ ਦੇ ਤਰਕਸ਼ੀਲ ਵਿਦਿਆਰਥੀ ਚੇਤਨਾ ਕੈਂਪ ਵਿੱਚ ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਸ਼ਾਮਲ ਕੀਤਾ ਜਾਵੇ। ਇਸ ਸਬੰਧੀ ਹੁਣ ਤੋਂ ਹੀ ਸਕੂਲਾਂ ਨਾਲ ਸੰਪਰਕ ਕੀਤਾ ਜਾਵੇ।ਤਰਕਸ਼ੀਲ ਸਾਹਿਤ ਵਿਦਿਆਰਥੀਆਂ ਦੇ ਪੱਧਰ ਦਾ ਵੱਧ ਤੋਂ ਵੱਧ ਵਿਦਿਆਰਥੀਆਂ ਤੇ ਆਮ ਲੋਕਾਂ ਤੱਕ ਪੁਚਾਉਣ ਲਈ ਮਹੀਨਾਵਾਰ ਪ੍ਰੋਗਰਾਮ ਤਿਆਰ ਕੀਤਾ ਜਾਵੇ।ਹਰ ਇਕਾਈ ਤਰਕਸ਼ੀਲ ਸੁਸਾਇਟੀ ਦੇ ਪ੍ਰਚਾਰ ਪਸਾਰ ਲਈ ਇਲਾਕੇ ਵਿੱਚ ਲੱਗਣ ਵਾਲੇ ਮੇਲੇ, ਪਬਲਿਕ ਇਕੱਠਾਂ ਬਾਰੇ ਜਾਣਕਾਰੀ ਦੇਵੇਗੀ ਤਾਂ ਜੋ ਤਰਕਸ਼ੀਲ ਸਾਹਿਤ ਵੱਧ ਤੋਂ ਵੱਧ ਲੋਕਾਂ ਤੱਕ ਪੁਚਾਇਆ ਜਾ ਸਕੇ।ਮਹੀਨਾ ਮਈ-ਜੂਨ 2026 ਦਾ ਤਰਕਸ਼ੀਲ ਮੈਗਜ਼ੀਨ ਇਕਾਈ ਮੈਂਬਰਾਂ ਵਿੱਚ ਵੰਡਿਆ ਗਿਆ।



## ਅਕਾਲੀ ਦਲ (ਐੱਸ ਸੀ ਵਿੰਗ) 'ਚ ਨਵੀਂਆਂ ਨਿਯੁਕਤੀਆਂ



**ਭਵਾਨੀਗੜ੍ਹ, (ਰਾਜ ਖੁਰਮੀ)** ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਐਸ.ਸੀ. ਵਿੰਗ ਵੱਲੋਂ ਸੰਗਰੂਰ ਜ਼ਿਲ੍ਹੇ 'ਚ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਵੱਡੇ ਪੱਧਰ 'ਤੇ ਨਵੀਂਆਂ ਨਿਯੁਕਤੀਆਂ ਕੀਤੀਆਂ ਗਈਆਂ।ਇਹ ਨਿਯੁਕਤੀਆਂ ਐਸ.ਸੀ. ਵਿੰਗ ਦੇ ਸੂਬਾ ਪ੍ਰਧਾਨ ਗੁਲਜ਼ਾਰ ਸਿੰਘ ਰਣੀਕੇ ਦੇ ਨਿਰਦੇਸ਼ਾਂ ਅਨੁਸਾਰ ਕੀਤੀਆਂ ਗਈਆਂ। ਪਾਰਟੀ ਦੇ ਸੀਨੀਅਰ ਆਗੂ ਤੇ ਸਾਬਕਾ ਵਿਧਾਇਕ ਅਰਵਿੰਦ ਖੰਨਾ ਨੇ ਨਵੇਂ ਅਹੁਦੇਦਾਰਾਂ ਨੂੰ ਨਿਯੁਕਤੀ ਪੱਤਰ ਸੌਂਪਦਿਆਂ ਕਿਹਾ ਕਿ ਪਾਰਟੀ ਵੱਲੋਂ ਦਿੱਤੀਆਂ ਜ਼ਿੰਮੇਵਾਰੀਆਂ ਨੂੰ ਨਿਭਾਉਂਦੇ ਹੋਏ ਉਹ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪੁਚਾਉਣ ਅਤੇ ਲੋਕਾਂ ਨਾਲ ਮਜ਼ਬੂਤ ਸੰਪਰਕ ਬਣਾਉਣ।ਉਨ੍ਹਾਂ ਕਿਹਾ ਕਿ ਇਮਾਨਦਾਰੀ ਅਤੇ ਸਮਰਪਣ ਨਾਲ ਕੰਮ ਕਰਦੇ ਹੋਏ ਹੀ ਪਾਰਟੀ ਨੂੰ ਮਜ਼ਬੂਤੀ ਮਿਲੇਗੀ।ਐਸ.ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਗੋਬਿੰਦ ਸਿੰਘ ਨੇ ਕਿਹਾ ਕਿ ਇਹ ਨਿਯੁਕਤੀਆਂ ਜ਼ਮੀਨੀ ਪੱਧਰ 'ਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਕੀਤੀਆਂ ਗਈਆਂ ਹਨ ਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਆਗੂਆਂ ਨੂੰ ਜ਼ਿੰਮੇਵਾਰੀਆਂ ਦਿੱਤੀਆਂ ਜਾਣਗੀਆਂ। ਅਮਰੀਕ ਸਿੰਘ ਨੂੰ ਸਹਿਰੀ ਪ੍ਰਧਾਨ (ਐਸ.ਸੀ. ਵਿੰਗ), ਕ੍ਰਿਸ਼ਨ ਸਿੰਘ ਨੂੰ ਸਰਕਲ ਪ੍ਰਧਾਨ ਭਵਾਨੀਗੜ੍ਹ, ਲਾਲ ਸਿੰਘ ਨੂੰ ਸਰਕਲ ਪ੍ਰਧਾਨ ਨਦਾਮਪੁਰ, ਡਾ. ਸੁਖਚੈਨ ਸਿੰਘ ਸਾਰੋਂ ਨੂੰ ਸਰਕਲ ਪ੍ਰਧਾਨ ਮੰਗਵਾਲ, ਤਰਸੇਮ ਸਿੰਘ ਖੇੜੀ ਗਿੱਲ ਨੂੰ ਬੀ.ਸੀ. ਵਿੰਗ, ਸਿਕੰਦਰ ਸਿੰਘ ਕਪਿਆਲ ਨੂੰ ਸਰਕਲ ਪ੍ਰਧਾਨ ਘਰਾਚੋਂ ਤੇ ਸਤਿਗੁਰ ਸਿੰਘ ਨੰਦਗੜ੍ਹ ਨੂੰ ਸਰਕਲ ਪ੍ਰਧਾਨ ਕਾਕੜਾ ਨਿਯੁਕਤ ਕੀਤਾ ਗਿਆ।

## ਸੰਘਰਸ਼ਸ਼ੀਲ ਅਧਿਆਪਕ ਜਥੇਬੰਦੀਆਂ ਨੇ ਡਿਪਟੀ ਕਮਿਸ਼ਨਰ ਨੂੰ ਦਿੱਤਾ ਮੰਗ ਪੱਤਰ

**ਮੋਗਾ, (ਇਕਬਾਲ ਸਿੰਘ ਖਹਿਰਾ)** ਪੰਜਾਬ ਦੀਆਂ 6 ਪ੍ਰਮੁੱਖ ਸੰਘਰਸ਼ਸ਼ੀਲ ਅਧਿਆਪਕ ਜਥੇਬੰਦੀਆਂ ਦੇ ਸੱਦੇ 'ਤੇ ਜ਼ਿਲਾ ਮੋਗਾ ਦੇ ਡਿਪਟੀ ਕਮਿਸ਼ਨਰ ਨੂੰ ਆਪਣੀਆਂ ਮੰਗਾਂ ਸਬੰਧੀ ਮੰਗ ਪੱਤਰ ਦਿੱਤਾ ਗਿਆ। ਅਧਿਆਪਕਾਂ ਨੂੰ ਸੰਬੋਧਨ ਕਰਦੇ ਅਧਿਆਪਕ ਜਥੇਬੰਦੀਆਂ ਦੇ ਆਗੂਆਂ ਦਿਗਵਿਜੈਪਾਲ ਸ਼ਰਮਾ, ਯਾਦਵਿੰਦਰ ਸਿੰਘ, ਸੁਖਪਾਲਜੀਤ ਸਿੰਘ, ਬਰਿੰਦਰ ਸਿੰਘ, ਰਨਿਦਰ ਸਿੰਘ, ਸੁਖਚੈਨ ਸਿੰਘ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਦੇ ਪੰਜ ਸਾਲ ਪੂਰੇ ਹੋਣ ਵਾਲੇ ਹਨ, ਪਰ ਅਧਿਆਪਕਾਂ ਦੀ ਮੰਗਾਂ ਜਿਉਂ ਦੀਆਂ ਤਿਉਂ ਖੜੀਆਂ ਹਨ।ਇਸ ਮੌਕੇ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਤੇ 17-07-20 ਤੋ ਬਾਅਦ ਭਰਤੀ ਜਥੇਬੰਦੀਆਂ 3704, 2392, 6635, 4161 ਤੇ ਮੈਰੀਟੋਰੀਅਸ ਟੀਚਰਜ਼ ਯੂਨੀਅਨ ਪੰਜਾਬ ਦੇ ਸਮੂਹ ਆਗੂਆਂ ਵੱਲੋਂ ਸ਼ਮੂਲੀਅਤ ਕੀਤੀ ਗਈ। ਅਧਿਆਪਕ ਜਥੇਬੰਦੀਆਂ ਵੱਲੋਂ ਆਪਣੀਆਂ ਮੰਗਾਂ ਜਿਵੇਂ ਕਿ ਪੰਜਾਬ ਦੇ ਪੇਅ ਸਕੇਲ ਬਹਾਲ ਕਰਨ, ਰੀਕਾਸਟ ਲਿਸਟਾਂ ਵਿੱਚੋਂ ਬਾਹਰ ਹੋਏ ਅਧਿਆਪਕਾਂ ਨੂੰ ਮੁੜ ਤੋਂ ਸ਼ਾਮਲ ਕਰਨ, ਬਦਲੀਆਂ ਦਾ ਪੋਰਟਲ ਤੁਰੰਤ ਖੋਲ੍ਹਣ, ਸਮਾਜਿਕ ਸਿੱਖਿਆ ਤੇ ਅੰਗਰੇਜ਼ੀ ਦੀਆਂ ਅਸਾਮੀਆਂ ਨੂੰ ਸਾਰੇ ਜਿਲਿਆ ਵਿੱਚ ਸਮਾਨ ਅਨੁਪਾਤ ਵਿੱਚ ਵੰਡਣ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਬਾਰਡਰ ਏਰੀਆ ਭੱਤੇ, ਪੇਂਡੂ ਭੱਤੇ ਸਮੇਤ 37 ਤਰ੍ਹਾਂ ਦੇ ਭੱਤੇ ਬਹਾਲ ਕਰਨ, ਡੀ.ਏ ਦੀਆਂ ਕਿਸ਼ਤਾਂ ਤੁਰੰਤ ਜਾਰੀ ਕਰਨ, 1-1-2016 ਤੋਂ ਪੇ ਕਮਿਸ਼ਨ ਦਾ ਬਕਾਇਆ ਤੁਰੰਤ ਜਾਰੀ ਕਰਨ, ਮੈਰੀਟੋਰੀਅਸ, ਕੰਪਿਊਟਰ ਅਧਿਆਪਕਾਂ, ਕੱਚੇ ਅਧਿਆਪਕਾਂ ਤੇ ਐੱਨ ਐੱਸ ਕਿਊ ਐਫ਼ ਅਧਿਆਪਕਾਂ ਨੂੰ ਰੈਗੂਲਰ ਕਰਕੇ ਸਿੱਖਿਆ ਵਿਭਾਗ ਵਿੱਚ ਮਰਜ਼ ਕਰਨ ਆਦਿ ਮੰਗਾਂ ਨੂੰ ਲੈ ਕੇ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦਿੱਤਾ। ਹੱਲ ਕਰਾਉਣ ਲਈ ਸੰਘਰਸ਼ ਦੀ ਅਗਲੀ ਰਣਨੀਤੀ 'ਤੇ ਵਿਚਾਰ ਚਰਚਾ ਕੀਤੀ ਗਈ।ਅਧਿਆਪਕ ਆਗੂਆਂ ਜਗਵੀਰਨ ਕੌਰ, ਸੁੱਖਵਿੰਦਰ ਸਿੰਘ ਘੋਲੀਆ, ਅਮਨਦੀਪ ਮਾਛੀਕੇ, ਗੁਰਮੀਤ ਸਿੰਘ ਝੋਰੜਾ, ਸਵਰਨਦਾਸ, ਬਲਰਾਮ ਸਿੰਘ, ਜਤਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਚੋਣ ਮੈਨੀਫੈਸਟੋ ਵਿੱਚ ਪੰਜਾਬ ਦੇ ਪੇਅ ਸਕੇਲ ਲਾਗੂ ਕਰਨ ਤੇ ਪੁਰਾਣੀ ਪੈਨਸ਼ਨ ਬਹਾਲ ਕਰਨ ਦੇ ਮੁੱਖ ਮੁੱਦੇ ਵਜੋਂ ਲੈ ਕੇ ਆਈ ਸੀ, ਜਿਸ ਕਰਕੇ ਅਧਿਆਪਕਾਂ ਤੇ ਹੋਰ ਮੁਲਾਜ਼ਮਾਂ ਵੱਲੋਂ ਇਨ੍ਹਾਂ ਨੂੰ ਭਰਵੀਂ ਹਮਾਇਤ ਦੇ ਕੇ ਵੋਟਾਂ ਵਿੱਚ ਜਿੱਤ ਹਾਸਲ ਕਰਾਈ ਸੀ, ਪਰ ਸਰਕਾਰ ਵੱਲੋਂ ਲਗਭਗ ਚਾਰ ਸਾਲ ਤੋਂ ਉੱਪਰ ਦਾ ਸਮਾਂ ਬੀਤ ਜਾਣ ਤੋਂ ਬਾਅਦ ਕੀਤੇ ਗਏ ਚੋਣ ਵਾਅਦੇ ਪੂਰੇ ਨਹੀਂ ਕੀਤੇ ਗਏ ਤੇ ਸੁਪਰੀਮ ਕੋਰਟ ਤੋਂ ਪੰਜਾਬ ਦਾ ਪੇਅ ਸਕੇਲ ਬਹਾਲ ਹੋਣ ਉਪਰੰਤ ਵੀ ਪੂਰਨ ਤੌਰ 'ਤੇ ਅਧਿਆਪਕਾਂ ਉੱਪਰ ਪੰਜਾਬ ਦੇ ਸਕੇਲ ਲਾਗੂ ਕਰਨ ਸਬੰਧੀ ਟਾਲ ਮਟੋਲ ਕੀਤਾ ਜਾ ਰਿਹਾ ਹੈ। ਆਗੂਆਂ ਜਗਜੀਤ ਸਿੰਘ ਰਣੀਆਂ, ਅਮਰਦੀਪ ਸਿੰਘ ਬੁੱਟਰ ਨੇ ਦੱਸਿਆ ਕਿ ਆਉਣ ਵਾਲੇ ਕੁਝ ਸਮੇਂ ਵਿੱਚ ਹੀ ਵਿਧਾਨ ਸਭਾ ਚੋਣਾਂ ਦਾ ਐਲਾਨ ਹੋ ਜਾਵੇਗਾ ਤੇ ਮੁਲਾਜ਼ਮਾਂ ਪ੍ਰਤੀ ਮਾਰੂ ਨੀਤੀਆਂ ਅਪਣਾਉਣ ਵਾਲੀ ਸਰਕਾਰ ਦਾ ਪੂਰਨ ਤੌਰ 'ਤੇ ਬਾਈਕਾਟ ਕੀਤਾ ਜਾਵੇਗਾ।ਇਸ ਦੌਰਾਨ ਅਧਿਆਪਕਾਂ ਵੱਲੋਂ ਦੱਸਿਆ ਗਿਆ।ਆਗੂਆਂ ਨੇ ਦੱਸਿਆ ਕਿ 11 ਮਈ ਨੂੰ ਸਿੱਖਿਆ ਵਿਭਾਗ ਦੇ ਮੁੱਖ ਦਫ਼ਤਰ ਡੀ.ਪੀ.ਆਈ. ਦਫਤਰ ਮੋਹਾਲੀ ਵਿਖੇ ਅਧਿਆਪਕਾਂ ਦਾ ਇੱਕ ਮਾਸ ਡੈਪੂਟੇਸ਼ਨ ਆਪਣੀਆਂ ਮੰਗਾਂ ਸਬੰਧੀ ਮੰਗ ਪੱਤਰ ਦੇਵੇਗਾ।



## ਆਈ ਈ ਏ ਟੀ ਅਧਿਆਪਕ ਸਿੱਖਿਆ ਬੋਰਡ ਦਾ ਕਰਨਗੇ ਘਿਰਾਓ

**ਦਿੜ੍ਹਬਾ (ਜਸਵੀਰ ਲਾਡੀ)** ਆਈ.ਈ.ਏ.ਟੀ ਜਥੇਬੰਦੀ ਸੰਗਰੂਰ ਵੱਲੋਂ ਜ਼ਿਲ੍ਹਾ ਪ੍ਰਧਾਨ ਕੁਲਵਿੰਦਰ ਸਿੰਘ ਨਾੜੂ ਦੀ ਅਗਵਾਈ 'ਚ ਆਨਲਾਇਨ ਮੀਟਿੰਗ ਕੀਤੀ ਗਈ, ਜਿਸ ਵਿੱਚ 8 ਮਈ ਨੂੰ ਮੋਹਾਲੀ ਰੈਲੀ ਸਬੰਧੀ ਗੱਲਬਾਤ ਕੀਤੀ ਗਈ। ਇਹ ਰੈਲੀ ਮੈਡਮ ਸ੍ਰੀਮਤੀ ਪਰਮਜੀਤ ਕੌਰ ਪੱਖੋਵਾਲ ਦੀ ਅਗਵਾਈ ਵਿੱਚ ਹੋਵੇਗੀ। ਸਾਰੇ ਸਾਥੀਆਂ ਨੇ ਹਾਂਪੱਖੀ ਹੁੰਗਾਰਾ ਭਰਿਆ। ਕਰੋ ਜਾਂ ਮਰੋ ਵਾਲੀ ਰੈਲੀ ਕੀਤੀ ਜਾਵੇਗੀ, ਕਿਉਂਕਿ ਵਿਭਾਗ ਨੇ ਯੋਗਤਾ ਮੁਤਾਬਕ ਤਨਖਾਹ ਨਹੀਂ ਦਿੱਤੀ। ਤਿੰਨ ਵਾਰ ਵੈਰੀਫਿਕੇਸ਼ਨ ਹੋ ਚੁੱਕੀ ਹੈ। ਪੰਜਾਬ 'ਚੋਂ ਸਾਥੀ ਵੱਡੀ ਗਿਣਤੀ ਵਿੱਚ ਸਾਥ ਦੇਣਗੇ ਆਪਣੇ ਹੱਕਾਂ ਲਈ ਆਵਾਜ਼ ਬੁਲੰਦ ਕਰਨਗੇ।

## ਕਾਂਗਰਸੀ ਆਗੂ ਗੁਰਪਿਆਰ ਧੂਰਾ ਨੂੰ ਸਦਮਾ, ਭਾਣਜੀ ਦਾ ਦੇਹਾਂਤ



**ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)** ਪੰਜਾਬ ਪ੍ਰਦੇਸ਼ ਕਾਂਗਰਸ ਕਿਸਾਨ ਵਿੰਗ ਦੇ ਸੂਬਾ ਜਨਰਲ ਸਕੱਤਰ ਅਤੇ ਹਲਕਾ ਸੁਨਾਮ ਦੇ ਕੋਆਰਡੀਨੇਟਰ ਗੁਰਪਿਆਰ ਸਿੰਘ ਧੂਰਾ ਦੇ ਪਰਵਾਰ ਨੂੰ ਉਸ ਵੇਲੇ ਸਦਮਾ ਪੁੱਜਿਆ, ਜਦੋਂ ਉਨ੍ਹਾਂ ਦੀ ਭਾਣਜੀ ਡਾ. ਰੀਆ ਸ਼ਰਮਾ ਇਸ ਫ਼ਾਨੀ ਸੰਸਾਰ ਨੂੰ ਹਮੇਸ਼ਾ ਲਈ ਅਲਵਿਦਾ ਕਹਿ ਗਏ।ਡਾ. ਰੀਆ ਸ਼ਰਮਾ ਦੇ ਅਚਾਨਕ ਚਲੇ ਜਾਣ ਨਾਲ ਧੂਰਾ ਪਰਿਵਾਰ ਤੇ ਰਿਸ਼ਤੇਦਾਰਾਂ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ।ਇੱਕ ਨੌਜਵਾਨ ਤੇ ਪੜ੍ਹੀ-ਲਿਖੀ ਸ਼ਖ਼ਸੀਅਤ ਦਾ ਏਨੀ ਜਲਦੀ ਜਾਣਾ ਸਮਾਜ ਲਈ ਇਕ ਨਾ ਪੂਰਾ ਹੋਣ ਵਾਲਾ ਘਾਟਾ ਹੈ। ਦੁੱਖ ਦੀ ਘੜੀ ਵਿੱਚ ਪੰਜਾਬ ਦੀਆਂ ਵੱਖ-ਵੱਖ ਸਿਆਸੀ, ਸਮਾਜਿਕ ਤੇ ਧਾਰਮਿਕ ਜੱਥੇਬੰਦੀਆਂ ਦੇ ਆਗੂਆਂ ਨੇ ਗੁਰਪਿਆਰ ਸਿੰਘ ਧੂਰਾ ਅਤੇ ਉਨ੍ਹਾਂ ਦੇ ਪਰਿਵਾਰ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕੀਤਾ ਹੈ। ਸਥਾਨਕ ਆਗੂਆਂ ਨੇ ਕਿਹਾ ਕਿ ਪ੍ਰਮਾਤਮਾ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

## ਪੁਰਾਣੀ ਪੈਨਸ਼ਨ ਤੇ ਭੱਤਿਆਂ ਲਈ ਈ ਟੀ ਟੀ ਅਧਿਆਪਕ ਯੂਨੀਅਨ ਵਿੱਢੇਗੀ ਸੰਘਰਸ਼

**ਮੋਗਾ (ਇਕਬਾਲ ਸਿੰਘ ਖਹਿਰਾ)**- ਪੰਜਾਬ ਦੀ ਸੱਤਾਧਾਰੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਦੇ ਮੁਲਾਜ਼ਮਾਂ ਨਾਲ ਕੀਤੀ ਵਾਅਦਾ-ਖਿਲਾਫੀ ਦਾ ਰੋਸ ਰਾਜ ਭਰ ਦੇ ਲੋਕਾਂ ਅੰਦਰ ਦਿਨੋਂ ਦਿਨ ਵਧਦਾ ਹੀ ਜਾ ਰਿਹਾ ਹੈ, ਲੋਕ ਸੰਘਰਸ਼ਾਂ ਦੇ ਮੈਦਾਨ ਵਿੱਚ ਉਤਰਨ ਨੂੰ ਕਾਹਲੇ ਹਨ, ਪ੍ਰੰਤੂ ਹੁਣ ਪੰਜਾਬ ਅੰਦਰ ਇਹ ਸੰਘਰਸ਼ਾਂ ਦੀ ਜਵਾਲਾ ਇੱਕ ਵੱਡਾ ਰੂਪ ਧਾਰਨ ਕਰਨ ਜਾ ਰਹੀ ਹੈ, ਕਿਉਂਕਿ ਪਿਛਲੇ 4 ਸਾਲਾਂ ਦੀ ਲੰਬੀ ਉਡੀਕ ਤੋਂ ਬਾਅਦ ਹੁਣ ਪੰਜਾਬ ਦੀ ਸਿਰਮੌਰ ਜਥੇਬੰਦੀ ਈਟੀਟੀ ਅਧਿਆਪਕ ਯੂਨੀਅਨ ਪੰਜਾਬ ਨੇ ਸੈਕਟਰ 27 ਦੇ ਚੰਡੀਗੜ੍ਹ ਪ੍ਰੈੱਸ ਕਲੱਬ ਵਿੱਚ ਇੱਕ ਅਹਿਮ ਸੂਬਾ ਪੱਧਰੀ ਪ੍ਰੈੱਸ ਕਾਨਫਰੰਸ ਕਰਕੇ ਪੰਜਾਬ ਸਰਕਾਰ ਨੂੰ ਲਲਕਾਰ ਦੇ ਕੇ 'ਕਰੋ ਜਾਂ ਮਰੋ' ਦੇ ਸੰਘਰਸ਼ ਦਾ ਐਲਾਨ ਕਰ ਦਿੱਤਾ ਹੈ।ਇਸ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਥੇਬੰਦੀ ਦੇ ਸੂਬਾ ਪ੍ਰਧਾਨ ਜਸਵਿੰਦਰ ਸਿੰਘ ਸਿੱਧੂ ਨੇ ਆਪਣੀ ਸਟੇਟ ਟੀਮ ਨਾਲ ਪੱਤਰਕਾਰਾਂ ਸਾਹਮਣੇ ਜਥੇਬੰਦੀ ਦੇ ਅਗਲੇਰੇ ਫੈਸਲਾਕੁਨ ਸੰਘਰਸ਼ ਦਾ ਐਲਾਨ ਕੀਤਾ। ਸਿੱਧੂ ਨੇ ਦੱਸਿਆ ਕਿ ਸਾਰੇ ਪੰਜਾਬ ਵਿੱਚ 6 ਮਈ ਤੋਂ 10 ਮਈ ਤੱਕ ਜ਼ਿਲ੍ਹਾ ਪੱਧਰੀ ਮੀਟਿੰਗਾਂ ਕਰ ਕੇ ਜਥੇਬੰਦੀ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ, ਉਸ ਤੋਂ ਬਾਅਦ 24 ਮਈ ਤੋਂ ਪੁਰਾਣੀ ਪੈਨਸ਼ਨ ਦਾ ਨੋਟੀਫਿਕੇਸ਼ਨ ਲਾਗੂ ਕਰਨ, ਮੁਲਾਜ਼ਮਾਂ ਦਾ ਡੀ ਏ ਜਾਰੀ ਕਰਨ, ਜਨਗਣਨਾ ਡਿਊਟੀ, ਬੀਐੱਲਓ ਤੇ ਡਰੱਗ ਜਨਗਣਨਾ ਡਿਊਟੀਆਂ ਤੇ ਹੋਰ ਗੈਰਵਿੱਦਿਅਕ ਕੰਮਾਂ 'ਤੇ ਲੱਗਦੀਆਂ ਡਿਊਟੀਆਂ ਕੱਟਣ, ਹਰ ਤਰ੍ਹਾਂ ਦੇ ਕੱਚੇ ਅਧਿਆਪਕ ਤੇ ਮੁਲਾਜ਼ਮ ਪੱਕੇ ਕਰਨ ਸਬੰਧੀ ਕੈਬਨਿਟ ਮੰਤਰੀਆਂ ਦੇ ਪਿੰਡਾਂ ਵਿੱਚ ਮੁਲਾਜ਼ਮ ਸਭਾ ਕੀਤੀਆਂ ਜਾਣਗੀਆ, ਜਿਸ ਦੀ ਸ਼ੁਰੂਆਤ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਤੋਂ ਕੀਤੀ ਜਾਵੇਗੀ।ਇਹ ਮੁਲਾਜ਼ਮ ਸਭਾਵਾਂ ਲਗਾਤਾਰ ਹਰ ਐਤਵਾਰ ਕ੍ਰਮਵਾਰ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁਡੀਆਂ, ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਧਾਨ ਤੇ ਕੈਬਨਿਟ ਮੰਤਰੀ ਅਮਨ ਅਰੋੜਾ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਕੈਬਨਿਟ ਮੰਤਰੀ ਸੰਜੀਵ ਅਰੋੜਾ, ਕੈਬਨਿਟ ਮੰਤਰੀ ਮਹਿੰਦਰ ਭਗਤ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਜੱਦੀ ਪਿੰਡਾਂ ਵਿੱਚ ਲਗਾਤਾਰ ਕੀਤੀਆਂ ਜਾਣਗੀਆਂ।ਇਨ੍ਹਾਂ ਸਭਾਵਾਂ ਵਿੱਚ ਜ਼ੋਨ ਪੱਧਰੀ ਜ਼ਿਲ੍ਹਿਆਂ ਦੇ ਮੁਲਾਜ਼ਮ ਭਾਗ ਲੈਣਗੇ।ਇਹ ਸਭਾਵਾਂ ਮੁਕੰਮਲ ਹੋਣ ਤੋਂ ਬਾਅਦ ਸੂਬਾ ਪੱਧਰੀ ਮੁਲਾਜ਼ਮ ਸਭਾ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਮੁੱਖ ਮੰਤਰੀ ਨਾਲ ਕੀਤੀ ਜਾਵੇਗੀ।ਜੇਕਰ ਮੁਲਾਜ਼ਮ ਸਭਾਵਾਂ ਦੌਰਾਨ ਮੰਤਰੀ ਜਾਂ ਮੁੱਖ ਮੰਤਰੀ ਹਾਜ਼ਰ ਨਹੀਂ ਹੁੰਦੇ ਤਾਂ ਪੰਜਾਬ ਭਰ ਦੇ ਪਿੰਡਾਂ ਵਿੱਚ ਜਨ ਸਭਾਵਾਂ ਕਰਕੇ ਪਰਦਾਫਾਸ਼ ਕੀਤਾ ਜਾਵੇਗਾ, ਜਿਸ ਵਿੱਚ ਲੋਕਾਂ ਨੂੰ ਸਰਕਾਰ ਦੀਆਂ ਮੁਲਾਜ਼ਮ ਮਾਰੂ ਅਤੇ ਲੋਕ ਮਾਰੂ ਨੀਤੀਆਂ ਪ੍ਰਤੀ ਜਾਗਰੂਕ ਕੀਤਾ ਜਾਵੇਗਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਉਹ ਪੰਜਾਬ ਦੀ ਧਰਤੀ 'ਤੇ ਅਜਿਹੇ ਸੰਘਰਸ਼ ਦਾ



## ਪੀਣ ਵਾਲੇ ਪਾਣੀ ਨੂੰ ਸੀਵਰੇਜ ਬੋਰਡ ਤੇ ਠੇਕੇਦਾਰ ਵੱਲੋਂ ਵਰਤਿਆ ਜਾ ਰਿਹਾ ਹੌਦੀਆਂ ਬਣਾਉਣ ਲਈ

**ਸਮਾਣਾ, (ਇਕਬਾਲ ਸਿੰਘ ਬੱਲ)** ਭਵਾਨੀਗੜ੍ਹ ਰੋਡ 'ਤੇ ਚੱਲ ਰਹੇ ਸਰਕਾਰੀ ਉਸਾਰੀ ਕਾਰਜਾਂ 'ਚ ਪੀਣ ਵਾਲੇ ਸਾਫ਼ ਪਾਣੀ ਦੀ ਬੇਦਰਦੀ ਨਾਲ ਕੀਤੀ ਜਾ ਰਹੀ ਵਰਤੋਂ ਦਾ ਮਾਮਲਾ ਗ਼ਰਮਾ ਗਿਆ ਹੈ।ਇੱਕ ਪਾਸੇ ਜਿੱਥੇ ਪ੍ਰਸ਼ਾਸਨ ਲੋਕਾਂ ਨੂੰ ਪਾਣੀ ਬਚਾਉਣ ਦੀ ਅਪੀਲ ਕਰਦਾ ਹੈ, ਉੱਥੇ ਹੀ ਦੂਜੇ ਪਾਸੇ ਸਰਕਾਰੀ ਵਿਭਾਗ ਸੀਵਰੇਜ ਬੋਰਡ ਖੁਦ ਹੀ ਨਿਯਮਾਂ ਦੀਆਂ ਧੱਜੀਆਂ ਉਡਾਉਂਦਾ ਨਜ਼ਰ ਆ ਰਿਹਾ ਹੈ। ਸਮਾਣਾ ਭਵਾਨੀਗੜ੍ਹ ਰੋਡ 'ਤੇ ਬਣ ਰਹੀਆਂ ਸੀਵਰੇਜ ਦੀਆਂ ਹੌਦੀਆਂ ਦੀ ਉਸਾਰੀ ਲਈ ਵਾਟਰ ਟੈਂਕ ਤੋਂ ਪੀਣ ਵਾਲੇ ਪਾਣੀ ਦੇ ਟੈਂਕਰ ਭਰ ਕੇ ਲਿਆਂਦੇ ਜਾ ਰਹੇ ਹਨ।ਜਦੋਂ ਮੌਕੇ 'ਤੇ ਟੈਂਕਰ ਡਰਾਈਵਰ ਨਾਲ ਗੱਲ ਕੀਤੀ ਗਈ ਤਾਂ ਉਸ ਨੇ ਖੁਲਾਸਾ ਕੀਤਾ ਕਿ ਏ ਟੈਂਕ ਦੇ ਮੁਨਸ਼ੀ ਅਨਮੋਲ ਦੀ ਮਨਜ਼ੂਰੀ ਨਾਲ ਪੀਣ ਵਾਲਾ ਪਾਣੀ ਉਸਾਰੀ ਲਈ ਲਿਜਾ ਰਿਹਾ ਹੈ। ਮਾਮਲੇ ਵਿੱਚ ਵਿਭਾਗ ਦੇ ਅਧਿਕਾਰੀਆਂ ਦੀ ਰਾਏ ਵਿੱਚ ਵੱਡਾ ਅੰਤਰ ਦੇਖਣ ਨੂੰ ਮਿਲਿਆ, ਜਿਸ ਨੇ ਕਾਰਜਪ੍ਰਣਾਲੀ 'ਤੇ ਸਵਾਲ ਖੜ੍ਹੇ ਕਰ ਦਿੱਤੇ ਹਨ। ਮੁਨਸ਼ੀ ਅਨਮੋਲ ਨੇ ਮੰਨਿਆ ਕਿ ਨਿਯਮਾਂ ਅਨੁਸਾਰ ਉਸਾਰੀ ਲਈ ਪੀਣ ਵਾਲਾ ਪਾਣੀ ਸਰਕਾਰੀ ਕੰਸਟਰਕਸ਼ਨ ਲਈ ਨਹੀਂ ਵਰਤਿਆ ਜਾ ਸਕਦਾ, ਜਦੋਂ ਕਿ ਜੇ.ਈ. ਅਮਰਿੰਦਰ ਸਿੰਘ ਨੇ ਇਹ ਕਹਿ ਕੇ ਸਭ ਨੂੰ ਹੈਰਾਨ ਕਰ ਦਿੱਤਾ ਕਿ, ਉਸਾਰੀ ਦਾ ਕੰਮ ਵੀ ਸਰਕਾਰੀ ਹੈ ਅਤੇ ਪਾਣੀ ਵੀ ਸਰਕਾਰੀ ਹੈ, ਇਸ ਲਈ ਪੀਣ ਵਾਲਾ ਪਾਣੀ ਸਰਕਾਰੀ ਕੰਸਟਰਕਸ਼ਨ ਲਈ ਵਰਤਣ ਵਿੱਚ ਕੋਈ ਹਰਜ ਨਹੀਂ। ਐਸ.ਡੀ.ਓ. ਸੀਵਰੇਜ ਬੋਰਡ ਲਲਿਤ ਕੁਮਾਰ ਨੇ ਜੇ.ਈ. ਦੇ ਦਾਅਵਿਆਂ ਨੂੰ ਨਕਾਰਦਿਆਂ ਸਪੱਸ਼ਟ ਕੀਤਾ ਕਿ ਅਜਿਹੇ ਕੰਮਾਂ ਲਈ ਸਿਰਫ਼ ਸੀਵਰੇਜ ਟਰੀਟਮੈਂਟ ਪਲਾਂਟ ਦਾ ਪਾਣੀ ਹੀ ਵਰਤਿਆ ਜਾਣਾ ਚਾਹੀਦਾ ਹੈ। ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਅਪਰਅਪਾਰ ਸਿੰਘ ਨੇ ਕਿਹਾ ਕਿ ਵਾਟਰ ਟਰੀਟਮੈਂਟ ਪਲਾਂਟ ਖਰਾਬ ਹੈ, ਉੱਥੋਂ ਪਾਣੀ ਲੈਣਾ ਮੁਨਾਸਬ ਨਹੀਂ ਹੈ, ਇਸ ਲਈ ਪੀਣ ਵਾਲੇ ਪਾਣੀ ਦੀ ਵਰਤੋਂ ਕੀਤੀ ਜਾ ਸਕਦੀ ਹੈ। ਪੰਜਾਬ ਪੋਲਿਊਸ਼ਨ ਬੋਰਡ ਦੀਆਂ ਹਦਾਇਤਾਂ ਮੁਤਾਬਕ ਪੰਜਾਬ ਜਲ ਨਿਯਮ ਤੇ ਵਿਕਾਸ ਅਥਾਰਟੀ ਭੂਮੀਗਤ ਪਾਣੀ ਨੂੰ ਕਾਬੂ ਕਰਦੀ ਹੈ, ਇਸ ਲਈ ਇਤਰਾਜ਼ਾਂ ਦੀ ਲੋੜ ਹੁੰਦੀ ਹੈ ਤੇ ਸਭਾਵੀ ਤੌਰ 'ਤੇ ਕੱਢਣ ਦੇ ਖਰਚੇ ਲਏ ਜਾਂਦੇ ਹਨ, ਹਾਲਾਂਕਿ ਛੋਟੇ ਪੈਮਾਨੇ ਦੀ ਵਰਤੋਂ ਤੇ ਛੋਟ ਹੋ ਸਕਦੀ ਹੈ। ਜਲ ਸਰੋਤਾਂ ਦੇ ਨੇੜੇ ਐਨ.ਓ.ਸੀ ਕਿਸੇ ਡਰੇਨ ਨਦੀ ਜਾਂ ਚੋਅ ਦੇ ਕਿਨਾਰੇ ਦੇ 150 ਮੀਟਰ ਦੇ ਅੰਦਰ ਨਿਰਮਾਣ ਪ੍ਰੋਜੈਕਟਾਂ ਨੂੰ ਡਰੇਨ ਵਿੰਗ ਤੋਂ ਐਨ ਓ ਸੀ ਪ੍ਰਾਪਤ ਕਰਨਾ ਲਾਜ਼ਮੀ ਹੈ, ਪ੍ਰੰਤੂ ਸੀਵਰੇਜ ਬੋਰਡ ਦੇ ਅਧਿਕਾਰੀਆਂ ਨੇ ਨਗਰ ਕੌਂਸਲ ਤੇ ਟੈਂਕੀ ਤੋਂ ਪਾਣੀ ਪ੍ਰਾਪਤ ਕਰਨ ਲਈ ਕੋਈ ਐਨ.ਓ.ਸੀ ਪ੍ਰਾਪਤ ਨਹੀਂ ਕੀਤੀ।



## ਨਗਰ ਕੌਂਸਲ ਦੇ ਸਫ਼ਾਈ ਕਰਮਚਾਰੀਆਂ ਵੱਲੋਂ ਹੜਤਾਲ ਸ਼ੁਰੂ



**ਜਲਾਲਾਬਾਦ, (ਜੀਤ ਕੁਮਾਰ)** ਆਪਣੀਆਂ ਮੰਗਾਂ ਮੰਨਵਾਉਣ ਲਈ ਨਗਰ ਕੌਂਸਲ ਦੇ ਕੱਚੇ ਤੇ ਪੱਕੇ ਸਮੂਹ ਸਫਾਈ ਕ੍ਰਮਚਾਰੀਆਂ ਵੱਲੋਂ ਪੰਜਾਬ ਪੱਧਰੀ ਹੜਤਾਲ ਦੇ ਸਬੰਧ ਵਿੱਚ ਮੁਕੰਮਲ ਹੜਤਾਲ ਕੀਤੀ ਗਈ ਤੇ ਨਗਰ ਕੌਂਸਲ ਦਫਤਰ ਵਿੱਚ ਰੋਹ ਭਰਪੂਰ ਧਰਨਾ ਦਿੱਤਾ ਗਿਆ। ਧਰਨਾਕਾਰੀਆਂ ਨੇ ਕਿਹਾ ਕਿ ਨਗਰ ਕੌਂਸਲ ਦੇ ਸਮੂਹ ਸਫਾਈ ਕ੍ਰਮਚਾਰੀਆਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਜਿਵੇਂ ਕੱਚੇ ਮੁਲਾਜ਼ਮ ਪੱਕੇ ਕਰਨਾ, ਪੁਰਾਣੀ ਪੈਨਸ਼ਨ ਬਹਾਲ ਕਰਨਾ, ਠੇਕੇਦਾਰੀ ਪ੍ਰਥਾ ਬੰਦ ਕਰਨਾ, ਤਨਖਾਹ ਵਿੱਚ ਵਾਧਾ ਕਰਨਾ ਤੇ 31-12-2011 ਨੂੰ ਦਿੱਤੀ ਆਪਸ਼ਨ ਦੀ ਪੈਨਸ਼ਨ ਲਾਗੂ ਮੰਨਵਾਉਣ ਲਈ ਜਥੇਬੰਦੀਆਂ ਲੰਬੇ ਸਮੇਂ ਤੋਂ ਸੰਘਰਸ਼ ਕਰਦੀਆਂ ਆ ਰਹੀਆਂ ਹਨ, ਪਰ ਪੰਜਾਬ ਸਰਕਾਰ ਵੱਲੋਂ ਸਾਡੀਆਂ ਮੰਗਾਂ ਨਹੀਂ ਮੰਨੀਆਂ ਗਈਆਂ ਹਨ, ਜਿਸਦੇ ਰੋਸ ਵਜੋਂ ਸਮੂਹ ਕ੍ਰਮਚਾਰੀ ਅਨਮਿੱਥੇ ਸਮੇਂ ਲਈ ਹੜਤਾਲ 'ਤੇ ਚਲੇ ਗਏ ਹਨ ਤੇ ਇਹ ਸੰਘਰਸ਼ ਸੂਬਾ ਕਮੇਟੀ ਦੇ ਫੈਸਲੇ ਤਹਿਤ ਜਾਰੀ ਰਹੇਗੀ।

# 33 ਪਰਵਾਰਾਂ ਨੂੰ ਪੱਕੇ ਮਕਾਨ ਬਣਾਉਣ ਲਈ ਸਾਢੇ ਬਿਆਸੀ ਲੱਖ ਦੀ ਮਿਲੀ ਮਾਲੀ ਮਦਦ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਸ਼ਹਿਰ ਦੇ 33 ਲੋੜਵੰਦ ਪਰਵਾਰਾਂ ਨੂੰ ਪੱਕੇ ਮਕਾਨਾਂ ਬਣਾਉਣ ਲਈ ਕੁੱਲ 82.50 ਲੱਖ ਰੁਪਏ ਦੀ ਮਾਲੀ ਮਦਦ ਪ੍ਰਦਾਨ ਕਰਨ ਦੇ ਮਨਜ਼ੂਰੀ ਪੱਤਰ ਸੌਂਪੇ।ਜ਼ਿਕਰਯੋਗ ਹੈ ਕਿ ਇਹ ਰਾਸ਼ੀ ਲਾਭਪਾਤਰੀਆਂ ਦੇ ਖਾਤੇ ਵਿੱਚ ਚਾਰ ਪੜਾਵਾਂ 'ਚ ਜਮ੍ਹਾਂ ਹੁੰਦੀ ਹੈ। ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ ਤੇ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਸੂਬੇ ਦੇ ਹਰੇਕ ਯੋਗ ਲਾਭਪਾਤਰੀ ਤੱਕ ਸਰਕਾਰੀ ਸਕੀਮਾਂ ਦਾ ਲਾਭ ਬਿਨਾਂ ਕਿਸੇ ਭੇਦਭਾਵ ਦੇ ਪਹੁੰਚੇ।ਉਨ੍ਹਾਂ ਕਿਹਾ ਕਿ ਪੱਕੇ ਮਕਾਨ ਮਨੁੱਖ ਦੀ ਬੁਨਿਆਦੀ ਲੋੜ ਹੈ ਤੇ ਸਰਕਾਰ ਦਾ ਟੀਚਾ ਹੈ ਕਿ ਕੋਈ ਵੀ ਪਰਵਾਰ ਛੱਤ ਤੋਂ ਵਾਂਝਾ ਨਾ ਰਹੇ।ਉਨ੍ਹਾਂ ਨੇ ਲਾਭਪਾਤਰੀਆਂ ਨੂੰ ਅਪੀਲ ਕੀਤੀ ਕਿ ਉਹ ਮਿਲੀ ਮਦਦ ਨਾਲ ਆਪਣੇ ਮਕਾਨਾਂ ਦੇ ਨਿਰਮਾਣ ਕਾਰਜ ਨੂੰ ਜਲਦ ਪੂਰਾ ਕਰਨ ਅਤੇ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਹੋਰ ਸਕੀਮਾਂ ਦਾ ਵੀ ਲਾਭ ਲੈਣ।

# ਮਜ਼ਦੂਰ ਸੰਘਰਸ਼ ਨੂੰ ਪੰਜਾਬ ਦੇ ਜੁਝਾਰੂ ਵਿਰਸੇ ਨਾਲ ਜੋੜਨਾ ਲਾਜ਼ਮੀ : ਡਾ. ਕੱਲਰਮਾਜਰੀ

**ਸੰਗਰੂਰ, (ਪੱਤਰ ਪ੍ਰੇਰਕ)** ਮਾਲਵਾ ਲਿਖਾਰੀ ਸਭਾ ਸੰਗਰੂਰ (ਰਜਿ:) ਵੱਲੋਂ ਲੇਖਕ ਭਵਨ ਵਿਖੇ ਮਹੀਨਾਵਾਰ ਸਾਹਿਤਕ ਸਮਾਗਮ ਕਰਾਇਆ ਗਿਆ, ਜਿਸ ਵਿੱਚ 'ਮਜ਼ਦੂਰ ਵਰਗ ਦਾ ਵਰਤਮਾਨ ਤੇ ਭਵਿੱਖ' ਵਿਸ਼ੇ ਉੱਪਰ ਗੋਸ਼ਟੀ ਕਰਾਈ ਗਈ।ਸਮਾਗਮ ਦੀ ਪ੍ਰਧਾਨਗੀ ਡਾ. ਸੰਤੋਖ ਸਿੰਘ ਸੁੱਖੀ ਨੇ ਕੀਤੀ ਤੇ ਡਾ. ਗੁਰਮੀਤ ਸਿੰਘ ਕੱਲਰਮਾਜਰੀ ਮੁੱਖ ਬੁਲਾਰੇ ਵਜੋਂ ਸ਼ਾਮਲ ਹੋਏ।ਸ਼ਿਕਾਗੋ ਦੇ ਸ਼ਹੀਦਾਂ ਦੀ ਵਿਸਥਾਰ ਸਹਿਤ ਚਰਚਾ ਕਰਦਿਆਂ ਡਾ. ਗੁਰਮੀਤ ਸਿੰਘ ਕੱਲਰਮਾਜਰੀ ਨੇ ਕਿਹਾ ਕਿ ਮਜ਼ਦੂਰ ਸੰਘਰਸ਼ ਨੂੰ ਪੰਜਾਬ ਦੇ ਜੁਝਾਰੂ ਵਿਰਸੇ ਨਾਲ ਜੋੜਨਾ ਲਾਜ਼ਮੀ ਹੈ।ਉਨ੍ਹਾਂ ਨੇ ਕਿਹਾ ਕਿ ਗੁਰੂ ਨਾਨਕ, ਗੁਰੂ ਰਵਿਦਾਸ ਤੇ ਸੰਤ ਕਬੀਰ ਹੀ ਸਾਡੇ ਅਸਲੀ ਨਾਇਕ ਹੋ ਸਕਦੇ ਹਨ। ਪ੍ਰਧਾਨਗੀ ਭਾਸ਼ਣ ਵਿੱਚ ਬੋਲਦਿਆਂ ਡਾ. ਸੰਤੋਖ ਸਿੰਘ ਸੁੱਖੀ ਨੇ ਕਿਹਾ ਕਿ ਮਜ਼ਦੂਰ ਜਮਾਤ ਨੂੰ ਹਰ ਤਰ੍ਹਾਂ ਦੀਆਂ ਵਲਗਣਾਂ ਤੋਂ ਉੱਪਰ ਉੱਠ ਕੇ ਵਿਆਪਕ ਲੋਕ-ਲਹਿਰ ਦੀ ਉਸਾਰੀ ਕਰਨੀ ਚਾਹੀਦੀ ਹੈ।ਡਾ. ਮਨੀਸ਼ਾ ਰਾਣੀ ਨੇ ਆਪਣੀ ਮਿੰਨੀ-ਕਹਾਣੀ ਸੁਣਾਉਂਦੇ ਹੋਏ ਕਿਹਾ ਕਿ ਮਜ਼ਦੂਰ ਵਰਗ ਦਾ ਭਵਿੱਖ ਸਿੱਖਿਆ ਰਾਹੀਂ ਹੀ ਬਦਲਿਆ ਜਾ ਸਕਦਾ ਹੈ।ਜਸਪ੍ਰੀਤ ਕੌਰ ਜੱਸੂ ਦੀ ਵਾਰਤਕ ਦੀ ਪੁਸਤਕ 'ਦੁਨੀਆਂ ਦੀਆਂ ਕੁੱਝ ਜੁਝਾਰੂ ਔਰਤਾਂ' ਲੋਕ ਅਰਪਣ ਕੀਤੀ ਗਈ।ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦੀ ਪ੍ਰਫੁੱਲਤਾ ਲਈ ਪਾਏ ਵਡਮੁੱਲੇ ਯੋਗਦਾਨ ਲਈ ਉਨ੍ਹਾਂ ਨੂੰ ਸਭਾ ਵੱਲੋਂ ਸਨਮਾਨਤ ਵੀ ਕੀਤਾ ਗਿਆ। ਉਪਰੰਤ ਭੋਲਾ ਸਿੰਘ ਸੰਗਰਾਮੀ ਦੇ ਇਨਕਲਾਬੀ ਗੀਤ ਨਾਲ ਸ਼ੁਰੂ ਹੋਏ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਨੂੰ ਸਮਰਪਤ ਵਿਸ਼ਾਲ ਕਵੀ ਦਰਬਾਰ ਵਿੱਚ ਪਵਨ ਕੁਮਾਰ ਹੋਸ਼ੀ, ਗੁਰਮੁਖ ਸਿੰਘ ਦਿਲਬਰ, ਅਮਨ ਜੱਖਲਾਂ, ਸੁਖਵਿੰਦਰ ਸਿੰਘ ਲੋਟੇ, ਜੰਗੀਰ ਸਿੰਘ ਰਤਨ, ਰਜਿੰਦਰ ਸਿੰਘ ਰਾਜਨ, ਕਰਮ ਸਿੰਘ ਜ਼ਖ਼ਮੀ, ਹਨੀ ਸੰਗਰਾਮੀ, ਸੁਰਿੰਦਰਪਾਲ ਸਿੰਘ ਸਿਦਕੀ, ਗੁਰੀ ਚੰਦੜ, ਸ਼ਿਵ ਕੁਮਾਰ ਅੰਬਾਲਵੀ, ਧਰਮਵੀਰ ਸਿੰਘ, ਮੁਖ਼ਤਿਆਰ ਅਲਾਲ, ਸੁਖਨਦੀਪ ਕੌਰ, ਬੱਲੀ ਬਲਜਿੰਦਰ ਈਲਵਾਲ, ਕਪਿਲ ਦੇਵ, ਰਣਦੀਪ ਸਿੰਘ, ਗੁਰਸ਼ਰਨ ਸਿੰਘ, ਹਰਮਨਪ੍ਰੀਤ ਸਿੰਘ, ਪੇਂਟਰ ਸੁਖਦੇਵ ਧੂਰੀ, ਜਗਸੀਰ ਸਿੰਘ ਮੁਲੋਵਾਲ, ਗੋਬਿੰਦਰ ਸਿੰਘ ਮੰਗਵਾਲ, ਰਣਦੀਪ ਸਿੰਘ, ਧਰਮਪ੍ਰੀਤ ਸਿੰਘ, ਦੇਵਿੰਦਰਪਾਲ ਸਿੰਘ, ਲਕਸ਼ਵੀਰ ਸ਼ਰਮਾ, ਖੁਸ਼ਪ੍ਰੀਤ ਕੌਰ, ਰਾਜਦੀਪ ਸਿੰਘ, ਪਰਮਿੰਦਰ ਸਿੰਘ, ਡਾ. ਗੁਰਮੀਤ ਸਿੰਘ ਕੱਲਰਮਾਜਰੀ, ਡਾ. ਸੰਤੋਖ ਸਿੰਘ ਸੁੱਖੀ, ਜਸਪ੍ਰੀਤ ਕੌਰ ਜੱਸੂ, ਪਰਮਜੀਤ ਕੌਰ, ਕੁਲਵਿੰਦਰ ਸਿੰਘ, ਹਰਮਨਪ੍ਰੀਤ ਸਿੰਘ, ਹਰਨਾਰਾਇਣ ਸਿੰਘ ਲਹਿਰੀ, ਨਿਰਮਲ ਸਿੰਘ ਭੈਣੀ, ਜੱਗੀ ਮਾਨ, ਗੋਬਿੰਦ ਸਿੰਘ ਤੂਰਬਨਜਾਰਾ, ਕਰਨ ਭੀਖੀ, ਸਾਹਿਬਦੀਪ ਸਿੰਘ, ਸੁਖਵਿੰਦਰ ਸਿੰਘ, ਕੁਲਦੀਪ ਸਿੰਘ, ਮਨੀਸ਼ਾ ਰਾਣੀ, ਭੁਪਿੰਦਰ ਨਾਗਪਾਲ, ਜਸਵੀਰ ਮੰਡੇਰ, ਬਲਵੰਤ ਕੌਰ ਘਨੌਰੀ ਕਲਾਂ, ਸਰਦਾਰਾ ਸਿੰਘ, ਲਾਭ ਸਿੰਘ ਝੱਮਟ, ਗੁਰਜੰਟ ਬੀਂਬੜ ਅਤੇ ਕੁਲਵੰਤ ਖਨੌਰੀ ਆਦਿ ਕਵੀਆਂ ਨੇ ਹਿੱਸਾ ਲਿਆ।ਸੁਖਵਿੰਦਰ ਸਿੰਘ ਲੋਟੇ ਵੱਲੋਂ ਹਰ ਵਾਰ ਦੀ ਤਰ੍ਹਾਂ ਕਵਿਤਾ ਸਕੂਲ ਦੀ ਸਿਖਲਾਈ ਜਾਰੀ ਰੱਖੀ ਗਈ।ਕਰਮ ਸਿੰਘ ਜ਼ਖ਼ਮੀ ਨੇ ਸਾਰੇ ਆਏ ਸਾਹਿਤਕਾਰਾਂ ਲਈ ਧੰਨਵਾਦੀ ਸ਼ਬਦ ਕਹੇ ਅਤੇ ਮੰਚ ਸੰਚਾਲਨ ਦੀ ਭੂਮਿਕਾ ਰਜਿੰਦਰ ਸਿੰਘ ਰਾਜਨ ਨੇ ਬਾਖ਼ੂਬੀ ਨਿਭਾਈ।



# ਡੀ ਐੱਸ ਪੀ ਤੇ ਥਾਣਾ ਮੁਖੀ ਦੀ ਚੇਤਾਵਨੀ, ਗੈਰ-ਸਮਾਜੀ ਤੱਤ ਬਖ਼ਸ਼ੇ ਨਹੀਂ ਜਾਣਗੇ

**ਬਾਘਾ ਪੁਰਾਣਾ, (ਮਨੀ ਸਿੰਗਲਾ)** ਜ਼ਿਲ੍ਹਾ ਪੁਲਸ ਮੁਖੀ ਅਜੇ ਗਾਂਧੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪੁਲਸ ਵੱਲੋਂ ਮਾੜੇ ਅਨਸਰਾਂ ਤੇ ਨਸ਼ਾ ਤਸਕਰਾਂ ਖ਼ਿਲਾਫ਼ ਖ਼ਾਸ ਮੁਹਿੰਮ ਵਿੱਢੀ ਗਈ ਹੈ।ਮੁਹਿੰਮ ਦੀ ਅਗਵਾਈ ਡੀ.ਐੱਸ.ਪੀ. ਦਲਬੀਰ ਸਿੰਘ ਸਿੱਧੂ ਤੇ ਥਾਣਾ ਮੁਖੀ ਜਨਕ ਰਾਜ ਸ਼ਰਮਾ ਵੱਲੋਂ ਕੀਤੀ ਜਾ ਰਹੀ ਹੈ, ਜਿਸ ਦਾ ਮੁੱਖ ਉਦੇਸ਼ ਇਲਾਕੇ ਵਿੱਚ ਕਾਨੂੰਨ-ਵਿਵਸਥਾ ਨੂੰ ਮਜ਼ਬੂਤ ਕਰਨਾ ਤੇ ਨਸ਼ੇ ਦੀ ਸਮੱਸਿਆ ਨੂੰ ਜੜ੍ਹ ਤੋਂ ਖ਼ਤਮ ਕਰਨਾ ਹੈ। ਡੀ.ਐੱਸ.ਪੀ. ਦਲਬੀਰ ਸਿੰਘ ਸਿੱਧੂ ਤੇ ਥਾਣਾ ਮੁਖੀ ਜਨਕ ਰਾਜ ਸ਼ਰਮਾ ਨੇ ਨਸ਼ਾ ਤਸਕਰਾਂ ਅਤੇ ਹੋਰ ਗੈਰ-ਸਮਾਜੀ ਤੱਤਾਂ ਨੂੰ ਸਖ਼ਤ ਚੇਤਾਵਨੀ ਦਿੱਤੀ ਕਿ ਉਹ ਤੁਰੰਤ ਆਪਣੀਆਂ ਗਤੀਵਿਧੀਆਂ ਛੱਡ ਦੇਣ ਜਾਂ ਇਲਾਕਾ ਤਿਆਗ ਦੇਣ।ਉਨ੍ਹਾਂ ਸਪੱਸ਼ਟ ਕੀਤਾ ਕਿ ਕਿਸੇ ਵੀ ਤਰ੍ਹਾਂ ਦਾ ਗੈਰ-ਕਾਨੂੰਨੀ ਕੰਮ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਤੇ ਜੇਕਰ ਕੋਈ ਵੀ ਨਸ਼ਾ ਤਸਕਰ ਫੜਿਆ ਗਿਆ ਤਾਂ ਉਸ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕਿਸੇ ਵੀ ਰਾਜਨੀਤਿਕ ਦਬਾਅ ਜਾਂ ਸਿਫ਼ਾਰਸ਼ ਨੂੰ ਮੰਨਿਆ ਨਹੀਂ ਜਾਵੇਗਾ।ਥਾਣਾ ਮੁਖੀ ਜਨਕ ਰਾਜ ਸ਼ਰਮਾ ਨੇ ਲੋਕਾਂ ਨਾਲ ਸਿੱਧਾ ਸੰਪਰਕ ਬਣਾਉਣ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਕੋਈ ਵੀ ਵਿਅਕਤੀ ਬਿਨਾਂ ਕਿਸੇ ਸਿਫ਼ਾਰਸ਼ ਦੇ ਉਨ੍ਹਾਂ ਨੂੰ ਮਿਲ ਸਕਦਾ ਹੈ।ਉਨ੍ਹਾਂ ਆਪਣੇ ਸਟਾਫ਼ ਨੂੰ ਹੁਕਮ ਦਿੱਤੇ ਕਿ ਥਾਣੇ ਜਾਂ ਦਫ਼ਤਰ ਵਿੱਚ ਆਉਣ ਵਾਲੇ ਹਰ ਵਿਅਕਤੀ ਨਾਲ ਨਰਮੀ ਅਤੇ ਆਦਰ ਨਾਲ ਪੇਸ਼ ਆਇਆ ਜਾਵੇ, ਤਾਂ ਜੁ ਲੋਕਾਂ ਦਾ ਪੁਲਸ 'ਤੇ ਭਰੋਸਾ ਹੋਰ ਮਜ਼ਬੂਤ ਹੋ ਸਕੇ।ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਦੇ ਇਲਾਕੇ ਵਿੱਚ ਕੋਈ ਵੀ ਨਸ਼ੇ ਦਾ ਸੌਦਾਗਰ ਜਾਂ ਮਾੜਾ ਅਨਸਰ ਗਤੀਵਿਧੀਆਂ ਕਰਦਾ ਨਜ਼ਰ ਆਵੇ, ਤਾਂ ਇਸ ਦੀ ਸੂਚਨਾ ਤੁਰੰਤ ਪੁਲਸ ਨੂੰ ਦਿੱਤੀ ਜਾਵੇ।ਉਨ੍ਹਾਂ ਭਰੋਸਾ ਦਿਵਾਇਆ ਕਿ ਸੂਚਨਾ ਦੇਣ ਵਾਲੇ ਵਿਅਕਤੀ ਦਾ ਨਾਂਅ ਤੇ ਪਤਾ ਪੂਰੀ ਤਰ੍ਹਾਂ ਗੁਪਤ ਰੱਖਿਆ ਜਾਵੇਗਾ।





# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ 'ਵਰਸਿਟੀ ਦੇ ਵਿਦਿਆਰਥੀ ਦੀ ਉੱਚੀ ਉਡਾਣ, 10 ਲੱਖ ਸਾਲਾਨਾ ਪੈਕੇਜ ਹਾਸਲ

**ਸ੍ਰੀ ਫ਼ਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ 'ਚ ਪ੍ਰੋਫ਼ੈਸ਼ਨ ਆਈਟੀ, ਨੋਇਡਾ ਵੱਲੋਂ ਆਯੋਜਤ ਆਫਰ ਲੇਟਰ ਵੰਡ ਸਮਾਰੋਹ ਵੇਖਿਆ।ਇਹ ਮੌਕਾ ਯੂਨੀਵਰਸਿਟੀ ਦੀ ਇਸ ਵਚਨਬੱਧਤਾ ਨੂੰ ਦਰਸਾਉਂਦਾ ਹੈ ਕਿ ਉਹ ਉੱਚ-ਗੁਣਵੱਤਾ ਵਾਲੀ ਸਿੱਖਿਆ, ਹੁਨਰ ਵਿਕਾਸ ਤੇ ਉਦਯੋਗ ਨਾਲ ਮਜ਼ਬੂਤ ਸਾਂਝਾਂ ਰਾਹੀਂ ਵਿਦਿਆਰਥੀਆਂ ਨੂੰ ਸਫ਼ਲ ਭਵਿੱਖ ਵੱਲ ਪ੍ਰੇਰਤ ਕਰਦੀ ਹੈ। ਸਮਾਰੋਹ ਦਾ ਖਾਸ ਆਕਰਸ਼ਣ ਯੂਨੀਵਰਸਿਟੀ ਦੇ ਇੱਕ ਪ੍ਰਤਿਭਾਸ਼ਾਲੀ ਵਿਦਿਆਰਥੀ ਵੱਲੋਂ 10 ਲੱਖ ਸਾਲਾਨਾ ਪੈਕੇਜ ਹਾਸਲ ਕਰਨਾ ਰਿਹਾ।ਇਸ ਮਹੱਤਵਪੂਰਨ ਉਪਲਬਧੀ ਨੇ ਨਵਾਂ ਮਾਪਦੰਡ ਸਥਾਪਿਤ ਕੀਤਾ ਹੈ ਅਤੇ ਹੋਰ ਵਿਦਿਆਰਥੀਆਂ ਨੂੰ ਵੀ ਉੱਚੇ ਲਕਸ਼ ਹਾਸਲ ਕਰਨ ਲਈ ਪ੍ਰੇਰਤ ਕੀਤਾ ਹੈ।ਇਸ ਪਲੇਸਮੈਂਟ ਡਰਾਈਵ ਦੌਰਾਨ ਕੰਪਿਊਟਰ ਸਾਇੰਸ ਵਿਭਾਗ ਦੇ ਸੱਤ ਤੇ ਕਾਮਰਸ ਅਤੇ ਮੈਨੇਜਮੈਂਟ ਵਿਭਾਗ ਦੇ ਦੋ ਵਿਦਿਆਰਥੀਆਂ ਚੁਣੇ ਗਏ। ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪ੍ਰਿਤਪਾਲ ਸਿੰਘ ਨੇ ਚੁਣੇ ਗਏ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਤਰ੍ਹਾਂ ਦੀਆਂ ਉਪਲਬਧੀਆਂ ਵਿਦਿਆਰਥੀਆਂ ਦੀ ਅਨੁਸ਼ਾਸਨ, ਪ੍ਰਤਿਭਾ ਅਤੇ ਯੋਗਤਾ ਨੂੰ ਦਰਸਾਉਂਦੀਆਂ ਹਨ। ਟ੍ਰੇਨਿੰਗ ਐਂਡ ਪਲੇਸਮੈਂਟ ਸੈੱਲ ਦੀ ਇੰਚਾਰਜ ਡਾ. ਕਮਲਜੀਤ ਕੌਰ ਨੇ ਵਿਦਿਆਰਥੀਆਂ ਦੀ ਸਫਲਤਾ 'ਤੇ ਖੁਸ਼ੀ ਪ੍ਰਗਟਾਉਂਦਿਆਂ ਕਿਹਾ ਕਿ ਇਹ ਨਤੀਜੇ ਨਿਯਮਿਤ ਟ੍ਰੇਨਿੰਗ ਸੈਸ਼ਨਾਂ, ਹੁਨਰ ਵਿਕਾਸ ਪ੍ਰੋਗਰਾਮਾਂ, ਮੌਕ ਇੰਟਰਵਿਊਜ਼, ਰਿਜ਼ਿਊਮੇ ਤਿਆਰੀ ਵਰਕਸ਼ਾਪਾਂ ਅਤੇ ਉਦਯੋਗ ਨਾਲ ਲਗਾਤਾਰ ਸੰਪਰਕ ਦਾ ਨਤੀਜਾ ਹਨ।ਉਨ੍ਹਾਂ ਨੇ ਸਾਰੇ ਚੁਣੇ ਗਏ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਭਰੋਸਾ ਦਿਵਾਇਆ ਕਿ ਪਲੇਸਮੈਂਟ ਸੈੱਲ ਭਵਿੱਖ 'ਚ ਵੀ ਹੋਰ ਵਧੀਆ ਮੌਕੇ ਉਪਲਬਧ ਕਰਵਾਉਣ ਲਈ ਸਮਰਪਤ ਰਹੇਗਾ।



ਦੌਰਾਨ ਚੁਣੇ ਗਏ ਵਿਦਿਆਰਥੀਆਂ ਨੂੰ ਰਸਮੀ ਤੌਰ 'ਤੇ ਆਫ਼ਰ ਲੇਟਰ ਪ੍ਰਦਾਨ ਕੀਤੇ ਗਏ ਤੇ ਉਨ੍ਹਾਂ ਨੂੰ ਆਪਣੇ ਜੀਵਨ ਦੇ ਨਵੇਂ ਪੜਾਅ ਦੀ ਸ਼ੁਰੂਆਤ ਲਈ ਵਧਾਈ ਦਿੱਤੀ ਗਈ। ਕੈਂਪਸ ਦਾ ਮਾਹੌਲ ਖੁਸ਼ੀ, ਮਾਣ ਤੇ ਉਤਸ਼ਾਹ ਨਾਲ ਭਰਪੂਰ ਰਿਹਾ, ਜਿੱਥੇ ਵਿਦਿਆਰਥੀਆਂ ਨੇ ਆਪਣੀ ਲਗਨ ਤੇ ਮਿਹਨਤ ਨੂੰ ਹਕੀਕੀ ਕਰੀਅਰ ਮੌਕਿਆਂ ਵਿੱਚ ਬਦਲਦੇ

# ਜਸਟਿਸ ਅਗਰਵਾਲ ਵੱਲੋਂ ਕੁਲਵੰਤ ਕਸਕ ਦੀ ਪੁਸਤਕ 'ਸੋਚ ਦੇ ਪੈਂਡੇ' ਲੋਕ ਅਰਪਣ

**ਸੰਗਰੂਰ (ਪ੍ਰਵੀਨ ਸਿੰਘ)** ਪੰਜਾਬੀ ਲੇਖਕ ਕੁਲਵੰਤ ਕਸਕ ਦੀ ਨਵੀਂ ਪੁਸਤਕ 'ਸੋਚ ਦੇ ਪੈਂਡੇ' ਅਕਾਲ ਕਾਲਜ ਆਫ਼ ਫਿਜ਼ੀਕਲ ਐਜੂਕੇਸ਼ਨ ਮਸਤੂਆਣਾ ਸਾਹਿਬ ਦੇ ਸੰਤ ਤੇਜਾ ਸਿੰਘ ਹਾਲ 'ਚ ਲੋਕ ਅਰਪਣ ਕਰਨ ਦੀ ਰਸਮ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਜੱਜ ਜਸਟਿਸ ਵਰਿੰਦਰ ਅਗਰਵਾਲ ਨੇ ਅਦਾ ਕੀਤੀ। ਨਾਮਵਰ ਲੇਖਕ ਤੇ ਸਾਹਿਤ ਅਕੈਡਮੀ ਪੁਰਸਕਾਰ ਵਿਜੇਤਾ ਡਾ. ਦਰਸ਼ਨ ਸਿੰਘ ਆਸ਼ਟ ਨੇ ਪੁਸਤਕ ਬਾਰੇ ਵਿਸਥਾਰ ਵਿੱਚ ਆਪਣਾ ਪੇਪਰ ਪੜ੍ਹਿਆ ਤੇ ਇਸ ਪੁਸਤਕ ਵਿਚਲੀਆਂ ਵਿਸ਼ੇਸ਼ਤਾਵਾਂ ਬਿਆਨ ਕੀਤੀਆਂ।ਸ੍ਰੀਮਤੀ ਸ਼ਸ਼ੀ ਬਾਲਾ ਵੱਲੋਂ ਸ਼ਾਇਰਾਨਾ ਅੰਦਾਜ਼ ਵਿੱਚ ਕੀਤੇ ਮੰਚ ਸੰਚਾਲਨ ਦੌਰਾਨ ਉੱਘੇ ਲੇਖਕ ਸੁਖਵਿੰਦਰ ਸਿੰਘ ਫੁੱਲ ਤੇ ਜੀਤ ਹਰਜੀਤ ਨੇ ਲੇਖਕ ਕੁਲਵੰਤ ਕਸਕ ਨੂੰ ਵਧਾਈ ਦਿੱਤੀ ਤੇ ਆਸ ਪ੍ਰਗਟ ਕੀਤੀ ਕਿ ਇਸ ਨਾਲ ਵਿਰਾਸਤੀ ਝਲਕ ਦਾ ਫ਼ਾਇਦਾ ਉਠਾਇਆ ਜਾ ਸਕੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਿਪਟੀ ਕਮਿਸ਼ਨਰ ਸੰਗਰੂਰ ਰਾਹੁਲ ਚਾਬਾ, ਅਕਾਲ ਕਾਲਜ ਕੌਂਸਲ ਦੇ ਸਕੱਤਰ ਜਸਵੰਤ ਸਿੰਘ ਖਹਿਰਾ, ਪੰਜਾਬ ਤੇ ਹਰਿਆਣਾ ਬਾਰ ਕੌਂਸਲ ਦੇ ਨਵਨਿਯੁਕਤ ਮੈਂਬਰ ਗੁਰਤੇਜ ਸਿੰਘ ਗਰੇਵਾਲ, ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਸੁਖਜਿੰਦਰ ਸਿੰਘ ਢੀਂਡਸਾ, ਜਸਵਿੰਦਰ ਸਿੰਘ ਪ੍ਰਿੰਸ ਪ੍ਰਧਾਨ ਵਪਾਰ ਮੰਡਲ, ਅਸ਼ੋਕ ਬਾਂਸਲ ਐਡਵੋਕੇਟ, ਇੰਜ. ਸ਼ਿਵ ਆਰੀਆ, ਹਰਜੀਤ ਸਿੰਘ ਢੀਂਗਰਾ, ਸਾਹਿਤ ਸਦਨ ਸੰਗਰੂਰ ਦੇ ਪ੍ਰਧਾਨ ਦਲਬਾਰ ਸਿੰਘ ਚੱਠੇ, ਚੇਅਰਮੈਨ ਬਲਵੰਤ ਸਿੰਘ ਜੋਗਾ, ਮਹਿੰਦਰਪਾਲ ਸਿੰਘ ਪਾਹਵਾ ਐਡਵੋਕੇਟ ਸੁਰਜੀਤ ਸਿੰਘ ਗਰੇਵਾਲ ਐਡਵੋਕੇਟ, ਦਲਜੀਤ ਸਿੰਘ ਸੇਖੋਂ ਐਡਵੋਕੇਟ, ਲਲਿਤ ਗਰਗ ਐਡਵੋਕੇਟ, ਜੰਗ ਸਿੰਘ ਫੱਟੜ, ਡਾ. ਨਰਵਿੰਦਰ ਕੌਸ਼ਲ, ਡਾ. ਅਵਤਾਰ ਢੀਂਡਸਾ, ਪ੍ਰਿੰਸੀਪਲ ਡਾਕਟਰ ਅਮਨਦੀਪ ਕੌਰ, ਡਾ. ਗੁਰਵੀਰ ਸਿੰਘ ਸੋਹੀ, ਹਰਮਿੰਦਰ ਕੌਰ ਬਡਰੁੱਖਾਂ, ਬਲਦੇਵ ਸਿੰਘ ਗੋਸ਼ਲ, ਐਡਵੋਕੇਟ ਜਗਦੀਪ ਸਿੰਘ ਤੇ ਹੋਰ ਸ਼ਖ਼ਸੀਅਤਾਂ ਮੌਜੂਦ ਸਨ।ਪੁਸਤਕ ਦੇ ਪੜਚੋਲਕਾਰ ਡਾ. ਦਰਸ਼ਨ ਸਿੰਘ ਆਸ਼ਟ ਨੂੰ ਸਨਮਾਨਤ ਕੀਤਾ ਗਿਆ।



# ਕਿਲ੍ਹਾ ਰਾਏਪੁਰ ਡੀਪੂ ਵਿਖੇ ਮਈ ਦਿਵਸ ਮਨਾਇਆ

**ਲੁਧਿਆਣਾ (ਐਮ ਐਸ ਭਾਟੀਆ)-** ਪੰਜਾਬ ਪੱਲੇਦਾਰ ਯੂਨੀਅਨ (ਏਟਕ) ਰਜਿ: ਨੰਬਰ 28 ਦੀ ਕਿਲਾ ਰਾਏਪੁਰ ਜ਼ਿਲ੍ਹਾ ਲੁਧਿਆਣਾ ਡੀਪੂ ਵੱਲੋਂ ਮਈ ਦਿਵਸ ਬੜੇ ਜੋਸ਼ੋ ਖਰੋਸ਼ ਨਾਲ ਮਨਾਇਆ ਗਿਆ। ਡੀਪੂ ਦੇ ਪ੍ਰਧਾਨ ਗੁਰਦੀਪ ਸਿੰਘ ਰਾਜੂ ਨੇ ਯੂਨੀਅਨ ਦਾ ਝੰਡਾ ਲਹਿਰਾਇਆ ।ਇਸ ਮੌਕੇ ਯੂਨੀਅਨ ਦੇ ਆਗੂ ਕੁਲਦੀਪ ਸਿੰਘ ਨੇ ਵੀ ਸੰਬੋਧਨ ਕੀਤਾ। ਹੋਰਨਾਂ ਤੋਂ ਇਲਾਵਾ ਨਿਰਮਲ ਸਿੰਘ, ਗੁਰਦੀਪ ਸਿੰਘ ਦੀਪਾ, ਦਾਰਾ ਸਿੰਘ, ਬੂਟਾ ਸਿੰਘ, ਰਮੇਸ਼ ਕੁਮਾਰ, ਜਵੰਦ ਇਕਬਾਲ, ਪ੍ਰਕਾਸ਼ ਸਿੰਘ, ਪਾਸਾ ਸਿੰਘ, ਕਿਸ਼ਨ ਸਿੰਘ, ਕੁਲਵੀਰ ਸਿੰਘ ਦੀਪਾ ਸਿੰਘ, ਮਿੰਟੂ, ਭੋਲੂ ਸਿੰਘ, ਨੀਟਾ ਸਿੰਘ, ਮੇਜਰ ਸਿੰਘ, ਵਿਜੇ ਕੁਮਾਰ ਅਤੇ ਜਗਦੇਵ ਸਿੰਘ ਹਾਜ਼ਰ ਸਨ। ਪੱਲੇਦਾਰ ਸਾਥੀਆਂ ਨੂੰ ਪਹਿਲੀ ਮਈ ਦੀ ਮਹੱਤਤਾ ਬਾਰੇ ਦੱਸਿਆ ਗਿਆ ਅਤੇ ਸਾਰਿਆਂ ਨੇ ਮੰਗ ਕੀਤੀ ਕਿ ਠੇਕੇਦਾਰੀ ਪ੍ਰਬੰਧ ਖਤਮ ਕਰਕੇ ਸਰਕਾਰ ਸਿੱਧਾ ਪੱਲੇਦਾਰਾਂ ਨਾਲ ਰਾਬਤਾ ਰੱਖੇ। ਇਹ ਵੀ ਮੰਗ ਕੀਤੀ ਗਈ ਕਿ ਮਜ਼ਦੂਰਾਂ ਲਈ ਪਿਛਲੇ 14 ਸਾਲ ਤੋਂ ਜੋ ਘੱਟੋ ਘੱਟ ਉਜਰਤ ਨਹੀਂ ਵਧਾਈ ਗਈ ਸੀ, ਉਸ ਵਿੱਚ ਸਿਰਫ਼ 15% ਨਿਗੂਣਾ ਜਿਹਾ ਵਾਧਾ ਬਹੁਤ ਘੱਟ ਹੈ। ਪੱਲੇਦਾਰਾਂ ਨੇ ਇਹ ਵੀ ਪ੍ਰਣ ਲਿਆ ਕਿ ਆਉਣ ਵਾਲੇ ਸਮੇਂ ਵਿੱਚ ਏਟਕ ਅਤੇ ਉਸ ਦੇ ਨਾਲ ਹੋਰ ਕੇਂਦਰੀ ਟਰੇਡ ਯੂਨੀਅਨਾਂ ਅਤੇ ਐਸ ਕੇ ਐਮ ਵੱਲੋਂ ਸਾਂਝੇ ਪ੍ਰੋਗਰਾਮਾਂ ਵਿੱਚ ਵੀ ਵੱਧ ਚੜ੍ਹ ਕੇ ਹਿੱਸਾ ਲਿਆ ਜਾਵੇਗਾ।



# ਸੰਤ ਗੋਬਿੰਦ ਆਯੁਰਵੈਦਿਕ ਸੇਵਾ ਸੰਸਥਾ ਵੱਲੋਂ ਨਿਸ਼ਕਾਮ ਸੇਵਾ ਮੁੜ ਸੁਰਜੀਤ

**ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)** ਆਯੁਰਵੇਦ ਆਚਾਰੀਯ ਵੈਦ ਮੇਘ ਨਾਥ ਫਫੜੇ ਭਾਈਕੇ ਵਾਲਿਆਂ ਵੱਲੋਂ ਗਠਿਤ ਕੀਤੀ ਗਈ ਸੰਤ ਗੋਬਿੰਦ ਆਯੁਰਵੈਦਿਕ ਸੇਵਾ ਸੰਸਥਾ ਨੂੰ ਮੁੜ ਲੋਕ ਸੇਵਾ ਲਈ ਸੁਰਜੀਤ ਕੀਤਾ ਗਿਆ ਹੈ।ਦੱਸਣਯੋਗ ਹੈ ਕਿ ਵੇਦ ਮੇਘ ਨਾਥ ਫਫੜੇ ਭਾਈਕੇ ਵਾਲਿਆਂ ਵੱਲੋਂ ਲਗਭਗ 1970 ਚ ਆਪਣੇ ਗੁਰਦੇਵ ਦੀ ਯਾਦ ਵਿੱਚ ਕੀਤੀ ਗਈ ਸੀ, ਆਯੁਰਵੈਦਿਕ ਦਵਾਈਆਂ ਦੇ ਮੁਫ਼ਤ ਕੈਂਪ ਲਾਏ, ਜਿਨ੍ਹਾਂ ਦਾ ਮਕਸਦ ਦੁੱਖੀ ਤੇ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਆਯੁਰਵੈਦਿਕ ਇਲਾਜ ਦੇਣਾ ਸੀ, ਖ਼ਾਸ ਕਰਕੇ ਲੋੜਵੰਦ ਮਰੀਜਾਂ ਤੱਕ ਆਯੁਰਵੈਦਿਕ ਇਲਾਜ ਪੁਚਾਉਣਾ ਸੀ। ਉਨ੍ਹਾਂ ਦੇ ਬਾਅਦ ਹੁਣ ਉਨ੍ਹਾਂ ਦੇ ਸਪੁੱਤਰ ਵੈਦ ਚਰਨ ਕਮਲ ਸਿੰਘ ਅਤੇ ਉਨਾਂ ਦੀ ਪਤਨੀ ਨੇ ਬਹੁਤ ਮਿਹਨਤ ਨਾਲ ਇਸ ਪਵਿੱਤਰ ਸੇਵਾ ਨੂੰ ਪੂਰੀ ਸ਼ਰਧਾ ਅਤੇ ਸਮਰਪਣ ਨਾਲ ਅੱਗੇ ਵਧਾਉਣ ਦੇ ਯਤਨ ਕਰ ਰਹੇ ਹਨ।ਪਿਤਾ ਦੀ ਯਾਦ ਨੂੰ ਤਾਜ਼ਾ ਰੱਖਦਿਆਂ ਉਨ੍ਹਾਂ ਇਸ ਸੰਸਥਾ ਨੂੰ ਦੁਬਾਰਾ ਸ਼ੁਰੂ ਕੀਤਾ ਹੈ। ਵੈਦ ਚਰਨ ਕਮਲ ਸਿੰਘ ਨੇ ਦੱਸਿਆ ਕਿ ਸੰਸਥਾ ਵੱਲੋਂ ਹਰ ਸ਼ੁੱਕਰਵਾਰ ਸਵੇਰੇ 11 ਵਜੇ ਤੋਂ ਸ਼ਾਮ 4 ਵਜੇ ਤੱਕ ਓਲਡ ਆਯੁਰਵੇਦ ਰਿਸਰਚ ਸੈਂਟਰ, ਧੂਰੀ ਵਿੱਚ ਮੁਫ਼ਤ ਆਈ ਡ੍ਰਾਪ ਤੇ ਲੋੜਵੰਦ ਮਰੀਜ਼ਾਂ ਨੂੰ ਆਯੁਰਵੈਦਿਕ ਇਲਾਜ ਮਸ਼ਵਰਾ ਮੁਫ਼ਤ ਦਿੱਤਾ ਜਾਂਦਾ ਹੈ। ਵੈਦ ਚਰਨ ਕਮਲ ਸਿੰਘ ਨਾਥ ਨੇ ਦੱਸਿਆ ਕਿ ਇਹ ਸੇਵਾ ਪੂਰੀ ਤਰ੍ਹਾਂ ਨਿਸ਼ਕਾਮ ਸੇਵਾ ਦੇ ਭਾਵ ਨਾਲ ਕੀਤੀ ਜਾ ਰਹੀ ਹੈ ਅਤੇ ਉਹ ਆਪਣੇ ਦਸਵੰਧ ਵਿੱਚੋਂ ਇਸ ਸੇਵਾ ਨੂੰ ਚਲਾ ਰਹੇ ਹਨ।



# ਕੇ ਪੀ ਐਮ ਯੂ ਦਾ ਕੋਟਲਾ ਮੇਹਰ ਸਿੰਘ ਵਾਲਾ 'ਚ ਹੋਇਆ ਗਠਨ



**ਮੋਗਾ (ਇਕਬਾਲ ਸਿੰਘ ਖਹਿਰਾ)-**ਕੋਟਲਾ ਮੇਹਰ ਸਿੰਘ ਵਾਲਾ ਦੇ ਮਜ਼ਦੂਰਾਂ ਨੇ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਕਨਵੀਨਰ ਲਖਬੀਰ ਸਿੰਘ ਲੱਖਾ ਨੂੰ ਯੂਨੀਅਨ ਦਾ ਗਠਨ ਕਰਨ ਲਈ ਬੁਲਾਵਾ ਭੇਜਿਆ। ਪਿੰਡ ਦੇ ਵਿੱਚ ਮਜ਼ਦੂਰਾਂ ਦੀ ਮੀਟਿੰਗ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਲਖਬੀਰ ਸਿੰਘ ਲੱਖਾ ਨੇ ਕਿਹਾ ਕਿ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਲਗਾਤਾਰ ਮਜ਼ਦੂਰਾਂ ਦੀਆਂ ਮੰਗਾਂ ਲਈ ਸੰਘਰਸ਼ਸ਼ੀਲ ਹੈ। ਲੋੜਵੰਦ ਮਜ਼ਦੂਰਾਂ ਨੂੰ ਪਲਾਟ ਦਵਾਉਣ ਦਾ ਮਸਲਾ, ਦਿਹਾੜੀ ਵਧਾਉਣ ਦਾ ਮਸਲਾ, ਨਰੇਗਾ ਬਹਾਲ ਕਰਵਾ ਕੇ, 200 ਦਿਨ ਸਾਲ ਚ ਕੰਮ ਲੈਣ ਦਾ ਮਸਲਾ, ਬਿਰਧ ਮਜ਼ਦੂਰਾਂ ਨੂੰ 10 ਹਜ਼ਾਰ ਰੁਪਏ ਪੈਨਸ਼ਨ ਦਿਵਾਉਣ ਦਾ ਮਸਲਾ, ਪੰਚਾਇਤੀ ਜ਼ਮੀਨਾਂ 'ਚੋਂ ਤੀਜਾ ਹਿੱਸਾ ਸਸਤੇ ਰੇਟ 'ਤੇ ਪ੍ਰਾਪਤ ਕਰਨ ਦਾ ਮਸਲਾ, ਡੀਪੂਆਂ 'ਤੇ ਰਾਸ਼ਨ ਜਾਰੀ ਰੱਖਣ ਦਾ ਮਸਲਾ, ਮਜ਼ਦੂਰਾਂ ਨਾਲ ਹੋ ਰਹੇ ਜਾਤੀ ਵਿਤਕਰੇ ਦਾ ਮਸਲਾ, ਮਜ਼ਦੂਰਾਂ ਨਾਲ ਹੁੰਦੇ ਧੱਕੇ ਧੌੜਿਆਂ ਵਿਰੁੱਧ ਆਵਾਜ਼ ਉਠਾਉਣ ਦਾ ਮਸਲਾ ਅਤੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਜਾਂ ਬੇਰੁਜ਼ਗਾਰੀ ਭੱਤਾ ਦਿਵਾਉਣ ਦਾ ਮਸਲਾ ਆਦਿ ਬਾਰੇ ਲਗਾਤਾਰ ਆਵਾਜ਼ ਉਠਾਉਂਦੀ ਆ ਰਹੀ ਹੈ। ਅਖੀਰ 'ਤੇ ਪਿੰਡ ਇਕਾਈ ਦੀ ਚੋਣ ਕੀਤੀ ਗਈ। ਸੇਵਕ ਸਿੰਘ ਪ੍ਰਧਾਨ, ਗੁਰਪ੍ਰੀਤ ਸਿੰਘ ਮੀਤ ਪ੍ਰਧਾਨ, ਸਿੰਦਰ ਸਿੰਘ ਸਕੱਤਰ, ਦਰਸ਼ਨ ਸਿੰਘ ਕੈਸ਼ੀਅਰ, ਜਗਰਾਜ ਸਿੰਘ ਸਹਾਇਕ ਕੈਸ਼ੀਅਰ ਅਤੇ ਪ੍ਰੈਸ ਸਕੱਤਰ ਮਦਨ ਨੂੰ ਚੁਣਿਆ ਗਿਆ।

# ਮਕਾਨ ਮਾਲਕ ਕਿਰਾਏਦਾਰ ਤੇ ਘਰੇਲੂ ਨੌਕਰ ਰੱਖਣ ਵਾਲਿਆਂ ਦਾ ਪੂਰਾ ਪਤਾ ਤੇ ਸ਼ਨਾਖਤੀ ਸਬੂਤ ਜ਼ਰੂਰ ਰੱਖਣ : ਜ਼ਿਲ੍ਹਾ ਮੈਜਿਸਟ੍ਰੇਟ

**ਫਾਜ਼ਿਲਕਾ (ਨਿਸ਼ਾ ਸ਼ਰਮਾ)-** ਜ਼ਿਲ੍ਹਾ ਮੈਜਿਸਟ੍ਰੇਟ ਫਾਜ਼ਿਲਕਾ ਅਮਰਪ੍ਰੀਤ ਕੌਰ ਸੰਧੂ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 (ਪੁਰਾਣੀ ਸੀਆਰਪੀਸੀ 1973 ਦੀ ਧਾਰਾ 144) ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਫਾਜ਼ਿਲਕਾ ਵਿੱਚ ਕੋਈ ਵੀ ਮਕਾਨ ਮਾਲਕ ਕਿਰਾਏਦਾਰ ਅਤੇ ਘਰੇਲੂ ਨੌਕਰ ਰੱਖਣ ਵਾਲਿਆਂ ਦਾ ਪੂਰਾ ਪਤਾ ਅਤੇ ਸ਼ਨਾਖਤੀ ਸਬੂਤ ਰੱਖਣਾ ਲਾਜ਼ਮੀ ਹੈ। ਉਨ੍ਹਾਂ ਬਿਨਾਂ ਪੂਰਾ ਪਤਾ ਅਤੇ ਸ਼ਨਾਖਤੀ ਸਬੂਤ ਦੇ ਕਿਸੇ ਵੀ ਵਿਅਕਤੀ ਨੂੰ ਕੰਮ ਉੱਪਰ/ਕਿਰਾਏਦਾਰ ਰੱਖਣ ਤੇ ਪੂਰਨ ਪਾਬੰਦੀ ਲਗਾਈ ਹੈ।ਇਹ ਹੁਕਮ 30 ਜੂਨ 2026 ਤੱਕ ਲਾਗੂ ਰਹੇਗਾ।ਜ਼ਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਜ਼ਿਲ੍ਹਾ ਫਾਜ਼ਿਲਕਾ ਵਿੱਚ ਦੂਸਰੇ ਸੂਬਿਆਂ ਤੋਂ ਆਉਣ ਵਾਲੇ ਮਜ਼ਦੂਰਾਂ ਨੂੰ ਲੇਬਰ ਵਜੋਂ ਰੱਖਿਆ ਜਾਂਦਾ ਹੈ ਅਤੇ ਇਸ ਤੋਂ ਇਲਾਵਾ ਲੋਕ ਬਾਹਰਲੇ ਸੂਬਿਆਂ ਤੋਂ ਆ ਕੇ ਵੱਖ-ਵੱਖ ਏਰੀਏ ਵਿੱਚ ਕਿਰਾਏ ਦੇ ਮਕਾਨਾਂ ਵਿੱਚ ਰਹਿਣ ਲੱਗ ਜਾਂਦੇ ਹਨ। ਅਜਿਹੀ ਲੇਬਰ ਅਤੇ ਕਿਰਾਏਦਾਰਾਂ ਦਾ ਕੋਈ ਸਥਾਈ ਪਤਾ/ਰਿਕਾਰਡ ਨਹੀਂ ਰੱਖਿਆ ਜਾਂਦਾ, ਜਿਸ ਨਾਲ ਜੁਰਮ ਹੋਣ 'ਤੇ ਦੋਸ਼ੀਆਂ ਨੂੰ ਲੱਭਣਾ ਔਖਾ ਹੋ ਜਾਂਦਾ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਕੰਮ ਕਰਨ ਵਾਲੇ ਵਿਅਕਤੀਆਂ ਅਤੇ ਕਿਰਾਏਦਾਰਾਂ ਦਾ ਨਾਮ, ਪੂਰਾ ਪਤਾ, ਤਿੰਨ ਫੋਟੋਆਂ (ਸੱਜੇ, ਖੱਬੇ ਅਤੇ ਸਾਹਮਣੇ ਤੋਂ ਪੋਜ) ਅਤੇ ਘਰਾਂ ਵਿੱਚ ਰਜਿਸਟਰ ਲਾ ਕੇ ਰੱਖਣ ਅਤੇ ਉਨ੍ਹਾਂ ਦੀਆਂ ਸਾਰੀਆਂ ਰਿਸ਼ਤੇਦਾਰੀਆਂ ਦੇ ਐਡਰੈੱਸ ਰੱਖਣ ਅਤੇ ਨੌਕਰ ਦੀ ਤਨਖਾਹ ਵਿੱਚੋਂ 100/200 ਰੁਪਏ ਦਾ ਮਨੀਆਰਡਰ ਉਸ ਦੇ ਨਜ਼ਦੀਕੀ ਰਿਸ਼ਤੇਦਾਰ ਦੇ ਐਡਰੈੱਸ ਤੇ ਭੇਜਣ ਮਨੀ ਆਰਡਰ ਪਹੁੰਚਣ ਉਪਰੰਤ ਰਸੀਦ ਦੀ ਫੋਟੋ ਕਾਪੀ ਨੂੰ ਆਪਣੇ ਕਬਜ਼ੇ ਵਿੱਚ ਰੱਖਣ। ਨੌਕਰ ਦੇ ਫਿੰਗਰ ਪ੍ਰਿੰਟ ਮਾਲਕ ਆਪਣੇ ਰਜਿਸਟਰ ਵਿੱਚ ਲਾ ਕੇ ਰੱਖਣ ਅਤੇ ਇਹ ਸਾਰਾ ਰਿਕਾਰਡ ਇਲਾਕੇ ਦੇ ਥਾਣੇ ਜਾਂ ਪੁਲਸ ਚੌਂਕੀ ਵਿੱਚ ਵੀ ਦਰਜ ਕਰਵਾਉਣ। ਇਸੇ ਪ੍ਰਕਾਰ ਮਕਾਨ ਮਾਲਕ ਆਪਣੇ ਮਕਾਨ ਵਿੱਚ ਰੱਖੇ ਜਾਣ ਵਾਲੇ ਕਿਰਾਏਦਾਰਾਂ ਦਾ ਪੂਰਾ ਵੇਰਵਾ ਸਬੰਧਤ ਥਾਣੇ/ਪੁਲਿਸ ਚੌਂਕੀ ਵਿੱਚ ਦਰਜ ਕਰਵਾਉਣ।

# ਰੈੱਡ ਕਰਾਸ ਦਿਵਸ ਮੌਕੇ ਪੀੜਤਾਂ ਦੀ ਮਦਦ ਬਾਰੇ ਦਿੱਤੀ ਜਾਣਕਾਰੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਰੈੱਡ ਕਰਾਸ ਗਤੀਵਿਧੀਆਂ ਨੂੰ ਦੁਨੀਆਂ ਵਿੱਚ ਪੁਚਾਉਣ ਵਾਲੇ ਭਾਈ ਘਨ੍ਹਈਆ ਜੀ ਤੇ ਨੋਬਲ ਸ਼ਾਂਤੀ ਪੁਰਸਕਾਰ ਨਾਲ ਸਨਮਾਨਿਤ ਜੀਨ ਹੈਨਰੀ ਡਿਊਨਾ ਨੂੰ ਸਮਰਪਿਤ ਦਿਵਸ ਮੌਕੇ ਫਸਟ ਏਡ, ਸੇਫਟੀ, ਸਿਹਤ ਜਾਗਰੂਕਤਾ ਮਿਸ਼ਨ ਦੇ ਚੀਫ ਟ੍ਰੇਨਰ ਤੇ ਰੈੱਡ ਕਰਾਸ ਦੇ ਸੇਵਾ ਮੁਕਤ ਟ੍ਰੇਨਿੰਗ ਅਫਸਰ ਸ਼੍ਰੀ ਕਾਕਾ ਰਾਮ ਵਰਮਾ ਵੱਲੋਂ ਐਸ ਐਮ ਇੰਟਰਨੈਸ਼ਨਲ ਹਾਈ ਸਕੂਲ ਵਿਖੇ ਵਿਦਿਆਰਥੀਆਂ, ਅਧਿਆਪਕਾਂ ਨੂੰ ਰੈੱਡ ਕਰਾਸ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਸੰਕਟ ਸਮੇਂ ਆਪਣੇ ਬਚਾਅ ਤੇ ਪੀੜਤਾਂ ਦੀ ਸਹਾਇਤਾ ਕਰਨ ਦੀ ਆਫ਼ਤ ਪ੍ਰਬੰਧਨ, ਸਿਵਲ ਡਿਫੈਂਸ, ਫਸਟ ਏਡ, ਫਾਇਰ ਸੇਫਟੀ, ਅੱਗਾਂ ਦੀਆਂ ਕਿਸਮਾਂ ਤੇ ਸਿਲੰਡਰਾਂ ਦੀ ਵਰਤੋਂ, ਗਰਮੀਆਂ ਵਿੱਚ ਹੀਟ ਵੈਵ, ਸੰਨ ਸਟਰੋਕ, ਹੈਜ਼ਾ, ਡਿਹਾਇਡਰੈਸ਼ਨ, ਥਰਮਾਮੀਟਰ ਦੀ ਵਰਤੋਂ ਤੇ ਬੁਖਾਰ ਘਟਾਉਣ ਲਈ ਠੰਡੇ ਪਾਣੀ ਦੀਆਂ ਪੱਟੀਆਂ ਆਦਿ ਬਾਰੇ ਜਾਣਕਾਰੀ ਦਿੱਤੀ।ਜ਼ਰੂਰਤ ਪੈਣ 'ਤੇ ਪੁਲਸ, ਐਂਬੂਲੈਂਸਾਂ, ਫਾਇਰ ਬ੍ਰਿਗੇਡ ਨੂੰ ਸੂਚਨਾ ਦੇਣ ਹਿਤ ਹੈਲਪ ਲਾਈਨ ਨੰਬਰਾਂ ਦੀ ਵਰਤੋਂ ਬਾਰੇ ਦੱਸਿਆ।ਪ੍ਰਿੰਸੀਪਲ ਜਸਵਿੰਦਰ ਕੌਰ ਨੇ ਧੰਨਵਾਦ ਕਰਦੇ ਕਿਹਾ ਕਿ ਵਿਦਿਆਰਥੀਆਂ ਅਧਿਆਪਕਾਂ ਪੁਲਿਸ ਫੈਕਟਰੀ ਕ੍ਰਮਚਾਰੀਆਂ ਐਨ ਐਸ ਐਸ ਵੰਲਟੀਅਰਾਂ ਨੂੰ ਸਿਹਤ, ਸੁਰੱਖਿਆ, ਬਚਾਉ, ਮਦਦ ਹਿੱਤ ਜਾਗਰੂਕ ਕਰਨ ਲਈ ਸੀਨੀਅਰ ਸਿਟੀਜਨ ਸ਼੍ਰੀ ਕਾਕਾ ਰਾਮ ਵਰਮਾ ਵੱਲੋਂ ਪ੍ਰਸੰਸਾਯੋਗ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਨਿਯਮਾਂ, ਕਾਨੂੰਨਾਂ, ਅਸੂਲਾਂ, ਫਰਜ਼ਾਂ ਦੀ ਪਾਲਣਾ ਕਰਨ, ਪੀੜਤਾਂ ਦੀ ਸਹਾਇਤਾ ਕਰਨ ਲਈ ਉਤਸ਼ਾਹਤ ਕੀਤਾ।



# ਦੁੱਧ ਦੇ ਸੈਂਪਲ ਭਰਨ ਲਈ ਦੋ ਦਿਨਾਂ ਦੀ ਵਿਸ਼ੇਸ ਮੁਹਿੰਮ ਚਲਾਈ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** ਸਿਹਤ ਮੰਤਰੀ ਡਾ. ਬਲਬੀਰ ਸਿੰਘ ਤੇ ਫੂਡ ਸੇਫਟੀ ਕਮਿਸ਼ਨਰ ਕਮਲਪ੍ਰੀਤ ਕੌਰ ਬਰਾੜ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਵਲ ਸਰਜਨ ਡਾ. ਅਮਰਜੀਤ ਕੌਰ ਦੀ ਅਗਵਾਈ ਹੇਠ ਜ਼ਿਲ੍ਹੇ ਵਿੱਚ ਦੁੱਧ ਦੇ ਸੈਂਪਲ ਭਰੇ ਗਏ। ਡਾ. ਅਮਰਜੀਤ ਕੌਰ ਨੇ ਕਿਹਾ ਕਿ ਲੋਕਾਂ ਨੂੰ ਸ਼ੁੱਧ ਦੁੱਧ ਮੁਹੱਈਆ ਕਰਾਉਣ ਦੇ ਉਦੇਸ਼ ਨਾਲ ਪੂਰੇ ਪੰਜਾਬ ਵਿੱਚ ਦੁੱਧ ਦੇ ਸੈਂਪਲ ਭਰਨ ਲਈ ਦੋ ਦਿਨਾਂ ਦੀ ਵਿਸ਼ੇਸ ਮੁਹਿੰਮ ਚਲਾਈ ਗਈ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਦੁੱਧ ਵਿੱਚ ਮਿਲਾਵਟਖੋਰੀ ਕਰਨ ਵਾਲਿਆਂ ਤੇ ਸਿਹਤ ਵਿਭਾਗ ਵੱਲੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਸੇ ਲੜੀ ਤਹਿਤ ਅਸਿਸਟੈਂਟ ਫੂਡ ਕਮਿਸ਼ਨਰ ਅਦਿਤੀ ਗੁਪਤਾ ਅਤੇ ਫ਼ੂਡ ਸੇਫਟੀ ਅਫਸਰ ਸੀਮਾ ਰਾਣੀ ਦੀ ਟੀਮ ਵੱਲੋਂ ਦੁੱਧ ਦੇ ਸੈਂਪਲ ਭਰੇ ਗਏ। ਸਿਵਲ ਸਰਜਨ ਡਾ. ਅਮਰਜੀਤ ਕੌਰ ਨੇ ਸਪੱਸ਼ਟ ਕੀਤਾ ਕਿ ਜੇਕਰ ਕਿਸੇ ਸੈਂਪਲ ਵਿੱਚ ਮਿਲਾਵਟ ਜਾਂ ਮਾਪਦੰਡਾਂ ਦੀ ਅਣਦੇਖੀ ਪਾਈ ਜਾਂਦੀ ਹੈ ਤਾਂ ਸਬੰਧਤ ਦੁਕਾਨਦਾਰਾਂ ਦੇ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਖਾਧ ਪਦਾਰਥਾਂ ਦੀ ਜਾਂਚ ਹੀ ਨਹੀਂ, ਬਲਕਿ ਸਿਹਤ ਤੇ ਸਵੱਛਤਾ ਦੇ ਨਿਯਮਾਂ 'ਤੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਜਾ ਰਹੀ ਹੈ।



# ਵਿਅਕਤੀਤਵ ਵਿਕਾਸ ਤੇ ਸੰਚਾਰ ਕੌਸ਼ਲ ਵਰਕਸ਼ਾਪ ਲਗਾਈ

**ਸਮਾਣਾ (ਗੁਰਪਿਆਰ ਸਿੰਘ ਬੱਲ)** ਐਸਆਰਐਸ ਵਿਦਿਆਪੀਠ ਵੱਲੋਂ ਕਲਾਸ 11 ਤੇ 12 ਦੇ ਵਿਦਿਆਰਥੀਆਂ ਲਈ ਵਿਅਕਤੀਤਵ ਵਿਕਾਸ ਤੇ ਸੰਚਾਰ ਕੌਸ਼ਲ ਉੱਤੇ ਕੇਂਦਰਤ ਇੱਕ ਪ੍ਰਭਾਵਸ਼ਾਲੀ ਵਰਕਸ਼ਾਪ ਆਯੋਜਤ ਕੀਤੀ ਗਈ, ਜੋ ਵਿਦਿਆਰਥੀਆਂ ਨੂੰ ਮੌਜੂਦਾ ਤੇ ਭਵਿੱਖੀ ਚੁਣੌਤੀਆਂ ਲਈ ਤਿਆਰ ਕਰਨ ਵੱਲ ਮਹੱਤਵਪੂਰਨ ਕਦਮ ਹੈ। ਸੈਸ਼ਨ ਦੀ ਅਗਵਾਈ ਸਕੂਲ ਦੀ ਪ੍ਰਿੰਸੀਪਲ ਡਾ. ਚੰਦਨਦੀਪ ਵੱਲੋਂ ਕੀਤੀ ਗਈ, ਜਿਸ ਵਿੱਚ ਪ੍ਰਭਾਵਸ਼ਾਲੀ ਸੰਚਾਰ, ਆਤਮ-ਵਿਸ਼ਵਾਸ, ਆਤਮ-ਅਭਿਵਿਕਤੀ ਤੇ ਪ੍ਰੋਫੈਸ਼ਨਲ ਤਿਆਰੀ ਵਰਗੇ ਮਹੱਤਵਪੂਰਨ ਕੌਸ਼ਲਾਂ ਉੱਤੇ ਧਿਆਨ ਦਿੱਤਾ ਗਿਆ। ਵਰਕਸ਼ਾਪ ਨੂੰ ਇੰਟਰਐਕਟਿਵ ਤੇ ਭਾਗੀਦਾਰੀ ਅਧਾਰਿਤ ਬਣਾਇਆ ਗਿਆ, ਜਿਸ ਨਾਲ ਵਿਦਿਆਰਥੀਆਂ ਨੂੰ ਆਪਣੇ ਵਿਚਾਰ ਸਪਸ਼ਟ ਤਰੀਕੇ ਨਾਲ ਪ੍ਰਗਟ ਕਰਨ ਅਤੇ ਵਿਹਾਰਿਕ ਸਿੱਖਿਆ ਪ੍ਰਾਪਤ ਕਰਨ ਦਾ ਮੌਕਾ ਮਿਲਿਆ।ਇਹ ਪਹਿਲ ਸਕੂਲ ਦੇ ਉਸ ਅੱਗੇ-ਵਧਦੇ ਵਿਜ਼ਨ ਨੂੰ ਦਰਸਾਉਂਦੀ ਹੈ, ਜਿਸ ਵਿੱਚ ਅਕਾਦਮਿਕ ਸਿੱਖਿਆ ਦੇ ਨਾਲ ਜੀਵਨ ਕੌਸ਼ਲਾਂ ਦਾ ਵਿਕਾਸ ਵੀ ਸ਼ਾਮਲ ਹੈ। ਇਸ ਸੈਸ਼ਨ ਨੇ ਵਿਦਿਆਰਥੀਆਂ ਨੂੰ ਇੰਟਰਵਿਊ, ਜਨਤਕ ਮੰਚ ਤੇ ਰੋਜ਼ਾਨਾ ਸੰਚਾਰ ਵਿੱਚ ਵਿਸ਼ਵਾਸ ਨਾਲ ਅੱਗੇ ਆਉਣ ਲਈ ਤਿਆਰ ਕੀਤਾ।



# ਕਿੰਡਰ ਗਾਰਡਨ ਦੇ ਬੱਚਿਆਂ ਨੇ ਮਨਾਇਆ ਮੈਂਗੋ ਡੇਅ



**ਗੁਰੂ ਹਰ ਸਹਾਏ (ਫ਼ਕੀਰ ਚੰਦ ਸਿਕਰੀ)** ਲਿਟਲ ਫਲਾਵਰ ਕਾਨਵੈਂਟ ਸਕੂਲ ਦਾ ਕੈਂਪਸ ਪੀਲੇ ਰੰਗ ਦੀ ਚਮਕ ਨਾਲ ਮਹਿਕ ਉੱਠਿਆ, ਜਿੱਥੇ ਕਿੰਡਰਗਾਰਡਨ ਦੇ ਨੰਨ੍ਹੇ-ਮੁੰਨੇ ਬੱਚਿਆਂ ਨੇ ਬੜੇ ਹੀ ਉਤਸ਼ਾਹ ਨਾਲ ਮੈਂਗੋ ਡੇਅ ਮਨਾਇਆ। ਕਿੰਡਰਗਾਰਡਨ ਦੇ ਸਾਰੇ ਵਿਦਿਆਰਥੀ ਤੇ ਅਧਿਆਪਕ ਫ਼ਲਾਂ ਦੇ ਰਾਜੇ ਅੰਬ ਵਰਗੀ ਪੀਲੀ ਪੋਸ਼ਾਕ ਵਿੱਚ ਸਜੇ ਹੋਏ ਨਜ਼ਰ ਆਏ।ਬੱਚਿਆਂ ਦੀ ਰਚਨਾਤਮਕਤਾ ਦੇਖਣਯੋਗ ਸੀ। ਕਈ ਬੱਚਿਆਂ ਨੇ ਅੰਬ ਦੀ ਸ਼ਕਲ ਦੀਆਂ ਟੋਪੀਆਂ ਪਾਈਆਂ ਹੋਈਆਂ ਸਨ, ਜਦਕਿ ਕੁੱਝ ਅੰਬ ਦੇ ਰੂਪ ਵਾਲੇ ਪਹਿਰਾਵੇ ਵਿੱਚ ਬਹੁਤ ਪਿਆਰੇ ਲੱਗ ਰਹੇ ਸਨ।ਇੱਥੋਂ ਤੱਕ ਕਿ ਬੱਚਿਆਂ ਦੇ ਹੱਥਾਂ ਵਿੱਚ ਫੜੇ ਪੈਂਫਲੇਟ ਅਤੇ ਹੋਰ ਸਮਾਨ ਵੀ ਅੰਬ ਦੀ ਸ਼ਕਲ ਵਿੱਚ ਹੀ ਤਿਆਰ ਕੀਤਾ ਗਿਆ ਸੀ।ਕੁੱਝ ਵਿਦਿਆਰਥੀਆਂ ਨੇ ਅੰਬ ਦੀ ਮਹੱਤਤਾ ਬਾਰੇ ਬਹੁਤ ਹੀ ਪ੍ਰਭਾਵਸ਼ਾਲੀ ਭਾਸ਼ਣ ਦਿੱਤੇ ਤੇ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ। ਦਿਨ ਭਰ ਅੰਬਾਂ ਨਾਲ ਸਬੰਧਤ ਕਈ ਤਰ੍ਹਾਂ ਦੀਆਂ ਗਤੀਵਿਧੀਆਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਬੱਚਿਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ। ਸਮਾਗਮ ਦੇ ਅੰਤ ਵਿੱਚ ਸਾਰੇ ਵਿਦਿਆਰਥੀਆਂ ਨੇ ਮਿਲ ਕੇ ਸ਼ਾਨਦਾਰ ਡਾਂਸ ਕੀਤਾ, ਜਿਸ ਨੇ ਮਾਹੌਲ ਨੂੰ ਹੋਰ ਵੀ ਖੁਸ਼ਗਵਾਰ ਬਣਾ ਦਿੱਤਾ। ਸਿਰਫ਼ ਪਹਿਰਾਵਾ ਹੀ ਨਹੀਂ, ਸਗੋਂ ਬੱਚਿਆਂ ਦੇ ਟਿਫ਼ਨ ਵੀ ਅੱਜ ਪੀਲੇ ਰੰਗ ਦੇ ਪਕਵਾਨਾਂ ਨਾਲ ਸਜੇ ਹੋਏ ਸਨ।ਵਿਦਿਆਰਥੀ ਆਪਣੇ ਨਾਲ ਪੀਲੇ ਰੰਗ ਦੇ ਖਾਣ-ਪੀਣ ਵਾਲੇ ਪਦਾਰਥ ਲੈ ਕੇ ਆਏ ਸੀ।ਕਿਸੇ ਦੇ ਟਿਫ਼ਨ ਵਿੱਚ ਮਿੱਠੇ ਚੌਲ ਸਨ, ਕਿਸੇ ਕੋਲ ਅੰਬ ਦੇ ਸੈਂਡਵਿਚ ਤੇ ਕਈ ਬੱਚੇ ਅੰਬ ਦਾ ਸ਼ੇਕ ਵੀ ਲੈ ਕੇ ਆਏ ਸਨ।

# ਨੈਸ਼ਨਲ ਐਵਾਰਡੀ ਮਾਸਟਰ ਸੱਤਦੇਵ ਸ਼ਰਮਾ ਦੀ ਪੁਸਤਕ 'ਫਰਿਸ਼ਤੇ ਇਨਸਾਨੀਅਤ ਦੇ' ਲੋਕ ਅਰਪਣ

**ਸੰਗਰੂਰ (ਪ੍ਰਵੀਨ ਸਿੰਘ)-** ਸਥਾਨਕ ਮਾਤਾ ਰਾਜੇਸ਼ਵਰੀ ਮੰਦਰ ਨਾਭਾ ਗੇਟ ਵਿਖੇ ਨੈਸ਼ਨਲ ਐਵਾਰਡੀ ਮਾਸਟਰ ਸੱਤਦੇਵ ਸ਼ਰਮਾ ਵੱਲੋਂ ਲਿਖੀ ਪੁਸਤਕ ਫਰਿਸ਼ਤੇ ਇਨਸਾਨੀਅਤ ਦੇ ਨੂੰ ਇੱਕ ਬਹੁਤ ਹੀ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਤਾਲੀਆਂ ਦੀ ਗੂੰਜ ਵਿੱਚ ਲੋਕ ਅਰਪਣ ਕੀਤਾ ਗਿਆ। ਸੰਗਰੂਰ ਸੋਸ਼ਲ ਵੈਲਫੇਅਰ ਐਸੋਸੀਏਸ਼ਨ ਵੱਲੋਂ ਰੱਖੇ ਗਏ ਸਮਾਗਮ ਵਿੱਚ ਪ੍ਰਧਾਨਗੀ ਮੰਡਲ ਵਿੱਚ ਨੈਸ਼ਨਲ ਅਵਾਰਡੀ ਕਾਂਤਾ ਦੇਵੀ ਗੋਇਲ, ਅਸ਼ੋਕ ਭੱਲਾ, ਹਰਦੇਵ ਸਿੰਘ ਜਵੰਧਾ, ਮੱਘਰ ਸਿੰਘ, ਸਟੇਟ ਐਵਾਰਡੀ ਇਕਬਾਲ ਸਿੰਘ ਸਕਰੌਦੀ, ਸੀਨੀਅਰ ਸਿਟੀਜ਼ਨ ਭਲਾਈ ਸੰਸਥਾ ਦੇ ਪ੍ਰਧਾਨ ਡਾ.ਨਰਵਿੰਦਰ ਕੌਸ਼ਲ, ਉੱਘੇ ਸਹਿਤਕਾਰ ਮਲਕੀਤ ਖੱਟੜਾ, ਪ੍ਰੋ. ਸੁਰੇਸ਼ ਗੁਪਤਾ, ਬਾਬੂ ਰਾਮ ਸਰੂਪ ਅਲੀਸ਼ੇਰ, ਰਾਜਿੰਦਰ ਸਿੰਘ, ਜਗਜੀਤ ਸਿੰਘ, ਸੰਗਰੂਰ ਸੋਸ਼ਲ ਵੈਲਫੇਅਰ ਐਸੋਸੀਏਸ਼ਨ ਦੇ ਚੇਅਰਮੈਨ ਰਵਿੰਦਰ ਸਿੰਘ ਗੁੱਡੂ, ਪ੍ਰਿੰਸੀਪਲ ਸੁਖਬੀਰ ਸਿੰਘ, ਕੁਲਵੰਤ ਕਸਕ, ਜਿਨ੍ਹਾਂ ਫਰਿਸ਼ਤਿਆਂ ਦਾ ਪੁਸਤਕ ਵਿੱਚ ਜ਼ਿਕਰ ਕੀਤਾ ਗਿਆ ਹੈ ਉਨ੍ਹਾਂ ਵਿੱਚ ਜਸਵਿੰਦਰ ਸਿੰਘ, ਉੱਘੀ ਸਮਾਜ ਸੇਵਿਕਾ ਪ੍ਰੀਤੀ ਮਹੰਤ, ਸੁਖਵਿੰਦਰ ਸਿੰਘ ਢੀਡਸਾ, ਜੈ ਪ੍ਰਕਾਸ਼ ਪਿੰਟੂ, ਰਾਜ ਕੁਮਾਰ ਜਿੰਦਲ, ਬਲਦੇਵ ਸਿੰਘ ਗੋਸਲ, ਰੋਸ਼ਨ ਅਗਰਵਾਲ, ਵੈਦ ਰਾਜ ਸ਼ਿਵ ਕੁਮਾਰ, ਜਗਜੀਤ ਸਿੰਘ ਜੱਸਲ, ਭੁਪਿੰਦਰ ਸਿੰਘ ਜੱਸੀ, ਗੁਰਮੀਤ ਸਿੰਘ ਬਲੱਡ ਡੋਨਰ ਮੌਜੂਦ ਸਨ।ਸੰਗਰੂਰ ਸੋਸ਼ਲ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਅਤੇ ਸੂਬਾਈ ਪੈਨਸ਼ਨਰ ਆਗੂ ਰਾਜ ਕੁਮਾਰ ਅਰੋੜਾ ਨੇ ਮੰਚ ਸੰਚਾਲਨ ਕਰਦੇ ਹੋਏ ਕਿਹਾ ਕਿ ਨੈਸ਼ਨਲ ਐਵਾਰਡੀ ਮਾਸਟਰ ਸੱਤਦੇਵ ਸ਼ਰਮਾ ਇੱਕ ਲੇਖਕ ਦੇ ਨਾਲ-ਨਾਲ ਸਮਾਜ ਸੇਵਾ ਅਤੇ ਲੋਕ ਭਲਾਈ ਦੇ ਕੰਮ ਵੀ ਕਰ ਰਹੇ ਹਨ। ਇਨ੍ਹਾਂ ਵੱਲੋਂ ਗਰੀਬ ਅਤੇ ਲੋੜਵੰਦ ਲੋਕਾਂ ਦੀ ਸਹਾਇਤਾ ਕੀਤੀ ਜਾਂਦੀ ਹੈ। ਹੋਮੀ ਭਾਬਾ ਹਸਪਤਾਲ ਵਿੱਚ ਕੈਂਸਰ ਦੇ ਮਰੀਜ਼ਾਂ ਦੀ ਦੇਖਭਾਲ ਦੇ ਨਾਲ-ਨਾਲ ਲੰਗਰ ਦੀ ਸੇਵਾ ਵੀ ਕੀਤੀ ਜਾਂਦੀ ਹੈ। ਉਨ੍ਹਾਂ ਸੱਤਦੇਵ ਸ਼ਰਮਾ ਅਤੇ ਉਨ੍ਹਾਂ ਦੀ ਧਰਮਪਤਨੀ ਮੈਡਮ ਲਾਜ ਦੇਵੀ ਨੂੰ ਵਧਾਈ ਦਿੱਤੀ ।ਇਸ ਮੌਕੇ ਧੰਨਵਾਦੀ ਸ਼ਬਦ ਬੋਲਦਿਆਂ ਰਵਿੰਦਰ ਸਿੰਘ ਗੁੱਡੂ ਨੇ ਸਮੂਹ ਆਈਆਂ ਸ਼ਖ਼ਸੀਅਤਾਂ ਨੂੰ ਜੀ ਆਇਆਂ ਕਿਹਾ। ਸੁਖਵਿੰਦਰ ਸਿੰਘ ਢੀਂਡਸਾ, ਬਲਦੇਵ ਸਿੰਘ ਗੋਸਲ, ਕਾਂਤਾ ਦੇਵੀ ਗੋਇਲ, ਉੱਘੇ ਸਮਾਜ ਸੇਵੀ ਅਰੂਪ ਸਿੰਗਲਾ, ਪ੍ਰੋ. ਮਲਕੀਤ ਖੱਟੜਾ, ਸੀਨੀਅਰ ਸਿਟੀਜ਼ਨ ਭਲਾਈ ਸੰਸਥਾ ਦੇ ਪ੍ਰਧਾਨ ਡਾ. ਨਰਵਿੰਦਰ ਕੌਸ਼ਲ, ਜਨਰਲ ਸਕੱਤਰ ਜਗਜੀਤ ਸਿੰਘ ਜੱਸਲ, ਲੈਕਚਰਾਰ ਕੁਲਵੰਤ ਸਿੰਘ ਕਸਕ, ਸਾਬਕਾ ਡੀ ਐਸ ਓ ਗੁਰਵਿੰਦਰ ਸਿੰਘ, ਡਾ. ਇਕਬਾਲ ਸਿੰਘ ਸਕਰੌਦੀ, ਸ੍ਰੀ ਬ੍ਰਾਹਮਣ ਸਭਾ ਦੇ ਪ੍ਰਧਾਨ ਜਸਪਾਲ ਸ਼ਰਮਾ, ਚੇਅਰਮੈਨ ਮਾਰਕੀਟ ਕਮੇਟੀ ਅਵਤਾਰ ਸਿੰਘ ਈਲਵਾਲ ਨੇ ਵੀ ਆਪਣੇ ਸੰਬੋਧਨ ਵਿੱਚ ਨੈਸ਼ਨਲ ਐਵਰਾਡੀ ਸੱਤਦੇਵ ਸ਼ਰਮਾ ਨੂੰ ਮੁਬਾਰਕਬਾਦ ਅਤੇ ਸ਼ੁੱਭ ਇੱਛਾਵਾਂ ਦਿੱਤੀਆਂ। ਸਮਾਗਮ ਦੇ ਪ੍ਰਬੰਧਕਾਂ ਕਰਨੈਲ ਸਿੰਘ ਸੇਖੋਂ, ਰਾਜ ਕੁਮਾਰ ਬਾਂਸਲ, ਕੁਲਵੰਤ ਅਕੋਈ, ਅਸ਼ਵਨੀ ਕੁਮਾਰ ਐਸ ਡੀ ਓ, ਬਾਬੂ ਰਾਮ ਸਰੂਪ ਅਲੀਸ਼ੇਰ, ਨਰਾਤਾ ਰਾਮ ਸਿੰਗਲਾ, ਬਾਲ ਕ੍ਰਿਸ਼ਨ ਸ਼ਰਮਾ, ਰਾਕੇਸ਼ ਕੁਮਾਰ, ਸੁਖਦਰਸ਼ਨ ਢਿੱਲੋਂ, ਰਜਿੰਦਰ ਸਿੰਘ ਚੰਗਾਲ, ਕੰਵਲਜੀਤ ਸਿੰਘ ਸੇਖੋਂ, ਜਸਵੀਰ ਸਿੰਘ ਖਾਲਸਾ, ਲਾਲ ਚੰਦ ਸੈਣੀ, ਸੁਰਿੰਦਰ ਸੋਢੀ, ਜਨਕ ਰਾਜ ਜੋਸ਼ੀ, ਮਹੇਸ਼ ਜੌਹਰ, ਅਸ਼ੋਕ ਡੱਲਾ, ਗੌਰਮਿੰਟ ਪੈਨਸ਼ਨਰ ਵੈਲਫੇਅਰ ਐਸੋਇਏਸਨ ਦੇ ਪ੍ਰਧਾਨ ਭੁਪਿੰਦਰ ਜੱਸੀ, ਬ੍ਰਾਹਮਣ ਸਭਾ ਦੇ ਪ੍ਰਧਾਨ ਜਸਪਾਲ ਸ਼ਰਮਾ, ਅਮਰਜੀਤ ਸ਼ਰਮਾ, ਕੇਕੇ ਰਾਓ, ਗੋਬਿੰਦਰ ਸ਼ਰਮਾ, ਭਜਨ ਗਾਇਕ ਸ਼ਿਵ ਅੰਬਾਲਵੀ, ਪੈਨਸ਼ਨਰ ਆਗੂ ਆਰਐਲ ਪਾਂਧੀ ਨੇ ਸਮਾਗਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚੜ੍ਹਾਇਆ।



# ਖੁੱਡੀਆਂ ਨੇ ਰੋੜਾਂਵਾਲੀ ਵਿਖੇ 51 ਲੱਖ ਰੁਪਏ ਦੀ ਲਾਗਤ ਨਾਲ ਬਣੇ ਖੇਡ ਮੈਦਾਨ ਦਾ ਕੀਤਾ ਉਦਘਾਟਨ

**ਲੰਬੀ/ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ/ਓਮ ਪ੍ਰਕਾਸ਼ ਸ਼ੇਖੂ)** ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਬਪੱਖੀ ਵਿਕਾਸ ਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਉਦੇਸ਼ ਤਹਿਤ ਹਲਕਾ ਲੰਬੀ ਦੇ ਪਿੰਡ ਰੋੜਾਂਵਾਲੀ ਵਿਖੇ ਕਰੀਬ 51 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਖੇਡ ਮੈਦਾਨ ਦਾ ਉਦਘਾਟਨ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਕੀਤਾ ਗਿਆ। ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਲੰਬੀ ਹਲਕੇ ਵਿੱਚ 13.50 ਕਰੋੜ ਰੁਪਏ ਦੀ ਲਾਗਤ ਨਾਲ 39 ਖੇਡ ਮੈਦਾਨ ਤਿਆਰ ਹੋ ਰਹੇ ਹਨ, ਜਿਨ੍ਹਾਂ ਦਾ ਉਦਘਾਟਨ ਜਲਦ ਹੀ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡਾਂ ਵਿੱਚ ਖੇਡਾਂ ਨੂੰ ਉਤਸ਼ਾਹਤ ਕਰਨ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਖੇਡ ਮੈਦਾਨਾਂ ਦੇ ਵਿਕਾਸ ਨਾਲ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਤੇ ਉਨ੍ਹਾਂ ਦੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਵੱਲ ਲਿਜਾਣ ਵਿੱਚ ਮਦਦ ਮਿਲੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਦੇ ਵਿਕਾਸ ਲਈ ਵੱਡੇ ਪੱਧਰ 'ਤੇ ਕੰਮ ਕਰਾਏ ਜਾ ਰਹੇ ਹਨ ਤੇ ਲੋਕਾਂ ਦੀਆਂ ਲੋੜਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਨੌਜਵਾਨਾਂ ਨੂੰ ਖੇਡਾਂ ਤੇ ਸਿਹਤਮੰਦ ਗਤੀਵਿਧੀਆਂ ਨਾਲ ਜੋੜਨ ਲਈ ਸਹਿਯੋਗ ਦੇਣ। ਇਸ ਮੌਕੇ ਕੈਬਨਿਟ ਮੰਤਰੀ ਵਲੋਂ ਖਿਡਾਰੀਆਂ ਨੂੰ ਖੇਡ ਕਿੱਟਾਂ ਵੀ ਵੰਡੀਆਂ ਗਈਆਂ ਤੇ ਪਿੰਡ ਵਾਸੀਆਂ ਵੱਲੋਂ ਕੈਬਨਿਟ ਮੰਤਰੀ ਦਾ ਧੰਨਵਾਦ ਕੀਤਾ ਗਿਆ।



# ਮੁੱਖ ਮੰਤਰੀ ਰਾਹਤ ਫੰਡ 'ਚੋਂ 20 ਲੱਖ 40 ਹਜ਼ਾਰ ਦੇ ਲੋੜਵੰਦਾਂ ਨੂੰ ਚੈਕ ਵੰਡੇ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-** ਸਥਾਨਕ ਮੁੱਖ ਮੰਤਰੀ ਕੈਂਪਸ ਦਫ਼ਤਰ ਵਿਖੇ ਸੰਖੇਪ ਸਮਾਗਮ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਲੋੜਵੰਦ ਲੋਕਾਂ ਦੀ ਆਰਥਿਕ ਮਦਦ ਲਈ ਮੁੱਖ ਮੰਤਰੀ ਰਾਹਤ ਫ਼ੰਡ ਵਿੱਚੋਂ 20 ਲੱਖ 40 ਹਜ਼ਾਰ ਰੁਪਏ ਦੇ ਚੈਕ ਤਕਸੀਮ ਕੀਤੇ। ਇਸ ਮੌਕੇ ਐੱਸ.ਡੀ.ਐੱਮ ਧੂਰੀ ਮੈਡਮ ਇਸਮਤ ਵਿਜੈ ਸਿੰਘ, ਮੁੱਖ ਮੰਤਰੀ ਫੀਲਡ ਅਫਸਰ ਅਰਵਿੰਦ ਕੁਮਾਰ, ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ, ਆਲ ਇੰਡੀਆ ਐਫ.ਸੀ.ਆਈ ਐਗਜੀਕਿਊਵ ਸਟਾਫ਼ ਯੂਨੀਅਨ ਦੇ ਕੌਮੀ ਪ੍ਰਧਾਨ ਸਤਿੰਦਰ ਸਿੰਘ ਚੱਠਾ ਵੀ ਹਾਜ਼ਰ ਸਨ।ਇਸ ਮੌਕੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਦੱਸਿਆ ਕਿ ਪਿਛਲੇ ਸਮੇਂ 'ਚ ਬਰਸਾਤਾਂ ਕਾਰਨ ਲੋਕਾਂ ਦੇ ਘਰਾਂ ਦੇ ਹੋਏ ਨੁਕਸਾਨ ਅਤੇ ਬਿਮਾਰੀ ਤੋਂ ਪੀੜਤ ਲੋਕਾਂ ਦੇ ਇਲਾਜ ਲਈ ਮੁੱਖ ਮੰਤਰੀ ਰਾਹਤ ਫੰਡ ਵਿੱਚੋਂ ਧੂਰੀ ਸ਼ਹਿਰ ਸਮੇਤ ਹਲਕੇ ਦੇ ਵੱਖ ਵੱਖ ਪਿੰਡਾਂ ਦੇ 60 ਵਿਅਕਤੀਆਂ ਨੂੰ 20 ਲੱਖ 40 ਹਜ਼ਾਰ ਰੁ. ਦੀ ਆਰਥਿਕ ਸਹਾਇਤਾ ਦੇ ਚੈਕ ਵੰਡੇ ਗਏ। ਉਨ੍ਹਾਂ ਕਿਹਾ ਕਿ ਅਜਿਹੇ ਲੋੜਵੰਦ ਵਿਅਕਤੀ ਮੁੱਖ ਮੰਤਰੀ ਰਾਹਤ ਫੰਡ ਵਿੱਚੋਂ ਸਹਾਇਤਾ ਪ੍ਰਾਪਤ ਕਰਨ ਲਈ ਆਪਣੀਆਂ ਅਰਜ਼ੀਆਂ ਐੱਸ.ਡੀ.ਐੱਮ ਧੂਰੀ ਕੋਲ ਲੋੜੀਦੇ ਦਸਤਾਵੇਜ਼ਾਂ ਸਮੇਤ ਦੇ ਸਕਦੇ ਹਨ । ਉਨ੍ਹਾਂ ਕਿਹਾ ਕਿ ਸ਼ਹਿਰ ਅੰਦਰ ਰਜਵਾਹੇ 'ਤੇ ਕਰੀਬ 55 ਕਰੋੜ ਰੁ. ਦੀ ਲਾਗਤ ਨਾਲ ਬਣਨ ਵਾਲੇ ਰੇਲਵੇ ਓਵਰ ਬਰਿੱਜ ਦਾ ਨਿਰਮਾਣ ਸ਼ੁਰੂ ਹੋ ਚੁੱਕਾ ਹੈ ਅਤੇ ਕਰੀਬ ਸਵਾ ਸਾਲ 'ਚ ਨਿਰਮਾਣ ਦਾ ਕੰਮ ਮੁਕੰਮਲ ਹੋਵੇਗਾ। ਇਸ ਮੌਕੇ ਐਡਵੋਕੇਟ ਹੈਪੀ ਗਰਗ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਕਾਂਝਲਾ, ਬਲਵਿੰਦਰ ਸਿੰਘ ਬਿਲੂ, ਅਨਿਲ ਮਿੱਤਲ, ਪੁਸ਼ਪਿੰਦਰ ਸ਼ਰਮਾ, ਨਰੇਸ਼ ਸਿੰਗਲਾ, ਜਸਪਾਲ ਸਿੰਘ ਭੁੱਲਰ, ਸੁਖਪਾਲ ਸਿੰਘ ਪਾਲਾ, ਵੀਰ ਭਾਂਨ, ਹਰਪ੍ਰੀਤ ਗਿੱਲ ਆਦਿ ਵੀ ਹਾਜ਼ਰ ਸਨ।



# ਹੱਕੀ ਮੰਗਾਂ ਨੂੰ ਲੈ ਕੇ ਮਿਊਂਸੀਪਲ ਇੰਪਲਾਈਜ਼ ਫੈਡਰੇਸ਼ਨ ਨੇ ਨਗਰ ਨਿਗਮ ਮੋਗਾ ਦਫਤਰ ਅੱਗੇ ਦਿੱਤਾ ਰੋਸ ਧਰਨਾ

**ਮੋਗਾ (ਇਕਬਾਲ ਸਿੰਘ ਖਹਿਰਾ)-** ਹੱਕੀ ਮੰਗਾਂ ਨੂੰ ਲੈ ਕੇ ਮਿਊਂਸੀਪਲ ਮੁਲਾਜ਼ਮ ਐਕਸ਼ਨ ਕਮੇਟੀ ਪੰਜਾਬ ਅਤੇ ਸਫਾਈ ਸੇਵਕ ਯੂਨੀਅਨ ਪੰਜਾਬ ਦੇ ਸੱਦੇ 'ਤੇ ਮਿਊਂਸੀਪਲ ਇੰਪਲਾਈ ਫੈਡਰੇਸ਼ਨ ਵੱਲੋਂ ਨਗਰ ਨਿਗਮ ਮੋਗਾ ਦਫਤਰ ਅੱਗੇ ਧਰਨਾ ਦਿੱਤਾ ਗਿਆ। ਇਸ ਮੌਕੇ ਮਿਊਂਸੀਪਲ ਇੰਪਲਾਇਜ਼ ਫੈਡਰੇਸ਼ਨ ਆਗੂ ਜਸਬੀਰ ਸਿੰਘ ਨੇ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਉਨ੍ਹਾਂ ਵੱਲੋਂ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਾਉਣ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਾਉਣ, ਠੇਕੇਦਾਰੀ ਪ੍ਰਥਾ ਬੰਦ ਕਰਨ ਅਤੇ ਹੋਰ ਵੀ ਵੱਖ-ਵੱਖ ਕੈਟਾਗਰੀਆਂ ਦੇ ਮੁਲਾਜ਼ਮਾਂ ਨੂੰ ਕੰਟਰੈਕਟ 'ਤੇ ਭਰਤੀ ਕਰਨਾ ਸ਼ਾਮਿਲ ਹੈ, ਨੂੰ ਸਰਕਾਰ ਵੱਲੋਂ ਅਣਗੌਲਿਆਂ ਕੀਤਾ ਜਾ ਰਿਹਾ ਹੈ। ਜਿਸ ਦੇ ਵਿਰੋਧ ਵਿੱਚ 6 ਮਈ ਤੋਂ ਸੂਬੇ ਭਰ ਵਿੱਚ ਅਣਮਿੱਥੇ ਸਮੇਂ ਲਈ ਹੜਤਾਲ ਸ਼ੁਰੂ ਕੀਤੀ ਗਈ ਹੈ, ਹੁਣ ਇਹ ਹੜਤਾਲ ਉਦੋਂ ਸਮਾਪਤ ਹੋਵੇਗੀ ਜਦੋਂ ਤੱਕ ਸਰਕਾਰ ਵੱਲੋਂ ਸਾਡੀਆਂ ਹੱਕੀ ਮੰਗਾਂ ਨੂੰ ਗੰਭੀਰਤਾ ਨਾਲ ਨਹੀਂ ਵਿਚਾਰਦੀ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਮਾਮਲੇ ਵਿੱਚ ਮੁਲਾਜ਼ਮਾਂ ਦਾ ਸਾਥ ਦੇਣ ਤਾਂ ਜੋ ਜਲਦੀ ਹੱਲ ਨਿਕਲ ਸਕੇ।ਇਸ ਮੌਕੇ ਕਿਰਤੀ ਕਿਸਾਨ ਯੂਨੀਅਨ, ਪੇਂਡੂ ਮਜ਼ਦੂਰ ਯੂਨੀਅਨ, ਨੌਜਵਾਨ ਭਾਰਤ ਸਭਾ, ਸਟੂਡੈਂਟ ਯੂਨੀਅਨ ਅਤੇ ਵੱਖ ਵੱਖ ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਵੱਲੋਂ ਸਮਰਥਨ ਦਿੱਤਾ ਗਿਆ। ਇਸ ਮੌਕੇ ਸਫਾਈ ਸੇਵਕ ਯੂਨੀਅਨ ਦੇ ਪ੍ਰਧਾਨ ਸੋਮਨਾਥ ਚੋਬੜ ਨੇ ਕਿਹਾ ਜੇਕਰ ਆਉਣ ਵਾਲੇ ਸਮੇਂ ਵਿੱਚ ਜਲਦੀ ਕੋਈ ਫੈਸਲਾ ਮੁਲਾਜ਼ਮਾਂ ਦੀਆਂ ਮੰਗਾਂ ਸਬੰਧੀ ਨਹੀਂ ਲਿਆ ਜਾਂਦਾ ਤਾਂ ਮਿਊਂਸੀਪਲ ਇੰਪਲਾਈ ਫੈਡਰੇਸ਼ਨ ਵੱਲੋਂ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ। ਇਸ ਧਰਨੇ ਦੌਰਾਨ ਮਿਊਂਸੀਪਲ ਇੰਪਲਾਈ ਫੈਡਰੇਸ਼ਨ ਦੇ ਜਨਰਲ ਸਕੱਤਰ ਵਿੱਕੀ ਬਹੁਤ, ਚੀਫ ਸਕੱਤਰ ਨਰੋਤਮ ਬਹੁਤ, ਚੇਅਰਮੈਨ ਸਿਕੰਦਰ ਗੁਲੂ, ਕੈਸ਼ੀਅਰ ਜੋਗਿੰਦਰ ਭੁੱਲਰ, ਸਫਾਈ ਸੇਵਕ ਵਿਸ਼ਵਨਾਥ ਜੋਨੀ, ਚੇਅਰਮੈਨ ਰਜਿੰਦਰ ਗੰਗੂ, ਆਫਿਸਰ ਯੂਨੀਅਨ ਦੇ ਪ੍ਰਧਾਨ ਰਵੀ ਚਾਵਰੀਆ, ਦਫਤਰੀ ਯੂਨੀਅਨ ਦੇ ਪ੍ਰਧਾਨ ਸੁਖਪਾਲ ਸੌਦਾ, ਬੇਲਦਾਰ ਯੂਨੀਅਨ ਦੇ ਪ੍ਰਧਾਨ ਪ੍ਰਵੀਨ ਕੁਮਾਰ, ਫਾਇਰ ਬ੍ਰਿਗੇਡ ਦੇ ਪ੍ਰਧਾਨ ਜਗਤਾਰ ਸਿੰਘ, ਸੀਵਰੇਜ ਉਯੂਨੀਅਨ ਦੇ ਪ੍ਰਧਾਨ ਮੰਗਤ ਰਾਮ, ਚੀਫ ਸਕੱਤਰ ਰਵੀਸਾਰਵਾਨ, ਰਿਟਾਇਰਮੈਂਟ ਯੂਨੀਅਨ ਦੇ ਪ੍ਰਧਾਨ ਹਰਕਿਸ਼ਨ ਬੋਹਤ, ਸੀਨੀਅਰ ਆਗੂ ਸਤਪਾਲ ਅਨਜਾਨ, ਮਦਲ ਲਾਲ ਬੋਹਤ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮੁਲਾਜ਼ਮ ਮੌਜੂਦ ਸਨ।



# ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਸਬ-ਡਵੀਜ਼ਨ ਬੰਗਾ ਦੀ ਸਰਬਸੰਮਤੀ ਨਾਲ ਚੋਣ

**ਬੰਗਾ (ਅਵਤਾਰ ਕਲੇਰ)**- ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਸਬ ਡਵੀਜ਼ਨ ਬੰਗਾ ਦੀ ਇਕ ਵਿਸ਼ੇਸ਼ ਮੀਟਿੰਗ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪ੍ਰਧਾਨ ਜਸਬੀਰ ਸਿੰਘ



ਨੂਰਪੁਰ ਦੀ ਪ੍ਰਧਾਨਗੀ 'ਚ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਚੇਅਰਮੈਨ ਚੇਤ ਰਾਮ ਰਤਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਜਸਬੀਰ ਸਿੰਘ ਨੂਰਪੁਰ, ਚੇਤ ਰਾਮ ਰਤਨ, ਨਵਕਾਂਤ ਭਰੋਮਜਾਰਾ ਜ਼ਿਲ੍ਹਾ ਜਨਰਲ ਸਕੱਤਰ ਸਮੇਤ ਹੋਰ ਬੁਲਾਰਿਆਂ ਨੇ ਪ੍ਰੈੱਸ ਦੀ ਆਜ਼ਾਦੀ ਦੀ ਮਹੱਤਤਾ 'ਤੇ ਚਰਚਾ ਕਰਦੇ ਹੋਏ ਮੌਜੂਦਾ ਪੱਤਰਕਾਰਤਾ ਨੂੰ ਦਰਪੇਸ਼ ਚੁਣੌਤੀਆਂ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ। ਉਪਰੰਤ ਸੰਗਠਨ ਦੀ ਮਜ਼ਬੂਤੀ ਲਈ ਸਬ ਡਵੀਜ਼ਨ ਬੰਗਾ ਤੇ ਵੱਖ-ਵੱਖ ਬਲਾਕਾਂ ਦੇ ਅਹੁਦੇਦਾਰਾਂ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ।ਚੋਣ 'ਚ ਮਨਜਿੰਦਰ ਸਿੰਘ ਨੂੰ ਸਬ ਡਵੀਜ਼ਨ ਬੰਗਾ ਦਾ ਕਾਰਜਕਾਰੀ ਪ੍ਰਧਾਨ ਚੁਣਿਆ, ਰਾਕੇਸ਼ ਅਰੋੜਾ ਨੂੰ ਚੇਅਰਮੈਨ, ਸੁਰਿੰਦਰ ਸਿੰਘ ਕਰਮ ਲਧਾਣਾ ਨੂੰ ਸਰਪ੍ਰਸਤ, ਧਰਮਵੀਰ ਪਾਲ ਨੂੰ ਜਨਰਲ ਸਕੱਤਰ, ਮਨੀਸ਼ ਚੁੱਘ ਖਜ਼ਾਨਚੀ ਅਤੇ ਨਰਿੰਦਰ ਮਾਹੀ ਨੂੰ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ। ਮਹਿਲਾ ਵਿੰਗ ਦੀ ਕਮਾਨ ਸ਼ਕੁੰਤਲਾ ਸਰੋਏ ਨੂੰ ਸੌਂਪੀ ਗਈ। ਬਲਾਕ ਪੱਧਰ 'ਤੇ ਹੋਈ ਚੋਣ ਅਨੁਸਾਰ ਸੁਖਜਿੰਦਰ ਸਿੰਘ ਨੂੰ ਮੁਕੰਦਪੁਰ ਬਲਾਕ ਦਾ ਪ੍ਰਧਾਨ, ਕੁਲਦੀਪ ਮਜਾਰੀ ਨੂੰ ਜਨਰਲ ਸਕੱਤਰ, ਪ੍ਰੇਮ ਜੰਡਿਆਲੀ ਨੂੰ ਬਹਿਰਾਮ ਤੋਂ ਕਾਰਜਕਾਰੀ ਪ੍ਰਧਾਨ ਅਤੇ ਅਵਤਾਰ ਕਲੇਰ ਨੂੰ ਜਨਰਲ ਸਕੱਤਰ ਚੁਣਿਆ ਗਿਆ। ਨਵੇਂ ਚੁਣੇ ਕਾਰਜਕਾਰੀ ਪ੍ਰਧਾਨ ਮਨਜਿੰਦਰ ਸਿੰਘ, ਚੇਅਰਮੈਨ ਰਾਕੇਸ਼ ਅਰੋੜਾ ਤੇ ਜਨਰਲ ਸਕੱਤਰ ਧਰਮਵੀਰ ਪਾਲ ਸਮੇਤ ਹੋਰ ਅਹੁਦੇਦਾਰਾਂ ਨੇ ਜ਼ਿਲ੍ਹਾ ਹਾਈਕਮਾਨ ਤੇ ਸਾਰੇ ਪੱਤਰਕਾਰ ਸਾਥੀਆਂ ਦਾ ਧੰਨਵਾਦ ਕਰਦੇ ਹੋਏ ਵਿਸ਼ਵਾਸ ਦਿਵਾਇਆ ਕਿ ਉਹ ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣ ਲਈ ਪੂਰੀ ਲਗਨ ਤੇ ਇਮਾਨਦਾਰੀ ਨਾਲ ਕੰਮ ਕਰਨਗੇ। ਇਸ ਮੌਕੇ ਹਾਜ਼ਰ ਜ਼ਿਲ੍ਹਾ ਅਹੁਦੇਦਾਰਾਂ ਤੇ ਪੱਤਰਕਾਰਾਂ ਨੇ ਨਵਹ ਚੁਣੀ ਟੀਮ ਨੂੰ ਵਧਾਈ ਦਿੰਦਿਆਂ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਮੀਟਿੰਗ ਵਿਚ ਦਿਨੇਸ਼ ਸੂਰੀ, ਜਸਬੀਰ ਸਿੰਘ ਨੂਰਪੁਰ, ਨਵਕਾਂਤ ਭਰੋਮਜਾਰਾ, ਚੇਤ ਰਾਮ ਰਤਨ ਸਮੇਤ ਕਈ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ। ਇਸ ਮੌਕੇ ਅਮਰੀਕ ਕਟਾਰੀਆ, ਪ੍ਰੇਮ ਜੰਡਿਆਲੀ, ਲਛਮਣ ਦਾਸ ਪ੍ਰੇਮੀ, ਕੁਲਦੀਪ ਬੰਗਾ, ਮਨਜੀਤ ਜੱਬੋਵਾਲ, ਰਾਕੇਸ਼ ਅਨੰਦ, ਚਰਨਜੀਤ ਸੱਲਾਂ, ਬਿੱਟੂ ਭੱਟੀ, ਵਿਜੇ ਪਾਲ ਸਿੰਘ ਤੇਜੀ, ਸੋਹਨ ਸਿੰਘ ਸਰਹਾਲ ਮੁੰਡੀ ਯੂ. ਐਸ. ਏ., ਅਵਤਾਰ ਕਲੇਰ, ਅਮਿਤ ਹੰਸ ਆਦਿ ਪੱਤਰਕਾਰ ਹਾਜ਼ਰ ਸਨ।

# ਡਾ. ਅੰਬੇਡਕਰ ਦੀ ਵਿਚਾਰਧਾਰਾ ਘਰ-ਘਰ ਲੈ ਕੇ ਜਾਵਾਂਗੇ : ਮਾਨਾ



**ਹੁਸ਼ਿਆਰਪੁਰ, ਮੇਹਟਿਆਣਾ (ਓ ਪੀ ਰਾਣਾ, ਜਗਤਾਰ ਸਿੰਘ ਭੁੰਗਰਨੀ)**- ਪਿੰਡ ਮਾਨਾ ਹਲਕਾ ਚੱਬੇਵਾਲ ਵਿਖੇ ਡਾ. ਅੰਬੇਡਕਰ ਸਪੋਰਟਸ ਕਲੱਬ ਪਿੰਡ ਮਾਨਾ ਵਲੋਂ ਐਡਵੋਕੇਟ ਪਲਵਿੰਦਰ ਮਾਨਾ ਤੇ ਜਸਬੀਰ ਸਿੰਘ ਬੰਗੜ ਦੀ ਅਗਵਾਈ ਵਿੱਚ ਡਾ. ਭੀਮ ਰਾਓ ਅੰਬੇਡਕਰ ਦਾ 135ਵਾਂ ਜਨਮ ਦਿਨ ਮਨਾਇਆ। ਬਾਬਾ ਸਾਹਿਬ ਦੇ ਜਨਮ ਦਿਨ ਤੇ ਬਚਿਆਂ ਦੀਆਂ ਖੇਡਾਂ ਕਰਵਾਈਆਂ ਗਈਆਂ ਜਿਸ ਦੀ ਦੀ ਸ਼ੁਰੂਆਤ ਲੰਬੜਦਾਰ ਬਲਵਿੰਦਰ ਸਿੰਘ ਹੀਰ ਨੇ ਗੀਬਨ ਕੱਟ ਕੇ ਕੀਤੀ। ਇਸ ਮੌਕੇ ਮਿਸ਼ਨਰੀ ਗਾਇਕ ਵਿੱਕੀ ਬਹਾਦਰਕੇ ਨੇ ਬਾਬਾ ਸਾਹਿਬ ਦੇ ਜੀਵਨ ਅਤੇ ਸੰਘਰਸ਼ ਦੇ ਪ੍ਰਤੀ ਗੀਤਾਂ ਰਾਹੀਂ ਜਾਗਰੂਕ ਕੀਤਾ ਤੇ ਰਹਿਬਰਾਂ ਦੀ ਵਿਚਾਰ ਧਾਰਾ ਨਾਲ ਜੋੜਿਆ। ਇਸ ਦੌਰਾਨ ਐਡਵੋਕੇਟ ਪਲਵਿੰਦਰ ਮਾਨਾ ਤੇ ਲੰਬੜਦਾਰ ਬਲਵਿੰਦਰ ਸਿੰਘ ਨੇ ਆਪਣੇ ਵਿਚਾਰ ਰੱਖਦੇ ਹੋਏ ਕਿਹਾ ਕਿ ਬਾਬਾ ਸਾਹਿਬ ਨੇ ਆਪਣਾ ਪੂਰਾ ਜੀਵਨ ਦਲਿਤਾਂ ਤੇ ਪਛੜਿਆ ਨੂੰ ਉਨ੍ਹਾਂ ਦੇ ਹੱਕ ਅਧਿਕਾਰ ਦੁਆਉਣ ਦੇ ਲਈ ਸੰਘਰਸ਼ ਕੀਤਾ। ਐਡਵੋਕੇਟ ਪਲਵਿੰਦਰ ਮਾਨਾ ਨੇ ਬਾਬਾ ਸਾਹਿਬ ਦੀ ਸੋਚ ਨੂੰ ਅਪਣਾ ਕੇ ਆਪਣੀ ਜ਼ਿੰਦਗੀ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਠੇਕੇਦਾਰ ਬਲਬੀਰ ਸਿੰਘ ਸਾਬਕਾ ਸਰਪੰਚ, ਸਤੀਸ਼ ਕੁਮਾਰ ਸਾਬਕਾ ਸਰਪੰਚ, ਸ਼ਵਿੰਦਰ ਕੌਰ ਸਾਬਕਾ ਸਰਪੰਚ, ਸੁਰਿੰਦਰ ਕੌਰ ਸਾਬਕਾ ਸਮਿਤੀ ਮੈਂਬਰ ਬਸਪਾ, ਪ੍ਰਦੀਪ ਕੁਮਾਰ, ਹਰਮੇਸ਼ ਲਾਲ ਖਜਾਨਚੀ, ਰਾਜਵਿੰਦਰ ਕੌਰ ਪੰਚ, ਮਨਦੀਪ ਕੌਰ ਸਾਬਕਾ ਪੰਚ, ਲਖਵਿੰਦਰ ਕੌਰ, ਮਨਜੀਤ ਕੌਰ, ਸੁਖਵਿੰਦਰ ਕੌਰ ਸੁਖੀ, ਸੀਤਲ ਕੌਰ, ਹਰਪਾਲ ਕੌਰ, ਗੁਰਮੀਤ ਸਿੰਘ, ਹਰਜੀਤ ਸਿੰਘ, ਜਗਦੀਸ਼ ਪਾਲ, ਡਾ ਸਰਬਜੀਤ ਸੋਨੂੰ, ਸੰਜੀਵ ਕੁਮਾਰ, ਰਵੀ ਕੁਮਾਰ, ਦਲਜੀਤ ਸਿੰਘ ਲੱਡੂ, ਮਨੀ, ਜਗਦੀਪ ਕੁਮਾਰ, ਅਨਿਕੇਤ, ਤਰਸੇਮ ਲਾਲ, ਕਸਤੂਰੀ ਲਾਲ, ਸੌਰਵ, ਸਮੀਰ ਕੁਮਾਰ, ਸਾਗਰ, ਸਵਰਨ ਕੌਰ, ਕਿਰਨ, ਪ੍ਰੀਆ ਮੁਸਕਾਨ, ਨੇਹਾ ਕੁਮਾਰੀ, ਆਂਚਲ, ਰੇਖਾ, ਕ੍ਰਿਸ਼ਨਾ, ਸਿਮਰਨ, ਠੇਕੇਦਾਰ ਸੁਰਿੰਦਰ ਸਿੰਘ, ਸੰਤੋਖ ਸਿੰਘ, ਰਾਜ ਕੁਮਾਰ, ਗੁਰਮੀਤ ਸਿੰਘ ਰੋਕੀ, ਹਰਵਿੰਦਰ ਸਿੰਘ ਗਿਆਨੀ, ਸਤਨਾਮ ਸਿੰਘ ਅਤੇ ਹੋਰ ਵੀ ਵੱਡੀ ਗਿਣਤੀ ਵਿਚ ਪਿੰਡ ਵਾਸੀ ਹਾਜ਼ਰ ਸਨ।

## ਬੱਜਰੀ ਨਾਲ ਭਰਿਆ ਟਿੱਪਰ ਪਲਟਿਆ

**ਨਵਾਂਸ਼ਹਿਰ (ਮਨੋਜ ਲਾਡੀ)**-ਬੱਸ ਅੱਡਾ ਰਾਹੋ ਨੇੜੇ ਬੱਜਰੀ ਨਾਲ ਭਰੇ ਇਕ ਟਿੱਪਰ ਦੇ ਅਚਾਨਕ ਪਲਟਨ ਕਾਰਨ ਹੋਏ ਖੜਾਕ ਕਾਰਨ ਲੋਕਾਂ ਵਿਚ ਡਰ ਦਾ ਮਾਹੌਲ ਦੇਖਿਆ ਗਿਆ। ਲੋਕ ਘਬਰਾ ਕੇ ਆਪਣੇ ਘਰਾਂ ਤੋਂ ਬਾਹਰ ਨਿਕਲੇ ਅਤੇ ਖੜਾਕੇ ਦਾ ਪਤਾ ਲਗਾਉਣ ਲੱਗ ਪਏ। ਜ਼ਿਕਰਯੋਗ ਹੈ ਕਿ ਬੱਜਰੀ ਨਾਲ ਭਰਿਆ ਟਿੱਪਰ ਹਿਮਾਚਲ ਪ੍ਰਦੇਸ਼ ਤੋਂ ਲੁਧਿਆਣਾ ਵੱਲ ਜਾ ਰਿਹਾ ਸੀ ਅਤੇ ਜਿਵੇਂ ਹੀ ਟਿੱਪਰ ਉਕਤ ਥਾਂ ਤੇ ਪੁੱਜਾ ਤਾਂ ਇਹ ਹਾਦਸਾ ਵਾਪਰ ਗਿਆ। ਇਸ ਟਿੱਪਰ ਨੂੰ ਮੁਕੇਸ਼ ਕੁਮਾਰ ਲੁਧਿਆਣਾ ਚਲਾ ਰਿਹਾ ਸੀ। ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਸ ਮੋੜ 'ਤੇ ਸਪੀਡ ਲਿਮਟ ਦੇ ਨਾਲ ਮੋੜ ਤੋਂ ਪਹਿਲਾ ਸਪੀਡ ਬ੍ਰੇਕਰ, ਰਿਫਲੈਕਟਰ ਅਤੇ ਸੁਰਖਿਆ ਦੇ ਹੋਰ ਪ੍ਰਬੰਧ ਕਰਵਾਏ ਜਾਣ ਤਾਂ ਜੋ ਭਵਿੱਖ ਵਿਚ ਹੋਣ ਵਾਲੀਆਂ ਅਜਿਹੀਆਂ ਘਟਨਾਵਾਂ ਤੋਂ ਬਚਿਆ ਜਾ ਸਕੇ।

## ਡਿਸਟ੍ਰਿਕਟ ਕਰਾਟੇ ਚੈਂਪੀਅਨਸ਼ਿਪ ਕਰਵਾਈ

**ਆਦਮਪੁਰ (ਪਰਮਜੀਤ ਸਿੰਘ)**-ਆਈ ਐਫ ਕੇ ਐਫ ਡਿਸਟ੍ਰਿਕਟ ਕਰਾਟੇ ਚੈਂਪੀਅਨਸ਼ਿਪ



2026 ਦਾ ਆਯੋਜਨ ਓਕਡੇਲ ਸੀਨੀਅਰ ਸੈਕੰਡਰੀ ਸਕੂਲ,ਬੁਲੋਵਾਲ (ਹੁਸ਼ਿਆਰਪੁਰ) ਵਿੱਚ ਇੰਟਰਨੈਸ਼ਨਲ ਫੈਡਰੇਸ਼ਨ ਆਫ ਫੁਨਕੋਸੀ ਸ਼ੋਟੋਕਨ ਕਰਾਟੇ ਐਸੋਸੀਏਸ਼ਨ ਨਾਲ ਸਬੰਧਿਤ ਸਾਈ ਕਰਾਟੇ ਕਲੱਬ ਦੁਆਰਾ ਕੀਤਾ ਗਿਆ। ਜਿਸ ਵਿੱਚ ਵੱਖ-ਵੱਖ ਸਕੂਲਾਂ ਤੇ ਕਲੱਬਾਂ ਦੇ ਲਗਭਗ 400 ਬੱਚਿਆਂ ਨੇ ਭਾਗ ਲਿਆ। ਇਹਨਾਂ ਮੁਕਾਬਲਿਆਂ ਵਿੱਚ ਰੇਨਬੋ ਪਬਲਿਕ ਸਕੂਲ ਸੱਤੋਵਾਲੀ ਆਦਮਪੁਰ ਤੇ ਰੇਨਬੋ ਸਟਾਰਸ ਦੇ ਵਿਦਿਆਰਥੀਆਂ ਨੇ ਪੀ ਟੀ ਅਧਿਆਪਕ ਰੂਪ ਕਮਲ ਵਿਰਦੀ ਤੋਂ ਸਿਖਲਾਈ ਪ੍ਰਾਪਤ ਕਰਕੇ 31 ਮੈਡਲ ਪ੍ਰਾਪਤ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਕੂਲ ਦੇ ਬੱਚਿਆਂ ਨੇ ਪੰਜ ਗੋਲਡ, ਦਸ ਸਿਲਵਰ ਤੇ ਸੋਲਾਂ ਕਾਂਸੇ ਦੇ ਮੈਡਲ ਜਿੱਤ ਕੇ ਸਕੂਲ ਤੇ ਆਪਣੇ ਮਾਤਾ-ਪਿਤਾ ਦਾ ਨਾਂਅ ਰੌਸ਼ਨ ਕੀਤਾ। ਸਕੂਲ ਦੇ ਪ੍ਰਬੰਧਕ ਅਨਿਲ ਕੁਮਾਰ ਸ਼ਰਮਾ ਤੇ ਪ੍ਰਿੰਸੀਪਲ ਜੋਧ ਸਿੰਘ ਡੋਗਰਾ ਨੇ ਕਿਹਾ ਕਿ ਸਾਡੇ ਸਕੂਲ ਦੇ ਬੱਚਿਆਂ ਦੁਆਰਾ ਇਹਨਾਂ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨਾ ਉਹਨਾਂ ਲਈ ਮਾਣ ਵਾਲੀ ਗੱਲ ਹੈ। ਉਹਨਾਂ ਨੇ ਜੇਤੂ ਰਹੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ।ਸਕੂਲ ਪ੍ਰਿੰਸੀਪਲ ਦੁਆਰਾ ਬੱਚਿਆਂ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ।

# ਨਗਰ ਨਿਗਮ ਚੋਣਾਂ ਲਈ ਸੋਹਾਣਾ ਵੱਲੋਂ ਪਿੰਡ ਪੱਧਰ 'ਤੇ ਮੀਟਿੰਗਾਂ ਸ਼ੁਰੂ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਹਰਜਿੰਦਰ ਕੌਰ ਸੋਹਾਣਾ ਵੱਲੋਂ ਪਿੰਡ ਪੱਧਰ ਤੇ ਮੀਟਿੰਗਾਂ ਦਾ ਅਮਲ ਜਾਰੀ ਨਗਰ ਨਿਗਮ ਚੋਣਾਂ ਦੀ ਜੰਗ ਭਖੀ, ਸੱਥਾਂ ਵਿੱਚ ਗੂੰਜੇ ਜੈਕਾਰੇ, 'ਇਸਤਰੀ ਸ਼ਕਤੀ' ਨੇ ਵਿਰੋਧੀਆਂ



ਦੇ ਸਾਹ ਸੂਤੇ ਮੋਹਾਲੀ ਨਗਰ ਨਿਗਮ ਚੋਣਾਂ ਤੋਂ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਨੇ ਪੂਰੀ ਤਾਕਤ ਝੋਕ ਦਿੱਤੀ ਹੈ। ਪਾਰਟੀ ਦੀ ਸੀਨੀਅਰ ਆਗੂ ਹਰਜਿੰਦਰ ਕੌਰ ਸੋਹਾਣਾ ਦੀ ਅਗਵਾਈ ਹੇਠ ਬੱਲੋਮਾਜਰਾ ਵਾਰਡ ਨੰਬਰ 29 ਤੇ ਸਨੇਟਾ ਦੇ ਇਲਾਕਿਆਂ ਵਿੱਚ ਹੋਏ ਭਰਵੇਂ ਇਕੱਠਾਂ ਨੇ ਸਿਆਸੀ ਸਮੀਕਰਨ ਬਦਲ ਕੇ ਰੱਖ ਦਿੱਤੇ ਹਨ। ਬੀਬੀ ਸੋਹਾਣਾ ਨੇ ਕਿਹਾ ਕਿ ਬੱਲੋਮਾਜਰਾ ਅਤੇ ਸਨੇਟਾ ਦੇ ਲੋਕਾਂ ਨੇ ਅੱਜ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਉਹ ਹੁਣ ਸਿਰਫ਼ ਖੋਖਲੇ ਦਾਅਵੇ ਨਹੀਂ, ਸਗੋਂ ਅਕਾਲੀ ਦਲ ਵਾਂਗ ਜ਼ਮੀਨੀ ਪੱਧਰ 'ਤੇ ਵਿਕਾਸ ਚਾਹੁੰਦੇ ਹਨ। ਸਨੇਟਾ ਅਤੇ ਬੱਲੋਮਾਜਰਾ ਦੀਆਂ ਬੀਬੀਆਂ ਨੇ ਇੱਕਸੁਰ ਵਿੱਚ ਕਿਹਾ ਕਿ ਉਹ ਹੁਣ ਚੋਣਾਂ ਦੀ ਕਮਾਂਡ ਆਪਣੇ ਹੱਥਾਂ ਵਿੱਚ ਲੈਣ ਲਈ ਤਿਆਰ ਹਨ। ਜਸਵੀਰ ਕੌਰ ਬੱਲੋਮਾਜਰਾ ਨੇ ਐਲਾਨ ਕੀਤਾ ਕਿ ਅਕਾਲੀ ਦਲ ਦੀ ਜਿੱਤ ਯਕੀਨੀ ਬਣਾਉਣ ਲਈ ਉਹ ਘਰ-ਘਰ ਜਾ ਕੇ ਪ੍ਰਚਾਰ ਕਰਨਗੇ।

ਇਸ ਮੌਕੇ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ ਸੁਸ਼ਮਾ ਚੌਧਰੀ (ਇਸਤਰੀ ਵਿੰਗ ਪ੍ਰਧਾਨ), ਦਿਲਪ੍ਰੀਤ ਸਿੰਘ, ਰੂਪ ਖਾਨ, ਕਰਮਜੀਤ ਚੌਧਰੀ, ਗੁਰਪ੍ਰੀਤ ਵਿਰਕ, ਬਲਜੀਤ ਸਿੰਘ ਕੁੱਕੂ,ਨਿਰਮਲ ਸਿੰਘ, ਗੁਰਪ੍ਰੀਤ ਸਿੰਘ ਗੋਲਡੀ, ਬਿੱਲਾ ਛੱਜੂ ਮਾਜਰਾ, ਹੈਪੀ ਸਨੇਟਾ, ਹਰਭਜਨ ਸਿੰਘ ਟੋਨੀ, ਪੀਤਾ ਲੰਬੜਦਾਰ, ਸਿਮਰਨਜੀਤ ਸਿੰਘ ਕਲਿਆਣ, ਪ੍ਰਿੰਸ ਕਲਿਆਣ, ਪਵਨਦੀਪ ਸਿੰਘ ਇਨ੍ਹਾਂ ਸਾਰੇ ਆਗੂਆਂ ਨੇ ਇੱਕਸੁਰ ਵਿੱਚ ਹਰਜਿੰਦਰ ਕੌਰ ਸੋਹਾਣਾ ਦੀ ਅਗਵਾਈ ਵਿੱਚ ਵਿਸ਼ਵਾਸ ਪ੍ਰਗਟਾਇਆ।

## ਹੀਰਾ ਕਲੀਨਿਕਲ ਲੈਬ 'ਚ ਮਿਲਣਗੇ ਡਿਸਕਾਊਂਟ ਪੈਕੇਜ : ਹੀਰਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਮਾਨਵਤਾ ਦੀ ਸੇਵਾ ਲਈ ਕਾਰਜਸ਼ੀਲ ਹੀਰਾ ਕਲੀਨਿਕਲ ਲੈਬ ਹੁਸ਼ਿਆਰਪੁਰ ਦੇ ਵਧਦੇ ਕਦਮ ਹੁਣ ਮਾਹਿਲਪੁਰ ਤੱਕ ਵੀ ਪਹੁੰਚ ਗਏ ਹਨ । ਇਸ ਸੰਬੰਧੀ ਜਾਣਕਾਰੀ ਦਿੰਦਿਆਂ ਹੀਰਾ ਕਲੀਨਿਕਲ ਲੈਬ ਦੇ ਐੱਮ ਡੀ ਡਾ ਐੱਸ. ਕੇ. ਹੀਰਾ ਨੇ ਦੱਸਿਆ ਕਿ ਸਾਲ 2001 ਵਿੱਚ ਸਥਾਪਿਤ ਹੋਈ ਹੀਰਾ ਕਲੀਨਿਕਲ ਲੈਬ ਦੀ 25ਵੀਂ ਵਰੇਗੰਢ ਮੌਕੇ ਆਪਣੇ ਟੈਸਟ ਕਰਾਉਣ ਵਾਲੇ ਮਰੀਜ਼ਾਂ ਲਈ ਇੱਕ ਵਿਸ਼ੇਸ਼ ਸਕੀਮ ਲਾਂਚ ਕੀਤੀ ਗਈ ਹੈ ਜਿਸ ਤਹਿਤ ਮਰੀਜ਼ਾਂ ਨੂੰ 50% ਤੱਕ ਦੇ ਡਿਸਕਾਊਂਟ ਪੈਕੇਜ ਦਿੱਤੇ ਜਾ ਰਹੇ ਹਨ । ਇਸ ਪੈਕਜ ਬਾਰੇ ਜਾਣਕਾਰੀ ਦਿੰਦਿਆਂ ਉਹਨਾਂ ਦੱਸਿਆ ਕਿ 13000 ਰੁਪਏ ਦੀ ਕੀਮਤ ਵਾਲੇ ਫੁੱਲ ਬਾਡੀ ਚੈਕ ਅਪ ਟੈਸਟ ਕੇਵਲ 5500 ਰੁਪਏ ਵਿੱਚ ਕੀਤੇ ਜਾ ਰਹੇ ਹਨ । ਇਸ ਤੋਂ ਇਲਾਵਾ 1800 ਦੀ ਕੀਮਤ ਵਾਲਾ ਪ੍ਰੋਫ਼ਾਈਲ-1 ਟੈਸਟ ਕੇਵਲ 900 ਰੁਪਏ ਵਿੱਚ, 3200 ਵਾਲਾ ਪ੍ਰੋਫ਼ਾਈਲ -2 ਟੈਸਟ ਕੇਵਲ 1400 ਰੁਪਏ, 5500 ਵਾਲਾ ਪ੍ਰੋਫ਼ਾਈਲ ਟੈਸਟ ਕੇਵਲ 2800 ਰੁਪਏ ਵਿੱਚ ਅਤੇ 8200 ਵਾਲਾ ਪ੍ਰੋਫ਼ਾਈਲ ਟੈਸਟ ਕੇਵਲ 4000 ਰੁਪਏ ਵਿੱਚ ਕੀਤਾ ਜਾਵੇਗਾ । ਡਾ ਐਸ ਕੇ ਹੀਰਾ ਨੇ ਦੱਸਿਆ ਜਲਦੀ ਹੀ ਮਾਹਿਲਪੁਰ ਵਿਖੇ ਵੀ ਹੀਰਾ ਕਲੀਨਿਕਲ ਲੈਬ ਦੀ ਬ੍ਰਾਂਚ ਸਥਾਪਿਤ ਕੀਤੀ ਜਾ ਰਹੀ ਹੈ।

# ਰਾਜ ਪੈਨਸ਼ਨਰਜ਼ ਮਹਾਂਸੰਘ ਦੇ ਅਹੁਦੇਦਾਰਾਂ ਦੀ ਚੋਣ

**ਖਰੜ (ਸੁਰਜੀਤ ਸੁਮਨ)**- ਪੰਜਾਬ ਰਾਜ ਪੈਨਸ਼ਨਰਜ਼ ਮਹਾਂਸੰਘ ਖਰੜ ਦੀ ਜਨਰਲ ਇਕੱਤਰਤਾ ਡਾ. ਐੱਨ ਕੇ ਕਲਸੀ ਦੀ ਪ੍ਰਧਾਨਗੀ ਹੇਠ ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨ ਦੇ ਦਫਤਰ ਸਨੀ ਇਨਕਲੇਵ



ਖਰੜ ਵਿਖੇ ਹੋਈ। ਪ੍ਰਧਾਨਗੀ ਮੰਡਲ ਵਿੱਚ ਜਰਨੈਲ ਸਿੰਘ ਸਿੱਧੂ, ਭਗਤ ਰਾਮ ਰੰਗਾੜਾ, ਅਸ਼ੋਕ ਕਪੂਰ ਅਤੇ ਬਲਵੰਤ ਸਿੰਘ ਰਾਠੌਰ ਸ਼ਾਮਲ ਹੋਏ। ਮਹਾਂਸੰਘ ਵੱਲੋਂ ਸਰਬ-ਸੰਮਤੀ ਨਾਲ ਅਗਲੇ ਦੋ ਸਾਲਾਂ ਲਈ ਭਗਤ ਰਾਮ ਰੰਗਾੜਾ ਨੂੰ ਚੇਅਰਮੈਨ, ਗੁਰਮੀਤ ਸਿੰਘ ਖੋਖਰ-ਪ੍ਰਧਾਨ, ਰਜਿੰਦਰ ਕੁਮਾਰ ਅਰੋੜਾ-ਸੀਨੀਅਰ ਉੱਪ ਪ੍ਰਧਾਨ, ਐੱਮ ਪੀ ਅਰੋੜਾ-ਮੀਤ ਪ੍ਰਧਾਨ, ਸੁਰਿੰਦਰ ਕੁਮਾਰ ਵਰਮਾ-ਜਨਰਲ ਸਕੱਤਰ, ਮਦਨਜੀਤ ਸਿੰਘ-ਵਿੱਤ-ਕਮ-ਪ੍ਰੈੱਸ ਸਕੱਤਰ, ਪ੍ਰੇਮ ਚੰਦ ਸ਼ਰਮਾ-ਪ੍ਰਚਾਰ ਸਕੱਤਰ, ਰਜਿੰਦਰ ਕੁਮਾਰ ਸ਼ਰਮਾ-ਆਡੀਟਰ, ਕਰਤਾਰ ਸਿੰਘ ਪਾਲ-ਮੁੱਖ ਸਲਾਹਕਾਰ, ਨਿਰਮੈਲ ਸਿੰਘ ਨੂੰ ਕੋਆਰਡੀਨੇਟਰ ਅਤੇ ਕਾਰਜਕਾਰੀ ਮੈਂਬਰਾਨ ਵਜੋਂ ਪੁਸ਼ਪਿੰਦਰ ਸਿੰਘ, ਮਨਜੀਤ ਸਿੰਘ, ਕਮਿਕੱਰ ਸਿੰਘ, ਤਰਲੋਚਨ ਸਿੰਘ, ਚਰਨ ਸਿੰਘ ਕੰਗ, ਪ੍ਰੇਮ ਕੁਮਾਰ ਗੋਇਲ, ਰਾਜਿੰਦਰ ਕੁਮਾਰ ਸਿੰਗਲਾ, ਪ੍ਰੇਮ ਕਪੂਰ, ਮਨਜੀਤ ਸਿੰਘ ਚੋਹਰਟਾ, ਗੁਰਬਚਨ ਸਿੰਘ, ਸੁਰਿੰਦਰ ਕੁਮਾਰ ਸਿੰਗਲਾ ਅਤੇ ਗਿਆਨ ਸਿੰਘ ਨੂੰ ਚੁਣਿਆ ਗਿਆ। ਮਹਾਂਸੰਘ ਦੇ ਨਵ-ਨਿਯੁਕਤ ਚੇਅਰਮੈਨ ਭਗਤ ਰਾਮ ਰੰਗਾੜਾ ਨੇ ਆਪਣੇ ਸੰਬੋਧਨ ਵਿੱਚ ਪੈਨਸ਼ਨਰਜ਼ ਦੀਆਂ ਮਹੀਨਾ ਅਪ੍ਰੈਲ, 2026 ਦੀਆਂ ਪੈਨਸ਼ਨਾਂ ਸਮੇਂ-ਸਿਰ ਬੈਂਕ ਖਾਤਿਆਂ ਵਿੱਚ ਨਾ ਆਉਣ 'ਤੇ ਰੋਸ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਗਈ ਕਿ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ 8 ਅਪ੍ਰੈਲ, 2026 ਨੂੰ ਸਰਕਾਰ ਨੂੰ ਦਿੱਤੇ ਆਦੇਸ਼ ਅਨੁਸਾਰ ਸਾਰੇ ਪੈਨਸ਼ਨਰਾਂ ਨੂੰ 16 ਫੀਸਦੀ ਮਹਿੰਗਾਈ ਭੱਤਾ ਬਣਦੀ ਤਹਿ ਸਮਾਂ ਸੀਮਾ ਤੱਕ ਅਦਾ ਕੀਤਾ ਜਾਵੇ ਅਤੇ ਪੈਨਸ਼ਨਾਂ ਤੁਰੰਤ ਰਲੀਜ਼ ਕੀਤੀਆਂ ਜਾਣ।

## ਅਰਸ਼ਦੀਪ ਸਿੱਧੂ ਸੋਸ਼ਲ ਵੈੱਲਫੇਅਰ ਔਰਗੇਨਾਈਜੇਸ਼ਨ ਦੇ ਬਲਾਕ ਪ੍ਰਧਾਨ ਬਣੇ



**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਸਮਾਜ ਸੇਵੀ ਸੰਸਥਾ ਯੂਥ ਵੈਲਫੇਅਰ ਸੋਸ਼ਲ ਔਰਗਨਾਈਜੇਸ਼ਨ ਪੰਜਾਬ ਦੇ ਚੇਅਰਮੈਨ ਕਮਲਜੀਤ ਸਿੰਘ ਅਰਨੌਲੀ, ਪ੍ਰਧਾਨ ਡਾਕਟਰ ਤੇਜਿੰਦਰ ਸਿੰਘ ਬੋਬੀ ਤੇ ਜਰਨਲ ਸਕੱਤਰ ਮਾਸਟਰ ਗੁਰਪ੍ਰੀਤ ਸਿੰਘ ਵੱਲੋਂ ਸਮਾਜ ਸੇਵੀ ਨੌਜਵਾਨ ਆਗੂ ਅਰਸ਼ਦੀਪ ਸਿੰਘ ਸਿੱਧੂ ਨੂੰ ਜਥੇਬੰਦੀ ਦਾ ਮੋਰਿੰਡਾ ਬਲਾਕ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ ।ਨਵ ਨਿਯੁਕਤ ਪ੍ਰਧਾਨ ਅਰਸ਼ਦੀਪ ਸਿੰਘ ਸਿੱਧੂ ਨੇ ਕਿਹਾ ਕਿ ਔਰਗਨਾਈਜੇਸ਼ਨ ਵੱਲੋਂ ਜਿਵੇਂ ਪਹਿਲਾਂ ਤੋਂ ਖ਼ੂਨਦਾਨ ਕੈਂਪ, ਮੈਡੀਕਲ ਕੈਂਪ ਅਤੇ ਹੋਰ ਸਮਾਜ ਸੇਵੀ ਕਾਰਜ ਕੀਤੇ ਜਾ ਰਹੇ ਹਨ ਉੱਥੇ ਹੀ ਹੁਣ ਗਰਮੀ ਦੇ ਚੱਲਦਿਆ ਪੰਛੀਆਂ ਲਈ ਵੱਖ ਵੱਖ ਥਾਵਾਂ ਤੇ ਆਲਣੇ ਅਤੇ ਪਾਣੀ ਦਾ ਪ੍ਰਬੰਧ ਕੀਤਾ ਜਾਵੇਗਾ।ਮੋਰਿੰਡਾ ਬਲਾਕ ਦੇ ਵੱਖ ਵੱਖ ਪਿੰਡਾਂ ਅਤੇ ਸ਼ਹਿਰ ਵਿੱਚ ਪੰਛੀਆਂ ਲਈ ਆਲ੍ਹਣੇ ਅਤੇ ਪਾਣੀ ਲਈ ਬਰਤਨ ਲਗਾਏ ਜਾਣਗੇ।

## ਨਾੜ ਨੂੰ ਅੱਗ ਲਗਾਉਣ 'ਤੇ ਹੋਵੇਗੀ ਕਾਨੂੰਨੀ ਕਾਰਵਾਈ

**ਮੁਹਾਲੀ (ਗੁਰਜੀਤ ਬਿੱਲਾ)**-ਮੁੱਖ ਖੇਤੀਬਾੜੀ ਅਫਸਰ ਐੱਸ ਏ ਐੱਸ ਨਗਰ ਡਾ ਸੁਖਜਿੰਦਰ ਸਿੰਘ ਬਾਜਵਾ ਦੇ ਦਿਸ਼ਾ-ਨਿਰਦੇਸਾ ਅਤੇ ਬਲਾਕ ਖੇਤੀਬਾੜੀ ਅਫਸਰ ਡਾ. ਸੁਭਕਰਨ ਸਿੰਘ ਧਾਲੀਵਾਲ ਦੀ ਯੋਗ ਅਗਵਾਈ ਹੇਠ ਪਿੰਡ ਮੋਟੇ ਮਾਜਰਾ ਵਿਖੇ ਕਣਕ ਦੇ ਨਾੜ ਪ੍ਰਬੰਧਨ ਸਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਡਾ. ਜਸਪ੍ਰੀਤ ਸਿੰਘ, ਖੇਤੀਬਾੜੀ ਵਿਕਾਸ ਅਫਸਰ ਨੇ ਦੱਸਿਆ ਕਿ ਤੂੜੀ ਬਣਾਉਣ ਤੋਂ ਬਾਅਦ ਕਣਕ ਦੀ ਰਹਿੰਦ-ਖੂੰਹਦ ਨੂੰ ਬੜੀ ਅਸਾਨੀ ਨਾਲ ਹੈਰੋ, ਕਲਟੀਵੇਟਰ ਜਾਂ ਉਲਟਾਵੇ ਹੱਲ ਨਾਲ ਖੇਤ ਵਿੱਚ ਮਿਲਾਇਆ ਜਾ ਸਕਦਾ ਹੈ। ਐੱਨ ਜੀ ਟੀ ਤੇ ਪ੍ਰਸ਼ਾਸਨ ਦੀ ਹਦਾਇਤਾ ਅਨੁਸਾਰ ਜਿਹੜਾ ਕਿਸਾਨ ਇਸ ਰਹਿੰਦ-ਖੂੰਹਦ ਨੂੰ ਅੱਗ ਲਗਾਵੇ ,ਉਸ ਦੀ ਸੂਚਨਾ ਸੈਟੇਲਾਈਟ ਰਾਂਹੀ ਪ੍ਰਾਪਤ ਹੋ ਜਾਂਦੀ ਹੈ ਅਤੇ ਉਸ ਖਿਲਾਫ ਚਲਾਨ, ਜੁਰਮਾਨਾ, ਫਰਦ ਵਿੱਚ ਅੰਦਰਾਜ ਅਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਡਾ. ਸੁੱਚਾ ਸਿੰਘ ਸਿੱਧੂ,ਖੇਤੀਬਾੜੀ ਵਿਸਥਾਰ ਅਫਸਰ ਨੇ ਦੱਸਿਆ ਕਿ ਕਣਕ ਦੇ ਪਿਛੋਂ ਖਾਲੀ ਹੋਏ ਖੇਤਾਂ ਵਿੱਚ ਜੰਤਰ ਦੀ ਕਾਸ਼ਤ ਕਰਨ ਲਈ ਵਿਭਾਗ ਪਾਸ ਸਬਸਿਡੀ ਤੇ ਬੀਜ ਉਪਲਬਧ ਹੈ। ਇਸ ਤੋਂ ਇਲਾਵਾ ਵਿਭਾਗ ਵੱਲੋਂ ਮੂਗਫਲੀ ਦੇ ਪ੍ਰਦਰਸ਼ਨੀ ਪਲਾਟ ਬਿਜਵਾਏ ਜਾਣੇ ਹਨ, ਚਾਹਵਾਨ ਕਿਸਾਨ ਵਿਭਾਗ ਨਾਲ ਤਾਲਮੇਲ ਕਰਨ। 50 %ਸਬਸਿਡੀ ਤੇ ਜਿਪਸਮ ਵੀ ਉਪਲੱਬਧ ਹੈ।

# ਭਾਜਪਾ ਵੱਲੋਂ ਤਿੰਨ ਰਾਜਾਂ 'ਚ ਸ਼ਾਨਦਾਰ ਜਿੱਤ ਹਾਸਲ ਕਰਨ 'ਤੇ ਲੱਡੂ ਵੰਡੇ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਭਾਰਤੀ ਜਨਤਾ ਪਾਰਟੀ ਵਲੋਂ ਪੰਜ ਰਾਜਾਂ ਦੀਆਂ ਹੋਈਆਂ ਚੋਣਾਂ ਵਿੱਚ ਤਿੰਨ ਬੰਗਾਲ ਸਮੇਤ ਤਿੰਨ ਰਾਜਾਂ ਵਿਚ ਸ਼ਾਨਦਾਰ ਜਿੱਤ ਹਾਸਲ ਕਰਨ ਤੇ ਬਾਗੋਬਾਗ ਹੋਏ ਵਰਕਰਾਂ ਵੱਲੋਂ ਸ਼ਹਿਰ ਦੇ ਸਭ ਤੋਂ ਸੀਨੀਅਰ ਪਾਰਟੀ ਵਰਕਰ ਸਤੀਸ਼ ਭੋਲਾ ਨੂੰ ਉਹਨਾਂ ਦੇ ਘਰ ਜਾ ਕੇ ਉਹਨਾਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਉਹਨਾਂ ਕਿਹਾ ਕਿ ਇਹਨਾਂ ਪੁਰਾਣੇ ਪਾਰਟੀ ਵਰਕਰਾਂ ਦੇ ਕਾਰਨ ਹੀ ਅੱਜ ਭਾਰਤੀ ਜਨਤਾ ਪਾਰਟੀ ਪੂਰੇ ਦੇਸ਼ ਦੇ ਵਿੱਚ ਲੋਕਾਂ ਦੀ ਸੇਵਾ ਕਰ ਰਹੀ ਹੈ। ਸੀਨੀਅਰ ਆਗੂ ਜਤਿੰਦਰ ਗੁੰਬਰ ਤੇ ਸੰਜੀਵ ਸੂਦ ਨੇ ਕਿਹਾ ਕਿ 3 ਪ੍ਰਦੇਸ਼ਾਂ ਵਿੱਚ ਮਿਲੀ ਭਾਜਪਾ ਪਾਰਟੀ ਦੀ ਜਿੱਤ ਨੂੰ ਲੈ ਕੇ ਪੂਰੀ ਭਾਜਪਾ ਪਾਰਟੀ ਵਿੱਚ ਖ਼ੁਸ਼ੀ ਦਾ ਮਾਹੌਲ ਹੈ। ਉਹਨਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਹਮੇਸ਼ਾ ਕੇਂਦਰ ਤੋਂ ਉਲਟ ਸਰਕਾਰ ਹੀ ਪੰਜਾਬ ਪ੍ਰਦੇਸ਼ ਵਿੱਚ ਬਣਾਈ ਹੈ ਜਿਸ ਕਾਰਨ ਪੰਜਾਬ ਦਾ ਵਿਕਾਸ ਰੁਕ ਗਿਆ ਹੈ। ਲੇਕਿਨ ਇਸ ਵਾਰ ਪੰਜਾਬ ਦੇ ਲੋਕ ਮਨ ਬਣਾ ਚੁੱਕੇ ਹਨ ਅਤੇ ਬੰਗਾਲ ਦੀ ਤਰ੍ਹਾਂ ਪੰਜਾਬ ਵਿੱਚ ਵੀ ਭਾਰਤੀ ਜਨਤਾ ਪਾਰਟੀ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਪੰਜਾਬ ਨੂੰ ਤਰੱਕੀ ਦੇ ਰਾਹ ਤੇ ਲੈ ਕੇ ਜਾਣਗੇ। ਇਸ ਮੌਕੇ ਉਹਨਾਂ ਵੱਲੋਂ ਲੱਡੂ ਵੰਡੇ ਗਏ ਅਤੇ ਸਾਰੇ ਪਾਰਟੀ ਵਰਕਰਾਂ ਦਾ ਮੂੰਹ ਮਿੱਠਾ ਕਰਵਾਇਆ ਗਿਆ। ਇਸ ਮੌਕੇ ਸੀਨੀਅਰ ਆਗੂ ਜਤਿੰਦਰ ਗੁੰਬਰ, ਲੋਕਲ ਬਾਡੀ ਸੈੱਲ ਪੰਜਾਬ ਦੇ ਸਕੱਤਰ ਸੰਜੀਵ ਸੂਦ, ਹਰਸ਼ ਕੋਹਲੀ, ਭਾਗ ਸਿੰਘ, ਪੁਨੀਤ ਮਿੱਤਰ, ਉਮੀਦ ਸ਼ਰਮਾ, ਕਪਿਲ ਭਾਰਦਵਾਜ, ਮੰਗਤ ਰਾਮ, ਬਿਕਰਮ ਪਾਠਕ, ਸਧੀਰ ਸ਼ਰਮਾ, ਵਿਨੋਦ ਤਿਵਾੜੀ, ਆਸ਼ੀਸ਼ ਭਾਟੀਆ, ਪਰਮਿੰਦਰ ਸ਼ਰਮਾ, ਨਵਜੋਤ ਸਿੰਘ, ਅਤੇ ਭੋਲੂ ਤਿਵਾੜੀ ਹਾਜ਼ਰ ਸਨ।

# ਵਿਦਿਆਰਥੀਆਂ ਦਾ ਵੁਸ਼ੂ ਚੈਂਪੀਅਨਸ਼ਿਪ ਮੁਕਾਬਲੇ 'ਚ ਸ਼ਾਨਦਾਰ ਪ੍ਰਦਰਸ਼ਨ



**ਲੋਹੀਆਂ ਖਾਸ (ਯੋਗੇਸ਼ਵਰ)**- ਬੀ ਕੇ ਇੰਟਰਨੈਸ਼ਨਲ ਕਾਨਵੇਂਟ ਸਕੂਲ ਅਤੇ ਬਾਬੇ ਕੇ ਸੀਨੀਅਰ ਸੈਕੰਡਰੀ ਸਕੂਲ, ਵਾੜਾ ਜੋਧ ਸਿੰਘ ਦੇ ਵਿਦਿਆਰਥੀਆਂ ਨੇ ਬਨਾਰਸੀ ਦਾਸ ਆਰਿਆ ਕਾਲਜ, ਜਲੰਧਰ ਕੈਂਟ ਵਿਖੇ ਆਯੋਜਿਤ 28ਵੀਂ ਵੁਸ਼ੂ ਚੈਂਪੀਅਨਸ਼ਿਪ ਡਿਸਟਰਿਕਟ (ਜ਼ਿਲਾ) ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਗੋਲਡ ਮੈਡਲ, ਸਿਲਵਰ ਮੈਡਲ, ਬਰੋਂਜ ਮੈਡਲ ਜਿੱਤ ਕੇ ਓਵਰਆਲ ਟਰਾਫੀ ਜਿੱਤਣ ਦਾ ਮਾਣ ਹਾਸਿਲ ਕੀਤਾ। ਵਿਦਿਆਰਥੀਆਂ ਵੱਲੋਂ ਵੱਖ-ਵੱਖ ਰਾਊਂਡ ਵਿੱਚ ਵਿਰੋਧੀ ਟੀਮਾਂ ਨੂੰ ਕਠਿਨ ਮੁਕਾਬਲਿਆਂ ਵਿੱਚ ਕੜੀ ਟੱਕਰ ਦਿੰਦੇ ਹੋਏ ਸ਼ਾਨਦਾਰ ਜਿੱਤ ਹਾਸਿਲ ਕੀਤੀ ਅਤੇ ਸਟੇਟ ਲੈਵਲ ਮੁਕਾਬਲਿਆਂ ਲਈ ਕੁਆਲੀਫਾਈ ਕੀਤਾ। ਸਕੂਲ ਦੇ ਸਪੋਰਟਸ ਅਧਿਆਪਕ ਮੈਡਮ ਹਰਪ੍ਰੀਤ ਕੌਰ ਦੀ ਅਗਵਾਈ ਵਿੱਚ ਪੇਸ਼ੇਵਰ ਕੋਚਾ ਦੀ ਵਿਸ਼ੇਸ਼ ਟੀਮ ਵੱਲੋਂ ਵਿਦਿਆਰਥੀਆਂ ਨੂੰ ਇਹਨਾਂ ਮੁਕਾਬਲਿਆਂ ਲਈ ਤਿਆਰ ਕੀਤਾ ਗਿਆ।

ਸਕੂਲ ਦੇ ਹੋਣਹਾਰ ਖਿਡਾਰੀਆਂ ਸਹਿਜਪ੍ਰੀਤ ਕੌਰ, ਮਨਜੋਤ ਕੌਰ ,ਪਲਕ, ਅਸ਼ਮੀਤ ਕੌਰ, ਸੁਖਮਨਪ੍ਰੀਤ ਕੌਰ,ਪ੍ਰਭਲੀਨ ਕੌਰ, ਹਰਪ੍ਰੀਤ ਕੌਰ, ਐਸ਼ਲੀਨ ਕੌਰ, ਕਿਰਨਪ੍ਰੀਤ ਕੌਰ, ਅੰਸ਼ਪ੍ਰੀਤ ਕੌਰ, ਦਮਨਪ੍ਰੀਤ ਕੌਰ, ਸੁਨੈਨਾ, ਮਨਜੋਤ ਕੌਰ ,ਯਸ਼ਦੀਪ ਸਿੰਘ, ਨਿਤਿਨ , ਏਕਮਜੋਤ ਸਿੰਘ ,ਯੁੱਧਵੀਰ ਸਿੰਘ, ਹਰਵਿੰਦਰ ਸਿੰਘ, ਏਕਮਵੀਰ ਸਿੰਘ ,ਪ੍ਰਤਾਪ ਸਿੰਘ ,ਕੁਵਰ ਸਿੰਘ ,ਹਰਜੋਤ ਸਿੰਘ, ਸੁਖਰਾਜ ਸਿੰਘ ਨੇ ਗੋਲਡ ਮੈਡਲ ਅਵਨੀਤ ਕੌਰ, ਓਂਕਾਰ ਸਿੰਘ ਅਰਮਾਨਵੀਰ ਸਿੰਘ, ਧਨਵੀਰ ਸਿੰਘ, ਜਸਕਰਨ ਸਿੰਘ, ਨਮਨ ਸਿੰਘ ਨੇ ਸਿਲਵਰ ਮੈਡਲ ਜਗਰੂਪ ਕੌਰ, ਲਵਜੀਤ ਕੌਰ, ਸੀਰਤ ਕੌਰ, ਹਰਮਨਜੋਤ ਸਿੰਘ, ਅਕਾਸ਼ਦੀਪ ਸਿੰਘ, ਅਭੀਜੋਤ ਸਿੰਘ, ਵੰਸ਼ਪ੍ਰੀਤ ਸਿੰਘ, ਮਾਨਵੀਰ ਸਿੰਘ ਨੇ ਬਰੋਂਜ ਮੈਡਲ ਜਿੱਤਣ ਦਾ ਮਾਨ ਹਾਸਿਲ ਕੀਤਾ। ਇਸ ਮੌਕੇ ਸਕੂਲ ਡਾਇਰੈਕਟਰ ਸੱਦਾਮ ਖਾਨ, ਡਿਪਟੀ ਡਾਇਰੈਕਟਰ ਸਰਗਮ ਬਿੰਦ, ਪ੍ਰਿੰਸੀਪਲ ਨੀਤੀਮਾ ਪੁਰੀ ਨੇ ਵਿਦਿਆਰਥੀਆਂ, ਸਪੋਰਟਸ ਅਧਿਆਪਕ, ਕੋਚ ਤੇ ਸਮੂਹ ਸਟਾਫ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਵਿਦਿਆਰਥੀਆਂ ਦੀ ਇਸ ਉਪਲਬਧੀ ਨੇ ਇਲਾਕੇ ਵਿੱਚ ਪੜ੍ਹਾਈ ਦੇ ਨਾਲ ਖੇਡਾਂ ਵਿੱਚ ਵੀ ਸਕੂਲ ਦਾ ਨਾਂਅ ਰੋਸ਼ਨ ਕੀਤਾ ਹੈ।

## ਖ਼ੂਨਦਾਨ ਕੈਂਪ ਲਗਾਇਆ

**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਮਹਾਰਾਜਾ ਸ੍ਰ. ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਵੱਲੋਂ ਮਹਾਰਾਜਾ ਸ. ਜੱਸਾ ਸਿੰਘ ਰਾਮਗੜ੍ਹੀਆ ਜੀ ਦੇ ਜਨਮ ਦਿਹਾੜੇ ਤੇ ਸਵ. ਮਾਸਟਰ ਅਵਤਾਰ ਸਿੰਘ ਕੰਗ ਦੀ ਨਿੱਘੀ ਯਾਦ ਨੂੰ ਸਮਰਪਿਤ ਖ਼ੂਨਦਾਨ ਕੈਂਪ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਮੋਰਿੰਡਾ ਵਿਖੇ ਲਗਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਫੈਡਰੇਸ਼ਨ ਦੇ ਸਕੱਤਰ ਦਲਜੀਤ ਸਿੰਘ ਮੁੰਡੇ ਤੇ ਸਮਾਜ ਸੇਵੀ ਪਰਮਿੰਦਰ ਸਿੰਘ ਕੰਗ ਨੇ ਦੱਸਿਆ ਕਿ ਇਹ ਖ਼ੂਨਦਾਨ ਕੈਂਪ ਡੇਰਾ ਕਾਰ ਸੇਵਾ, ਪ੍ਰਬੰਧਕ ਕਮੇਟੀ, ਸ੍ਰੀ ਵਿਸ਼ਵਕਰਮਾ ਸਭਾ ਮੋਰਿੰਡਾ ਅਤੇ ਗੁਰਦੁਆਰਾ ਰਾਮਗੜ੍ਹੀਆ ਸਿੰਘ ਸਭਾ ਮੋਰਿੰਡਾ ਦੇ ਸਹਿਯੋਗ ਨਾਲ ਲਗਾਇਆ ਗਿਆ। ਇਸ ਖ਼ੂਨਦਾਨ ਕੈਂਪ ਵਿੱਚ ਬਲੱਡ ਬੈਂਕ ਜਰਨਲ ਹਸਪਤਾਲ ਸੈਕਟਰ 32 ਚੰਡੀਗੜ੍ਹ ਤੋਂ ਆਈ ਡਾਕਟਰਾਂ ਦੀ ਟੀਮ ਵੱਲੋਂ 34 ਯੂਨਿਟ ਇਕੱਤਰ ਕੀਤੇ ਗਏ। ਇਸ ਮੌਕੇ ਫੈਡਰੇਸ਼ਨ ਵੱਲੋਂ ਡਾਕਟਰਾਂ ਦੀ ਟੀਮ, ਪਤਵੰਤੇ ਸਜਣਾਂ ਅਤੇ ਖ਼ੂਨਦਾਨੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ।ਇਸ ਸਮਾਗਮ ਵਿੱਚ ਸਰਪ੍ਰਸਤ ਕੁਲਵੀਰ ਸਿੰਘ ਰੀਹਲ, ਪ੍ਰਧਾਨ ਬਿਕਰਮਜੀਤ ਸਿੰਘ ਸੋਹਨਪਾਲ, ਜਗਜੀਤ ਸਿੰਘ ਰੀਹਲ, ਜਸਪ੍ਰੀਤ ਸਿੰਘ ਕਲਸੀ, ਗੁਰਵਿੰਦਰ ਸਿੰਘ ਰੀਹਲ, ਗੁਰਪ੍ਰੀਤ ਸਿੰਘ ਬਿੰਬਰਾ, ਚਰਨਜੀਤ ਸਿੰਘ ਰੀਹਲ, ਡਾ ਤੇਜਿੰਦਰ ਸਿੰਘ ਬੋਬੀ, ਮਨਦੀਪ ਸਿੰਘ ਸੋਹਨਪਾਲ, ਜਸਵਿੰਦਰ ਸਿੰਘ ਮਠਾੜੂ, ਭੁਪਿੰਦਰ ਸਿੰਘ ਰੀਹਲ, ਤੇਜਿੰਦਰ ਸਿੰਘ ਕਲਸੀ, ਜਗਵਿੰਦਰ ਸਿੰਘ ਜੰਡੂ, ਨਿਹਾਲ ਸਿੰਘ ਕਲਸੀ, ਮਨਜੀਤ ਸਿੰਘ ਧੀਮਾਨ, ਅਵਤਾਰ ਸਿੰਘ ਵਿਰਦੀ, ਜਗਦੀਪ ਸਿੰਘ ਘਟੌੜੇ, ਦਰਸ਼ਨ ਸਿੰਘ ਸੋਹਨਪਾਲ, ਪਰਮਿੰਦਰ ਸਿੰਘ ਮਠਾੜੂ, ਗੁਰਪ੍ਰੀਤ ਸਿੰਘ ਲਾਲੀ, ਕੁਲਦੀਪ ਸਿੰਘ ਸੱਲ੍ਹ, ਬਲਵੀਰ ਸਿੰਘ ਬਿਲਖੂ, ਗੁਰਮੀਤ ਸਿੰਘ ਅਤੇ ਸ਼ਹਿਰ ਨਿਵਾਸੀ ਹਾਜ਼ਰ ਸਨ।

## ਸਕੂਲ ਨੂੰ ਪੱਖੇ ਦਾਨ ਕੀਤੇ



**ਆਦਮਪੁਰ (ਪਰਮਜੀਤ ਸਿੰਘ)**-ਸ੍ਰੀ ਗੁਰੂ ਰਵਿਦਾਸ ਵੈਲਫੇਅਰ ਸੁਸਾਇਟੀ (ਰਜਿ.) (ਪੰਜਾਬ) ਬਲਾਕ ਆਦਮਪੁਰ ਦੋਆਬਾ (ਜਲੰਧਰ) ਤੇ ਰਵਿਦਾਸੀਆ ਧਰਮ ਪ੍ਰਚਾਰ ਕਮੇਟੀ (ਰਜਿ.) (ਪੰਜਾਬ) ਬਲਾਕ ਆਦਮਪੁਰ ਦੇ ਪ੍ਰਧਾਨ ਹੰਸ ਰਾਜ (ਐਮ ਈ ਐਸ) ਤੇ ਸੁਰਿੰਦਰ ਕੁਮਾਰ ਦੀ ਅਗਵਾਈ ਹੇਠ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 650 ਵਾ ਪ੍ਰਕਾਸ਼ ਉਤਸਵ ਨੂੰ ਸਮਰਪਿਤ ਸਰਕਾਰੀ ਪ੍ਰਾਇਮਰੀ ਮਾਡਲ ਸਮਾਰਟ ਸਕੂਲ ਆਦਮਪੁਰ ਨੂੰ ਪੱਖਿਆਂ ਦੀ ਸੇਵਾ ਅਤੇ ਬਚਿਆਂ ਨੂੰ ਕਾਪੀ ਅਤੇ ਪੈਨ ਅਤੇ ਖਾਣ ਪੀਣ ਦਾ ਸਮਾਨ ਵੀ ਵੰਡਿਆ ਗਿਆ।ਇਸ ਮੌਕੇ ਤੇ ਸਾਰੇ ਕਮੇਟੀ ਮੈਂਬਰ ਅਤੇ ਸਕੂਲ ਦੇ ਸਟਾਫ ਵੀ ਹਾਜ਼ਰ ਸਨ।ਇਸ ਮੌਕੇ ਤੇ ਪ੍ਰਧਾਨ ਹੰਸ ਰਾਜ,ਸੈਕਟਰੀ ਸੁਰਿੰਦਰ ਬੱਧਣ, ਕੈਸ਼ੀਅਰ ਸੁਰੇਸ਼ ਕੁਮਾਰ, ਲਛਮਣ ਦਾਸ, ਬਨਾਰਸੀ ਦਾਸ, ਪਰਮਜੀਤ, ਸੋਹਣ ਲਾਲ, ਪੰਪਾ, ਜੀਵਨ ਰਾਮ, ਮਨਜੀਤ ਕੁਮਾਰ, ਲਛਮੀ, ਖੁਰਦਪੁਰ ਦੇ ਸਰਪੰਚ ਸੋਨੀਆ, ਪੰਚ ਜਸਵਿੰਦਰ ਸਿੰਘ, ਪੰਚ ਗੁਲਜ਼ਾਰ ਰਾਜ ਖੁਰਦਪੁਰ, ਸਟਾਫ ਇੰਚਾਰਜ ਰਾਜਵਿੰਦਰ ਕੌਰ, ਮੰਜੂ ਰਜਲ, ਸੋਹਣ ਲਾਲ, ਨੀਤੂ ਥਾਪਰ, ਦੀਪਕ ਸ਼ਰਮਾ, ਕੁਲਜੀਤ ਕੌਰ ਆਸ਼ਾ, ਗੀਤਾ ਦੇਵੀ, ਆਂਗਣਵਾੜੀ ਸਟਾਫ ਹਰਵਿੰਦਰ ਕੌਰ, ਸਰਬਜੀਤ ਕੌਰ, ਹਰਪ੍ਰੀਤ ਸਰੋਜ ਤੇ ਹੋਰ ਮੈਂਬਰ ਹਾਜ਼ਰ ਸਨ।

# ਵਿਧਾਇਕ ਨੇ ਖੇਡ ਗਰਾਊਂਡ ਲੋਕਾਂ ਨੂੰ ਕੀਤਾ ਸਮਰਪਤ

**ਮੁਹਾਲੀ (ਗੁਰਜੀਤ ਬਿੱਲਾ)**

ਵਿਧਾਇਕ ਕੁਲਵੰਤ ਸਿੰਘ ਨੇ ਪਿੰਡ ਮਾਨਕਮਾਜਰਾ ਵਿਖੇ ਮੁੱਖ ਮੰਤਰੀ ਖੇਡ ਗਰਾਊਂਡ ਯੋਜਨਾ ਦੇ ਤਹਿਤ ਬਣੇ ਖੇਡ ਗਰਾਊਂਡ ਨੂੰ ਲੋਕਾਂ ਦੇ ਸਮਰਪਿਤ ਕੀਤਾ। ਵਿਧਾਇਕ ਕੁਲਵੰਤ ਸਿੰਘ ਨੇ ਪਿੰਡ



ਮਾਨਕਮਾਜਰਾ ਵਿਖੇ 30 ਲੱਖ ਰੁਪਏ ਦੀ ਲਾਗਤ ਨਾਲ ਬਣੇ ਇਸ ਖੇਡ ਗਰਾਊਂਡ ਦਾ ਰਸਮੀ ਉਦਘਾਟਨ ਕਰਨ ਦੇ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ ਗਈ -ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਤਹਿਤ ਹੀ ਖੇਡ ਗਰਾਊਂਡ ਪੂਰੇ ਪੰਜਾਬ ਦੇ ਵਿੱਚ ਬਣਾਏ ਜਾ ਰਹੇ ਹਨ, ਜਿਨਾਂ ਵਿੱਚੋਂ ਪਹਿਲੇ ਪੜਾਅ ਵਿੱਚ 3000 ਖੇਡ ਗਰਾਊਂਡ ਬਣਾਏ ਜਾ ਰਹੇ ਹਨ, ਉਸ ਤੋਂ ਬਾਅਦ ਦੂਜੇ ਪੜਾਅ ਵਿੱਚ 3000 ਹੋਰ ਅਤੇ ਇੱਥੋਂ ਤੱਕ ਕਿ ਪੰਜਾਬ ਦੇ 12 ਤੋਂ ਵੀ ਵੱਧ ਪਿੰਡਾਂ ਦੇ ਵਿੱਚ ਖੇਡ ਗਰਾਊਂਡਾਂ ਨੂੰ ਬਣਾਏ ਜਾਣ ਦੀ ਯੋਜਨਾ ਤੇ ਕੰਮ ਕੀਤਾ ਜਾ ਰਿਹਾ ਹੈ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਜਿਸ ਤਰ੍ਹਾਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਤਹਿਤ ਨਸ਼ਾ ਵੇਚਣ ਵਾਲਿਆਂ ਦੇ ਵਿਰੁੱਧ ਸ਼ਿਕੰਜਾ ਕਸਿਆ ਜਾ ਰਿਹਾ, ਉਸੇ ਤਰ੍ਹਾਂ ਜਿਨਾਂ ਬੱਚਿਆਂ ਅਤੇ ਨੌਜਵਾਨ ਪੀੜੀ ਨੂੰ ਇਹ ਨਸ਼ਾ ਸਪਲਾਈ ਕੀਤਾ ਜਾਂਦਾ ਹੈ, ਉਹਨਾਂ ਨੂੰ ਨਸ਼ਿਆਂ ਤੋਂ ਬਚਾਉਣ ਦੇ ਲਈ ਅਤੇ ਉਹਨਾਂ ਨੂੰ ਸਿਹਤਯਾਬ ਰੱਖਣ ਦੇ ਲਈ ਇਹਨਾਂ ਖੇਡ ਗਰਾਊਂਡਾਂ ਨੂੰ ਬਣਾਇਆ ਜਾ ਰਿਹਾ ਹੈ, ਤਾਂ ਕਿ ਉਹ ਨਸ਼ਿਆਂ ਦੀ ਦਲਦਲ ਵਿੱਚ ਫਸਣ ਦੀ ਥਾਂ ਤੇ ਆਪਣਾ ਵਿਹਲਾ ਸਮਾਂ ਖੇਡ ਗਰਾਊਂਡ ਵਿੱਚ ਬਿਤਾਉਣ।

## ਪੰਜਾਬ ਪੈਨਸ਼ਨਰ ਐਸੋਸੀਏਸ਼ਨ ਵੱਲੋਂ ਕਾਨਫਰੰਸ 17 ਨੂੰ

**ਨੰਗਲ**-ਪੰਜਾਬ ਪੈਨਸ਼ਨਰ ਐਸੋਸੀਏਸ਼ਨ ਦੀ ਨੰਗਲ ਇਕਾਈ ਦੀ ਮਹੀਨਾ ਵਾਰ ਮੀਟਿੰਗ ਭੜੋਲੀਆਂ ਭਵਨ ਵਿਖੇ ਐਸੋਸੀਏਸ਼ਨ ਦੇ ਪ੍ਰਧਾਨ ਤਰਸੇਮ ਲਾਲ ਸੈਣੀ ਭਨਾਮ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਵੱਖ-ਵੱਖ ਮਹਿਕਮਿਆ ਵਿਭਾਗਾਂ ਦੇ ਪੈਨਸ਼ਨਰ ਆਗੂਆਂ ਨੇ ਰੋਸ ਪ੍ਰਗਟ ਕੀਤਾ ਕਿ ਨਾ ਤਾਂ ਸਾਨੂੰ ਅਪ੍ਰੈਲ ਮਹੀਨੇ ਦੀ ਪੈਨਸ਼ਨ ਹੀ ਮਿਲੀ ਹੈ ਤੇ ਨਾ ਹੀ ਪੇ ਕਮਿਸ਼ਨ ਦੇ ਬਕਾਏ ਦੀ ਅਪ੍ਰੈਲ ਵਾਲੀ ਕਿਸ਼ਤ ਮਿਲੀ ਹੈ। ਪੈਨਸ਼ਨਾਂ ਦੀ ਅਪੀਲ ਹੈ ਕਿ ਅਪ੍ਰੈਲ ਮਹੀਨੇ ਦੀ ਪੈਨਸ਼ਨ ਤੇ ਪੇ ਕਮਿਸ਼ਨ ਦੇ ਬਕਾਏ ਵਾਲੀ ਅਪ੍ਰੈਲ ਦੀ ਕਿਸ਼ਤ ਜਲਦੀ ਦਿੱਤੀ ਜਾਵੇ। ਮਾਨਯੋਗ ਹਾਈਕੋਰਟ ਦਾ ਫੈਸਲਾ ਹੈ ਕਿ ਮੁਲਾਜ਼ਮ ਪੈਨਸ਼ਨਰਾਂ ਦੇ ਡੀ ਏ ਅਤੇ ਪੇ ਕਮਿਸ਼ਨ ਦੇ ਬਕਾਏ 30 ਜੂਨ ਤੱਕ ਦਿੱਤੇ ਜਾਣ। ਮੁਲਾਜ਼ਮਾਂ ਤੇ ਪੈਨਸ਼ਨਾਂ ਵੱਲੋਂ ਵੱਡੇ ਸੰਘਰਸ਼ ਦੀ ਤਿਆਰੀ ਕੀਤੀ ਜਾ ਰਹੀ ਹੈ। ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ 17 ਮਈ ਨੂੰ ਜਲੰਧਰ ਵਿਖੇ ਇੱਕ ਵੱਡੀ ਕਾਨਫਰੰਸ ਕਰਕੇ ਅਗਲੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। ਮੀਟਿੰਗ ਵਿੱਚ ਐਸੋਸੀਏਸ਼ਨ ਦੇ ਜਨਰਲ ਸਕੱਤਰ ਕਸ਼ਮੀਰੀ ਲਾਲ, ਪ੍ਰੈੱਸ ਸਕੱਤਰ ਹਰਜਾਪ ਸਿੰਘ ਪਲਾਸੀ, ਵਿੱਤ ਸਕੱਤਰ ਗੁਰਚਰਨ ਕੁਮਾਰ, ਦੌਲਤ ਰਾਮ, ਸੀਨੀਅਰ ਮੀਤ ਪ੍ਰਧਾਨ ਪ੍ਰੀਤਮ ਸਿੰਘ ਰੱਕੜ, ਫਕੀਰ ਚੰਦ ਬੰਸਲ, ਜਰਨੈਲ ਸਿੰਘ ਸੰਧੂ, ਪਰਮਜੀਤ ਸਿੰਘ ਪਲਾਸੀ, ਗੰਗਾ ਪ੍ਰਸ਼ਾਦ, ਵਿਜੇ ਕੁਮਾਰ, ਹਰੀ ਚੰਦ, ਭਜਨ ਸਿੰਘ ਐਲਗਰਾ, ਪ੍ਰਿੰਸੀਪਲ ਸੁਖਦੇਵ ਸਿੰਘ, ਕਸ਼ਮੀਰੀ ਲਾਲ ਸੰਤੋਖਗੜ, ਬਖਸ਼ੀ ਰਾਮ, ਰੋਸ਼ਨ ਸਿੰਘ, ਅਨਿਲ ਕੁਮਾਰ ਐਰੀ, ਅਜੀਤ ਸਿੰਘ ਮਾਨ ਹਾਜ਼ਰ ਸਨ।

# ਵਿਧਾਨ ਸਭਾ ਚੋਣਾਂ 'ਚ ਭਾਜਪਾ ਦੀ ਜਿੱਤ 'ਤੇ ਜਸ਼ਨ ਮਨਾਇਆ

**ਬਲਾਚੌਰ/ ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਭਾਰਤੀ ਜਨਤਾ ਪਾਰਟੀ ਬਲਾਚੌਰ ਦੇ ਮੁੱਖ ਦਫ਼ਤਰ ਵਿਖੇ ਪਾਰਟੀ ਦੇ ਸਮੂਹ ਕਾਰਜਕਰਤਾਵਾਂ ਵੱਲੋਂ ਜ਼ਿਲ੍ਹਾ ਪ੍ਰਧਾਨ



ਰਾਜਵਿੰਦਰ ਸਿੰਘ ਲੱਕੀ ਦੀ ਪ੍ਰਧਾਨਗੀ ਹੇਠ ਬੰਗਾਲ, ਅਸਾਮ ਅਤੇ ਪੁਡੂਚੇਰੀ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪਾਰਟੀ ਦੇ ਸ਼ਾਨਦਾਰ ਪ੍ਰਦਰਸ਼ਨ ਅਤੇ ਇਤਿਹਾਸਕ ਜਿੱਤ ਦਾ ਜਸ਼ਨ ਮਨਾਇਆ ਗਿਆ। ਇਸ ਮੌਕੇ ਭਾਰੀ ਗਿਣਤੀ ਵਿੱਚ ਇਕੱਠੇ ਹੋਏ ਭਾਜਪਾ ਆਗੂਆਂ ਅਤੇ ਵਰਕਰਾਂ ਨੇ ਢੋਲ ਦੀਆਂ ਤਾਲਾਂ 'ਤੇ ਭੰਗੜੇ ਪਾਏ ਅਤੇ ਇੱਕ-ਦੂਜੇ ਦਾ ਮੂੰਹ ਮਿੱਠਾ ਕਰਵਾ ਕੇ ਖ਼ੁਸ਼ੀ ਸਾਂਝੀ ਕੀਤੀ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਨੇ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬੰਗਾਲ, ਅਸਾਮ, ਪੁਡੂਚੇਰੀ ਦੀ ਜਿੱਤ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਦੇਸ਼ ਦੀ ਜਨਤਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਲੋਕ-ਪੱਖੀ ਨੀਤੀਆਂ ਵਿੱਚ ਪੂਰਨ ਵਿਸ਼ਵਾਸ ਰੱਖਦੀ ਹੈ। ਇਸ ਪ੍ਰੋਗਰਾਮ ਦੌਰਾਨ ਪਾਰਟੀ ਦੇ ਵੱਖ-ਵੱਖ ਅਹੁਦੇਦਾਰਾਂ ਵਰਿੰਦਰ ਕੌਰ ਥਾਂਦੀ, ਸੰਦੀਪ ਭਾਟੀਆ ਸੋਨੂੰ ਨੇ ਵੀ ਆਪਣੇ ਵਿਚਾਰ ਰੱਖੇ ਤੇ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਨੂੰ ਘਰ-ਘਰ ਤੱਕ ਪਹੁੰਚਾਉਣ ਦਾ ਪ੍ਰਣ ਲਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਥਾਨਕ ਇਕਾਈ ਦੇ ਸੀਨੀਅਰ ਆਗੂ ਜਸਵੰਤ ਸਿੰਘ ਕੰਗਣਾ, ਰਾਣਾ ਨਰਦੇਵ ਸਿੰਘ, ਪਰਵੀਨ ਪੁਰੀ, ਬਾਬਾ ਗੁਰਮੀਤ ਸਿੰਘ ਬਕਾਪੁਰ, ਮਨੋਹਰ ਲਾਲ ਆਨੰਦ, ਗੁਰਪਾਲ ਸਿੰਘ ਧੌਲ, ਰਵੀ ਰਾਣਾ, ਪਰਮਜੀਤ ਸੁਦੇਰਾ, ਸੰਦੀਪ ਭੁਬਲਾ ਸੂਰਾਪੁਰ, ਨੰਦ ਕਿਸ਼ੋਰ, ਪੰਕਜ ਕੁਮਾਰ, ਮਨੋਹਰ ਲਾਲ ਓਹਰੀ, ਹੁਸਨ ਲਾਲ ਮੇਹਰ, ਸੁਰਿੰਦਰ ਪਾਲ ਵਰਮਾ, ਵਰਿੰਦਰ ਰਜਵਾੜਾ, ਕਾਲਾ ਡੇਅਰੀ, ਵਿਸ਼ਵ ਵਿਜੇ, ਵਿਜੇ ਤਕਰਲਾ, ਸੋਨੀ ਗੜ੍ਹੀ,ਅਤੇ ਵੱਡੀ ਗਿਣਤੀ ਵਿੱਚ ਵਰਕਰ ਮੌਜੂਦ ਸਨ।

## ਹਰਪ੍ਰੀਤ ਸੋਨੀ ਸੂਬਾ ਸਕੱਤਰ ਨਿਯੁਕਤ

**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਕਾਂਗਰਸ ਹਾਈਕਮਾਂਡ ਵੱਲੋਂ ਸੀਨੀਅਰ ਕਾਂਗਰਸੀ ਆਗੂ



ਹਰਪ੍ਰੀਤ ਸਿੰਘ ਸੋਨੀ ਨੂੰ ਪੰਜਾਬ ਪ੍ਰਦੇਸ਼ ਕਾਂਗਰਸ (ਐਸ ਸੀ ਵਿੰਗ) ਦਾ ਸੂਬਾ ਸਕੱਤਰ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਨਵ ਨਿਯੁਕਤ ਸਕੱਤਰ ਹਰਪ੍ਰੀਤ ਸਿੰਘ ਸੋਨੀ ਨੇ ਇਸ ਨਿਯੁਕਤੀ ਲਈ ਕਾਂਗਰਸ ਪਾਰਟੀ (ਐਸ ਸੀ ਵਿੰਗ) ਦੇ ਕੌਮੀ ਚੇਅਰਮੈਨ ਰਾਜਿੰਦਰ ਪਾਲ ਗੌਤਮ,ਪੰਜਾਬ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਲੱਕੀ ਪੱਖੋਂ,ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਸਮੁੱਚੀ ਕਾਂਗਰਸ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਐਸ ਸੀ ਭਾਈਚਾਰਾ ਹਮੇਸ਼ਾ ਹੀ ਕਾਂਗਰਸ ਪਾਰਟੀ ਦੇ ਨਾਲ ਚਟਾਨ ਵਾਂਗ ਖੜਾ ਹੈ।ਆਉਣ ਵਾਲੀਆਂ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਵਿੱਚ ਐਸ ਸੀ ਵਰਗ ਦਾ ਅਹਿਮ ਯੋਗਦਾਨ ਹੋਵੇਗਾ।

## ਮੁਫ਼ਤ ਸਿਲਾਈ ਸੈਂਟਰ ਦਾ ਉਦਘਾਟਨ



**ਮੋਹਾਲੀ (ਗੁਰਜੀਤ ਬਿੱਲਾ)**-ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਤੇ ਜ਼ਿਲ੍ਹਾ ਪ੍ਰਧਾਨ ਪਰਵਿੰਦਰ ਸਿੰਘ ਸੋਹਾਣਾ ਵੱਲੋਂ ਪਿੰਡ ਬਠਲਾਣਾ ਵਿਖੇ ਹਲਕਾ ਮੋਹਾਲੀ ਦੀਆਂ ਧੀਆਂ-ਭੈਣਾਂ ਨੂੰ ਹੁਨਰਮੰਦ ਬਣਾਉਣ ਦੇ ਮਕਸਦ ਨਾਲ ਮੁਫ਼ਤ ਸਿਲਾਈ ਸੈਂਟਰ ਦਾ ਰਸਮੀ ਉਦਘਾਟਨ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀਆਂ ਅਤੇ ਬੀਬੀਆਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਸਮਾਗਮ ਦੌਰਾਨ ਸੰਬੋਧਨ ਕਰਦਿਆਂ ਪਰਵਿੰਦਰ ਸਿੰਘ ਸੋਹਾਣਾ ਨੇ ਕਿਹਾ ਕਿ ਰਾਜ ਨਹੀਂ ਸੇਵਾ ਦੇ ਸੰਕਲਪ ਨੂੰ ਅੱਗੇ ਵਧਾਉਂਦੇ ਹੋਏ ਇਹ ਸੈਂਟਰ ਖੋਲ੍ਹਿਆ ਗਿਆ ਹੈ। ਉਨ੍ਹਾਂ ਕਿਹਾ ਕਿ ਮਹਿੰਗਾਈ ਦੇ ਦੌਰ ਵਿੱਚ ਔਰਤਾਂ ਦਾ ਆਰਥਿਕ ਤੌਰ 'ਤੇ ਸੁਤੰਤਰ ਹੋਣਾ ਬੇਹੱਦ ਜ਼ਰੂਰੀ ਹੈ। ਇਸ ਸੈਂਟਰ ਵਿੱਚ ਮਾਹਿਰ ਟ੍ਰੇਨਰਾਂ ਵੱਲੋਂ ਬਿਨਾਂ ਕਿਸੇ ਫੀਸ ਦੇ ਸਿਲਾਈ ਅਤੇ ਕਢਾਈ ਦੀ ਸਿਖਲਾਈ ਦਿੱਤੀ ਜਾਵੇਗੀ।

# ਅਧਿਆਪਕ ਜਥੇਬੰਦੀਆਂ ਨੇ ਮੰਗਾਂ ਸੰਬੰਧੀ ਡਿਪਟੀ ਕਮਿਸ਼ਨਰ ਨੂੰ ਦਿੱਤਾ ਮੰਗ ਪੱਤਰ



**ਜਲੰਧਰ (ਕੇਸਰ)**

ਪੰਜਾਬ ਦੀਆਂ 6 ਪ੍ਰਮੁੱਖ ਸੰਘਰਸ਼ਸ਼ੀਲ ਅਧਿਆਪਕ ਜਥੇਬੰਦੀਆਂ ਦੇ ਸੱਦੇ 'ਤੇ ਜ਼ਿਲ੍ਹਾ ਜਲੰਧਰ ਦੇ ਡਿਪਟੀ ਕਮਿਸ਼ਨਰ ਨੂੰ ਆਪਣੀਆਂ ਮੰਗਾਂ ਸਬੰਧੀ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਇਕੱਠੇ ਹੋਏ ਅਧਿਆਪਕਾਂ ਨੂੰ ਸੰਬੋਧਨ ਕਰਦੇ ਹੋਏ ਅਧਿਆਪਕ ਜਥੇਬੰਦੀਆਂ ਦੇ ਆਗੂਆਂ ਅਵਤਾਰ ਲਾਲ ਜ਼ਿਲ੍ਹਾ ਸਕੱਤਰ ਡੀ ਟੀ ਐਫ, ਵਿਕਾਸ ਪੁਰੀ ਮੈਰੀਟੋਰੀਅਸ ਟੀਚਰ ਯੂਨੀਅਨ, ਗੁਰਮੇਲ ਸਿੰਘ 4161 ਅਧਿਆਪਕ ਯੂਨੀਅਨ ਪੰਜਾਬ, ਰਾਕੇਸ਼ ਕੁਮਾਰ ਅਤੇ ਦਲਵੀਰ ਸਿੰਘ 3704 ਅਧਿਆਪਕ ਯੂਨੀਅਨ ਨੇ ਕਿਹਾ ਕਿ ਸਰਕਾਰ ਦੇ ਪੰਜ ਸਾਲ ਪੂਰੇ ਹੋਣ ਵਾਲੇ ਹਨ ਪਰ ਅਧਿਆਪਕਾਂ ਦੀ ਮੰਗਾਂ ਜਿਉਂ ਦੀਆਂ ਤਿਉਂ ਖੜੀਆਂ ਹਨ।ਇਸ ਮੌਕੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਅਤੇ 17-07-20 ਤੋ ਬਾਅਦ ਭਰਤੀ ਜਥੇਬੰਦੀਆਂ 3704, 2392, 6635, 4161ਅਤੇ ਮੈਰੀਟੋਰੀਅਸ ਟੀਚਰਜ਼ ਯੂਨੀਅਨ ਪੰਜਾਬ ਅਤੇ ਜੀ ਟੀ ਯੂ ਦੇ ਸਮੂਹ ਆਗੂਆਂ ਵੱਲੋਂ ਸ਼ਮੂਲੀਅਤ ਕੀਤੀ ਗਈ।ਇਸ ਮੌਕੇ ਅਧਿਆਪਕ ਜਥੇਬੰਦੀਆਂ ਵੱਲੋਂ ਆਪਣੀਆਂ ਮੰਗਾਂ ਲੈ ਕੇ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦਿੱਤਾ। ਆਪਣੇ ਮਸਲੇ ਹੱਲ ਕਰਵਾਉਣ ਲਈ ਸੰਘਰਸ਼ ਦੀ ਅਗਲੀ ਰਣਨੀਤੀ 'ਤੇ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਅਧਿਆਪਕ ਆਗੂਆਂ ਅਵਤਾਰ ਲਾਲ, ਵਿਕਾਸ ਪੁਰੀ, ਗੁਰਮੇਲ ਸਿੰਘ ਕੁਲਰੀਆਂ, ਕੁਲਦੀਪ ਸਿੰਘ ਕੌੜਾ, ਤੀਰਥ ਸਿੰਘ ਬਾਸੀ, ਵੇਦ ਰਾਜ, ਰਕੇਸ਼ ਕੁਮਾਰ ਨੇ ਦੱਸਿਆ ਕਿ ਪੰਜਾਬ ਸਰਕਾਰ ਆਪਣੇ ਚੋਣ ਮੈਨੀਫੈਸਟੋ ਵਿੱਚ ਪੰਜਾਬ ਦੇ ਪੇ ਸਕੇਲ ਲਾਗੂ ਕਰਨ ਤੇ ਪੁਰਾਣੀ ਪੈਨਸ਼ਨ ਬਹਾਲ ਕਰਨ ਦੇ ਮੁੱਖ ਮੁੱਦੇ ਵਜੋਂ ਲੈ ਕੇ ਆਈ ਸੀ, ਜਿਸ ਕਰਕੇ ਅਧਿਆਪਕਾਂ ਅਤੇ ਹੋਰ ਮੁਲਾਜ਼ਮਾਂ ਵੱਲੋਂ ਇਹਨਾਂ ਨੂੰ ਭਰਮੀ ਹਮਾਇਤ ਦੇ ਕੇ ਵੋਟਾਂ ਵਿੱਚ ਜਿੱਤ ਹਾਸਿਲ ਕਰਵਾਈ ਸੀ। ਪਰ ਸਰਕਾਰ ਵੱਲੋਂ ਲਗਭਗ ਚਾਰ ਸਾਲ ਤੋਂ ਉੱਪਰ ਦਾ ਸਮਾਂ ਬੀਤ ਜਾਣ ਤੋਂ ਬਾਅਦ ਵੀ ਕੀਤੇ ਗਏ ਚੋਣ ਵਾਅਦੇ ਪੂਰੇ ਨਹੀਂ ਕੀਤੇ ਗਏ। ਇਸ ਸਬੰਧੀ ਅਧਿਆਪਕ ਆਗੂਆਂ ਹਰਪ੍ਰੀਤ ਸਿੰਘ, ਦਲਵੀਰ ਸਿੰਘ, ਮਨਪ੍ਰੀਤ ਕੌਰ, ਅਮਨਦੀਪ ਕੌਰ ਨੇ ਦੱਸਿਆ ਕਿ 11 ਮਈ ਨੂੰ ਸਿੱਖਿਆ ਵਿਭਾਗ ਦੇ ਮੁੱਖ ਦਫ਼ਤਰ ਡੀ ਪੀ ਆਈ ਦਫਤਰ ਮੋਹਾਲੀ ਵਿਖੇ ਅਧਿਆਪਕਾਂ ਦਾ ਇੱਕ ਮਾਸ ਡੈਪੂਟੇਸ਼ਨ ਆਪਣੀਆਂ ਮੰਗਾਂ ਸਬੰਧੀ ਮੰਗ ਪੱਤਰ ਦੇਵੇਗਾ। ਇਸ ਮੌਕੇ ਸਤਨਾਮ ਸਿੰਘ, ਕਵਿਤਾ ਮਿਨਹਾਸ, ਮਨੀਸ਼ਾ, ਪ੍ਰਭਜੋਤ ਕੌਰ, ਸਾਈਲਾ, ਰਮਨ ਕੁਮਾਰੀ ਸਮੇਤ ਬਹੁਤ ਸਾਰੇ ਅਧਿਆਪਕ ਸ਼ਾਮਲ ਸਨ।

## ਪੀ ਸੀ ਐੱਸ ਅਧਿਕਾਰੀ ਨੇ ਡਿਊਟੀ ਸੰਭਾਲਣ ਉਪਰੰਤ ਕੀਤਾ ਖ਼ੂਨਦਾਨ

**ਨਵਾਂਸ਼ਹਿਰ (ਮਨੋਜ ਲਾਡੀ)**-ਜ਼ਿਲ੍ਹੇ ਵਿੱਚ ਤਬਦੀਲ ਹੋ ਕੇ ਪਧਾਰੇ ਪੀ ਐੱਸ ਅਧਿਕਾਰੀ ਰਮਨਜੀਤ ਵੱਲੋਂ ਆਪਣੀ ਨਵੀਂ ਡਿਊਟੀ ਸੰਭਾਲਣ ਉਪਰੰਤ ਖ਼ੂਨਦਾਨ ਕਰਨ ਦੀ ਇੱਛਾ ਜਾਹਰ ਕੀਤੀ ਤਾਂ ਅਧੀਨ ਸਟਾਫ ਵਲੋਂ ਉਹਨਾਂ ਨੂੰ ਬੀ ਡੀ ਸੀ ਬਲੱਡ ਸੈਂਟਰ ਬਾਰੇ ਜਾਣਕਾਰੀ ਦਿੱਤੀ ਗਈ। ਇਸ ਤਰ੍ਹਾਂ ਉਹ ਆਪਣੀ ਧਰਮਪਤਨੀ ਅੰਜਲੀ ਸ਼ਰਮਾ ਤੀ ਹਰਪਾਲ ਸਿੰਘ ਸਕੱਤਰ ਰੈਡ ਕਰਾਸ ਨਾਲ ਬੀ ਡੀ ਸੀ ਪੁੱਜੇ ਜਿੱਥੇ ਪ੍ਰਧਾਨ ਐਸ ਕੇ ਸਰੀਨ, ਸਕੱਤਰ ਜੇ ਐਸ ਗਿੱਦਾ, ਡਾ.ਅਜੇ ਬੱਗਾ, ਐਡਵੋਕੇਟ ਨੋਬਲ ਸਰੀਨ, ਮੈਨੇਜਰ ਮਨਮੀਤ ਸਿੰਘ, ਦਫਤਰੀ ਸਕੱਤਰ ਨਰਿੰਦਰਪਾਲ ਤੂਰ ਤੇ ਸਟਾਫ ਨੇ ਉਹਨਾਂ ਦਾ ਸਵਾਗਤ ਕੀਤਾ। ਬੀ ਡੀ ਸੀ ਤੋਂ ਦਿਨ ਰਾਤ ਖ਼ੂਨਦਾਨ ਸੇਵਾ ਬਾਰੇ ਜਾਣਕਾਰੀ ਸਾਂਝੀ ਕਰਨ ਉਪਰੰਤ ਡਾ. ਅਜੇ ਬੱਗਾ ਦੀ ਨਿਗਰਾਨੀ ਹੇਠ ਉਹਨਾਂ ਖ਼ੂਨਦਾਨ ਕੀਤਾ। ਇਸ ਮੌਕੇ ਉਹਨਾਂ ਦੱਸਿਆ ਕਿ ਉਹਨਾਂ ਨੂੰ ਜਦ ਵੀ ਨਵੀਂ ਡਿਊਟੀ ਮਿਲਦੀ ਹੈ ਤਾਂ ਉਹ ਖ਼ੂਨਦਾਨ ਕਰਦੇ ਹਨ। ਇਸ ਨਾਲ ਮੰਨ ਨੂੰ ਸਤੁੰਸ਼ਟੀ ਮਿਲਦੀ ਹੈ।

# ਢੰਗਰਾਲੀ ਵਿਖੇ ਕੰਕਰੀਟ ਪਲਾਂਟ ਨਹੀਂ ਲੱਗੇਗਾ : ਡਾਕਟਰ ਚਰਨਜੀਤ ਸਿੰਘ



**ਮੋਰਿੰਡਾ (ਨਿਹਾਲ ਸਿੰਘ ਕਲਸੀ)**

ਪਿੰਡ ਖੈਰਪੁਰ ਤੇ ਢੰਗਰਾਲੀ ਵਿੱਚ ਲਗਾਏ ਜਾ ਰਹੇ ਆਰ ਐਮ ਸੀ ਪਲਾਂਟ ਦੇ ਵਿਰੁੱਧ ਪਿੰਡ ਵਾਸੀਆਂ ਵੱਲੋਂ ਦਿੱਤਾ ਜਾ ਗਿਆ ਧਰਨਾ 12ਵੇਂ ਦਿਨ ਵਿੱਚ ਦਾਖਲ ਹੋਇਆ।ਰੋਸ ਧਰਨੇ 'ਚ ਹਲਕਾ ਵਿਧਾਇਕ ਡਾਕਟਰ ਚਰਨਜੀਤ ਸਿੰਘ ਵਿਸ਼ੇਸ਼ ਤੌਰ ਤੇ ਪੁੱਜੇ। ਉਨ੍ਹਾਂ ਨੇ ਧਰਨਾਕਾਰੀਆਂ ਨਾਲ ਗਲਬਾਤ ਕੀਤੀ। ਧਰਨੇ ਨੂੰ ਸੰਬੋਧਨ ਕਰਦਿਆਂ ਡਾ. ਚਰਨਜੀਤ ਸਿੰਘ ਨੇ ਆਖਿਆ ਕਿ ਜੇ ਪਿੰਡ ਵਾਸੀ ਹੀ ਨਹੀਂ ਚਾਹੁੰਦੇ ਹਨ ਕਿ ਇਸ ਪਿੰਡ ਵਿੱਚ ਤਾਂ ਆਰ ਐੱਮ ਸੀ ਪਲਾਂਟ ਇਸ ਪਿੰਡ ਵਿੱਚ ਨਹੀਂ ਲਾਇਆ ਜਾਵੇਗਾ। ਉਹਨਾਂ ਨੇ ਸੰਬੋਧਨ ਦੌਰਾਨ ਕਿਹਾ ਭਾਵੇਂ ਇੰਡਸਟਰੀ ਰੁਜ਼ਗਾਰ ਦਾ ਵਸੀਲਾ ਹੁੰਦੀ ਹੈ। ਪਰ ਜਦੋਂ ਮਨੁੱਖੀ ਸਿਹਤ ਅਤੇ ਲੋਕਾਂ ਦੇ ਜਨ ਜੀਵਨ ਦੀ ਗੱਲ ਹੋਵੇ ਤਾਂ ਮਨੁੱਖੀ ਸਿਹਤ ਅਤੇ ਭਵਿੱਖ ਨੂੰ ਹੀ ਪਹਿਲ ਦਿੱਤੀ ਜਾਣੀ ਚਾਹੀਦੀ ਹੈ। ਇਸ ਕਰਕੇ ਮੈਂ ਪਿੰਡ ਵਾਸੀਆਂ ਨੂੰ ਭਰੋਸਾ ਦਿਵਾਉਂਦਾ ਹਾਂ ਕਿ ਆਰ ਐੱਮ ਸੀ ਪਲਾਂਟ ਨਹੀਂ ਲੱਗਾਇਆ ਜਾਵੇਗਾ। ਉਹਨਾਂ ਭਾਸ਼ਣ ਦੌਰਾਨ ਮੰਨਿਆ ਕਿ ਜਿੱਥੇ ਕੰਕਰੀਟ ਰੇਤਾ ਸੀਮਿੰਟ ਦਾ ਕੰਮ ਹੋਣਾ ਹੈ ਉੱਥੇ ਪ੍ਰਦੂਸ਼ਣ ਦਾ ਹੋਣਾ ਸੁਭਾਵਿਕ ਗੱਲ ਹੈ। ਇਸ ਮੌਕੇ ਸੰਘਰਸ਼ ਕਮੇਟੀ ਦੇ ਆਗੂ ਸਵਰਨ ਸਿੰਘ ਢੰਗਰਾਲੀ ਨੇ ਉਨ੍ਹਾਂ ਨੂੰ ਕੰਕਰੀਟ ਮਿਕਸਰ ਪਲਾਂਟ ਲੱਗਣ ਨਾਲ ਪੈਦਾ ਹੋਣ ਵਾਲੀਆਂ ਸਮੱਸਿਆਵਾਂ ਦੀ ਜਾਣਕਾਰੀ ਦਿੱਤੀ। ਅੰਤ ਵਿੱਚ ਬਹਾਦਰ ਸਿੰਘ ਨੇ ਹਲਕਾ ਵਿਧਾਇਕ ਸਮੇਤ ਸਮੁੱਚੇ ਪਤਵੰਤਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਜਿੰਦਰ ਸਿੰਘ ਖਟੜਾ ਡਾਕਟਰ ਇੰਦਰਜੀਤ ਸਿੰਘ ਬਡਾਲੀ ਨੈਬ ਸਿੰਘ ਬਡਾਲੀ ਡਾਕਟਰ ਸੁਖਵਿੰਦਰ ਪਾਲ ਸਿੰਘ, ਜੇ ਈ ਸਰਬਜੀਤ ਸਿੰਘ ਜੰਗਜੀਤ ਸਿੰਘ ਮਾਸਟਰ ਗੁਰਦੀਪ ਸਿੰਘ, ਬਲਦੇਵ ਸਿੰਘ ਧਾਲੀਵਾਲ ਜੰਗਜੀਤ ਸਿੰਘ, ਰਣਜੀਤ ਸਿੰਘ ਰਾਣਾ ਹਰਸ਼ਪ੍ਰੀਤ ਸਿੰਘ, ਰਣਦੀਪ ਸਿੰਘ ਦੀਪੂ ਸਰਪੰਚ ਗ੍ਰਾਮ ਪੰਚਾਇਤ ਢੰਗਰਾਲੀ, ਪਟਵਾਰੀ ਸੋਹਣ ਸਿੰਘ ਤੁਹਾਡੀ ਹਰਪ੍ਰੀਤ ਸਿੰਘ, ਜਸਵਿੰਦਰ ਸਿੰਘ ਬਿੰਦਾ ਖੈਰਪੁਰ, ਗੁਰਪ੍ਰੀਤ ਸਿੰਘ, ਚੰਦ ਸਿੰਘ, ਗੁਰਦੇਵ ਸਿੰਘ ਕਾਕਾ ਰਣਜੀਤ ਸਿੰਘ ਰਾਣਾ, ਲਾਭ ਸਿੰਘ, ਸ਼ਮਸ਼ੇਰ ਸਿੰਘ ਸਰਾਓ ਆਦਿ ਹਾਜ਼ਰ ਸਨ।

## ਕੰਗ ਵੱਲੋਂ ਵੱਖ-ਵੱਖ ਵਿਕਾਸ ਕਾਰਜਾਂ ਦੇ ਉਦਘਾਟਨ

**ਸ਼ਹੀਦ ਭਗਤ ਸਿੰਘ ਨਗਰ/ਬਲਾਚੌਰ (ਮਨੋਜ ਲਾਡੀ, ਜਸਵਿੰਦਰ ਬੈਂਸ)**- ਪੰਜਾਬ ਸਰਕਾਰ ਲੋਕਾਂ ਨੂੰ ਸਿਹਤ, ਸਿੱਖਿਆ, ਪੀਣ ਵਾਲਾ ਸਾਫ਼ ਪਾਣੀ, ਸੜਕਾਂ, ਗਲੀਆਂ-ਨਾਲੀਆਂ ਅਤੇ ਖੇਡਾਂ ਸਮੇਤ ਹਰ ਤਰ੍ਹਾਂ



ਦੀਆਂ ਬੁਨਿਆਦੀ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਇਹ ਪ੍ਰਗਟਾਵਾ ਲੋਕ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਮਲਵਿੰਦਰ ਸਿੰਘ ਕੰਗ ਨੇ ਹਲਕਾ ਬਲਾਚੌਰ ਅੰਦਰ ਵੱਖ-ਵੱਖ ਵਿਕਾਸ ਕਾਰਜਾਂ ਦੇ ਉਦਘਾਟਨ ਕਰਨ ਮੌਕੇ ਕੀਤਾ। ਮਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਅੰਦਰ ਵੱਡੇ ਪੱਧਰ 'ਤੇ ਵਿਕਾਸ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਐੱਮ ਪੀ ਲੈਡ ਫੰਡ ਤਹਿਤ 23.50 ਲੱਖ ਰੁਪਏ ਦੀ ਲਾਗਤ ਨਾਲ ਹਲਕਾ ਬਲਾਚੌਰ ਦੇ ਵੱਖ-ਵੱਖ ਪਿੰਡਾਂ ਵਿੱਚ ਮੁਕੰਮਲ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪਿੰਡ ਜਗਤੇਵਾਲ ਵਿਖੇ ਕਮਿਊਨਿਟੀ ਹਾਲ 'ਤੇ 2.50 ਲੱਖ ਰੁਪਏ, ਪਿੰਡ ਜਲਾਲਪੁਰ ਵਿਖੇ ਐੱਸ ਸੀ ਧਰਮਸ਼ਾਲਾ 'ਤੇ 5 ਲੱਖ ਰੁਪਏ ਖਰਚ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਐੱਮ ਪੀ ਲੈਡ ਫੰਡ ਤਹਿਤ ਹੇਦੋਂ ਬੇਟ ਤੇ ਖੰਦੂਪੁਰ ਵਿਖੇ 6ਲੱਖ ਰੁਪਏ ਦੇ ਵਾਟਰ ਟੈਂਕਰ ਤੇ ਪਿੰਡ ਪੋਜੇਵਾਲ ਤੇ ਪਿੰਡ ਟਕਰਲਾ ਵਿਖੇ 10 ਲੱਖ ਰੁਪਏ ਕਮਿਊਨਿਟੀ ਸੈਂਟਰ 'ਤੇ ਖਰਚ ਕੀਤੇ ਗਏ ਹਨ। ਸ. ਮਲਵਿੰਦਰ ਸਿੰਘ ਕੰਗ ਨੇ ਅੱਗੇ ਕਿਹਾ ਕਿ ਪਿੰਡਾਂ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਦੇਣਾ ਸਾਡੀ ਸਰਕਾਰ ਦੀ ਮੁੱਖ ਤਰਜੀਹ ਹੈ। ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ ਨੇ ਕਿਹਾ ਕਿ ਬਲਾਚੌਰ ਹਲਕੇ ਦੇ ਸਰਵਪੱਖੀ ਵਿਕਾਸ ਲਈ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ।

# ਪੇਂਡੂ ਮਜ਼ਦੂਰ ਯੂਨੀਅਨ ਤੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਸਰਕਾਰ ਵਿਰੁੱਧ ਪੁਤਲੇ ਸਾੜ ਮੁਜ਼ਾਹਰੇ



**ਜਲੰਧਰ/ਨੂਰਮਹਿਲ (ਰਾਜੇਸ਼ ਥਾਪਾ, ਬਾਲ ਕ੍ਰਿਸ਼ਨ ਬਾਲੀ)** ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਅਤੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਪੰਜਾਬ ਸਰਕਾਰ ਦੇ ਜਨਗਣਨਾ 2026 ਸੰਬੰਧੀ ਜਾਰੀ ਕੀਤੇ ਆਨ ਲਾਈਨ ਪ੍ਰੋਫਾਰਮੇ ਦੇ ਕਾਲਮ 'ਚ ਜਾਤੀ ਕਾਲਮ ਭਰਨ ਲਈ ਅਨੁਸੂਚਿਤ ਜਾਤੀਆਂ ਨੂੰ ਅਪਮਾਨਤ ਕਰਨ ਵਾਲੇ ਵਰਜਿਤ ਸ਼ਬਦ ਦਰਜ ਕਰਨ ਦੇ ਵਿਰੁੱਧ ਅੰਮ੍ਰਿਤਸਰ, ਗੁਰਦਾਸਪੁਰ, ਕਪੂਰਥਲਾ, ਜਲੰਧਰ, ਮੋਗਾ, ਲੁਧਿਆਣਾ, ਸੰਗਰੂਰ, ਪਟਿਆਲਾ ਸਮੇਤ ਪੰਜਾਬ ਭਰ ਦੇ ਵੱਖ ਵੱਖ ਜ਼ਿਲ੍ਹਿਆਂ 'ਚ 24 ਤੋਂ ਵੱਧ ਥਾਵਾਂ 'ਤੇ ਕੇਂਦਰ ਤੇ ਸੂਬਾ ਸਰਕਾਰ ਦਾ ਪੁਤਲਾ ਫੂਕਿਆ ਗਿਆ।ਇਸ ਮੌਕੇ ਇਸ ਮਸਲੇ ਸੰਬੰਧੀ ਜ਼ਿੰਮੇਵਾਰ ਅਧਿਕਾਰੀਆਂ ਖਿਲਾਫ਼ ਦਲਿਤ ਅੱਤਿਆਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕਰਕੇ ਕਾਰਵਾਈ ਅਮਲ ਵਿੱਚ ਲਿਆਉਣ ਅਤੇ ਵਰਜਿਤ ਸ਼ਬਦਾਂ ਨੂੰ ਤੁਰੰਤ ਹਟਾਉਣ ਦੀ ਮੰਗ ਕੀਤੀ ਗਈ।ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਜਨਰਲ ਸਕੱਤਰ ਅਵਤਾਰ ਸਿੰਘ ਰਸੂਲਪੁਰ, ਸੂਬਾਈ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪ੍ਰਧਾਨ ਮੁਕੇਸ਼ ਮਾਲੌਦ, ਬਿੱਕਰ ਸਿੰਘ ਹਥੋਆ ਅਤੇ ਧਰਮਵੀਰ ਹਰੀਗੜ੍ਹ ਨੇ ਚੇਤਾਵਨੀ ਦਿੱਤੀ ਕਿ ਜੇਕਰ ਦਲਿਤ ਅੱਤਿਆਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕਰਕੇ ਕਾਰਵਾਈ ਨਾ ਕਰਨ ਦੀ ਸੂਰਤ ਵਿੱਚ ਸੰਘਰਸ਼ ਤੇਜ਼ ਕਰਨ ਦਾ ਐਲਾਨ ਕੀਤਾ ਗਿਆ।ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਦੇ ਹੁਕਮਾਂ ਦੀ ਸ਼ਰੇਆਮ ਉਲੰਘਣਾ ਕਰਦਿਆਂ ਪੰਜਾਬ ਸਰਕਾਰ ਦੇ ਜਨਗਣਨਾ 2026 ਸਬੰਧੀ ਜਾਰੀ ਕੀਤੇ ਆਨ ਲਾਈਨ ਪ੍ਰੋਫਾਰਮੇ ਦੇ ਕਾਲਮ 'ਚ ਜਾਤੀ ਕਾਲਮ ਭਰਨ ਲਈ ਅਨੁਸੂਚਿਤ ਜਾਤੀਆਂ ਨੂੰ ਅਪਮਾਨਤ ਕਰਨ ਵਾਲੇ ਵਰਜਿਤ ਸ਼ਬਦ ਦਰਜ ਕੀਤਾ ਗਿਆ ਹੈ। ਉਨ੍ਹਾਂ ਇਸ ਕਾਰਵਾਈ ਨੂੰ ਗੈਰ ਜ਼ਿੰਮੇਵਾਰ ਤੇ ਗੈਰ ਕਾਨੂੰਨੀ ਕਰਾਰ ਦਿੱਤਾ।ਉਨ੍ਹਾਂ ਮੰਗ ਕੀਤੀ ਕਿ ਇਸ ਲਈ ਜ਼ਿੰਮੇਵਾਰ ਅਧਿਕਾਰੀਆਂ ਖਿਲਾਫ ਕਾਰਵਾਈ ਕੀਤੀ ਜਾਵੇ। ਜਥੇਬੰਦੀਆਂ ਨੇ ਇਨਸਾਫ਼ ਪਸੰਦ ਲੋਕਾਂ ਅਤੇ ਦਲਿਤ ਭਾਈਚਾਰੇ ਨੂੰ ਗੰਭੀਰ ਨੋਟਿਸ ਲੈਂਦਿਆਂ ਇਸਦਾ ਡੱਟ ਕੇ ਵਿਰੋਧ ਕਰਨ ਦਾ ਸੱਦਾ ਦਿੱਤਾ ਹੈ।

# ਮੇਹਰ ਚੰਦ ਪੋਲੀਟੈਕਨਿਕ ਵਿਖੇ ਵਿਦਾਇਗੀ ਪਾਰਟੀ

**ਜਲੰਧਰ (ਸ਼ੈਲੀ ਐਲਬਰਟ)**- ਮੇਹਰ ਚੰਦ ਪੋਲੀਟੈਕਨਿਕ ਕਾਲਜ ਜਲੰਧਰ ਦੇ ਵਰਕਸ਼ਾਪ ਵਿਭਾਗ ਦੇ ਸੁਪਰਡੈਂਟ ਤਰਲੋਕ ਸਿੰਘ ਦਾ ਵਿਦਾਇਗੀ ਸਮਾਰੋਹ ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਪ੍ਰਧਾਨਗੀ ਹੇਠਾਂ ਹੋਇਆ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ




ਦੱਸਿਆ ਕਿ ਤਰਲੋਕ ਸਿੰਘ ਨੇ 31 ਸਾਲ 5 ਮਹੀਨੇ ਇਸ ਕਾਲਜ ਨੂੰ ਸੇਵਾਵਾਂ ਦਿੱਤੀਆਂ ਤੇ ਆਪਣੀ ਡਿਊਟੀ ਪੂਰੀ ਮੇਹਨਤ, ਇਮਾਨਦਾਰੀ, ਲਗਨ ਤੇ ਤਨਦੇਹੀ ਨਾਲ ਨਿਭਾਈ। ਵਿਭਾਗ ਮੁੱਖੀਆਂ ਨੇ ਉਹਨਾਂ ਦੇ ਬਾਰੇ ਆਪਣੇ ਵਿਚਾਰ ਰੱਖੇ ਅਤੇ ਸਮੂਹ ਵਿਭਾਗਾਂ ਨੇ ਉਹਨਾਂ ਨੂੰ ਪਿਆਰ ਦੀ ਭੇਂਟ ਵਜੋਂ ਗਿਫਟ ਦਿੱਤੇ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਤੇ ਸਟਾਫ ਨੇ ਉਹਨਾਂ ਨੂੰ ਯਾਦਗਾਰੀ ਚਿੰਨ ਤੇ ਹੋਰ ਗਿਫਟ ਦੇ ਕੇ ਸਨਮਾਨਤ ਕੀਤਾ। ਇਸ ਪਾਰਟੀ ਵਿੱਚ ਉਹਨਾਂ ਦੀ ਧਰਮਪਤਨੀ ਤੇ ਉਹਨਾਂ ਦੇ ਬੱਚੇ ਵੀ ਸ਼ਾਮਿਲ ਹੋਏ ਜਿੰਨ੍ਹਾਂ ਨੂੰ ਵੀ ਸਟਾਫ ਵਲੋਂ ਸਨਮਾਨਤ ਕੀਤਾ ਗਿਆ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਉਹਨਾਂ ਦੀਆਂ ਵਿਸ਼ੇਸ਼ ਸੇਵਾਵਾਂ ਲਈ "ਬੈਸਟ ਟੀਚਰ-ਹੈਂਡਸ ਆਨ ਸੱਕਿਲ" ਦਾ ਐਵਾਰਡ ਦੇ ਕੇ ਸਨਮਾਨਤ ਕੀਤਾ। ਵਰਕਸ਼ਾਪ ਸਟਾਫ ਵਲੋਂ ਦੁਰਗੇਸ਼ ਚੇਚੀ ਦੀ ਅਗਵਾਈ ਵਿੱਚ ਵਿਦਾਇਗੀ ਸਮਾਰੋਹ ਬਹੁਤ ਹੀ ਸ਼ਾਨਦਾਰ ਢੰਗ ਨਾਲ ਕੀਤਾ ਗਿਆ। ਸਮਾਰੋਹ ਦੀ ਮੰਚ ਸੰਚਾਲਨ ਸ਼੍ਰੀ ਕੁਲਵਿੰਦਰ ਸਿੰਘ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਕੀਤਾ।

ਇਸ ਪ੍ਰੋਗਰਾਮ ਵਿੱਚ ਡਾ. ਸੰਜੇ ਬਾਂਸਲ, ਡਾ. ਰਾਜੀਵ ਭਾਟੀਆ, ਰਿਚਾ, ਪ੍ਰਿੰਸ ਮਦਾਨ, ਵਿਕਰਮਜੀਤ ਸਿੰਘ, ਅੰਕੁਸ਼, ਸ਼ਸ਼ੀ ਭੂਸ਼ਨ,ਗੌਰਵ ਸ਼ਰਮਾ, ਪ੍ਰੀਤ ਕੰਵਲ ਅਤੇ ਹੋਰ ਸਟਾਫ ਸ਼ਾਮਿਲ ਹੋਏ। ਤਰਲੋਕ ਸਿੰਘ ਨੇ ਅੰਤ ਵਿੱਚ ਆਪਣੇ ਵਿਚਾਰ ਰੱਖ ਤੇ ਕਾਲਜ ਨੂੰ 21,000/- ਰੁਪਏ ਤੇ ਵਰਕਸ਼ਾਪ ਵਿਭਾਗ ਨੂੰ ਇੱਕ ਕੂਲਰ ਆਪਣੇ ਕੋਲੋ ਦਾਨ ਦਿੱਤਾ।

# ਕਿਰਤੀ ਕਿਸਾਨ ਯੂਨੀਅਨ ਵੱਲੋਂ ਗਵਰਨਰ ਹਾਊਸ ਵੱਲ ਮਾਰਚ 15 ਨੂੰ



**ਬੰਗਾ (ਅਵਤਾਰ ਕਲੇਰ)**- ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਨੂੰ ਲਾਗੂ ਕਰਨ ਲਈ ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਮੀਟਿੰਗ ਦਾਨਾ ਮੰਡੀ ਨਵਾਂਸ਼ਹਿਰ ਵਿਖੇ ਹੋਈ। ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਜਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ, ਜਿਲ੍ਹਾ ਸਕੱਤਰ ਤਰਸੇਮ ਸਿੰਘ ਬੈਂਸ, ਸੂਬਾ ਕਮੇਟੀ ਮੈਂਬਰ ਭੁਪਿੰਦਰ ਸਿੰਘ ਵੜੈਚ ਨੇ ਦੱਸਿਆ ਕਿ ਪੰਜਾਬ ਦੇ ਲੋਕਾਂ ਨੂੰ ਭਾਖੜਾ ਬਿਆਸ ਮੈਨੇਜਮੈਂਟ ਬੋਰਡ 'ਚ ਸਥਾਈ ਮੈਂਬਰਸ਼ਿਪ ਬਹਾਲ ਕਰਵਾਉਣ, ਬੀਜ ਬਿੱਲ 2025, ਬਿਜਲੀ ਬਿੱਲ 2025, ਅਮਰੀਕਾ ਅਤੇ ਹੋਰ ਦੇਸ਼ਾਂ ਨਾਲ ਕੀਤੇ ਅਸਾਵੇ ਤੇ ਮੁਕਤ ਵਪਾਰ ਸਮਝੌਤੇ ਰੱਦ ਕਰਵਾਉਣ,ਐਮ ਐਸ ਪੀ ਸਮੇਤ ਕਾਨੂੰਨੀ ਗਰੰਟੀ ਅਤੇ ਹੋਰ ਮੰਨੀਆਂ ਮੰਗਾਂ ਲਾਗੂ ਕਰਵਾਉਣ ਹਿੱਤ ਪੰਜਾਬ ਦੇ ਗਵਰਨਰ ਹਾਊਸ ਵੱਲ ਮਾਰਚ ਕੀਤਾ ਜਾਵੇਗਾ। ਇਸ ਦੀ ਤਿਆਰੀ ਲਈ ਮੀਟਿੰਗ ਕਰਕੇ ਜ਼ਿਲ੍ਹੇ ਦੇ ਵਰਕਰਾਂ ਦੀਆਂ ਡਿਊਟੀਆਂ ਲਾਈਆ ਗਈਆਂ। ਜ਼ਿਲ੍ਹੇ ਵਿੱਚੋਂ ਕਿਸਾਨ ਬੱਸਾਂ ਤੇ ਕਾਰਾਂ ਰਾਹੀਂ ਵੱਡੀ ਗਿਣਤੀ ਚ ਸ਼ਾਮਲ ਹੋਣਗੇ। ਪਿਛਲੇ ਦਿਨੀ ਭਾਰੀ ਗੜਿਆਂ ਕਾਰਨ ਨਵਾਂਸ਼ਹਿਰ ਦੇ ਜਾਡਲਾ, ਮਜਾਰਾ ਕਲਾ, ਸ਼ਹਾਬਪੁਰ ਅਤੇ ਹੋਰ ਪਿੰਡਾਂ ਵਿਚ ਮੱਕੀ ਦੀ ਫਸਲ ਦੇ ਹੋਏ ਨੁਕਸਾਨ ਦੀ ਪੂਰਤੀ ਤੁਰੰਤ ਵਿਸ਼ੇਸ਼ ਗਿਰਦਾਵਰੀ ਕਰਵਾ ਕੇ ਕੀਤੀ ਜਾਵੇ ਅਤੇ ਜ਼ਿਲ੍ਹੇ ਅੰਦਰ ਕਿਸਾਨਾਂ ਦੀ ਅੱਗ ਨਾਲ ਕਣਕ ਅਤੇ ਨਾੜ ਨੁਕਸਾਨੇ ਗਏ ਹਨ ਤੁਰੰਤ ਮੁਆਵਜ਼ਾ ਦਿੱਤਾ ਜਾਵੇ। ਇਸ ਮੀਟਿੰਗ ਦੌਰਾਨ ਸੁਰਿੰਦਰ ਸਿੰਘ ਮਹਿਰਮਪੁਰ, ਅਵਤਾਰ ਸਿੰਘ, ਕਰਨੈਲ ਸਿੰਘ ਉੜਾਪੜ, ਬਲਦੇਵ ਸਿੰਘ, ਕਸ਼ਮੀਰ ਸਿੰਘ, ਰਾਮਜੀ ਦਾਸ, ਮੋਹਣ ਸਿੰਘ, ਕੁਲਬੀਰ ਸਿੰਘ ਸ਼ਾਹਪੁਰ ਪੱਟੀ, ਸੋਹਣ ਸਿੰਘ ਅਟਵਾਲ, ਗੁਰਦੇਵ ਸਿੰਘ ਚੌਹੜ, ਨਿਰਮਲ ਸਿੰਘ ਅੜਕ, ਤਾਰਾ ਸਿੰਘ,ਬਲਬੀਰ ਸਿੰਘ, ਜੀਵਨ ਦਾਸ ਬੇਗੋਵਾਲ, ਮੇਜਰ ਸਿੰਘ ਤੇ ਹੋਰ ਹਾਜ਼ਰ ਸਨ ।

# ਕੈਮਿਸਟਰੀ ਲੈਕਚਰਾਰ ਸੰਦੀਪ ਅਰੋੜਾ ਦੀ ਸੇਵਾ-ਮੁਕਤੀ 'ਤੇ ਨਿੱਘੀ ਵਿਦਾਇਗੀ ਤੇ ਸ਼ਾਨਦਾਰ ਸਮਾਗਮ

**ਕਪੂਰਥਲਾ (ਮਨਜੀਤ ਮਾਨ)**- ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾ ਸ਼ੇਖੂਪੁਰ ਕਪੂਰਥਲਾ ਵਿੱਚ ਸੇਵਾ ਨਿਭਾਅ ਰਹੇ ਲੈਕਚਰਾਰ



ਕੈਮਿਸਟਰੀ ਸੰਦੀਪ ਅਰੋੜਾ ਦੀ 38 ਸਾਲ ਦੀ ਸੇਵਾ ਉਪਰੰਤ ਸੇਵਾ ਮੁਕਤੀ 'ਤੇ ਉਨ੍ਹਾਂ ਨੂੰ ਨਿੱਘੀ ਵਿਦਾਇਗੀ ਦੇਣ ਲਈ ਸੰਸਥਾ ਦੇ ਪ੍ਰਿੰਸੀਪਲ ਸਪਨਾ ਗੁਪਤਾ ਦੀ ਅਗਵਾਈ ਵਿੱਚ ਇੱਕ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਪ੍ਰਿੰਸੀਪਲ ਗੁਪਤਾ ਨੇ ਸੰਦੀਪ ਅਰੋੜਾ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ। ਉਨ੍ਹਾਂ ਦੀ ਧਰਮ ਪਤਨੀ ਪ੍ਰੀਤੀ ਅਰੋੜਾ, ਸੁਖਚਰ ਚਿਰਾਗ ਅਰੋੜਾ, ਸੁਰੀਆ ਅਰੋੜਾ, ਵੱਡੇ ਭਰਾ ਪ੍ਰਦੀਪ ਅਰੋੜਾ ਅਤੇ ਪਿਤਾ ਕ੍ਰਿਸ਼ਨ ਕੁਮਾਰ ਅਰੋੜਾ ਨੇ ਵੀ ਸੰਬੋਧਨ ਕੀਤਾ। ਇਸ ਮੌਕੇ 'ਤੇ ਹਰਵਿੰਦਰ ਭੰਡਾਲ, ਲੈਕਚਰਾਰ ਅੰਗਰੇਜ਼ੀ ਦੀ ਦੇਖ-ਰੇਖ ਵਿੱਚ ਸੰਸਥਾ ਦੇ ਵਿਦਿਆਰਥੀਆਂ ਵੱਲੋਂ ਬਹੁਤ ਹੀ ਵਧੀਆ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਰਜਨੀ ਵਾਲੀਆ ਨੇ ਬਹੁਤ ਹੀ ਸੁੰਦਰ ਕਵਿਤਾ ਦੀ ਪੇਸ਼ਕਾਰੀ ਕੀਤੀ। ਸੰਦੀਪ ਅਰੋੜਾ ਨੇ ਸਿੱਖਿਆ ਵਿਭਾਗ ਵੱਲੋਂ ਪ੍ਰਾਇਮਰੀ ਸਿੱਖਿਆ ਵਿੱਚ ਕੁਆਲਟੀ ਐਜੂਕੇਸ਼ਨ ਲਈ ਚਲਾਏ ਗਏ ਵਿਸ਼ੇਸ਼ ਪ੍ਰੋਜੈਕਟਾਂ ਜਿਵੇਂ ਕਿ 'ਪੜ੍ਹੋ ਪੰਜਾਬ', 'ਅਬੈਕਸ ਐਜੂਕੇਸ਼ਨ' ਅਤੇ ਅੰਗਰੇਜ਼ੀ ਪਾਇਲਟ ਪ੍ਰੋਜੈਕਟ ਵਿੱਚ ਬਤੌਰ ਜ਼ਿਲ੍ਹਾ ਕੋਆਰਡੀਨੇਟਰ ਵਜੋਂ ਸ਼ਾਨਦਾਰ ਕੰਮ ਕੀਤਾ। ਉਨ੍ਹਾਂ ਦੀ ਸੇਵਾ ਮੁਕਤੀ 'ਤੇ ਗੁਰਚਰਨ ਸਿੰਘ ਚਾਹਲ, ਪ੍ਰਿੰਸੀਪਲ ਕਲਾ ਸੰਸਥਾ, ਅਸ਼ਵਨੀ ਮੈਨੀ ਰਿਟਾਇਰਡ ਲੈਕਚਰਾਰ ਅਤੇ ਸੀਮਾ ਮੋਗਲਾ ਰਿਟਾਇਰਡ ਮਿਸਟ੍ਰੈਸ ਨੇ ਸੰਦੀਪ ਅਰੋੜਾ ਵੱਲੋਂ ਕੀਤੇ ਕੰਮ ਦੀ ਸ਼ਲਾਘਾ ਕੀਤੀ। ਸੰਸਥਾ ਦੀ ਮੁਖੀ ਸਪਨਾ ਗੁਪਤਾ ਅਤੇ ਸਟਾਫ ਵੱਲੋਂ ਸੰਦੀਪ ਅਰੋੜਾ ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨੂੰ ਸਨਮਾਨਤ ਕੀਤਾ ਗਿਆ। ਚਿਰਾਗ ਅਰੋੜਾ ਵੱਲੋਂ ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾ ਦੇ ਪ੍ਰਿੰਸੀਪਲ ਅਤੇ ਸੰਸਥਾ ਦੀ ਸਮੁੱਚੀ ਟੀਮ ਅਤੇ ਆਏ ਹੋਏ ਸੱਜਣਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ 'ਤੇ ਅਰਵਿੰਦਰ ਪਾਲ ਸਿੰਘ ਲੈਕਚਰਾਰ ਸ੍ਰੀ ਮੁਕਤਸਰ ਸਾਹਿਬ ਤੋਂ ਉਚੇਚੇ ਤੌਰ 'ਤੇ ਪੁੱਜੇ। ਇਸ ਮੌਕੇ 'ਤੇ ਸੰਸਥਾ ਦੇ ਸਟਾਫ ਮੈਂਬਰ ਨੀਲਮ ਵਰਮਾ, ਰੁਪਿੰਦਰ ਕੌਰ, ਅਸ਼ਵਨੀ ਕੁਮਾਰ, ਮੰਗਲ ਸਿੰਘ ਅਤੇ ਇਲਾਕਾ ਪਰਿਵਾਰਕ ਮੈਂਬਰ ਵਿਨੋਦ ਬਾਲਾ, ਪੂਨਮ ਅਰੋੜਾ, ਨੀਤੂ ਅਰੋੜਾ, ਸਾਨਵੀ ਅਰੋੜਾ, ਰਾਜਨ ਮੋਗਲਾ, ਕਰਮਜੀਤ ਸਿੰਘ, ਹਰਿੰਦਰਪਾਲ, ਅਮਰੀਕ ਸਿੰਘ, ਪ੍ਰਵੀਨ ਸ਼ਰਮਾ, ਗੁਲਸ਼ਨ ਕੁਮਾਰ ਆਦਿ ਹਾਜ਼ਰ ਸਨ।ਇਸ ਮੌਕੇ ਉਹਨਾਂ ਦੇ ਪੜ੍ਹਾਏ ਹੋਏ ਪੁਰਾਣੇ ਵਿਦਿਆਰਥੀ ਇਸ ਨਿੱਘੀ ਰਿਟਾਇਰਮੈਂਟ ਪਾਰਟੀ ਮੌਕੇ ਉਹਨਾਂ ਨਾਲ ਖੁਸ਼ੀ ਸਾਂਝੀ ਕਰਨ ਪਹੁੰਚੇ।

# ਗਗਨਪ੍ਰੀਤ ਕੌਰ ਨੇ ਰਾਸ਼ਟਰੀ ਪੱਧਰ ਦੇ ਮੁਕਾਬਲਿਆਂ 'ਚ ਗੋਲਡ ਮੈਡਲ ਜਿੱਤਿਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਅਤੇ ਖੇਡ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਸ਼ਾਹਬਾਜ਼ਪੁਰ ਦੀ ਗਤਕਾ ਖਿਡਾਰਨ ਗਗਨਪ੍ਰੀਤ ਕੌਰ ਨੇ ਸਕੂਲ ਦੇ ਖੇਡ ਇਤਿਹਾਸ ਦੇ ਵਿੱਚ ਸ਼ਾਨਦਾਰ ਪੰਨਾ ਦਰਜ ਕਰਦਿਆਂ ਹੋਇਆਂ



ਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਗੋਲਡ ਮੈਡਲ ਹਾਸਲ ਕੀਤਾ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਗਗਨਪ੍ਰੀਤ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਇੱਕ 1 ਤੋਂ 3 ਮਈ ਦੌਰਾਨ ਹੋਏ ਭਾਰਤੀ ਪਰੰਪਰਿਕ ਖੇਡ ਮਹਾਉਤਸਵ 2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਗਤਕਾ ਜੂਨੀਅਰ ਡੈਮੋ ਕੈਟਾਗਰੀ ਦੇ ਵਿੱਚ ਗੋਲਡ ਮੈਡਲ ਅਤੇ ਗਤਕਾ ਸਿੰਗਲ ਸੋਟੀ ਮੁਕਾਬਲੇ ਵਿੱਚ ਕਾਂਸੇ ਦਾ ਮੈਡਲ ਜਿੱਤ ਕੇ ਆਪਣੇ ਸਕੂਲ, ਮਾਪਿਆ ਤੇ ਟਾਂਡਾ ਇਲਾਕੇ ਦਾ ਨਾਂਅ ਰਾਸ਼ਟਰੀ ਪੱਧਰ ਤੇ ਚਮਕਾਇਆ।ਚੇਅਰਮੈਨ ਤਰਲੋਚਨ ਸਿੰਘ ਨੇ ਖੁਸ਼ੀ ਦਾ ਇਜ਼ਹਾਰ ਕਰਦੇ ਹੋਏ ਸਕੂਲ ਦੇ ਖੇਡ ਵਿਭਾਗ, ਸਮੂਹ ਸਟਾਫ ਅਤੇ ਮੈਨੇਜਮੈਂਟ ਨੂੰ ਮੁਬਾਰਕਬਾਦ ਦਿੱਤੀ। ਪ੍ਰਿੰਸੀਪਲ ਮਨੀਸ਼ਾ ਸੰਗਰ ਵੱਲੋਂ ਗਗਨਪ੍ਰੀਤ ਨੂੰ ਉਚੇਚੇ ਤੌਰ ਤੇ ਸਨਮਾਨਤ ਕੀਤਾ ਗਿਆ।ਪ੍ਰਿੰਸੀਪਲ ਸੰਗਰ ਨੇ ਦੱਸਿਆ ਕਿ ਗਗਨਪ੍ਰੀਤ ਪਹਿਲਾਂ ਵੀ ਨੈਸ਼ਨਲ ਪੱਧਰ ਤੱਕ ਸਕੂਲ ਦਾ ਨਾਂਅ ਰੌਸ਼ਨ ਕਰ ਚੁੱਕੀ ਹੈ ਤੇ ਹਰ ਸਾਲ ਉਸ ਦਾ ਪ੍ਰਦਰਸ਼ਨ ਨਿਖਰਦਾ ਜਾ ਰਿਹਾ ਹੈ। ਇਸ ਮੌਕੇ ਤੇ ਸੰਸਥਾ ਦੇ ਮੈਨੇਜਰ ਗਜਿੰਦਰ ਪਾਲ ਸਿੰਘ ਅਤੇ ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਅਮਰਜੀਤ ਕੌਰ ਸੈਣੀ, ਜਗਬੰਧਨ ਸਿੰਘ, ਸੁਰੇਸ਼, ਸੁਸ਼ੀਲ, ਬਲਦੇਵ, ਰੁਪਿੰਦਰ, ਪੰਕਜ, ਬਲਜੀਤ, ਅਰਚਨਾ, ਵਿਸ਼ਾਲੀ, ਗੁਰਪ੍ਰੀਤ, ਨੇਹਾ, ਸੁਮਨ, ਰਾਜਵਿੰਦਰ, ਰਾਜਵੀਰ, ਇਕਬਾਲ, ਵਿਨੇ, ਸ਼ਿਲਪਾ, ਰਮਨ, ਸੋਨੂ, ਰਜਮੀਤ, ਹਰਮਿੰਦਰ, ਹਰਜੀਤ, ਗੁਰਦੇਵ, ਹਰਕਮਲ, ਅਜੇ, ਕੁਲਬੀਰ, ਕੁਲਦੀਪ ਅਤੇ ਹੋਰ ਸਟਾਫ ਮੌਜੂਦ ਸੀ।

## ਵਿਧਾਇਕ ਦੀ ਪਤਨੀ ਨੇ ਅੰਮ੍ਰਿਤਸਰ ਲਈ ਸ਼ਰਧਾਲੂਆਂ ਦੀਆਂ ਦੋ ਬੱਸਾਂ ਕੀਤੀਆਂ ਰਵਾਨਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**- ਮੁੱਖ ਮੰਤਰੀ ਭਗਵੰਤ ਮਾਨ ਵਲੋਂ ਸ਼ੁਰੂ ਕੀਤੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਹਲਕਾ ਵਿਧਾਇਕ ਉੜਮੁੜ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ ਦੀ ਅਗਵਾਈ ਵਿੱਚ ਵਿਧਾਇਕ ਦੀ ਧਰਮ ਪਤਨੀ ਰਮਨਦੀਪ ਕੌਰ ਗਿੱਲ ਵਲੋਂ ਅੰਮ੍ਰਿਤਸਰ ਦੇ ਦਰਸ਼ਨਾਂ ਲਈ ਜਾਣ ਵਾਲੀਆ ਸ਼ਰਧਾਲੂਆਂ ਦੀਆਂ ਦੋ ਬੱਸਾਂ ਨੂੰ ਹਰੀ ਝੰਡੀ ਵਿਖਾ ਕੇ ਰਵਾਨਾ ਕੀਤਾ । ਇਹ ਬੱਸ ਸ਼ਰਧਾਲੂਆਂ ਨੂੰ ਲੈ ਕੇ ਪਵਿੱਤਰ ਸ਼ਹਿਰ ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਹੋਰ ਨੇੜਲੇ ਇਤਿਹਾਸਕ ਧਾਰਮਿਕ ਸਥਾਨਾਂ ਦੀ ਯਾਤਰਾ ਕਰਵਾਏਗੀ । ਇਸ ਮੌਕੇ ਬੱਸ ਰਵਾਨਾ ਕਰਦੇ ਹੋਏ



ਵਿਧਾਇਕ ਰਾਜਾ ਗਿੱਲ ਦੀ ਧਰਮ ਪਤਨੀ ਰਮਨਦੀਪ ਕੌਰ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰ ਅੰਦੇਸ਼ੀ ਸੋਚ ਹੇਠ ਸ਼ੁਰੂ ਕੀਤੀ ਗਈ। ਯਾਤਰਾ ਦੌਰਾਨ ਸ੍ਰੀ ਹਰਿਮੰਦਰ ਸਾਹਿਬ , ਦੁਰਗਿਆਣਾ ਮੰਦਿਰ ਅਤੇ ਭਗਵਾਨ ਵਾਲਮੀਕਿ ਤੀਰਥ ਵਰਗੇ ਪ੍ਰਮੁੱਖ ਧਾਰਮਿਕ ਸਥਾਨਾਂ ਦੇ ਦੌਰੇ ਸ਼ਾਮਲ ਹਨ ।ਇਸ ਮੌਕੇ ਅਮਨਦੀਪ ਕੌਰ ਢਿੱਲੋਂ, ਸੋਨੀ ਘੁੰਮਣ, ਸਾਬਕਾ ਕੌਂਸਲਰ ਨਰਿੰਦਰ ਕੌਰ, ਲਖਵੀਰ ਕੌਰ ਆਦਿ ਹਾਜ਼ਰ ਸਨ।

## ਮਗਨਰੇਗਾ ਕਰਮਚਾਰੀ 6 ਮਹੀਨਿਆਂ ਤੋਂ ਤਨਖਾਹੋਂ ਵਾਂਝੇ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਮਗਨਰੇਗਾ ਕਰਮਚਾਰੀ ਪਿਛਲੇ 6 ਮਹੀਨਿਆਂ ਤੋਂ ਤਨਖਾਹਾਂ ਨੂੰ ਤਰਸ ਰਹੇ ਹਨ। ਅਧਿਕਾਰੀਆਂ ਨਾਲ ਕਈ ਵਾਰ ਪੈਨਲ ਮੀਟਿੰਗਾਂ ਹੋਣ ਦੇ ਬਾਵਜੂਦ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਨਹੀਂ ਹੋਈਆਂ। ਰੋਸ ਵਜੋਂ ਜ਼ਿਲ੍ਹਾ ਹੁਸ਼ਿਆਰਪੁਰ ਦੇ ਸਮੂਹ ਮਗਨਰੇਗਾ ਕਰਮਚਾਰੀ ਹੜਤਾਲ 'ਤੇ ਬੈਠ ਗਏ ਹਨ। ਵੀਕੈਂਡ ਉਪਰੰਤ ਮਗਨਰੇਗਾ ਕਰਮਚਾਰੀਆਂ ਨੇ ਬੀ ਡੀ ਪੀ ਓਜ਼ ਦਫ਼ਤਰਾਂ 'ਚ ਧਰਨੇ ਦਿੱਤੇ ਅਤੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਮਗਨਰੇਗਾ ਕਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪ੍ਰੇਮ ਸਿੰਘ ਨੇ ਦੱਸਿਆ ਕਿ



ਉਹ ਪਿਛਲੇ ਲੰਮੇ ਸਮੇਂ ਤੋਂ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰ ਰਹੇ ਹਨ। ਬੀਤੇ ਸਾਲ ਨਵੰਬਰ ਮਹੀਨੇ ਤੋਂ ਉਨ੍ਹਾਂ ਨੂੰ ਤਨਖਾਹ ਨਹੀਂ ਮਿਲੀ। ਮਗਨਰੇਗਾ ਕਰਮਚਾਰੀ ਯੂਨੀਅਨ ਨੇ ਅਧਿਕਾਰੀਆਂ ਨਾਲ ਕਈ ਵਾਰ ਪੈਨਲ ਮੀਟਿੰਗਾਂ ਕੀਤੀਆਂ, ਪਰ ਅਜੇ ਤੱਕ ਉਨ੍ਹਾਂ ਦੀ ਕੋਈ ਮੰਗ ਨਹੀਂ ਮੰਨੀ ਗਈ। ਉੱਧਰ ਕੇਂਦਰ ਸਰਕਾਰ ਵੱਲੋਂ ਮਗਨਰੇਗਾ ਯੋਜਨਾ ਰੱਦ ਕਰਕੇ ਨਵੀਂ ਬਣਾਈ ਵੀਬੀ ਜੀ ਰਾਮ ਜੀ ਯੋਜਨਾ 'ਚ ਉਨ੍ਹਾਂ ਦਾ ਕੋਈ ਜ਼ਿਕਰ ਨਹੀਂ ਹੈ। ਪੰਜਾਬ ਸਮੇਤ ਦੇਸ਼ ਭਰ ਦੇ ਮਗਨਰੇਗਾ ਕਰਮਚਾਰੀ ਆਪਣੇ ਭਵਿੱਖ ਨੂੰ ਲੈ ਕੇ ਦੁਚਿੱਤੀ 'ਚ ਹਨ ਤੇ ਧਰਨੇ ਪ੍ਰਦਰਸ਼ਨ ਕਰ ਰਹੇ ਹਨ।

# ਵਿਸ਼ਵ ਮਿਡਵਾਈਫਰੀ ਦਿਵਸ ਮਨਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**- ਸ਼ਹਿਰ ਦੀ ਮਹਾਨ ਵਿਦਿਅਕ ਸੰਸਥਾ ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੋਸਾਇਟੀ ਰਜਿ. ਵੱਲੋਂ ਚਲਾਏ ਜਾ ਰਹੇ ਜੀ ਆਰ ਡੀ ਇੰਟਰਨੈਸ਼ਨਲ ਇੰਸਟੀਟਿਊਟ ਆਫ ਨਰਸਿੰਗ ਵਿਖੇ ਵਿਸ਼ਵ ਮਿਡਵਾਈਫਰੀ ਦਿਵਸ ਮਨਾਇਆ



ਗਿਆ। ਸੰਸਥਾ ਦੇ ਮੁੱਖ ਪ੍ਰਬੰਧਕ ਪ੍ਰਦੀਪ ਕੌਰ ਤੇ ਮੈਨੇਜਿੰਗ ਡਾਇਰੈਕਟਰ ਬਿਕਰਮ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪ੍ਰਿੰਸੀਪਲ ਰੇਨੂ ਬਾਲਾ ਦੀ ਆਗਵਾਈ 'ਚ ਮਨਾਏ ਗਏ ਵਿਸ਼ਵ ਮਿਡਵਾਈਫਰੀ ਦਿਵਸ ਮੌਕੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ।

ਇਸ ਮੌਕੇ ਤੇ ਵਿਸ਼ੇਸ਼ ਤੌਰ 'ਤੇ ਪਹੁੰਚੇ ਮੈਨੇਜਰ ਸਰਬਜੀਤ ਸਿੰਘ ਮੋਮੀ ਨੇ ਕਿਹਾ ਕਿ ਸਾਡੇ ਸਾਰਿਆਂ ਲਈ ਬਹੁਤ ਹੀ ਮਹੱਤਵਪੂਰਨ ਦਿਨ ਹੈ ਅਤੇ ਸਾਨੂੰ ਸਾਰਿਆਂ ਨੂੰ ਇਹ ਦਿਵਸ ਮਨਾਉਣ ਲਈ ਉਪਰਾਲੇ ਕਰਨੇ ਚਾਹੀਦੇ। ਉਹਨਾਂ ਕਿਹਾ ਕਿ ਸੰਸਥਾ ਵੱਲੋਂ ਕੀਤੇ ਜਾਂਦੇ ਇਸ ਤਰ੍ਹਾਂ ਦੇ ਉਪਰਾਲੇ ਸ਼ਲਾਘਾਯੋਗ ਹੈ ਜਿਸ ਨਾਲ ਆਮ ਲੋਕਾਂ ਨੂੰ ਵੱਖੋ ਵੱਖ ਤਰ੍ਹਾਂ ਦੀ ਜਾਣਕਾਰੀ ਮਿਲਦੀ ਹੈ। ਪ੍ਰਿੰਸੀਪਲ ਰੇਨੂ ਬਾਲਾ ਨੇ ਕਿਹਾ ਕਿ ਵਿਸ਼ਵ ਮਿਡ ਵਾਈਫਰੀ ਦਿਵਸ ਮਨਾਉਣ ਦਾ ਮੁੱਖ ਮੰਤਵ ਇਹੀ ਹੈ ਕਿ ਆਮ ਲੋਕਾਂ ਤੱਕ ਜਾਣਕਾਰੀ ਪਹੁੰਚ ਸਕੇ ਕਿ ਜਿਸ ਨਾਲ ਜੱਚਾ ਬੱਚਾ ਤੰਦਰੁਸਤ ਰਹੇ। ਹੋਰਨਾਂ ਤੋਂ ਇਲਾਵਾ ਵਾਈਸ ਪ੍ਰਿੰਸੀਪਲ ਰਾਜਵਿੰਦਰ ਕੌਰ, ਐਡਮਿਨਸਟਰੇਟਰ ਦਲਜਿੰਦਰ ਕੌਰ, ਐਡਮਿਸ਼ਨ ਸੈੱਲ ਇਨਚਾਰਜ ਲਵਲੀ ਸੈਣੀ, ਅਮਨਦੀਪ ਕੌਰ, ਮਨਪ੍ਰੀਤ ਕੌਰ, ਜਸਲੀਨ ਕੌਰ, ਆਰਤੀ ਟਾਂਡਾ, ਲਖਵਿੰਦਰ ਕੌਰ, ਤਰਨਦੀਪ ਕੌਰ ਤੋਂ ਇਲਾਵਾ ਨਰਸਿੰਗ ਕਾਲਜ ਦਾ ਹੋਰ ਸਟਾਫ ਵੀ ਹਾਜ਼ਰ ਸੀ।

# ਨਾਈਟ ਫੁੱਟਬਾਲ ਟੂਰਨਾਮੈਂਟ ਕਰਵਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸ਼ਹੀਦ ਏ ਆਜਮ ਸਰਦਾਰ ਭਗਤ ਸਿੰਘ ਯਾਦਗਾਰੀ ਸਟੇਡੀਅਮ ਠੱਕਰਵਾਲ ਵਿਖੇ ਸ਼ਹੀਦ ਭਗਤ ਸਿੰਘ ਸਪੋਰਟਸ ਕਲੱਬ ਠੱਕਰਵਾਲ ਵਲੋਂ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਐੱਨ ਆਰ ਆਈ ਦੇ ਸਹਿਯੋਗ ਨਾਲ ਸਲਾਨਾ ਸੈਵਨ ਏ ਸਾਈਡ ਨਾਈਟ ਫੁੱਟਬਾਲ ਟੂਰਨਾਮੈਂਟ ਕਰਵਾਇਆ ਗਿਆ। ਖੇਡੇ ਗਏ ਫਾਈਨਲ ਮੈਚਾਂ ਮੌਕੇ ਮੁੱਖ ਮਹਿਮਾਨ ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਨੇ ਖਿਡਾਰੀਆਂ ਨਾਲ ਜਾਣ ਪਛਾਣ ਕਰਦੇ ਹੋਏ ਅਨੁਸ਼ਾਸਨ ਵਿਚ ਰਹਿ ਕੇ ਖੇਡਣ ਲਈ ਪ੍ਰੇਰਤ ਕੀਤਾ। ਖੇਡੇ ਗਏ ਫਾਈਨਲ ਮੈਚਾਂ ਵਿਚ ਅੰਡਰ-17 ਸਾਲ ਵਿਚ ਫੁੱਟਬਾਲ ਅਕੈਡਮੀ ਬੱਡੋਂ ਨੇ ਫੁੱਟਬਾਲ ਅਕੈਡਮੀ ਪਾਂਸ਼ਟਾ ਨੂੰ 3-1ਦੇ ਫਰਕ ਨਾਲ ਹਰਾ ਕੇ ਜਿੱਤ ਪ੍ਰਾਪਤ ਕੀਤੀ। ਜਦਕਿ ਪਿੰਡ ਪੱਧਰ ਓਪਨ ਦੇ ਫਾਈਨਲ ਮੁਕਾਬਲੇ ਵਿਚ ਉੱਚਾ ਲਧਾਣਾ ਦੀ ਟੀਮ ਨੇ ਰਹੱਲੀ ਦੀ ਟੀਮ ਨੂੰ ਫਸਵੇਂ ਮੁਕਾਬਲੇ ਵਿਚ 2-1 ਦੇ ਫਰਕ ਨਾਲ ਹਰਾ ਕੇ 61 ਹਜ਼ਾਰ ਰੁਪਏ ਨਕਦ ਰਾਸ਼ੀ ਤੇ ਸ਼ਾਨਦਾਰ ਟਰਾਫੀ ਤੇ ਕਬਜਾ ਕੀਤਾ। ਜੇਤੂ ਖਿਡਾਰੀਆਂ ਨੂੰ ਇਨਾਮਾਂ ਦੀ ਵੰਡ ਮੁੱਖ ਮਹਿਮਾਨ ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ,ਕਲੱਬ ਪ੍ਰਧਾਨ ਕਿਸ਼ਨ ਚੰਦ ਭਨੋਟ, ਸਰਪੰਚ ਜਸਵਿੰਦਰ ਸਿੰਘ ਖਹਿਰਾ,





ਜਥੇਦਾਰ ਹਰੀ ਸਿੰਘ ਜਸਵਾਲ ਨੇ ਸਾਂਝੇ ਤੌਰ 'ਤੇ ਕੀਤੀ। ਉਨ੍ਹਾਂ ਨਾਲ ਸਮੂਹ ਪ੍ਰਬੰਧਕ ਹਾਜ਼ਰ ਸਨ।ਇਸ ਮੌਕੇ ਸਰਪੰਚ ਜਸਵਿੰਦਰ ਸਿੰਘ ਖਹਿਰਾ, ਕਲੱਬ ਪ੍ਰਧਾਨ ਕਿਸ਼ਨ ਚੰਦ ਭਨੋਟ ਪਟਵਾਰੀ, ਤਲਵਿੰਦਰ ਸਿੰਘ ਪੁਆਰ, ਕੈਪਟਨ ਅਮਨਚੈਨ ਸਿੰਘ, ਜਰਨੈਲ ਸਿੰਘ ਨੂਰੀ, ਮੈਨੇਜਰ ਹਰਦੇਵ ਸਿੰਘ, ਸੈਕਟਰੀ ਸਰਬਜੀਤ ਸਿੰਘ ਮੰਞ, ਕਮਲਜੀਤ ਸਿੰਘ ਪੀ ਐੱਨ ਬੀ, ਕਰਮਜੀਤ ਸਿੰਘ ਮੰਞ, ਦਰਸ਼ਨ ਸਿੰਘ ਰਾਜਾ, ਜਥੇਦਾਰ ਰਘਵੀਰ ਸਿੰਘ ਠੱਕਰਵਾਲ, ਜਰਨੈਲ ਸਿੰਘ ਪਟਵਾਰੀ, ਮਨਵੀਰ ਸਿੰਘ ਮੰਞ, ਰਾਜੇਸ਼ ਕੁਮਾਰ ਰਾਜਾ ਠੱਕਰਵਾਲ, ਦਲਜੀਤ ਸਿੰਘ ਜੀਤਾ, ਪਰਮਜੀਤ ਸਿੰਘ ਰਾਜੂ, ਸਰਪੰਚ ਰਣਜਿੰਦਰ ਸਿੰਘ ਮੌਜੋਮਜਾਰਾ, ਜਗਮੋਹਣ ਸਿੰਘ ਬੱਡੋਂ, ਪਵਨ ਸੈਣੀ ਫਗਵਾੜਾ, ਜਥੇਦਾਰ ਹਰੀ ਸਿੰਘ ਜਸਵਾਲ ਭਾਮ, ਪ੍ਰਿੰਸੀਪਲ ਸੁਖਇੰਦਰ ਸਿੰਘ ਮਿਨਹਾਸ ਰਿੱਕੀ ਜੀ ਡਾ. ਵਿਪਨ ਪਚਨੰਗਲ ਮੈਂਬਰ ਜਿਲਾ ਪ੍ਰੀਸ਼ਦ, ਬਲਾਕ ਪ੍ਰਧਾਨ ਦਲਵੀਰ ਸਿੰਘ ਲਕਸੀਹਾਂ, ਕ੍ਰਿਪਾਲ ਸਿੰਘ ਭਗਤੂਪੁਰ, ਰਵੀ ਕੁਮਾਰ ਰਹੱਲੀ, ਗੋਪੀ ਭਾਮ, ਨੈਸ਼ਨਲ ਫੁੱਟਬਾਲ ਖਿਡਾਰੀ ਬਲਵੰਤ ਸਿੰਘ ਰਹੱਲੀ, ਸੁਖਵਿੰਦਰ ਸਿੰਘ ਸੁੱਖਾ ਰਹੱਲੀ, ਕਮਲਜੀਤ ਸਿੰਘ ਮੰਞ, ਤਰਲੋਚਨ ਸਿੰਘ ਮੰਞ, ਮਨਜੀਤ ਸਿੰਘ ਮੰਞ, ਹਰਭਜਨ ਸਿੰਘ ਕਲਸੀ,ਹਰਦੇਵ ਸਿੰਘ, ਗੁਰਿੰਦਰ ਸਿੰਘ ਢਿੱਲੋਂ, ਤਰਲੋਚਨ ਸਿੰਘ ਮੰਞ, ਨਰਿੰਦਰ ਸਿੰਘ ਮੰਞ, ਸਤਵਿੰਦਰ ਸਿੰਘ ਮੰਞ, ਪਿਥੀਪਾਲ ਸਿੰਘ ਮੰਞ, ਮਨਪ੍ਰੀਤ ਕੌਰ ਬਲਾਕ ਸੰਮਤੀ ਮੈਂਬਰ, ਮਾਸਟਰ ਹਰਭਜਨ ਸਿੰਘ ਅਜਨੋਹਾ, ਪ੍ਰਦੀਪ ਸਿੰਘ ਜੂਨਾਂ,ਖੜਕ ਸਿੰਘ ਮੰਞ, ਦਰਸ਼ਨ ਸਿੰਘ ਰਾਜਾ ਆਦਿ ਹਾਜ਼ਰ ਸਨ।

## ਅਜਨੋਹਾ ਵਿਖੇ ਕ੍ਰਿਕਟ ਟੂਰਨਾਮੈਂਟ ਸ਼ਾਨੋ-ਸ਼ੌਕਤ ਨਾਲ ਸਮਾਪਤ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਅਜਨੋਹਾ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਅਕਾਲੀ ਬਾਬਾ ਫੂਲਾ



ਸਿੰਘ ਜੀ ਦੀ ਯਾਦ ਵਿੱਚ ਸਲਾਨਾ ਦੂਜਾ ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਗ੍ਰਾਮ ਪੰਚਾਇਤ ਅਤੇ ਪਿੰਡ ਦੇ ਪਤਵੰਤੇ ਸੱਜਣਾਂ ਕ੍ਰਿਕਟ ਟੂਰਨਾਮੈਂਟ ਦਾ ਉਦਘਾਟਨ ਕੀਤਾ । ਉਨ੍ਹਾਂ ਦੱਸਿਆ ਕਿ ਸਲਾਨਾ ਦੂਜੇ ਕ੍ਰਿਕਟ ਟੂਰਨਾਮੈਂਟ ਦੌਰਾਨ ਪੰਜਾਬ ਦੀਆਂ ਨਾਮਵਰ 32 ਟੀਮਾਂ ਹਿੱਸਾ ਲਿਆ। ਫਾਈਨਲ ਪਾਂਸ਼ਟਾ ਅਤੇ ਆਦਮਪੁਰ ਵਿਚਕਾਰ ਕਰਵਾਇਆ ਗਿਆ। ਜਿਸ ਵਿੱਚ ਪਿੰਡ ਆਦਮਪੁਰ ਦੀ ਟੀਮ ਜੇਤੂ ਰਹੀ।ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਪਹਿਲੇ ਸਥਾਨ 'ਤੇ ਆਉਣ ਵਾਲੀ ਟੀਮ ਨੂੰ 51,000 ਹਜ਼ਾਰ ਰੁਪਏ ਅਤੇ ਟਰਾਫੀ ਅਤੇ ਦੂਜੇ ਸਥਾਨ 'ਤੇ ਆਉਣ ਵਾਲੀ ਟੀਮ ਨੂੰ 31,000 ਹਜ਼ਾਰ ਰੁਪਏ ਟਰਾਫੀ ਦੇ ਕੇ ਸਨਮਾਨਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਫਾਈਨਲ ਵਾਲੇ ਦਿਨ ਮੁੱਖ ਮਹਿਮਾਨ ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਨੇ ਜੇਤੂ ਅਤੇ ਉਪ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਕੀਤੀ। ਇਸ ਮੌਕੇ ਪ੍ਰਬੰਧਕਾਂ ਵੱਲੋਂ ਆਏ ਹੋਏ ਮਹਿਮਾਨਾਂ, ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸਹਿਯੋਗੀਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸਰਪੰਚ ਰਾਜਵਿੰਦਰ ਕੌਰ, ਰਣਜੋਧ ਸਿੰਘ, ਤਲਵਿੰਦਰ ਸਿੰਘ, ਜਸਕਰਨ ਸਿੰਘ ਸੰਨੀ, ਹਰਜੀਤ ਸਿੰਘ, ਹਰਕੀਰਤ ਸਿੰਘ ਗੋਰਖਾ, ਨਿੰਰਕਾਰ ਸਿੰਘ ਸਾਬਕਾ ਸਰਪੰਚ, ਗੁਰਮੀਤ ਸਿੰਘ ਪੰਚ, ਜੋਨੀ ਹੁਸ਼ਿਆਰਪੁਰ, ਸਾਗਰ, ਕੋਮਲ, ਅਮਨਜੋਤ, ਜੋਤੀ, ਅਰਵਿੰਦਰ ਸਿੰਘ, ਪਵਨ ਕੁਮਾਰ ਪਾਸਟਾ, ਕੁਲਦੀਪ, ਗੋਲੂ, ਸੋਹਣ ਸਿੰਘ ਪੰਚ, ਗੁਰਪ੍ਰੀਤ ਸਿੰਘ ਪੰਚ, ਮਮਤਾ ਰਾਣੀ ਬਲਾਕ ਸੰਮਤੀ ਮੈਂਬਰ, ਕਿਰਨ ਕੁਮਾਰੀ ਪੰਚ, ਰਜਿੰਦਰ ਸਿੰਘ ਪਰਮਾਰ ਸਾਬਕਾ ਡੀਐਸਪੀ, ਜਸਕਰਨ ਸਿੰਘ, ਨਿਰਮਲ ਸਿੰਘ ਨੰਬਰਦਾਰ, ਅਸ਼ੋਕ ਕੁਮਾਰ ਨੰਬਰਦਾਰ ਆਦਿ ਹਾਜ਼ਰ ਸਨ।ਜਾਣਕਾਰੀ ਨੰਬਰਦਾਰ ਜਸਕਰਨ ਸਿੰਘ ਅਜਨੋਹਾ ਨੇ ਦਿੱਤੀ।

# 6 ਪਿੰਡਾਂ 'ਚ ਮਾਡਲ ਪੇਂਡੂ ਖੇਡ ਮੈਦਾਨ ਸਮਰਪਤ ਕਰਨ ਦਾ ਸਵਾਗਤ

**ਜਲੰਧਰ (ਸ਼ੈਲੀ ਐਲਬਰਟ)**- ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਸਿਹਤਮੰਦ ਜੀਵਨਸ਼ੈਲੀ ਵੱਲ ਉਤਸ਼ਾਹਿਤ ਕਰਨ ਦੇ ਮਕਸਦ ਨਾਲ ਮੁੱਖ ਮੰਤਰੀ



ਭਗਵੰਤ ਸਿੰਘ ਮਾਨ ਵੱਲੋਂ ਵਰਚੂਅਲ ਢੰਗ ਨਾਲ ਸਮਰਪਿਤ ਕੀਤੇ ਗਏ ਮਾਡਲ ਪੇਂਡੂ ਖੇਡ ਮੈਦਾਨਾਂ ਵਿੱਚ 6 ਜ਼ਿਲ੍ਹਾ ਜਲੰਧਰ ਨਾਲ ਸਬੰਧਤ ਹਨ। ਜ਼ਿਲ੍ਹੇ ਦੇ 6 ਪਿੰਡਾਂ ਕਾਲੜਾ, ਨਾਹਲ, ਸੰਗੋਵਾਲ, ਕਾਂਗਨਾ, ਮੋਰੋਂ ਅਤੇ ਫੋਲੜੀਵਾਲ ਵਿਖੇ ਮਾਡਲ ਪੇਂਡੂ ਖੇਡ ਮੈਦਾਨ ਸਮਰਪਤ ਕੀਤੇ ਗਏ। ਪਿੰਡ ਨਾਹਲ ਵਿਖੇ ਖੇਡ ਮੈਦਾਨ ਸਮਰਪਤ ਕਰਦਿਆਂ ਹਲਕਾ ਵਿਧਾਇਕ ਕਰਤਾਰਪੁਰ ਬਲਕਾਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਭਰ ਦੇ ਪਿੰਡਾਂ ਵਿੱਚ ਆਧੁਨਿਕ ਸਹੂਲਤਾਂ ਨਾਲ ਲੈਸ ਖੇਡ ਮੈਦਾਨ ਸਥਾਪਿਤ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਰਾਜ ਸਰਕਾਰ ਦੇ ਇਸ ਉਪਰਾਲੇ ਦਾ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ, ਉਨ੍ਹਾਂ ਨੂੰ ਖੇਡਾਂ ਨਾਲ ਜੋੜਨਾ ਅਤੇ ਉਨ੍ਹਾਂ ਦੀ ਅਥਾਹ ਊਰਜਾ ਨੂੰ ਉਸਾਰੂ ਗਤੀਵਿਧੀਆਂ ਵਿੱਚ ਲਾਉਣਾ ਹੈ। ਉਨ੍ਹਾਂ ਕਿਹਾ ਕਿ ਇਹ ਪਹਿਲ ਨਸ਼ਿਆਂ ਦੀ ਰੋਕਥਾਮ ਅਤੇ ਸਿਹਤਮੰਦ ਤੇ ਵਧੇਰੇ ਮਜ਼ਬੂਤ ਪੀੜ੍ਹੀ ਤਿਆਰ ਕਰਨ ਵਿੱਚ ਮਦਦਗਾਰ ਸਾਬਿਤ ਹੋਵੇਗੀ। ਇਸੇ ਤਰ੍ਹਾਂ ਹਲਕਾ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਪਿੰਡ ਕਾਂਗਨਾ ਵਿਖੇ ਖੇਡ ਮੈਦਾਨ ਸਮਰਪਿਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਰਾਜ ਸਰਕਾਰ ਸੂਬੇ ਨੂੰ ਨਸ਼ਾ ਮੁਕਤ ਅਤੇ ਰੰਗਲਾ ਪੰਜਾਬ ਬਣਾਉਣ ਲਈ ਲਗਾਤਾਰ ਯਤਨਸ਼ੀਲ ਹੈ। ਹਲਕਾ ਵਿਧਾਇਕਾਂ ਨੇ ਪਿੰਡ ਵਾਸੀਆਂ ਸਮੇਤ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਹਿਲੇ ਪੜਾਅ ਵਿੱਚ 3100 ਖੇਡ ਮੈਦਾਨ ਬਣਾਏ ਜਾ ਰਹੇ ਹਨ, ਜੋ ਕਿ ਅਤਿ-ਆਧੁਨਿਕ ਸਹੂਲਤਾਂ ਨਾਲ ਲੈਸ ਹੋਣਗੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਜਲੰਧਰ ਵਿੱਚ ਕੁੱਲ 168 ਖੇਡ ਮੈਦਾਨ ਬਣਾਏ ਜਾਣਗੇ।

## ਏ ਡੀ ਸੀ (ਜਨਰਲ) ਤੇ ਸਹਾਇਕ ਕਮਿਸ਼ਨਰ (ਜਨਰਲ) ਵੱਲੋਂ ਮਰਦਮਸ਼ੁਮਾਰੀ ਲਈ ਸਵੈ-ਗਣਨਾ

**ਮੋਹਾਲੀ, (ਗੁਰਜੀਤ ਬਿੱਲਾ)**-ਭਾਰਤ ਸਰਕਾਰ ਵੱਲੋਂ ਕਰਵਾਈ ਜਾ ਰਹੀ ਮਰਦਮਸ਼ੁਮਾਰੀ-2026 ਦੇ ਤਹਿਤ ਸਵੈ-ਗਣਨਾ ਮੁਹਿੰਮ ਨੂੰ ਸਫਲ ਬਣਾਉਣ ਲਈ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਖੁਦ ਅਗਵਾਈ ਕੀਤੀ ਜਾ ਰਹੀ ਹੈ।ਇਸ ਲੜੀ ਤਹਿਤ ਸ੍ਰੀਮਤੀ ਗੀਤਿਕਾ ਸਿੰਘ, ਏ ਡੀ ਸੀ (ਜਨਰਲ) ਅਤੇ ਡਾ. ਅੰਕਿਤਾ ਕਾਂਸਲ, ਸਹਾਇਕ ਕਮਿਸ਼ਨਰ (ਜਨਰਲ) ਵੱਲੋਂ ਸਵੈ ਗਣਨਾ ਦੀ ਪ੍ਰਕਿਰਿਆ ਪੂਰੀ ਕੀਤੀ ਗਈ।ਇਸ ਮੌਕੇ ਏ.ਡੀ.ਸੀ. (ਜਨਰਲ) ਸ੍ਰੀਮਤੀ ਗੀਤਿਕਾ ਸਿੰਘ ਨੇ ਕਿਹਾ ਕਿ ਮਰਦਮਸ਼ੁਮਾਰੀ ਦੇਸ਼ ਦੀ ਯੋਜਨਾਬੰਦੀ, ਵਿਕਾਸ ਕਾਰਜਾਂ ਅਤੇ ਸਰਕਾਰੀ ਸਕੀਮਾਂ ਦੀ ਬਿਹਤਰ ਤਿਆਰੀ ਲਈ ਬਹੁਤ ਮਹੱਤਵਪੂਰਨ ਹੈ। ਸਹਾਇਕ ਕਮਿਸ਼ਨਰ (ਜਨਰਲ) ਸ੍ਰੀਮਤੀ ਅੰਕਿਤਾ ਕਾਂਸਲ ਨੇ ਦੱਸਿਆ ਕਿ ਸਵੈ-ਗਣਨਾ (ਸੈਲਫ ਐਨਯੂਮੇਰੇਸ਼ਨ) ਪ੍ਰਕਿਰਿਆ ਸਰਲ, ਸੁਰੱਖਿਅਤ ਅਤੇ ਪੂਰੀ ਤਰ੍ਹਾਂ ਡਿਜੀਟਲ ਹੈ।



# 2027 'ਚ ਪੰਜਾਬ 'ਚ ਭਾਜਪਾ ਦੀ ਸਰਕਾਰ ਬਣਨਾ ਤੈਅ : ਪਿੰਕੀ



**ਦਸੂਹਾ (ਕਰਨੈਲ ਮਾਂਗਟ)**- ਪੱਛਮੀ ਬੰਗਾਲ ਵਿੱਚ ਚੋਣ ਨਤੀਜਿਆਂ ਮਗਰੋਂ ਸਿਆਸੀ ਮਾਹੌਲ ਹੋਰ ਗਰਮ ਹੋ ਗਿਆ ਹੈ ਅਤੇ ਇਸ ਦਾ ਅਸਰ ਪੰਜਾਬ ਵਿੱਚ ਵੀ ਵੇਖਣ ਨੂੰ ਮਿਲਿਆ ਹੈ। ਇਸ ਸਬੰਧੀ ਵਿਧਾਨ ਸਭਾ ਹਲਕਾ ਦਸੂਹਾ ਵਿੱਚ ਭਾਜਪਾ ਵੱਲੋਂ ਵਿਸ਼ੇਸ਼ ਤੌਰ 'ਤੇ ਜਸ਼ਨ ਸੀਨੀਅਰ ਆਗੂ ਸ਼ੁਸੀਲ ਕੁਮਾਰ ਪਿੰਕੀ ਦੀ ਅਗਵਾਈ ਹੇਠ ਪਾਰਟੀ ਵਰਕਰਾਂ ਨੇ ਇਕੱਠ ਕਰਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਇੱਕ-ਦੂਜੇ ਨੂੰ ਲੱਡੂ ਵੰਡ ਕੇ ਵਧਾਈ ਦਿੱਤੀ ਗਈ, ਮਾਹੌਲ ਪੂਰੀ ਤਰ੍ਹਾਂ ਤਿਉਹਾਰ ਵਰਗਾ ਬਣਿਆ ਹੋਇਆ ਸੀ ਅਤੇ ਪਾਰਟੀ ਦੇ ਸਮਰਥਕਾਂ ਵਿੱਚ ਭਾਰੀ ਉਤਸ਼ਾਹ ਵਖਣ ਨੂੰ ਮਿਲਿਆ । ਇਸ ਮੌਕੇ ਤੇ ਭਾਜਪਾ ਦੇ ਸੀਨੀਰ ਆਗੂ ਸ਼ੁਸੀਲ ਕੁਮਾਰ ਪਿੰਕੀ ਨੇ ਕਿਹਾ ਕਿ ਦੇਸ਼ ਵਿੱਚ ਭਾਜਪਾ ਦੀ ਲੋਕਪ੍ਰਿਯਤਾ ਲਗਾਤਾਰ ਵੱਧ ਰਹੀ ਹੈ ਅਤੇ ਲੋਕ ਵਿਕਾਸ ਦੀ ਰਾਜਨੀਤੀ ਨੂੰ ਸਮੱਰਥਨ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਪੱਛਮੀ ਬੰਗਾਲ ਦੇ ਨਤੀਜੇ ਇਸ ਗੱਲ ਦਾ ਸਪੱਸ਼ਟ ਸੰਕੇਤ ਹਨ ਕਿ ਲੋਕ ਹੁਣ ਬਦਲਾਅ ਚਾਹੁੰਦੇ ਹਨ। ਉਨ੍ਹਾਂ ਦਾਅਵਾ ਕੀਤਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਦੀ ਸਰਕਾਰ ਬਣਨਾ ਤੈਅ ਹੈ ਇਸ ਮੌਕੇ ਤੇ ਵਰਕਰਾਂ ਵੱਲੋ ਇਕਜੁੱਟਤਾ ਨਾਲ ਪਾਰਟੀ ਦੀ ਮਜ਼ਬੂਤੀ ਦਾ ਸੰਦੇਸ਼ ਦਿੱਤਾ। ਇਸ ਮੌਕੇ ਤੇ ਰਵਿੰਦਰ ਸਿੰਘ ਰਵੀ ਸ਼ਿੰਗਾਰੀ, ਐਡਵੋਕੇਟ ਸ਼ੁੱਭ ਸਰੋਚ, ਠਾਕੁਰ ਵਿਵੇਕ ਰਿੰਕਾ, ਜਸਵੰਤ ਪੱਪੂ, ਅਮਿਤ ਸ਼ਿੰਗਾਰੀ, ਲੱਖਾ ਸਿੰਘ, ਰਜੇਸ਼ ਮਹਾਜਨ, ਨਸੀਬ ਕੁਮਾਰ, ਠਾਕਰ ਜਨਕ ਸਿੰਘ, ਠਾਕੁਰ ਕੁਲਭੂਸ਼ਨ, ਪੰਡਿਤ ਦਿਨੇਸ਼ ਸ਼ਰਮਾ, ਰਾਮ ਸ਼ਰਨ, ਰਵੀ ਬੱਤਰਾ, ਸ਼ਿਵ ਦਿਆਲ ਤੇ ਵੱਡੀ ਗਿਣਤੀ ਵਿੱਚ ਭਾਜਪਾ ਦੇ ਵਰਕਰ ਹਾਜ਼ਰ ਸਨ।

## 2570ਵੀਂ ਬੁੱਧ ਜਯੰਤੀ ਧੂਮ-ਧਾਮ ਨਾਲ ਮਨਾਈ

**ਜਲੰਧਰ (ਰਾਜੇਸ਼ ਥਾਪਾ)**- ਅੰਬੇਡਕਰ ਮਿਸ਼ਨ ਸੁਸਾਇਟੀ ਵੱਲੋਂ 2570ਵੀਂ ਬੁੱਧ ਜਯੰਤੀ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀ ਚਰਨ-ਛੋਹ ਪ੍ਰਾਪਤ ਭੂਮੀ, ਇਤਿਹਾਸਿਕ ਸਥਾਨ ਅੰਬੇਡਕਰ ਭਵਨ ਵਿਖੇ ਬੜੀ ਸ਼ਰਧਾ ਅਤੇ ਧੂਮ ਧਾਮ ਨਾਲ ਮਨਾਈ ਗਈ। ਇਸ ਮੌਕੇ ਮੁੱਖ ਮਹਿਮਾਨ ਧੱਮਚਾਰੀ ਅਚਲ ਕੀਰਤੀ ਨੇ ਬੁੱਧ ਜਯੰਤੀ ਦੇ ਸਮਾਗਮ ਵਿੱਚ ਸ਼ਾਮਲ ਬੋਧੀ ਉਪਾਸਕਾਂ ਨੂੰ ਜਯੰਤੀ ਦੀਆਂ ਮੁਬਾਰਕਾਂ ਅਤੇ ਸ਼ੁਭ ਇਛਾਵਾਂ



ਦਿੱਤੀਆਂ। ਇਸ ਮੌਕੇ ਬਲਦੇਵ ਰਾਜ ਭਾਰਦਵਾਜ, ਕਮਲ ਕੁਮਾਰ, ਤਿਲਕ ਰਾਜ, ਪਰਮਿੰਦਰ ਸਿੰਘ ਖੁਤਣ, ਡਾ. ਮਹਿੰਦਰ ਸੰਧੂ, ਇਨਕਲਾਬ ਸੰਗਰ, ਮਨਜੀਤ ਸਿੰਘ, ਡਾ. ਚਰਨਜੀਤ ਸਿੰਘ, ਜਸਵਿੰਦਰ ਵਰਿਆਣਾ, ਡਾ. ਕੇ ਐਸ ਫੁੱਲ, ਸਵਰਨ ਦਾਸ, ਡਾ. ਮੋਹਿੰਦਰ ਪਾਲ ਡਾਲੀਆ, ਸਾਬਕਾ ਰਾਜਦੂਤ ਰਮੇਸ਼ ਚੰਦਰ, ਰੂਪ ਲਾਲ, ਹਰਭਜਨ ਨਿਮਤਾ, ਹਰੀ ਸਿੰਘ ਥਿੰਦ, ਜਗਤਾਰ ਰਾਮ, ਹਰਮੇਸ਼ ਜੱਸਲ, ਰਾਜ ਕੁਮਾਰ, ਮਲਕੀਤ ਸਿੰਘ, ਸਾਬਕਾ ਡੀ ਐਸ ਪੀ ਦਲਜੀਤ ਸਿੰਘ, ਓਮ ਪ੍ਰਕਾਸ਼, ਪ੍ਰੋਫੈਸਰ ਅਰਿੰਦਰ ਸਿੰਘ, ਜੀ ਰਾਜ ਸਮੇਤ ਹੋਰ ਅਨੇਕ ਉਪਾਸਕ ਹਾਜ਼ਰ ਸਨ।

# ਸੰਤ ਬਾਬਾ ਜਵਾਲਾ ਸਿੰਘ ਹਰਖੋਵਾਲ ਵਾਲਿਆਂ ਦੇ ਜਨਮ ਦਿਹਾੜੇ ਮੌਕੇ ਧਾਰਮਿਕ ਸਮਾਗਮ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਡੇਰਾ ਸੰਤਗੜ੍ਹ ਹਰਖੋਵਾਲ ਵਿਖੇ ਸਮੂਹ ਸਾਧ ਸੰਗਤ, ਐੱਨ ਆਰ ਆਈ ਤੇ ਇਲਾਕੇ ਦੇ ਸਹਿਯੋਗ ਨਾਲ ਡੇਰੇ ਵੱਲੋਂ ਬ੍ਰਹਮ ਗਿਆਨੀ 108 ਸੰਤ ਬਾਬਾ ਜਵਾਲਾ ਸਿੰਘ ਜੀ ਹਰਖੋਵਾਲ ਵਾਲਿਆਂ ਦੇ 137ਵੇਂ ਜਨਮ ਦਿਹਾੜੇ ਮੌਕੇ ਸੰਤ ਸਮਾਗਮ ਅਤੇ ਧਾਰਮਿਕ ਸਮਾਗਮ ਸਮਾਗਮ ਸ਼ਰਧਾ ਭਾਵਨਾ ਨਾਲ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਅਮਰਜੀਤ ਸਿੰਘ ਹਰਖੋਵਾਲ ਵਾਲਿਆਂ ਦੀ ਅਗਵਾਈ ਹੇਠ ਕਰਵਾਏ ਗਏ। ਇਸ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਅਮਰਜੀਤ ਸਿੰਘ ਹਰਖੋਵਾਲ ਵਾਲਿਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਬ੍ਰਹਮ ਗਿਆਨੀ 108 ਸੰਤ ਬਾਬਾ ਜਵਾਲਾ ਸਿੰਘ ਜੀ ਦੇ 137ਵੇਂ ਜਨਮ ਦਿਹਾੜੇ ਮੌਕੇ ਸਮਾਗਮ ਮੌਕੇ ਅੰਮ੍ਰਿਤ ਵੇਲੇ ਚਾਰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਨ੍ਹਾਂ ਦੱਸਿਆ ਕਿ ਜਨਮ ਦਿਹਾੜੇ ਮੌਕੇ 3 ਮਈ ਨੂੰ ਸਾਰੀ ਰਾਤ ਰੈਣ ਸਬਾਈ ਕੀਰਤਨ ਸਮਾਗਮ ਕਰਵਾਏ ਗਏ। ਇਸ ਮੌਕੇ ਸੰਤ ਬਾਬਾ ਅਮਰਜੀਤ ਸਿੰਘ ਹਰਖੋਵਾਲ ਵਾਲਿਆਂ ਨੇ ਦੱਸਿਆ ਕਿ ਸੰਤ ਬਾਬਾ ਜਵਾਲਾ ਸਿੰਘ ਜੀ ਹਰਖੋਵਾਲ ਵਾਲਿਆਂ ਦੇ 137ਵੇਂ ਜਨਮ ਦਿਹਾੜੇ ਮੌਕੇ ਮਹਾਨ ਸੰਤ ਸਮਾਗਮ ਤੇ ਧਾਰਮਿਕ ਸਮਾਗਮ ਦੌਰਾਨ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਸ੍ਰੀ ਅੰਮ੍ਰਿਤਸਰ, ਸਿੰਘ ਸਾਹਿਬ ਜਥੇਦਾਰ ਬਾਬਾ ਹਰਨਾਮ ਸਿੰਘ ਧੁੰਮਾਂ ਮੁੱਖੀ ਦਮਦਮੀ ਟਕਸਾਲ ਮਹਿਤਾ, ਸੰਤ ਬਾਬਾ ਕਸ਼ਮੀਰ ਸਿੰਘ ਕੋਟ ਫਤੂਹੀ, ਸੰਤ ਬਾਬਾ ਜਗਤਾਰ ਸਿੰਘ ਕੋਟ ਫਤੂਹੀ, ਸੰਤ ਬਾਬਾ ਜੋਗਿੰਦਰ ਸਿੰਘ ਅਟਾਰੀ, ਸੰਤ ਬਾਬਾ ਭੁਪਿੰਦਰ ਸਿੰਘ ਤਲਵੰਡੀ, ਜਥੇਦਾਰ ਬਾਬਾ ਨਾਗਰ ਸਿੰਘ ਟੁਟੋਮਜਾਰਾ, ਸੰਤ ਬਾਬਾ ਜਗਜੀਤ ਸਿੰਘ ਪੰਡਤ, ਮਹੰਤ ਅਮਨਦੀਪ ਸਿੰਘ, ਬਾਬਾ ਸੁਰਜੀਤ ਸਿੰਘ ਕਥਾਵਾਚਕ, ਮਹੰਤ ਗੁਰਪ੍ਰੀਤ ਸਿੰਘ, ਬਾਬਾ ਗੁਰਬੇਜ ਸਿੰਘ, ਸੰਤ ਬਾਬਾ ਜਸਪਾਲ ਸਿੰਘ ਪੰਜੌੜਾ, ਸੰਤ ਬਾਬਾ ਹਾਕਮ ਸਿੰਘ ਮਾਲਵਾ, ਜਥੇਦਾਰ ਬਾਬਾ ਸੁੱਖਾ ਸਿੰਘ ਫਤਿਹਪੁਰ ਕੋਠੀ, ਸੰਤ ਬਾਬਾ ਚਮਕੌਰ ਸਿੰਘ, ਜਥੇਦਾਰ ਬਾਬਾ ਨਾਰੰਗ ਸਿੰਘ ਨਵਾਂ ਸ਼ਹਿਰ, ਸੰਤ ਬਾਬਾ ਸਰਵਣ ਸਿੰਘ ਜੱਬੜ, ਬੀਬੀ ਗੁਰਿੰਦਰ ਕੌਰ ਬਾਹੋਵਾਲ, ਸੰਤ ਬਾਬਾ ਪਰਮਜੀਤ ਸਿੰਘ ਹੰਸਾਲੀ, ਸੰਤ ਬਾਬਾ ਬਲਵੰਤ ਸਿੰਘ ਹਰਿਦੁਆਰ, ਸੰਤ ਬਾਬਾ ਪਰਮੇਸ਼ਰ ਸਿੰਘ ਭੋਗਪੁਰ



ਰਾਵਲਪਿੰਡੀ ਫਗਵਾੜਾ, ਸੰਤ ਬਾਬਾ ਭਾਗ ਸਿੰਘ ਬੰਗਾ, ਸੰਤ ਬਾਬਾ ਸੰਤੋਖ ਸਿੰਘ ਪਾਲਦੀ, ਸੰਤ ਬਾਬਾ ਪ੍ਰੀਤਮ ਸਿੰਘ ਬਾੜੀਆ, ਸੰਤ ਬਾਬਾ ਅਮਰੀਕ ਸਿੰਘ ਮੰਨਣਹਾਣਾ, ਸੰਤ ਬਾਬਾ ਕਰਮਜੀਤ ਸਿੰਘ ਟਿੱਬਾ ਸਾਹਿਬ ਹੁਸ਼ਿਆਰਪੁਰ, ਸੰਤ ਬਾਬਾ ਬਲਵੀਰ ਸਿੰਘ ਟਿੱਬਾ ਸਾਹਿਬ ਹੁਸ਼ਿਆਰਪੁਰ, ਜਥੇਦਾਰ ਬਾਬਾ ਸੁਮਿੱਤਰ ਸਿੰਘ, ਬਾਬਾ ਅਜਮੇਰ ਸਿੰਘ ਬਾੜੀਆਂ, ਜਥੇਦਾਰ ਭਗਵਾਨ ਸਿੰਘ ਜੌਹਲ ਪ੍ਰਸਿੱਧ ਪ੍ਰਚਾਰਕ, ਸੰਤ ਬਾਬਾ ਸੰਤੋਖ ਸਿੰਘ ਪਾਲਦੀ, ਸੰਤ ਬਾਬਾ ਭਾਗ ਸਿੰਘ ਬੰਗਾ, ਸੰਤ ਬਾਬਾ ਪ੍ਰੀਤਮ ਸਿੰਘ ਬਾੜੀਆਂ, ਸੰਤ ਬਾਬਾ ਪ੍ਰੀਤਮ ਸਿੰਘ ਡਮੇਲੀ, ਸੰਤ ਬਾਬਾ ਅਵਤਾਰ ਸਿੰਘ ਰੋਪੜ, ਬਾਬਾ ਹਰਦਿਆਲ ਸਿੰਘ ਬੂਥਗੜ੍ਹ, ਬਾਬਾ ਲੱਖਾ ਸਿੰਘ ਸ੍ਰੀ ਫਤਹਿਗੜ੍ਹ ਸਾਹਿਬ, ਬਾਬਾ ਅਮਰੀਕ ਸਿੰਘ ਤੰਗੜ, ਭਾਈ ਮਨਜਿੰਦਰ ਸਿੰਘ, ਨਵਜੋਤ ਸਿੰਘ, ਹਰਵਿੰਦਰ ਸਿੰਘ ਸੋਢੀ, ਇੰਦਰਜੀਤ ਸਿੰਘ ਫੱਕਰ, ਭਾਈ ਦਵਿੰਦਰ ਸਿੰਘ ਦਰਬਾਰ ਸਾਹਿਬ, ਵਿਸ਼ਾਲ ਸਿੰਘ ਕਥਾ ਵਾਚਕ, ਭਾਈ ਗੁਰਪ੍ਰੀਤ ਸਿੰਘ ਦਰਬਾਰ ਸਾਹਿਬ, ਭਾਈ ਗੁਰਵਿੰਦਰ ਸਿੰਘ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਗਿਆਨੀ ਗੁਰਮੇਲ ਸਿੰਘ ਲੁਧਿਆਣਾ, ਭਾਈ ਬਲਜੀਤ ਸਿੰਘ, ਜਥੇਦਾਰ ਲਖਵੀਰ ਸਿੰਘ ਮਿਸਲ ਸ਼ਹੀਦਾਂ ਤਰਨਾ ਦਲ ਆਦਿ ਨੇ ਗੁਰਬਾਣੀ ਗੁਰਇਤਿਹਾਸ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸਮਾਗਮ ਦੌਰਾਨ ਸੰਤ ਮਹਾਂਪੁਰਸ਼, ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ।ਸੰਤ ਬਾਬਾ ਅਮਰਜੀਤ ਸਿੰਘ ਹਰਖੋਵਾਲ ਵਾਲਿਆਂ ਨੇ ਸਮਾਗਮ ਵਿੱਚ ਸਹਿਯੋਗ ਦੇਣ ਤੇ ਧੰਨਵਾਦ ਕੀਤਾ। ਇਸ ਮੌਕੇ ਸਮਾਗਮ ਦੌਰਾਨ ਡਾਕਟਰ ਇਸ਼ਾਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਤੋਂ ਇਲਾਵਾ ਹੋਰ ਇਲਾਕੇ ਦੀਆਂ ਪ੍ਰਮੁੱਖ ਸਖਸ਼ੀਅਤਾਂ ਨੇ ਪੁੱਜ ਕੇ ਹਾਜ਼ਰੀ ਭਰੀ।ਇਸ ਮੌਕੇ ਸਮਾਗਮ ਦੌਰਾਨ ਹਰਪ੍ਰੀਤ ਸਿੰਘ ਸੰਘਾ, ਨੰਬਰਦਾਰ ਸੁਖਵਿੰਦਰ ਸਿੰਘ ਸੱਤਾ, ਜਸਵੀਰ ਸਿੰਘ ਸੰਘਾ, ਨਰਿੰਦਰ ਸਿੰਘ ਸੰਘਾ, ਜਥੇਦਾਰ ਹਰਜਾਪ ਸਿੰਘ ਮੱਖਣ ਰਾਜਪੁਰ ਭਾਈਆਂ, ਪ੍ਰਗਟ ਸਿੰਘ ਮੱਲ੍ਹੀ ਤੋਂ ਇਲਾਵਾ ਇਲਾਕੇ ਭਰ ਤੋਂ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।ਇਸ ਮੌਕੇ ਸਮਾਗਮ ਦੌਰਾਨ ਚਾਹ ਪਕੌੜੇ ਅਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ। ਸਮਾਗਮ ਦੌਰਾਨ ਜਥੇਦਾਰ ਪ੍ਰਗਟ ਸਿੰਘ ਮੱਲ੍ਹੀ ਨੇ ਸਟੇਜ ਸਕੱਤਰ ਦੀ ਸੇਵਾ ਨਿਭਾਈ।

## ਰਾਮਗੜ੍ਹੀਆ ਦੀ ਚੜ੍ਹਦੀ ਕਲਾ ਲਈ ਕੀਤੀ ਗਈ ਅਰਦਾਸ

**ਜਲੰਧਰ (ਇਕਬਾਲ ਸਿੰਘ ਉੱਭੀ)**-ਸਥਾਨਕ ਤਹਿਸੀਲ ਕੰਪਲੈਕਸ ਨੇੜੇ ਜੱਸਾ ਸਿੰਘ ਰਾਮਗੜ੍ਹੀਆ ਚੌਂਕ ਵਿੱਚ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਦੇ ਜ਼ਨਮ ਦਿਹਾੜੇ ਦੀ ਖੁਸ਼ੀ ਵਿੱਚ ਰਾਮਗੜ੍ਹੀਆ ਕੌਮ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ।ਇਸ ਮੌਕੇ ਰਾਮਗੜ੍ਹੀਆ ਕੌਮ ਦੇ ਵੱਖ ਵੱਖ ਨੁਮਾਇੰਦਿਆਂ ਵੱਲੋਂ ਹਾਜ਼ਰ ਸੰਗਤਾਂ ਨੂੰ



ਸੰਬੋਧਨ ਕਰਦਿਆਂ ਜੱਸਾ ਸਿੰਘ ਰਾਮਗੜ੍ਹੀਆ ਦੇ ਜ਼ਨਮ ਦਿਹਾੜੇ ਦੀ ਵਧਾਈ ਦਿੱਤੀ ਗਈ। ਸਮਾਗਮ ਦੀ ਪ੍ਰਧਾਨਗੀ ਕਰਦਿਆਂ ਪੀ ਆਰ ਟੀ ਸੀ ਦੇ ਡਾਇਰੈਕਟਰ ਰਾਜਿੰਦਰ ਸਿੰਘ ਰੀਹਲ ਨੇ ਜੱਸਾ ਸਿੰਘ ਰਾਮਗੜ੍ਹੀਆ ਦੇ ਜੀਵਨ ਬਾਰੇ ਚਾਨਣਾ ਪਾਇਆ। ਇਸ ਮੌਕੇ ਕੰਵਰਜੀਤ ਸਿੰਘ ਧੀਮਾਨ, ਹਰਪਾਲ ਸਿੰਘ ਉਭੀ, ਜੋਗਿੰਦਰ ਸਿੰਘ ਜੋਗੀ, ਕਮਲਜੀਤ ਸਿੰਘ ਧੰਦਲ, ਹਲਕਾ ਇੰਚਾਰਜ ਨਿਤਿਨ ਕੋਹਲੀ, ਹਰਿੰਦਰ ਸਿੰਘ ਢੀਂਡਸਾ, ਅਮਰਜੀਤ ਸਿੰਘ ਬਰਮੀ, ਅਮਰੀਕ ਸਿੰਘ ਬੱਬੂ, ਹਰਮਿੰਦਰ ਸਿੰਘ ਭੋਗਲ, ਜਗਦੀਪ ਸਿੰਘ ਵਿਰਦੀ, ਤੀਰਥ ਸਿੰਘ ਪਦਮ ਫਗਵਾੜਾ, ਗਗਨਦੀਪ ਸਿੰਘ ਨਾਗੀ, ਚੇਅਰਮੈਨ ਸੁਖਵਿੰਦਰ ਸਿੰਘ, ਅਵਤਾਰ ਸਿੰਘ ਸੈਂਹਬੀ, ਦਿਲਬਾਗ ਸਿੰਘ ਗਿੱਲ, ਹਰਵਿੰਦਰ ਸਿੰਘ ਨਾਗੀ ਸਮੇਤ ਪਤਵੰਤੇ ਸੱਜਣ ਹਾਜ਼ਰ ਸਨ।

## ਭਗਵਤੀ ਜਾਗਰਣ 9 ਨੂੰ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਭੁੰਗਰਨੀ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਐਨ ਆਰ ਆਈ ਵੀਰਾਂ, ਭੁੰਗਰਨੀ ਧਾਰਮਿਕ ਕਮੇਟੀ, ਸ੍ਰੀ ਗੁਰੂ ਹਰਿ ਰਾਇ ਨੌਜਵਾਨ ਸਭਾ ਭੁੰਗਰਨੀ ਤੇ ਇਲਾਕੇ ਦੇ ਸਹਿਯੋਗ ਨਾਲ ਸਲਾਨਾ 23ਵਾਂ ਵਿਸ਼ਾਲ ਭਗਵਤੀ ਜਾਗਰਣ 9 ਮਈ ਨੂੰ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ।ਇਸ ਮੌਕੇ ਕਮੇਟੀ ਪ੍ਰਧਾਨ ਰਾਜ ਕੁਮਾਰ, ਡਾਕਟਰ ਪਵਨ ਕੁਮਾਰ, ਮਾਸਟਰ ਹਰਪ੍ਰੀਤ ਸਿੰਘ, ਹਰਬੰਸ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਲਾਨਾ 23ਵੇਂ ਵਿਸ਼ਾਲ ਭਗਵਤੀ ਜਾਗਰਣ ਦੌਰਾਨ ਪੰਜਾਬ ਦੇ ਨਾਮਵਰ ਕਲਾਕਾਰ ਮਹਾਮਾਈ ਦੇ ਗੁਣਗਾਨ ਕਰਨਗੇ।

# ਸਬਜ਼ੀ ਵਿਕਰੇਤਾ ਦੀ ਨਗਰ ਕੌਂਸਲ ਮੁਲਾਜ਼ਮਾਂ ਵੱਲੋਂ ਕੁੱਟਮਾਰ ਦਾ ਮਾਮਲਾ ਗਰਮਾਇਆ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)** - ਨਗਰ ਕੌਂਸਲ ਦੇ ਮੁਲਾਜ਼ਮਾਂ ਵਲੋਂ ਬੀਤੀ ਰਾਤ ਬੱਸ ਸਟੈਂਡ ਨੇੜ੍ਹੇ ਟ੍ਰੈਕਟਰ-ਟਰਾਲੀ ਲਗਾ ਕੇ ਸਬਜ਼ੀ ਵੇਚਣ ਵਾਲੇ ਸਿੱਖ ਵਿਅਕਤੀ ਕੁਲਦੀਪ ਸਿੰਘ ਦੀ ਕੁੱਟਮਾਰ ਅਤੇ ਉਸ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋਣ ਤੋਂ ਬਾਅਦ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਮਾਮਲੇ ਦਾ ਗੰਭੀਰ ਨੋਟਿਸ ਲੈਣ 'ਤੇ ਬੇਅਦਬੀ ਦੀਆਂ ਘਟਨਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਸਥਾਨਕ ਪੁਲਸ ਕੋਲ ਸਿੱਖ ਵਿਅਕਤੀ ਕੁਲਦੀਪ ਸਿੰਘ ਨੇ ਬਿਆਨ ਦਰਜ ਕਰਵਾਏ ਕਿ ਉਹ ਫੌਜ ਤੋਂ ਸੇਵਾਮੁਕਤ ਹੋ ਕੇ ਆਪਣੇ ਖੇਤਾਂ ਵਿਚ ਸਬਜ਼ੀਆਂ ਦੀ ਪੈਦਾਵਾਰ ਕਰ ਮਾਛੀਵਾੜਾ ਬੱਸ ਅੱਡੇ ਨੇੜ੍ਹ ਟ੍ਰੈਕਟਰ-ਟਰਾਲੀ ਲਗਾ ਕੇ ਵੇਚਦਾ ਹੈ। 4 ਮਈ ਦੀ ਲੰਘੀ ਸ਼ਾਮ ਨੂੰ ਨਗਰ ਕੌਂਸਲ ਦੀ ਇੱਕ ਗੱਡੀ ਉਸ ਕੋਲ ਆਈ ਅਤੇ ਮੇਰੇ ਟ੍ਰੈਕਟਰ-ਟਰਾਲੀ ਤੋਂ ਕੰਡਾ ਚੁੱਕ ਕੇ ਲੈ ਗਏ। ਕੁਲਦੀਪ ਸਿੰਘ ਨੇ ਕਿਹਾ ਕਿ ਜਦੋਂ ਉਹ ਕੰਡਾ ਵਾਪਸ ਲੈਣ ਲਈ ਨਗਰ ਕੌਂਸਲ ਮੁਲਾਜ਼ਮਾਂ ਕੋਲ ਗਿਆ ਤਾਂ 7-8 ਵਿਅਕਤੀਆਂ ਨੇ ਉਸ ਨਾਲ ਬੁਰੀ ਤਰ੍ਹਾਂ ਕੁੱਟਮਾਰ ਕਰਨੀ ਸ਼ੁਰੂ ਕਰ ਦਿੱਤੀ। ਬਿਆਨਕਰਤਾ ਅਨੁਸਾਰ ਕੁੱਟਮਾਰ ਕਰਨ ਵਾਲੇ ਵਿਅਕਤੀ ਪਾਰਸ, ਬਬਲੀ, ਮੌਜੀ, ਨੋਨਾ, ਦੇਵ ਅਤੇ ਬਾਕੀ ਅਣਪਛਾਤੇ ਹਨ। ਇਨ੍ਹਾਂ ਕੁੱਟਮਾਰ ਕਰਨ ਵਾਲੇ ਵਿਅਕਤੀਆਂ ਨੇ ਉਸ ਦੇ ਸਿਰ ਵਿਚ ਪਲਾਸਟਿਕ ਵਾਲੇ ਕਰੇਟ ਮਾਰੇ ਅਤੇ ਲੋਹੇ ਵਾਲਾ ਕੜਾ ਵੀ ਮਾਰਿਆ ਜਿਸ ਕਾਰਨ ਉਹ ਜ਼ਖ਼ਮੀ



ਹੋ ਗਿਆ। ਬਿਆਨਕਰਤਾ ਅਨੁਸਾਰ ਉਸ ਦੇ ਨਾਬਾਲਗ ਲੜਕੇ ਸੁਖਮਨਪ੍ਰੀਤ ਸਿੰਘ ਦੀ ਵੀ ਕੁੱਟਮਾਰ ਕੀਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੁਲਦੀਪ ਸਿੰਘ ਨੇ ਕਿਹਾ ਕਿ ਕੁੱਟਮਾਰ ਕਰਨ ਵਾਲਿਆਂ ਨੇ ਉਸ ਨੂੰ ਵਾਲਾਂ ਤੋਂ ਖਿੱਚ ਕੇ ਕੁੱਟਿਆ ਅਤੇ ਕੇਸਾਂ ਦੀ ਬੇਅਦਬੀ ਵੀ ਕੀਤੀ। ਇਹ ਕੁੱਟਮਾਰ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਕਾਫ਼ੀ ਵਾਇਰਲ ਹੋਣ ਤੋਂ ਬਾਅਦ ਸਿੱਖ ਜਥੇਬੰਦੀਆਂ ਵਲੋਂ ਕੁੱਟਮਾਰ ਕਰਨ ਵਾਲੇ ਵਿਅਕਤੀਆਂ ਖਿਲਾਫ਼ ਸਖ਼ਤ ਧਾਰਾਵਾਂ ਤਹਿਤ ਮਾਮਲਾ ਦਰਜ ਕਰਨ ਦੀ ਮੰਗ ਕੀਤੀ ਗਈ ਹੈ। ਦੂਸਰੇ ਪਾਸੇ ਜਦੋਂ ਇਹ ਮਾਮਲਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਦੇ ਧਿਆਨ ਵਿਚ ਆਇਆ ਤਾਂ ਉਨ੍ਹਾਂ ਤੁਰੰਤ ਪੁਲਸ ਜ਼ਿਲ੍ਹਾ ਖੰਨਾ ਦੇ ਐੱਸ.ਐੱਸ.ਪੀ. ਨਾਲ ਗੱਲ ਕੀਤੀ ਅਤੇ ਸੋਸ਼ਲ ਮੀਡੀਆ 'ਤੇ ਪੋਸਟ ਪਾ ਕੇ ਕਿਹਾ ਕਿ ਜੇਕਰ ਪੁਲਸ ਨੇ 24 ਘੰਟਿਆਂ ਅੰਦਰ ਪੀੜਤ ਵਿਅਕਤੀ ਨੂੰ ਇਨਸਾਫ਼ ਨਾ ਦਿੱਤਾ ਤਾਂ ਉਹ ਖੁਦ ਪਰਵਾਰ ਨੂੰ ਮਿਲ ਕੇ ਅਗਲੀ ਕਾਰਵਾਈ ਲਈ ਸਾਥ ਦੇਣਗੇ। ਮਾਛੀਵਾੜਾ ਥਾਣਾ ਮੁਖੀ ਪਵਿੱਤਰ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਵਿਚ 7 ਵਿਅਕਤੀਆਂ ਖਿਲਾਫ਼ ਕੁੱਟਮਾਰ ਦਾ ਮਾਮਲਾ ਦਰਜ ਕੀਤਾ ਗਿਆ ਅਤੇ ਉੱਚ ਅਧਿਕਾਰੀਆਂ ਦੇ ਨਿਰਦੇਸ਼ਾਂ ਤਹਿਤ ਕੇਸਾਂ ਦੀ ਬੇਅਦਬੀ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ, ਜਿਨ੍ਹਾਂ 'ਚੋਂ 3 ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਮੁਲਜ਼ਮਾਂ ਦੀ ਪਹਿਚਾਣ ਮਨੋਜ ਕੁਮਾਰ, ਪਾਰਸ ਅਤੇ ਸੁਖਵਿੰਦਰ ਸਿੰਘ ਵਜੋਂ ਹੋਈ ਹੈ।

# ਫੋਟੋਗ੍ਰਾਫ਼ੀ ਐਸੋਸੀਏਸ਼ਨ ਦੀ ਮੀਟਿੰਗ ਹੋਈ



**ਸਮਾਣਾ (ਇਕਬਾਲ ਸਿੰਘ ਬੱਲ)** ਫੋਟੋਗ੍ਰਾਫ਼ੀ ਐਸੋਸੀਏਸ਼ਨ ਦੀਆਂ ਲਗਾਤਾਰ ਚੱਲ ਰਹੀਆਂ ਮੀਟਿੰਗਾਂ ਦੇ ਸਿਲਸਿਲੇ ਵਿੱਚ ਵਿਸ਼ੇਸ਼ ਮੀਟਿੰਗ ਹੋਈ, ਜਿਸ ਵਿੱਚ ਐਸੋਸੀਏਸ਼ਨ ਦੀ ਮਜਬੂਤੀ ਤੇ ਭਵਿੱਖ ਦੀ ਰੂਪ-ਰੇਖਾ ਤਿਆਰ ਕਰਨ ਲਈ ਅਹਿਮ ਫੈਸਲੇ ਲਏ ਗਏ। ਸਰਬਸੰਮਤੀ ਨਾਲ ਨੌਂ ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ ਤੇ ਜਥੇਬੰਦੀ ਦੇ ਨਵੇਂ ਅਹੁਦੇਦਾਰਾਂ ਦੀ ਚੋਣ ਕੀਤੀ ਗਈ।ਮੀਟਿੰਗ ਦੌਰਾਨ ਕਮੇਟੀ ਮੈਂਬਰਾਂ ਨੇ ਇੱਕਮਤ ਹੁੰਦਿਆਂ ਫ਼ੈਸਲਾ ਕੀਤਾ ਕਿ ਐਸੋਸੀਏਸ਼ਨ ਨੂੰ ਜਲਦ ਹੀ ਰਜਿਸਟ੍ਰੇਸ਼ਨ ਕਰਾਇਆ ਜਾਵੇਗਾ।ਮੈਂਬਰਾਂ ਦਾ ਕਹਿਣਾ ਹੈ ਕਿ ਸੰਸਥਾ ਨੂੰ ਕਾਨੂੰਨੀ ਤੌਰ 'ਤੇ ਮਾਨਤਾ ਦਿਵਾਉਣੀ ਜ਼ਰੂਰੀ ਹੈ ਤਾਂ ਜੁ ਆਉਣ ਵਾਲੇ ਸਮੇਂ ਵਿੱਚ ਕਿਸੇ ਵੀ ਪ੍ਰਕਾਰ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਫੋਟੋਗ੍ਰਾਫਰਾਂ ਦੇ ਹਿੱਤਾਂ ਦੀ ਰਾਖੀ ਪੁਖਤਾ ਤਰੀਕੇ ਨਾਲ ਕੀਤੀ ਜਾ ਸਕੇ।ਐਸੋਸੀਏਸ਼ਨ ਦੀ ਨਵੀਂ ਚੁਣੀ ਗਈ ਟੀਮ ਵਿੱਚ ਹੇਠ ਲਿਖੇ ਮੈਂਬਰਾਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ ਪ੍ਰਧਾਨ ਰਕੇਸ਼ ਕੁਮਾਰ (ਟੋਨੀ ਚੋਪੜਾ), ? ਵਾਇਸ ਪ੍ਰਧਾਨ ਦਿਓਲ (ਸਟੂਡੀਓ), ਚੇਅਰਮੈਨ ਸਰਬਜੀਤ ਸਿੰਘ ਸਰਬੀ ਮਵੀ, ਪ੍ਰੈੱਸ ਸਕੱਤਰ ਬੱਬੂ, ਵਾਇਸ ਚੈਅਰਮੈਨ ਸ਼ੇਰਾ ਸਿੰਘ, ਸੈਕਟਰੀ ਪੰਮਾ ਧਨੇਠਾ, ਖ਼ਜ਼ਾਨਚੀ ਅਮਨ, ਕਮੇਟੀ ਮੈਂਬਰ ਅਜੈਬ ਸਿੰਘ ਅਤੇ ਵਿੱਕੀ ਵਧਵਾ ਚੁਣੇ ਗਏ।

# ਓ ਐਸ ਡੀ ਸੁਖਵੀਰ ਸਿੰਘ ਵੱਲੋਂ ਧੂਰੀ ਦੇ ਵਾਰਡ ਨੰਬਰ 11 ਦੇ ਵਸਨੀਕਾਂ ਨਾਲ ਮੁਲਾਕਾਤ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨਾਲ ਸਿੱਧਾ ਸੰਪਰਕ ਬਣਾਈ ਰੱਖਣ ਤੇ ਜ਼ਮੀਨੀ ਪੱਧਰ 'ਤੇ ਵਿਕਾਸ ਕਾਰਜਾਂ ਦੀ ਨਿਗਰਾਨੀ ਨੂੰ ਯਕੀਨੀ ਬਣਾਉਣ ਲਈ ਉਨ੍ਹਾਂ ਦੇ ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਧੂਰੀ ਹਲਕੇ ਦੇ ਵੱਖ-ਵੱਖ ਪਿੰਡਾਂ ਤੇ ਸ਼ਹਿਰ ਦੇ ਵਾਰਡਾਂ ਦਾ ਲਗਾਤਾਰ ਦੌਰਾ ਕੀਤਾ ਜਾ ਰਿਹਾ ਹੈ।ਇਸੇ



ਕੜੀ ਤਹਿਤ ਉਹ ਧੂਰੀ ਸ਼ਹਿਰ ਦੇ ਵਾਰਡ ਨੰਬਰ 11 ਵਿੱਚ ਪੁੱਜੇ, ਜਿੱਥੇ ਉਨ੍ਹਾਂ ਨੇ ਸਥਾਨਕ ਵਸਨੀਕਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਤੇ ਮੰਗਾਂ ਬਾਰੇ ਜਾਣਕਾਰੀ ਹਾਸਲ ਕੀਤੀ। ਓ.ਐਸ.ਡੀ. ਸੁਖਵੀਰ ਸਿੰਘ ਨੇ ਵਾਰਡ ਨੰਬਰ 11 ਦੇ ਵਸਨੀਕਾਂ ਵੱਲੋਂ ਧਿਆਨ ਵਿੱਚ ਲਿਆਂਦੇ ਗਏ ਮਸਲਿਆਂ ਉੱਤੇ ਸੰਬੰਧਿਤ ਅਧਿਕਾਰੀਆਂ ਨੂੰ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਤੇ ਭਰੋਸਾ ਦਿਵਾਇਆ ਕਿ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਹੀਂ ਕਰਨ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਧੂਰੀ ਸ਼ਹਿਰ ਦੀ ਨੁਹਾਰ ਬਦਲਣ ਲਈ ਪੰਜਾਬ ਸਰਕਾਰ ਵੱਲੋਂ ਵੱਡੇ ਪੱਧਰ 'ਤੇ ਵਿਕਾਸ ਕਾਰਜ ਜਾਰੀ ਹਨ, ਜਿਨ੍ਹਾਂ ਵਿੱਚ ਸੜਕਾਂ ਦੀ ਅਪਗ੍ਰੇਡੇਸ਼ਨ, ਨਿਕਾਸੀ ਪ੍ਰਨਾਲੀ ਦਾ ਸੁਧਾਰ, ਪਾਰਕਾਂ ਦੀ ਸੁੰਦਰਤਾ ਵਧਾਉਣ ਤੇ ਹੋਰ ਸ਼ਹਿਰੀ ਸੁਵਿਧਾਵਾਂ ਦੇ ਵਿਕਾਸ ਨੂੰ ਤਰਜ਼ੀਹ ਦਿੱਤੀ ਜਾ ਰਹੀ ਹੈ।

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਰਕਾਰ ਦਾ ਮਕਸਦ ਸਿਰਫ਼ ਐਲਾਨ ਕਰਨ ਤੱਕ ਸੀਮਤ ਨਹੀਂ, ਸਗੋਂ ਹਰ ਪ੍ਰੋਜੈਕਟ ਨੂੰ ਸਮੇਂ ਸਿਰ ਪੂਰਾ ਕਰਕੇ ਲੋਕਾਂ ਤੱਕ ਉਸਦਾ ਲਾਭ ਪਹੁੰਚਾਉਣਾ ਹੈ।

# ਡਾ. ਸ਼ੀਤਲ ਥਾਪਰ ਨੇ ਪੀ ਏ ਯੂ ਦੇ ਖੇਤੀ ਪੱਤਰਕਾਰੀ, ਭਾਸ਼ਾਵਾਂ ਤੇ ਸੱਭਿਆਚਾਰ ਵਿਭਾਗ ਦੇ ਮੁਖੀ ਦਾ ਕਾਰਜਭਾਰ ਸੰਭਾਲਿਆ

**ਲੁਧਿਆਣਾ (ਰੈਕਟਰ ਕਥੂਰੀਆ)** ਪੀ ਏ ਯੂ ਵਿਚ ਪੱਤਰਕਾਰੀ ਦੇ ਪ੍ਰੋਫੈਸਰ ਡਾ. ਸ਼ੀਤਲ ਥਾਪਰ ਨੂੰ ਖੇਤੀ ਪੱਤਰਕਾਰੀ, ਭਾਸ਼ਾਵਾਂ ਤੇ ਸੱਭਿਆਚਾਰ ਵਿਭਾਗ ਦੇ ਮੁਖੀ ਨਿਯੁਕਤ ਕੀਤਾ ਗਿਆ ਹੈ।ਇਸ ਖ਼ਬਰ ਉੱਪਰ ਖੁਸ਼ੀ ਪ੍ਰਗਟਾਉਂਦਿਆਂ ਪੀ ਏ ਯੂ ਪਰਵਾਰ ਨੇ ਡਾ. ਥਾਪਰ ਨੂੰ ਇਸ ਜ਼ਿੰਮੇਵਾਰੀ ਲਈ ਵਧਾਈ ਤੇ ਸ਼ੁਭਕਾਮਨਾਵਾਂ ਦਿੱਤੀਆਂ।ਵਾਈਸ-ਚਾਂਸਲਰ ਦਫ਼ਤਰ ਵਿਖੇ ਨੋਡਲ ਅਫਸਰ, ਕੰਟੈਂਟ ਓਪਰੇਸ਼ਨਜ਼ ਵਜੋਂ ਸੇਵਾ ਨਿਭਾ ਰਹੇ ਤੇ ਸਿਵਲ ਸੇਵਾਵਾਂ ਲਈ ਰਾਜ ਸਿਖਲਾਈ ਕੇਂਦਰ ਦੇ ਆਨਰੇਰੀ ਨਿਰਦੇਸ਼ਕ ਡਾ. ਥਾਪਰ ਨੇ 1998 ਵਿੱਚ ਪੀ ਏ ਯੂ ਵਿੱਚ ਸਹਾਇਕ ਪ੍ਰੋਫੈਸਰ ਵਜੋਂ ਆਪਣਾ ਕਾਰਜ ਸਫ਼ਰ ਸ਼ੁਰੂ ਕੀਤਾ।2013 ਵਿੱਚ ਪ੍ਰੋਫੈਸਰ ਦੇ ਅਹੁਦੇ 'ਤੇ ਬਿਰਾਜਮਾਨ ਹੋਏ ਡਾ ਸ਼ੀਤਲ ਥਾਪਰ ਵੱਕਾਰੀ ਸੇਂਟ ਬੇਡੇਜ਼ ਕਾਲਜ, ਸ਼ਿਮਲਾ ਦੇ ਸਾਬਕਾ ਵਿਦਿਆਰਥੀ ਰਹੇ।ਉਨ੍ਹਾਂ ਪੀ ਏ ਯੂ ਤੋਂ ਪੱਤਰਕਾਰੀ ਤੇ ਜਨ ਸੰਚਾਰ ਵਿੱਚ ਮਾਸਟਰਜ਼ ਅਤੇ ਹਿਮਾਚਲ ਪ੍ਰਦੇਸ਼ ਯੂਨੀਵਰਸਿਟੀ, ਸ਼ਿਮਲਾ ਤੋਂ ਪੱਤਰਕਾਰੀ ਵਿੱਚ ਡਾਕਟਰੇਟ ਪ੍ਰਾਪਤ ਕੀਤੀ।ਉੱਘੇ ਅਕਾਦਮਿਕ ਮਾਹਿਰ ਡਾ. ਥਾਪਰ ਨੇ ਆਪਣੀਆਂ ਵਿੱਦਿਅਕ ਪ੍ਰਾਪਤੀਆਂ ਦੀ ਸ਼ਾਨਦਾਰ ਕਾਰਕਰਦਗੀ ਵਜੋਂ ਦਸਵੀਂ ਜਮਾਤ ਵਿੱਚ ਵਿਸ਼ੇਸ਼ ਮਾਣ ਪ੍ਰਾਪਤ ਕੀਤਾ, ਸੇਂਟ ਬੇਡੇਜ਼ ਵਿਖੇ ਆਪਣੀ ਗ੍ਰੈਜੂਏਸ਼ਨ ਦੌਰਾਨ ਮੈਰਿਟ ਪੁਜ਼ੀਸ਼ਨ ਪ੍ਰਾਪਤ ਕੀਤੀ ਤੇ ਪੀ ਏ ਯੂ ਵਿਖੇ ਆਪਣੀ ਪੋਸਟ ਗ੍ਰੈਜੂਏਟ ਪੜ੍ਹਾਈ ਵਿੱਚ ਅਕਾਦਮਿਕ ਰੋਲ ਆਫ਼ ਆਨਰ ਦਾ ਮੁਕਾਮ ਪ੍ਰਾਪਤ ਕੀਤਾ। ਡਾ. ਸ਼ੀਤਲ ਥਾਪਰ ਦੀਆਂ ਸ਼ਲਾਘਾਯੋਗ ਪ੍ਰਾਪਤੀਆਂ ਨੂੰ ਅਕਾਦਮਿਕ ਖੇਤਰ ਤੋਂ ਅਗੇਰੇ ਵੀ ਮਾਨਤਾ ਹਾਸਲ ਹੋਈ ਹੈ।ਰੋਟਰੀ ਇੰਟਰਨੈਸ਼ਨਲ ਦੁਆਰਾ 2000 ਵਿੱਚ ਉਨ੍ਹਾਂ ਨੂੰ ਸੱਭਿਆਚਾਰ ਤੇ ਸਦਭਾਵਨਾ ਦੇ ਰਾਜਦੂਤ ਦੇ ਵੱਕਾਰੀ ਖਿਤਾਬ ਨਾਲ ਸਨਮਾਨਤ ਕੀਤਾ ਗਿਆ ਸੀ।ਲੁਧਿਆਣਾ ਜ਼ਿਲ੍ਹਾ ਪ੍ਰਸ਼ਾਸਨ ਨੇ ਉਨ੍ਹਾਂ ਨੂੰ ਸਿੱਖਿਆ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਨੂੰ ਮਾਨਤਾ ਦੇਣ ਲਈ ਵਿਸ਼ੇਸ਼ 'ਨਾਰੀ ਪੁਰਸਕਾਰ' ਨਾਲ ਸਨਮਾਨਤ ਕੀਤਾ।ਅਧਿਆਪਨ, ਖੋਜ ਤੇ ਵਿਸਥਾਰ ਵਿੱਚ 27 ਸਾਲਾਂ ਤੋਂ ਵੱਧ ਦੇ ਵਿਆਪਕ ਤਜਰਬਾ ਰੱਖਣ ਵਾਲੇ ਡਾ. ਥਾਪਰ ਨੇ 27 ਪੋਸਟ ਗ੍ਰੈਜੂਏਟ ਵਿਦਿਆਰਥੀਆਂ ਦੀ ਖੋਜ ਅਗਵਾਈ ਕੀਤੀ।ਉਨ੍ਹਾਂ ਨੇ ਪੰਜਾਬ ਦੇ ਕਿਸਾਨਾਂ ਵਿੱਚ ਡਿਜੀਟਲ ਮੀਡੀਆ ਵਰਤੋਂ 'ਤੇ ਕੇਂਦ੍ਰਿਤ ਆਈ ਸੀ ਐੱਸ ਐੱਸ ਆਰ ਪ੍ਰਾਯੋਜਿਤ ਖੋਜ ਪ੍ਰੋਜੈਕਟ ਨੂੰ ਸਫਲਤਾਪੂਰਵਕ ਪੂਰਾ ਕੀਤਾ।ਉਨ੍ਹਾਂ ਦੇ ਚਿੰਤਨੀ ਕਾਰਜ ਵਿੱਚ ਅੱਠ ਕਿਤਾਬਾਂ, ਦੋ ਜੀਵਨੀਆਂ, ਯਾਦਗਾਰੀ ਚਿੰਨ੍ਹ, 26 ਖੋਜ ਪੱਤਰ ਤੇ ਅਕਾਦਮਿਕ ਪ੍ਰਸੰਗਿਕਤਾ ਦੇ ਕਈ ਲੇਖ ਸ਼ਾਮਲ ਹਨ।ਉਨ੍ਹਾਂ ਦੀ ਮੁਹਾਰਤ ਦੇ ਖੇਤਰਾਂ ਵਿੱਚ ਪ੍ਰਿੰਟ ਤੇ ਆਨਲਾਈਨ ਪੱਤਰਕਾਰੀ, ਕਾਰਪੋਰੇਟ ਸੰਚਾਰ, ਵਿਕਾਸ ਸੰਚਾਰ, ਮੀਡੀਆ ਕਾਨੂੰਨ ਤੇ ਸੰਚਾਰ ਸਿਧਾਂਤ ਸ਼ਾਮਲ ਹਨ।ਨਿਪੁੰਨ ਸੰਪਾਦਕ ਵਜੋਂ ਉਨ੍ਹਾਂ ਨੇ ਪੀ ਏ ਯੂ ਦੇ ਪ੍ਰਕਾਸ਼ਨਾਂ ਦੇ ਮਿਆਰ, ਨਜ਼ਰੀਏ ਤੇ ਪ੍ਰਭਾਵ ਨੂੰ ਵਧਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ, ਨਾਲ ਹੀ ਉਨ੍ਹਾਂ ਵੱਲੋਂ ਉੱਭਰ ਰਹੇ ਲੇਖਕਾਂ ਨੂੰ ਸਲਾਹ ਅਤੇ ਅਗਵਾਈ ਨਾਲ ਵੀ ਨਿਵਾਜ਼ਿਆ ਗਿਆ।



# 'ਜ਼ਖਮਾਂ ਤੋਂ ਚੜ੍ਹਦੀਕਲਾ ਤੱਕ' ਦੀ ਪ੍ਰਮੋਸ਼ਨ ਦੌਰਾਨ ਜੁੜਿਆ ਲੋਕਾਂ ਦਾ ਵੱਡਾ ਇਕੱਠ

**ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)** ਸ਼ਹੀਦ ਕਰਤਾਰ ਸਿੰਘ ਸਰਾਭਾ ਯਾਦਗਾਰੀ ਪਾਰਕ ਵਿਖ ਅਮਰ ਆਡੀਓ ਦੇ ਮਾਲਕ ਤੇ ਨਾਮਵਰ ਫ਼ਿਲਮ ਪ੍ਰੋਡਿਊਸਰ ਪਿੰਕੀ ਧਾਲੀਵਾਲ ਦੀ ਨਵੀਂ ਫ਼ਿਲਮ 'ਜ਼ਖਮਾਂ ਤੋਂ ਚੜ੍ਹਦੀਕਲਾ ਤੱਕ' ਦੀ ਪ੍ਰਮੋਸ਼ਨ ਲਈ ਯੂਥ ਆਗੂ ਅਰੁਣ ਕੁਮਾਰ ਬਾਂਸਲ, ਗੁਰਪ੍ਰੀਤ ਸਿੰਘ ਅਣਖੀ ਤੇ ਜਗਮੋਹਣ ਸ਼ਾਹ ਰਾਇਸਰ ਦੀ ਅਗਵਾਈ 'ਚ ਕਰਾਇਆ ਸਮਾਗਮ ਯਾਦਗਾਰੀ ਹੋ ਨਿੱਬੜਿਆ। ਮੁੱਖ ਅਦਾਕਾਰ ਐਮੀ ਵਿਰਕ, ਅਦਾਕਾਰਾ ਰੂਪੀ ਗਿੱਲ, ਮਸ਼ਹੂਰ ਗਾਇਕ ਹਿੰਮਤ ਸੰਧੂ ਤੇ ਅਦਾਕਾਰ ਜਰਨੈਲ ਸਿੰਘ ਇਲਾਕਾ ਨਿਵਾਸੀਆਂ ਦੇ ਰੂ-ਬਰੂ ਹੋਏ।ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਪਹੁੰਚੇ ਦਰਸ਼ਕਾਂ ਨੇ ਆਪਣੇ ਮਨਪਸੰਦ ਕਲਾਕਾਰਾਂ ਦਾ ਭਰਵਾਂ ਸਵਾਗਤ ਕੀਤਾ ਤੇ ਕਲਾਕਾਰਾਂ ਨੇ ਵੀ ਆਪਣੀ ਕਲਾ ਰਾਹੀਂ ਲੋਕਾਂ ਦਾ ਖੂਬ ਮਨੋਰੰਜਨ ਕੀਤਾ।ਅਦਾਕਾਰ ਐਮੀ ਵਿਰਕ ਨੇ ਸਮੂਹ ਲੋਕਾਂ ਨੂੰ ਫਿਲਮ ਵੇਖਣ ਦੀ ਅਪੀਲ ਕਰਦਿਆਂ ਕਿਹਾ ਕਿ ਜੇਕਰ ਲੋਕ ਸਾਥ ਦੇਣ ਤਾਂ ਭਵਿੱਖ 'ਚ ਉਹ ਚੰਗੇ ਵਿਸ਼ਿਆਂ 'ਤੇ ਨਵੀਆਂ ਫ਼ਿਲਮਾਂ ਕਰਦੇ ਰਹਿਣਗੇ।ਮਲੂਕ ਜਿਹੀ ਅਦਾਕਾਰਾ ਰੂਪੀ ਗਿੱਲ ਦੇ ਰੂਬਰੂ ਹੋਣ 'ਤੇ ਪੰਡਾਲ ਤਾੜੀਆਂ ਨਾਲ ਗੂੰਜ ਉੱਠਿਆ ਤੇ ਉਨ੍ਹਾਂ ਨੇ ਫਿਲਮ ਦੇ ਡਾਇਲਾਗ ਬੋਲ ਕੇ ਲੋਕਾਂ 'ਚ ਜ਼ੋਸ਼ ਭਰ ਦਿੱਤਾ।ਗਾਇਕ ਹਿੰਮਤ ਸੰਧੂ ਨੇ ਸਮੂਹ ਲੋਕਾਂ ਨੂੰ ਸਿਰਾਂ 'ਤੇ ਦਸਤਾਰਾਂ ਸਜਾ ਕੇ ਫ਼ਿਲਮ ਵੇਖਣ ਜਾਣ ਦੀ ਅਪੀਲ ਕੀਤੀ, ਜਦਕਿ ਅਦਾਕਾਰ ਜਰਨੈਲ ਸਿੰਘ ਨੇ ਪੰਜਾਬੀ ਪੜ੍ਹਨ, ਬੋਲਣ ਤੇ ਪੰਜਾਬੀਆਂ ਦੀ ਪਛਾਣ ਦਸਤਾਰ ਦਾ ਮਾਣ ਵਧਾਉਣ ਦਾ ਹੋਕਾ ਦਿੱਤਾ। ਪ੍ਰੋਡਿਊਸਰ ਪਿੰਕੀ ਧਾਲੀਵਾਲ ਤੇ ਕਰਨਵੀਰ ਸਿੰਘ ਧਾਲੀਵਾਲ, ਜਿਨ੍ਹਾਂ ਨੇ ਇਸ ਤੋਂ ਪਹਿਲਾਂ 'ਬੀਬੀ ਰਜਨੀ' ਵਰਗੀ ਸਫ਼ਲ ਫਿਲਮ ਰਾਹੀਂ ਪੰਜਾਬੀ ਸਿਨੇਮਾ ਵਿੱਚ ਆਪਣਾ ਲੋਹਾ ਮਨਵਾਇਆ ਹੈ, ਨੇ ਦੱਸਿਆ ਕਿ ਇਹ ਫ਼ਿਲਮ 29 ਮਈ ਨੂੰ ਦੁਨੀਆ ਭਰ 'ਚ ਰਿਲੀਜ਼ ਹੋਣ ਜਾ ਰਹੀ ਹੈ, ਜਿਸ ਦੀ ਕਹਾਣੀ ਦਰਸ਼ਕਾਂ ਨੂੰ ਇੱਕ ਪ੍ਰਭਾਵਸ਼ਾਲੀ ਸੁਨੇਹਾ ਦੇਵੇਗੀ।ਪ੍ਰਸਿੱਧ ਗੀਤਕਾਰ ਮਨਪ੍ਰੀਤ ਟਿਵਾਣਾ ਨੇ ਆਪਣੇ ਜੱਦੀ ਪਿੰਡ ਪੁੱਜਣ 'ਤੇ ਸਮੁੱਚੀ ਸਟਾਰਕਾਸਟ ਦਾ ਧੰਨਵਾਦ ਕੀਤਾ।ਪੰਜਾਬ ਕਿਤਾਬ ਘਰ ਮੈਲਬੌਰਨ ਵਲੋਂ ਸਮੁੱਚੀ ਟੀਮ ਨੂੰ ਕਿਤਾਬਾਂ ਭੇਟ ਕਰਕੇ ਸਨਮਾਨਤ ਵੀ ਕੀਤਾ ਗਿਆ।ਇਲਾਕੇ ਦੇ ਕਾਰੋਬਾਰੀ ਤੇ ਇਮੀਗ੍ਰੇਸ਼ਨ ਐਸੋਸੀਏਸ਼ਨ ਬਰਨਾਲਾ ਦੇ ਜ਼ਿਲ੍ਹਾ ਪ੍ਰਧਾਨ ਕੁਲਵਿੰਦਰ ਸਿੰਘ ਮਠਾੜੂ ਨੇ ਐਲਾਨ ਕੀਤਾ ਕਿ ਫ਼ਿਲਮ ਦੇਖਣ ਦੇ ਇੱਛੁਕ ਲੋੜਵੰਦ ਲੋਕਾਂ ਨੂੰ ਆਪਣੇ ਵੱਲੋਂ 100 ਟਿਕਟਾਂ ਮੁਫ਼ਤ ਵੰਡਣਗੇ।



# ਖੋਟੇ ਤੋਂ ਹਿੰਮਤਪੁਰਾ ਤੱਕ ਸੜਕ ਦੀ ਬੇਹਾਲੀ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)** ਪਿੰਡ ਖੋਟੇ ਤੋਂ ਲੈ ਕੇ ਹਿੰਮਤਪੁਰਾ ਤੱਕ ਜਾਣ ਵਾਲੀ ਸੜਕ ਦੀ ਹਾਲਤ ਬਹੁਤ ਹੀ ਖਰਾਬ ਹੋ ਚੁੱਕੀ ਹੈ, ਜਿਸ ਕਾਰਨ ਆਉਣ-ਜਾਣ ਵਾਲੇ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਖਾਸ ਕਰਕੇ ਨਿਹਾਲ ਸਿੰਘ ਵਾਲਾ ਬੱਸ ਸਟੈਂਡ ਦੇ ਨਜ਼ਦੀਕ ਸੜਕ 'ਤੇ ਪਏ ਖੱਡਿਆਂ ਕਾਰਨ ਵਾਹਨਾਂ ਦੇ ਟਾਇਰ ਪੈਂਚਰ ਹੋਣ ਦੇ ਮਾਮਲੇ ਲਗਾਤਾਰ ਸਾਹਮਣੇ ਆ ਰਹੇ ਹਨ।ਕਾਂਗਰਸ ਦੇ ਸੀਨੀਅਰ ਆਗੂ ਪਰਮਿੰਦਰ ਸਿੰਘ ਡਿੰਪਲ ਨੇ 'ਆਪ' ਸਰਕਾਰ 'ਤੇ ਤਿੱਖਾ ਤਨਜ਼ ਕੱਸਦਿਆਂ ਕਿਹਾ ਕਿ ਸਰਕਾਰ ਵਿਕਾਸ ਦੇ ਵੱਡੇ-ਵੱਡੇ ਦਾਅਵੇ ਕਰਦੀ ਹੈ, ਪਰ ਜ਼ਮੀਨੀ ਹਕੀਕਤ ਕੁਝ ਹੋਰ ਹੀ ਬਿਆਨ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਇਹ ਸੜਕ ਤੇ ਸਕੂਲੀ ਬੱਸਾਂ ਤੋਂ ਇਲਾਵਾ ਹੋਰ ਸਾਧਨਾਂ ਦਾ ਆਉਣਾ-ਜਾਣਾ ਹੁੰਦਾ ਹੈ, ਪਰ ਇਲਾਕੇ ਦੇ ਲੋਕਾਂ ਲਈ ਰੋਜ਼ਾਨਾ ਦੀ ਇਹ ਸੜਕ ਲੋਕਾਂ ਲਈ ਵੱਡੀ ਮੁਸੀਬਤ ਬਣ ਚੁੱਕੀ ਹੈ, ਪਰ ਸਰਕਾਰ ਇਸ ਵੱਲ ਧਿਆਨ ਦੇਣ ਦੀ ਬਜਾਏ ਚੁੱਪੀ ਸਾਧ ਕੇ ਬੈਠੀ ਹੈ ਤੇ ਕਿਸੇ ਵੱਡੇ ਹਾਦਸੇ ਦਾ ਇੰਤਜ਼ਾਰ ਕਰ ਰਹੀ ਹੈ।



# ਖੇਤੀਬਾੜੀ ਅਧਿਕਾਰੀਆਂ ਵੱਲੋਂ ਕੀੜੇਮਾਰ ਦਵਾਈਆਂ ਤੇ ਬੀਜ ਵਿਕਰੇਤਾਵਾਂ ਨਾਲ ਮੀਟਿੰਗ

**ਬਠਿੰਡਾ, (ਪਰਵਿੰਦਰਜੀਤ ਸਿੰਘ)** ਸਾਉਣੀ ਦੀਆਂ ਫ਼ਸਲਾਂ ਦੀ ਬਿਜਾਈ ਦੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਮੁੱਖ ਖੇਤੀਬਾੜੀ ਅਫ਼ਸਰ ਬਠਿੰਡਾ ਡਾ. ਹਰਪ੍ਰੀਤਪਾਲ ਕੌਰ ਨੇ ਕੀੜੇਮਾਰ ਦਵਾਈਆਂ ਤੇ ਬੀਜ ਵਿਕਰੇਤਾਵਾਂ ਨਾਲ ਇੱਕ ਮਹੱਤਵਪੂਰਨ ਮੀਟਿੰਗ ਆਯੋਜਤ ਕੀਤੀ ਗਈ।ਇਸ ਦੌਰਾਨ ਡਾ. ਭਾਰਤ ਭੂਸ਼ਣ ਸਹਾਇਕ ਅਫ਼ਸਰ ਰਾਮਪੁਰਾ ਸਮੇਤ ਇਨਪੁਟ ਡੀਲਰ ਐਸੋਸੀਏਸ਼ਨ ਦੇ ਮੈਂਬਰਾਂ ਨੇ ਭਾਗ ਲਿਆ।ਮੀਟਿੰਗ ਦੌਰਾਨ ਡਾ. ਹਰਪ੍ਰੀਤਪਾਲ ਕੌਰ ਨੇ ਸਾਰੇ ਵਿਕਰੇਤਾਵਾਂ ਨੂੰ ਸਖ਼ਤ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਕਿਸਾਨਾਂ ਨੂੰ ਕੇਵਲ ਮਿਆਰੀ ਤੇ ਪ੍ਰਮਾਣਿਤ ਦਵਾਈਆ ਹੀ ਮੁਹੱਈਆ ਕਰਾਈਆ ਜਾਣ।ਉਨ੍ਹਾਂ ਕਿਹਾ ਕਿ ਮਹਿਕਮੇ ਵੱਲੋਂ ਮਨਜ਼ੂਰਸ਼ੁਦਾ ਕੰਪਨੀਆਂ ਦੇ ਉਤਪਾਦਾਂ ਦੀ ਹੀ ਵਿਕਰੀ ਕੀਤੀ ਜਾਵੇ ਤੇ ਕਿਸੇ ਵੀ ਗ਼ੈਰ-ਅਧਿਕਾਰਤ ਜਾਂ ਘਟੀਆ ਮਾਲ ਦੀ ਵਿਕਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾਂ ਅੱਗੇ ਦੱਸਿਆ ਕਿ ਹਰ ਇਕ ਦੁਕਾਨ 'ਤੇ ਸਟਾਕ ਬੋਰਡ ਲਾਉਣਾ ਲਾਜ਼ਮੀ ਹੈ ਤੇ ਪੀ.ਓ.ਐਸ ਮਸ਼ੀਨਾਂ ਵਿੱਚ ਦਰਜ ਸਟਾਕ ਦਾ ਪੁਰਾਣੇ ਸਟਾਕ ਨਾਲ ਮਿਲਾਨ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਕਿਸਾਨਾਂ ਵੱਲੋਂ ਖਰੀਦ ਕੀਤੀਆਂ ਵਸਤਾਂ ਦਾ ਪੱਕਾ ਤੇ ਅਧਿਕਾਰਤ ਬਿੱਲ ਜਾਰੀ ਕਰਨਾ ਹਰ ਵਿਕਰੇਤਾ ਦੀ ਜ਼ਿੰਮੇਵਾਰੀ ਹੈ, ਤਾਂ ਜੁ ਪਾਰਦਰਸ਼ਤਾ ਬਣੀ ਰਹੇ ਅਤੇ ਕਿਸਾਨਾਂ ਦੇ ਹੱਕਾਂ ਦੀ ਰੱਖਿਆ ਹੋ ਸਕੇ।



# ਡਾ. ਅਰੋੜਾ ਨੇ ਦੌਲਤਪੁਰਾ 'ਚ ਖੇਡ ਗਰਾਊਂਡ ਦਾ ਕੀਤਾ ਉਦਘਾਟਨ

**ਮੋਗਾ (ਇਕਬਾਲ ਸਿੰਘ ਖਹਿਰਾ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪੰਜਾਬ ਸਰਕਾਰ ਦੇ ਯਤਨਾਂ ਸਦਕਾ ਮੋਗਾ ਜ਼ਿਲ੍ਹੇ ਦੇ ਪਿੰਡ ਦੌਲਤਪੁਰਾ ਨਿਵਾਨ ਦੇ ਨੌਜਵਾਨਾਂ ਲਈ 46 ਲੱਖ ਰੁਪਏ ਦੀ ਲਾਗਤ ਨਾਲ ਬਣੇ ਇੱਕ ਨਵੇਂ ਖੇਡ ਗਰਾਊਂਡ ਦਾ ਰਸਮੀ ਉਦਘਾਟਨ ਮੋਗਾ ਹਲਕੇ ਦੀ ਵਿਧਾਇਕਾ ਡਾ.



ਅਮਨਦੀਪ ਕੌਰ ਅਰੋੜਾ ਨੇ ਕੀਤਾ।ਇਸ ਮੌਕੇ ਪਿੰਡ ਦੇ ਸਰਪੰਚ ਸੁਖਵਿੰਦਰ ਸਿੰਘ ਨੇ ਸਮੁੱਚੀ ਗ੍ਰਾਮ ਪੰਚਾਇਤ ਦੇ ਨਾਲ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੂੰ ਪਿੰਡ ਪਹੁੰਚਣ 'ਤੇ ਸਿਰੋਪਾਓ ਨਾਲ ਸਨਮਾਨਤ ਕੀਤਾ ਤੇ ਖੇਡ ਗਰਾਊਂਡ ਦਾ ਉਦਘਾਟਨ ਕਰਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ।ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਇਹ ਖੇਡ ਮੈਦਾਨ ਨੌਜਵਾਨਾਂ ਨੂੰ ਖੇਡਾਂ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ, ਨਾਲ ਹੀ ਉਨ੍ਹਾਂ ਦੀ ਸਿਹਤ ਤੇ ਸਰੀਰਕ ਤਾਕਤ ਨੂੰ ਹੋਰ ਵਧਾਉਣ ਵਿੱਚ ਵੀ ਸਹਾਇਤਾ ਕਰੇਗਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪੰਜਾਬ ਭਰ ਦੇ ਪਿੰਡਾਂ ਦੇ ਵਿਕਾਸ ਲਈ ਆਪਣੀ ਵਚਨਬੱਧਤਾ 'ਤੇ ਅਡੋਲ ਹੈ।ਉਨ੍ਹਾਂ ਦੱਸਿਆ ਕਿ ਉਸੇ ਪਿੰਡ ਦੇ ਅੰਦਰ ਜੱਸਾ ਸਿੰਘ ਰਾਮਗੜ੍ਹੀਆ ਦੀ ਯਾਦ ਵਿੱਚ ਇੱਕ ਬੁੱਤ ਦਾ ਉਦਘਾਟਨ ਵੀ ਕੀਤਾ ਗਿਆ ਸੀ।ਇਸ ਪ੍ਰੋਜੈਕਟ ਦਾ ਮੁੱਖ ਉਦੇਸ਼ ਮੋਗਾ ਖੇਤਰ ਦੇ ਨੌਜਵਾਨਾਂ ਨੂੰ ਵਧੀਆਂ ਖੇਡ ਸਹੂਲਤਾਂ ਪ੍ਰਦਾਨ ਕਰਨਾ ਤੇ ਖੇਡਾਂ ਵਿੱਚ ਉਨ੍ਹਾਂ ਦੀ ਸਰਗਰਮ ਭਾਗੀਦਾਰੀ ਨੂੰ ਉਤਸ਼ਾਹਤ ਕਰਨਾ ਹੈ।ਉਸ ਨੇ ਖੇਡ ਮੈਦਾਨ ਵਿੱਚ ਉਪਲਬਧ ਸਹੂਲਤਾਂ ਬਾਰੇ ਵਿਸਥਾਰ ਵਿੱਚ ਦੱਸਿਆ।ਇਸ ਮੌਕੇ ਪਿੰਡ ਦੇ ਵਸਨੀਕਾਂ ਨੇ ਇਸ ਪਹਿਲਕਦਮੀ ਲਈ ਪੰਜਾਬ ਸਰਕਾਰ ਤੇ ਸਥਾਨਕ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਧੰਨਵਾਦ ਕਰਦੇ ਹੋਏ ਬਹੁਤ ਉਤਸ਼ਾਹ ਪ੍ਰਗਟ ਕੀਤਾ।

# ਤੂਫ਼ਾਨ ਦਾ ਤਾਂਡਵ : ਭਾਦਲਾ ਨੀਚਾ 'ਚ ਮਲਟੀਮੈਟਲਜ਼ ਫੈਕਟਰੀ ਦਾ ਭਾਰੀ ਨੁਕਸਾਨ

**ਖੰਨਾ (ਸੁਖਵਿੰਦਰ ਸਿੰਘ ਭਾਦਲਾ)** : ਬੀਤੇ ਦਿਨੀਂ ਆਏ ਤੇਜ਼ ਤੂਫ਼ਾਨ ਤੇ ਮੀਂਹ ਨੇ ਇਲਾਕੇ ਵਿੱਚ ਹਾਹਾਕਾਰ ਮਚਾ ਦਿੱਤਾ। ਪਿੰਡ ਭਾਦਲਾ ਨੀਚਾ ਵਿੱਚ ਇਸ ਕੁਦਰਤੀ ਆਫ਼ਤ ਦਾ ਸਭ ਤੋਂ ਵੱਡਾ ਅਸਰ



ਐੱਸ ਜੀ ਮਲਟੀਮੈਟਲਜ਼ ਫੈਕਟਰੀ 'ਤੇ ਵੇਖਣ ਨੂੰ ਮਿਲਿਆ, ਜਿੱਥੇ ਫੈਕਟਰੀ ਦਾ ਸ਼ੈੱਡ ਭਾਰੀ ਤਬਾਹੀ ਦਾ ਸ਼ਿਕਾਰ ਹੋ ਗਿਆ।ਪ੍ਰਾਰੰਭਿਕ ਅੰਦਾਜ਼ੇ ਮੁਤਾਬਕ ਕੰਪਨੀ ਨੂੰ ਲੱਖਾਂ ਰੁਪਏ ਦਾ ਨੁਕਸਾਨ ਝੱਲਣਾ ਪਿਆ ਹੈ।ਤੂਫ਼ਾਨ ਦੌਰਾਨ ਚੱਲੀਆਂ ਤੇਜ਼ ਹਵਾਵਾਂ ਤੇ ਮੀਂਹ ਨੇ ਫੈਕਟਰੀ ਦੇ ਸ਼ੈੱਡ ਨੂੰ ਬੁਰੀ ਤਰ੍ਹਾਂ ਉਡਾ ਦਿੱਤਾ। ਫੈਕਟਰੀ ਮਾਲਕ ਦਿਨੇਸ਼ ਸਿੰਗਲਾ ਨੇ ਦੱਸਿਆ ਕਿ ਇਹ ਨੁਕਸਾਨ ਅਚਾਨਕ ਆਈ ਕੁਦਰਤੀ ਆਫ਼ਤ ਕਾਰਨ ਹੋਇਆ ਹੈ ਤੇ ਇਸ ਨਾਲ ਉਨ੍ਹਾਂ ਨੂੰ ਵੱਡਾ ਵਿੱਤੀ ਝਟਕਾ ਲੱਗਿਆ ਹੈ।ਉਨ੍ਹਾਂ ਕਿਹਾ ਕਿ ਸ਼ੈੱਡ ਦੀ ਮੁੜ ਸੰਭਾਲ ਤੇ ਸੁਰੱਖਿਆ ਪ੍ਰਬੰਧ ਤੁਰੰਤ ਮਜ਼ਬੂਤ ਕਰਨ ਲਈ ਕੰਮ ਸ਼ੁਰੂ ਕੀਤਾ ਜਾ ਰਿਹਾ ਹੈ।ਸਥਾਨਕ ਵਸਨੀਕਾਂ ਸੁਖਵਿੰਦਰ ਸਿੰਘ, ਅਸ਼ੋਕ ਭਾਂਬਰੀ ਤੇ ਰਘਬੀਰ ਸਿੰਘ (ਸਾਬਕਾ ਸਰਪੰਚ) ਨੇ ਦੱਸਿਆ ਕਿ ਤੂਫ਼ਾਨ ਦੀ ਤੀਬਰਤਾ ਬਹੁਤ ਜ਼ਿਆਦਾ ਸੀ।ਇਸ ਕਾਰਨ ਘਰਾਂ, ਦਰੱਖਤਾਂ, ਫਸਲਾਂ ਤੇ ਬਾਗਬਾਨੀ ਨੂੰ ਵੀ ਨੁਕਸਾਨ ਪਹੁੰਚਿਆ ਹੈ।ਕਈ ਇਲਾਕਿਆਂ ਵਿੱਚ ਬਿਜਲੀ ਸਪਲਾਈ ਠੱਪ ਰਹੀ, ਜਿਸ ਨਾਲ ਲੋਕਾਂ ਨੂੰ ਕਾਫ਼ੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ।ਇਸ ਘਟਨਾ ਨੇ ਇੱਕ ਵਾਰ ਫਿਰ ਦਰਸਾਇਆ ਹੈ ਕਿ ਵਧ ਰਹੀਆਂ ਕੁਦਰਤੀ ਆਫ਼ਤਾਂ ਦੇ ਮੱਦੇਨਜ਼ਰ ਉਦਯੋਗਿਕ ਇਕਾਈਆਂ ਨੂੰ ਆਪਣੇ ਸੁਰੱਖਿਆ ਪ੍ਰਬੰਧ ਹੋਰ ਮਜ਼ਬੂਤ ਕਰਨ ਦੀ ਲੋੜ ਹੈ, ਤਾਂ ਜੋ ਭਵਿੱਖ ਵਿੱਚ ਇਸ ਤਰ੍ਹਾਂ ਦੇ ਨੁਕਸਾਨ ਤੋਂ ਬਚਿਆ ਜਾ ਸਕੇ।

# ਜਸਮੇਲ ਸਿੰਘ ਡੇਅਰੀਵਾਲਾ ਸੂਬਾ ਜਨਰਲ ਸਕੱਤਰ ਨਿਯੁਕਤ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** ਪੰਜਾਬ ਪ੍ਰਦੇਸ਼ ਕਾਂਗਰਸ ਪਾਰਟੀ ਨੇ ਅਨੁਸੂਚਿਤ ਜਾਤੀ ਵਿਭਾਗ ਪੰਜਾਬ 'ਚ ਅਹਿਮ ਨਿਯੁਕਤੀਆਂ ਕਰਦਿਆਂ ਜਸਮੇਲ ਸਿੰਘ ਡੇਅਰੀਵਾਲਾ ਨੂੰ ਅਣਥੱਕ ਸੇਵਾਵਾਂ ਨਿਭਾਉਣ ਬਦਲੇ ਸੂਬਾ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਹੈ।ਡੇਅਰੀਵਾਲਾ ਨੇ ਕਿਹਾ ਕਿ ਪਾਰਟੀ ਹਾਈ ਕਮਾਂਡ ਵੱਲੋਂ ਦਿੱਤੀ ਗਈ ਅਹਿਮ ਜ਼ਿੰਮੇਵਾਰੀ ਉਹ ਵਧੇਰੇ ਲਗਨ ਮਿਹਨਤ ਪੂਰੀ ਇਮਾਨਦਾਰੀ ਨਾਲ ਸਮਰਪਤ ਭਾਵਨਾ ਤਹਿਤ ਨਿਭਾਉਣਗੇ।ਅਨੁਸੂਚਿਤ ਜਾਤੀ ਭਾਈਚਾਰੇ ਦੇ ਹੱਕਾਂ ਦੀ ਰੱਖਿਆ ਅਤੇ ਪੱਛੜੇ ਵਰਗਾਂ ਦੀ ਭਲਾਈ ਲਈ ਹੋਰ ਵਧੇਰੇ ਮਿਹਨਤ ਨਾਲ ਕੰਮ ਕਰਨਗੇ।ਉਨ੍ਹਾਂ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਸਮੇਤ ਸਮੂਹ ਪੰਜਾਬ ਕਾਂਗਰਸ ਦੇ ਆਗੂਆਂ ਦਾ ਉਚੇਚਾ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਘਰ-ਘਰ ਤੱਕ ਪੁਚਾਉਣ ਲਈ ਲਗਾਤਾਰ ਯਤਨ ਜਾਰੀ ਰਹਿਣਗੇ।



# ਡਾ. ਬਲਜੀਤ ਕੌਰ ਨੇ ਵਿਰਕ ਖੇੜਾ 'ਚ ਖੇਡ ਮੈਦਾਨ ਦਾ ਕੀਤਾ ਉਦਘਾਟਨ

**ਸ੍ਰੀ ਮੁਕਤਸਰ ਸਾਹਿਬ/ਮਲੋਟ, (ਸ਼ਮਿੰਦਰਪਾਲ/ਪੂਜਾ/ਓਮ ਪ੍ਰਕਾਸ਼ ਸੇਖੂ)** ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਪਿੰਡ ਵਿਰਕ ਖੇੜਾ ਵਿਖੇ ਲਗਭਗ 50 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਖੇਡ ਮੈਦਾਨ ਦਾ ਉਦਘਾਟਨ ਕੀਤਾ ਗਿਆ।ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਲਈ ਲਗਾਤਾਰ ਯਤਨਸ਼ੀਲ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਟੀਚਾ ਆਉਣ ਵਾਲੀਆਂ ਪੀੜ੍ਹੀਆਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਉਨ੍ਹਾਂ ਨੂੰ ਖੇਡਾਂ ਤੇ ਹੋਰ ਰਚਨਾਤਮਕ ਗਤੀਵਿਧੀਆਂ ਵੱਲ ਪ੍ਰੇਰਿਤ ਕਰਨਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰ ਪਿੰਡ ਨੂੰ ਵਧੀਆ ਖੇਡ ਮੈਦਾਨ ਮੁਹੱਈਆ ਕਰਾਉਣ ਦਾ ਜੋ ਵਾਅਦਾ ਕੀਤਾ ਗਿਆ ਸੀ, ਉਹ ਅੱਜ ਪੂਰਾ ਹੋ ਰਿਹਾ ਹੈ ਤੇ ਪੰਜਾਬ ਭਰ ਵਿੱਚ ਪਿੰਡਾਂ ਦੇ ਖੇਡ ਮੈਦਾਨਾਂ ਦੇ ਉਦਘਾਟਨ ਕੀਤੇ ਜਾ ਰਹੇ ਹਨ।ਡਾ. ਬਲਜੀਤ ਕੌਰ ਨੇ ਕਿਹਾ ਕਿ ਇਹ ਸਿਰਫ ਖੇਡ ਗਰਾਊਂਡ ਨਹੀਂ ਬਣਿਆ, ਸਗੋਂ ਬੱਚਿਆਂ ਅਤੇ ਨੌਜਵਾਨਾਂ ਦੇ ਸੁਨਿਹਰੇ ਭਵਿੱਖ ਦੀ ਨੀਂਹ ਰੱਖੀ ਗਈ ਹੈ। ਉਨ੍ਹਾਂ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨ ਅਤੇ ਤੰਦਰੁਸਤ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ।



# ਸੀਨੀਅਰ ਸਿਟੀਜ਼ਨ ਵੈੱਲਫੇਅਰ ਐਸੋਸੀਏਸ਼ਨ ਨੇ ਈ ਐੱਨ ਟੀ ਦਾ ਕੈਂਪ ਲਵਾਇਆ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** ਸੀਨੀਅਰ ਸਿਟੀਜਨ ਵੈਲਫੇਅਰ ਐਸੋਸੀਏਸ਼ਨ ਵੱਲੋਂ ਨੀਲ ਕੰਠ ਮਲਟੀ ਸਪੈਸ਼ਲਿਸ਼ਟੀ, ਹਸਪਤਾਲ ਵਿਖੇ ਬਜ਼ੁਰਗਾਂ ਦੀਆਂ ਨੱਕ, ਕੰਨ ਤੇ ਗਲੇ ਦੀਆਂ ਬਿਮਾਰੀਆਂ ਨੂੰ ਚੈੱਕ ਕਰਨ



ਲਈ ਈ, ਐਨ, ਟੀ ਕੈਂਪ ਲਾਇਆ ਗਿਆ।ਕੈਂਪ ਵਿੱਚ ਹਸਪਤਾਲ ਦੇ ਈ, ਐਨ, ਟੀ ਦੀਆਂ ਬਿਮਾਰੀਆਂ ਦੇ ਮਾਹਰ ਡਾਕਟਰ ਸ੍ਰੀ ਨਿਤਿਨ ਕੁਮਾਰ ਸਵਰਨਕਾਰ ਨੇ ਬਜ਼ੁਰਗਾਂ ਦੇ ਕੰਨ, ਨੱਕ ਅਤੇ ਗਲੇ ਦੀ ਜਾਂਚ ਕੀਤੀ ਤੇ ਲੋੜਵੰਦ ਮਰੀਜ਼ਾਂ ਨੂੰ ਦਵਾਈਆਂ ਫ੍ਰੀ ਦਿੱਤੀਆਂ ਗਈਆਂ।ਹਸਪਤਾਲ ਦੇ ਸਟਾਫ ਨੇ ਵੀ ਪੂਰਾ ਸਹਿਯੋਗ ਦਿੱਤਾ। ਹਸਪਤਾਲ ਦੀ ਮੈਨੇਜਮੈਂਟ ਵੱਲੋਂ ਸਾਰਿਆਂ ਲਈ ਚਾਹ, ਪਾਣੀ, ਬਿਸਕੁਟਾਂ ਦੀ ਸੇਵਾ ਵੀ ਕੀਤੀ ਗਈ।ਹਸਪਤਾਲ ਵੱਲੋਂ ਐਸੋਸੀਏਸ਼ਨ ਦੇ ਮੈਂਬਰਾਂ ਦੇ ਕਾਰਡ ਵੀ ਬਣਾ ਕੇ ਦਿੱਤੇ ਗਏ। ਇਸ ਨਾਲ ਇਲਾਜ ਵਿੱਚ ਰਾਹਤ ਮਿਲੇਗੀ।ਮੈਡੀਸਨ ਦੇ ਐਮ.ਡੀ ਡਾ. ਅਨੀਸ਼ ਗਰਗ ਨੇ ਕਿਹਾ ਕੇ ਹਸਪਤਾਲ ਵਿੱਚ ਸੀਨੀਅਰ ਸਿਟੀਜ਼ਨਾਂ ਲਈ ਇਲਾਜ ਵਾਸਤੇ ਵਧੀਆ ਉਪਰਾਲੇ ਕੀਤੇ ਜਾਣਗੇ। ਇਸ ਮੌਕੇ ਪ੍ਰਧਾਨ ਰੁਪਿੰਦਰ ਭਾਰਦਵਾਜ, ਪਵਨ ਗੁਜਰਾਂ ਤੇ ਕ੍ਰਿਸ਼ਨ ਸੰਦੋਹਾ ਨੇ ਹਸਪਤਾਲ ਦੇ ਸਮੂਹ ਸਟਾਫ਼, ਮੈਨੇਜਮੈਂਟ ਤੇ ਡਾਕਟਰ ਸਾਹਿਬਾਨਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਬਜ਼ੁਰਗਾਂ ਦਾ ਵਧੀਆ ਤਰੀਕੇ ਨਾਲ ਚੈੱਕ ਕਰਕੇ ਦਵਾਈ ਦਿੱਤੀ।ਡਾ. ਸਵਰਨਕਾਰ ਨੇ ਦੱਸਿਆ ਕਿ ਹਸਪਤਾਲ ਵਿੱਚ ਜਲਦੀ ਹੀ ਕੰਨਾਂ ਦੇ ਅਪ੍ਰੇਸ਼ਨ ਸ਼ੁਰੂ ਕੀਤੇ ਜਾ ਰਹੇ ਹਨ।ਹਸਪਤਾਲ ਦੇ ਚੇਅਰਮੈਨ ਸ੍ਰੀ ਅਵਤਾਰ ਸਿੰਘ, ਡਾ, ਪੁਸ਼ਪਿੰਦਰ ਸਿੰਘ, ਡਾ. ਨਿਤਿਨ ਕੁਮਾਰ ਸਵਰਨਕਾਰ, ਡਾ. ਅਨੀਸ਼ ਗਰਗ ਤੇ ਸਮੂਹ ਸਟਾਫ ਹਾਜ਼ਰ ਸੀ।

# ਅਜ਼ਾਦ ਕਿਸਾਨ ਮੋਰਚਾ ਪੰਜਾਬ ਨੇ ਰਾਜਪਾਲ ਨੂੰ ਸੌਂਪਿਆ ਮੰਗ ਪੱਤਰ

**ਮੋਗਾ (ਇਕਬਾਲ ਸਿੰਘ ਖਹਿਰਾ)**- ਅਜ਼ਾਦ ਕਿਸਾਨ ਮੋਰਚਾ ਪੰਜਾਬ ਫੋਰਮ, ਜਿਸ ਵਿੱਚ ਪੰਜਾਬ ਦੀਆਂ 15 ਸੰਘਰਸ਼ਸ਼ੀਲ ਕਿਸਾਨ ਜਥੇਬੰਦੀਆਂ ਸ਼ਾਮਲ ਹਨ, ਨੇ ਅੱਜ ਪੰਜਾਬ ਦੇ ਰਾਜਪਾਲ ਗੁਲਾਬ



ਚੰਦ ਕਟਾਰੀਆ ਨੂੰ ਕਿਸਾਨਾਂ ਤੇ ਮਜ਼ਦੂਰਾਂ ਦੀਆਂ ਮੰਗਾਂ ਸਬੰਧੀ ਮੰਗ ਪੱਤਰ ਸੌਂਪਿਆ। ਮੋਰਚੇ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਹਾਲ ਹੀ ਵਿੱਚ ਆਈਆਂ ਕੁਦਰਤੀ ਆਫ਼ਤਾਂ, ਹੜ੍ਹਾਂ, ਭਾਰੀ ਮੀਂਹ ਤੇ ਗੜੇਮਾਰੀ ਕਾਰਨ ਕਿਸਾਨ ਵਰਗ ਗੰਭੀਰ ਆਰਥਿਕ ਸੰਕਟ ਦਾ ਸਾਹਮਣਾ ਕਰ ਰਿਹਾ ਹੈ। ਇਸ ਮੌਕੇ ਉਨ੍ਹਾਂ ਕਿਸਾਨਾਂ ਤੇ ਖੇਤੀ ਮਜ਼ਦੂਰਾਂ ਦੀਆਂ ਵੱਖ-ਵੱਖ ਮੰਗਾਂ ਨੂੰ ਲੈ ਕੇ ਰਾਜਪਾਲ ਨਾਲ ਵਿਸਥਾਰਪੂਰਵਕ ਗੱਲਬਾਤ ਕੀਤੀ।ਮੰਗ ਪੱਤਰ ਵਿੱਚ ਹੜ੍ਹ ਪੀੜਤਾਂ ਨੂੰ ਬਕਾਇਆ ਮੁਆਵਜ਼ਾ ਤੁਰੰਤ ਜਾਰੀ ਕਰਨ, ਨੁਕਸਾਨੀਆਂ ਫਸਲਾਂ ਦਾ ਯੋਗ ਮੁਆਵਜ਼ਾ ਦੇਣ, ਖਸ-ਖਸ (ਪੋਪੀ) ਦੀ ਖੇਤੀ ਕਾਨੂੰਨੀ ਤੌਰ 'ਤੇ ਸ਼ੁਰੂ ਕਰਨ, ਕਿਸਾਨਾਂ ਤੇ ਮਜ਼ਦੂਰਾਂ ਦਾ ਕਰਜ਼ਾ ਮੁਆਫ਼ ਕਰਨ ਤੇ ਮੱਕੀ, ਆਲੂ, ਮਟਰ, ਮੂੰਗੀ ਤੇ ਕਪਾਹ ਸਮੇਤ ਹੋਰ ਫਸਲਾਂ 'ਤੇ ਐੱਮ.ਐੱਸ.ਪੀ. ਗਾਰੰਟੀ ਕਾਨੂੰਨ ਬਣਾਉਣ ਦੀ ਮੰਗ ਕੀਤੀ ਗਈ।ਇਸ ਤੋਂ ਇਲਾਵਾ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ, ਬੀ.ਬੀ.ਐੱਮ.ਬੀ. ਵਿੱਚ ਪੰਜਾਬ ਦੀ ਭਾਗੀਦਾਰੀ ਬਹਾਲ ਕਰਨ, ਸਤਲੁੱਜ ਤੇ ਹੋਰ ਦਰਿਆਵਾਂ ਨੂੰ ਪ੍ਰਦੂਸ਼ਤ ਕਰਨ ਵਾਲੀਆਂ ਫੈਕਟਰੀਆਂ ਖ਼ਿਲਾਫ਼ ਕਾਰਵਾਈ ਕਰਨ, ਪਰਾਲੀ ਸਬੰਧੀ ਦਰਜ ਪਰਚੇ ਰੱਦ ਕਰਨ ਤੇ ਅਬਾਦਕਾਰ ਕਿਸਾਨਾਂ ਦੀਆਂ ਕੱਚੀਆਂ ਪੈਲੀਆਂ ਪੱਕੀਆਂ ਕਰਨ ਦੀ ਮੰਗ ਵੀ ਉਠਾਈ ਗਈ।ਮੋਰਚੇ ਦੇ ਆਗੂਆਂ ਨੇ ਹਰ ਘਰ ਨੂੰ ਸਾਫ਼ ਪੀਣ ਵਾਲਾ ਪਾਣੀ ਤੇ ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣ, ਨਸ਼ਿਆਂ ਵਿਰੁੱਧ ਮੁਹਿੰਮ ਦੌਰਾਨ ਨੌਜਵਾਨਾਂ ਦੇ ਫੇਕ ਐਨਕਾਊਂਟਰਾਂ 'ਤੇ ਰੋਕ ਲਗਾਉਣ ਤੇ 60 ਸਾਲ ਦੀ ਉਮਰ ਤੋਂ ਕਿਸਾਨਾਂ-ਮਜ਼ਦੂਰਾਂ ਲਈ 10 ਹਜ਼ਾਰ ਰੁਪਏ ਮਹੀਨਾ ਬੁਢਾਪਾ ਪੈਨਸ਼ਨ ਲਾਗੂ ਕਰਨ ਦੀ ਮੰਗ ਕੀਤੀ।ਸਨਮਾਨ ਯੋਜਨਾ ਵਿੱਚ ਵਾਧਾ ਕਰਨ, ਰਹਿੰਦੇ ਕਿਸਾਨਾਂ ਦੀ ਰਜਿਸਟ੍ਰੇਸ਼ਨ ਯਕੀਨੀ ਬਣਾਉਣ ਤੇ ਮੱਲਾਂ ਵਾਲੇ ਤੋਂ ਘਰਿਆਲਾ ਤੱਕ ਬਣ ਰਹੀ ਨਵੀਂ ਰੇਲਵੇ ਲਾਈਨ ਲਈ ਐਕਵਾਇਰ ਕੀਤੀ ਜਾ ਰਹੀ ਜ਼ਮੀਨ ਦਾ ਮੁਆਵਜ਼ਾ ਘੱਟੋ-ਘੱਟ ਸਵਾ ਕਰੋੜ ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਦੇਣ ਦੀ ਮੰਗ ਵੀ ਰੱਖੀ।ਇਸ ਮੌਕੇ ਆਗੂਆਂ ਨੇ ਅਦਰਸ਼ ਸਕੂਲਾਂ ਦੇ ਅਧਿਆਪਕਾਂ ਦੀਆਂ ਘੱਟ ਤਨਖਾਹਾਂ ਦਾ ਮੁੱਦਾ ਵੀ ਉਠਾਇਆ ਤੇ ਸਰਕਾਰ ਨੂੰ ਤਨਖਾਹਾਂ ਵਧਾਉਣ ਲਈ ਸਿਫਾਰਸ਼ ਕਰਨ ਦੀ ਮੰਗ ਕੀਤੀ।ਅਜ਼ਾਦ ਕਿਸਾਨ ਮੋਰਚਾ ਪੰਜਾਬ ਦੇ ਆਗੂਆਂ ਨੇ ਕਿਹਾ ਕਿ ਉਨ੍ਹਾਂ ਨੂੰ ਆਸ ਹੈ ਕਿ ਰਾਜਪਾਲ ਕਿਸਾਨਾਂ ਤੇ ਮਜ਼ਦੂਰਾਂ ਦੀਆਂ ਸਮੱਸਿਆਵਾਂ ਨੂੰ ਸੰਵੇਦਨਸ਼ੀਲਤਾ ਨਾਲ ਵੇਖਦੇ ਹੋਏ ਜਲਦ ਹੱਲ ਲਈ ਯੋਗ ਕਦਮ ਚੁੱਕਣਗੇ।

# ਗਹਿਲਾਂ 'ਚ ਲੋਕ ਮੁੱਦਿਆਂ 'ਤੇ ਸਿੱਧੀ ਸੁਣਵਾਈ

**ਸੰਗਰੂਰ (ਰਾਜ ਖੁਰਮੀ)**- ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਪਿੰਡ ਵਿੱਚ ਪਹੁੰਚ ਕੇ ਲੋਕਾਂ ਦੇ ਵਿਚਕਾਰ ਬੈਠ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸਿੱਧੇ ਤੌਰ 'ਤੇ ਸੁਣੀਆਂ।ਚਾਹ ਦੇ ਕੱਪ ਨਾਲ ਹੋਈ ਇਸ ਗੈਰ-ਰਸਮੀ ਬੈਠਕ ਵਿੱਚ ਪਿੰਡ ਵਾਸੀਆਂ ਨੇ ਬਿਨਾਂ ਕਿਸੇ ਝਿਜਕ ਦੇ ਆਪਣੇ ਮੁੱਦੇ ਰੱਖੇ।ਕਿਸੇ ਨੇ ਟੁੱਟੀਆਂ ਸੜਕਾਂ ਦੀ ਗੱਲ ਕੀਤੀ, ਕਿਸੇ ਨੇ ਪੀਣ ਵਾਲੇ ਪਾਣੀ ਦੀ ਕਮੀ ਬਾਰੇ ਦੱਸਿਆ, ਸਿਹਤ ਸਹੂਲਤਾਂ ਦੀ ਘਾਟ ਅਤੇ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕਿਆਂ ਦੀ ਕਮੀ ਵੀ ਮੁੱਖ ਚਰਚਾ ਵਿੱਚ ਰਹੀ।ਜਵੰਧਾ ਨੇ ਹਰ ਇਕ ਗੱਲ ਨੂੰ ਧਿਆਨ ਨਾਲ ਸੁਣਿਆ ਤੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਸਮੱਸਿਆਵਾਂ ਦੇ ਹੱਲ ਲਈ ਜਲਦ ਕਰਾਈ ਕੀਤੀ ਜਾਵੇਗੀ।ਉਨ੍ਹਾਂ ਦਾ ਕਹਿਣਾ ਸੀ ਕਿ ਪਿੰਡਾਂ ਦਾ ਅਸਲ ਵਿਕਾਸ ਤਦੋਂ ਹੀ ਸੰਭਵ ਹੈ ਜਦੋਂ ਲੋਕ ਖੁਦ ਆਪਣੇ ਸੁਝਾਅ ਦੇਣ ਤੇ ਉਸ ਵਿੱਚ ਸਰਗਰਮ ਭਾਗੀਦਾਰੀ ਨਿਭਾਉਣ।ਇਸ ਮੌਕੇ ਆਮ ਆਦਮੀ ਪਾਰਟੀ ਦੇ ਵਰਕਰ ਗੁਰਵਿੰਦਰ ਸਿੰਘ ਤੇ ਤਰਲੋਕ ਸਿੰਘ ਵੀ ਮੌਜੂਦ ਰਹੇ।ਉਨ੍ਹਾਂ ਕਿਹਾ ਕਿ ਪਾਰਟੀ ਤੇ ਪ੍ਰਸ਼ਾਸਨ ਮਿਲ ਕੇ ਪਿੰਡ ਦੀਆਂ ਸਮੱਸਿਆਵਾਂ ਨੂੰ ਤਰਜੀਹ ਦੇ ਅਧਾਰ 'ਤੇ ਹੱਲ ਕਰਾਉਣਗੇ।ਬੈਠਕ ਦੌਰਾਨ ਸਿਰਫ਼ ਮੁਸ਼ਕਲਾਂ ਹੀ ਨਹੀਂ ਸੁਣੀਆਂ ਗਈਆਂ, ਸਗੋਂ ਪਿੰਡ ਦੇ ਭਵਿੱਖ ਲਈ ਇੱਕ ਵਿਜ਼ਨ ਵੀ ਤਿਆਰ ਕੀਤਾ ਗਿਆ। ਪਿੰਡ ਵਾਸੀਆਂ ਵੱਲੋਂ ਦਿੱਤੇ ਗਏ ਸੁਝਾਵਾਂ ਦੇ ਆਧਾਰ 'ਤੇ ਵਿਕਾਸ ਲਈ ਇੱਕ ਪ੍ਰਾਰੰਭਿਕ ਰੋਡਮੈਪ ਵੀ ਤਿਆਰ ਕੀਤਾ ਗਿਆ।



# ਆਕਸਫੋਰਡ ਸਕੂਲ 'ਚ ਸੈਸ਼ਨ 2026-27 ਲਈ ਸਕੂਲ ਕੌਂਸਲ ਦੀ ਚੋਣ

**ਬਠਿੰਡਾ (ਰਾਜੀਵ ਗੋਇਲ)** 'ਦ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ' ਦੇ ਵਿਦਿਆਰਥੀਆਂ ਨੇ ਆਪਣਾ ਨਾਂਅ ਸਕੂਲ ਕੌਂਸਲ ਦੀ ਚੋਣ ਲਈ ਦਰਜ ਕਰਵਾਇਆ। ਇਨ੍ਹਾਂ ਵਿਦਿਆਰਥੀਆਂ ਦੀ ਕਾਬਲੀਅਤ, ਬੋਲਬਾਣੀ, ਅਨੁਸ਼ਾਸਨ ਆਦਿ ਪੱਖਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਬੜੇ ਹੀ ਸੁਚੱਜੇ ਢੰਗ ਨਾਲ ਸਕੂਲ ਕੌਂਸਲ ਦੀ ਚੋਣ ਕੀਤੀ ਗਈ। ਪ੍ਰਿੰਸੀਪਲ ਸ੍ਰੀ ਰੂਪ ਲਾਲ ਬਾਂਸਲ ਨੇ ਵਿਦਿਆਰਥੀਆਂ ਨੂੰ ਸਕੂਲ ਕੌਂਸਲ ਦਾ ਮੁੱਖ ਉਦੇਸ਼ ਸਮਝਾਉਂਦੇ ਹੋਏ ਸਕੂਲ ਕੌਂਸਲ ਦੇ ਵਿਦਿਆਰਥੀਆਂ ਨੂੰ ਬੈਚ ਤੇ ਸ਼ੈਸ਼ ਪਹਿਨਾ ਕੇ ਅਲੱਗ-ਅਲੱਗ ਅਹੁਦਿਆਂ ਨਾਲ ਨਿਵਾਜਿਆ। ਪਰਿਆਂਸ਼ ਬਾਂਸਲ ਜਮਾਤ ਬਾਰ੍ਹਵੀਂ ਰੋਜ਼ ਨੂੰ ਹੈੱਡ ਬੁਆਏ, ਨਮਨੀਤ ਕੌਰ ਜਮਾਤ ਬਾਰ੍ਹਵੀਂ ਸਨਫਲਾਵਰ ਨੂੰ ਹੈੱਡ ਗਰਲ ਦੇ ਅਹੁਦੇ ਨਾਲ ਨਿਵਾਜਿਆ ਗਿਆ। ਇਸ ਤੋਂ ਇਲਾਵਾ ਬਲਿਊ ਹਾਊਸ ਦੀ ਵਿਦਿਆਰਥਣ ਪਰਨੀਤ ਕੌਰ ਜਮਾਤ ਨੌਵੀਂ ਡੈਫੋਡਿਲਸ ਨੂੰ ਹਾਊਸ ਕੈਪਟਨ, ਜੈਸਲੀਨ ਕੌਰ ਜਮਾਤ ਅੱਠਵੀਂ ਰੋਜ਼ ਨੂੰ ਵਾਈਸ ਕੈਪਟਨ, ਦਿਲਰਾਜ ਸਿੰਘ ਜਮਾਤ ਨੌਵੀਂ ਰੋਜ਼ ਨੂੰ ਸਪੋਰਟਸ ਕੈਪਟਨ, ਵਰਨੀਤ ਕੌਰ ਜਮਾਤ ਨੌਵੀਂ ਸਨਫਲਾਵਰ ਨੂੰ ਡਿਸਪਲਿਨ ਇੰਚਾਰਜ ਅਤੇ ਸਿਮਰਜੀਤ ਕੌਰ ਜਮਾਤ ਨੌਵੀਂ ਰੋਜ਼ ਨੂੰ ਕਲਚਰਲ ਸੈਕਰੇਟਰੀ ਦੇ ਅਹੁਦੇ ਨਾਲ ਸਨਮਾਨਿਆ ਗਿਆ। ਗਰੀਨ ਹਾਊਸ ਦੇ ਵਿਦਿਆਰਥੀ ਰਣਵੀਰ ਸਿੰਘ ਜਮਾਤ ਨੌਵੀਂ ਲੋਟਸ ਨੂੰ ਹਾਊਸ ਕੈਪਟਨ, ਮਨਜੋਤ ਕੌਰ ਜਮਾਤ ਅੱਠਵੀਂ ਰੋਜ਼ ਨੂੰ ਵਾਈਸ ਕੈਪਟਨ, ਸਹਿਜ ਜਿੰਦਲ ਜਮਾਤ ਨੌਵੀਂ ਲੋਟਸ ਨੂੰ ਸਪੋਰਟਸ ਕੈਪਟਨ, ਕਰਨਵੀਰ ਸਿੰਘ ਜਮਾਤ ਨੌਵੀਂ ਲੋਟਸ ਨੂੰ ਡਿਸਿਪਲਿਨ ਇੰਚਾਰਜ ਤੇ ਜਸ਼ਨਪ੍ਰੀਤ ਕੌਰ ਜਮਾਤ ਡੈਫੋਡਿਲਸ ਨੂੰ ਕਲਚਰਲ ਸੈਕਰੇਟਰੀ ਬਣਾਇਆ ਗਿਆ। ਇਸੇ ਤਰ੍ਹਾਂ ਰੈੱਡ ਹਾਊਸ ਦੀ ਵਿਦਿਆਰਥਣ ਮਨਰੀਤ ਕੌਰ ਜਮਾਤ ਨੌਵੀਂ ਡੈਫੋਡਿਲਸ ਨੂੰ ਹਾਊਸ ਕੈਪਟਨ, ਮਹਿਕ ਗਰਗ ਜਮਾਤ ਅੱਠਵੀਂ ਰੋਜ਼ ਨੂੰ ਵਾਈਸ ਕੈਪਟਨ, ਅਭਿਜੋਤ ਸਿੰਘ ਜਮਾਤ ਨੌਵੀਂ ਡੈਫੋਡਿਲਸ ਨੂੰ ਸਪੋਰਟਸ ਕੈਪਟਨ, ਪਵਿੱਤਰ ਕੌਰ ਜਮਾਤ ਨੌਵੀਂ ਡੈਫੋਡਿਲਸ ਨੂੰ ਡਿਸਪਲਿਨ ਇੰਚਾਰਜ ਤੇ ਹਰਸ਼ਦੀਪ ਕੌਰ ਜਮਾਤ ਨੌਵੀਂ ਡੈਫੋਡਿਲਸ ਨੂੰ ਕਲਚਰਲ ਸੈਕਰੇਟਰੀ ਦੇ ਅਹੁਦੇ ਨਾਲ ਸਨਮਾਨਿਆ ਗਿਆ। ਯੈਲੋ ਹਾਊਸ ਦੀ ਵਿਦਿਆਰਥਣ ਸੀਰਤ ਸੰਧੂ ਜਮਾਤ ਨੌਵੀਂ ਡੈਫੋਡਿਲਸ ਨੂੰ ਹਾਊਸ ਕੈਪਟਨ, ਜਿਗਰ ਸਿੰਘ ਜਮਾਤ ਅੱਠਵੀਂ ਨੂੰ ਵਾਈਸ ਕੈਪਟਨ, ਫ਼ਤਿਹਵੀਰ ਸਿੰਘ ਜਮਾਤ ਨੌਵੀਂ ਡੈਫੋਡਿਲਸ ਡਿਸਪਲਿਨ ਨੂੰ ਸਪੋਰਟਸ ਕੈਪਟਨ, ਮਨਵੀਰ ਕੌਰ ਜਮਾਤ ਨੌਵੀਂ ਡੈਫੋਡਿਲਸ ਇੰਚਾਰਜ ਤੇ ਹਰਨਿਮਰਤ ਕੌਰ ਜਮਾਤ ਨੌਵੀਂ ਡੈਫੋਡਿਲਸ ਨੂੰ ਕਲਚਰਲ ਸੈਕਰੇਟਰੀ ਦੇ ਅਹੁਦੇ ਨਾਲ ਨਿਵਾਜਿਆ ਗਿਆ। ਦਮਨਜੋਤ ਸਿੰਘ ਜਮਾਤ ਬਾਰਵੀਂ ਨਾਨ ਮੈਡੀਕਲ ਨੂੰ ਸਕੂਲ ਸਪੋਰਟਸ ਹੈੱਡ, ਪ੍ਰਭਨੂਰ ਕੌਰ ਜਮਾਤ ਬਾਰ੍ਹਵੀਂ ਲੋਟਸ ਨੂੰ ਸਕੂਲ ਡਿਸਿਪਲਿਨ ਹੈੱਡ, ਮਹਿਕਦੀਪ ਕੌਰ ਜਮਾਤ ਗਿਆਰਵੀਂ ਸਨਫਲਾਵਰ ਨੂੰ ਸਕੂਲ਼ ਕਲਚਰਲ ਹੈੱਡ, ਜੀਨਤ ਬਾਵਾ ਜਮਾਤ ਗਿਆਰ੍ਹਵੀਂ ਰੋਜ਼ ਨੂੰ ਅੰਗਰੇਜ਼ੀ ਲਿਟਰੇਰੀ ਕਲੱਬ ਹੈੱਡ ਏਕਮਜੋਤ ਦਸਵੀਂ ਸਨਫਲਾਵਰ ਨੂੰ ਪੰਜਾਬੀ ਲਿਟਰੇਰੀ ਕਲੱਬ ਹੈੱਡ ਤੇ ਸ਼ਿਫਾਲੀ ਗਰਗ ਜਮਾਤ ਨੌਵੀਂ ਡੈਫੋਡਿਲਸ ਨੂੰ ਹਿੰਦੀ ਲਿਟਰੇਰੀ ਕਲੱਬ ਹੈੱਡ ਦੇ ਅਹੁਦੇ ਨਾਲ ਨਿਵਾਜਿਆ ਗਿਆ। ਸਕੂਲ ਦੀ ਹੈੱਡ ਗਰਲ ਨਮਨੀਤ ਕੌਰ ਦੁਆਰਾ ਸਕੂਲ਼ ਕੌਂਸਲ ਨੂੰ ਆਪਣੀਆਂ ਜ਼ਿੰਮੇਵਾਰੀਆਂ ਪੂਰੀ ਤਨਦੇਹੀ ਨਾਲ ਨਿਭਾਉਣ ਲਈ ਸਹੁੰ ਚੁਕਾਈ ਗਈ। ਪ੍ਰਿੰਸੀਪਲ ਸ੍ਰੀ ਰੂਪ ਲਾਲ ਬਾਂਸਲ ਨੇ ਵੀ ਸਕੂਲ ਕੌਂਸਲ ਦੇ ਵਿਦਿਆਰਥੀਆਂ ਨੂੰ ਪ੍ਰਾਪਤ ਹੋਏ ਅਹੁਦਿਆਂ ਦੀ ਵਧਾਈ ਦਿੰਦੇ ਹੋਏ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਦਾ ਅਹਿਸਾਸ ਕਰਾਇਆ ਅਤੇ ਹੱਲਾਸ਼ੇਰੀ ਦਿੱਤੀ ਕਿ ਉਹ ਅੱਗੇ ਆ ਕੇ ਆਪਣੀਆਂ ਜ਼ਿੰਮੇਵਾਰੀਆਂ ਬਾਖੂਬੀ ਨਿਭਾਉਣ।




# ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਵੱਲੋਂ ਅੰਮ੍ਰਿਤਸਰ ਕੇਂਦਰੀ ਜੇਲ੍ਹ ਦਾ ਦੌਰਾ

**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)** ਪੰਜਾਬ ਰਾਜ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਸ੍ਰੀ ਜਤਿੰਦਰ ਮਸੀਹ ਗੌਰਵ ਵੱਲੋਂ ਕੇਂਦਰੀ ਜੇਲ੍ਹ ਅੰਮ੍ਰਿਤਸਰ ਦਾ ਦੌਰਾ ਕੀਤਾ ਗਿਆ।ਇਸ ਦੌਰਾਨ ਉਨ੍ਹਾਂ ਘੱਟ ਗਿਣਤੀ ਭਾਈਚਾਰੇ ਸਮੇਤ ਸਮੁੱਚੇ ਕੈਦੀਆਂ ਨਾਲ ਮੁਲਾਕਾਤ ਕੀਤੀ ਤੇ ਜੇਲ੍ਹ ਪ੍ਰਸ਼ਾਸਨ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਜਾਇਜ਼ਾ ਲਿਆ। ਚੇਅਰਮੈਨ ਗੌਰਵ ਨੇ ਜੇਲ੍ਹ ਅੰਦਰ ਸਥਿਤ ਵੱਖ-ਵੱਖ ਧਾਰਮਿਕ ਸਥਾਨਾਂ ਦਾ ਦੌਰਾ ਕੀਤਾ।ਉਨ੍ਹਾਂ ਮੌਕੇ 'ਤੇ ਹੀ ਜੇਲ੍ਹ ਪ੍ਰਸ਼ਾਸਨ ਨਾਲ ਰਾਬਤਾ ਕਾਇਮ ਕਰਦਿਆਂ ਹਦਾਇਤ ਕੀਤੀ ਕਿ ਇਨ੍ਹਾਂ ਧਾਰਮਿਕ ਅਸਥਾਨਾਂ ਲਈ ਲੋੜੀਂਦਾ ਸਾਮਾਨ ਤੁਰੰਤ ਮੁਹੱਈਆ ਕਰਾਇਆ ਜਾਵੇ ਤਾਂ ਜੁ ਕੈਦੀ ਆਪਣੀ ਆਸਥਾ ਅਨੁਸਾਰ ਬੰਦਗੀ ਕਰ ਸਕਣ।ਕੈਦੀਆਂ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਨੇ ਪ੍ਰੇਰਿਤ ਕੀਤਾ ਕਿ ਇਨਸਾਨ ਗ਼ਲਤੀਆਂ ਦਾ ਪੁਤਲਾ ਹੈ, ਪਰ ਅਸਲ ਇਨਸਾਨੀਅਤ ਗਲਤੀ ਸੁਧਾਰਨ ਵਿੱਚ ਹੈ।ਉਨ੍ਹਾਂ ਸਾਰੇ ਕੈਦੀਆਂ ਨੂੰ ਗੈਂਗਸਟਰਵਾਦ ਤੇ ਨਸ਼ਿਆਂ ਤੋਂ ਦੂਰ ਰਹਿਣ ਦੀ ਸਹੁੰ ਚੁਕਾਈ।ਚੇਅਰਮੈਨ ਨੇ ਉਨ੍ਹਾਂ ਕੈਦੀਆਂ ਬਾਰੇ ਡੂੰਘੀ ਚਿੰਤਾ ਪ੍ਰਗਟਾਈ, ਜੋ ਸਜ਼ਾ ਪੂਰੀ ਕਰਨ ਦੇ ਬਾਵਜੂਦ ਸਿਰਫ਼ ਜੁਰਮਾਨਾ ਨਾ ਭਰ ਸਕਣ ਕਾਰਨ ਜੇਲ੍ਹਾਂ ਵਿੱਚ ਬੰਦ ਹਨ।ਉਨ੍ਹਾਂ ਐਲਾਨ ਕੀਤਾ ਕਿ ਜਲੰਧਰ ਸਥਿਤ ਅੰਕੁਰ ਨਰੂਲਾ ਮਨਿਸਟਰੀ ਦੇ ਪ੍ਰਮੁੱਖ ਅਪੋਸਟਲ ਅੰਕੁਰ ਯੂਸਫ ਨਰੂਲਾ ਨਾਲ ਗੱਲਬਾਤ ਹੋ ਚੁੱਕੀ ਹੈ।ਜਿਹੜੇ ਕੈਦੀਆਂ ਦੇ ਜੁਰਮਾਨੇ ਬਾਕੀ ਹਨ, ਉਨ੍ਹਾਂ ਨੂੰ ਭਰ ਕੇ ਰਿਹਾਈ ਦਾ ਇੱਕ ਮੌਕਾ ਦਿੱਤਾ ਜਾਵੇਗਾ ਤਾਂ ਜੁ ਉਹ ਆਪਣੇ ਪਰਵਾਰਾਂ ਵਿੱਚ ਜਾ ਕੇ ਨਵੀਂ ਤੇ ਵਧੀਆ ਜੀਵਨ ਸ਼ੈਲੀ ਸ਼ੁਰੂ ਕਰ ਸਕਣ।



# ਨੈਸ਼ਨਲ ਸਟੇਡੀਅਮ ਹੰਸਾਲੀ 'ਚ ਗੇਟ ਦਾ ਰੱਖਿਆ ਨੀਂਹ ਪੱਥਰ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਸ੍ਰੀ ਗੁਰੂ ਹਰਗੋਬਿੰਦ ਸਾਹਿਬ ਨੈਸ਼ਨਲ ਸਟੇਡੀਅਮ ਹੰਸਾਲੀ ਵਿਖੇ ਬਾਬਾ ਪਰਮਜੀਤ ਸਿੰਘ ਜੀ ਹੰਸਾਲੀ ਵਾਲੇ ਤੇ ਵਿਧਾਇਕ ਲਖਵੀਰ ਸਿੰਘ ਰਾਏ ਵੱਲੋਂ ਸਟੇਡੀਅਮ ਦੇ ਗੇਟ ਦਾ ਨੀਂਹ ਪੱਥਰ ਰੱਖਿਆ ਗਿਆ।ਰਾਏ ਨੇ ਕਿਹਾ ਕਿ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਨੈਸ਼ਨਲ ਸਟੇਡੀਅਮ ਹੰਸਾਲੀ ਵਿਖੇ ਬ੍ਰਹਮ ਗਿਆਨੀ ਸੰਤ ਬਾਬਾ ਅਜੀਤ ਸਿੰਘ ਜੀ ਦੀ ਛਤਰ ਛਾਇਆ ਹੇਠ ਬਾਬਾ ਪਰਮਜੀਤ ਸਿੰਘ ਵੱਲੋਂ ਸਟੇਡੀਅਮ ਦੇ ਗੇਟ ਦਾ ਨੀਂਹ ਪੱਥਰ ਰੱਖਿਆ ਗਿਆ।ਇਹ ਖੇਡ ਸਟੇਡੀਅਮ ਨੌਜਵਾਨਾਂ ਦੇ ਲਈ ਚਾਨਣ ਮੁਨਾਰੇ ਵਜੋਂ ਕੰਮ ਕਰੇਗਾ।ਖੇਡਾਂ ਜਿੱਥੇ ਸਰੀਰਕ ਤੰਦਰੁਸਤੀ ਲਈ ਜ਼ਰੂਰੀ ਹਨ, ਉਥੇ ਹੀ ਮਾਨਸਿਕ ਤਣਾਅ ਤੋਂ ਵੀ ਰਾਹਤ ਦਿੰਦੀਆਂ ਹਨ। ਨੌਜਵਾਨ ਪੀੜ੍ਹੀ ਨੂੰ ਮੋਬਾਈਲਾਂ ਨੂੰ ਛੱਡ ਕੇ ਖੇਡ ਮੈਦਾਨਾਂ ਵੱਲ ਆਉਣ ਦੀ ਲੋੜ ਹੈ।ਇਹ ਧਰਤੀ ਬ੍ਰਹਮ ਗਿਆਨੀ ਸੰਤ ਬਾਬਾ ਅਜੀਤ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਤਹਿਤ ਨੌਜਵਾਨ ਪੀੜ੍ਹੀ ਨੂੰ ਖੇਡਾਂ ਦੇ ਨਾਲ ਜੋੜਨ ਦੇ ਲਈ ਯਤਨ ਕਰ ਰਹੀ ਹੈ, ਜਿਸ ਦੇ ਤਹਿਤ ਪਿੰਡਾਂ ਵਿੱਚ ਖੇਡ ਮੈਦਾਨ ਉਸਾਰੇ ਜਾ ਰਹੇ ਹਨ, ਤਾਂ ਜੁ ਨੌਜਵਾਨਾਂ ਨੂੰ ਖੇਡਾਂ ਦੇ ਪ੍ਰਤੀ ਉਤਸ਼ਾਹਤ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਮਾਪਿਆਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਬੱਚਿਆਂ ਨੂੰ ਖੁਦ ਖੇਡ ਮੈਦਾਨਾਂ ਦੇ ਵਿੱਚ ਲੈ ਕੇ ਜਾਣ, ਜਿਸ ਨਾਲ ਉਨ੍ਹਾਂ ਦਾ ਖੇਡਾਂ ਦੇ ਪ੍ਰਤੀ ਪਿਆਰ ਵਧੇਗਾ ਅਤੇ ਉਹ ਸਮਾਜਿਕ ਕੁਰੀਤੀਆਂ ਤੋਂ ਬਚ ਸਕਣਗੇ।

# ਅਧਿਆਪਕਾਂ ਨੇ ਸਹਾਇਕ ਕਮਿਸ਼ਨਰ ਜਨਰਲ ਨੂੰ ਸੌਂਪਿਆ ਮੰਗ ਪੱਤਰ



ਧਾਰੀਵਾਲ, (ਮਨਦੀਪ ਵਿੱਕੀ)-ਸਮੂਹ ਅਧਿਆਪਕ ਜਥੇਬੰਦੀਆਂ ਦੇ ਵਫਦ ਵੱਲੋਂ ਅਧਿਆਪਕਾਂ ਦੀਆਂ ਵੱਡੀ ਗਿਣਤੀ ਵਿੱਚ ਲਗਾਈਆਂ ਡਿਊਟੀਆਂ ਨਾਲ ਪੈਦਾ ਹੋਈਆਂ ਮੁਸ਼ਕਿਲਾਂ ਦੇ ਹੱਲ ਲਈ ਸਹਾਇਕ ਕਮਿਸ਼ਨਰ ਜਨਰਲ ਕੁਲਦੀਪ ਚੰਦ ਨੂੰ ਮੰਗ ਪੱਤਰ ਸੌਂਪਿਆ।ਇਸ ਮੌਕੇ ਅਧਿਆਪਕ ਆਗੂ ਕੁਲਦੀਪ ਪੁਰੇਵਾਲ, ਸੋਮ ਸਿੰਘ, ਰਵਿੰਦਰਜੀਤ ਪੰਨੂ, ਅਸ਼ਵਨੀ ਫ਼ੱਜੂਪੁਰ, ਬਲਵਿੰਦਰ ਰਾਜ, ਅਮਰਜੀਤ ਕੋਠੇ, ਅਨਿਲ ਕੁਮਾਰ ਲਾਹੌਰੀਆ, ਰਜਨੀ ਪਰਕਾਸ਼, ਅਨਿਲ ਸ਼ਰਮਾ, ਬਲਵਿੰਦਰ ਸਿੰਘ, ਰਮਨਦੀਪ ਕੌਰ ਅਤੇ ਮਨਜੀਤ ਕੌਰ ਨੇ ਮੰਗ ਕੀਤੀ ਕਿ ਅਧਿਆਪਕਾਂ ਦੀਆਂ ਮਰਦਮਸ਼ੁਮਾਰੀ ਸਬੰਧੀ ਡਿਊਟੀਆਂ ਉਨ੍ਹਾਂ ਦੀ ਡਿਊਟੀ ਵਾਲੇ ਸਕੂਲਾਂ ਜਾਂ ਰਿਹਾਇਸ਼ ਨੇੜੇ ਲਗਾਈਆਂ ਜਾਣ ਤਾਂ ਕਿ ਵਿਦਿਆਰਥੀਆਂ ਦੀ ਪੜ੍ਹਾਈ ਦਾ ਨੁਕਸਾਨ ਨਾ ਹੋਵੇ।ਅਧਿਆਪਕ ਆਗੂਆਂ ਮੰਗ ਕੀਤੀ ਕਿ 50% ਸਟਾਫ ਨੂੰ ਡਿਊਟੀ ਤੋਂ ਛੋਟ ਦਿੱਤੀ ਜਾਵੇ ਤਾਂ ਕਿ ਸਕੂਲਾਂ ਦਾ ਕੰਮ ਪ੍ਰਭਾਵਿਤ ਨਾ ਹੋਵੇ।ਅੰਗਹੀਣ, ਗੰਭੀਰ ਬੀਮਾਰ, ਕਪਲ ਕੇਸ ਕੇਸਾਂ ਵਿੱਚ ਡਿਊਟੀ ਤੋਂ ਛੋਟ ਦਿੱਤੀ ਜਾਵੇ।ਦੂਰ ਦੁਰਾਡੇ ਗੁਰਦਾਸਪੁਰ ਤੋਂ ਬਟਾਲਾ, ਬਟਾਲਾ ਤੋਂ ਗੁਰਦਾਸਪੁਰ ,ਗੁਰਦਾਸਪੁਰ ਤੋਂ ਧਰੀਵਾਲ ਅਤੇ ਹੋਰ ਦੂਰ ਦੁਰਾਡੇ ਲਗਾਈਆਂ ਡਿਊਟੀਆਂ ਨੂੰ ਰੱਦ ਕਰਕੇ ਉਨ੍ਹਾਂ ਦੀ ਡਿਊਟੀ ਵਾਲੇ ਸਕੂਲਾਂ ਵਿੱਚ ਲਗਾਈ ਜਾਵੇ।ਬਾਕੀ ਵਿਭਾਗਾਂ ਦੇ ਕਰਮਚਾਰੀਆਂ ਦੀਆਂ ਡਿਊਟੀਆਂ ਬਰਾਬਰ ਅਨੁਪਾਤ ਵਿੱਚ ਲਗਾਈਆਂ ਜਾਣ, ਸੀਨੀਅਰ ਕੇਡਰ/ਸਕੂਲ ਮੁਖੀਆਂ ਦੀਆਂ ਡਿਊਟੀਆਂ ਬਤੌਰ ਸੁਪਰਵਾਈਜ਼ਰ ਹੀ ਲਗਾਈਆਂ ਜਾਣ।ਸਿੰਗਲ ਟੀਚਰ ਸਕੂਲਾਂ ਦੇ ਅਧਿਆਪਕਾਂ ਦੀਆਂ ਡਿਊਟੀਆਂ ਨਾ ਲਗਾਈਆਂ ਜਾਣ।ਆਗੂਆਂ ਮੰਗ ਕੀਤੀ ਕਿ ਜੇਕਰ ਅਧਿਆਪਕਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਅਤੇ ਵੱਡੀ ਗਿਣਤੀ ਵਿੱਚ ਗੈਰ-ਵਿੱਦਿਅਕ ਕੰਮਾਂ ਤੋਂ ਡਿਊਟੀਆਂ ਤੋਂ ਛੋਟ ਨਾ ਦਿੱਤੀ ਗਈ ਤਾਂ ਵਿਦਿਆਰਥੀਆਂ ਦੇ ਮਾਪਿਆਂ ਨੂੰ ਨਾਲ ਲੈ ਕੇ ਸੰਘਰਸ਼ ਕੀਤਾ ਜਾਵੇਗਾ। ਸਹਾਇਕ ਕਮਿਸ਼ਨਰ ਜਨਰਲ ਕੁਲਦੀਪ ਚੰਦ ਨੇ ਵਫਦ ਨੂੰ ਭਰੋਸਾ ਦਿੱਤਾ ਕਿ ਜਲਦ ਹੀ ਡਿਪਟੀ ਕਮਿਸ਼ਨਰ ਗੁਰਦਾਸਪੁਰ ਨਾਲ ਵਫਦ ਦੀ ਮੀਟਿੰਗ ਕਰਵਾਈ ਜਾਵੇਗੀ।

## 5 ਸੂਬਿਆਂ ਦੀਆਂ ਵਿਧਾਨ ਸਭਾ ਚੋਣਾਂ 'ਚ ਭਾਜਪਾ ਨੇ ਲੋਕਤੰਤਰ ਦਾ ਘਾਣ ਕੀਤਾ: ਦਦੇਹਰ ਸਾਹਿਬ



**ਚੋਹਲਾ ਸਾਹਿਬ (ਰਮਨ ਚੱਢਾ)**-ਪ੍ਰੈੱਸ ਨੂੰ ਜਾਣਕਾਰੀ ਦਿੰਦਿਆ ਭਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਕਾਰਜਕਾਰੀ ਕਮੇਟੀ ਦੇ ਮੈਂਬਰ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਸਾਹਿਬ ਨੇ ਦੱਸਿਆ ਕਿ ਕੇਂਦਰ ਦੀ ਮੋਦੀ ਸਰਕਾਰ ਚੋਰ ਮੋਰੀਆਂ ਰਾਹੀਂ ਘੱਟ ਗਿਣਤੀ ਅਤੇ ਖੇਤਰੀ ਪਾਰਟੀਆਂ ਨੂੰ ਖਤਮ ਕਰਨਾ ਚਾਹੁੰਦੀ ਹੈ! ਪਹਿਲਾਂ ਇਸ ਨੇ ਬਿਹਾਰ ਵਿਚ ਆਪਣੇ ਡੰਡੇ ਦੇ ਜ਼ੋਰ ਨਾਲ ਆਪਣੇ ਵਿਰੋਧੀਆਂ ਦੀਆਂ ਵੋਟਾਂ ਕਟਵਾਈਆਂ, ਹੁਣ ਇਸੇ ਤਰ੍ਹਾਂ ਪੱਛਮੀ ਬੰਗਾਲ, ਆਸਾਮ, ਪੁਡੂਚੇਰੀ 'ਚ ਆਪਣੇ ਵਿਰੋਧੀਆਂ ਦੀਆਂ ਵੋਟਾਂ ਕਟਵਾ ਕੇ ਲੋਕਤੰਤਰ 'ਤੇ ਹਮਲਾ ਕੀਤਾ! ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਹੁਣ ਇਨ੍ਹਾਂ ਦੀ ਅੱਖ ਪੰਜਾਬ ਵਿਧਾਨ ਸਭਾ ਚੋਣਾਂ 'ਤੇ ਹੈ! ਉਨ੍ਹਾਂ ਸਭ ਪਾਰਟੀਆਂ ਨੂੰ ਅਪੀਲ ਕੀਤੀ ਕਿ ਆਪਣੇ ਸਭ ਮੱਤ-ਭੇਦ ਮੁਕਾ ਕੇ ਇੱਕਲੀ-ਇੱਕਲੀ ਸੀਟ 'ਤੇ ਸਾਂਝਾ ਉਮੀਦਵਾਰ ਖੜਾ ਕੀਤਾ ਜਾਵੇ ਤਾਂ ਹੀ ਇਨ੍ਹਾਂ ਨੂੰ ਮੂੰਹਤੋੜ ਜਵਾਬ ਦੇ ਸਕਦੇ ਹਾਂ।

# ਖ਼ਾਸਾ ਛਾਉਣੀ ਦੀ ਕੰਧ ਨੇੜੇ ਬੰਬ ਧਮਾਕਾ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਮੰਗਲਵਾਰ ਰਾਤ ਭਾਰਤ-ਪਾਕਿ ਸਰਹੱਦ ਤੋਂ ਕੁਝ ਕਿਲੋਮੀਟਰ ਦੀ ਦੂਰੀ 'ਤੇ ਅੰਮ੍ਰਿਤਸਰ-ਅਟਾਰੀ ਰੋਡ 'ਤੇ ਸਥਿਤ ਭਾਰਤੀ ਫ਼ੌਜ ਦੀ ਖ਼ਾਸਾ ਛਾਉਣੀ ਦੀ ਕੰਧ ਨੇੜੇ ਇਕ ਬੰਬ ਧਮਾਕਾ ਹੋਇਆ। ਇਸ ਬੰਬ ਧਮਾਕੇ ਨਾਲ ਛਾਉਣੀ ਦੀ ਕੰਧ 'ਤੇ ਲੱਗੀ ਲੋਹੇ ਦੀ ਟੀਨ ਨੂੰ ਕੁਝ ਨੁਕਸਾਨ ਪੁੱਜਾ ਹੈ। ਇਸ ਬੰਬ ਧਮਾਕਾ ਮੰਗਲਵਾਰ ਰਾਤ 10.55 ਵੱਜ ਕੇ 32 ਸਕਿੰਟ 'ਤੇ ਹੋਇਆ ਦੱਸਿਆ ਜਾਂਦਾ ਹੈ। ਇਸ ਧਮਾਕੇ ਕਾਰਨ ਹੋਈ ਰੌਸ਼ਨੀ ਤੇ ਉਡਦੀ ਧੂੜ ਘਟਨਾ ਸਥਾਨ ਦੇ ਸਾਹਮਣੇ ਸਥਿਤ ਇਕ ਦੁਕਾਨ ਦੇ ਸੀਸੀਟੀਵੀ ਕੈਮਰੇ ਵਿਚ ਕੈਦ ਹੋ ਗਈ। ਘਟਨਾ ਸਥਾਨ ਦੇ ਨੇੜੇ ਸਥਿਤ ਘਰਾਂ ਵਾਲਿਆਂ ਨੇ ਦੱਸਿਆ ਕਿ ਧਮਾਕਾ ਇੰਨਾ ਜ਼ੋਰਦਾਰ ਸੀ ਕਿ ਉਨ੍ਹਾਂ ਦੇ ਘਰਾਂ ਦੀਆਂ ਖਿੜਕੀਆਂ ਆਪਣੇ ਆਪ ਖੁੱਲ੍ਹ ਗਈਆਂ। ਉਨ੍ਹਾਂ ਦੱਸਿਆ ਕਿ ਇਕ ਵਾਰ ਤਾਂ ਉਨ੍ਹਾਂ ਦੇ ਦਿਲ ਦਹਿਲ ਗਏ। ਉਨ੍ਹਾਂ ਦੱਸਿਆ ਕਿ ਧਮਾਕੇ ਤੋਂ ਬਾਅਦ ਧੂੜ ਦਾ ਗੁਬਾਰ ਉਠਿਆ, ਜਿਸ ਦੀ ਮਿੱਟੀ ਉਨ੍ਹਾਂ ਦੇ ਘਰਾਂ ਤੱਕ ਪੁੱਜੀ। ਧਮਾਕੇ ਤੋਂ ਤੁਰੰਤ ਬਾਅਦ ਘਟਨਾ ਵਾਲੀ ਥਾਂ 'ਤੇ ਫੌਜ, ਪੁਲਸ ਤੇ ਖ਼ੁਫ਼ੀਆ ਏਜੰਸੀਆਂ ਦੇ ਅਧਿਕਾਰੀ ਤੇ ਕਰਮਚਾਰੀ ਪੁੱਜ ਗਏ ਅਤੇ ਜਾਂਚ ਸ਼ੁਰੂ ਕਰ ਦਿੱਤੀ। ਮੌਕੇ 'ਤੇ ਪੁੱਜੇ ਅੰਮ੍ਰਿਤਸਰ ਦੇ ਦਿਹਾਤੀ ਦੇ ਐੱਸਐੱਸਪੀ ਸੁਹੇਲ ਮੀਰ ਨੇ ਦੱਸਿਆ ਕਿ ਮੁੱਢਲੀ ਜਾਂਚ ਵਿਚ ਸਾਹਮਣੇ ਆਇਆ ਹੈ ਕਿ ਕਿਸੇ ਵਿਅਕਤੀ ਵੱਲੋਂ ਛਾਉਣੀ ਦੀ ਕੰਧ ਵੱਲ ਕੁਝ ਸੁੱਟਿਆ ਗਿਆ, ਜਿਸ ਕਾਰਨ ਘੱਟ ਤੀਬਰਤਾ ਵਾਲਾ ਧਮਾਕਾ ਹੋਇਆ, ਜਿਸ ਨਾਲ ਛਾਉਣੀ ਦੀ ਕੰਧ ਉਪਰ ਲੱਗੀਆਂ ਲੋਹੇ ਦੀਆਂ ਟੀਨਾਂ ਵਿਚੋਂ ਇਕ ਟੀਨ ਨੂੰ ਕੁਝ ਨੁਕਸਾਨ ਪੁੱਜਾ ਹੈ। ਉਨ੍ਹਾਂ ਦੱਸਿਆ ਕਿ ਫੋਰੈਂਸਿਕ ਤੇ ਬੰਬ ਨਕਾਰਾ ਕਰਨ ਵਾਲੀਆਂ ਟੀਮਾਂ ਵੱਲੋਂ ਵੀ ਮੌਕੇ 'ਤੇ ਪੁੱਜ ਕੇ ਜਾਂਚ ਪੜਤਾਲ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਪੁਲਿਸ ਟੀਮਾਂ ਵੱਲੋਂ ਸਾਂਝੇ ਤੌਰ 'ਤੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

# ਨੌਜਵਾਨ ਦੇ ਕਤਲ ਨੂੰ ਬੀਤੇ 4 ਦਿਨ; ਪ੍ਰਸ਼ਾਸਨ ਦੀ ਢਿੱਲੀ ਕਾਰਵਾਈ 'ਤੇ ਉੱਠੇ ਵੱਡੇ ਸਵਾਲ



ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)-ਬੀਤੇ ਦਿਨੀਂ ਪਿੰਡ ਮਹਿਸਮਪੁਰ ਕਲਾਂ ਦੇ 18 ਸਾਲਾਂ ਨੌਜਵਾਨ ਅਮਰਜੋਤ ਸਿੰਘ ਪੁੱਤਰ ਸੁਖਰਾਜ ਸਿੰਘ, ਜੋ ਕਿ ਆਪਣੇ ਮੋਟਰਸਾਈਕਲ 'ਤੇ ਬੈਠ ਕੇ ਅੱਡਾ ਨਾਥ ਦੀ ਖੂਹੀ ਤੋਂ ਕੁਝ ਘਰੇਲੂ ਸਾਮਾਨ ਲੈਣ ਵਾਸਤੇ ਜਾ ਰਿਹਾ ਸੀ, ਨੂੰ ਪਿੰਡੋਂ ਬਾਹਰ ਥੋੜ੍ਹੀ ਦੂਰ ਪਾਣੀ ਦੀ ਟੈਂਕੀ ਕੋਲ ਅਣਪਛਾਤੇ ਕਾਤਲਾਂ ਵੱਲੋਂ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ, ਜਿਸ ਦੇ ਸੰਬੰਧ ਵਿੱਚ ਨੌਜਵਾਨ ਦੇ ਅੰਤਿਮ ਸੰਸਕਾਰ ਨੂੰ ਲੈ ਕੇ ਮਾਮਲਾ ਕਾਫੀ ਗੰਭੀਰ ਬਣਿਆ ਹੋਇਆ ਹੈ।ਇਸ ਸੰਬੰਧ ਵਿੱਚ ਅਮਰਜੋਤ ਸਿੰਘ ਦੇ ਮਾਤਾ-ਪਿਤਾ ਅਤੇ ਹੋਰ ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਇੱਕ ਪਾਸੇ ਤਾਂ ਸਾਡਾ ਨੌਜਵਾਨ ਇਕਲੌਤਾ ਪੁੱਤਰ ਕਾਤਲਾਂ ਨੇ ਬੇਦਰਦੀ ਨਾਲ ਮਾਰ ਦਿੱਤਾ ਹੈ ਅਤੇ ਦੂਸਰੇ ਪਾਸੇ ਕਥਿੱਤ ਤੌਰ 'ਤੇ ਪੁਲਸ ਦੀ ਢਿੱਲੀ ਕਾਰਵਾਈ ਨਾਲ ਵੀ ਸਾਡੀ ਸੰਤੁਸ਼ਟੀ ਨਹੀਂ ਹੋ ਰਹੀ।ਅੱਜ ਉਨ੍ਹਾਂ ਨੂੰ ਸੁਨੇਹਾ ਮਿਲਿਆ ਕਿ ਐੱਸ. ਐੱਸ. ਪੀ. ਅੰਮ੍ਰਿਤਸਰ ਦਿਹਾਤੀ ਉਨ੍ਹਾਂ ਦੇ ਘਰ ਪਹੁੰਚ ਰਹੇ ਹਨ, ਪਰ ਦੇਰ ਸ਼ਾਮ ਤੱਕ ਵੀ ਐੱਸ. ਐੱਸ. ਪੀ. ਸਾਹਿਬ ਉਨ੍ਹਾਂ ਦੇ ਘਰ ਨਹੀਂ ਪਹੁੰਚੇ, ਜਿਸ ਨਾਲ ਉਨ੍ਹਾਂ ਨੂੰ ਇਨਸਾਫ ਨਾ ਮਿਲਣ ਦੀ ਸ਼ੰਕਾ ਨਜ਼ਰ ਆ ਰਹੀ ਹੈ ਤੇ ਦੂਜੇ ਪਾਸੇ ਅੰਤਿਮ ਸੰਸਕਾਰ ਕਰਨ ਦੀ ਕਾਹਲ ਪਾਈ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ 2 ਤਰੀਕ ਦੀ ਸ਼ਾਮ ਨੂੰ ਘਟਨਾ ਉਪਰੰਤ ਮ੍ਰਿਤਕ ਦੇਹ ਨੂੰ ਬਾਬਾ ਬਕਾਲਾ ਸਾਹਿਬ ਦੇ ਸਰਕਾਰੀ ਹਸਪਤਾਲ ਵਿੱਚ ਜਮ੍ਹਾ ਕਰਵਾ ਦਿੱਤਾ ਗਿਆ ਸੀ ਅਤੇ 3 ਮਈ ਨੂੰ ਉਸ ਦਾ ਪੋਸਟਮਾਰਟਮ ਕੀਤਾ ਜਾਣਾ ਸੀ ਪਰ ਉਥੇ ਵੀ ਅੱਧ ਅਧੂਰਾ ਪੋਸਟਮਾਰਟਮ ਕੀਤਾ ਗਿਆ, ਕੋਈ ਢੁੱਕਵਾਂ ਪ੍ਰਬੰਧ ਨਾ ਹੋਣ ਕਰਕੇ ਅਸੀਂ ਸਾਰਾ ਦਿਨ ਖੱਜਲ-ਖਵਾਰ ਹੁੰਦੇ ਰਹੇ ਅਤੇ ਸ਼ਾਮ ਨੂੰ ਮੈਡੀਕਲ ਸਟਾਫ ਨੇ ਸਾਨੂੰ ਦੱਸਿਆ ਕਿ ਇਸ ਮ੍ਰਿਤਕ ਦੇਹ ਦਾ ਪੋਸਟਮਾਰਟਮ ਅੰਮ੍ਰਿਤਸਰ ਦੇ ਸਰਕਾਰੀ ਹਸਪਤਾਲ ਵਿੱਚ ਕੀਤਾ ਜਾਣਾ ਹੈ। 3 ਮਈ ਨੂੰ ਅੰਮ੍ਰਿਤਸਰ ਉਸ ਦਾ ਪੋਸਟਮਾਰਟਮ ਕਰਨ ਤੋਂ ਬਾਅਦ ਜਦੋਂ ਲਾਸ਼ ਸਾਨੂੰ ਸੌਂਪ ਦਿੱਤੀ ਗਈ ਤਾਂ ਅਸੀਂ ਉਸ ਨੂੰ ਆਪਣੇ ਪਿੰਡ ਲੈ ਆਏ ਜਿੱਥੇ ਹਲਕਾ ਜੰਡਿਆਲਾ ਦੇ ਵਿਧਾਇਕ ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਅਤੇ ਡੀਐੱਸਪੀ ਜੰਡਿਆਲਾ ਨੇ ਆ ਕੇ ਸਾਨੂੰ ਤਸੱਲੀ ਤਾਂ ਜ਼ਰੂਰ ਦਿੱਤੀ ਪਰ ਕਾਤਲਾਂ ਦੇ ਸੁਰਾਗ ਬਾਰੇ ਸਾਨੂੰ ਕੁਝ ਨਹੀਂ ਦੱਸਿਆ।ਹੁਣ ਪਰੇਸ਼ਾਨੀ ਦੇ ਆਲਮ ਵਿੱਚ ਅਸੀਂ ਪ੍ਰਸ਼ਾਸਨ ਨੂੰ ਅਲਟੀਮੇਟਮ ਦਿੱਤਾ ਹੈ ਕਿ ਜੇ ਸਵੇਰੇ 10 ਵਜੇ ਤੱਕ ਸਾਡੇ ਪੁੱਤਰ ਦੇ ਕਾਤਲਾਂ ਨੂੰ ਨਾ ਫੜਿਆ ਗਿਆ ਤਾਂ ਅਸੀਂ ਪ੍ਰਸ਼ਾਸਨ ਦਾ ਘਿਰਾਓ ਕਰਨ ਲਈ ਮਜਬੂਰ ਹੋਵਾਂਗੇ, ਜਿਸ ਦੀ ਸਾਰੀ ਜ਼ਿੰਮੇਵਾਰੀ ਪ੍ਰਸ਼ਾਸਨ ਦੇ ਸਿਰ 'ਤੇ ਹੋਵੇਗੀ। ਵਰਣਨਯੋਗ ਹੈ ਕਿ ਅੱਜ ਜਦ ਪੁਲਸ ਦੇ ਆਹਲਾ ਅਫਸਰ ਮ੍ਰਿਤਕ ਨੌਜਵਾਨ ਅਮਰਜੋਤ ਸਿੰਘ ਦੇ ਘਰ ਗਏ ਤਾਂ ਇਨਸਾਫ ਨਾ ਮਿਲਦਾ ਵੇਖ ਕੇ ਪੰਜਾਬ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਖਿਲਾਫ ਪਰਿਵਾਰ ਅਤੇ ਪਿੰਡ ਵਾਲਿਆਂ ਵੱਲੋਂ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇੱਥੇ ਪੁਲਸ ਅਧਿਕਾਰੀ ਵੀ ਮੀਡੀਆ ਦੇ ਸਵਾਲਾਂ ਤੋਂ ਭੱਜਦੇ ਨਜ਼ਰ ਆਏ।ਸਰਕਾਰ ਅਤੇ ਪ੍ਰਸ਼ਾਸਨ ਪੂਰੀ ਤਰ੍ਹਾਂ ਫੇਲ ਹੁੰਦਾ ਨਜ਼ਰ ਆ ਰਿਹਾ ਹੈ ਅਤੇ ਲੋਕਾਂ ਨੂੰ ਆਪਣੇ ਜਵਾਨ ਧੀਆਂ ਪੁੱਤਾਂ ਦਾ ਭਵਿੱਖ ਅਤੇ ਸੁਰੱਖਿਆ ਦਾ ਡਰ ਸਤਾਉਣ ਲੱਗਾ ਪਿਆ ਹੈ।

## ਹੈੱਡ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਵੱਲੋਂ ਪਿੰਡ ਵਡਾਲਾ ਵੀਰਮ ਦਾ ਵਿਸ਼ੇਸ਼ ਦੌਰਾ



**ਮਜੀਠਾ (ਸੋਇਮ ਆਨੰਦ)**-ਸੱਚਖੰਡ ਸ੍ਰੀ ਹਰਮੰਦਿਰ ਸਾਹਿਬ ਦੇ ਗ੍ਰੰਥੀ ਸਿੰਘ ਗਿਆਨੀ ਅਮਰਜੀਤ ਸਿੰਘ ਸਮਾਜ ਸੇਵੀ ਮਨਵੀਰ ਸਿੰਘ ਵਡਾਲਾ ਦੇ ਗ੍ਰਹਿ ਪਿੰਡ ਵਡਾਲਾ ਵੀਰਮ ਵਿਖੇ ਵਿਸ਼ੇਸ਼ ਤੌਰ 'ਤੇ ਪਹੁੰਚੇ ਜਿਨ੍ਹਾਂ ਦਾ ਵਡਾਲਾ ਪਰਿਵਾਰ ਅਤੇ ਪਿੰਡ ਵਡਾਲਾ ਦੀਆਂ ਸੰਗਤਾਂ ਵੱਲੋਂ ਨਿੱਘਾ ਕੀਤਾ ਅਤੇ ਜੀ ਆਇਆਂ ਨੂੰ ਆਖਿਆ ਗਿਆ।ਇਸ ਮੌਕੇ ਸਿੰਘ ਸਾਹਿਬ ਵੱਲੋਂ ਸਮੂਹ ਪਰਿਵਾਰ ਨੂੰ ਗੁਰਮਤਿ ਵਿਚਾਰਾਂ ਅਤੇ ਸਿੱਖ ਇਤਿਹਾਸ ਸਰਵਣ ਕਰਾ ਕੇ ਨਿਹਾਲ ਕੀਤਾ ਅਤੇ ਵਡਾਲਾ ਪਰਿਵਾਰ ਵੱਲੋਂ ਚਲਾਈ ਜਾ ਰਹੀ ਸੰਸਥਾ ਸ੍ਰੀ ਗੁਰੂ ਰਾਮਦਾਸ ਜੀ ਸੇਵਾ ਮਿਸ਼ਨ ਦੁਆਰਾ ਨੌਜਵਾਨ ਲੜਕੇ ਲੜਕੀਆਂ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਗੁਰ ਸਿੱਖੀ ਮਾਰਗ 'ਤੇ ਚਲਣ ਲਈ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਗੁਰੂ ਸਿੱਖੀ ਦਾ ਪ੍ਰਚਾਰ ਲਈ ਹੋਰ ਹੰਭਲਾ ਮਾਰਨ ਦੀ ਪ੍ਰੇਰਨਾ ਦਿੱਤੀ।ਇਸ ਮੌਕੇ ਸਿੰਘ ਸਾਹਿਬ ਨੂੰ ਵਡਾਲਾ ਪਰਿਵਾਰ ਵੱਲੋਂ ਸਨਮਾਨਿਤ ਕੀਤਾ ਗਿਆ। ਸ੍ਰੀ ਗੁਰੂ ਰਾਮਦਾਸ ਸੇਵਾ ਮਿਸ਼ਨ ਦੇ ਮੁੱਖ ਸਰਪ੍ਰਸਤ ਮਾਤਾ ਬਲਵਿੰਦਰ ਕੌਰ ਨੂੰ ਗੁਰਸਿੱਖੀ ਦੇ ਪ੍ਰਚਾਰ ਲਈ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ।ਇਸ ਮੌਕੇ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨਾਲ ਮਾਤਾ ਬਲਵਿੰਦਰ ਕੌਰ, ਸੰਚਾਲਕ ਮਨਵੀਰ ਸਿੰਘ ਵਡਾਲਾ, ਬੱਬਨਦੀਪ ਸਿੰਘ ਵਡਾਲਾ, ਰਾਜਵਿੰਦਰ ਸਿੰਘ ਵਡਾਲਾ, ਗੁਰਪ੍ਰੀਤ ਸਿੰਘ ਵਡਾਲਾ, ਸੋਨੂੰ ਵਡਾਲਾ, ਤੇਗਪ੍ਰੀਤ ਸਿੰਘ ਅਤੇ ਗੁਰਫਤਹਿ ਸਿੰਘ ਹਾਜ਼ਰ ਸਨ।

## ਬੰਬ ਧਮਾਕੇ ਦੇ ਮੁਲਜ਼ਮਾਂ ਨੂੰ ਜਲਦ ਕਾਬੂ ਕੀਤਾ ਜਾਵੇ : ਔਜਲਾ



ਛੇਹਰਟਾ, (ਮਨੋਜ ਕੁਮਾਰ) : ਅੰਮ੍ਰਿਤਸਰ ਦੇ ਐੱਮਪੀ ਗੁਰਜੀਤ ਸਿੰਘ ਔਜਲਾ ਨੇ ਜਲੰਧਰ ਵਿਚ ਹੋਏ ਬੰਬ ਧਮਾਕੇ ਤੋਂ ਕੁਝ ਘੰਟਿਆਂ ਬਾਅਦ ਹੀ ਅੰਮ੍ਰਿਤਸਰ ਵਿਚ ਹੋਏ ਬੰਬ ਧਮਾਕੇ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਉਨ੍ਹਾਂ ਜਾਰੀ ਬਿਆਨ ਵਿਚ ਕਿਹਾ ਕਿ ਜਲੰਧਰ ਵਿਚ ਹੋਏ ਬੰਬ ਧਮਾਕੇ ਤੋਂ ਕੁਝ ਘੰਟਿਆਂ ਬਾਅਦ ਹੀ ਅੰਮ੍ਰਿਤਸਰ ਵਿਚ ਬੀਐੱਸਐੱਫ ਹੈੱਡਕੁਆਰਟਰ ਨੇੜੇ ਫਿਰ ਧਮਾਕੇ ਵਰਗੀ ਘਟਨਾ ਦੀ ਖ਼ਬਰ ਨੇ ਪੰਜਾਬੀਆਂ ਦੇ ਮਨਾਂ ਵਿਚ ਇਕ ਵਾਰ ਫਿਰ ਦਹਿਸ਼ਤ ਦਾ ਮਾਹੌਲ ਪੈਦਾ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਦੋਵਾਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਸਰਹੱਦੀ ਸੂਬੇ ਦੀ ਸੁਰੱਖਿਆ ਨੂੰ ਤਰਜੀਹ ਦੇਣ ਅਤੇ ਕੇਂਦਰੀ ਏਜੰਸੀਆਂ ਵੱਲੋਂ ਇਸ ਮਾਮਲੇ ਦੀ ਗਹਿਰਾਈ ਨਾਲ ਪਾਰਦਰਸ਼ੀ ਜਾਂਚ ਕਰਵਾਈ ਜਾਵੇ ਪਰ ਅਫ਼ਸੋਸ ਹੈ ਕਿ ਇਸ ਵੇਲੇ ਕੇਂਦਰ ਤੇ ਰਾਜ ਸਰਕਾਰ ਵਿਚਲੀ ਆਪਸੀ ਦੂਸ਼ਣਬਾਜ਼ੀ ਦੀ ਰਾਜਨੀਤੀ ਕਾਰਨ ਜ਼ਮੀਨੀ ਪੱਧਰ 'ਤੇ ਕਾਨੂੰਨ-ਵਿਵਸਥਾ ਪ੍ਰਭਾਵਿਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਰਾਜ ਵਿਚ ਪਹਿਲਾਂ ਹੀ ਕਾਨੂੰਨ-ਵਿਵਸਥਾ ਦੀ ਸਥਿਤੀ ਚਿੰਤਾਜਨਕ ਹੈ, ਹਰ ਰੋਜ਼ ਗ੍ਰੇਨੇਡ ਹਮਲੇ, ਗੋਲੀਆਂ ਚਲਾਉਣੀਆਂ ਤੇ ਫਿਰੌਤੀ ਮੰਗਣ ਵਰਗੀਆਂ ਘਟਨਾਵਾਂ ਆਮ ਹੁੰਦੀਆਂ ਜਾ ਰਹੀਆਂ ਹਨ, ਜਿਸ ਨਾਲ ਆਮ ਜਨਤਾ ਵਿਚ ਡਰ ਤੇ ਅਸੁਰੱਖਿਆ ਦੀ ਭਾਵਨਾ ਵਧ ਰਹੀ ਹੈ। ਉਨ੍ਹਾਂ ਮੰਗ ਕੀਤੀ ਕਿ ਇਸ ਗੰਭੀਰ ਮਾਮਲੇ 'ਤੇ ਤੁਰੰਤ ਕਾਰਵਾਈ ਕਰਦਿਆਂ ਮੁਲਜ਼ਮਾਂ ਨੂੰ ਜਲਦ ਤੋਂ ਜਲਦ ਕਾਬੂ ਕੀਤਾ ਜਾਵੇ ਅਤੇ ਉਨ੍ਹਾਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ।

## ਸ਼੍ਰੋਮਣੀ ਪੰਜਾਬੀ ਕਵੀ ਡਾ. ਰਵਿੰਦਰ ਸਿੰਘ ਨੇ ਸਵੈ-ਗਣਨਾ ਕੀਤੀ



ਬਟਾਲਾ, (ਤਰਲੋਕ ਬੱਗਾ)-ਸ਼੍ਰੋਮਣੀ ਪੰਜਾਬੀ ਕਵੀ ਅਤੇ ਬੱਚਿਆਂ ਦੇ ਮਾਹਿਰ ਡਾਕਟਰ ਰਵਿੰਦਰ ਸਿੰਘ ਵਾਸੀ ਬਟਾਲਾ ਵੱਲੋਂ ਆਪਣੀ ਸਵੈ-ਗਣਨਾ ਕੀਤੀ ਗਈ ਅਤੇ ਜ਼ਿਲ੍ਹਾ ਗੁਰਦਾਸਪੁਰ ਅਤੇ ਪੰਜਾਬ ਵਾਸੀਆਂ ਨੂੰ ਵੱਧ ਤੋਂ ਵੱਧ ਸਵੈ-ਗਣਨਾ ਕਰਨ ਲਈ ਪ੍ਰੇਰਿਤ ਕੀਤਾ ਗਿਆ।ਜ਼ਿਕਰਯੋਗ ਹੈ ਕਿ ਜਨਗਣਨਾ ਵਿਭਾਗ ਵੱਲੋਂ ਪਹਿਲੀ ਵਾਰ ਡਿਜੀਟਲ ਸੈਂਸਜ ਕੀਤੀ ਜਾ ਰਹੀ ਹੈ ਜਿਸ ਤਹਿਤ ਜਨਗਣਨਾ 15 ਮਈ ਤੋਂ ਸ਼ੁਰੂ ਹੋਵੇਗੀ ਅਤੇ ਗਿਣਤੀਕਾਰ ਘਰ ਘਰ ਜਾ ਕੇ ਮਕਾਨ ਸੂਚੀਕਰਨ ਅਤੇ ਮਕਾਨਾਂ ਦੀ ਗਣਨਾ ਕਰਨਗੇ ਅਤੇ 34 ਪ੍ਰਸ਼ਨਾਂ ਦੇ ਉੱਤਰ ਐੱਚਐੱਲਓ ਐਪ ਵਿੱਚ ਭਰੇ ਜਾਣਗੇ ਪਰ ਇਸ ਤੋਂ ਪਹਿਲਾਂ ਲੋਕਾਂ ਦੀ ਸੁਵਿਧਾ ਲਈ ਸਵੈ-ਗਣਨਾ ਪੋਰਟਲ 30 ਅਪ੍ਰੈਲ ਤੋਂ ਲੈ ਕੇ 14 ਮਈ ਤੱਕ ਜਨਗਣਨਾ ਵਿਭਾਗ ਵੱਲੋਂ ਖੋਲ੍ਹ ਦਿੱਤਾ ਗਿਆ ਹੈ।ਇਸ ਦਾ ਸਾਨੂੰ ਵੱਧ ਤੋਂ ਵੱਧ ਲਾਭ ਲੈਣਾ ਚਾਹੀਦਾ ਹੈ।ਇਸੇ ਹੀ ਲੜੀ ਤਹਿਤ ਡਾ. ਰਵਿੰਦਰ ਸਿੰਘ ਵੱਲੋਂ ਜਨਗਣਨਾ ਵਿਭਾਗ ਦੀ ਗੁਰਦਾਸਪੁਰ ਟੀਮ ਦੇ ਸਾਹਮਣੇ ਆਪਣੀ ਸਵੈ-ਗਣਨਾ ਕਰ ਲਈ ਗਈ ਹੈ।ਇਸ ਮੌਕੇ ਲੈਕਚਰਾਰ ਗੁਰਮੀਤ ਸਿੰਘ ਭੋਮਾ ਨੈਸ਼ਨਲ ਅਤੇ ਸਟੇਟ ਐਵਾਰਡੀ ਜੋ ਕਿ ਬਤੌਰ ਜ਼ਿਲ੍ਹਾ ਗੁਰਦਾਸਪੁਰ ਮਾਸਟਰ ਟਰੇਨਰ ਸੈਂਸਜ ਡਿਊਟੀ ਨਿਭਾ ਰਹੇ ਹਨ, ਹਾਜ਼ਰ ਸਨ।

## ਜਸਦੀਪ ਕੌਰ ਨੇ ਐੱਨ ਐੱਮ ਐੱਮ ਐੱਸ ਦੀ ਪ੍ਰੀਖਿਆ ਪਾਸ ਕਰਕੇ ਸਕੂਲ ਦਾ ਨਾਂਅ ਰੁਸ਼ਨਾਇਆ



ਪੱਟੀ, (ਬਲਦੇਵ ਸਿੰਘ ਸੰਧੂ)-ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਸਰਹਾਲੀ ਕਲਾਂ ਦੀ ਹੋਣਹਾਰ ਵਿਦਿਆਰਥਣ ਜਸਦੀਪ ਕੌਰ ਪੁੱਤਰੀ ਮਨਜਿੰਦਰ ਸਿੰਘ ਨੇ ਐੱਨ ਐੱਮ ਐੱਮ ਐੱਸ ਦੀ ਪ੍ਰੀਖਿਆ ਪਾਸ ਕਰਕੇ ਸਕੂਲ ਅਤੇ ਇਲਾਕੇ ਦਾ ਨਾਂਅ ਚਮਕਾਇਆ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਪ੍ਰਿੰਸੀਪਲ ਸੰਤੋਖ ਸਿੰਘ, ਅੰਗਰੇਜ਼ੀ ਲੈਕਚਰਾਰ ਨੇ ਦੱਸਿਆ ਕਿ ਫਰਵਰੀ 'ਚ ਹੋਈ ਐੱਨਐੱਮਐੱਮਐੱਸ (ਨੈਸ਼ਨਲ ਮੈਰਿਟ-ਕਮ-ਮੀਨਸ ਸਕਾਲਰਸ਼ਿਪ) ਦੀ ਪ੍ਰੀਖਿਆ ਨੂੰ ਪਾਸ ਕਰਨ ਉਪਰੰਤ ਵਿਦਿਆਰਥੀ ਨੂੰ ਸਾਲਾਨਾ 12 ਹਜ਼ਾਰ ਰੁਪਏ ਦਾ ਵਜ਼ੀਫਾ ਮਿਲਦਾ ਹੈ।ਵੱਖ-ਵੱਖ ਸਰਕਾਰੀ ਸਕੂਲਾਂ ਦੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਭਾਗ ਲਿਆ ਸੀ । ਪਰਮਿੰਦਰ ਕੌਰ ਟਿਵਾਣਾ ਸਾਇੰਸ ਅਧਿਆਪਕਾ ਦੀ ਯੋਗ ਅਗਵਾਈ ਅਤੇ ਜਸਦੀਪ ਕੌਰ ਨੇ ਸਖਤ ਮਿਹਨਤ ਕਰਕੇ ਇਸ ਅਹਿਮ ਪ੍ਰੀਖਿਆ ਨੂੰ ਪਾਸ ਕੀਤਾ।ਸਕੂਲ ਇੰਚਾਰਜ ਸੰਤੋਖ ਸਿੰਘ ਵੱਲੋਂ ਵਿਦਿਆਰਥਣ ਦੀ ਇਸ ਉਪਲਬਧੀ ਲਈ ਉਸਦੇ ਮਾਪਿਆਂ ਅਤੇ ਸਮੂਹ ਸਕੂਲ ਸਟਾਫ ਨੂੰ ਵਧਾਈ ਦਿੱਤੀ ਅਤੇ ਵਿਦਿਆਰਥਣ ਦਾ ਵਿਸ਼ੇਸ਼ ਰੂਪ ਵਿੱਚ ਸਨਮਾਨ ਕੀਤਾ ਗਿਆ।ਇਸ ਖੁਸ਼ੀ ਦੇ ਮੌਕੇ ਰਾਜਬੀਰ ਕੌਰ, ਜਤਿੰਦਰਪਾਲ ਜੱਜੂ, ਹਰਸਿਮਰਨ, ਤਜਿੰਦਰ ਕੌਰ, ਰਜਿੰਦਰ ਕੌਰ, ਹਰਮਨਦੀਪ ਸਿੰਘ, ਬਲਰਾਜ ਸਿੰਘ, ਗੁਰਬਾਜ ਸਿੰਘ, ਸੁਮਨ ਬਾਲਾ, ਮਨਬੀਰ ਕੌਰ, ਮਨਦੀਪ ਕੌਰ ਅਤੇ ਕੈਂਪਸ ਮੈਨੇਜਰ ਜਸਪਾਲ ਸਿੰਘ ਹਾਜ਼ਰ ਸਨ।

## ਹਰਦੀਪ ਸਿੰਘ ਟਿੱਪੀ ਆਪਣੇ ਸੈਂਕੜੇ ਸਮਰਥਕਾਂ ਸਮੇਤ ਭਾਜਪਾ 'ਚ ਸ਼ਾਮਲ



ਪਠਾਨਕੋਟ (ਦਵਿੰਦਰ ਸਿੰਘ)-ਵਾਰਡ ਨੰਬਰ 28 ਦੇ ਪ੍ਰਮੁੱਖ ਸਮਾਜ ਸੇਵੀ ਹਰਦੀਪ ਸਿੰਘ ਟਿੱਪੀ ਆਪਣੇ ਸੈਂਕੜਿਆਂ ਸਾਥੀਆਂ ਅਤੇ ਕਾਰਕੁਨਾਂ ਸਮੇਤ ਭਾਜਪਾ ਵਿੱਚ ਸ਼ਾਮਲ ਹੋ ਗਏ।ਇਸ ਮੌਕੇ ਅਸ਼ਵਨੀ ਸ਼ਰਮਾ ਨੇ ਉਨ੍ਹਾਂ ਨੂੰ ਪਾਰਟੀ ਦਾ ਸਿਰੋਪਾ ਭੇਟ ਕਰਕੇ ਭਾਜਪਾ ਪਰਿਵਾਰ ਵਿੱਚ ਸਵਾਗਤ ਕੀਤਾ।ਇਸ ਮੌਕੇ ਸਾਬਕਾ ਮੇਅਰ ਅਨਿਲ ਵਾਸੂਦੇਵਾ, ਰਾਕੇਸ਼ ਸ਼ਰਮਾ, ਰਮੇਸ਼ ਸ਼ਰਮਾ ਅਤੇ ਮੋਟੂ ਚੋਪੜਾ ਵਿਸ਼ੇਸ਼ ਤੌਰ ਤੇ ਮੌਜੂਦ ਸਨ।ਪ੍ਰਧਾਨ ਅਮਨ ਸ਼ਰਮਾ ਦੀ ਹਾਜ਼ਰੀ ਵਿੱਚ ਹਰਦੀਪ ਸਿੰਘ ਟਿੱਪੀ ਦੇ ਨਾਲ ਸਾਜਨ ਸਿੰਘ ਚੰਨਾ, ਸ਼ੁਭ, ਸੱਜਣ ਗੋਰਾ, ਸੁਨੀਲ, ਮਨੂ, ਸੋਨੂ, ਬੰਟੀ, ਕਮਯੂ, ਲਾਡੂ, ਵਿੱਕੀ, ਲਵ, ਡਿੰਪੂ ਅਤੇ ਅੱਜੂ ਵਰਗੇ ਨੌਜਵਾਨ ਆਗੂਆਂ ਨੇ ਵੀ ਭਾਜਪਾ ਦਾ ਪੱਲਾ ਫੜਿਆ।ਇਸ ਮਿਲਨ ਸਮਾਰੋਹ ਵਿੱਚ ਸੈਂਕੜਿਆਂ ਦੀ ਗਿਣਤੀ ਵਿੱਚ ਸਥਾਨਕ ਨਿਵਾਸੀ ਅਤੇ ਭਾਜਪਾ ਕਾਰਕੁਨ ਮੌਜੂਦ ਸਨ, ਜਿਨ੍ਹਾਂ ਨੇ ਨਾਅਰਿਆਂ ਨਾਲ ਨਵੇਂ ਮੈਂਬਰਾਂ ਦਾ ਸਵਾਗਤ ਕੀਤਾ।ਰਾਜਨੀਤਿਕ ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਟਿੱਪੀ ਦਾ ਭਾਜਪਾ ਵਿੱਚ ਆਉਣਾ ਵਿਰੋਧੀ ਪਾਰਟੀਆਂ ਲਈ ਵੱਡਾ ਝਟਕਾ ਸਾਬਤ ਹੋ ਸਕਦਾ ਹੈ।

## ਪੱਛਮੀ ਬੰਗਾਲ 'ਚ ਸ਼ਾਨਦਾਰ ਜਿੱਤ 'ਤੇ ਭਾਜਪਾਈਆਂ ਨੇ ਜਸ਼ਨ ਮਨਾਏ



ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)-ਪੱਛਮੀ ਬੰਗਾਲ ਦੇ ਨਤੀਜੇ ਭਾਰਤੀ ਜਨਤਾ ਪਾਰਟੀ ਦੇ ਹੱਕ ਵਿੱਚ ਆਉਣ 'ਤੇ ਅਜਨਾਲਾ ਦੇ ਸਾਬਕਾ ਵਿਧਾਇਕ ਅਤੇ ਭਾਰਤੀ ਜਨਤਾ ਪਾਰਟੀ ਦੇ ਓਬੀਸੀ ਮੋਰਚਾ ਪੰਜਾਬ ਦੇ ਪ੍ਰਧਾਨ ਬੋਨੀ ਅਮਰਪਾਲ ਸਿੰਘ ਅਜਨਾਲਾ ਦੀ ਅਗਵਾਈ ਹੇਠ ਅਜਨਾਲਾ ਦੇ ਮੇਨ ਚੌਂਕ ਵਿੱਚ ਲੱਡੂ ਵੰਡ ਕੇ ਢੋਲ ਢਮੱਕਿਆਂ ਨਾਲ ਜਸ਼ਨ ਮਨਾਏ ਗਏ। ਇਸ ਮੌਕੇ ਬੋਨੀ ਅਮਰਪਾਲ ਸਿੰਘ ਅਜਨਾਲਾ ਨੇ ਕਿਹਾ ਕਿ ਜਿਸ ਤਰ੍ਹਾਂ ਬੰਗਾਲ ਅਤੇ ਆਸਾਮ ਦੇ ਲੋਕਾਂ ਨੇ ਭਾਰਤੀ ਜਨਤਾ ਪਾਰਟੀ ਦੇ ਹੱਕ ਵਿੱਚ ਫਤਵਾ ਦਿੱਤਾ ਹੈ ਇਸੇ ਤਰ੍ਹਾਂ 2027 ਵਿੱਚ ਵੀ ਪੰਜਾਬ ਦੀ ਜਨਤਾ ਭਾਰਤੀ ਜਨਤਾ ਪਾਰਟੀ ਨੂੰ ਮੌਕਾ ਦਏਗੀ।ਇਸ ਮੌਕੇ ਸਤਿੰਦਰ ਸਿੰਘ ਮਾਕੋਵਾਲ, ਪ੍ਰਦੀਪ ਕੁਮਾਰ ਅਰੋੜਾ, ਕੌਂਸਲਰ ਵਿਕਰਮ ਬੇਦੀ, ਡਾਕਟਰ ਦੀਪਕ ਸਰਪਾਲ, ਜਰਨੈਲ ਸਿੰਘ ਜੱਜ, ਵਿਪਨ ਖੱਤਰੀ, ਲੱਕੀ ਬੇਦੀ, ਵਿਜੇ ਕੁਮਾਰ ਸਰੀਨ, ਸੌਰਵ ਸਰੀਨ, ਸ਼ਮਸ਼ੇਰ ਸਿੰਘ ਸ਼ੇਰਾ, ਮਹਿਲਾ ਵਿੰਗ ਦੀ ਪ੍ਰਧਾਨ ਕੁਲਬੀਰ ਕੌਰ, ਹਰਤਿੰਦਰ ਸਿੰਘ ਬੱਬਰ, ਧਰਮਿੰਦਰ ਸਿੰਘ ਪ੍ਰਿੰਸ, ਰਜੇਸ਼ ਚੌਹਾਨ, ਪ੍ਰਿੰਸ ਜਿਊਲਰ, ਰਿੰਕਾ ਸ਼ਾਹ, ਅੰਕੂ ਸ਼ਰਮਾ, ਬੰਟੀ ਸ਼ਾਹ, ਮੈਡਮ ਸੀਮਾ ਅਤੇ ਅਮਰਦੀਪ ਸਿੰਘ ਰਿੰਕੂ ਹਾਜ਼ਰ ਸਨ।

## ਆਰ ਡੀ ਖੋਸਲਾ ਸਕੂਲ ਦੇ ਬੱਚਿਆਂ ਦਾ ਜ਼ਿਲ੍ਹਾ ਪੱਧਰੀ ਬਲਾਕ ਟੂਰਨਾਮੈਂਟ 'ਚ ਸ਼ਾਨਦਾਰ ਪ੍ਰਦਰਸ਼ਨ



ਬਟਾਲਾ (ਤਰਲੋਕ ਬੱਗਾ)-ਆਰ. ਡੀ. ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੇ ਵਿਦਿਆਰਥੀਆਂ ਨੇ ਹਾਲ ਹੀ ਵਿੱਚ ਇੱਕ ਜ਼ਿਲ੍ਹਾ ਪੱਧਰੀ ਸ਼ਤਰੰਜ ਟੂਰਨਾਮੈਂਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਜਿਸ ਨਾਲ ਵਿਦਿਆਰਥੀਆਂ ਨੇ ਸਕੂਲ ਦਾ ਨਾਂਅ ਰੌਸ਼ਨ ਕੀਤਾ।

ਵੱਖ-ਵੱਖ ਉਮਰ, ਸਮੂਹਾਂ ਦੇ ਪ੍ਰਤਿਭਾਸ਼ਾਲੀ ਖਿਡਾਰੀਆਂ ਨੇ ਮੁਕਾਬਲੇ ਵਿੱਚ ਹਿੱਸਾ ਲਿਆ। ਅੰਡਰ-17 ਉਮਰ ਵਰਗ ਵਿੱਚ ਪਲਕ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸ ਤੋਂ ਇਲਾਵਾ ਅਜੇ, ਰੁਦਰ, ਆਰੁਸ਼, ਮਾਇਰਾ ਅਤੇ ਰਿਸ਼ੀ ਨੇ ਅੰਡਰ-14 ਵਰਗ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ ।

ਨਵੀਸ਼ ਅਤੇ ਮੌਲਿਕ ਨੇ ਅੰਡਰ-17 ਟੀਮ ਵਿੱਚ ਚੌਥਾ ਸਥਾਨ ਪ੍ਰਾਪਤ ਕੀਤਾ।ਹਰਅੰਸ਼ਵੀਰ ਸਿੰਘ ਅਤੇ ਨਿਮਰਤਪਾਲ ਸਿੰਘ ਨੇ ਅੰਡਰ-13 ਉਮਰ ਵਰਗ ਵਿੱਚ ਚੌਥਾ ਸਥਾਨ ਪ੍ਰਾਪਤ ਕੀਤਾ।ਹਰਸ਼ਿਤ ਨੇ ਅੰਡਰ-14 ਵਰਗ ਵਿੱਚ ਚੌਥਾ ਸਥਾਨ ਪ੍ਰਾਪਤ ਕੀਤਾ।ਬਖਸ਼ਜੋਤ ਅਤੇ ਰਾਜਵੀਰ ਨੇ ਪੰਜਵਾਂ ਸਥਾਨ ਪ੍ਰਾਪਤ ਕਰਕੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ।ਉਨ੍ਹਾਂ ਵਿਦਿਆਰਥੀਆਂ ਦੇ ਉੱਜਲ ਭਵਿੱਖ ਦੀ ਕਾਮਨਾ ਕੀਤੀ।

# ਝਬਾਲ ਦੀ ਇਤਿਹਾਸਕ ਵਿਰਾਸਤ ਨੂੰ ਸੰਭਾਲ ਰਹੀ ਹੈ ਕਰਮ ਸਿੰਘ ਹਿਸਟੋਰੀਅਨ ਲਾਇਬ੍ਰੇਰੀ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਅਸੀਂ ਗੱਲ ਕਰ ਰਹੇ ਹਾਂ ਝਬਾਲ ਦੀ ਉਸ ਮਹੱਤਵਪੂਰਨ ਇਤਿਹਾਸਕ ਵਿਰਾਸਤ ਦੀ, ਜਿਸਦਾ ਸਬੰਧ ਸੂਰਵੀਰ ਅਤੇ ਧਾਰਮਿਕ ਸ਼ਖਸੀਅਤ ਮਾਤਾ ਭਾਗ ਕੌਰ ਨਾਲ ਹੈ।ਇਸ ਵਿਰਾਸਤ ਨੂੰ ਸੰਭਾਲਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਲਈ ਕਰਮ ਸਿੰਘ ਹਿਸਟੋਰੀਅਨ ਲਾਇਬ੍ਰੇਰੀ ਅਹਿਮ ਭੂਮਿਕਾ ਨਿਭਾ ਰਹੀ ਹੈ।ਇਸ ਲਾਇਬ੍ਰੇਰੀ ਦੀ ਸਥਾਪਨਾ ਕਾਮਰੇਡ ਮੋਤਾ ਸਿੰਘ ਝਬਾਲ ਵੱਲੋਂ ਕੀਤੀ ਗਈ ਸੀ।ਉਨ੍ਹਾਂ ਦਾ ਮੁੱਖ ਮਕਸਦ ਇਲਾਕੇ ਦੇ ਇਤਿਹਾਸ, ਸੱਭਿਆਚਾਰ ਅਤੇ ਵਿਰਸੇ ਨੂੰ ਇਕੱਠਾ ਕਰਕੇ ਲੋਕਾਂ ਤੱਕ ਪਹੁੰਚਾਉਣਾ ਹੈ। ਲਾਇਬ੍ਰੇਰੀ ਵਿੱਚ ਇਤਿਹਾਸਕ ਕਿਤਾਬਾਂ, ਦਸਤਾਵੇਜ਼ ਅਤੇ ਵਿਰਸੇ ਨਾਲ ਸੰਬੰਧਿਤ ਮਹੱਤਵਪੂਰਨ ਸਮੱਗਰੀ ਸੰਭਾਲ ਕੇ ਰੱਖੀ ਗਈ ਹੈ।ਲਾਇਬ੍ਰੇਰੀ ਦੀ ਪ੍ਰਧਾਨ ਅਮਨਦੀਪ ਕੌਰ ਬੱਲ ਹਨ, ਜੋ ਬੜੀ ਲਗਨ ਅਤੇ ਸਮਰਪਣ ਨਾਲ ਇਸ ਸੰਸਥਾ ਨੂੰ ਅੱਗੇ ਵਧਾ ਰਹੇ ਹਨ।ਇਸ ਤੋਂ ਇਲਾਵਾ ਉਘੇ ਸਮਾਜ ਸੇਵਕ ਹਰਜੋਤ ਸਿੰਘ ਛਾਪਾ ਅਤੇ ਨਰਿੰਦਰ ਸਿੰਘ ਛਾਪਾ ਦਾ ਵੀ ਵਿਸ਼ੇਸ਼ ਯੋਗਦਾਨ ਹੈ।ਲਾਇਬ੍ਰੇਰੀ ਦੀ ਮੁੱਖ ਸੇਵਾ ਕਾਮਰੇਡ ਕੁਲਦੀਪ ਸਿੰਘ ਝਬਾਲ ਵੱਲੋਂ ਨਿਭਾਈ ਜਾ ਰਹੀ ਹੈ।ਉਨ੍ਹਾਂ ਦੀ ਰਹਿਨੁਮਾਈ ਹੇਠ ਨੌਜਵਾਨ ਪੀੜ੍ਹੀ ਨੂੰ ਆਪਣੇ ਇਤਿਹਾਸ ਨਾਲ ਜੋੜਨ ਲਈ ਵੱਖ-ਵੱਖ ਜਾਗਰੂਕਤਾ ਮੁਹਿੰਮਾਂ ਅਤੇ ਸਿੱਖਿਆਤਮਕ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ।ਇਸ ਮੌਕੇ ਇਲਾਕੇ ਦੇ ਬੁੱਧੀਜੀਵੀਆਂ ਅਤੇ ਸਮਾਜਿਕ ਕਾਰਕੁਨਾਂ ਨੇ ਲਾਇਬ੍ਰੇਰੀ ਦੇ ਇਸ ਉਪਰਾਲੇ ਦੀ ਸਰਾਹਨਾ ਕਰਦਿਆਂ ਕਿਹਾ ਕਿ ਅਜਿਹੀਆਂ ਸੰਸਥਾਵਾਂ ਸਮਾਜ ਲਈ ਰਾਹਦਾਰੀ ਦਾ ਕੰਮ ਕਰਦੀਆਂ ਹਨ।ਉਨ੍ਹਾਂ ਕਿਹਾ ਕਿ ਮਾਤਾ ਭਾਗ ਕੌਰ ਵਰਗੀਆਂ ਮਹਾਨ ਸ਼ਖ਼ਸੀਅਤਾਂ ਦੀ ਯਾਦ ਨੂੰ ਜਿਊਂਦਾ ਰੱਖਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ।

ਅੰਤ ਵਿੱਚ ਲਾਇਬ੍ਰੇਰੀ ਪ੍ਰਬੰਧਕਾਂ ਨੇ ਦੱਸਿਆ ਕਿ ਇੱਥੇ ਲੋੜਵੰਦ ਵਿਦਿਆਰਥੀਆਂ ਲਈ ਮੁਫ਼ਤ ਪੜ੍ਹਾਈ ਦੀ ਸਹੂਲਤ, ਰੀਡਿੰਗ ਹਾਲ ਅਤੇ ਇੰਟਰਨੈੱਟ ਦੀ ਵਿਵਸਥਾ ਉਪਲਬਧ ਹੈ।ਉਨ੍ਹਾਂ ਸਮੂਹ ਸੰਗਤ ਨੂੰ ਅਪੀਲ ਕੀਤੀ ਕਿ ਇਸ ਉਪਰਾਲੇ ਨਾਲ ਜੁੜ ਕੇ ਆਪਣੇ ਇਤਿਹਾਸ ਨੂੰ ਸੰਭਾਲਣ ਵਿੱਚ ਯੋਗਦਾਨ ਪਾਇਆ ਜਾਵੇ।

## ਬੇਬੇ ਨਾਨਕੀ ਖਾਲਸਾ ਕਾਲਜ ਫਾਰ ਵੂਮੈਨ ਦਾ ਬੀ ਸੀ ਏ/ਬੀ ਏ ਸਮੈਸਟਰ ਤੀਜਾ ਦਾ ਨਤੀਜਾ ਸ਼ਾਨਦਾਰ



ਧਾਰੀਵਾਲ, (ਮਨਦੀਪ ਵਿੱਕੀ)-ਬੇਬੇ ਨਾਨਕੀ ਖਾਲਸਾ ਕਾਲਜ ਫਾਰ ਵੂਮੈਨ ਧਾਰੀਵਾਲ ਦਾ ਬੀ.ਸੀ.ਏ./ ਬੀ.ਏ.ਸਮੈਸਟਰ ਤੀਜਾ ਦਾ ਨਤੀਜਾ ਸ਼ਾਨਦਾਰ ਰਿਹਾ। ਕਾਲਜ ਦੇ ਪ੍ਰਿੰਸੀਪਲ ਡਾ. ਬਲਬੀਰ ਕੌਰ ਨੇ ਦੱਸਿਆ ਯੂਨੀਵਰਸਿਟੀ ਵਲੋਂ ਲਈਆਂ ਗਈਆਂ ਪ੍ਰੀਖਿਆ ਵਿੱਚ ਕਾਲਜ ਦੇ ਬੀਸੀਏ ਤੀਜੇ ਸਮੈਸਟਰ ਵਿੱਚੋਂ ਕੋਮਲਪ੍ਰੀਤ ਕੌਰ 76% ਅਤੇ ਅਮਨਪ੍ਰੀਤ ਕੌਰ 76% ਅੰਕ ਲੈ ਕੇ ਕਾਲਜ ਵਿੱਚੋਂ ਪਹਿਲੇ ਸਥਾਨ 'ਤੇ ਰਹੀਆਂ, ਜਦਕਿ ਗੁਰਪ੍ਰੀਤ ਕੌਰ 75% ਤੇ ਗਗਨਪ੍ਰੀਤ ਕੌਰ 75% ਅੰਕਾਂ ਨਾਲ ਦੂਜੇ ਸਥਾਨ ਅਤੇ ਜਸਮੀਤ ਕੌਰ 74% ਤੇ ਅਮਨਪ੍ਰੀਤ ਕੌਰ ਨੇ 74% ਅੰਕ ਨਾਲ ਤੀਸਾ ਸਥਾਨ ਹਾਸਲ ਕੀਤਾ।

ਇਸੇ ਤਰ੍ਹਾਂ ਬੀ.ਏ. ਤੀਜੇ ਸਮੈਸਟਰ ਵਿੱਚ ਹਿਤਾਕਸ਼ੀ ਨੇ 80% ਅੰਕ ਲੈ ਕੇ ਕਾਲਜ ਵਿੱਚੋਂ ਪਹਿਲਾ ਸਥਾਨ, ਮਹਿਕ ਸ਼ਰਮਾ ਨੇ 77% ਨਾਲ ਦੂਜਾ ਅਤੇ ਹਰਮਨਦੀਪ ਕੌਰ ਨੇ 74% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਕਾਲਜ ਦੇ ਪ੍ਰਿੰਸੀਪਲ ਡਾ. ਬਲਬੀਰ ਕੌਰ, ਕਮੇਟੀ ਮੈਂਬਰਾਂ ਅਤੇ ਸਮੂਹ ਸਟਾਫ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਬੱਚਿਆਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

## ਸਰਕਾਰ ਦੀਆਂ ਨਾਕਾਮੀਆਂ ਤੋਂ ਪੰਜਾਬ ਵਾਸੀ ਡਾਢੇ ਪ੍ਰੇਸ਼ਾਨ : ਸੱਚਰ



ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)-ਵਿਧਾਨ ਸਭਾ ਹਲਕਾ ਮਜੀਠਾ ਦੇ ਹਲਕਾ ਇੰਚਾਰਜ ਤੇ ਸੀਨੀਅਰ ਕਾਂਗਰਸੀ ਆਗੂ ਭਗਵੰਤ ਪਾਲ ਸਿੰਘ ਸੱਚਰ ਨੇ ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਕਰਨ ਉਪਰੰਤ ਪਿੰਡ ਖਿੱਦੋਵਾਲੀ ਦੇ ਸੁਖਦੇਵ ਸਿੰਘ ਦੇ ਗ੍ਰਹਿ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਦੀਆਂ ਨਾਕਾਮੀਆਂ ਤੋਂ ਸੂਬੇ ਲੋਕ ਡਾਢੇ ਪ੍ਰੇਸ਼ਾਨ ਤੇ ਦੁਖੀ ਹਨ। ਲੋਕਾਂ ਨੇ ਬੜੇ ਚਾਵਾਂ ਨਾਲ ਇਸ ਬਦਲਾਅ ਲਿਆਉਣ ਵਾਲੀ ਪਾਰਟੀ ਨੂੰ ਵੋਟਾਂ ਪਾ ਕੇ 92 ਸੀਟਾਂ ਨਾਲ ਇਤਿਹਾਸਕ ਫਤਵਾ ਦੇ ਦਿੱਤਾ ਪਰ ਇਹ ਮੌਜੂਦਾ ਸਰਕਾਰ ਹਰ ਫਰੰਟ 'ਤੇ ਬੁਰੀ ਤਰ੍ਹਾਂ ਫੇਲ ਸਾਬਤ ਹੋਈ ਹੈ। ਪੰਜਾਬ ਦੇ ਲੋਕਾਂ ਨੇ ਸਮੇਂ ਦੀ ਨਜ਼ਾਕਤ ਨੂੰ ਸਮਝਦਿਆਂ ਚੁੱਪੀ ਧਾਰੀ ਹੈ ਜਿਸ ਦਾ ਪਿਟਾਰਾ ਲੋਕ ਦੋ ਚਾਰ ਮਹੀਨਿਆਂ ਵਿੱਚ ਖੋਲ੍ਹ ਦੇਣਗੇ। ਸੱਚਰ ਨੇ ਕਿਹਾ ਕਿ ਇਸ ਸਰਕਾਰ ਦੇ ਰਾਜ ਵਿੱਚ ਕਾਨੂੰਨ ਵਿਵਸਥਾ, ਨਸ਼ਾ, ਲੁੱਟਾਂ ਖੋਹਾਂ, ਫ਼ਿਰੌਤੀਆਂ ਤੇ ਕਤਲ ਦੀਆਂ ਵਾਰਦਾਤਾਂ ਆਮ ਜਿਹੀ ਗੱਲ ਬਣ ਗਈ ਹੈ। ਪੰਜਾਬ ਦੇ ਲੋਕ ਆਪਣੀਆਂ ਅੱਖਾਂ ਨਾਲ ਸਾਰਾ ਕੁਝ ਹੁੰਦਾ ਮੀਡੀਆ ਤੇ ਸੋਸ਼ਲ ਮੀਡੀਆ ਰਾਹੀਂ ਵੇਖ ਰਹੇ ਹਨ ਜਿਸਦਾ ਖ਼ਮਿਆਜ਼ਾ ਸਰਕਾਰ ਨੂੰ ਹਰ ਹਾਲਤ ਵਿੱਚ ਭੁਗਤਣਾ ਹੀ ਪਵੇਗਾ। ਸੱਚਰ ਨੇ ਕਾਂਗਰਸੀ ਵਰਕਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਹੁਣ ਤੋਂ ਹੀ ਕਮਰਕੱਸੇ ਕਰ ਲਵੋ। ਇਸ ਮੌਕੇ ਸਾਬਕਾ ਚੇਅਰਮੈਨ ਗੁਰਮੀਤ ਸਿੰਘ ਭੀਲੋਵੀਲ , ਰਗਵਿੰਦਰ ਸਿੰਘ, ਜਸਕਰਨ ਸਿੰਘ, ਸਰਪੰਚ ਸ਼ਮਸ਼ੇਰ ਸਿੰਘ ਬਾਬੋਵਾਲ, ਸੁਖਬੀਰ ਸਿੰਘ ਬੋਪਾਰਾਏ, ਜਰਮਨਜੀਤ ਸਿੰਘ ਖਿੱਦੋਵਾਲੀ, ਮਨਜਿੰਦਰ ਸਿੰਘ ਰੰਧਾਵਾ, ਰਣਜੀਤ ਸਿੰਘ ਮੱਜਵਿੰਡ ਤੇ ਹੋਰ ਵੀ ਸਾਥੀ ਹਾਜ਼ਰ ਸਨ।

# ਸ਼ਿਵ ਕੁਮਾਰ ਬਟਾਲਵੀ ਦੀ 53ਵੀਂ ਬਰਸੀ ਨੂੰ ਸਮਰਪਿਤ ਸਮਾਗਮ

*** ਸ਼ਾਇਰੀ ਦੇ ਦਮ 'ਤੇ ਸ਼ਿਵ ਬਟਾਲਵੀ ਨੇ ਬਟਾਲਾ ਸ਼ਹਿਰ ਦਾ ਨਾਂਅ ਪੂਰੀ ਦੁਨੀਆ 'ਚ ਰੌਸ਼ਨ ਕੀਤਾ**



**ਬਟਾਲਾ, (ਤਰਲੋਕ ਬੱਗਾ, ਡਾ. ਮਲਵਿੰਦਰ ਸਿੰਘ)**-ਸ਼ਿਵ ਕੁਮਾਰ ਬਟਾਲਵੀ ਕਲਾ ਅਤੇ ਸੱਭਿਆਚਾਰ ਸੁਸਾਇਟੀ ਵੱਲੋਂ ਪੰਜਾਬੀ ਦੇ ਮਹਾਨ ਸ਼ਾਇਰ, ਬਿਰਹਾ ਦੇ ਸੁਲਤਾਨ ਸ਼ਿਵ ਕੁਮਾਰ ਦੀ 53ਵੀਂ ਬਰਸੀ ਦੇ ਮੌਕੇ ਕਵੀ ਦਰਬਾਰ ਅਤੇ ਸ਼ਿਵ ਦੀ ਸ਼ਾਇਰੀ ਦਾ ਗਾਇਨ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਮੁੱਖ ਮਹਿਮਾਨ ਵਜੋਂ ਪਹੁੰਚੇ।ਇਸ ਮੌਕੇ ਵਿਸ਼ੇਸ਼ ਤੌਰ ਤੇ ਸੁੱਖੀ ਬਾਠ ਸੰਸਥਾਪਕ ਪੰਜਾਬ ਭਵਨ ਸਰੀ ਕੈਨੇਡਾ ਵੱਲੋਂ ਵੀ ਸ਼ਿਰਕਤ ਕੀਤੀ ਗਈ।ਸਮਾਗਮ ਵਿੱਚ ਸੁਸਾਇਟੀ ਦੇ ਪ੍ਰਧਾਨ ਵਿਜੇ ਸੋਨੀ ਵੱਲੋਂ ਸਮੂਹ ਹਾਜ਼ਰੀਨ ਦਾ ਸਵਾਗਤ ਕੀਤਾ ਗਿਆ। ਵਿਧਾਇਕ ਸ਼ੈਰੀ ਕਲਸੀ ਨੇ ਸ਼ਿਵ ਕੁਮਾਰ ਬਟਾਲਵੀ ਨੂੰ ਸ਼ਰਧਾ ਭੇਟ ਕਰਦਿਆਂ ਕਿਹਾ ਕਿ ਸ਼ਿਵ ਬਟਾਲਵੀ, ਬਟਾਲਾ ਸ਼ਹਿਰ ਦਾ ਮਾਣ ਹਨ, ਜਿਨ੍ਹਾਂ ਆਪਣੀ ਕਲਾ ਦਾ ਲੋਹਾ ਸਾਰੀ ਦੁਨੀਆ ਵਿੱਚ ਮੰਨਵਾਇਆ।ਆਪਣੀ ਸ਼ਾਇਰੀ ਰਾਹੀਂ ਬਟਾਲਾ ਸ਼ਹਿਰ ਦਾ ਨਾਂਅ ਪੂਰੀ ਦੁਨੀਆ ਵਿੱਚ ਰੌਸ਼ਨ ਕੀਤਾ ਅਤੇ ਪੰਜਾਬੀ ਮਾਂ ਬੋਲੀ ਦੀ ਝੋਲੀ ਵਿੱਚ ਅਜਿਹੀਆਂ ਖ਼ੂਬਸੂਰਤ ਰਚਨਾਵਾਂ ਪਾਈਆਂ ਹਨ, ਜੋ ਰਹਿੰਦੀ ਦੁਨੀਆ ਤੱਕ ਲੋਕ ਮਨਾਂ ਵਿੱਚ ਜ਼ਿੰਦਾ ਰਹਿਣਗੀਆਂ।ਉਨ੍ਹਾਂ ਕਿਹਾ ਕਿ ਸ਼ਿਵ ਬਟਾਲਵੀ ਦੀ ਯਾਦ ਵਿੱਚ ਜਲਦ ਦੋ ਦਿਨਾਂ ਦੇ ਵੱਡੇ ਪੱਧਰ 'ਤੇ ਸਮਾਗਮ ਕਰਵਾਏ ਜਾਣਗੇ।ਇਸ ਮੌਕੇ ਪੰਜਾਬੀ ਮਾਂ ਬੋਲੀ ਨੂੰ ਦੇਸ਼ ਵਿਦੇਸ਼ ਦੀ ਧਰਤੀ 'ਤੇ ਪ੍ਰਫੁਲਿਤ ਕਰ ਰਹੇ ਸੁੱਖੀ ਬਾਠ ਨੇ ਸ਼ਿਵ ਕੁਮਾਰ ਬਟਾਲਵੀ ਦੀ ਬਰਸੀ ਮੌਕੇ ਕਰਵਾਏ ਸਮਾਰੋਹ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੇ ਸਮਾਗਮ ਨੌਜਵਾਨ ਪੀੜ੍ਹੀ ਨੂੰ ਆਪਣੇ ਵਿਰਸੇ ਨਾਲ ਜੋੜਨ ਵਿੱਚ ਸਹਾਈ ਹੁੰਦੇ ਹਨ।ਇਸ ਮੌਕੇ ਕਵੀ/ਕਵਿੱਤਰੀਆਂ ਵੱਲੋਂ ਸ਼ਿਵ ਬਟਾਲਵੀ ਨੂੰ ਯਾਦ ਕੀਤਾ ਗਿਆ।ਡਾ. ਅਨੂਪ ਸਿੰਘ ਵੱਲੋਂ ਲਿਖੀਆਂ ਦੋ ਕਿਤਾਬਾਂ 'ਹੁਣ' ਅਤੇ 'ਭਾਰਤੀ ਵਿਕਾਸ ਦਾ ਕੱਚ ਸੱਚ' ਰਿਲੀਜ਼ ਕੀਤੀਆਂ ਗਈਆਂ।ਸਮਾਗਮ ਵਿੱਚ ਚੇਅਰਮੈਨ ਯਸ਼ਪਾਲ ਚੌਹਾਨ, ਰਾਜੀਵ ਬਟਾਲਵੀ, ਡਾ. ਸਤਨਾਮ ਸਿੰਘ ਨਿੱਜਰ, ਰਜਿੰਦਰਪਾਲ ਸਿੰਘ ਧਾਲੀਵਾਲ , ਨਵਦੀਪ ਸਿੰਘ, ਮੈਨੇਜਰ ਅਤਰ ਸਿੰਘ, ਪ੍ਰਿੰਸੀਪਲ ਦਵਿੰਦਰ ਸਿੰਘ ਭੱਟੀ, ਬੰਟੀ, ਪ੍ਰੋਫੈਸਰ ਬਲਬੀਰ ਸਿੰਘ ਕੋਲਾ, ਦਲਜੀਤ ਸਿੰਘ, ਤਰਲੋਕ ਸਿੰਘ, ਦਲਜੀਤ ਸਿੰਘ ਮਾਂਗਟ, ਅਨੂਪ ਸਿੰਘ ਮਾਂਗਟ, ਹਰਜਿੰਦਰ ਸਿੰਘ ਕਮਲ, ਡਾ. ਹਰਦੀਪ ਸਿੰਘ, ਸਤਿੰਦਰ ਕੌਰ ਕਾਹਲੋਂ, ਸੁਖਵਿੰਦਰ ਕੌਰ ਬਾਜਵਾ, ਰਣਜੀਤ ਕੌਰ ਬਾਜਵਾ, ਕਮਲਜੀਤ ਕੌਰ, ਡਾ. ਸਤਿੰਦਰਜੀਤ ਕੌਰ ਬੁੱਟਰ, ਪਰਮਜੀਤ ਪਾਇਲ, ਜੋਗਿੰਦਰ ਸਿੰਘ ਅੱਚਲੀ ਗੇਟ, ਬਲਬੀਰ ਸਿੰਘ ਕਲਸੀ ਸਮੇਤ ਵੱਖ ਵੱਖ ਸ਼ਖ਼ਸੀਅਤਾਂ ਮੌਜੂਦ ਸਨ।

## ਪੁਰਾਣਾ ਸ਼ਾਲਾ 'ਚ ਬੱਸ ਸਟੈਂਡ ਬਣਾਉਣ ਦੀ ਮੰਗ

ਗੁਰਦਾਸਪੁਰ, (ਜਨਕ ਮਹਾਜਨ)-ਕਸਬਾ ਪੁਰਾਣਾ ਸ਼ਾਲਾ ਵਿਚ ਜ਼ਿਲ੍ਹਾ ਪ੍ਰੀਸ਼ਦ ਸੜਕ ਕੰਢੇ ਜਗ੍ਹਾ ਹੈ ਅਤੇ ਉਥੇ ਪਹਿਲਾਂ ਪੁਰਾਣਾ ਪਸ਼ੂ ਹਸਪਤਾਲ ਹੁੰਦਾ ਸੀ ਅਤੇ ਉਹ ਜਗ੍ਹਾ ਤਿੰਨ ਕਨਾਲਾਂ ਤੋਂ ਵਧੇਰੇ ਹੈ ਅਤੇ ਲੋਕਾਂ ਨੇ ਕਬਜ਼ੇ ਕਰਕੇ ਆਪਣੀ ਜਗ੍ਹਾ ਵਿੱਚ ਮਿਲਾ ਲਈ ਹੈ। ਹੁਣ ਇਲਾਕੇ ਦੇ ਲੋਕਾਂ ਨੇ ਪੰਜਾਬ ਸਰਕਾਰ ਪਾਸੋਂ ਇੱਥੇ ਬੱਸ ਅੱਡਾ ਬਣਾਉਣ ਦੀ ਮੰਗ ਕੀਤੀ ਹੈ। ਇਸ ਸੰਬੰਧੀ ਬਹੁਤ ਸਾਰੇ ਸਰਪੰਚਾਂ ਤੇ ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰਾਂ ਤੇ ਬਲਾਕ ਸੰਮਤੀ ਮੈਂਬਰਾਂ ਨੇ ਸਾਂਝੇ ਤੌਰ 'ਤੇ ਗੱਲਬਾਤ ਕਰਦਿਆਂ ਦੱਸਿਆ ਕਿ ਪੁਰਾਣਾ ਸ਼ਾਲਾ ਕਸਬਾ ਇਲਾਕੇ ਦਾ ਮੁੱਖ ਕੇਂਦਰ ਹੈ ਅਤੇ ਇੱਥੋਂ ਸੈਂਕੜੇ ਬੱਸਾਂ ਹਰ ਜ਼ਿਲ੍ਹੇ ਤੇ ਰਾਜਾਂ ਨੂੰ ਆਉਂਦੀਆਂ ਜਾਂਦੀਆਂ ਹਨ। ਉਨ੍ਹਾਂ ਵਾਸਤੇ ਰੁਕਣ ਲਈ ਸਿਰਫ ਸੜਕ 'ਤੇ ਜਗ੍ਹਾ ਹੈ ਅਤੇ ਜਿੱਥੇ ਬੱਸਾਂ ਖੜੀਆਂ ਹੋਣ ਵਾਲਾ ਆਵਾਜਾਈ ਕਾਫੀ ਪ੍ਰਭਾਵਿਤ ਹੋਣ ਦੇ ਨਾਲ ਨਾਲ ਸੜਕੀ ਘਟਨਾਵਾਂ ਵੀ ਵਾਪਰਦੀਆਂ ਹਨ। ਉਨ੍ਹਾਂ ਦੱਸਿਆ ਕਿ ਬੱਸ ਅੱਡਾ ਪੁਰਾਣਾ ਸ਼ਾਲਾ ਬਣਾਉਣ ਲਈ ਵੱਖ-ਵੱਖ ਸਮੇਂ ਦੀਆਂ ਸਰਕਾਰਾਂ ਨੂੰ ਪੱਤਰ ਵੀ ਦਿੱਤੇ ਹਨ ਅਤੇ 30 ਸਾਲਾਂ ਤੋਂ ਕੋਈ ਵੀ ਸਰਕਾਰ ਪੁਰਾਣਾ ਸ਼ਾਲਾ ਵਿਖੇ ਬੱਸ ਸੱਡਾ ਬਣਾਉਣ ਤੋਂ ਅਸਮਰੱਥ ਰਹੀ ਹੈ। ਉਨ੍ਹਾਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੋਂ ਮੰਗ ਕੀਤੀ ਕਿ ਪੁਰਾਣਾ ਸ਼ਾਲਾ ਬੱਸ ਅੱਡਾ ਬਣਾਉਣ ਲਈ ਟਰਾਂਸਪੋਰਟ ਮੰਤਰੀ ਨੂੰ ਹਦਾਇਤਾਂ ਕੀਤੀਆਂ ਜਾਣ।

## ਸੀ ਆਈ ਐੱਸ ਈ ਜ਼ੋਨਲ ਦੇ ਸਕੂਲਾਂ ਦੀਆਂ 500 ਖਿਡਾਰਨਾਂ ਨੇ ਅਥਲੈਟਿਕਸ ਮੀਟ 'ਚ ਲਿਆ ਹਿੱਸਾ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਪੰਜਾਬ ਚਿਲਡਰਨ ਅਕੈਡਮੀ ਤਰਨ ਤਾਰਨ ਵੱਲੋਂ ਗੁਰੂ ਅਰਜਨ ਦੇਵ ਸਟੇਡੀਅਮ ਵਿਖੇ ਅਥਲੈਟਿਕਸ ਮੀਟ ਕਰਵਾਈ ਗਈ। ਐਥਲੀਟਾਂ ਨੇ ਅਸਾਧਾਰਨ ਪ੍ਰਤਿਭਾ, ਦ੍ਰਿੜਤਾ ਅਤੇ ਚੰਗੀ ਟੀਮ ਭਾਵਨਾ ਦਾ ਪ੍ਰਦਰਸ਼ਨ ਕੀਤਾ।ਇਸ ਮੀਟ ਦੌਰਾਨ ਡਿਸਕਸ ਥਰੋਅ, ਜੈਵਲਿਨ ਥਰੋਅ, ਹੈਮਰ ਥਰੋਅ, ਸ਼ਾਟ ਪੁਟ, ਲੰਬੀ ਛਾਲ, ਉੱਚੀ ਛਾਲ ਅਤੇ ਟ੍ਰਿਪਲ ਜੰਪ ਸ਼ਾਮਿਲ ਸਨ।ਟ੍ਰੈਕ ਈਵੈਂਟਾਂ ਵਿੱਚ 100 ਮੀਟਰ, 200 ਮੀਟਰ, 400 ਮੀਟਰ, 600 ਮੀਟਰ, 1500 ਮੀਟਰ ਅਤੇ 3000 ਮੀਟਰ ਦੌੜ ਦੇ ਨਾਲ-ਨਾਲ ਵਾਕ ਰੇਸ ਅਤੇ ਅੜਿੱਕਾ ਦੌੜ, ਰਿਲੇਅ ਦੌੜ ਸ਼ਾਮਲ ਸਨ। ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਡਾਇਰੈਕਟਰ ਹਰਮਨਪ੍ਰੀਤ ਸਿੰਘ ਅਤੇ ਪ੍ਰਿੰਸੀਪਲ ਸੰਧਿਆ ਖੰਨਾ ਸ਼ਾਮਲ ਹੋਏ। ਸਮਾਗਮ ਇਨਾਮ ਵੰਡ ਸਮਾਰੋਹ ਨਾਲ ਸਮਾਪਤ ਹੋਇਆ।ਅੰਡਰ -14 'ਚ ਸਰਵੋਤਮ ਐਥਲੀਟ ਬਿਪਨਪ੍ਰੀਤ ਕੌਰ (ਸੇਂਟ ਫਰਾਂਸਿਸ, ਜੰਡਿਆਲਾ ਗੁਰੂ), ਅੰਡਰ -17 'ਚ ਸਰਵੋਤਮ ਐਥਲੀਟ ਹਰਤਾਨਿਸ਼ ਕੌਰ (ਸੈਕਰਡ ਹਾਰਟ ਕਾਨਵੈਂਟ ਸਕੂਲ ਬਿਆਸ), ਅੰਡਰ -19 'ਚ ਸਰਵੋਤਮ ਐਥਲੀਟ ਹਰਲੀਨ ਕੌਰ (ਸੈਕਰਡ ਹਾਰਟ ਕਾਨਵੈਂਟ ਸਕੂਲ ਬਿਆਸ), ਅੰਡਰ -14 'ਚ ਸੈਕਰਡ ਹਾਰਟ ਸੀਨੀਅਰ ਸੈਕੰਡਰੀ ਸਕੂਲ ਅੰਮ੍ਰਿਤਸਰ, ਅੰਡਰ-17 'ਚ ਸੈਕਰਡ ਹਾਰਟ ਕਾਨਵੈਂਟ ਸਕੂਲ ਬਿਆਸ, ਅੰਡਰ-19 'ਚ ਪੰਜਾਬ ਚਿਲਡਰਨ ਅਕੈਡਮੀ, ਤਰਨਤਾਰਨ ਦਾ ਸ਼ਾਨਦਾਰ ਪ੍ਰਦਰਸ਼ਨ ਰਿਹਾ।

ਇਸ ਮੌਕੇ ਸਕੂਲਾਂ ਦੇ ਅਧਿਕਾਰੀਆਂ, ਵਲੰਟੀਅਰਾਂ ਨੇ ਸਮਾਗਮ ਨੂੰ ਸ਼ਾਨਦਾਰ ਅਤੇ ਸਫਲ ਬਣਾਉਣ ਵਿੱਚ ਭਰਵਾਂ ਸਹਿਯੋਗ ਦਿੱਤਾ। ਇਸ ਮੌਕੇ ਡਾਇਰੈਕਟਰ ਹਰਮਨਪ੍ਰੀਤ ਸਿੰਘ ਅਤੇ ਪ੍ਰਿੰ. ਸੰਧਿਆ ਖੰਨਾ ਦੁਆਰਾ ਆਏ ਹੋਏ ਕੋਚਾਂ ਤੇ ਸਕੂਲਾਂ ਦੇ ਖੇਡ ਟੀਚਰਾਂ ਦਾ ਧੰਨਵਾਦ ਕੀਤਾ ਗਿਆ।

## ਨਗਰ ਨਿਗਮ ਅੰਮ੍ਰਿਤਸਰ ਨੇ 1,700 ਸਫਾਈ ਸੇਵਕਾਂ ਨੂੰ 36 ਲੱਖ ਰੁਪਏ ਦਾ ਸੁਰੱਖਿਆ ਸਾਮਾਨ ਵੰਡਿਆ



ਅੰਮ੍ਰਿਤਸਰ, (ਜਗਦੀਸ਼ ਕਮਲੇਸ਼)-ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਗਰ ਨਿਗਮ ਅੰਮ੍ਰਿਤਸਰ (ਐੱਮਸੀਏ) ਵੱਲੋਂ ਸਵੱਛ ਭਾਰਤ ਮਿਸ਼ਨ (ਐੱਸਬੀਐੱਮ) ਤਹਿਤ ਸ਼ਹਿਰ ਭਰ ਵਿੱਚ 1,700 ਸਫਾਈ ਸੇਵਕਾਂ ਨੂੰ ਲਗਭਗ 36 ਲੱਖ ਮੁੱਲ ਦਾ ਸੁਰੱਖਿਆ ਅਤੇ ਸੇਫਟੀ ਸਾਮਾਨ ਵੰਡਿਆ ਗਿਆ।ਇਹ ਪਹਿਲ ਉਨ੍ਹਾਂ ਸਫਾਈ ਕਰਮਚਾਰੀਆਂ ਦੀ ਸੁਰੱਖਿਆ, ਸਨਮਾਨ ਅਤੇ ਭਲਾਈ ਨੂੰ ਯਕੀਨੀ ਬਣਾਉਣ ਲਈ ਕੀਤੀ ਗਈ ਹੈ, ਜੋ ਅੰਮ੍ਰਿਤਸਰ ਸ਼ਹਿਰ ਦੀ ਸਫਾਈ ਅਤੇ ਲੋਕ ਸਿਹਤ ਨੂੰ ਬਣਾਈ ਰੱਖਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ।ਇਸ ਵੰਡ ਪ੍ਰੋਗਰਾਮ ਅਧੀਨ ਸਾਰੇ 1,700 ਸਫਾਈ ਸੇਵਕਾਂ ਨੂੰ ਪੀਪੀਈ ਕਿੱਟਾਂ, ਰੇਨਕੋਟ, ਸੇਫਟੀ ਜੈਕਟਾਂ, ਦਸਤਾਨੇ, ਕੈਪਾਂ, ਸੁਰੱਖਿਆ ਜੁੱਤੇ ਅਤੇ ਐਪਰਨ ਪ੍ਰਦਾਨ ਕੀਤੇ ਗਏ।ਆਉਣ ਵਾਲੇ ਮਾਨਸੂਨ ਮੌਸਮ ਨੂੰ ਦੇਖਦੇ ਹੋਏ ਇਸ ਵੰਡ ਦੀ ਵਿਸ਼ੇਸ਼ ਮਹੱਤਤਾ ਹੈ, ਕਿਉਂਕਿ ਮੁਸ਼ਕਲ ਮੌਸਮੀ ਹਾਲਾਤ ਵਿੱਚ ਵੀ ਸਫਾਈ ਕਰਮਚਾਰੀ ਲਗਾਤਾਰ ਆਪਣੀਆਂ ਸੇਵਾਵਾਂ ਨਿਭਾਉਂਦੇ ਹਨ।ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਲਗਾਤਾਰ ਇਸ ਗੱਲ 'ਤੇ ਜ਼ੋਰ ਦਿੰਦੇ ਆ ਰਹੇ ਹਨ ਕਿ ਸਫਾਈ ਕਰਮਚਾਰੀ ਸ਼ਹਿਰ ਦੀ ਸਫਾਈ ਪ੍ਰਣਾਲੀ ਦੀ ਰੀੜ੍ਹ ਦੀ ਹੱਡੀ ਹਨ ਅਤੇ ਕੰਮਕਾਜ ਦੀ ਥਾਂ 'ਤੇ ਉਨ੍ਹਾਂ ਦੀ ਸੁਰੱਖਿਆ ਸਭ ਤੋਂ ਵੱਡੀ ਤਰਜੀਹ ਹੋਣੀ ਚਾਹੀਦੀ ਹੈ।ਇਹ ਸੁਰੱਖਿਆ ਸਾਮਾਨ ਸਵੱਛ ਭਾਰਤ ਮਿਸ਼ਨ ਤਹਿਤ ਲਗਭਗ 36 ਲੱਖ ਦੇ ਖਰਚ ਨਾਲ ਵੰਡਿਆ ਗਿਆ ਹੈ।ਇਸ ਪਹਿਲ ਨਾਲ ਕਾਰਜ ਸਥਾਨ 'ਤੇ ਜੋਖਮ ਘਟਣਗੇ, ਕੰਮਕਾਜ ਦੀਆਂ ਸਥਿਤੀਆਂ ਵਿੱਚ ਸੁਧਾਰ ਆਵੇਗਾ ਅਤੇ ਸ਼ਹਿਰ ਨੂੰ ਸਾਫ-ਸੁਥਰਾ ਅਤੇ ਤੰਦਰੁਸਤ ਰੱਖਣ ਲਈ ਰੋਜ਼ਾਨਾ ਮਿਹਨਤ ਕਰਨ ਵਾਲੇ ਸਫਾਈ ਕਰਮਚਾਰੀਆਂ ਦਾ ਹੌਸਲਾ ਵੀ ਵਧੇਗਾ।

ਵੰਡ ਪ੍ਰੋਗਰਾਮ ਦੌਰਾਨ ਹਾਜ਼ਰ ਅਧਿਕਾਰੀਆਂ ਵਿੱਚ ਐੱਮਓਐੱਚ ਡਾ. ਕਿਰਣ, ਡਾ. ਰਮਾ, ਸੀਐੱਸਓ ਮਲਕੀਤ ਸਿੰਘ, ਸੀਐੱਸਓ ਜੇ.ਪੀ. ਬੱਬਰ, ਸੀਐੱਸਆਈ ਵਿਜੈ ਗਿੱਲ, ਸੀਐੱਸਆਈ ਸਰਬਜੀਤ ਸਿੰਘ, ਸੀਐੱਸਆਈ ਅਨਿਲ ਡੋਗਰਾ ਅਤੇ ਐੱਮਆਈਐੱਸ ਵਿਸ਼ਾਲ ਹਾਂਡਾ ਸ਼ਾਮਲ ਸਨ।ਪ੍ਰੋਗਰਾਮ ਦੌਰਾਨ ਅਧਿਕਾਰੀਆਂ ਨੇ ਸਫਾਈ ਸੇਵਕਾਂ ਦੀ ਮਿਹਨਤ, ਸਮਰਪਣ ਅਤੇ ਨਿਰੰਤਰ ਸੇਵਾ ਦੀ ਸਰਾਹਨਾ ਕੀਤੀ ਅਤੇ ਦੁਹਰਾਇਆ ਕਿ ਨਗਰ ਨਿਗਮ ਅੰਮ੍ਰਿਤਸਰ ਭਵਿੱਖ ਵਿੱਚ ਵੀ ਕਰਮਚਾਰੀਆਂ ਦੀ ਭਲਾਈ ਲਈ ਅਜਿਹੇ ਉਪਰਾਲੇ ਜਾਰੀ ਰੱਖੇਗਾ।

## ਸੜਕ ਕੰਢੇ ਖੇਤਾਂ 'ਚ ਪਏ ਨਾੜ ਨੂੰ ਅੱਗ ਲਾਉਣ ਨਾਲ ਬਹੁ-ਮੁੱਲੇ ਰੁੱਖਾਂ ਨੂੰ ਪਹੁੰਚਿਆ ਨੁਕਸਾਨ



ਗੁਰਦਾਸਪੁਰ, (ਜਨਕ ਮਹਾਜਨ)-ਗੁਰਦਾਸਪੁਰ ਤੋਂ ਬਹਿਰਾਮਪੁਰ ਕਸਬੇ ਨੂੰ ਜਾਣ ਵਾਲੀ ਸੜਕ 'ਤੇ ਪਿੰਡ ਕੇਸ਼ੋਪੁਰ ਨਜ਼ਦੀਕ ਕਿਸਾਨ ਵੱਲੋਂ ਆਪਣੇ ਖੇਤਾਂ ਵਿਚ ਨਾੜ ਨੂੰ ਅੱਗ ਲਗਾਉਣ ਨਾਲ ਸੜਕ ਕੰਢੇ ਸਰਕਾਰੀ ਰੁੱਖਾਂ ਨੂੰ ਅੱਗ ਲੱਗਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਲੋਕਾਂ ਨੇ ਦੱਸਿਆ ਕਿ ਅੱਗ ਇੰਨੀ ਜ਼ਿਆਦਾ ਤੇਜ਼ ਸੀ ਕਿ ਫਾਇਰ ਬ੍ਰਿਗੇਡ ਦੀ ਗੱਡੀ ਨੂੰ ਮੰਗਵਾਉਣਾ ਪਿਆ ਜਿਸ ਨੇ ਬੜੀ ਮੁਸ਼ਕਿਲ ਨਾਲ ਅੱਗ 'ਤੇ ਕਾਬੂ ਪਾਇਆ। ਲੋਕਾਂ ਦਾ ਕਹਿਣਾ ਹੈ ਕਿ ਇਸ ਅੱਗ ਨਾਲ ਭਾਵੇਂ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਪਰ ਸੜਕ 'ਤੇ ਕੁਝ ਸਮਾਂ ਆਵਾਜਾਈ ਠੱਪ ਰਹੀ। ਉਥੇ ਹੀ ਸੜਕ ਰਾਹੀਂ ਆਪਣੇ ਟਿਕਾਣਿਆਂ 'ਤੇ ਪੁੱਜਣ ਲਈ ਲੋਕਾਂ ਨੂੰ ਕਾਫੀ ਮੁਸ਼ਕਿਲ ਦਾ ਸਾਹਮਣਾ ਕਰਨਾ ਪਿਆ। ਪੁਲਸ ਪ੍ਰਸ਼ਾਸਨ ਪਾਸੋਂ ਮੰਗ ਹੈ ਕਿ ਅਜਿਹੀ ਕੁਤਾਹੀ ਵਰਤਣ ਵਾਲੇ ਕਿਸਾਨਾਂ ਖਿਲਾਫ ਬਣਦੀ ਕਰਵਾਈ ਕੀਤੀ ਜਾਵੇ। ਲੋਕਾਂ ਦਾ ਕਹਿਣਾ ਹੈ ਕਿ ਹਰ ਸਾਲ ਖੇਤਾਂ ਵਿੱਚ ਕਿਸਾਨਾਂ ਵੱਲੋਂ ਅੱਗ ਲਗਾਉਣ ਦੇ ਨਾਲ ਸੜਕ ਕੰਢੇ ਬਹੁਤ ਕੀਮਤੀ ਰੁੱਖ ਅੱਗ ਲੱਗਣ ਨਾਲ ਖਰਾਬ ਹੁੰਦੇ ਜਾ ਰਹੇ ਹਨ। ਜਦ ਇਸ ਸੰਬੰਧੀ ਫਾਰੈਸਟ ਰੇਂਜ ਅਫ਼ਸਰ ਗੁਰਦਾਸਪੁਰ ਮੁਕੇਸ਼ ਵਰਮਾ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿਚ ਨਹੀਂ ਹੈ ਅਤੇ ਉਨ੍ਹਾਂ ਨੂੰ ਇਸ ਅੱਗ ਸਬੰਧੀ ਕੋਈ ਜਾਣਕਾਰੀ ਪ੍ਰਾਪਤ ਨਹੀਂ ਹੋਈ। ਉਨ੍ਹਾਂ ਕਿਹਾ ਕਿ ਹੁਣ ਮੌਕੇ 'ਤੇ ਅਧਿਕਾਰੀ ਭੇਜ ਕੇ ਕਾਰਵਾਈ ਕਰਾਂਗੇ।

# ਸੇਵਾਮੁਕਤ ਬਿਜਲੀ ਮੁਲਾਜ਼ਮਾਂ ਨੇ ਪੰਜਾਬ ਸਰਕਾਰ ਵਿਰੁੱਧ ਕੱਢੀ ਭੜਾਸ



ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)-ਪੈਨਸ਼ਨਰਜ਼ ਐਸੋਸੀਏਸ਼ਨ ਪੰਜਾਬ ਰਾਜ ਪਾਵਰਕਾਮ ਕਾਰਪੋਰੇਸ਼ਨ ਮੰਡਲ ਅਜਨਾਲਾ ਦੇ ਪ੍ਰਧਾਨ ਸਰਬਜੀਤ ਸਿੰਘ ਪੰਨੂ ਦੀ ਅਗਵਾਈ ਹੇਠ ਆਗੂਆਂ ਤੇ ਵਰਕਰਾਂ ਦੀ ਇੱਕ ਅਹਿਮ ਮੀਟਿੰਗ ਹੋਈ।ਇਸ ਮੌਕੇ ਸੀਨੀਅਰ ਆਗੂ ਅਮਰਜੀਤ ਸਿੰਘ ਸਰਕਾਰੀਆ, ਜਗਦੀਸ਼ ਲਾਲ ਦੇਵਗਨ, ਪ੍ਰਮਜੀਤ ਸਿੰਘ ਪੰਡੋਰੀ ਆਦਿ ਬੁਲਾਰਿਆਂ ਉਪਰੰਤ ਪ੍ਰਧਾਨ ਪੰਨੂ ਨੇ ਮੁਲਾਜ਼ਮਾਂ ਦਾ ਡੀ.ਏ. ਬੰਦ ਕਰਨ, ਪੇਅ-ਕਮਿਸ਼ਨ ਦਾ ਬਕਾਇਆ ਤੁਰੰਤ ਲਾਗੂ ਨਾ ਕਰਨ ਤੇ ਸਰਕਾਰ ਵੱਲੋਂ ਸਰਕਾਰੀ ਜ਼ਮੀਨਾਂ ਵੇਚਣ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ।ਇਸ ਮੌਕੇ ਉਨਾਂ ਨੇ 58 ਫੀਸਦੀ ਮਹਿੰਗਾਈ ਭੱਤਾ ਮੁਲਾਜ਼ਮਾਂ ਤੇ ਪੈਨਸ਼ਨਰਜ਼ ਦਿੱਤੇ ਜਾਣ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, ਛੇਵੇਂ ਪੇਅ-ਕਮਿਸ਼ਨ ਦੀ ਰਿਪੋਰਟ ਵਿੱਚ ਰਹਿ ਗਈਆਂ ਤਰੁੱਟੀਆਂ ਦੂਰ ਕਰਕੇ ਸਾਰਾ ਬਕਾਇਆ ਕਿਸ਼ਤਾਂ ਦੀ ਬਜਾਏ ਇਕੋ ਸਮੇਂ ਏਰੀਅਰ ਦੇਣ, ਪੈਨਸ਼ਨਰਾਂ ਲਈ 2.59 ਦਾ ਫਾਰਮੂਲਾ ਲਾਗੂ ਕਰਨ, ਹਰ ਮਹੀਨੇ ਤਨਖਾਹ ਵਿੱਚੋਂ 200 ਰੁਪਏ ਕਟੌਤੀ ਖਤਮ ਕਰਨ, ਬਜ਼ੁਰਗ ਪੈਨਸ਼ਨਰਜ਼ ਨੂੰ ਲਾਈਫ ਸਰਟੀਫਿਕੇਟ ਦੇਣ ਲਈ ਡਿਜੀਟਲ ਪ੍ਰਕਿਰਿਆ ਨੂੰ ਸੁਖਾਲੀ ਬਣਾਏ ਜਾਣ, ਡੀ.ਏ. ਦੀਆਂ ਕਿਸ਼ਤਾਂ ਦਾ ਬਕਾਇਆ ਦੇਣ ਅਤੇ ਕੱਚੇ ਕਾਮਿਆਂ ਨੂੰ ਪੱਕੇ ਕਰਨ ਆਦਿ ਮੰਗਾਂ ਦਾ ਛੇਤੀ ਤੋਂ ਛੇਤੀ ਹੱਲ ਕਰਨ ਦੀ ਮੰਗ ਕੀਤੀ।ਇਸ ਮੌਕੇ ਉਨ੍ਹਾਂ ਨੇ ਦੱਸਿਆ ਕਿ ਜੇਕਰ ਪੰਜਾਬ ਸਰਕਾਰ ਨੇ ਉਨ੍ਹਾਂ ਦੀਆਂ ਹੱਕੀ ਮੰਗਾਂ ਨਾ ਮੰਨੀਆਂ ਤਾਂ ਆਗਾਮੀ ਵਿਧਾਨ ਸਭਾ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦਾ ਬੋਰੀ ਬਿਸਤਰਾ ਗੋਲ ਕਰਕੇ ਇਸ ਖਮਿਆਜ਼ਾ ਭੁਗਤਾਇਆ ਜਾਵੇਗਾ।ਇਸ ਮੌਕੇ ਜਥੇਬੰਦੀ ਦੇ ਆਗੂ ਸਵਿੰਦਰ ਸਿੰਘ ਸਿੱਧੂ, ਮਲਕੀਤ ਸਿੰਘ ਈਸਾਪੁਰ, ਸਤਨਾਮ ਸਿੰਘ ਜੇ. ਈ., ਗੁਰਲਾਲ ਸਿੰਘ ਵਿਰਕ, ਨਿਸ਼ਾਨ ਸਿੰਘ ਚੱਠਾ, ਦਲਬੀਰ ਸਿੰਘ ਪੰਨੂ, ਕੰਵਲਜੀਤ ਸਿੰਘ ਜੌਹਲ, ਇੰਦਰਜੀਤ ਸਿੰਘ ਧਰਮਕੋਟ, ਅਮਰੀਕ ਸਿੰਘ, ਹਰਦੇਵ ਸਿੰਘ ਕੋਟਲਾ ਗੁੱਜਰਾਂ, ਬਲਕਾਰ ਸਿੰਘ ਥੋਬਾ, ਦਲਬੀਰ ਸਿੰਘ ਡੋਗਰ, ਸੁਖਦੇਵ ਸਿੰਘ ਸੁਧਾਰ, ਸਤਨਾਮ ਸਿੰਘ ਰੰਧਾਵਾ, ਜਗਬੀਰ ਸਿੰਘ ਮੁਹਾਰ ਆਦਿ ਹਾਜ਼ਰ ਸਨ।

## ਫੁੱਟਬਾਲ ਟੂਰਨਾਮੈਂਟ (ਲੜਕੀਆਂ) 'ਚ ਅਕਾਲ ਅਕੈਡਮੀ ਤਿੱਬੜ ਦੀ ਬੱਲੇ-ਬੱਲੇ

**ਧਾਰੀਵਾਲ, (ਮਨਦੀਪ ਵਿੱਕੀ)**-ਕਲਗੀਧਰ ਟਰੱਸਟ ਬੜੂ ਸਾਹਿਬ ਅਧੀਨ ਚੱਲ ਰਹੀ ਅਕਾਲ ਅਕੈਡਮੀ ਤਿੱਬੜ ਦੀਆਂ ਖਿਡਾਰਨਾਂ ਨੇ ਜ਼ੋਨਲ ਪੱਧਰੀ ਫੁੱਟਬਾਲ ਟੂਰਨਾਮੈਂਟ (ਲੜਕੀਆਂ) ਵਿੱਚ ਪਹਿਲਾ ਸਥਾਨ ਹਾਸਲ ਕਰਕੇ ਆਪਣੀ ਅਕੈਡਮੀ ਅਤੇ ਮਾਤਾ ਪਿਤਾ ਦਾ ਨਾਂਅ ਰੌਸ਼ਨ ਕੀਤਾ ਹੈ। ਇਸ ਸੰਬੰਧੀ ਅਕਾਲ ਅਕੈਡਮੀ ਤਿੱਬੜ ਦੇ ਪ੍ਰਿੰਸੀਪਲ ਗੁਰਵਿੰਦਰ ਕੌਰ ਨੇ ਦੱਸਿਆ ਕਿ ਟਰੱਸਟ ਬੜੂ ਸਾਹਿਬ ਅਧੀਨ ਚੱਲ ਰਹੀਆਂ ਅਕੈਡਮੀਆਂ ਦੇ ਜ਼ੋਨਲ ਪੱਧਰ ਫੁੱਟਬਾਲ (ਲੜਕੀਆਂ) ਟੂਰਨਾਮੈਂਟ ਅਕਾਲ ਅਕੈਡਮੀ ਭਰਿਆਲ ਲਾਹੜੀ ਵਿਖੇ ਕਰਵਾਇਆ ਗਿਆ। ਇਸ ਟੂਰਨਾਮੈਂਟ ਵਿੱਚ ਚਾਰ ਅਕੈਡਮੀਆਂ (ਅਕਾਲ ਅਕੈਡਮੀ ਭਰਿਆਲ ਲਾਹੜੀ,ਅਕਾਲ ਅਕੈਡਮੀ ਤਿੱਬੜ, ਅਕਾਲ ਅਕੈਡਮੀ ਰਸੂਲਪੁਰ ਅਤੇ ਅਕਾਲ ਅਕੈਡਮੀ ਮੂਲਿਆਂਵਾਲ) ਦੀਆਂ ਲੜਕੀਆਂ ਦੀਆਂ ਟੀਮਾਂ ਨੇ ਹਿੱਸਾ ਲਿਆ। ਇਸ ਲੜਕੀਆਂ ਦੇ ਫੁੱਟਬਾਲ ਟੂਰਨਾਮੈਂਟ ਵਿੱਚ ਅਕਾਲ ਅਕੈਡਮੀ ਤਿੱਬੜ ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਅਕਾਲ ਅਕੈਡਮੀ ਮੂਲਿਆਂਵਾਲ ਨੇ ਦੂਸਰਾ ਸਥਾਨ ਅਤੇ ਅਕਾਲ ਅਕੈਡਮੀ ਰਸੂਲਪੁਰ ਤੀਜੇ ਸਥਾਨ 'ਤੇ ਰਹੀ। ਜੇਤੂ ਫੁੱਟਬਾਲ ਖਿਡਾਰਨਾਂ/ਵਿਦਿਆਰਥਣਾਂ ਦਾ ਅਕਾਲ ਅਕੈਡਮੀ ਤਿੱਬੜ ਵਿਖੇ ਪਹੁੰਚਣ 'ਤੇ ਪ੍ਰਿੰਸੀਪਲ ਗੁਰਵਿੰਦਰ ਕੌਰ ਤੇ ਸਟਾਫ ਮੈਂਬਰਾਂ ਵੱਲੋਂ ਭਰਪੂਰ ਸਵਾਗਤ ਕੀਤਾ ਅਤੇ ਇਨ੍ਹਾਂ ਵਿਦਿਆਰਥਣਾਂ ਅਤੇ ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਅਕੈਡਮੀ ਦੇ ਸਮੂਹ ਵਿਦਿਆਰਥੀਆਂ ਨੂੰ ਹਮੇਸ਼ਾ ਹੀ ਵਧ-ਚੜ੍ਹ ਕੇ ਖੇਡਾਂ ਵਿੱਚ ਭਾਗ ਲੈਣ ਦੀ ਪ੍ਰੇਰਨਾ ਦਿੱਤੀ।



# ਖ਼ਾਲਸਾ ਕਾਲਜ ਵਿਖੇ ਦਸਤਾਰ ਮੁਕਾਬਲੇ ਕਰਵਾਏ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਖ਼ਾਲਸਾ ਕਾਲਜ ਦੇ ਧਾਰਮਿਕ ਅਧਿਐਨ ਵਿਭਾਗ ਅਤੇ ਗੁਰਮਤਿ ਸਟੱਡੀ ਸੈਂਟਰ ਵੱਲੋਂ ਖ਼ਾਲਸਾ ਪੰਥ ਦੇ ਸਾਜਨਾ ਦਿਵਸ ਨੂੰ ਸਮਰਪਿਤ ਵਿਦਿਆਰਥੀਆਂ ਦੇ ਸੁੰਦਰ ਦਸਤਾਰ ਮੁਕਾਬਲੇ ਕਰਵਾਏ ਗਏ।

ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਰਵਾਏ ਗਏ ਉਕਤ ਮੁਕਾਬਲੇ ਦੌਰਾਨ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ 'ਚੋਂ ਲੜਕਿਆਂ ਨੇ ਦਸਤਾਰ (ਪੱਗਾਂ) ਅਤੇ ਲੜਕੀਆਂ ਨੇ ਦੁਮਾਲੇ ਸਜਾਏ।ਇਸ ਮੌਕੇ ਮੁੱਖ ਮਹਿਮਾਨ ਵਜੋਂ ਪੁੱਜੇ ਖਾਲਸਾ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਨੇ ਵਿਦਿਆਰਥੀਆਂ ਨੂੰ ਆਪਣੇ ਵਿਰਸੇ ਅਤੇ ਵਿਰਾਸਤ ਨਾਲ ਜੁੜਨ ਲਈ ਪ੍ਰੇਰਨਾ ਦਿੰਦਿਆਂ ਸਿੱਖ ਧਰਮ ਅਤੇ ਪੰਜਾਬ ਦੇ ਸੱਭਿਆਚਾਰ 'ਚ ਦਸਤਾਰ ਦੇ ਮਹੱਤਵ ਤੋਂ ਵੀ ਜਾਣੂ ਕਰਵਾਇਆ।

ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ ਖਾਲਸਾ ਕਾਲਜ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਅਤੇ ਸਿੱਖ ਇਤਿਹਾਸ ਵਿਦਵਾਨ ਡਾ. ਇੰਦਰਜੀਤ ਸਿੰਘ ਗੋਗੋਆਣੀ ਨੇ ਵਿਦਿਆਰਥੀਆਂ ਨੂੰ ਦਸਤਾਰ ਦੇ ਇਤਿਹਾਸਕ ਪਿਛੋਕੜ ਤੋਂ ਜਾਣੂ ਕਰਵਾਉਂਦਿਆਂ ਸਿੱਖ ਧਰਮ ਅਤੇ ਇਤਿਹਾਸ 'ਚ ਦਸਤਾਰ ਨਾਲ ਸਬੰਧਿਤ ਵੱਖ-ਵੱਖ ਪੱਖਾਂ 'ਤੇ ਚਾਨਣਾ ਪਾਇਆ।

# 'ਸ਼ੁਕਰਾਨਾ ਯਾਤਰਾ' ਤਹਿਤ ਵਿਸ਼ੇਸ਼ ਪ੍ਰੋਗਰਾਮ ਅੱਜ

## ਨਿਤਿਨ ਕੋਹਲੀ, ਡੀ ਸੀ ਤੇ ਪੁਲਸ ਕਮਿਸ਼ਨਰ ਨੇ ਕੀਤਾ ਨਿਰੀਖਣ



**ਜਲੰਧਰ** : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026 ਦੇ ਪਾਸ ਹੋਣ ਉਪਰੰਤ ਸ਼ੁਰੂ ਕੀਤੀ ਗਈ 'ਸ਼ੁਕਰਾਨਾ ਯਾਤਰਾ' ਤਹਿਤ 7 ਮਈ ਨੂੰ ਸਵੇਰੇ 8 ਵਜੇ ਜਲੰਧਰ ਸੈਂਟਰਲ ਤੋਂ ਵਿਸ਼ੇਸ਼ ਪ੍ਰੋਗਰਾਮ ਆਯੋਜਿਤ ਕੀਤਾ ਜਾਵੇਗਾ। ਇਹ ਸਮਾਗਮ ਜਲੰਧਰ ਸੈਂਟਰਲ ਦੇ ਵਰਿੰਦਰ ਸਿੰਘ ਘੁੰਮਣ ਪਾਰਕ (ਪੁਰਾਣ ਨਾਮ 43 ਪਾਰਕ ) ਦੇ ਕੋਲ ਸ਼ੁਰੂ ਹੋਵੇਗਾ, ਜਿੱਥੋਂ ਮੁੱਖ ਮੰਤਰੀ ਦੀ ਯਾਤਰਾ ਅੱਗੇ ਵਧੇਗੀ। ਇਹ ਯਾਤਰਾ ਸਿਰਫ਼ ਇਕ ਸਮਾਰੋਹ ਨਹੀਂ, ਸਗੋਂ ਪੰਜਾਬ ਦੀ ਆਸਥਾ, ਵਿਸ਼ਵਾਸ ਅਤੇ ਗੁਰੂ ਸਾਹਿਬ ਪ੍ਰਤੀ ਸਤਿਕਾਰ ਨੂੰ ਸਮਰਪਿਤ ਇਕ ਭਾਵਨਾਤਮਕ ਪਹਲ ਹੈ।ਇਸ ਮਹੱਤਵਪੂਰਨ ਪ੍ਰੋਗਰਾਮ ਨੂੰ ਲੈ ਕੇ ਤਿਆਰੀਆਂ ਅੰਤਿਮ ਪੜਾਅ ਵਿੱਚ ਹਨ ਤੇ ਪ੍ਰਸ਼ਾਸਨ ਤੇ ਸਥਾਨਕ ਲੀਡਰਸ਼ਿਪ ਪੂਰੀ ਤਰ੍ਹਾਂ ਸਰਗਰਮ ਹੈ। ਜਲੰਧਰ ਦੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਤੇ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਜਲੰਧਰ ਸੈਂਟਰਲ ਦੇ ਇੰਚਾਰਜ ਨਿਤਿਨ ਕੋਹਲੀ ਨਾਲ ਮਿਲ ਕੇ ਜਲੰਧਰ ਸੈਂਟਰਲ ਦਾ ਦੌਰਾ ਕੀਤਾ ਅਤੇ ਤਿਆਰੀਆਂ ਦਾ ਵਿਸਤ੍ਰਿਤ ਜਾਇਜ਼ਾ ਲਿਆ। ਇਸ ਦੌਰਾਨ ਸੁਰੱਖਿਆ ਪ੍ਰਬੰਧ, ਟ੍ਰੈਫਿਕ ਕੰਟਰੋਲ, ਮੰਚ ਦੀ ਤਿਆਰੀ, ਜਨਤਾ ਦੀ ਸਹੂਲਤ ਤੇ ਸਮਾਗਮ ਦੇ ਸੁਚਾਰੂ ਪ੍ਰਬੰਧਾਂ ਸਬੰਧੀ ਹਰ ਪੱਖ ਦੀ ਗੰਭੀਰ ਸਮੀਖਿਆ ਕੀਤੀ ਗਈ।ਅਧਿਕਾਰੀਆਂ ਵੱਲੋਂ ਸਬੰਧਤ ਵਿਭਾਗਾਂ ਨੂੰ ਸਪਸ਼ਟ ਨਿਰਦੇਸ਼ ਦਿੱਤੇ ਗਏ ਕਿ ਸਮਾਗਮ ਨੂੰ ਪੂਰੀ ਤਰ੍ਹਾਂ ਸੁਚੱਜੇ, ਸੁਰੱਖਿਅਤ ਅਤੇ ਗੰਭੀਰਤਾ ਨਾਲ ਆਯੋਜਿਤ ਕੀਤਾ ਜਾਵੇ, ਤਾਂ ਜੋ ਵੱਡੀ ਗਿਣਤੀ ਵਿੱਚ ਆਉਣ ਵਾਲੇ ਸ਼ਰਧਾਲੂਆਂ ਅਤੇ ਨਾਗਰਿਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ। ਸਾਰੇ ਪ੍ਰਬੰਧਾਂ ਨੂੰ ਬਾਰੀਕੀ ਨਾਲ ਵੇਖਿਆ ਗਿਆ ਅਤੇ ਇਹ ਯਕੀਨੀ ਬਣਾਇਆ ਗਿਆ ਕਿ ਤਿਆਰੀਆਂ ਸਮੇਂ ਸਿਰ ਪੂਰੀਆਂ ਹੋਣ।

# ਲੋੜਵੰਦਾਂ ਦੀ ਮਦਦ ਲਈ ਹਰ ਸਮੇਂ ਤਿਆਰ ਰਹਿੰਦੇ ਸਨ ਮਾਤਾ ਸੁਖਦੇਵ ਕੌਰ ਸਿੱਧੂ



ਜ਼ਿਲ੍ਹਾ ਬਠਿੰਡਾ ਵਿਸ਼ੇਸ਼ਕਰ ਰਾਮਪੁਰਾ ਫੂਲ ਦੀ ਰਾਜਨੀਤੀ ਵਿੱਚ ਆਪਣਾ ਵਿਸ਼ੇਸ਼ ਮੁਕਾਮ ਬਣਾਉਣ ਵਾਲੇ ਰਾਜਨੀਤਿਕ ਆਗੂ ਤੇ ਸਮਾਜ ਸੇਵੀ ਮਨਜੀਤ ਸਿੰਘ ਸਿੱਧੂ ਉਰਫ ਬਿੱਟੀ ਸੇਲਬਰਾਹੀਆ, ਬਲਜੀਤ ਸਿੰਘ ਸਿੱਧੂ, ਰਮਨਜੀਤ ਕੌਰ ਅਤੇ ਕਿਰਨਜੀਤ ਕੌਰ ਦੇ ਮਾਤਾ ਸੁਖਦੇਵ ਕੌਰ ਸਿੱਧੂ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ 27 ਅਪ੍ਰੈਲ ਨੂੰ ਪ੍ਰਮਾਤਮਾ ਦੇ ਚਰਨਾਂ ਵਿੱਚ ਜਾ ਵਿਰਾਜੇ ਹਨ।ਸਵਰਗਵਾਸੀ ਮਾਤਾ ਸੁਖਦੇਵ ਕੌਰ ਸਿੱਧੂ ਬੇਹੱਦ ਮਿਲਣਸਾਰ, ਧਾਰਮਿਕ ਵਿਚਾਰਾਂ ਤੇ ਦੀਨ-ਦੁਖੀਆਂ ਦੀ ਮਦਦ ਕਰਨ ਵਾਲੀ ਮਹਿਲਾ ਸਨ। ਮਾਤਾ ਸੁਖਦੇਵ ਕੌਰ ਸਿੱਧੂ ਦੇ ਦਰਵਾਜ਼ੇ ਗਰੀਬ ਤੇ ਲੋੜਵੰਦ ਲੋਕਾਂ ਲਈ ਹਮੇਸ਼ਾ ਖੁੱਲ੍ਹੇ ਰਹਿੰਦੇ ਸਨ। ਮਦਦ ਦੀ ਉਮੀਦ ਨਾਲ ਉਹਨਾਂ ਦੇ ਦਰਵਾਜ਼ੇ ਤੇ ਆਉਣ ਵਾਲਾ ਇਨਸਾਨ ਨੂੰ ਕਦੇ ਵੀ ਖਾਲੀ ਹੱਥ ਵਾਪਸ ਨਹੀਂ ਮੁੜਨਾ ਪਿਆ। ਹਰਿਆਣਾ ਦੇ ਸਿਰਸਾ ਜਿਲੇ ਦੇ ਪਿੰਡ ਪਾਨਾ ਵਿਖੇ ਜਨਮੇ ਸੁਖਦੇਵ ਕੌਰ ਦਾ ਵਿਆਹ ਸਾਲ 1960 ਵਿੱਚ ਪੰਜਾਬ ਦੇ ਜ਼ਿਲ੍ਹਾ ਬਠਿੰਡਾ ਦੇ ਪਿੰਡ ਸੇਲਬਰਾਹ ਨਿਵਾਸੀ ਸੁਖਮਿੰਦਰ ਸਿੰਘ ਸਿੱਧੂ (ਮਹਿੰਦਰ ਸੇਲਬਰਾਹੀਆ) ਨਾਲ ਹੋਇਆ। ਵਿਆਹ ਤੋਂ ਬਾਅਦ ਉਹਨਾਂ ਦੇ ਘਰ ਦੋ ਧੀਆਂ ਰਮਨਜੀਤ ਕੌਰ, ਡਾਕਟਰ ਕਿਰਨਜੀਤ ਕੌਰ ਤੇ ਦੋ ਪੁੱਤਰ ਮਨਜੀਤ ਸਿੰਘ ਅਤੇ ਬਲਜੀਤ ਸਿੰਘ ਪੈਦਾ ਹੋਏ। ਆਪਣੇ ਬੱਚਿਆਂ ਦਾ ਵਧੀਆ ਢੰਗ ਨਾਲ ਪਾਲਣ-ਪੋਸ਼ਣ ਕਰਨ ਦੇ ਨਾਲ ਪਿਤਾ ਸੁਖਮਿੰਦਰ ਸਿੰਘ ਸਿੱਧੂ ਤੇ ਮਾਤਾ ਸੁਖਦੇਵ ਕੌਰ ਨੇ ਉਹਨਾਂ ਨੂੰ ਨੈਤਿਕਤਾ ਪੂਰਣ ਅਤੇ ਉੱਚ ਸਿੱਖਿਆ ਦਿੱਤੀ। ਮਾਤਾ-ਪਿਤਾ ਵੱਲੋਂ ਦਿਖਾਏ ਰਾਸਤੇ ਤੇ ਚੱਲਦਿਆਂ ਉਹਨਾਂ ਦੇ ਚਾਰੇ ਬੱਚਿਆਂ ਨੇ ਮਿਹਨਤ, ਇਮਾਨਦਾਰੀ, ਲੋੜਵੰਦਾਂ ਦੀ ਮਦਦ ਨੂੰ ਆਪਣੀ ਜਿੰਦਗੀ ਦਾ ਮੂਲ ਆਧਾਰ ਬਣਾਇਆ। ਉਹਨਾਂ ਦੇ ਪੁੱਤਰ ਮਨਜੀਤ ਸਿੰਘ ਸਿੱਧੂ ਉਰਫ ਬਿੱਟੀ ਸੇਲਬਰਾਹੀਆ (ਜਿਨ੍ਹਾਂ ਨੂੰ ਇਲਾਕੇ ਦੇ ਲੋਕਾਂ ਵੱਲੋਂ ਪਿਆਰ ਨਾਲ ਬਿੱਟੀ ਬਾਈ ਕਹਿ ਕੇ ਬੁਲਾਇਆ ਜਾਂਦਾ ਹੈ) ਨੇ ਕਾਰੋਬਾਰ, ਸਮਾਜ ਸੇਵਾ ਤੇ ਰਾਜਨੀਤਿਕ ਖੇਤਰ ਵਿੱਚ ਆਪਣੀ ਚੰਗੀ ਪਹਿਚਾਣ ਬਣਾਈ ਹੈ। ਸਮੇਂ-ਸਮੇਂ ਤੇ ਇਲਾਕੇ ਦੇ ਵੱਖ-ਵੱਖ ਸਮਾਜਿਕ ਅਤੇ ਕਾਰੋਬਾਰੀ ਸੰਗਠਨਾਂ ਦੀ ਅਗਵਾਈ ਕਰ ਚੁੱਕੇ ਬਿੱਟੀ ਸੇਲਬਰਾਹੀਆ ਵਪਾਰੀਆਂ ਅਤੇ ਕਿਸਾਨੀ ਮੁੱਦਿਆਂ ਨੂੰ ਲੈ ਕੇ ਹਮੇਸ਼ਾ ਉਹਨਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਰਹੇ। ਦਿੱਲੀ ਵਿੱਚ ਚੱਲੇ ਕਿਸਾਨ ਮੋਰਚੇ ਦੌਰਾਨ ਮਨਜੀਤ ਸਿੰਘ ਸਿੱਧੂ ਉਰਫ ਬਿੱਟੀ ਸੇਲਬਰਾਹੀਆ ਵੱਲੋਂ ਨਿਭਾਈ ਗਈ ਭੂਮਿਕਾ ਨੇ ਕਿਸਾਨਾਂ ਦੇ ਦਿਲਾਂ ਵਿੱਚ ਉਹਨਾਂ ਲਈ ਵਿਸ਼ੇਸ਼ ਜਗ੍ਹਾ ਬਣਾ ਲਈ। ਕਮਰਸ਼ੀਅਲ ਪਾਇਲਟ ਦੇ ਤੌਰ ਤੇ ਆਪਣਾ ਕੈਰਿਅਰ ਸ਼ੁਰੂ ਕਰਨ ਵਾਲੇ ਮਾਤਾ ਸੁਖਦੇਵ ਕੌਰ ਦੇ ਛੋਟੇ ਬੇਟੇ ਬਲਜੀਤ ਸਿੰਘ ਡਿੰਪੀ ਵਰਤਮਾਨ ਸਮੇਂ ਵਿੱਚ ਅਮਰੀਕਾ ਦੇ ਸ਼ਹਿਰ ਫਲੋਰਿਡਾ ਵਿੱਚ ਸਫਲ ਕਾਰੋਬਾਰੀ ਦੇ ਰੂਪ ਵਿਚਰ ਰਹੇ ਹਨ। ਮਾਤਾ-ਪਿਤਾ ਵੱਲੋਂ ਦਿੱਤੀ ਚੰਗੀ ਸਿੱਖਿਆ ਅਤੇ ਸੰਸਕਾਰਾਂ ਦੀ ਬਦੌਲਤ ਬੇਟੀ ਡਾਕਟਰ ਕਿਰਨਜੀਤ ਕੌਰ ਮੈਡੀਕਲ ਦੀ ਪੜ੍ਹਾਈ ਕਰਕੇ ਮਰੀਜਾਂ ਦੀ ਸੇਵਾ ਕਰ ਰਹੇ ਹਨ ਅਤੇ ਦੂਜੀ ਬੇਟੀ ਰਮਨਜੀਤ ਕੌਰ ਹਾਉਸ ਵਾਈਫ ਦੇ ਰੂਪ ਵਿੱਚ ਆਪਣੀ ਪਰਵਾਰਕ ਜ਼ਿੰਮੇਵਾਰੀ ਬਾਖੂਬੀ ਨਿਭਾ ਰਹੇ ਹਨ।ਮਨਜੀਤ ਸਿੰਘ ਸਿੱਧੂ ਦੇ ਮਾਤਾ ਸਵਰਗਵਾਸੀ ਸੁਖਦੇਵ ਕੌਰ ਸਿੱਧੂ ਦੀ ਆਤਮਿਕ ਸ਼ਾਂਤੀ ਲਈ ਕੀਰਤਨ ਤੇ ਅੰਤਿਮ ਅਰਦਾਸ 7 ਮਈ (ਵੀਰਵਾਰ) ਨੂੰ ਦੁਪਹਿਰ 1 ਵਜੇ ਗੁਰਦੁਆਰਾ ਪਾਤਸ਼ਾਹੀ ਛੇਵੀਂ, ਭਾਈ ਬਹਿਲੋਂ ਪਿੰਡ ਸੇਲਬਰਾਹ ਵਿਖੇ ਆਯੋਜਿਤ ਕੀਤੀ ਜਾਵੇਗੀ।

**- ਦਰਸ਼ਨ ਜਿੰਦਲ, ਰਾਮਪੁਰਾ ਫੂਲ**

### ਮਿੱਡ ਡੇ ਮੀਲ ਵਰਕਰ 9 ਨੂੰ ਸਿੱਖਿਆ ਮੰਤਰੀ ਦੇ ਹਲਕੇ ਗਰਜਣਗੀਆਂ

**ਜਲੰਧਰ (ਰਾਜੇਸ਼ ਥਾਪਾ)** -ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਨਿਗੂਣੇ ਜਿਹੇ ਮਾਣ ਭੱਤੇ 'ਤੇ ਕੰਮ ਕਰਦੀਆਂ ਮਿੱਡ-ਡੇ-ਮੀਲ ਵਰਕਰਜ਼ ਯੂਨੀਅਨ ਪੰਜਾਬ ਵੱਲੋਂ 9 ਮਈ ਨੂੰ ਸਿੱਖਿਆ ਮੰਤਰੀ ਦੇ ਹਲਕੇ ਸ੍ਰੀ ਆਨੰਦਪੁਰ ਸਾਹਿਬ ਵਿਖੇ ਸੂਬਾ ਪੱਧਰੀ ਰੋਸ ਰੈਲੀ ਕੀਤੀ ਜਾ ਰਹੀ ਹੈ, ਰੈਲੀ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਮੀਟਿੰਗ ਸੂਬਾ ਪ੍ਰਧਾਨ ਬਿਮਲਾ ਦੇਵੀ ਫਾਜਿਲਕਾ ਦੀ ਪ੍ਰਧਾਨਗੀ ਹੇਠ ਆਨਲਾਈਨ ਕੀਤੀ ਗਈ।ਮੀਟਿੰਗ ਦੀ ਕਾਰਵਾਈ ਚਲਾਉਂਦਿਆਂ ਜਥੇਬੰਦੀ ਦੀ ਸੂਬਾ ਜਨਰਲ ਸਕਤੱਰ ਕਮਲਜੀਤ ਕੌਰ ਹੁਸ਼ਿਆਰਪੁਰ ਨੇ ਜਥੇਬੰਦੀ ਵੱਲੋਂ ਪਿਛਲੇ ਸਮੇਂ ਵਿੱਚ ਕੀਤੇ ਗਏ ਕੰਮਾਂ ਦੀ ਜਾਣਕਾਰੀ ਸਾਂਝੀ ਕੀਤੀ। ਮੀਟਿੰਗ ਵਿੱਚ ਸੀਨੀਅਰ ਮੀਤ ਪ੍ਰਧਾਨ ਪ੍ਰਵੀਨ ਬਾਲਾ ਫ਼ਤਿਹਗੜ੍ਹ ਸਾਹਿਬ, ਮੀਤ ਪ੍ਰਧਾਨ ਮਮਤਾ ਸੈਦਪੁਰ ਕਪੂਰਥਲਾ, ਕਰਮਜੀਤ ਕੌਰ ਬਰਨਾਲਾ, ਜਨਰਲ ਸਕੱਤਰ ਕਮਲਜੀਤ ਕੌਰ ਹੁਸ਼ਿਆਰਪੁਰ, ਜੁਆਇੰਟ ਸਕੱਤਰ ਚਰਨਜੀਤ ਕੌਰ ਮਾਹਲ, ਕੈਸ਼ੀਅਰ ਕਮਲੇਸ ਕੌਰ ਰੋਪੜ, ਸਹਾਇਕ ਕੈਸ਼ੀਅਰ ਸੁਖਵਿੰਦਰ ਕੌਰ ਤਰਨ ਤਾਰਨ, ਪ੍ਰੈਸ ਸਕੱਤਰ ਸਿਮਰਨਜੀਤ ਕੌਰ ਪਾਸਲਾ- ਜਲੰਧਰ, ਕੁਲਵਿੰਦਰ ਕੌਰ ਮੋਹਾਲੀ, ਸਿਬਲਜੀਤ ਕੌਰ ਫਰੀਦਕੋਟ, ਕਰਮਜੀਤ ਕੌਰ, ਆਸਾ ਰਾਣੀ, ਮਹਿੰਦਰ ਕੌਰ, ਹਰਮੇਸ਼ ਕੌਰ ਰੋਪੜ, ਮਨਜੀਤ ਕੌਰ, ਕੁਲਵਿੰਦਰ ਕੌਰ ਅੰਦਰੇਹੜੀ, ਗੁਰਜੀਤ ਕੌਰ ਮੋਹਾਲੀ, ਜਸਵੀਰ ਕੌਰ, ਮਨਜੀਤ ਕੌਰ, ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਆਦਿ ਹਾਜ਼ਰ ਸਨ।



### ਪ੍ਰਧਾਨ ਮੰਤਰੀ ਇੰਟਰਨਸ਼ਿਪ ਸਕੀਮ ਤਹਿਤ ਅਪਲਾਈ ਕਰਨ ਲਈ ਰਜਿਸਟ੍ਰੇਸ਼ਨ ਸ਼ੁਰੂ

**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)**- ਡਿਪਟੀ ਡਾਇਰੈਕਟਰ, ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਬਿਊਰੋ ਨੀਲਮ ਮਹੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰਧਾਨ ਮੰਤਰੀ ਇੰਟਰਨਸ਼ਿਪ ਸਕੀਮ ਤਹਿਤ ਅਪਲਾਈ ਕਰਨ ਲਈ ਰਜਿਸਟ੍ਰੇਸ਼ਨ ਸ਼ੁਰੂ ਹੋ ਗਈ ਹੈ।ਉਨ੍ਹਾਂ ਦੱਸਿਆ ਕਿ ਸਕੀਮ ਤਹਿਤ ਲਾਭ ਪ੍ਰਾਪਤ ਕਰਨ ਲਈ ਵਿਦਿਆਰਥੀ ਦੀ ਉਮਰ 18 ਤੋਂ 25 ਸਾਲ, ਕੋਈ ਪਰਿਵਾਰਕ ਮੈਂਬਰ ਰੈਗੂਲਰ/ ਪੱਕੀ ਸਰਕਾਰੀ ਸਰਵਿਸ ਨਾ ਕਰਦਾ ਹੋਵੇ ਅਤੇ ਬਿਨੇਕਾਰ ਨੇ ਦਸਵੀਂ/ਬਾਰਵੀਂ/ਆਈ ਟੀ ਆਈ/ ਪੋਲੀਟੈਕਨਿਕ/ ਡਿਪਲੋਮਾ/ ਗ੍ਰੈਜੂਏਸ਼ਨ/ ਪੋਸਟ ਗ੍ਰੈਜੂਏਸ਼ਨ ਕੀਤੀ ਹੋਵੇ।ਉਨ੍ਹਾਂ ਦੱਸਿਆ ਕਿ ਬਿਨੇਕਾਰ ਵੱਧ ਤੋਂ ਵੱਧ 3 ਇੰਟਰਨਸ਼ਿਪ ਦੇ ਮੌਕਿਆਂ ਦੇ ਸਨਮੁੱਖ ਅਪਲਾਈ ਕਰ ਸਕਦਾ ਹੈ, ਜਿਸ ਤਹਿਤ ਬਿਨੇਕਾਰ ਨੂੰ 12 ਮਹੀਨਿਆਂ ਲਈ 9000 ਰੁਪਏ ਪ੍ਰਤੀ ਮਹੀਨਾ ਇੰਟਰਨਸ਼ਿਪ ਭੱਤਾ ਦਿੱਤਾ ਜਾਵੇਗਾ।

### ਵਰ੍ਹੇਗੰਢ ਮੁਬਾਰਕ



ਬਲਵੀਰ ਸਿੰਘ ਸੈਣੀ ਤੇ ਨਿਰਮਲ ਕੌਰ ਵਾਸੀ ਹੁਸ਼ਿਆਰਪੁਰ ਨੇ ਆਪਣੇ ਵਿਆਹ ਦੀ 45ਵੀਂ ਵਰ੍ਹੇਗੰਢ ਮਨਾਈ।

### ਬਾਲੂ ਨਗਰ ਕੌਂਸਲ ਦੇ ਮੈਂਬਰ ਨਿਯੁਕਤ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਪੰਜਾਬ ਸਰਕਾਰ ਵੱਲੋਂ ਕਰਨੈਲ ਰਾਮ ਬਾਲੂ ਚੇਅਰਮੈਨ ਮਾਰਕੀਟ ਕਮੇਟੀ ਨਕੋਦਰ ਤੇ ਸਰਪੰਚ ਪਿੰਡ ਉਮਰਪੁਰ ਨੂੰ ਨਗਰ ਕੌਂਸਲ ਨੂਰਮਹਿਲ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ। ਬਾਲੂ ਨੇ ਹਲਕਾ ਵਿਧਾਇਕ ਨਕੋਦਰ ਬੀਬੀ ਇੰਦਰਜੀਤ ਕੌਰ ਮਾਨ, ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਆਖਿਆ ਕਿ ਉਹ ਤਨਦੇਹੀ ਨਾਲ ਇਸ ਅਹੁਦੇ ਦੀ ਪਾਲਣਾ ਕਰਨਗੇ।

# ਮਾਂ ਨੇ ਬੱਚਿਆਂ ਸਮੇਤ ਵੇਈਂ 'ਚ ਮਾਰੀ ਛਾਲ

## ਰਾਹਗੀਰਾਂ ਨੇ ਮਾਂ ਨੂੰ ਬਚਾਇਆ, ਦੋ ਪੁੱਤਰਾਂ ਦੀ ਮੌਤ





**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਇੱਕ ਮਾਂ ਵੱਲੋਂ ਆਪਣੇ ਨਿੱਕੇ-ਨਿੱਕੇ ਮਾਸੂਮ ਬੱਚਿਆਂ ਸਮੇਤ ਵੇਈਂ ਨਦੀ 'ਚ ਛਾਲ ਮਾਰ ਕੇ ਜੀਵਨ ਲੀਲਾ ਸਮਾਪਤ ਕਰਨ ਦੀ ਕੋਸ਼ਿਸ਼ ਕੀਤੀ ਗਈ।ਦੱਸਿਆ ਜਾ ਰਿਹਾ ਹੈ ਕਿ ਸਿਮਰਨ ਕੌਰ, ਪਤਨੀ ਭਰਪੂਰ ਸਿੰਘ ਵਾਸੀ ਪਿੰਡ ਅਦਾਲਤ ਚੱਕ, ਕਿਸੇ ਅਣਜਾਣੇ ਦਰਦ ਤੇ ਮਾਨਸਿਕ ਤਣਾਅ ਹੇਠ ਆ ਕੇ ਇਹ ਖੌਫਨਾਕ ਕਦਮ ਚੁੱਕ ਬੈਠੀ। ਉਹ ਆਪਣੇ ਦੋ ਨੰਨ੍ਹੇ ਪੁੱਤਰਾਂ ਵੀਰ ਪ੍ਰਤਾਪ ਸਿੰਘ ਤੇ ਗੁਰਪ੍ਰਤਾਪ ਸਿੰਘ ਨੂੰ ਨਾਲ ਲੈ ਕੇ ਨਦੀ ਵਿੱਚ ਛਾਲ ਮਾਰੀ ਜਿਹਨਾਂ ਵਿੱਚੋਂ ਇੱਕ ਬੱਚੇ ਨੂੰ ਉਹ ਸਕੂਲ ਤੋਂ ਲੈ ਕੇ ਆਈ ਸੀ। ਉਥੋਂ ਲੰਘ ਰਹੇ ਰਾਹਗੀਰਾਂ ਨੇ ਜਦੋਂ ਇਹ ਦ੍ਰਿਸ਼ ਦੇਖਿਆ ਤਾਂ ਤੁਰੰਤ ਹਿੰਮਤ ਦਿਖਾਉਂਦੇ ਹੋਏ ਮਾਂ ਨੂੰ ਬਚਾ ਲਿਆ। ਪਰ ਮਾਸੂਮ ਬੱਚਿਆਂ ਦੀ ਜ਼ਿੰਦਗੀ ਪਾਣੀ ਦੀਆਂ ਲਹਿਰਾਂ ਵਿੱਚ ਹੀ ਖਤਮ ਹੋ ਗਈ। ਏ ਐੱਸ ਆਈ ਬਲਦੇਵ ਸਿੰਘ ਥਾਣਾ ਸੁਲਤਾਨਪੁਰ ਲੋਧੀ ਨੇ ਦੱਸਿਆ ਕਿ ਫਿਲਹਾਲ ਪੁਲਿਸ ਵੱਲੋਂ ਦੋਹਾਂ ਬੱਚਿਆਂ ਦੀਆਂ ਲਾਸ਼ਾਂ ਨੂੰ ਕਬਜ਼ੇ ਵਿੱਚ ਲੈ ਕੇ ਸਿਵਲ ਹਸਪਤਾਲ ਦੀ ਮੋਰਚਰੀ 'ਚ ਰਖਵਾਇਆ ਗਿਆ ਹੈ। ਘਟਨਾ ਦੀ ਗੰਭੀਰਤਾ ਨੂੰ ਦੇਖਦੇ ਹੋਏ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਹਰ ਪੱਖ ਤੋਂ ਮਾਮਲੇ ਨੂੰ ਖੰਗਾਲਿਆ ਜਾ ਰਿਹਾ ਹੈ।

# ਡਿਪਟੀ ਸਪੀਕਰ ਨੇ ਖੇਡ ਮੈਦਾਨ ਦਾ ਕੀਤਾ ਉਦਘਾਟਨ



**ਜੇਜੋ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**

ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨਾਂ ਨੂੰ ਸਹੀ ਦਿਸ਼ਾ ਵੱਲ ਪ੍ਰੇਰਿਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸੇ ਕੜੀ ਤਹਿਤ ਪਿੰਡ ਸਾਧੋਵਾਲ ਵਿੱਚ 43.22 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਆਧੁਨਿਕ ਸੁਵਿਧਾਵਾਂ ਨਾਲ ਲੈਸ ਮੁੱਖ ਮੰਤਰੀ ਖੇਡ ਮੈਦਾਨ ਦਾ ਉਦਘਾਟਨ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਸਰਦਾਰ ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਰਿਬਨ ਕੱਟ ਕੇ ਕੀਤਾ ਗਿਆ। ਉਦਘਾਟਨ ਸਮਾਰੋਹ ਦੌਰਾਨ ਡਿਪਟੀ ਸਪੀਕਰ ਰੌੜੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੀ ਤਰੱਕੀ ਵਿੱਚ ਨੌਜਵਾਨਾਂ ਦੀ ਭੂਮਿਕਾ ਬੇਹੱਦ ਮਹੱਤਵਪੂਰਨ ਹੈ ਅਤੇ ਉਨ੍ਹਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨਾ ਸਮੇਂ ਦੀ ਲੋੜ ਹੈ। ਡਿਪਟੀ ਸਪੀਕਰ ਰੌੜੀ ਨੇ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖ਼ਾਤਮੇ ਲਈ ਅਜਿਹੇ ਖੇਡ ਮੈਦਾਨ ਨੌਜਵਾਨਾਂ ਨੂੰ ਸਹੀ ਦਿਸ਼ਾ ਵੱਲ ਲੈ ਜਾਣ ਵਿੱਚ ਮਦਦਗਾਰ ਸਾਬਤ ਹੋਣਗੇ। ਉਨ੍ਹਾਂ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਖੇਡਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਅਤੇ ਆਪਣੀ ਸਿਹਤ ਨੂੰ ਤੰਦਰੁਸਤ ਰੱਖਣ। ਇਸ ਮੌਕੇ ਪਿੰਡ ਸਾਧੋਵਾਲ ਦੀ ਪੰਚਾਇਤ, ਇਲਾਕੇ ਦੇ ਮਾਣਯੋਗ ਵਿਅਕਤੀਆਂ, ਖੇਡ ਪ੍ਰੇਮੀਆਂ ਅਤੇ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਹਾਜ਼ਰੀ ਭਰੀ। ਅੰਤ ਵਿੱਚ ਡਿਪਟੀ ਸਪੀਕਰ ਰੌੜੀ ਨੇ ਵਿਭਾਗੀ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਖੇਡ ਮੈਦਾਨ ਦੀ ਸੰਭਾਲ ਅਤੇ ਸੁਚੱਜੇ ਪ੍ਰਬੰਧ ਨੂੰ ਯਕੀਨੀ ਬਣਾਇਆ ਜਾਵੇ, ਤਾਂ ਜੋ ਨੌਜਵਾਨ ਇਸ ਦਾ ਪੂਰਾ ਲਾਭ ਲੈ ਸਕਣ। ਇਸ ਮੌਕੇ ਸਰਪੰਚ ਸਾਧੋਵਾਲ ਸੁਮਨ, ਹੈਪੀ ਸਾਧੋਵਾਲ, ਸਰਪੰਚ ਗੁਰਲਾਲ ਸੈਲਾ, ਡਾ. ਪਰਮਜੀਤ ਪਾਲ , ਸਰਪੰਚ ਰਾਮ ਲਾਲ, ਬਲਾਕ ਸੰਮਤੀ ਮੈਂਬਰ ਜਸਪਾਲ ਕੌਰ ਵਾਇਸ ਚੇਅਰਮੈਨ, ਸਰਪੰਚ ਅਸ਼ੋਕ ਕੁਮਾਰ ਮੋਨੂੰ ਸੌਲੀ, ਸਰਪੰਚ ਬਲਵਿੰਦਰ ਪਾਲ, ਰਘਵੀਰ ਸਿੰਘ ਜੱਸੋਵਾਲ, ਸਾਬਕਾ ਸਰਪੰਚ ਹਰਪ੍ਰੀਤ ਸਿੰਘ ਬੈਂਸ, ਚਮਨ ਰਾਜੂ, ਜਰਨੈਲ ਰਾਜੂ, ਹੁਸਨ ਲਾਲ, ਸੁਰਿੰਦਰ ਰਾਜੂ, ਗੁਰਦੀਪ ਪੰਚ, ਜਸਪ੍ਰੀਤ ਪੰਚ, ਕਿਰਣ ਪੰਚ, ਗੁਰਬਖਸ਼ ਕੌਰ ਪੰਚ, ਜੀਵਨ ਲਾਲ ਪੰਚ, ਸਾਬਕਾ ਸਰਪੰਚ ਜਗਤਾਰ, ਸਾਬਕਾ ਸਰਪੰਚ ਹਰਭਜਨ ਕੌਰ, ਸਟੇਜ ਸੈਕਟਰੀ ਮਾਸਟਰ ਹਰਜਿੰਦਰ, ਰਾਮ ਸਿੰਘ ਫੌਜੀ, ਪ੍ਰੀਤ ਪਾਰੋਵਾਲ, ਪਾਰਟੀ ਵਰਕਰ ਅਤੇ ਵੱਖ-ਵੱਖ ਵਿਭਾਗਾਂ ਤੋਂ ਕਰਮਚਾਰੀ ਹਾਜ਼ਰ ਸਨ।

### ਸੇਂਟ ਸੋਲਜਰ ਗਰੁੱਪ 'ਚ ਨਵੇਂ ਕੋਰਸ ਸ਼ੁਰੂ



**ਜਲੰਧਰ (ਇਕਬਾਲ ਸਿੰਘ ਉੱਭੀ)**- ਸੇਂਟ ਸੋਲਜਰ ਗਰੁੱਪ ਆਫ ਇੰਸਟੀਟਿਊਸ਼ਨਜ਼ ਨੇ ਇੱਕ ਹੋਰ ਮਹੱਤਵਪੂਰਨ ਉਪਲੱਬਧੀ ਹਾਸਲ ਕੀਤੀ ਹੈ। ਸੇਂਟ ਸੋਲਜਰ ਮੈਨੇਜਮੈਂਟ ਐਂਡ ਟੈਕਨੋਲੋਜੀ ਇੰਸਟੀਟਿਊਟ, ਮਿੱਠੂ ਬਸਤੀ ਨੂੰ ਦੋ ਨਵੇਂ ਕੋਰਸ ਬੀ ਵੋਕ (ਈ-ਕਾਮਰਸ ਅਤੇ ਡਿਜ਼ਿਟਲ ਮਾਰਕੀਟਿੰਗ) ਅਤੇ ਬੈਚਲਰ ਇਨ ਹੋਸਪਿਟੈਲਿਟੀ ਐਡਮਿਨਿਸਟ੍ਰੇਸ਼ਨ ਸ਼ੁਰੂ ਕਰਨ ਲਈ ਮਨਜ਼ੂਰੀ ਦਿੱਤੀ ਗਈ ਹੈ।ਇਹ ਪ੍ਰੋਗਰਾਮ ਪ੍ਰਿੰਸੀਪਲ ਡਾ. ਰੋਹਨ ਸ਼ਰਮਾ ਦੀ ਦੂਰਦਰਸ਼ੀ ਅਗਵਾਈ ਹੇਠ ਸ਼ੁਰੂ ਕੀਤੇ ਜਾ ਰਹੇ ਹਨ, ਜਿਨ੍ਹਾਂ ਦਾ ਮਕਸਦ ਵਿਦਿਆਰਥੀਆਂ ਨੂੰ ਤੇਜ਼ੀ ਨਾਲ ਵਿਕਸਿਤ ਹੋ ਰਹੇ ਖੇਤਰਾਂ ਵਿੱਚ ਆਧੁਨਿਕ ਅਤੇ ਉਦਯੋਗ-ਸੰਬੰਧਿਤ ਹੁਨਰ ਪ੍ਰਦਾਨ ਕਰਨਾ ਹੈ। ਇਸੇ ਤਰ੍ਹਾਂ, ਸੈਂਟ ਸੋਲਜਰ ਇੰਸਟੀਟਿਊਟ ਆਫ ਇੰਜੀਨੀਅਰਿੰਗ ਐਂਡ ਟੈਕਨੋਲੋਜੀ, ਨਜ਼ਦੀਕ ਐਨ ਆਈ ਟੀ, ਜਲੰਧਰ ਨੂੰ ਇਲੈਕਟ੍ਰਿਕਲ ਟੈਕਨੀਸ਼ੀਅਨ ਵਿੱਚ ਬੀ.ਵੋਕ. / ਡੀ.ਵੋਕ. ਜਿਹਾ ਸਕਿਲ-ਓਰੀਐਂਟਿਡ ਪ੍ਰੋਗਰਾਮ ਸ਼ੁਰੂ ਕਰਨ ਲਈ ਮਨਜ਼ੂਰੀ ਮਿਲੀ ਹੈ।ਇਹ ਪ੍ਰਿੰਸੀਪਲ ਈ ਆਰ ਡਾ. ਗੁਰਪ੍ਰੀਤ ਸਿੰਘ ਦੀ ਰਹਿਨੁਮਾਈ ਹੇਠ ਸ਼ੁਰੂ ਕੀਤੀ ਜਾ ਰਹੀ ਹੈ। ਇਸਦੇ ਨਾਲ ਹੀ, ਗਰੁੱਪ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਵੀ ਪ੍ਰਿੰਸੀਪਲਾਂ ਦੀ ਲਗਨ ਅਤੇ ਮਿਹਨਤ ਦੀ ਪ੍ਰਸੰਸਾ ਕੀਤੀ।

### ਚੰਨ ਗੁਰਾਇਆ ਵਾਲਾ ਦਾ ਦੇਹਾਂਤ, ਸੰਗੀਤ ਜਗਤ 'ਚ ਸੋਗ ਦੀ ਲਹਿਰ

**ਅਲਾਵਲਪੁਰ, (ਮਦਨ ਬੰਗੜ)**- ਪੰਜਾਬੀ ਸੰਗੀਤ ਜਗਤ ਲਈ ਇੱਕ ਦੁੱਖਦਾਈ ਖ਼ਬਰ ਸਾਹਮਣੇ ਆਈ ਹੈ ਕਿ ਪ੍ਰਸਿੱਧ ਗੀਤਕਾਰ ਚੰਨ ਗੁਰਾਇਆ ਵਾਲਾ ਦਾ ਬੀਤੇ ਦਿਨ ਦੇਹਾਂਤ ਹੋ ਗਿਆ।ਉਨ੍ਹਾਂ ਦੇ ਅਚਾਨਕ ਵਿਛੋੜੇ ਨਾਲ ਕਲਾ ਤੇ ਸਾਹਿਤਕ ਜਗਤ ਵਿੱਚ ਗਹਿਰਾ ਸੋਗ ਪਾਇਆ ਜਾ ਰਿਹਾ ਹੈ। ਚੰਨ ਗੁਰਾਇਆ ਵਾਲਾ ਨੇ ਆਪਣੇ ਗੀਤਕਾਰੀ ਦੇ ਸ਼ੁਰੂਆਤੀ ਦਿਨਾਂ ਵਿੱਚ ਸਭ ਤੋਂ ਪਹਿਲਾਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਮਹਿਮਾ ਨੂੰ ਆਪਣੀ ਕਲਮ ਰਾਹੀਂ ਪ੍ਰਗਟ ਕੀਤਾ।ਉਨ੍ਹਾਂ ਦੇ ਦੇਹਾਂਤ 'ਤੇ ਗਾਇਕ ਕੰਠ ਕਲੇਰ, ਫਿਰੋਜ਼ ਖਾਨ, ਰਣਜੀਤ ਰਾਣਾ , ਗੀਤਕਾਰ ਮਹਿੰਦਰ ਸੰਧੂ ਮਹੇੜੂ, ਮਦਨ ਜਲੰਧਰੀ, ਰਤੂ ਰੰਧਾਵਾ, ਸੂਬਾ ਉਦੇਸੀਆਂ ਅਤੇ ਲੇਖਕ ਮਦਨ ਬੰਗੜ ਸਮੇਤ ਕਈ ਹਸਤੀਆਂ ਨੇ ਕਿਹਾ ਕਿ ਚੰਨ ਗੁਰਾਇਆ ਵਾਲਾ ਦਾ ਵਿਛੋੜਾ ਪੰਜਾਬੀ ਸੰਗੀਤ ਜਗਤ ਲਈ ਨਾ ਭਰਨ ਵਾਲਾ ਘਾਟਾ ਹੈ।

# ਡੇਅਰੀ ਸਿਖਲਾਈ ਪ੍ਰੋਗਰਾਮ 11 ਤੋਂ

**ਮੁਹਾਲੀ (ਗੁਰਜੀਤ ਬਿੱਲਾ)**-ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁਡੀਆਂ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਪੰਜਾਬ ਵਰਿਆਮ ਸਿੰਘ ਦੀ ਯੋਗ ਅਗਵਾਈ ਹੇਠ ਡੇਅਰੀ ਵਿਕਾਸ ਵਿਭਾਗ/ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਡੇਅਰੀ ਸਿਖਲਾਈ ਤੇ ਵਿਸਥਾਰ ਕੇਂਦਰ, ਚਤਾਮਲੀ ਵਿਖੇ 11 ਮਈ ਤੋਂ 22 ਮਈ ਨੂੰ 2 ਹਫਤਾ ਡੇਅਰੀ ਸਿਖਲਾਈ ਪ੍ਰੋਗਰਾਮ ਚਲਾਇਆ ਜਾ ਰਿਹਾ ਹੈ। ਹਰਵੰਤ ਸਿੰਘ, ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਐੱਸ ਏ ਐੱਸ ਨਗਰ ਵੱਲੋਂ ਦੱਸਿਆ ਗਿਆ ਕਿ ਇਸ ਸਿਖਲਾਈ ਵਿੱਚ ਜ਼ਿਲ੍ਹਾ ਐਸ ਏ ਐਸ ਨਗਰ ਨਾਲ ਸਬੰਧਿਤ 18 ਸਾਲ ਤੋਂ 55 ਸਾਲ ਤੱਕ ਦੇ ਸਿਖਿਆਰਥੀਆਂ ਨੂੰ ਡੇਅਰੀ ਸਿਖਲਾਈ ਦਿੱਤੀ ਜਾਣੀ ਹੈ ।

## ਬਿਮਲ ਮਡਾਰ ਨੇ ਬਲਾਕ ਸੰਮਤੀ ਦੇ ਚੇਅਰਮੈਨ ਵਜੋਂ ਅਹੁਦਾ ਸੰਭਾਲਿਆ



**ਕਿਸ਼ਨਗੜ੍ਹ (ਸੁਖਜੀਤ ਕੁਮਾਰ)**

ਆਮ ਆਦਮੀ ਪਾਰਟੀ ਵੱਲੋਂ ਬਲਾਕ ਸੰਮਤੀ ਭੋਗਪੁਰ ਦੀ ਸਰਬਸੰਮਤੀ ਨਾਲ ਚੋਣ ਹਲਕਾ ਕਰਤਾਰਪੁਰ ਦੇ ਵਿਧਾਇਕ ਬਲਕਾਰ ਸਿੰਘ ਦੀ ਅਗਵਾਈ ਹੇਠ ਕਾਹਨਪੁਰ ਦੇ ਸਾਬਕਾ ਸਰਪੰਚ ਐਮ ਡੀ ਮੰਗਾ ਦੀ ਸਪੁੱਤਰੀ ਬਿਮਲ ਮਡਾਰ ਨੂੰ ਚੇਅਰਮੈਨ ਤੇ ਜਸਵੀਰ ਕੌਰ ਬੁੱਟਰ ਨੂੰ ਵਾਈਸ ਚੇਅਰਮੈਨ ਨਿਯੁਕਤ ਕੀਤਾ ਗਿਆ ਸੀ। ਚੇਅਰਮੈਨ ਬਿਮਲ ਮਡਾਰ ਵਲੋਂ ਵਿਧਾਇਕ ਬਲਕਾਰ ਸਿੰਘ ਦੀ ਧਰਮਪਤਨੀ ਹਰਪ੍ਰੀਤ ਕੌਰ ਤੇ ਬੀ ਡੀ ਪੀ ਓ ਸੁਖਜੀਤ ਕੌਰ ਦੀ ਹਾਜ਼ਰੀ ਚ ਆਪਣਾ ਅਹੁਦਾ ਸੰਭਾਲਿਆ ਗਿਆ। ਇਸ ਮੌਕੇ ਵਿਧਾਇਕ ਬਲਕਾਰ ਸਿੰਘ ਦੀ ਪਤਨੀ ਸ਼੍ਰੀਮਤੀ ਹਰਪ੍ਰੀਤ ਕੌਰ ਨੇ ਵਧਾਈ ਦਿੰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਔਰਤ ਜਾਤੀ ਦਾ ਸਨਮਾਨ ਕਰਦੇ ਹੋਏ ਪੰਜਾਬ ਚੋ ਸੱਭ ਤੋਂ ਘੱਟ ਉਮਰ ਦੀ ਪੜ੍ਹੀ ਲਿਖੀ ਐਡਵੋਕੇਟ ਬੇਟੀ ਬਿਮਲ ਮਡਾਰ ਨੂੰ ਬਲਾਕ ਭੋਗਪੁਰ ਦੀ ਚੇਅਰਪਰਸਨ ਨਿਯੁਕਤ ਕੀਤਾ ਹੈ ਜਿਸ ਨਾਲ ਸਮੁੱਚੀ ਔਰਤ ਜਾਤੀ ਦਾ ਸਨਮਾਨ ਕੀਤਾ ਗਿਆ ਹੈ ।ਹਰਪ੍ਰੀਤ ਕੌਰ ਵੱਲੋਂ ਇਨ੍ਹਾਂ ਨੂੰ ਫੁੱਲਾਂ ਦੇ ਗੁਲਦਸਤੇ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਚੇਅਰਮੈਨ ਬਿਮਲ ਮਡਾਰ ਨੇ ਪੰਜਾਬ ਦੇ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਅਤੇ ਸਾਬਕਾ ਕੈਬਨਿਟ ਮੰਤਰੀ ਸ.ਬਲਕਾਰ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਮਾਨ ਸਰਕਾਰ ਨੇ ਮੈਨੂੰ ਜੋ ਜ਼ੁਮੇਵਾਰੀ ਸੌਂਪੀ ਹੈ ਮੈਂ ਉਸ ਨੂੰ ਪੂਰੀ ਤਨਦੇਹੀ ਨਾਲ ਨਿਭਾਉਣ ਲਈ ਵਚਨਬੱਧ ਹਾਂ ਅਤੇ ਇਲਾਕੇ ਦੇ ਵਿਕਾਸ ਲਈ ਹਰ ਸੰਭਵ ਕੋਸ਼ਿਸ਼ ਕਰਾਂਗੀ। ਇਸ ਮੌਕੇ ਮਾਰਕੀਟ ਕਮੇਟੀ ਜਲੰਧਰ ਦੇ ਚੇਅਰਮੈਨ ਗੁਰਪਾਲ ਸਿੰਘ ਮਾਗੇਕੀ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸੁਰਿੰਦਰ ਸਿੰਘ ਕਾਹਲੋਂ, ਬਲਦੇਵ ਕੁਮਾਰ ਨਾਭਾ, ਸਾਬਕਾ ਸਰਪੰਚ ਐਮ ਡੀ ਮੰਗਾਂ, ਸੰਦੀਪ ਸਿੰਘ ਬੁੱਟਰ,ਸ੍ਰੀ ਮਿੱਤਲ ਬੱਧਣ, ਸਾਬਕਾ ਬਲਾਕ ਸੰਮਤੀ ਮੈਂਬਰ ਜਸਵਿੰਦਰ ਬੱਲ, ਬਲਾਕ ਸੰਮਤੀ ਮੈਂਬਰ ਦਲੇਰ ਚੰਦ, ਬਲਾਕ ਸੰਮਤੀ ਮੈਂਬਰ ਕੁਲਜੀਤ ਕੌਰ, ਬਲਾਕ ਸੰਮਤੀ ਮੈਂਬਰ ਰਾਮ ਕਿਸ਼ਨ ਧੋਗੜੀ, ਬਲਾਕ ਸੰਮਤੀ ਮੈਂਬਰ ਰਾਜਵੀਰ ਕੌਰ ਕਾਹਲੋਂ, ਗੁਰਪ੍ਰਤਾਪ ਸਿੰਘ ਧੋਗੜੀ, ਬਲਾਕ ਸੰਮਤੀ ਮੈਂਬਰ ਜਸਵਿੰਦਰ ਕੁਮਾਰ, ਸੋਹਣ ਲਾਲ, ਮਨਜੀਤ ਪਾਲ ਕਾਹਨਪੁਰੀਆ, ਬੱਲੀ ਮੰਨਣ, ਦਵਿੰਦਰ ਕਲੇਰ, ਰਣਜੀਤ ਸਾਬੀ, ਲੰਬੜਦਾਰ ਸੰਦੀਪ ਵਿਰਦੀ ਆਦਿ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

## ਪਾਲਾ ਜਲਾਲਪੁਰ ਨੇ ਸੀਚੇਵਾਲ ਤੋਂ ਲਿਆ ਆਸ਼ੀਰਵਾਦ, ਹਲਕੇ ਦੇ ਮੁੱਦਿਆਂ 'ਤੇ ਵੀ ਹੋਈ ਚਰਚਾ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਅੰਤਰਰਾਸ਼ਟਰੀ ਕਬੱਡੀ ਖਿਡਾਰੀ ਪਾਲਾ ਜਲਾਲਪੁਰ ਵੱਲੋਂ ਸਿਆਸਤ ਵਿੱਚ ਦਾਖਲੇ ਦੇ ਸੰਕੇਤ ਮਿਲ ਰਹੇ ਹਨ। ਆਪਣੀ ਨਵੀਂ ਪਾਰੀ ਦੀ ਸ਼ੁਰੂਆਤ ਤੋਂ ਪਹਿਲਾਂ ਉਨ੍ਹਾਂ ਨੇ ਵਾਤਾਵਰਨ ਪ੍ਰੇਮੀ ਅਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨਾਲ ਮੁਲਾਕਾਤ ਕਰਕੇ ਆਸ਼ੀਰਵਾਦ ਪ੍ਰਾਪਤ ਕੀਤਾ।ਇਸ ਦੌਰਾਨ ਪਾਲਾ ਜਲਾਲਪੁਰ ਨੇ ਗੁਰਦੁਆਰਾ ਸ੍ਰੀ ਬੇਰ ਸਾਹਿਬਵਿਖੇ ਨਤਮਸਤਕ ਹੋ ਕੇ ਅਰਦਾਸ ਕੀਤੀ। ਗੁਰਦੁਆਰਾ ਸਾਹਿਬ ਦੇ ਮੈਨੇਜਰ ਵੱਲੋਂ ਉਨ੍ਹਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ।ਮੁਲਾਕਾਤ ਦੌਰਾਨ ਪਾਲਾ ਜਲਾਲਪੁਰ ਤੇ ਸੰਤ ਸੀਚੇਵਾਲ ਵਿਚਕਾਰ ਹਲਕਾ ਸ਼ਾਹਕੋਟ ਦੇ ਸਿਆਸੀ ਹਾਲਾਤਾਂ ਅਤੇ ਵਿਕਾਸ ਨਾਲ ਜੁੜੇ ਮਹੱਤਵਪੂਰਨ ਮਸਲਿਆਂ 'ਤੇ ਵੀ ਵਿਸਥਾਰ ਨਾਲ ਗੱਲਬਾਤ ਹੋਈ। ਇਲਾਕੇ ਦੇ ਸਮਾਜਿਕ ਅਤੇ ਵਾਤਾਵਰਨਕ ਮੁੱਦਿਆਂ 'ਤੇ ਧਿਆਨ ਦੇਣ ਦੀ ਲੋੜ 'ਤੇ ਵੀ ਜ਼ੋਰ ਦਿੱਤਾ ਗਿਆ। ਪਾਲਾ ਜਲਾਲਪੁਰ ਨੇ ਕਿਹਾ ਕਿ ਉਹ ਕਬੱਡੀ ਦੇ ਮੈਦਾਨ ਵਿੱਚ ਆਪਣੀ ਖੇਡ ਨਾਲ ਲੋਕਾਂ ਦਾ ਭਰੋਸਾ ਜਿੱਤ ਚੁੱਕੇ ਹਨ ਅਤੇ ਹੁਣ ਉਹ ਸਮਾਜ ਸੇਵਾ ਅਤੇ ਲੋਕ ਭਲਾਈ ਲਈ ਸਿਆਸਤ ਦੇ ਮੈਦਾਨ ਵਿੱਚ ਕਦਮ ਰੱਖਣ ਲਈ ਤਿਆਰ ਹਨ।ਦੂਜੇ ਪਾਸੇ, ਹਲਕਾ ਸ਼ਾਹਕੋਟ ਵਿੱਚ ਸਿਆਸੀ ਸਰਗਰਮੀਆਂ ਤੇਜ਼ ਹੋ ਰਹੀਆਂ ਹਨ ਤੇ ਹਰ ਪਾਸੇ ਨਜ਼ਰਾਂ ਟਿਕੀਆਂ ਹੋਈਆਂ ਹਨ। ਇਸ ਤੋਂ ਪਹਿਲਾਂ ਆਮ ਆਦਮੀ ਪਾਰਟੀ ਵੱਲੋਂ ਪਿੰਦਰ ਪੰਡੋਰੀ ਨੂੰ ਹਲਕਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ, ਜਿਸ ਨਾਲ ਆਉਣ ਵਾਲੇ ਸਮੇਂ ਵਿੱਚ ਸਿਆਸੀ ਮੁਕਾਬਲਾ ਹੋਰ ਵੀ ਰੋਚਕ ਹੋ ਸਕਦਾ ਹੈ।

### ਤੇਜਸਵੀਰ ਨੇ 92.80 ਫੀਸਦੀ ਅੰਕ ਲੈ ਕੇ ਸਕੂਲ ਦਾ ਨਾਂਅ ਕੀਤਾ ਰੌਸ਼ਨ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਆਈ ਸੀ ਐੱਸ ਸੀ ਬੋਰਡ ਵੱਲੋਂ ਹਾਲ ਹੀ ਵਿੱਚ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜਿਆਂ ਵਿੱਚੋਂ ਹੁਸ਼ਿਆਰਪੁਰ ਦੇ ਸੇਂਟ ਜੋਸਫ ਕਾਨਵੈਂਟ ਸਕੂਲ ਦਾ ਵਿਦਿਆਰਥੀ ਤੇਜਸਵੀਰ ਸਿੰਘ ਨੇ 92.8 ਫੀਸਦੀ ਨੰਬਰ ਲੈ ਕੇ ਆਪਣੇ ਸਕੂਲ ਅਤੇ ਹੁਸ਼ਿਆਰਪੁਰ ਜ਼ਿਲ੍ਹੇ ਦਾ ਨਾਂਅ ਰੌਸ਼ਨ ਕੀਤਾ ਹੈ। ਪ੍ਰਸਿੱਧ ਕਾਰੋਬਾਰੀ ਅਤੇ ਰਾਮਗੜ੍ਹੀਆ ਸਿੱਖ ਆਰਗਨਾਈਜੇਸ਼ਨ ਇੰਡੀਆ ਦੇ ਚੇਅਰਮੈਨ ਕੁਲਦੀਪ ਸਿੰਘ ਖਾਂਬਾ ਦੇ ਪੋਤਰੇ ਤੇ ਸਰਬਜੀਤ ਸਿੰਘ ਖਾਂਬਾ ਦੇ ਸਪੁੱਤਰ ਤੇਜਸਵੀਰ ਸਿੰਘ ਨੇ ਆਪਣੀ ਇਸ ਵੱਡੀ ਪ੍ਰਾਪਤੀ ਦਾ ਸਿਹਰਾ ਆਪਣੇ ਅਧਿਆਪਕਾਂ ਦੇ ਸਿਰ ਬੰਨਦਿਆਂ ਕਿਹਾ ਕਿ ਹਰ ਵਿਸ਼ੇ ਨੂੰ ਬਰੀਕੀ ਨਾਲ ਸਮਝਣ ਵਿੱਚ ਅਧਿਆਪਕਾਂ ਨੇ ਬੜੀ ਬਾਖੂਬੀ ਨਾਲ ਆਪਣੇ ਫਰਜ਼ਾਂ ਦੀ ਪੂਰਤੀ ਕੀਤੀ । ਆਪਣੀ ਭਵਿੱਖੀ ਯੋਜਨਾਵਾਂ ਬਾਰੇ ਦੱਸਦਿਆਂ ਤੇਜਸਵੀਰ ਨੇ ਕਿਹਾ ਕਿ ਉਸ ਦੀ ਕੋਸ਼ਿਸ਼ ਆਈ ਆਈ ਟੀ ਵਿੱਚ ਸਿਲੈਕਟ ਹੋਣ ਦੀ ਹੈ ਜਿਸ ਲਈ ਵਿਸ਼ੇ ਦੇ ਮਾਹਿਰਾਂ ਤੋਂ ਕੋਚਿੰਗ ਲੈ ਰਿਹਾ ਹੈ । ਤੇਜਸਵੀਰ ਦੇ ਸੁਪਨਿਆਂ ਨੂੰ ਪੂਰਾ ਕਰਨ ਵਿੱਚ ਉਸ ਦੇ ਇਲੈਕਟ੍ਰੋਨਿਕਸ ਵਿਸ਼ੇ ਵਿੱਚ ਪੋਸਟ ਗ੍ਰੇਜੂਏਟ ਪਿਤਾ ਸਰਬਜੀਤ ਸਿੰਘ ਤੇ ਗ੍ਰੇਜੂਏਟ ਮਾਤਾ ਕਮਲਦੀਪ ਕੌਰ ਪੂਰੀ ਤਰ੍ਹਾਂ ਯਤਨਸ਼ੀਲ ਹਨ।

### ਨੌਜਵਾਨਾਂ ਨੂੰ ਹੁਨਰ ਵਿਕਾਸ ਤੇ ਸਵੈ ਰੋਜ਼ਗਾਰ ਟ੍ਰੇਨਿੰਗ ਮੁਹੱਈਆ ਕਰਵਾਉਣ 'ਤੇ ਜ਼ੋਰ



**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)**-ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਿਵਿਆ ਪੀ ਨੇ ਪੇਂਡੂ ਵਿਕਾਸ ਤੇ ਸਵੈ ਰੋਜ਼ਗਾਰ ਟ੍ਰੇਨਿੰਗ ਸੰਸਥਾ ਦੀ ਜ਼ਿਲ੍ਹਾ ਪੱਧਰੀ ਸਲਾਹਕਾਰ ਕਮੇਟੀ ਦੀ ਮੀਟਿੰਗ ਦੌਰਾਨ ਪਿੰਡਾਂ ਦੇ ਗਰੀਬ ਵਰਗ ਦੇ ਨੌਜਵਾਨਾਂ ਨੂੰ ਹੁਨਰ ਵਿਕਾਸ ਅਤੇ ਸਵੈ ਰੋਜ਼ਗਾਰ ਟ੍ਰੇਨਿੰਗ ਮੁਹੱਈਆ ਕਰਵਾਉਣ 'ਤੇ ਜ਼ੋਰ ਦਿੱਤਾ ਤਾਂ ਜੋ ਉਨ੍ਹਾਂ ਨੂੰ ਆਪਣੇ ਪੈਰਾਂ ਸਿਰ ਖੜ੍ਹਾ ਕੀਤਾ ਜਾ ਸਕੇ।ਇਥੇ ਵੱਖ-ਵੱਖ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪਿੰਡਾਂ ਨਾਲ ਸਬੰਧਤ ਗਰੀਬ ਤੇ ਲੋੜਵੰਦ ਨੌਜਵਾਨਾਂ ਨੂੰ ਹੁਨਰ ਵਿਕਾਸ ਅਤੇ ਸਵੈ-ਰੋਜ਼ਗਾਰ ਟ੍ਰੇਨਿੰਗ ਪ੍ਰੋਗਰਾਮਾਂ ਨਾਲ ਜੋੜਨ ਲਈ ਵੱਧ ਤੋਂ ਵੱਧ ਉਪਰਾਲੇ ਕੀਤੇ ਜਾਣ। ਉਨ੍ਹਾਂ ਸਾਲ 2026-27 ਦੀ ਸਲਾਨਾ ਕਾਰਜ ਯੋਜਨਾ 'ਤੇ ਚਾਨਣਾ ਪਾਉਂਦਿਆਂ ਦੱਸਿਆ ਕਿ ਸੰਸਥਾ ਵੱਲੋਂ ਮੈਨਜ਼ ਪਾਰਲਰ ਸੈਲੂਨ, ਪਲੰਬਰਿੰਗ, ਟੇਲਰਿੰਗ, ਰੈਫਿਜਰੇਸ਼ਨ ਅਤੇ ਏਅਰ ਕੰਡੀਸ਼ਨਿੰਗ ਸਮੇਤ ਵੱਖ-ਵੱਖ ਕੋਰਸਾਂ ਤਹਿਤ 39 ਬੈਚ ਚਲਾਏ ਜਾਣਗੇ, ਜਿਨ੍ਹਾਂ ਵਿੱਚ ਕਰੀਬ 1000 ਉਮੀਦਵਾਰਾਂ ਨੂੰ ਸਿਖ਼ਲਾਈ ਪ੍ਰਦਾਨ ਕਰਨ ਦਾ ਟੀਚਾ ਮਿੱਥਿਆ ਗਿਆ ਹੈ।

## ਵਿਧਾਇਕ ਵੱਲੋਂ ਖੇਡ ਸਟੇਡੀਅਮ ਦਾ ਉਦਘਾਟਨ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਹਲਕਾ ਨਕੋਦਰ ਦੇ ਪਿੰਡ ਕਾਂਗਣਾ ਵਿਖੇ 30 ਲੱਖ ਦੀ ਲਾਗਤ ਨਾਲ ਤਿਆਰ ਹੋਇਆ ਖੇਡ ਸਟੇਡੀਅਮ ਦਾ ਉਦਘਾਟਨ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਕੀਤਾ। ਉਹਨਾਂ ਕਿਹਾ ਕਿ ਹਲਕੇ ਅੰਦਰ 30 ਅਜਿਹੇ ਬਣ ਰਹੇ ਖੇਡ ਸਟੇਡੀਆਮਾਂ ਇਹ ਪਹਿਲਾ ਤਿਆਰ ਹੋਇਆ ਜਿਸ ਨੂੰ ਲੈ ਕੇ ਪਿੰਡ ਕਾਂਗਣਾ ਦੇ ਵਾਸੀ ਵਧਾਈ ਦੇ ਪਾਤਰ ਹਨ ਜਿਹਨਾਂ ਨੇ ਖੁਦ ਹਿੰਮਤ ਨਾਲ ਇਸ ਕੰਮ ਨੂੰ ਜਲਦ ਕਰਵਾਇਆ। ਬੀਬੀ ਮਾਨ ਨੇ ਇਸ ਖੇਡ ਸਟੇਡੀਅਮ ਦੀਆਂ ਮੁੱਖ ਵਿਸ਼ੇਸ਼ਤਾਵਾਂ ਤੇ ਇਸ ਪੇਂਡੂ ਖੇਡ ਮੈਦਾਨਾਂ ਵਿੱਚ ਹੇਠ ਲਿਖੀਆਂ ਸਹੂਲਤਾਂ ਹੋਣਗੀਆਂ ਜਿਵੇਂ ਕਿ ਨਿਯੰਤਰਿਤ ਪਹੁੰਚ ਲਈ ਰਿਟੇਨਿੰਗ ਕੰਧ ਅਤੇ ਐਂਟਰੀ-ਐਗਜ਼ਿਟ ਗੇਟ ਦੇ ਨਾਲ ਚੇਨ-ਲਿੰਕ ਬਾਊਂਡਰੀ ਵਾੜ, ਵਾਕਿੰਗ ਟ੍ਰੈਕ 'ਤੇ ਛਾਂ ਪ੍ਰਦਾਨ ਕਰਨ ਲਈ ਵਾੜ ਦੇ ਨਾਲ ਤਿੰਨ ਸਾਲਾਂ ਦੀ ਦੇਖਭਾਲ ਵਾਲੀ ਦੋ ਪੱਧਰੀ ਪਲਾਂਟੇਸ਼ਨ। ਸਵੇਰੇ ਜਲਦੀ ਅਤੇ ਦੇਰ ਸ਼ਾਮ ਸੈਰ ਕਰਨ ਵਾਲਿਆਂ ਲਈ ਵਿਜ਼ੀਬਿਲਟੀ ਵਿੱਚ ਮਦਦ ਲਈ ਫੁੱਟਲਾਈਟਾਂ ਵਾਲਾ 6 ਫੁੱਟ ਵਾਕਿੰਗ ਟ੍ਰੈਕ, ਖੇਡਾਂ ਦੀਆਂ ਕਿੱਟਾਂ ਅਤੇ ਸਾਮਾਨ ਰੱਖਣ ਲਈ ਸਟੋਰੇਜ ਰੂਮ ਦੇ ਨਾਲ ਔਰਤਾਂ ਤੇ ਮਰਦਾਂ ਲਈ ਵ੍ਹੀਲਚੇਅਰ ਰੈਂਪ ਦੇ ਨਾਲ ਪਹੁੰਚਯੋਗ ਪਖਾਨੇ, ਕੰਕਰੀਟ ਦੇ ਬੈਂਚ, ਸਪ੍ਰਿੰਕਲਰਾਂ ਲਈ ਸਬਮਰਸੀਬਲ ਪੰਪ ਅਤੇ ਹਾਈਡੈਂਟ ਦੀ ਸਹੂਲਤ ਵਾਲਾ ਬੋਰਵੈੱਲ, ਝੂਲੇ, ਸੀ-ਸਾਅ, ਲੈਡਰ ਬਾਰ ਅਤੇ ਸਲਾਈਡਾਂ ਵਾਲਾ ਬੱਚਿਆਂ ਦਾ ਖੇਡ ਖੇਤਰ,ਹਾਈ ਮਾਸਟ ਲਾਈਟਾਂ ਤਾਂ ਜੋ ਪੂਰੇ ਖੇਡ ਖੇਤਰ ਨੂੰ ਰੌਸ਼ਨ ਕੀਤਾ ਜਾ ਸਕੇ।

## ਗੁਰਪ੍ਰੀਤ ਸਿੰਘ ਅੰਬੈਸਡਰ ਬੁਆਏ ਤੇ ਮਨਲੀਨ ਕੌਰ ਨੂੰ ਅੰਬੈਸਡਰ ਗਰਲ ਐਲਾਨਿਆ




**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**-ਦਿ ਲੈਂਡਮਾਰਕ ਸਕੂਲ ਭੋਗਪੁਰ ਜ਼ਿਲ੍ਹਾ ਜਲੰਧਰ ਵਿਖੇ ਸਕੂਲ ਦੀ ਪ੍ਰਿੰਸੀਪਲ ਸੋਨਮ ਸ਼ਰਮਾ ਦੀ ਅਗਵਾਈ ਹੇਠ ਅੰਬੈਸਡਰ ਬੁਆਏ ਤੇ ਅੰਬੈਸਡਰ ਗਰਲ, ਹੈੱਡ ਬੁਆਏ ਅਤੇ ਹੈੱਡ ਗਰਲ ਦੀ ਚੋਣ ਵੋਟਾਂ ਦੇ ਆਧਾਰ 'ਤੇ ਹੋਈ। ਇਸ ਪ੍ਰੋਗਰਾਮ ਦੀ ਸ਼ੁਰੂਆਤ ਚੇਅਰਮੈਨ ਇੰਜੀਨੀਅਰ ਸੁਖਵਿੰਦਰ ਸਿੰਘ, ਚੇਅਰਪਰਸਨ ਪਰਮਜੀਤ ਕੌਰ ਤੇ ਪ੍ਰੈਜ਼ੀਡੈਂਟ ਮਨਜਿੰਦਰ ਕੌਰ ਵੱਲੋਂ ਕੀਤੀ ਗਈ।ਗੁਰਪ੍ਰੀਤ ਸਿੰਘ ਨੂੰ ਅੰਬੈਸਡਰ ਬੁਆਏ ਤੇ ਮਨਲੀਨ ਕੌਰ ਨੂੰ ਅੰਬੈਸਡਰ ਗਰਲ ਐਲਾਨਿਆ ਗਿਆ । ਸੁਖਮਨ ਕੁਮਾਰ ਹੈੱਡ ਬੁਆਏ ਤੇ ਖੁਸ਼ੀ ਹੈੱਡ ਗਰਲ ਬਣੀ।ਇਸੇ ਤਰ੍ਹਾਂ ਵਾਈਸ ਹੈੱਡ ਗਰਲ, ਵਾਈਸ ਹੈੱਡ ਬੁਆਏ ਦੀ ਵੀ ਚੋਣ ਕੀਤੀ ਗਈ। ਵੱਖ-ਵੱਖ ਹਾਊਸਾਂ ਦੇ ਕੈਪਟਨ ਤੇ ਵਾਈਸ ਹਾਊਸ ਕੈਪਟਨ ਵੀ ਚੁਣੇ ਗਏ। ਅੰਬੈਸਡਰ ਬੁਆਏ ਤੇ ਅੰਬੈਸਡਰ ਗਰਲ ਨੇ ਬੱਚਿਆਂ ਤੇ ਸਟਾਫ ਮੈਂਬਰਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ। ਪ੍ਰਿੰਸੀਪਲ ਸੋਨਮ ਸ਼ਰਮਾ ਨੇ ਬੱਚਿਆਂ ਨੂੰ ਸਕੂਲ ਪ੍ਰਤੀ ਜ਼ਿੰਮੇਵਾਰੀਆਂ ਨਿਭਾਉਣ ਲਈ ਪ੍ਰੇਰਿਤ ਕੀਤਾ।

## ਡੀ ਟੀ ਐੱਫ ਵੱਲੋਂ ਜੰਗ ਵਿਰੁੱਧ ਖੇਤਰੀ ਕਨਵੈਨਸ਼ਨਾਂ ਕਰਨ ਦਾ ਐਲਾਨ




**ਜਲੰਧਰ (ਰਾਜੇਸ਼ ਥਾਪਾ)**

ਡੈਮੋਕ੍ਰੈਟਿਕ ਟੀਚਰਜ਼ ਫਰੰਟ (ਡੀ ਟੀ ਐੱਫ) ਦੀ ਸੂਬਾ ਸਕੱਤਰੇਤ ਵੱਲੋਂ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ ਦੀ ਅਗਵਾਈ ਵਿੱਚ ਇੱਕ ਅਹਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਸਾਮਰਾਜੀ ਤਾਕਤਾਂ ਦੇ ਵੱਧ ਰਹੇ ਫ਼ੌਜਵਾਦ (ਮਿਲਟਰੀਜਮ) ਤੇ ਇਸ ਵੱਲੋਂ ਵਿਕਾਸਸ਼ੀਲ/ਘੱਟ ਵਿਕਸਿਤ ਦੇਸ਼ਾਂ 'ਤੇ ਕੀਤੇ ਜਾਂਦੇ ਸਿੱਧੇ/ਅਸਿੱਧੇ ਹਮਲਿਆਂ, ਖ਼ਾਸਕਰ ਔਰਤਾਂ, ਬੱਚਿਆਂ ਤੇ ਵਿਦਿਆਰਥੀਆਂ ਨੂੰ ਮਾਰਨ ਦੀ ਜ਼ੋਰਦਾਰ ਨਿਖੇਧੀ ਕੀਤੀ ਗਈ।ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਦੇ ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ, ਵਿੱਤ ਸਕੱਤਰ ਅਸ਼ਵਨੀ ਅਵਸਥੀ, ਸੂਬਾ ਮੀਤ ਪ੍ਰਧਾਨਾਂ ਰਾਜੀਵ ਕੁਮਾਰ ਬਰਨਾਲਾ, ਗੁਰਪਿਆਰ ਸਿੰਘ ਕੋਟਲੀ, ਬੇਅੰਤ ਸਿੰਘ ਫੁੱਲੇਵਾਲ, ਜਗਪਾਲ ਸਿੰਘ ਬੰਗੀ ਅਤੇ ਹਰਜਿੰਦਰ ਸਿੰਘ ਵਡਾਲਾ ਬਾਂਗਰ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਲੰਘੀ 28 ਫਰਵਰੀ ਨੂੰ ਦੱਖਣੀ ਇਰਾਨ ਦੇ ਸ਼ਹਿਰ ਮਿਨਾਬ ਵਿਖੇ ਲੜਕੀਆਂ ਦੇ ਇੱਕ ਐਲੀਮੈਂਟਰੀ ਸਕੂਲ 'ਤੇ ਅਮਰੀਕੀ ਮਿਜ਼ਾਈਲ ਹਮਲੇ ਵਿੱਚ 168 ਦੇ ਕਰੀਬ ਬੱਚੀਆਂ ਤੇ 14 ਅਧਿਆਪਕਾਂ ਦਾ ਦਰਦਨਾਕ ਢੰਗ ਨਾਲ ਮਾਰੇ ਜਾਣਾ, ਮਨੁੱਖੀ ਭਾਵਨਾਵਾਂ ਨੂੰ ਗੰਭੀਰ ਰੂਪ ਵਿੱਚ ਵਲੂੰਧਰਨ ਵਾਲੀ ਘਟਨਾ ਹੈ, ਜਿਸ ਦੀ ਜਿੰਨੀ ਨਿਖੇਧੀ ਕੀਤੀ ਜਾਵੇ ਘੱਟ ਹੈ।ਜਥੇਬੰਦੀ ਦੀ ਸੂਬਾ ਸਕੱਤਰੇਤ ਵੱਲੋਂ ਫੌਤ ਹੋਈਆਂ ਬੱਚੀਆਂ ਅਤੇ ਅਧਿਆਪਕਾਂ ਦੀ ਯਾਦ ਨੂੰ ਸਮਰਪਿਤ 2 ਜੂਨ 2026 ਨੂੰ ਜਲੰਧਰ ਅਤੇ 7 ਜੂਨ ਨੂੰ ਬਠਿੰਡਾ ਵਿਖੇ ਇਰਾਨ ਉੱਪਰ ਠੋਸੀ ਨਿਹੱਕੀ ਜੰਗ ਵਿਰੋਧ 'ਚ ਖੇਤਰੀ ਕਨਵੈਨਸ਼ਨਾਂ ਕਰਨ ਦਾ ਫੈਸਲਾ ਕੀਤਾ ਹੈ।ਇਸ ਸਮੇਂ ਡੈਮੋਕ੍ਰੈਟਿਕ ਮੁਲਾਜ਼ਮ ਫੈਡਰੇਸ਼ਨ ਦੇ ਜਨਰਲ ਸਕੱਤਰ ਡਾ. ਹਰਦੀਪ ਸਿੰਘ ਟੋਡਰਪੁਰ, ਡੀ ਟੀ ਐੱਫ. ਦੇ ਸੂਬਾਈ ਆਗੂ ਸੁਖਦੇਵ ਸਿੰਘ ਡਾਨਸੀਵਾਲ, ਕੁਲਵਿੰਦਰ ਸਿੰਘ ਜੋਸ਼ਨ, ਜਸਵਿੰਦਰ ਸਿੰਘ ਔਜਲਾ ਤੇ ਗੁਰਮੁੱਖ ਸਿੰਘ ਲੋਕਪ੍ਰੇਮੀ ਵੀ ਹਾਜ਼ਰ ਸਨ।

### ਹਰਦੀਪ ਕੌਰ ਨੇ ਬੀ ਐੱਸ ਸੀ ਨਰਸਿੰਗ 'ਚ ਪਹਿਲਾ ਸਥਾਨ ਪ੍ਰਾਪਤ ਕੀਤਾ



**ਬੰਗਾ (ਅਵਤਾਰ ਕਲੇਰ)**-ਗੁਰੂ ਨਾਨਕ ਕਾਲਜ ਆਫ਼ ਨਰਸਿੰਗ ਢਾਹਾਂ ਕਲੇਰਾਂ ਦੀ ਕਲਾਸ ਬੀ ਐੱਸ ਸੀ ਨਰਸਿੰਗ ਪਹਿਲਾ ਸਾਲ (ਦੂਸਰਾ ਸਮੈਸਟਰ) ਬੈਚ 2024-2028 ਦਾ ਸ਼ਾਨਦਾਰ ਸੌ ਫੀਸਦੀ ਨਤੀਜਾ ਆਇਆ ਹੈ ਤੇ ਕਲਾਸ ਦੇ ਸਾਰੇ ਵਿਦਿਆਰਥੀ ਸ਼ਾਨਦਾਰ ਅੰਕਾਂ ਨਾਲ ਪਾਸ ਹੋਏ ਹਨ । ਇਹ ਜਾਣਕਾਰੀ ਕਾਲਜ ਦੇ ਪ੍ਰਿੰਸੀਪਲ ਰਮਨਦੀਪ ਕੌਰ ਨੇ ਦਿੰਦੇ ਦੱਸਿਆ ਕਿ ਇਸ ਵਾਰ ਕਲਾਸ ਵਿਚੋਂ ਪਹਿਲਾ ਸਥਾਨ ਹਰਦੀਪ ਕੌਰ ਪੁੱਤਰੀ ਹਰਮੇਲ ਸਿੰਘ-ਸੁਰਿੰਦਰ ਕੌਰ ਜ਼ਿਲ੍ਹਾ ਜਲੰਧਰ ਨੇ 8.23 ਐਸ. ਜੀ. ਪੀ. ਏ. ਅੰਕ ਪ੍ਰਾਪਤ ਕਰਕੇ ਕੀਤਾ। ਦੂਸਰਾ ਸਥਾਨ ਪ੍ਰਭਜੋਤ ਕੌਰ ਪੁੱਤਰੀ ਸੁਰਜੀਤ ਸਿੰਘ-ਸੁਖਜਿੰਦਰ ਕੌਰ ਫਿਲੌਰ ਨੇ 7.52 ਐਸ ਜੀ ਪੀ ਏ ਅੰਕਾਂ ਨਾਲ ਅਤੇ ਤੀਸਰਾ ਸਥਾਨ ਰਾਜਵੀਰ ਕੌਰ ਪੁੱਤਰੀ ਗੁਰਨੇਕ ਸਿੰਘ-ਕੁਲਵਿੰਦਰ ਕੌਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੇ 7.48 ਐਸ.ਜੀ.ਪੀ.ਏ. ਅੰਕ ਪ੍ਰਾਪਤ ਕਰਕੇ ਕੀਤਾ। ਕਾਲਜ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੇ ਸਮੂਹ ਟਰੱਸਟ ਮੈਂਬਰਾਂ ਵੱਲੋਂ ਬੀ ਐੱਸ ਸੀ ਨਰਸਿੰਗ ਪਹਿਲਾ ਸਾਲ ਦੇ ਸਮੂਹ ਨਰਸਿੰਗ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਸ਼ਾਨਦਾਰ ਨਤੀਜੇ ਲਈ ਵਧਾਈਆਂ ਦਿੱਤੀਆਂ। ਇਸ ਮੌਕੇ ਵੰਦਨਾ ਬਸਰਾ ਕਲਾਸ ਇੰਚਾਰਜ, ਮੁਹੰਮਦ ਯੂਨਸ ਵਾਨੀ ਕਲਾਸ ਇੰਚਾਰਜ, ਸੁਨੀਤਾ ਲਖਵਾੜਾ, ਗੀਤੂ, ਗੁਰਦੀਪ ਕੌਰ, ਮੈਡਮ ਨੇਹਾ ਕੁਮਾਰੀ, ਆਕਿਬ ਜਵੇਦ ਅਤੇ ਕਲਾਸ ਦੇ ਟੌਪਰ ਨਰਸਿੰਗ ਵਿਦਿਆਰਥੀ ਹਾਜ਼ਰ ਸਨ।

# ਪੱਛਮੀ ਬੰਗਾਲ ਦੀ ਜਿੱਤ 'ਤੇ ਲੱਡੂ ਵੰਡੇ



**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਪੱਛਮੀ ਬੰਗਾਲ ਵਿੱਚ ਮਮਤਾ ਬੈਨਰਜੀ ਦਾ ਹਿੰਦੂਆਂ ਖਿਲਾਫ਼ ਭੇਦਭਾਵ ਅਤੇ ਸਰਕਾਰੀ, ਗੈਰ ਸਰਕਾਰੀ ਮੁਲਾਜ਼ਮਾਂ ਨਾਲ ਕੀਤੀਆਂ ਜਾ ਰਹੀਆਂ ਧੱਕੇਸ਼ਾਹੀਆਂ ਦੇ ਮੁੱਦੇ ਤੇ ਚੋਣ ਲੜਕੇ ਭਾਜਪਾ ਨੇ ਅੱਜ ਪੱਛਮੀ ਬੰਗਾਲ ਵਿੱਚ ਜਿਹੜੀ ਬੇਮਿਸਾਲ ਫਤਿਹ ਹਾਸਿਲ ਕੀਤੀ ਹੈ ਉਸ ਖੁਸ਼ੀ ਨੂੰ ਸਾਂਝਾ ਕਰਨ ਲਈ ਭਾਜਪਾ ਦੇ ਵੀਨੂੰ ਪੰਡਿਤ ਅਤੇ ਬੋਬੀ ਰਾਜਪੁਰ ਦੀ ਅਗਵਾਈ ਵਿੱਚ ਭਾਜਪਾ ਦਫ਼ਤਰ ਟਾਂਡਾ ਵਿਖੇ ਇੱਕ ਸਮਾਰੋਹ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਭਾਜਪਾ ਪੰਜਾਬ ਦੇ ਐਗਜੈਕਟਿਵ ਮੈਂਬਰ ਸੁਰਿੰਦਰ ਜਾਜਾ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਸਮਾਰੋਹ ਵਿੱਚ ਇਨ੍ਹਾਂ ਤੋਂ ਇਲਾਵਾ ਸੁਰਜੀਤ ਰਾਜਾ, ਬਲਰਾਜ ਸੋਨੀ, ਡਿੰਪੀ ਸੈਣੀ, ਪਰਮਜੀਤ ਬਾਬੂ, ਪੁਨੀਤ ਢੀਂਗਰਾ, ਵਿਜੇ ਮੱਟੂ, ਰਾਜ ਅਹਿਆਪੁਰ, ਸ਼ਿਵਾ, ਸੁਖਵਿੰਦਰ, ਮਨੀਸ਼ ਕੁਮਾਰ, ਨਿਖਿਲ ਨਾਗਰੇ, ਗਗਨ ਸਿੰਘ, ਰਾਹੁਲ ਮਲਿਕ, ਨਵੀ ਅਰੋੜਾ, ਬਬਲੂ ਸੈਣੀ, ਵਿਕਾਸ ਵਰਮਾ ਅਤੇ ਰਾਕੇਸ਼ ਰੋਸ਼ਨ ਤੋਂ ਇਲਾਵਾ ਸੈਂਕੜੇ ਭਾਜਪਾ ਵਰਕਰਾਂ ਨੇ ਇੱਕ ਦੂਜੇ ਨੂੰ ਵਧਾਈ ਦਿੰਦੇ ਹੋਏ ਮੂੰਹ ਮਿੱਠਾ ਕਰਵਾਇਆ।ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਸੁਰਿੰਦਰ ਜਾਜਾ ਨੇ ਕਿਹਾ ਕਿ ਪੱਛਮੀ ਬੰਗਾਲ ਦੀਆਂ ਚੋਣਾਂ ਤੋਂ ਪਹਿਲਾਂ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੇ ਭਾਸ਼ਣ ਵਿੱਚ ਕਿਹਾ ਸੀ ਕਿ ਜਿਸ ਤਰ੍ਹਾਂ ਬਿਹਾਰ ਵਿੱਚੋਂ ਗੰਗਾ ਹੁੰਦੀ ਹੋਈ ਪੱਛਮੀ ਬੰਗਾਲ ਪਹੁੰਚਦੀ ਹੈ ਠੀਕ ਉਸੇ ਤਰ੍ਹਾਂ ਬਿਹਾਰ ਵਿੱਚ ਭਾਜਪਾ ਦੀ ਸਰਕਾਰ ਬਣਾਉਣ ਉਪਰੰਤ ਹੁਣ ਜਲਦ ਹੀ ਪੱਛਮੀ ਬੰਗਾਲ ਵਿੱਚ ਵੀ ਭਾਜਪਾ ਦੀ ਸਰਕਾਰ ਹੋਵੇਗੀ।ਸੁਰਿੰਦਰ ਜਾਜਾ ਅਤੇ ਵੀਨੂੰ ਪੰਡਿਤ ਨੇ ਕਿਹਾ ਕਿ ਭਾਰਤ ਦੇ ਲੋਕ ਭਾਜਪਾ ਦੀਆਂ ਨੀਤੀਆਂ ਅਤੇ ਕਾਰਗੁਜ਼ਾਰੀਆਂ ਨੂੰ ਵੇਖਦੇ ਹੋਏ ਭਾਜਪਾ ਪਾਰਟੀ ਨਾਲ ਜੁੜਦੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਭਾਜਪਾ ਪੱਛਮੀ ਬੰਗਾਲ ਦੀ ਬੇਮਿਸਾਲ ਜਿੱਤ ਹਾਸਿਲ ਤੋਂ ਬਾਅਦ ਹੁਣ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਵੀ ਭਗਵਾਂ ਫਹਿਰਾਏਗੀ।

## ਫਾਇਰ ਸੇਫਟੀ ਵੀਕ ਦੌਰਾਨ ਜਾਗਰੂਕਤਾ ਤੇ ਤਿਆਰੀ ਮੁਹਿੰਮ ਸ਼ੁਰੂ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਸਿਹਤ ਤੇ ਪਰਵਾਰ ਭਲਾਈ ਵਿਭਾਗ ਦੇ ਨਿਰਦੇਸ਼ਾਂ ਹੇਠ 4 ਮਈ ਤੋਂ 10 ਮਈ ਤੱਕ ਫਾਇਰ ਸੇਫਟੀ ਹਫਤਾ ਮਨਾਇਆ ਜਾ ਰਿਹਾ ਹੈ। ਇਸ ਮੁਹਿੰਮ ਦਾ ਮੁੱਖ ਉਦੇਸ਼ ਸਿਹਤ ਸੰਸਥਾਵਾਂ ਤੇ ਆਮ ਜਨਤਾ ਵਿੱਚ ਅੱਗ ਤੋਂ ਬਚਾਅ, ਐਮਰਜੈਂਸੀ ਤਿਆਰੀ ਅਤੇ ਸੁਰੱਖਿਆ ਉਪਾਵਾਂ ਬਾਰੇ ਵਿਆਪਕ ਜਾਗਰੂਕਤਾ ਪੈਦਾ ਕਰਨਾ ਹੈ। ਇਸ ਮੌਕੇ ਸਾਰੇ ਸਰਕਾਰੀ ਅਤੇ ਨਿੱਜੀ ਸਿਹਤ ਕੇਂਦਰਾਂ ਵਿੱਚ ਫਾਇਰ ਸੇਫਟੀ ਪ੍ਰੋਟੋਕੋਲ ਦੀ ਪਾਲਣਾ ਯਕੀਨੀ ਬਣਾਉਣ ਲਈ ਵਿਸ਼ੇਸ਼ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।ਉਨ੍ਹਾਂ ਨੇ ਹੋਰ ਜਾਣਕਾਰੀ ਦਿੰਦਿਆਂ ਕਿਹਾ ਕਿ ਇਸ ਹਫ਼ਤੇ ਦੌਰਾਨ ਹਸਪਤਾਲਾਂ, ਪ੍ਰਾਇਮਰੀ ਹੈਲਥ ਸੈਂਟਰਾਂ ਤੇ ਹੋਰ ਸਿਹਤ ਸੰਸਥਾਵਾਂ ਵਿੱਚ ਫਾਇਰ ਡ੍ਰਿਲਜ਼, ਐਮਰਜੈਂਸੀ ਇਵੈਕੂਏਸ਼ਨ ਅਭਿਆਸ ਤੇ ਸੁਰੱਖਿਆ ਉਪਕਰਣਾਂ ਦੀ ਜਾਂਚ ਕਰਵਾਈ ਜਾਵੇਗੀ। ਅੱਗ ਲੱਗਣ ਦੀ ਸਥਿਤੀ ਵਿੱਚ ਤੁਰੰਤ ਕਾਰਵਾਈ ਕਰਨ ਲਈ ਸਟਾਫ਼ ਨੂੰ ਪ੍ਰੈਕਟੀਕਲ ਟ੍ਰੇਨਿੰਗ ਦਿੱਤੀ ਜਾਵੇਗੀ। ਇਸ ਤੋਂ ਇਲਾਵਾ, ਸਕੂਲਾਂ, ਆਂਗਨਵਾੜੀ ਕੇਂਦਰਾਂ ਅਤੇ ਭੀੜ ਵਾਲੇ ਸਥਾਨਾਂ 'ਤੇ ਜਾਗਰੂਕਤਾ ਕੈਂਪ ਲਗਾ ਕੇ ਲੋਕਾਂ ਨੂੰ ਅੱਗ ਦੇ ਖਤਰੇ, ਗੈਸ ਲੀਕ, ਸ਼ਾਰਟ ਸਰਕਿਟ ਤੇ ਹੋਰ ਸੰਭਾਵਿਤ ਕਾਰਨਾਂ ਬਾਰੇ ਜਾਣੂ ਕਰਵਾਇਆ ਜਾਵੇਗਾ।ਡਾ. ਮਨਦੀਪ ਕਮਲ ਨੇ ਦੱਸਿਆ ਕਿ 6 ਤੇ 7 ਮਈ ਨੂੰ ਦੁਪਹਿਰ 3:00 ਵਜੇ ਤੋਂ 4:00 ਵਜੇ ਤੱਕ ਤਕਨੀਕੀ ਵੈਬਿਨਾਰ ਕਰਵਾਏ ਜਾਣਗੇ। ਇਨ੍ਹਾਂ ਵਿੱਚ ਮਾਹਿਰ ਵਿਅਕਤੀ ਫਾਇਰ ਸੇਫਟੀ ਮੈਨੇਜਮੈਂਟ, ਰਿਸਕ ਅਸੈਸਮੈਂਟ, ਐਮਰਜੈਂਸੀ ਰਿਸਪਾਂਸ ਤੇ ਸੁਰੱਖਿਆ ਉਪਕਰਣਾਂ ਦੀ ਸਹੀ ਵਰਤੋਂ ਬਾਰੇ ਵਿਸਥਾਰ ਨਾਲ ਜਾਣਕਾਰੀ ਦੇਣਗੇ।

## ਵਿਦਿਆਰਥੀਆਂ ਵੱਲੋਂ 'ਪਰਫੈਕਟ ਬੈਲਟ' ਦਾ ਉਦਯੋਗਿਕ ਦੌਰਾ



**ਜਲੰਧਰ (ਸ਼ੈਲੀ ਐਲਬਰਟ)**

ਕਿਤਾਬੀ ਗਿਆਨ ਤੇ ਪ੍ਰਯੋਗਿਕ ਉਦਯੋਗਿਕ ਅਨੁਭਵ ਵਿਚਕਾਰ ਦੀ ਖਾਈ ਨੂੰ ਘਟਾਉਣ ਦੇ ਉਦੇਸ਼ ਨਾਲ, ਮੇਹਰ ਚੰਦ ਪਾਲੀਟੈਕਨਿਕ ਦੇ ਮਕੈਨਿਕਲ ਇੰਜੀਨੀਅਰਿੰਗ ਦੇ ਵਿਦਿਆਰਥੀਆਂ ਨੇ ਜਲੰਧਰ ਵਿਖੇ ਸਥਿਤ 'ਪਰਫੈਕਟ ਬੈਲਟ' ਦਾ ਇੱਕ ਸਫਲ ਉਦਯੋਗਿਕ ਦੌਰਾ ਕੀਤਾ। ਵਿਭਾਗ ਮੁਖੀ ਰਿਚਾ ਅਰੋੜਾ ਦੀ ਅਗਵਾਈ ਹੇਠ ਆਯੋਜਿਤ ਇਸ ਸਿੱਖਿਆਤਮਕ ਦੌਰੇ ਦਾ ਮੁੱਖ ਉਦੇਸ਼ ਭਵਿੱਖ ਦੇ ਇੰਜੀਨੀਅਰਾਂ ਨੂੰ ਆਧੁਨਿਕ ਨਿਰਮਾਣ ਪ੍ਰਕਿਰਿਆਵਾਂ ਤੇ ਉਦਯੋਗਿਕ ਕੰਮਕਾਜ ਦਾ ਸਿੱਧਾ ਅਨੁਭਵ ਪ੍ਰਦਾਨ ਕਰਨਾ ਸੀ। ਇਹ ਦੌਰਾ ਟੀਚਰ ਇੰਚਾਰਜ ਅਮਿਤ ਸ਼ਰਮਾ ਅਤੇ ਸੁਸ਼ਾਂਤ ਸ਼ਰਮਾ ਦੀ ਮਾਹਿਰ ਮਾਰਗਦਰਸ਼ਨ ਹੇਠ ਸੰਪੰਨ ਹੋਇਆ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਫੈਕਟਰੀ ਵਿੱਚ ਚੱਲ ਰਹੀਆਂ ਤਕਨੀਕੀ ਪ੍ਰਕਿਰਿਆਵਾਂ ਨੂੰ ਵਿਸਥਾਰ ਨਾਲ ਸਮਝਣ ਵਿੱਚ ਮਦਦ ਕੀਤੀ।ਇਸ ਸਫਲ ਸਿੱਖਿਆਤਮਕ ਯਤਨ ਲਈ ਵਿਭਾਗ ਦੀ ਪ੍ਰਸ਼ੰਸਾ ਕਰਦਿਆਂ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਕਿਹਾ ਕਿ ਨਿਰਮਾਣ ਇਕਾਈਆਂ ਨਾਲ ਸਿੱਧਾ ਸੰਪਰਕ ਵਿਦਿਆਰਥੀਆਂ ਨੂੰ ਉਹ ਪ੍ਰਯੋਗਿਕ ਗਿਆਨ ਤੇ ਤਕਨੀਕੀ ਕਾਬਲੀਅਤ ਪ੍ਰਦਾਨ ਕਰਦਾ ਹੈ।

## ਪ ਸ ਸ ਫ ਦੀ ਸੂਬਾ ਪੱਧਰੀ ਮੀਟਿੰਗ



**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੀ ਸੂਬਾ ਫੈਡਰਲ ਕੌਂਸਲ ਦੀ ਮੀਟਿੰਗ ਰੇਲਵੇ ਦੇ ਦਫਤਰ ਲੁਧਿਆਣਾ ਵਿਖੇ ਸੂਬਾ ਪ੍ਰਧਾਨ ਸਤੀਸ਼ ਰਾਣਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਫੈਡਰਲ ਕੌਂਸਲ ਦੇ ਮੈਂਬਰਾਂ ਵਲੋਂ ਸ਼ਮੂਲੀਅਤ ਕੀਤੀ।ਜੱਥੇਬੰਦੀ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਵਲੋਂ ਮੀਟਿੰਗ ਦੀ ਕਾਰਵਾਈ ਚਲਾਉਂਦਿਆਂ ਪਿਛਲੇ ਕੀਤੇ ਐਕਸ਼ਨ ਦਾ ਰਿਵਿਊ ਕੀਤਾ ਗਿਆ ਜਿਸ ਸੂਬੇ ਅੰਦਰ ਵੱਖ ਵੱਖ ਸਥਾਨਾ 'ਤੇ ਮਨਾਏ ਮਈ ਦਿਵਸ ਦੀ ਰਿਪੋਰਟ ਪੇਸ਼ ਕੀਤੀ ਗਈ।ਇਸ ਉਪਰੰਤ ਜੱਥੇਬੰਦੀ ਨੂੰ ਮਜ਼ਬੂਤ ਕਰਨ ਲਈ ਵੱਖ ਵੱਖ ਆਗੂਆਂ ਵੱਲੋਂ ਆਪਣੇ ਆਪਣੇ ਵਿਚਾਰ ਪੇਸ਼ ਕੀਤੇ ਗਏ। ਇਸ ਉਪਰੰਤ ਅਗਲੇ ਸੰਘਰਸ਼ਾਂ ਦਾ ਐਲਾਨ ਕੀਤਾ ਗਿਆ ਜਿਸ ਅਨੁਸਾਰ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵਲੋਂ ਮਿਤੀ 17 ਮਈ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੀਤੀ ਜਾ ਰਹੀ ਪ੍ਰਤੀਨਿੱਧ ਕਨਵੈਨਸ਼ਨ ਵਿੱਚ ਵੱਖ-ਵੱਖ ਜ਼ਿਲ੍ਹਿਆਂ ਵਿੱਚੋਂ ਮੁਲਾਜ਼ਮਾਂ ਦੀ ਸ਼ਮੂਲੀਅਤ ਕਰਵਾਉਣ ਸਬੰਧੀ ਪ੍ਰੋਗਰਾਮ ਉਲੀਕਿਆ ਗਿਆ। ਇਸਤਰੀ ਮੁਲਾਜ਼ਮ ਤਾਲਮੇਲ ਕਮੇਟੀ ਵਲੋਂ ਮਿਤੀ 27 ਮਈ ਨੂੰ ਜਲੰਧਰ ਵਿਖੇ ਕੀਤੀ ਜਾ ਰਹੀ ਸੂਬਾ ਪੱਧਰੀ ਕਨਵੈਨਸ਼ਨ ਦੀ ਤਿਆਰੀ ਕੀਤੀ ਗਈ। ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ਼ ਫੈਡਰੇਸ਼ਨ ਦੇ ਭਵਿੱਖ ਵਿੱਚ ਕੀਤੇ ਜਾ ਰਹੇ ਐਕਸ਼ਨਾਂ ਦੀ ਤਿਆਰੀ ਕੀਤੀ ਗਈ। ਮੀਟਿੰਗ ਦੇ ਅੰਤ ਵਿੱਚ ਸੂਬਾ ਪ੍ਰਧਾਨ ਵਲੋਂ ਧੰਨਵਾਦ ਕਰਦਿਆਂ ਇਹਨਾਂ ਐਕਸ਼ਨਾਂ ਨੂੰ ਕਾਮਯਾਬ ਕਰਨ ਲਈ 23, 24 ਮਈ ਨੂੰ ਜ਼ਿਲ੍ਹਾ ਪੱਧਰੀ ਮੀਟਿੰਗਾਂ ਕਰਨ ਦੀ ਹਿਦਾਇਤ ਕੀਤੀ ਗਈ।